ਅਦਾਰਾ
ਚੜ੍ਹਦੀਕਲਾ
ਵੱਲੋਂ
ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ
ਲੱਖ-ਲੱਖ ਵਧਾਈਆਂ

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

PRGI (RNI) Regd. No. 22972/1972

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ

ਮੁੱਖ ਸੰਪਾਦਕ: ਡਾ. ਜਗਜੀਤ ਸਿੰਘ 'ਦਰਦੀ'

ਸੰਪਾਦਕ : ਹਰਪ੍ਰੀਤ ਸਿੰਘ 'ਦਰਦੀ'

(ਕੁੱਲ ਸਫ਼ੇ 12 Pages 12)

(Sunday, 20 April, 2025) ਪਟਿਆਲਾ ਐਤਵਾਰ, 20 ਅਪ੍ਰੈਲ, 2025, 8 ਵੈਸਾਖ , ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26, ਸਾਲ (Year) 57 ਅੰਕ ਨੰਬਰ (Volume No.) 108 ਮੁੱਲ : 2.00 ਰੁਪਏ ਫ਼ੋਨ: +91- 92168-07500 Posted at RMS Patiala www.charhdikala.com E-mail: news@charhdikala.com

## ਮੋਦੀ ਦਾ 2 ਰੋਜ਼ਾ ਸਾਊਦੀ ਅਰਬ ਦੌਰਾ ਅਗਲੇ ਹਫ਼ਤੇ ਤੋਂ

ਨਵੀਂ ਦਿੱਲੀ, 19 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਗਲੇ ਹਫ਼ਤੇ ਸਾਊਦੀ ਅਰਬ ਦੇ ਦੋ-ਰੋਜ਼ਾ ਦੌਰੇ ਉਤੇ ਜਾਣਗੇ। ਉਨ੍ਹਾਂ ਦਾ ਇਹ ਸਰਕਾਰੀ ਦੌਰਾ ਆਗਾਮੀ ਮੰਗਲਵਾਰ ਤੋਂ ਸ਼ੁਰੂ ਹੋਵੇਗਾ। ਇਸ ਦੌਰਾਨ ਦੋਵਾਂ ਮੁਲਕਾਂ ਦਰਮਿਆਨ ਊਰਜਾ, ਵਪਾਰ ਅਤੇ ਰੱਖਿਆ ਸਮੇਤ ਹੋਰ ਅਹਿਮ ਖੇਤਰਾਂ ਵਿਚ ਆਪਸੀ ਸਹਿਯੋਗ ਤੇ ਮਿਲਵਰਤਣ ਨੂੰ ਹੋਰ ਹੁਲਾਰਾ ਦੇਣ ਨੂੰ ਤਵੱਜੋ ਦਿੱਤੀ ਜਾਵੇਗੀ। ਇਸ ਦੌਰਾਨ ਮੋਦੀ ਅਤੇ ਸਾਊਦੀ ਅਰਬ ਦੇ (ਬਾਕੀ ਸਫ਼ਾ 2 'ਤੇ)

# ਪੰਜਾਬ 'ਚ ਗੜ੍ਹੇਮਾਰੀ ਤੇ ਝੱਖੜ ਕਾਰਨ ਫ਼ਸਲਾਂ ਨੂੰ ਭਾਰੀ ਨੁਕਸਾਨ

ਚੜ੍ਹਦੀਕਲਾ ਬਿਊਰੋ

================



ਚੰਡੀਗੜ੍ਹ, 19 ਅਪ੍ਰੈਲ : ਪੰਜਾਬ ਦੇ ਕੁਝ ਜ਼ਿਲ੍ਹਿਆਂ 'ਚ ਸ਼ੁੱਕਰਵਾਰ ਨੂੰ ਮੀਂਹ ਪਿਆ।ਇਸ ਕਾਰਨ ਸੰਗਰੂਰ ਵਿੱਚ ਕਾਫ਼ੀ ਨੁਕਸਾਨ ਹੋਣ ਦੀਆਂ ਰਿਪੋਰਟਾਂ ਆਈਆਂ। ਇੱਥੇ ਇੱਕ ਟਾਵਰ ਦੇ ਡਿੱਗਣ ਕਾਰਨ 4-5 ਘਰਾਂ ਦੀਆਂ ਛੱਤਾਂ ਨੂੰ ਨੁਕਸਾਨ ਪਹੁੰਚਿਆ। ਸੜਕਾਂ 'ਤੇ ਦਰੱਖਤ ਡਿੱਗਣ ਕਾਰਨ ਆਵਾਜਾਈ 'ਚ ਵਿਘਨ ਪਿਆ।

ਇਸ ਵੇਲੇ ਕਣਕ ਦੀ ਵਾਢੀ ਦਾ ਜ਼ੋਰ ਚੱਲ਼ ਰਿਹਾ ਹੈ ਤੇ ਜਿਨ੍ਹਾਂ ਨੇ ਵੱਢ ਲਈ ਹੈ ਉਨ੍ਹਾਂ ਦੀ ਫਸਲ ਇਸ ਵੇਲੇ ਖੁੱਲ੍ਹੇ ਅਸਮਾਨ ਥੱਲੇ ਮੰਡੀਆਂ ਵਿੱਚ ਪਈ ਹੈ। ਇਸ ਮੌਕੇ ਪੈ ਰਿਹਾ ਮੀਂਹ ਦੋਵਾਂ ਲਈ ਨੁਕਸਾਨਦਾਇਕ ਹੈ। ਕਈ ਥਾਵਾਂ ਉੱਤੇ ਤਾਂ ਕਣਕ ਬੁਰੀ ਤਰ੍ਹਾਂ ਨਾਲ ਨੁਕਸਾਨੀ ਗਈ ਹੈ ਤੇ ਇਸ ਤੋਂ ਇਲਾਵਾ ਚੱਲੇ ਝੱਖੜ ਨੇ ਪੂਰੀ ਤਰ੍ਹਾਂ ਝੰਬ ਕੇ ਰੱਖ ਦਿੱਤੀ ਹੈ।

ਤਰਨਤਾਰਨ ਦੇ ਪਿੰਡ ਘਰਿਆਲੀ ਦਾਸੂਵਾਲ ਵਿਖੇ ਭਾਰੀ ਮੀਂਹ, ਹਨੇਰੀ, ਝੱਖੜ ਤੇ ਗੜ੍ਹੇਮਾਰੀ ਨੇ ਕਿਸਾਨਾਂ ਦੀ ਕਣਕ ਦੀ ਫ਼ਸਲ ਤਬਾਹ ਕਰ ਦਿੱਤੀ ਹੈ। ਸੰਗਰੂਰ ਵਿੱਚ ਤੇਜ਼ ਹਵਾਵਾਂ ਦੇ ਕਾਰਨ ਵੱਡੇ ਪੱਧਰ ਉੱਤੇ ਨੁਕਸਾਨ ਹੋਇਆ ਜਿੱਥੇ ਟਾਵਰ ਟੁੱਟੇ ਤਾਰਾਂ ਉੱਤੇ ਡਿੱਗੇ ਉੱਤੇ ਹੀ ਇੱਕ ਚਲਦੀ ਕਾਰ ਦੇ ਉੱਤੇ ਦਰਖਤ ਵੀ ਗਿਰ ਗਿਆ। ਭਵਾਨੀਗੜ੍ਹ ਵਿੱਚ ਹਨ੍ਹੇਰੀ ਅਤੇ ਝੱਖੜ ਨਾਲ ਜੀਓ ਕੰਪਨੀ ਦਾ ਟਾਵਰ ਲੋਕਾਂ ਦੇ ਘਰਾਂ ਦੇ ਉੱਪਰ ਡਿੱਗ ਗਿਆ। ਤਿੰਨ ਤੋਂ ਲੈ ਕੇ ਚਾਰ ਘਰਾਂ ਦਾ ਕੀਤਾ ਵੱਡੇ ਪੱਧਰ ਦੇ ਉੱਪਰ ਨੁਕਸਾਨ ਹੋਇਆ ਲੋਕਾਂ ਦੇ ਲੈਂਟਰ ਟੁੱਟਣ ਦੀ ਜਾਣਕਾਰੀ ਪ੍ਰਾਪਤ ਹੋਈ ਹੈ। ਗਨੀਮਤ ਰਹੀ ਕੋਈ ਵੀ ਜਾਨੀ ਨੁਕਸਾਨ ਨਹੀਂ ਹੋਇਆ ਪਰ ਇਸ ਹਾਦਸੇ ਦੇ ਵਿੱਚ ਗੱਡੀ ਪੂਰੀ ਤਰ੍ਹਾਂ ਨੁਕਸਾਨੀ ਗਈ ਹੈ।

ਕੁਝ ਜ਼ਿਲ੍ਹਿਆਂ ਵਿੱਚ ਮੀਂਹ ਪੈਣ ਦੇ ਬਾਵਜੂਦ, ਰਾਜ ਵਿੱਚ ਤਾਪਮਾਨ ਵਧਣਾ ਜਾਰੀ ਹੈ। ਰਾਜ ਦਾ ਔਸਤ ਵੱਧ ਤੋਂ ਵੱਧ (ਬਾਕੀ ਸਫ਼ਾ 2 'ਤੇ)

## ਭਾਰਤ ਤੇ ਅਮਰੀਕਾ ਵਿਚਾਲੇ ਵਪਾਰਕ ਗੱਲਬਾਤ 23 ਅਪ੍ਰੈਲ ਤੋਂ

ਨਵੀਂ ਦਿੱਲੀ, 19 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਭਾਰਤ ਅਤੇ ਅਮਰੀਕਾ ਦੇ ਅਧਿਕਾਰੀ ਪ੍ਰਸਤਾਵਿਤ ਵਪਾਰ ਸਮਝੌਤੇ ਲਈ 23 ਅਪ੍ਰੈਲ ਤੋਂ ਵਾਸ਼ਿੰਗਟਨ 'ਚ ਤਿੰਨ ਦਿਨਾਂ ਗੱਲਬਾਤ ਕਰਨਗੇ, ਜਿਸ 'ਚ ਟੈਰਿਫ, ਗੈਰ-ਟੈਰਿਫ ਰੁਕਾਵਟਾਂ ਅਤੇ ਕਸਟਮ ਸਹੂਲਤ ਵਰਗੇ ਕਰੀਬ 19 ਅਧਿਆਏ ਸ਼ਾਮਲ ਹੋਣਗੇ। ਭਾਰਤੀ ਅਧਿਕਾਰਤ ਟੀਮ 90 ਦਿਨਾਂ ਦੇ ਟੈਰਿਫ ਵਿਰਾਮ ਵਿੰਡੋ ਵਿਚ ਗੱਲਬਾਤ ਨੂੰ ਹੋਰ ਹੁਲਾਰਾ ਦੇਣ ਅਤੇ ਦੁਵਲੇ ਵਪਾਰ ਸਮਝੌਤੇ (ਬੀ.ਟੀ.ਏ.) ਲਈ ਰਸਮੀ ਤੌਰ 'ਤੇ ਗੱਲਬਾਤ ਸ਼ੁਰੂ ਕਰਨ ਤੋਂ ਪਹਿਲਾਂ ਕੁੱਝ ਮੁੱਦਿਆਂ 'ਤੇ ਮਤਭੇਦਾਂ ਨੂੰ ਦੂਰ ਕਰਨ ਲਈ ਇਨ੍ਹਾਂ ਟੀ.ਓ.ਆਰ. 'ਤੇ ਚਰਚਾ ਕਰਨ ਲਈ ਅਮਰੀਕਾ ਦਾ ਦੌਰਾ ਕਰ ਰਹੀ ਹੈ। ਭਾਰਤ ਦੇ ਮੁੱਖ ਵਾਰਤਾਕਾਰ, ਵਣਜ ਵਿਭਾਗ 'ਚ ਵਧੀਕ ਸਕੱਤਰ ਰਾਜੇਸ਼ ਅਗਰਵਾਲ ਦੋਹਾਂ ਦੇਸ਼ਾਂ ਦਰਮਿਆਨ ਪਹਿਲੀ ਵਿਅਕਤੀਗਤ ਗੱਲਬਾਤ ਲਈ ਟੀਮ ਦੀ ਅਗਵਾਈ ਕਰਨਗੇ। ਅਗਰਵਾਲ ਨੂੰ 18 ਅਪ੍ਰੈਲ ਨੂੰ ਅਗਲਾ ਵਣਜ ਸਕੱਤਰ ਨਿਯੁਕਤ ਕੀਤਾ ਗਿਆ ਸੀ। ਉਹ 1 ਅਕਤੂਬਰ ਤੋਂ ਅਹੁਦਾ (ਬਾਕੀ ਸਫ਼ਾ 2 'ਤੇ)

# ਪੱਛਮੀ ਬੰਗਾਲ ਦੇ ਰਾਜਪਾਲ ਬੋਸ ਵੱਲੋਂ ਪੀੜਤ ਪਰਿਵਾਰਾਂ ਨਾਲ ਮੁਲਾਕਾਤ

## ਪੀੜਤ ਪਰਿਵਾਰ ਵੱਲੋਂ ਸੀ.ਬੀ.ਆਈ. ਜਾਂਚ ਦੀ ਮੰਗ

ਚੜ੍ਹਦੀਕਲਾ ਬਿਊਰੋ

================



ਕੋਲਕਾਤਾ, 19 ਅਪ੍ਰੈਲ : ਪੱਛਮੀ ਬੰਗਾਲ ਦੇ ਰਾਜਪਾਲ ਸੀ.ਵੀ.ਆਨੰਦ ਬੋਸ ਵੱਲੋਂ ਅੱਜ ਮੁਰਸ਼ਿਦਾਬਾਦ ਹਿੰਸਾ ਵਿੱਚ ਮਾਰੇ ਗਏ ਪਿਓ ਤੇ ਪੁੱਤਰ ਦੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਦੀ ਮਦਦ ਕਰਨ ਦਾ ਭਰੋਸਾ ਦਿੱਤਾ। ਜ਼ਿਕਰਯੋਗ ਹੈ ਕਿ ਵਕਫ ਐਕਟ ਦੇ ਵਿਰੋਧ ਵਿਚ ਮੁਰਸ਼ਿਦਾਬਾਦ ਵਿਚ ਹਿੰਸਾ ਦੌਰਾਨ ਪਿਓ-ਪੁੱਤਰ ਸਣੇ ਤਿੰਨ ਜਣਿਆਂ ਦੀ ਮੌਤ ਹੋ ਗਈ ਸੀ ਤੇ ਇਹ ਪਿਓ-ਪੁੱਤਰ ਦੀਆਂ ਚਾਕੂਆਂ ਨਾਲ ਵਿੰਨ੍ਹੀਆਂ ਲਾਸ਼ਾਂ ਉਨ੍ਹਾਂ ਦੇ ਘਰ ਅੰਦਰੋਂ ਮਿਲੀਆਂ ਸਨ। ਰਾਜਪਾਲ ਨੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਦਿਆਂ ਕਿਹਾ ਕਿ ਕੇਂਦਰ ਉਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਏਗਾ। ਦੂਜੇ ਪਾਸੇ ਪਰਿਵਾਰ ਨੇ ਮੰਗ ਕੀਤੀ ਕਿ ਇਸ ਮਾਮਲੇ ਦੀ ਸੀ.ਬੀ.ਆਈ. ਜਾਂਚ ਕਰਵਾਈ ਜਾਵੇ। ਇਸ ਤੋਂ ਇਲਾਵਾ ਰਾਜਪਾਲ ਨੇ ਹਿੰਸਾ ਪ੍ਰਭਾਵਿਤ ਹੋਰ ਖੇਤਰਾਂ ਦਾ ਵੀ ਦੌਰਾ ਕੀਤਾ ਤੇ ਪੀੜਤ ਪਰਿਵਾਰਾਂ ਨਾਲ ਗੱਲਬਾਤ ਕੀਤੀ। ਇਹ ਜਾਣਕਾਰੀ ਰਾਜ ਭਵਨ ਦੇ ਬੁਲਾਰੇ ਨੇ ਦਿੱਤੀ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਸ ਹਿੰਸਾ ਵਿਚ ਹੁਣ ਤਕ 274 ਲੋਕਾਂ ਨੂੰ ਹਿਰਾਸਤ ਵਿਚ ਲਿਆ ਜਾ ਚੁੱਕਿਆ ਹੈ ਤੇ ਸੂਬੇ ਵਿਚ ਅਮਨ-ਕਾਨੂੰਨ ਭੰਗ ਕਰਨ ਦੀ ਕਿਸੇ ਨੂੰ ਵੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਵਕਫ਼ (ਸੋਧ) ਐਕਟ ਖ਼ਿਲਾਫ਼ ਸ਼ੁੱਕਰਵਾਰ ਅਤੇ ਸ਼ਨੀਵਾਰ ਨੂੰ ਸੂਤੀ, ਧੂਲੀਆਂ ਅਤੇ ਜੰਗੀਪੁਰ ਸਮੇਤ ਜ਼ਿਲ੍ਹੇ ਦੇ ਕਈ ਇਲਾਕਿਆਂ ਵਿੱਚ ਹਿੰਸਾ ਵਾਪਰੀ, ਜਿਸ ਵਿੱਚ ਘੱਟੋ-ਘੱਟ (ਬਾਕੀ ਸਫ਼ਾ 2 'ਤੇ)

## ਕੌਮੀ ਮਹਿਲਾ ਕਮਿਸ਼ਨ ਦੀ ਟੀਮ ਮੁਰਸ਼ਿਦਾਬਾਦ 'ਚ ਪੀੜਤਾਂ ਨੂੰ ਮਿਲੀ

ਕੋਲਕਾਤਾ, 19 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਕੌਮੀ ਮਹਿਲਾ ਕਮਿਸ਼ਨ (ਐਨ.ਸੀ.ਡਬਲਯੂ.) ਦੀ ਚੇਅਰਪਰਸਨ ਵਿਜੇ ਰਾਹਟਕਰ ਦੀ ਅਗਵਾਈ 'ਚ ਇਕ ਵਫ਼ਦ ਨੇ ਸਨਿਚਰਵਾਰ ਨੂੰ ਪਛਮੀ ਬੰਗਾਲ ਦੇ ਮੁਰਸ਼ਿਦਾਬਾਦ ਜ਼ਿਲ੍ਹੇ 'ਚ ਦੰਗਾ ਪ੍ਰਭਾਵਤ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿਤਾ ਕਿ ਕੇਂਦਰ ਉਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜ਼ਰੂਰੀ ਕਦਮ ਚੁੱਕੇਗਾ ਹਾਲਾਂਕਿ ਸੱਤਾਧਾਰੀ ਤ੍ਰਿਣਮੂਲ ਕਾਂਗਰਸ (ਟੀ.ਐਮ.ਸੀ.) ਨੇ ਐਨ.ਸੀ.ਡਬਲਯੂ. ਦੀ ਨਿਰਪੱਖਤਾ 'ਤੇ ਸਵਾਲ ਉਠਾਉਂਦੇ ਹੋਏ ਦੋਸ਼ ਲਾਇਆ ਕਿ ਉਹ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ (ਬਾਕੀ ਸਫ਼ਾ 2 'ਤੇ)

### ਲਾਰੈਂਸ ਬਿਸ਼ਨੋਈ ਇੰਟਰਵਿਊ

# ਅਦਾਲਤ ਵੱਲੋਂ 6 ਪੁਲਿਸ ਅਧਿਕਾਰੀਆਂ ਦੇ ਪੋਲੀਗ੍ਰਾਫ਼ ਟੈਸਟ ਦੀ ਮਨਜ਼ੂਰੀ

ਚੜ੍ਹਦੀਕਲਾ ਬਿਊਰੋ

================



ਐਸਏਐਸ ਨਗਰ (ਮੁਹਾਲੀ), 19 ਅਪ੍ਰੈਲ : ਜੇਲ੍ਹ ਵਿਚ ਬੰਦ ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਇੰਟਰਵਿਊ ਵਿਵਾਦ ਵਿੱਚ ਇੱਕ ਨਵੇਂ ਘਟਨਾ-ਚੱਕਰ ਦੌਰਾਨ ਮੋਹਾਲੀ ਦੀ ਇੱਕ ਅਦਾਲਤ ਨੇ ਇਸ ਮਾਮਲੇ ਨਾਲ ਜੁੜੇ ਛੇ ਪੁਲਿਸ ਅਧਿਕਾਰੀਆਂ ਲਈ ਪੋਲੀਗ੍ਰਾਫ ਟੈਸਟ ਕਰਾਉਣ ਦੀ ਇਜਾਜ਼ਤ ਦੇ ਦਿੱਤੀ ਹੈ। ਜਦੋਂ ਜੇਲ੍ਹ ਵਿੱਚ ਬੰਦ ਗੈਂਗਸਟਰ ਦੀ ਇੰਟਰਵਿਊ ਕੀਤੀ ਗਈ ਸੀ, ਤਾਂ ਇੱਕ ਸਹਾਇਕ ਸਬ-ਇੰਸਪੈਕਟਰ ਅਤੇ ਪੰਜ ਕਾਂਸਟੇਬਲਾਂ ਸਮੇਤ ਇਹ ਅਧਿਕਾਰੀ ਕ੍ਰਾਈਮ ਇਨਵੈਸਟੀਗੇਸ਼ਨ ਏਜੰਸੀ (ਬਾਕੀ ਸਫ਼ਾ 2 'ਤੇ)

## ਜੇ.ਈ.ਈ. (ਮੇਨ) ਦੇ ਨਤੀਜਿਆਂ 'ਚ 24 ਉਮੀਦਵਾਰਾਂ ਨੇ ਪੂਰੇ 100 ਅੰਕ ਪ੍ਰਾਪਤ ਕੀਤੇ

ਨਵੀਂ ਦਿੱਲੀ, 19 ਅਪ੍ਰੈਲ : ਨੈਸ਼ਨਲ ਟੈਸਟਿੰਗ ਏਜੰਸੀ ਵੱਲੋਂ ਐਲਾਨੇ ਗਏ ਜੇ.ਈ.ਈ. (ਮੇਨ) ਪ੍ਰੀਖਿਆ ਦੇ ਨਤੀਜਿਆਂ ਵਿੱਚ ਚੌਵੀ ਉਮੀਦਵਾਰਾਂ ਨੇ ਸੰਪੂਰਨ 100 ਅੰਕ ਪ੍ਰਾਪਤ ਕੀਤੇ। ਰਾਜਸਥਾਨ ਵਿਚ ਸੰਪੂਰਨ ਅੰਕ ਪ੍ਰਾਪਤ ਕਰਨ ਵਾਲੇ ਉਮੀਦਵਾਰਾਂ ਦੀ ਗਿਣਤੀ ਸਭ ਤੋਂ ਵੱਧ ਹੈ। ਇਕ ਵਿਦਿਆਰਥਣ ਸਭ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲਿਆਂ ਵਿਚ ਸ਼ਾਮਲ ਹੈ। ਇਸ ਦੌਰਾਨ ਜਾਅਲੀ (ਬਾਕੀ ਸਫ਼ਾ 2 'ਤੇ)

# ਅਫ਼ਗਾਨ-ਤਾਜਿਕ ਸਰਹੱਦ 'ਤੇ ਲੱਗੇ 5.8 ਤੀਬਰਤਾ ਵਾਲੇ ਭੂਚਾਲ ਦੇ ਝਟਕੇ

ਚੜ੍ਹਦੀਕਲਾ ਬਿਊਰੋ

================



ਕਾਬੁਲ, 19 ਅਪ੍ਰੈਲ : ਅਫ਼ਗਾਨਿਸਤਾਨ ਦੇ ਕੌਮੀ ਭੂਚਾਲ ਵਿਗਿਆਨ ਕੇਂਦਰ ਨੇ ਇੱਕ ਬਿਆਨ ਵਿੱਚ ਕਿਹਾ ਕਿ ਸ਼ਨੀਵਾਰ ਨੂੰ ਆਏ 5.8 ਸ਼ਿੱਦਤ ਦੇ ਭੂਚਾਲ ਨੇ ਅਫਗਾਨਿਸਤਾਨ ਨੂੰ ਹਿਲਾ ਕੇ ਰੱਖ ਦਿੱਤਾ ਹੈ। ਭੂਚਾਲ ਦਾ ਕੇਂਦਰ ਅਫ਼ਗਾਨਿਸਤਾਨ-ਤਾਜਿਕਿਸਤਾਨ ਸਰਹੱਦ ਦੇ ਕਰੀਬ ਅਫ਼ਗਾਨਿਸਤਾਨ ਵਾਲੇ ਪਾਸੇ ਸੀ। ਐੱਨ.ਸੀ.ਐੱਸ. ਅਨੁਸਾਰ ਭੂਚਾਲ 130 ਕਿਲੋਮੀਟਰ ਦੀ ਡੂੰਘਾਈ 'ਤੇ ਆਇਆ। ਖ਼ਬਰ ਲਿਖੇ ਜਾਣ ਤੱਕ ਇਸ ਸਬੰਧੀ ਕਿਸੇ ਜਾਨੀ ਜਾਂ ਮਾਲੀ ਨੁਕਸਾਨ ਦੀ ਕੋਈ ਰਿਪੋਰਟ ਨਹੀਂ ਮਿਲੀ ਸੀ। ਇਸ ਤੋਂ ਪਹਿਲਾਂ 16 ਅਪ੍ਰੈਲ ਨੂੰ ਵੀ ਅਫਗਾਨਿਸਤਾਨ ਵਿੱਚ 5.9 ਸ਼ਿੱਦਤ ਦਾ ਭੂਚਾਲ ਆਇਆ ਸੀ। ਅਫਗਾਨਿਸਤਾਨ ਦਾ ਸ਼ਕਤੀਸ਼ਾਲੀ ਭੂਚਾਲਾਂ ਦਾ ਇਤਿਹਾਸ ਹੈ ਅਤੇ ਰੈੱਡ ਕਰਾਸ ਦੇ ਅਨੁਸਾਰ, ਹਿੰਦੂਕੁਸ਼ ਪਹਾੜੀ ਖਿੱਤਾ ਭੂ-ਵਿਗਿਆਨਕ ਤੌਰ 'ਤੇ ਭੂਚਾਲਾਂ ਲਈ ਇਕ ਸਰਗਰਮ ਖੇਤਰ ਹੈ, ਜਿੱਥੇ ਹਰ ਸਾਲ ਭੂਚਾਲ ਆਉਂਦੇ ਹਨ।

**ਜੰਮੂ-ਕਸ਼ਮੀਰ ਤੇ ਪਾਕਿ 'ਚ ਵੀ ਮਹਿਸੂਸ ਕੀਤੇ ਗਏ ਝਟਕੇ** : ਸ਼ਨੀਵਾਰ ਨੂੰ ਅਫਗਾਨਿਸਤਾਨ-ਤਾਜਿਕਸਤਾਨ ਸਰਹੱਦੀ ਖੇਤਰ ਵਿਚ ਆਏ ਭੂਚਾਲ ਦੇ ਝਟਕੇ ਪਾਕਿਸਤਾਨ ਦੇ ਬਹੁਤ ਸਾਰੇ ਇਲਾਕਿਆਂ ਵਿਚ ਵੀ ਮਹਿਸੂਸ ਕੀਤੇ ਗਏ। (ਬਾਕੀ ਸਫ਼ਾ 2 'ਤੇ)

### ਨੈਸ਼ਨਲ ਹੇਰਾਲਡ ਮਾਮਲਾ

# ਕਾਲੇ ਧਨ ਨੂੰ ਚਿੱਟਾ ਕਰਨ ਲਈ ਜਾਅਲੀ ਕਿਰਾਏ ਸਮਝੌਤੇ ਅਤੇ ਇਸ਼ਤਿਹਾਰ ਦੀ ਵਰਤੋਂ ਕੀਤੀ : ਭਾਜਪਾ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 19 ਅਪ੍ਰੈਲ :ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਸ਼ਨੀਵਾਰ ਨੂੰ ਦਾਅਵਾ ਕੀਤਾ ਕਿ ਨੈਸ਼ਨਲ ਹੇਰਾਲਡ ਮਾਮਲੇ 'ਚ ਮਨੀ ਲਾਂਡਰਿੰਗ (ਕਾਲੇ ਧਨ ਨੂੰ ਚਿੱਟਾ ਕਰਨ) ਲਈ ਜਾਅਲੀ ਕਿਰਾਏ ਸਮਝੌਤੇ, ਅਗਾਊਂ ਕਿਰਾਏ ਦੇ ਭੁਗਤਾਨ ਅਤੇ ਜਾਅਲੀ ਇਸ਼ਤਿਹਾਰਾਂ ਦੀ ਵਰਤੋਂ ਕੀਤੀ ਗਈ। ਭਾਜਪਾ ਦੇ ਬੁਲਾਰੇ ਪ੍ਰਤਿਊਸ਼ ਕਾਂਤ ਨੇ ਇਕ ਪ੍ਰੈਸ ਕਾਨਫਰੰਸ ਵਿਚ ਕਿਹਾ ਕਿ ਨੈਸ਼ਨਲ ਹੇਰਾਲਡ ਦੀ ਸ਼ੁਰੂਆਤ 1938 ਵਿਚ ਲੋਕਾਂ ਦੀਆਂ ਭਾਵਨਾਵਾਂ ਨੂੰ ਆਵਾਜ਼ ਦੇਣ ਲਈ ਕੀਤੀ ਗਈ ਸੀ ਪਰ ਨਹਿਰੂ-ਗਾਂਧੀ ਪਰਵਾਰ ਨੇ ਇਸ ਦੀ ਜ਼ਮੀਨ-ਜਾਇਦਾਦ 'ਤੇ ਅੱਖ ਰਖ ਕੇ ਇਕ ਨਿੱਜੀ ਜਾਇਦਾਦ ਵਿਚ ਬਦਲਣ ਦੀ ਕੋਸ਼ਿਸ਼ ਕੀਤੀ। ਜਾਂਚ ਦਾ ਹਵਾਲਾ ਦਿੰਦੇ ਹੋਏ ਕਾਂਤ ਨੇ ਦਾਅਵਾ ਕੀਤਾ ਕਿ ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਦੀ ਮਲਕੀਅਤ (ਬਾਕੀ ਸਫ਼ਾ 2 'ਤੇ)

# ਅਮਰੀਕਾ ਵੱਲੋਂ ਵੱਡੀ ਗਿਣਤੀ 'ਚ ਭਾਰਤੀ ਵਿਦਿਆਰਥੀਆਂ ਦੇ ਵੀਜ਼ੇ ਰੱਦ, ਭੇਜੀਆਂ ਜਾ ਰਹੀਆਂ ਨੇ ਈਮੇਲ

ਚੜ੍ਹਦੀਕਲਾ ਬਿਊਰੋ

================




ਨਵੀਂ ਦਿੱਲੀ, 19 ਅਪ੍ਰੈਲ : ਅਮੈਰੀਕਨ ਇਮੀਗ੍ਰੇਸ਼ਨ ਲਾਇਰਜ਼ ਐਸੋਸੀਏਸ਼ਨ ਨੇ ਇਕ ਰਿਪੋਰਟ ਜਾਰੀ ਕੀਤੀ ਹੈ ਜਿਸ ਵਿਚ ਕਿਹਾ ਗਿਆ ਹੈ ਕਿ ਜਿਨ੍ਹਾਂ ਅਮਰੀਕੀ ਵਿਦਿਆਰਥੀਆਂ ਦੇ ਵੀਜ਼ੇ ਰੱਦ ਕੀਤੇ ਗਏ ਸਨ, ਉਨ੍ਹਾਂ ਵਿੱਚੋਂ 50 ਪ੍ਰਤੀਸ਼ਤ ਭਾਰਤੀ ਵਿਦਿਆਰਥੀ ਸਨ। ਇਹ ਜਾਂਚ ਡੋਨਾਲਡ ਟਰੰਪ ਸਰਕਾਰ ਦੇ ਸਮੇਂ 327 ਵੀਜ਼ਾ ਰੱਦ ਕਰਨ ਦੇ ਮਾਮਲਿਆਂ ਉਤੇ ਕੀਤੀ ਗਈ ਸੀ। ਇਸ ਵਿਚ ਪਾਇਆ ਗਿਆ ਕਿ ਇਸ ਮਾਮਲੇ ਵਿਚ ਭਾਰਤ ਸਭ ਤੋਂ ਵੱਧ ਪ੍ਰਭਾਵਿਤ ਦੇਸ਼ ਹੈ। ਇਸ ਤੋਂ ਬਾਅਦ ਚੀਨ ਦਾ ਨੰਬਰ ਆਉਂਦਾ ਹੈ, ਜਿੱਥੇ 14 ਪ੍ਰਤੀਸ਼ਤ ਵਿਦਿਆਰਥੀਆਂ ਦੇ ਵੀਜ਼ੇ ਰੱਦ ਕਰ ਦਿੱਤੇ ਗਏ। ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਜਿਨ੍ਹਾਂ ਦੇ ਵੀਜ਼ੇ ਰੱਦ ਕੀਤੇ ਗਏ ਹਨ, ਉਨ੍ਹਾਂ ਵਿੱਚੋਂ ਅੱਧੇ ਤੋਂ ਵੱਧ ਉਹ ਵਿਦਿਆਰਥੀ ਸਨ ਜੋ ਆਪਸ਼ਨਲ ਪ੍ਰੈਕਟੀਕਲ ਟ੍ਰੇਨਿੰਗ ਉਤੇ ਸਨ। ਇਸ ਦਾ ਮਤਲਬ ਹੈ ਕਿ ਉਨ੍ਹਾਂ ਨੇ ਆਪਣੀ ਪੜ੍ਹਾਈ ਪੂਰੀ ਕਰ ਲਈ ਸੀ ਅਤੇ ਅਮਰੀਕਾ ਵਿੱਚ ਕੰਮ ਕਰ ਰਹੇ ਸੀ। ਅਮਰੀਕੀ ਸਰਕਾਰ ਨੇ ਹਾਲ ਹੀ ਵਿਚ ਬਹੁਤ ਸਾਰੇ ਵਿਦੇਸ਼ੀ ਵਿਦਿਆਰਥੀਆਂ ਨੂੰ ਈਮੇਲ ਭੇਜ (ਬਾਕੀ ਸਫ਼ਾ 2 'ਤੇ)

## ਕਸ਼ਮੀਰ 'ਚ ਬਰਫ਼ਬਾਰੀ ਕਾਰਨ ਕਈ ਸੜਕਾਂ ਬੰਦ

ਜੰਮੂ, 19 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਕਸ਼ਮੀਰ ਦੇ ਉੱਚੇ ਖੇਤਰਾਂ ਵਿੱਚ ਤਾਜ਼ਾ ਬਰਫ਼ਬਾਰੀ ਹੋਈ ਤੇ ਵਾਦੀ ਵਿਚ ਕਈ ਥਾਈਂ ਮੀਂਹ ਪਿਆ। ਇਸ ਤੋਂ ਇਲਾਵਾ ਤਲੈਲ ਤੇ ਗੁਰੇਜ਼ ਵਿਚ ਬਰਫਬਾਰੀ ਤੇ ਖਰਾਬ ਮੌਸਮ ਕਾਰਨ ਸਕੂਲਾਂ ਨੂੰ ਬੰਦ ਕਰ ਦਿੱਤਾ ਗਿਆ ਹੈ। ਮੌਸਮ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਬਾਂਦੀਪੋਰਾ ਦੇ ਤੁਲੈਲ ਤੇ ਗੁਰੇਜ਼ ਤੇ ਦੱਖਣੀ ਕਸ਼ਮੀਰ ਦੇ ਸਿੰਥਨ ਟੌਪ ਵਿਚ ਬਰਫ਼ਬਾਰੀ ਹੋਈ। ਇਸ ਕਾਰਨ ਗੁਰੇਜ਼-ਬਾਂਦੀਪੋਰਾ ਸੜਕ ਨੂੰ ਭਾਰੀ ਬਰਫਬਾਰੀ ਹੋਣ ਕਾਰਨ ਬੰਦ ਕਰ ਦਿੱਤਾ ਗਿਆ ਹੈ। ਤੁਲੈਲ ਵਿਚ ਅੱਠਵੀਂ ਜਮਾਤ ਤਕ ਦੇ ਸਕੂਲ ਤੇ ਗੁਰੇਜ਼ ਵਿਚ ਪੰਜਵੀਂ ਤਕ ਦੇ ਸਕੂਲਾਂ ਨੂੰ ਅਗਲੇ ਹੁਕਮਾਂ ਤਕ (ਬਾਕੀ ਸਫ਼ਾ 2 'ਤੇ)

## ਫ਼ੌਜ ਵੱਲੋਂ ਲੱਦਾਖ ਵਿੱਚ ਮੋਬਾਇਲ ਕਨੈਕਟੀਵਿਟੀ ਸ਼ੁਰੂ

ਨਵੀਂ ਦਿੱਲੀ, 19 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਡਿਜੀਟਲ ਪਾੜੇ ਨੂੰ ਪੂਰਾ ਕਰਨ ਅਤੇ ਦੂਰ ਦੇ ਭਾਈਚਾਰਿਆਂ ਨੂੰ ਮਜ਼ਬੂਤ ਬਣਾਉਣ ਦੀ ਦਿਸ਼ਾ 'ਚ ਇਕ ਪਰਿਵਰਤਨਕਾਰੀ ਕਦਮ ਚੁੱਕਦੇ ਹੋਏ ਭਾਰਤੀ ਫ਼ੌਜ ਨੇ ਲੱਦਾਖ ਦੇ ਸੁਦੂਰ ਅਤੇ ਉੱਚਾਈ ਵਾਲੇ ਖੇਤਰਾਂ 'ਚ ਮੋਬਾਇਲ ਕਨੈਕਟੀਵਿਟੀ ਦੀ ਸਹੂਲਤ ਪ੍ਰਦਾਨ ਕੀਤੀ ਹੈ, ਜਿਸ 'ਚ ਪੂਰਬੀ ਅਤੇ ਪੱਛਮੀ ਲੱਦਾਖ ਅਤੇ ਸਿਆਚਿਨ ਗਲੇਸ਼ੀਅਰ ਦੇ ਮੋਹਰੀ ਸਥਾਨ ਹਾਸਲ ਹਨ। ਭਾਰਤੀ ਫ਼ੌਜ ਨੇ ਬਿਆਨ 'ਚ ਕਿਹਾ "ਪਹਿਲੀ ਵਾਰ, ਦੁਨੀਆਂ ਦੇ ਕੁਝ ਸਭ ਤੋਂ ਤੰਗ ਇਲਾਕਿਆਂ ਜਿਵੇਂ ਡੀ.ਬੀ.ਓ., ਗਲਵਾਨ, ਡੇਮਚੋਕ, ਚੁਮਾਰ, ਬਟਾਲਿਕ, (ਬਾਕੀ ਸਫ਼ਾ 2 'ਤੇ)

## ਦੱਖਣੀ ਭਾਰਤ ਦੀ ਪਹਿਲੀ ਏ.ਸੀ. ਈ.ਐਮ.ਯੂ. ਰੇਲ ਸੇਵਾ ਚੇਨਈ 'ਚ ਸ਼ੁਰੂ

ਚਨੇਈ, 19 ਅਪ੍ਰੈਲ (ਚੜ੍ਹਦੀਕਲਾ ਬਿਊਰੋ): ਦੱਖਣੀ ਭਾਰਤ ਦੀ ਪਹਿਲੀ ਏ.ਸੀ. ਈ.ਐਮ.ਯੂ. ਰੇਲ ਗੱਡੀ ਨੇ ਚੇਨਈ ਬੀਚ-ਚੇਂਗਲਪੱਟੂ ਕੋਰੀਡੋਰ 'ਤੇ ਸੰਚਾਲਨ ਸ਼ੁਰੂ ਕੀਤਾ, ਜੋ ਉਪਨਗਰੀ ਰੇਲ ਯਾਤਰਾ 'ਚ ਇਕ ਮੀਲ ਪੱਥਰ ਹੈ। ਸਵੇਰੇ 7 ਵਜੇ ਰਵਾਨਾ ਹੋਈ 12 ਕਾਰਾਂ ਵਾਲੀ ਇਹ ਰੇਲ ਗੱਡੀ ਆਟੋਮੈਟਿਕ ਸਲਾਈਡਿੰਗ ਦਰਵਾਜ਼ੇ, ਪੈਨੋਰਮਿਕ ਵਿੰਡੋਜ਼, ਜੀ.ਪੀ.ਐਸ. ਅਧਾਰਤ ਡਿਸਪਲੇ ਅਤੇ ਸੀ.ਸੀ.ਟੀ.ਵੀ. ਨਿਗਰਾਨੀ ਵਰਗੀਆਂ ਵਿਸ਼ੇਸ਼ਤਾਵਾਂ ਨਾਲ ਮੈਟਰੋ ਵਰਗਾ ਆਰਾਮ ਪ੍ਰਦਾਨ ਕਰਦੀ ਹੈ। ਦੱਖਣੀ ਰੇਲਵੇ ਨੇ ਕਿਹਾ, "ਮੁੱਖ ਵਿਸ਼ੇਸ਼ਤਾਵਾਂ 'ਚ ਪੂਰੀ ਤਰ੍ਹਾਂ ਏਅਰ ਕੰਡੀਸ਼ਨਡ ਕੋਚ (ਬਾਕੀ ਸਫ਼ਾ 2 'ਤੇ)









*'ਯੁੱਧ ਨਸ਼ਿਆਂ' ਵਿਰੁੱਧ' ਦਾ 50ਵਾਂ ਦਿਨ*

# ਪੁਲਿਸ ਵੱਲੋਂ 131 ਨਸ਼ਾ ਤਸਕਰ ਗ੍ਰਿਫ਼ਤਾਰ; 3.5 ਕਿਲੋ ਹੈਰੋਇਨ ਬਰਾਮਦ

ਚੰਡੀਗੜ੍ਹ, 19 ਅਪ੍ਰੈਲ (ਚ.ਨ.ਸ.) : ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੇ ਗਏ "ਯੁੱਧ ਨਸ਼ਿਆਂ ਵਿਰੁੱਧ"ਦੇ 50ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 131 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.7 ਕਿਲੋ ਹੈਰੋਇਨ ਅਤੇ 3.5 ਕਿਲੋ ਅਫ਼ੀਮ ਬਰਾਮਦ ਕੀਤੀ ਹੈ। ਇਸ ਨਾਲ ਸਿਰਫ਼ 50 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 6737 ਹੋ ਗਈ ਹੈ।

ਇਹ ਆਪ੍ਰੇਸ਼ਨ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਗਏ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ। ਆਪਰੇਸ਼ਨ ਦੇ ਵੇਰਵੇ ਦਿੰਦਿਆਂ ਵਿਸ਼ੇਸ਼ ਡੀਜੀਪੀ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਜਾਣਕਾਰੀ ਦਿੱਤੀ ਕਿ 100 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 2000 ਤੋਂ ਵੱਧ ਪੁਲਿਸ ਕਰਮਚਾਰੀਆਂ ਦੀ ਸ਼ਮੂਲੀਅਤ ਵਾਲੀਆਂ 220 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 468 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਦੇ ਚਲਦਿਆਂ ਸੂਬੇ ਭਰ ਵਿੱਚ 82 ਐਫਆਈਆਰ ਦਰਜ ਕੀਤੀਆਂ ਗਈਆਂ। ਉਨ੍ਹਾਂ ਅੱਗੇ ਕਿਹਾ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 528 ਸ਼ੱਕੀ ਵਿਅਕਤੀਆਂ ਦੀ ਵੀ ਜਾਂਚ ਕੀਤੀ। ਉਨ੍ਹਾਂ ਕਿਹਾ ਕਿ ਨਸ਼ਿਆਂ ਪ੍ਰਤੀ ਸੂਬੇ ਸਰਕਾਰ ਦੀ ਜ਼ੀਰੋ-ਸਹਿਣਸ਼ੀਲਤਾ ਨੀਤੀ ਦੇ ਹਿੱਸੇ ਵਜੋਂ ਕਮਿਸ਼ਨਰੇਟ ਪੁਲਿਸ ਜਲੰਧਰ ਨੇ ਨਗਰ ਨਿਗਮ ਜਲੰਧਰ ਦੇ ਤਾਲਮੇਲ ਨਾਲ ਜਲੰਧਰ ਵਿੱਚ ਤਿੰਨ ਨਸ਼ਾ ਤਸਕਰਾਂ ਨਾਲ ਸਬੰਧਤ ਗੈਰ-ਕਾਨੂੰਨੀ ਢੰਗ ਨਾਲ ਉਸਾਰੇ ਗਏ ਘਰ ਨੂੰ ਵੀ ਢਾਹ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਉਕਤ ਤਸਕਰਾਂ ਦੀ ਪਛਾਣ ਲਖਵੀਰ ਕੌਰ, ਸੰਦੀਪ ਕੁਮਾਰ ਅਤੇ ਸੂਰਜ ਵਜੋਂ ਹੋਈ ਹੈ, ਜਿਨ੍ਹਾਂ ਵਿਰੁੱਧ ਐਨਡੀਪੀਐਸ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਅੱਠ ਮਾਮਲੇ ਦਰਜ ਹਨ। ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਵੱਲੋਂ ਇਸ ਰਣਨੀਤੀ ਦੇ ਹਿੱਸੇ ਵਜੋਂ ਅੱਜ ਦੋ ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਗਿਆ।

ਇਸ ਦੌਰਾਨ ਪੁਲਿਸ ਟੀਮਾਂ ਨੇ ਸ੍ਰੀ ਮੁਕਤਸਰ ਸਾਹਿਬ, ਫਿਰੋਜ਼ਪੁਰ, ਫਰੀਦਕੋਟ, ਮੋਗਾ ਅਤੇ ਫਾਜ਼ਿਲਕਾ ਸਮੇਤ ਪੰਜ ਜ਼ਿਲ੍ਹਿਆਂ ਵਿੱਚ 141 ਮੈਡੀਕਲਾਂ ਦੀ ਜਾਂਚ ਵੀ ਕੀਤੀ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਉਨ੍ਹਾਂ ਵੱਲੋਂ ਨਸ਼ੀਲੀਆਂ ਗੋਲੀਆਂ ਜਾਂ ਹੋਰ ਆਦਤ ਪਾਉਣ ਵਾਲੀਆਂ ਦਵਾਈਆਂ ਦੀ ਵਿਕਰੀ ਤਾਂ ਨਹੀਂ ਕੀਤੀ ਜਾ ਰਹੀ ਅਤੇ ਕੀ ਉਹ ਦਵਾਈਆਂ ਦੀ ਵਿਕਰੀ ਸਬੰਧੀ ਨਿਰਧਾਰਤ ਨੇਮਾਂ ਦੀ ਪਾਲਣਾ ਕਰ ਰਹੇ ਹਨ ਜਾਂ ਨਹੀਂ।

## ਸ਼ਿਮਲਾ 'ਚ ਜੇ.ਸੀ.ਬੀ. ਮਸ਼ੀਨ ਖੱਡ 'ਚ ਡਿੱਗੀ, 2 ਦੀ ਮੌਤ

ਸ਼ਿਮਲਾ, , 19 ਅਪ੍ਰੈਲ (ਚ.ਨ.ਸ.) : ਹਿਮਾਚਲ ਪ੍ਰਦੇਸ਼ 'ਚ ਸ਼ਿਮਲਾ ਦੇ ਨੇੜੇ ਇਕ ਜੇਸੀਬੀ ਮਸ਼ੀਨ ਦੇ ਖੱਡ 'ਚ ਡਿੱਗਣ ਨਾਲ 2 ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ 2 ਹੋਰ ਜ਼ਖ਼ਮੀ ਹੋ ਗਏ। ਪੁਲਿਸ ਨੇ ਸ਼ਨੀਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਿਸ ਨੇ ਦੱਸਿਆ ਕਿ ਮ੍ਰਿਤਕਾਂ ਦੀ ਪਛਾਣ ਪੰਜਾਬ ਦੇ ਰੂਪਨਗਰ ਜ਼ਿਲ੍ਹੇ ਦੇ ਵਾਸੀ ਸੁਖਦੇਵ ਸਿੰਘ ਰਾਣਾ (31) ਅਤੇ ਕਿੰਨੌਰ ਜ਼ਿਲ੍ਹੇ ਦੇ ਹਰਿਨਾਮ ਸਿੰਘ (30) ਵਜੋਂ ਹੋਈ ਹੈ। ਇਸ ਨੇ ਦੱਸਿਆ ਕਿ ਜ਼ਖ਼ਮੀਆਂ 'ਚ ਪੰਜਾਬ ਦੇ ਚਰਨਜੀਤ ਸਿੰਘ (26) ਅਤੇ ਬਿਹਾਰ ਦੇ ਨੀਰਜ ਕੁਮਾਰ (20) ਦਾ ਸ਼ਿਮਲਾ ਦੇ ਇੰਦਰਾ ਗਾਂਧੀ ਮੈਡੀਕਲ ਕਾਲਜ (ਆਈਜੀਐੱਮਸੀ) 'ਚ ਇਲਾਜ ਜਾਰੀ ਹੈ।ਪੁਲਿਸ ਨੇ ਦੱਸਿਆ ਕਿ ਇਹ ਹਾਦਸਾ ਸ਼ੁੱਕਰਵਾਰ ਨੂੰ ਮਾਤਾ ਜਵਾਲਾ ਜੀ ਮੰਦਰ ਦੇ ਨੇੜੇ ਹੋਇਆ, ਜਦੋਂ ਸੁਖਦੇਵ ਨੇ ਮਸ਼ੀਨ ਤੋਂ ਕੰਟਰੋਲ ਗੁਆ ਦਿੱਤਾ ਅਤੇ ਮਸ਼ੀਨ ਖੱਡ 'ਚ ਜਾ ਡਿੱਗੀ।

# 'ਆਪ' ਪੰਜਾਬ ਦੇ ਸੋਸ਼ਲ ਮੀਡੀਆ ਵਲੰਟੀਅਰਾਂ ਦੀ ਸੂਬਾ ਪੱਧਰੀ ਮੀਟਿੰਗ

## ਪੰਜਾਬ ਇੰਚਾਰਜ ਸਿਸੋਦੀਆ ਅਤੇ ਰਾਸ਼ਟਰੀ ਮੀਡੀਆ ਇੰਚਾਰਜ ਅਨੁਰਾਗ ਢਾਂਡਾ ਨੇ ਸੋਸ਼ਲ ਮੀਡੀਆ ਵਲੰਟੀਅਰਾਂ ਨਾਲ ਕੀਤੀ ਚਰਚਾ




ਚੰਡੀਗੜ੍ਹ, 19 ਅਪ੍ਰੈਲ (ਅੰਮ੍ਰਿਤਪਾਲ ਸਿੰਘ) : ਪੰਜਾਬ ਤੋਂ ਆਮ ਆਦਮੀ ਪਾਰਟੀ ਦੇ ਸੈਂਕੜੇ ਸਰਗਰਮ ਸੋਸ਼ਲ ਮੀਡੀਆ ਯੋਧਿਆਂ ਲਈ ਸ਼ਨੀਵਾਰ ਨੂੰ ਚੰਡੀਗੜ੍ਹ ਵਿੱਚ ਇੱਕ ਰੋਜ਼ਾ ਸਿਖਲਾਈ ਪ੍ਰੋਗਰਾਮ ਆਯੋਜਿਤ ਕੀਤਾ ਗਿਆ ਹੈ। ਇਸ ਪ੍ਰੋਗਰਾਮ ਵਿੱਚ ਆਮ ਆਦਮੀ ਪਾਰਟੀ ਦੇ ਸੂਬਾ ਇੰਚਾਰਜ ਮਨੀਸ਼ ਸਿਸੋਦੀਆ ਅਤੇ ਰਾਸ਼ਟਰੀ ਮੀਡੀਆ ਇੰਚਾਰਜ ਅਨੁਰਾਗ ਢਾਂਡਾ ਮੌਜੂਦ ਹਨ। ਇਸ ਪ੍ਰੋਗਰਾਮ ਵਿੱਚ ਬੂਥ ਪੱਧਰ ਤੱਕ ਸੋਸ਼ਲ ਮੀਡੀਆ ਟੀਮ ਨੂੰ ਮਜ਼ਬੂਤ ਕਰਨ 'ਤੇ ਚਰਚਾ ਕੀਤੀ ਗਈ। ਇਸ ਸੰਵਾਦ ਪ੍ਰੋਗਰਾਮ ਦੌਰਾਨ, ਉਨ੍ਹਾਂ ਨੇ ਵਰਕਰਾਂ ਨੂੰ ਡਿਜੀਟਲ ਰਣਨੀਤੀਆਂ, ਸਰਕਾਰੀ ਨੀਤੀਆਂ ਨੂੰ ਜਨਤਾ ਤੱਕ ਪਹੁੰਚਾਉਣ ਅਤੇ ਆਨਲਾਈਨ ਪ੍ਰਚਾਰ ਦੀਆਂ ਪ੍ਰਭਾਵਸ਼ਾਲੀ ਤਕਨੀਕਾਂ ਬਾਰੇ ਵਿਸ਼ੇਸ਼ ਸਿਖਲਾਈ ਦਿੱਤੀ। ਇਸ ਮੌਕੇ ਪੰਜਾਬ ਸੋਸ਼ਲ ਮੀਡੀਆ ਟੀਮ ਦੇ ਮੈਂਬਰ ਅਕਾਸ਼ ਨੂਰ ਗ਼ਦਰੀ, ਹਰਜੀਤ ਖੋਸਾ, ਗੁਰਸੇਵਕ ਸਿੰਘ ਕੰਗ ਅਤੇ ਹੋਰ ਬਹੁਤ ਸਾਰੇ ਮੈਂਬਰ ਮੌਜੂਦ ਸਨ।

ਮਨੀਸ਼ ਸਿਸੋਦੀਆ ਨੇ ਕਿਹਾ, ਸੋਸ਼ਲ ਮੀਡੀਆ ਅੱਜ ਦੀ ਰਾਜਨੀਤੀ ਵਿੱਚ ਇੱਕ ਸ਼ਕਤੀਸ਼ਾਲੀ ਸਾਧਨ ਬਣ ਗਿਆ ਹੈ। ਸਾਡੀ ਸਰਕਾਰ ਦੇ ਕੰਮ, ਇਮਾਨਦਾਰ ਰਾਜਨੀਤੀ, ਸਿੱਖਿਆ ਕ੍ਰਾਂਤੀ, ਨਸ਼ਿਆਂ ਵਿਰੁੱਧ ਜੰਗ ਅਤੇ ਜਨਤਕ ਹਿੱਤ ਦੇ ਮੁੱਦਿਆਂ ਨੂੰ ਹਰ ਘਰ ਤੱਕ ਪਹੁੰਚਾਉਣ ਲਈ, ਇਹ ਜ਼ਰੂਰੀ ਹੈ ਕਿ ਅਸੀਂ ਡਿਜੀਟਲ ਪੱਧਰ 'ਤੇ ਵੀ ਸੰਗਠਿਤ ਅਤੇ ਸਰਗਰਮ ਰਹੀਏ।

ਉਨ੍ਹਾਂ ਕਿਹਾ ਕਿ ਪਾਰਟੀ ਹੁਣ ਹਰ ਵਿਧਾਨ ਸਭਾ ਹਲਕੇ ਦੇ ਹਰ ਬੂਥ 'ਤੇ ਵੱਡੇ ਪੱਧਰ 'ਤੇ ਸੋਸ਼ਲ ਮੀਡੀਆ ਯੋਧਿਆਂ ਨੂੰ ਨਿਯੁਕਤ ਕਰੇਗੀ, ਜੋ ਇਲਾਕੇ ਦੇ ਮੁੱਦਿਆਂ, ਸਰਕਾਰ ਦੀਆਂ ਪ੍ਰਾਪਤੀਆਂ ਅਤੇ ਪਾਰਟੀ ਦੀਆਂ ਯੋਜਨਾਵਾਂ ਨੂੰ ਘਰ-ਘਰ ਪਹੁੰਚਾਉਣ ਦਾ ਕੰਮ ਕਰਨਗੇ।

ਆਮ ਆਦਮੀ ਪਾਰਟੀ ਦੇ ਰਾਸ਼ਟਰੀ ਮੀਡੀਆ ਇੰਚਾਰਜ ਅਨੁਰਾਗ ਢਾਂਡਾ ਨੇ ਵੀ ਸੋਸ਼ਲ ਵਾਰੀਅਰਸ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ, 'ਸੋਸ਼ਲ ਮੀਡੀਆ ਸਿਰਫ਼ ਪੋਸਟ ਕਰਨ ਦਾ ਮਾਧਿਅਮ ਨਹੀਂ ਹੈ, ਸਗੋਂ ਇਹ ਜਨਤਾ ਨਾਲ ਸਿੱਧੇ ਤੌਰ 'ਤੇ ਜੁੜਨ, ਵਿਰੋਧੀ ਧਿਰ ਦੇ ਝੂਠਾਂ ਨੂੰ ਬੇਨਕਾਬ ਕਰਨ ਅਤੇ ਸੱਚਾਈ ਨੂੰ ਅੱਗੇ ਲਿਆਉਣ ਦਾ ਸਭ ਤੋਂ ਸ਼ਕਤੀਸ਼ਾਲੀ ਪਲੇਟਫ਼ਾਰਮ ਹੈ। ਸਾਨੂੰ ਬੂਥ ਪੱਧਰ ਤੱਕ ਇਸ ਤਾਕਤ ਨੂੰ ਬਣਾਉਣੀ ਹੈ ਤਾਂ ਜੋ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਆਵਾਜ਼ ਹਰ ਪਲੇਟਫ਼ਾਰਮ 'ਤੇ ਗੂੰਜ ਸਕੇ।'

ਇਸ ਸਿਖਲਾਈ ਸੈਸ਼ਨ ਵਿੱਚ, ਕਰਮਚਾਰੀਆਂ ਨੂੰ ਕੰਟੈਂਟ ਬਣਾਉਣ ਅਤੇ ਫੇਸਬੁੱਕ, ਇੰਸਟਾਗ੍ਰਾਮ, ਟਵਿੱਟਰ, ਟੈਲੀਗ੍ਰਾਮ ਵਰਗੇ ਸਾਰੇ ਸੋਸ਼ਲ ਮੀਡੀਆ ਪਲੇਟਫ਼ਾਰਮਾਂ ਨਾਲ ਸਬੰਧਿਤ ਤਕਨੀਕੀ ਜਾਣਕਾਰੀ ਦਿੱਤੀ ਗਈ।

ਆਮ ਆਦਮੀ ਪਾਰਟੀ ਦਾ ਇਹ ਯਤਨ ਸਰਕਾਰ ਅਤੇ ਸਥਾਨਕ ਪੱਧਰ 'ਤੇ ਪਾਰਟੀ ਦੀ ਡਿਜੀਟਲ ਮੌਜੂਦਗੀ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

## ਬੈਂਸ ਵੱਲੋਂ ਸੀਨੀਅਰ ਪੱਤਰਕਾਰ ਦੇ ਪਿਤਾ ਦੇ ਦੇਹਾਂਤ 'ਤੇ ਦੁੱਖ ਪ੍ਰਗਟ

ਚੰਡੀਗੜ੍ਹ, 19 ਅਪ੍ਰੈਲ (ਚ.ਨ.ਸ.) : ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਹਿੰਦੋਸਤਾਨ ਟਾਈਮਜ਼ ਅਖ਼ਬਾਰ ਦੇ ਸੀਨੀਅਰ ਪੱਤਰਕਾਰ ਸ੍ਰੀ ਹਿਲੇਰੀ ਵਿਕਟਰ ਦੇ ਪਿਤਾ ਸ੍ਰੀ ਜੌਹਨ ਵਿਕਟਰ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ।

ਸ੍ਰੀ ਜੌਹਨ ਵਿਕਟਰ, ਜੋ 86 ਵਰ੍ਹਿਆਂ ਦੇ ਸਨ, ਨੇ ਅੱਜ ਸਵੇਰੇ ਆਪਣੇ ਘਰ ਵਿਖੇ ਆਖ਼ਰੀ ਸਾਹ ਲਿਆ। ਉਨ੍ਹਾਂ ਦੇ ਪਰਿਵਾਰ ਵਿੱਚ ਉਨ੍ਹਾਂ ਦੀ ਪਤਨੀ, ਦੋ ਪੁੱਤਰ ਅਤੇ ਦੋ ਧੀਆਂ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਇੱਕ ਪਿਤਾ ਪੂਰੇ ਪਰਿਵਾਰ ਲਈ ਤਾਕਤ ਦਾ ਸੋਮਾ ਹੁੰਦਾ ਹੈ, ਜੋ ਆਪਣੇ ਬੱਚਿਆਂ ਨੂੰ ਜੀਵਨ ਦੇ ਕੀਮਤੀ ਸਬਕ ਸਿਖਾਉਂਦਾ ਤ ਮਾਰਗਦਰਸ਼ਨ ਕਰਦਾ ਹੈ।

ਦੁਖੀ ਪਰਿਵਾਰ ਨਾਲ ਦਿਲੀ ਹਮਦਰਦੀ ਪ੍ਰਗਟਾਉਂਦਿਆਂ ਸ. ਹਰਜੋਤ ਸਿੰਘ ਬੈਂਸ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਪਰਿਵਾਰ ਨੂੰ ਇਹ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਸਹਿਣ ਦਾ ਬਲ ਬਖ਼ਸ਼ਣ ਅਤੇ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਦੇਣ।

# ਪਹਿਲੇ ਸਫ਼ੇ ਦੀ ਬਾਕੀ

### ਮੋਦੀ ਦਾ 2 ਰੋਜ਼ਾ ਸਾਊਦੀ ਅਰਬ

ਵਲੀ ਅਹਿਦ ਸ਼ਹਿਜ਼ਾਦਾ ਮੁਹੰਮਦ ਬਿਲ ਸਲਮਾਨ ਅਲ ਸਾਊਦ ਦਰਮਿਆਨ ਗੱਲਬਾਤ ਤੋਂ ਬਾਅਦ ਦੋਵਾਂ ਮੁਲਕਾਂ ਵਿਚਕਾਰ ਕਈ ਇਕਰਾਨਾਮਿਆਂ ਉਤੇ ਸਹੀ ਪਾਈ ਜਾਵੇਗੀ। ਮੀਡੀਆ ਨੂੰ ਇਹ ਜਾਣਕਾਰੀ ਦਿੰਦਿਆਂ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਇਹ ਦੌਰਾ ਦੋਵਾਂ ਮੁਲਕਾਂ ਦੀ ਪਹਿਲਾਂ ਹੀ ਰਣਨੀਤਕ ਪੱਖੋਂ ਅਹਿਮ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਦਾ ਮੌਕਾ ਮੁਹੱਈਆ ਕਰਾਵੇਗਾ। ਉਨ੍ਹਾਂ ਕਿਹਾ ਕਿ ਇਸ ਦੌਰਾਨ ਭਾਰਤ-ਸਾਊਦੀ ਅਰਬ ਊਰਜਾ ਸਹਿਯੋਗ ਨੂੰ ਹੋਰ ਹੁਲਾਰਾ ਦੇਣ ਦੀ ਕੋਸ਼ਿਸ਼ ਕੀਤੀ ਜਾਵੇਗੀ।

### ਪੰਜਾਬ 'ਚ ਗੜ੍ਹੇਮਾਰੀ ਤੇ ਝੱਖੜ

ਤਾਪਮਾਨ ਆਮ ਨਾਲੋਂ 2.8 ਡਿਗਰੀ ਵੱਧ ਹੈ। ਮੌਸਮ ਵਿਭਾਗ ਅਨੁਸਾਰ ਪਿਛਲੇ 24 ਘੰਟਿਆਂ ਵਿੱਚ ਸੂਬੇ ਦੇ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ 0.3 ਡਿਗਰੀ ਸੈਲਸੀਅਸ ਦਾ ਵਾਧਾ ਹੋਇਆ ਹੈ। ਮੌਜੂਦਾ ਔਸਤ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ 2.8 ਡਿਗਰੀ ਵੱਧ ਹੈ, ਜਿਸ ਕਾਰਨ ਗਰਮੀ ਦਾ ਪ੍ਰਭਾਵ ਸਪੱਸ਼ਟ ਤੌਰ 'ਤੇ ਦਿਖਾਈ ਦੇ ਰਿਹਾ ਹੈ। ਸੂਬੇ ਵਿੱਚ ਸਭ ਤੋਂ ਵੱਧ ਤਾਪਮਾਨ ਬਠਿੰਡਾ ਵਿੱਚ 42.6 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜੋ ਕਿ ਪੂਰੇ ਪੰਜਾਬ ਵਿੱਚ ਸਭ ਤੋਂ ਵੱਧ ਹੈ। ਇਸ ਤੋਂ ਬਾਅਦ, ਲੁਧਿਆਣਾ ਵਿੱਚ 39.0 ਡਿਗਰੀ, ਪਟਿਆਲਾ ਵਿੱਚ 38.8 ਡਿਗਰੀ ਅਤੇ ਮੋਗਾ ਦੇ ਬੁੱਧ ਸਿੰਘ ਵਾਲਾ ਸਟੇਸ਼ਨ 'ਤੇ ਤਾਪਮਾਨ 38.1 ਡਿਗਰੀ ਦਰਜ ਕੀਤਾ ਗਿਆ।

ਸ਼ੁੱਕਰਵਾਰ ਨੂੰ ਪੰਜਾਬ ਦੇ ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਤੇਜ਼ ਹਵਾਵਾਂ ਚੱਲੀਆਂ। ਹਾਲਾਂਕਿ, ਕੋਈ ਨੁਕਸਾਨ ਨਹੀਂ ਹੋਇਆ। ਸ਼ੁੱਕਰਵਾਰ ਨੂੰ ਜਾਰੀ ਕੀਤੇ ਗਏ ਔਰੇਂਜ ਅਲਰਟ ਦੇ ਵਿਚਕਾਰ, ਮੋਗਾ ਵਿੱਚ 4 ਮਿਲੀਮੀਟਰ, ਲੁਧਿਆਣਾ ਵਿੱਚ 2 ਮਿਲੀਮੀਟਰ ਅਤੇ ਫਿਰੋਜ਼ਪੁਰ ਵਿੱਚ 2 ਮਿਲੀਮੀਟਰ ਮੀਂਹ ਦਰਜ ਕੀਤਾ ਗਿਆ।ਇਸ ਦੇ ਬਾਵਜੂਦ, ਅੱਜ ਹਿਮਾਚਲ ਦੇ ਨਾਲ ਲੱਗਦੇ ਜ਼ਿਲ੍ਹਿਆਂ ਵਿੱਚ ਮੀਂਹ ਅਤੇ ਤੇਜ਼ ਹਵਾਵਾਂ ਨੂੰ ਲੈ ਕੇ ਅਲਰਟ ਜਾਰੀ ਕੀਤਾ ਗਿਆ ਹੈ। ਪੰਜਾਬ ਦੇ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਰੂਪਨਗਰ, ਐਸਏਐਸ ਨਗਰ, ਫਤਿਹਗੜ੍ਹ ਸਾਹਿਬ ਅਤੇ ਸੰਗਰੂਰ ਵਿੱਚ ਮੀਂਹ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ।

### ਭਾਰਤ ਤੇ ਅਮਰੀਕਾ ਵਿਚਾਲੇ ਵਪਾਰਕ

ਸੰਭਾਲਣਗੇ। ਅਧਿਕਾਰੀ ਨੇ ਕਿਹਾ, "ਦੋਵੇਂ ਪੱਖ ਅਭਿਲਾਸ਼ਾ ਦੇ ਪੱਧਰ 'ਤੇ ਚਰਚਾ ਕਰਨਗੇ। ਟੀ.ਓ.ਆਰਜ਼ ਨੂੰ ਹੋਰ ਵਿਕਸਤ ਕੀਤਾ ਜਾਵੇਗਾ ਅਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਗੱਲਬਾਤ ਦਾ ਰਸਤਾ ਕੀ ਹੋਵੇਗਾ? ਟੀ.ਓ.ਆਰ. ਜ਼ਰੀਏ ਟੈਰਿਫ, ਗੈਰ-ਟੈਰਿਫ ਰੁਕਾਵਟਾਂ, ਮੂਲ ਨਿਯਮ, ਵਸਤੂਆਂ, ਸੇਵਾਵਾਂ, ਕਸਟਮ ਸਹੂਲਤ ਅਤੇ ਰੈਗੂਲੇਟਰੀ ਮੁੱਦਿਆਂ ਵਰਗੇ ਮੁੱਦੇ ਸ਼ਾਮਲ ਹੋਣਗੇ।" ਤਿੰਨ ਦਿਨਾਂ ਦੀ ਚਰਚਾ ਇਸ ਲਈ ਮਹੱਤਵਪੂਰਨ ਹੈ ਕਿਉਂਕਿ ਇਕ ਸੀਨੀਅਰ ਸਰਕਾਰੀ ਅਧਿਕਾਰੀ ਨੇ ਹਾਲ ਹੀ ਵਿਚ ਕਿਹਾ ਸੀ ਕਿ ਟਰੰਪ ਪ੍ਰਸ਼ਾਸਨ ਵਲੋਂ ਐਲਾਨੇ ਗਏ 90 ਦਿਨਾਂ ਦੇ ਟੈਰਿਫ ਰੋਕ ਵਿਚ ਦੋਹਾਂ ਦੇਸ਼ਾਂ ਵਿਚਾਲੇ ਅੰਤਰਿਮ ਵਪਾਰ ਸਮਝੌਤੇ ਨੂੰ ਅੰਤਿਮ ਰੂਪ ਦਿਤਾ ਜਾ ਸਕਦਾ ਹੈ। ਜ਼ਿਕਰਯੋਗ ਹੈ ਕਿ ਦਖਣੀ ਅਤੇ ਮੱਧ ਏਸ਼ੀਆ ਲਈ ਅਮਰੀਕਾ ਦੇ ਸਹਾਇਕ ਵਪਾਰ ਪ੍ਰਤੀਨਿਧੀ ਬ੍ਰੈਂਡਨ ਲਿੰਚ ਭਾਰਤੀ ਅਧਿਕਾਰੀਆਂ ਨਾਲ ਮਹੱਤਵਪੂਰਨ ਵਪਾਰਕ ਵਿਚਾਰ ਵਟਾਂਦਰੇ ਲਈ 25 ਤੋਂ 29 ਮਾਰਚ ਤਕ ਭਾਰਤ ਆਏ ਸਨ। ਦੋਵੇਂ ਧਿਰਾਂ ਗੱਲਬਾਤ ਨੂੰ ਅੱਗੇ ਵਧਾਉਣ ਲਈ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵਲੋਂ 9 ਅਪ੍ਰੈਲ ਨੂੰ ਐਲਾਨੇ ਗਏ 90 ਦਿਨਾਂ ਦੇ ਟੈਰਿਫ ਰੋਕ ਦੀ ਵਰਤੋਂ ਕਰਨ ਲਈ ਉਤਸੁਕ ਹਨ। ਵਣਜ ਸਕੱਤਰ ਸੁਨੀਲ ਬਰਥਵਾਲ ਨੇ 15 ਅਪ੍ਰੈਲ ਨੂੰ ਕਿਹਾ ਸੀ ਕਿ ਭਾਰਤ ਅਮਰੀਕਾ ਨਾਲ ਜਲਦੀ ਤੋਂ ਜਲਦੀ ਗੱਲਬਾਤ ਬੰਦ ਕਰਨ ਦੀ ਕੋਸ਼ਿਸ਼ ਕਰੇਗਾ।

### ਪੱਛਮੀ ਬੰਗਾਲ ਦੇ ਰਾਜਪਾਲ ਬੋਸ ਵੱਲੋਂ

ਤਿੰਨ ਵਿਅਕਤੀ ਮਾਰੇ ਗਏ ਤੇ ਕਈ ਜ਼ਖ਼ਮੀ ਹੋ ਗਏ। ਇਸ ਤੋਂ ਪਹਿਲਾਂ ਭਾਜਪਾ ਵਿਧਾਇਕ ਅਗਨੀਮਿੱਤਰਾ ਪੌਲ ਨੇ ਕਿਹਾ ਸੀ ਕਿ ਵਕਫ ਐਕਟ ਦੇ ਵਿਰੋਧ ਵਿਚ ਭੜਕੀ ਹਿੰਸਾ ਤੋਂ ਬਾਅਦ ਜੋ ਕੁਝ ਮੁਰਸ਼ਿਦਾਬਾਦ ਵਿਚ ਵਾਪਰਿਆ, ਉਹ ਅੱਖਾਂ ਖੋਲ੍ਹਣ ਵਾਲਾ ਸੀ, ਇਸ ਕਰਕੇ ਕੌਮੀ ਮਹਿਲਾ ਕਮਿਸ਼ਨ ਦੀ ਟੀਮ ਨੂੰ ਇਸ ਖੇਤਰ ਦਾ ਦੌਰਾ ਕਰ ਕੇ ਸਾਰੇ ਤੱਥ ਵਾਚਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਦੰਗਾਕਾਰੀਆਂ ਨੇ ਲੋਕਾਂ ਦੇ ਘਰ, ਦੁਕਾਨਾਂ ਤੇ ਮੰਦਰਾਂ ਨੂੰ ਅੱਗ ਲਾ ਦਿੱਤੀ, ਉਨ੍ਹਾਂ ਸਵਾਲ ਕੀਤਾ ਕਿ ਕੀ ਇਹ ਸੀਰੀਆ,ਪਾਕਿਸਤਾਨ ਜਾਂ ਅਫ਼ਗਾਨਿਸਤਾਨ ਤਾਂ ਨਹੀਂ।

### ਕੌਮੀ ਮਹਿਲਾ ਕਮਿਸ਼ਨ ਦੀ ਟੀਮ ਮੁਰਸ਼ਿਦਾਬਾਦ

ਸਿਆਸੀ ਬ੍ਰਾਂਚ ਵਜੋਂ ਕੰਮ ਕਰ ਰਹੀ ਹੈ। ਇਸ ਦੌਰੇ ਦੌਰਾਨ ਕਮਿਸ਼ਨ ਸਾਹਮਣੇ ਪ੍ਰਭਾਵਤ ਔਰਤਾਂ ਨੇ ਹਾਲ ਹੀ 'ਚ ਹੋਈ ਫਿਰਕੂ ਹਿੰਸਾ ਦੇ ਅਪਣੇ ਦੁਖਦਾਈ ਤਜਰਬੇ ਸਾਂਝੇ ਕੀਤੇ, ਜਿਸ 'ਚ ਤਿੰਨ ਲੋਕਾਂ ਦੀ ਮੌਤ ਹੋ ਗਈ ਸੀ। ਉਨ੍ਹਾਂ ਨੇ ਚੋਣਵੇਂ ਖੇਤਰਾਂ 'ਚ ਬੀ.ਐਸ.ਐਫ. ਦੇ ਸਥਾਈ ਕੈਂਪ ਸਥਾਪਤ ਕਰਨ ਦੀ ਮੰਗ ਕੀਤੀ ਅਤੇ ਝੜਪਾਂ ਦੀ ਐਨ.ਆਈ.ਏ. ਤੋਂ ਜਾਂਚ ਦੀ ਮੰਗ ਕੀਤੀ। ਰਾਹਟਕਰ ਨੇ ਕਿਹਾ, "ਮੈਂ ਇਨ੍ਹਾਂ ਔਰਤਾਂ ਨੂੰ ਹੋ ਰਹੀ ਤਕਲੀਫ ਤੋਂ ਹੈਰਾਨ ਹਾਂ। ਹਿੰਸਾ ਦੌਰਾਨ ਉਨ੍ਹਾਂ ਨੇ ਜੋ ਕੁੱਝ ਕੀਤਾ, ਉਹ ਕਲਪਨਾ ਤੋਂ ਪਰੇ ਹੈ।" ਐਨ.ਸੀ.ਡਬਲਯੂ. ਮੁਖੀ ਨੇ ਪੀੜਤਾਂ ਨੂੰ ਭਰੋਸਾ ਦਿਤਾ ਕਿ ਚਿੰਤਾ ਦੀ ਕੋਈ ਗੱਲ ਨਹੀਂ ਹੈ ਕਿਉਂਕਿ ਕੇਂਦਰ ਤੁਹਾਡੇ ਨਾਲ ਹੈ।" ਕਈ ਦੰਗਾ ਪ੍ਰਭਾਵਤ ਔਰਤਾਂ ਐਨ.ਸੀ.ਡਬਲਯੂ. ਟੀਮ ਨਾਲ ਗੱਲਬਾਤ ਦੌਰਾਨ ਹੰਝੂਆਂ ਨਾਲ ਰੋ ਪਈਆਂ। ਪਿੰਡ ਵਾਸੀਆਂ ਨੇ ਹੱਥਾਂ 'ਚ ਤਖ਼ਤੀਆਂ ਫੜੀਆਂ ਹੋਈਆਂ ਸਨ, ਜਿਨ੍ਹਾਂ 'ਤੇ ਲਿਖਿਆ ਸੀ ਕਿ 'ਸਾਨੂੰ ਲਕਸ਼ਮੀਰ ਭੰਡਾਰ ਨਹੀਂ ਚਾਹੀਦਾ, ਅਸੀਂ ਬੀ.ਐਸ.ਐਫ. ਕੈਂਪ ਚਾਹੁੰਦੇ ਹਾਂ। ਅਸੀਂ ਸੁਰੱਖਿਆ ਚਾਹੁੰਦੇ ਹਾਂ।' ਇਕ ਹੋਰ ਤਖ਼ਤੀ 'ਤੇ ਲਿਖਿਆ ਸੀ, 'ਸਾਡੇ 'ਤੇ ਹਮਲਾ ਹੋ ਰਿਹਾ ਹੈ।' ਇਕ ਹੋਰ ਤਖ਼ਤੀ 'ਤੇ ਲਿਖਿਆ ਗਿਆ ਹੈ 'ਅਸੀਂ ਮੁੱਖ ਮੰਤਰੀ ਦੇ ਅਸਤੀਫੇ ਦੀ ਮੰਗ ਕਰਦੇ ਹਾਂ ਕਿਉਂਕਿ ਉਹ ਸਾਡੀ ਰੱਖਿਆ ਕਰਨ 'ਚ ਅਸਫਲ ਰਹੀ ਹੈ।' ਐਨ.ਸੀ.ਡਬਲਯੂ. ਮੈਂਬਰ ਅਰਚਨਾ ਮਜੂਮਦਾਰ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਕਮਿਸ਼ਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਔਰਤਾਂ ਦੀਆਂ ਮੰਗਾਂ ਦੀ ਰੀਪੋਰਟ ਕਰੇਗਾ, ਖਾਸ ਕਰ ਕੇ ਖੇਤਰ 'ਚ ਬੀ.ਐਸ.ਐਫ. ਕੈਂਪਾਂ ਦੀ ਤਾਇਨਾਤੀ ਬਾਰੇ। ਐਨ.ਸੀ.ਡਬਲਯੂ. ਟੀਮ ਦੇ ਨਾਲ ਮੌਜੂਦ ਭਾਜਪਾ ਵਿਧਾਇਕ ਸ਼੍ਰੀਰੂਪਾ ਮਿੱਤਰਾ ਚੌਧਰੀ ਨੇ ਕਿਹਾ, "ਇਹ ਮੇਰਾ ਚੋਣ ਖੇਤਰ ਦੱਖਣੀ ਮਾਲਦਾ ਹੈ। ਮੈਂ ਪਿਛਲੇ 12 ਸਾਲਾਂ ਤੋਂ ਇੱਥੋਂ ਚੋਣ ਲੜ ਰਿਹਾ ਹਾਂ ਅਤੇ ਇਸ ਵਾਰ ਮੈਂ ਜੋ ਵੇਖਿਆ ਹੈ ਉਹ ਬੇਮਿਸਾਲ ਹੈ। ਮੈਂ ਪਿਛਲੇ 12 ਸਾਲਾਂ 'ਚ ਇੱਥੇ ਇੰਨੇ ਵੱਡੇ ਪੱਧਰ 'ਤੇ ਹਿੰਸਾ ਕਦੇ ਨਹੀਂ ਵੇਖੀ ਸੀ।" ਐਨ.ਸੀ.ਡਬਲਯੂ. ਦੀ ਟੀਮ ਨੇ ਮੁਰਸ਼ਿਦਾਬਾਦ ਜ਼ਿਲ੍ਹੇ ਦੇ ਧੂਲੀਅਨ ਇਲਾਕੇ ਦਾ ਵੀ ਦੌਰਾ ਕੀਤਾ, ਜਿੱਥੇ 11 ਅਤੇ 12 ਅਪ੍ਰੈਲ ਨੂੰ ਵਕਫ ਐਕਟ 'ਚ ਸੋਧਾਂ ਦੇ ਵਿਰੋਧ 'ਚ ਵੱਡੇ ਪੱਧਰ 'ਤੇ ਹਿੰਸਾ ਹੋਈ ਸੀ। ਉਨ੍ਹਾਂ ਨੇ ਸ਼ੁਕਰਵਾਰ ਨੂੰ ਮਾਲਦਾ ਜ਼ਿਲ੍ਹੇ ਦੇ ਇਕ ਰਾਹਤ ਕੈਂਪ ਦਾ ਵੀ ਦੌਰਾ ਕੀਤਾ ਅਤੇ ਮੁਰਸ਼ਿਦਾਬਾਦ ਦੰਗਿਆਂ ਕਾਰਨ ਬੇਘਰ ਹੋਏ ਲੋਕਾਂ ਨਾਲ ਮੁਲਾਕਾਤ ਕੀਤੀ।ਕੌਮੀ ਮਹਿਲਾ ਕਮਿਸ਼ਨ ਦੇ ਦੌਰੇ ਦੀ ਆਲੋਚਨਾ ਕਰਦਿਆਂ ਤ੍ਰਿਣਮੂਲ ਕਾਂਗਰਸ ਨੇ ਬੰਗਾਲ ਵਿਰੁਧ ਕਮਿਸ਼ਨ ਦੀ ਨਿਰਪੱਖਤਾ ਅਤੇ ਸਿਆਸੀ ਪ੍ਰੇਰਨਾ 'ਤੇ ਗੰਭੀਰ ਸਵਾਲ ਉਠਾਏ। ਪਾਰਟੀ ਦੇ ਰਾਜ ਸਭਾ ਮੈਂਬਰ ਸਾਕੇਤ ਗੋਖਲੇ ਨੇ ਕਿਹਾ ਕਿ ਕੌਮੀ ਮਹਿਲਾ ਕਮਿਸ਼ਨ ਦੀ ਮੈਂਬਰ ਅਰਚਨਾ ਮਜੂਮਦਾਰ ਭਾਜਪਾ ਵਰਕਰ ਹੈ, ਜਿਸ ਨੇ ਚੋਣ ਹਾਰਨ ਤੋਂ ਪਹਿਲਾਂ ਭਾਜਪਾ ਦੀ ਟਿਕਟ 'ਤੇ 2021 ਦੀਆਂ ਬੰਗਾਲ ਚੋਣਾਂ ਲੜੀਆਂ ਸਨ।

### ਕਾਲੇ ਧਨ ਨੂੰ ਚਿੱਟਾ ਕਰਨ ਲਈ ਜਾਅਲੀ

ਵਾਲੇ ਗੈਰ ਸਰਕਾਰੀ ਸੰਗਠਨ ਯੰਗ ਇੰਡੀਅਨ ਨੂੰ ਉਨ੍ਹਾਂ ਲੋਕਾਂ ਅਤੇ ਸੰਸਥਾਵਾਂ ਤੋਂ 18.12 ਕਰੋੜ ਰੁਪਏ ਦਾ ਚੰਦਾ ਮਿਲਿਆ, ਜੋ ਸਹੀ ਨਹੀਂ ਪਾਏ ਗਏ। ਭਾਜਪਾ ਬੁਲਾਰੇ ਨੇ ਦੋਸ਼ ਲਾਇਆ ਕਿ ਨੈਸ਼ਨਲ ਹੇਰਾਲਡ ਅਖ਼ਬਾਰ ਦੀ ਮਾਲਕੀ ਵਾਲੀ ਐਸੋਸੀਏਟਿਡ ਜਰਨਲ ਲਿਮਟਿਡ ਨੂੰ ਮਿਲੇ 142 ਕਰੋੜ ਰੁਪਏ ਦੇ ਕਿਰਾਏ ਦਾ ਵੱਡਾ ਹਿੱਸਾ ਕਿਸੇ ਵੀ ਸਮਝੌਤੇ ਦਾ ਕੋਈ ਆਧਾਰ ਨਹੀਂ ਸੀ। ਉਨ੍ਹਾਂ ਕਿਹਾ ਕਿ ਕਾਂਗਰਸ ਨਾਲ ਜੁੜੀਆਂ ਸੰਸਥਾਵਾਂ ਵਲੋਂ ਅਖ਼ਬਾਰ ਨੂੰ 15.86 ਕਰੋੜ ਰੁਪਏ ਦੇ ਇਸ਼ਤਿਹਾਰ ਦਿਤੇ ਗਏ ਸਨ। ਉਨ੍ਹਾਂ ਨੇ ਸੋਨੀਆ ਗਾਂਧੀ ਦੇ ਜਵਾਈ ਰਾਬਰਟ ਵਾਡਰਾ ਵਿਰੁਧ ਜ਼ਮੀਨ ਘਪਲੇ ਦੇ ਦੋਸ਼ਾਂ ਦਾ ਹਵਾਲਾ ਦਿੰਦੇ ਹੋਏ ਦੋਸ਼ ਲਾਇਆ ਕਿ ਕਾਂਗਰਸ ਭ੍ਰਿਸ਼ਟਾਚਾਰ 'ਤੇ ਇਕ ਸਕੂਲ ਚਲਾ ਰਹੀ ਹੈ। ਇਨਫੋਰਸਮੈਂਟ ਡਾਇਰੈਕਟੋਰੇਟ ਵਲੋਂ ਨੈਸ਼ਨਲ ਹੇਰਾਲਡ ਮਾਮਲੇ 'ਚ ਗਾਂਧੀ ਪਰਵਾਰ ਵਿਰੁਧ ਚਾਰਜਸ਼ੀਟ ਦਾਇਰ ਕੀਤੇ ਜਾਣ ਤੋਂ ਬਾਅਦ ਕਾਂਗਰਸ ਕੇਂਦਰ ਵਿਰੁਧ ਵਿਰੋਧ ਪ੍ਰਦਰਸ਼ਨ ਕਰ ਰਹੀ ਹੈ।

### ਅਫ਼ਗਾਨ-ਤਾਜਿਕ ਸਰਹੱਦ 'ਤੇ ਲੱਗੇ

ਭੂਚਾਲ ਪਾਕਿਸਤਾਨੀ ਸਮੇਂ ਮੁਤਾਬਕ ਸਵੇਰੇ 11:47 ਵਜੇ ਦਰਜ ਕੀਤਾ ਗਿਆ। ਪਾਕਿਸਤਾਨ ਦੇ ਇੱਕ ਵਿਸ਼ਾਲ ਖੇਤਰ ਵਿੱਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ, ਜਿਸ ਵਿੱਚ ਇਸਲਾਮਾਬਾਦ, ਲਾਹੌਰ, ਪਿਸ਼ਾਵਰ, ਰਾਵਲਪਿੰਡੀ ਅਤੇ ਖ਼ੈਬਰ ਪਖ਼ਤੂਨਖ਼ਵਾ ਦੇ ਵੱਖ-ਵੱਖ ਹਿੱਸੇ ਸ਼ਾਮਲ ਹਨ। ਭੂਚਾਲ ਦੇ ਸਭ ਤੋਂ ਤੇਜ਼ ਖ਼ੈਬਰ ਪਖ਼ਤੂਨਖ਼ਵਾ ਦੇ ਹੇਠਲੇ ਦੀਰ, ਬਾਜੌਰ, ਮਲਕੰਦ, ਨੌਸ਼ੇਰਾ, ਦੀਰ ਬਾਲਾ, ਸ਼ਬਕਦਰ ਅਤੇ ਮੋਹੰਮਦ ਖੇਤਰਾਂ ਵਿੱਚ ਆਏ, ਜਿਸ ਕਾਰਨ ਵਸਨੀਕਾਂ ਵਿੱਚ ਭਾਰੀ ਦਹਿਸ਼ਤ ਫੈਲ ਗਈ। ਹੁਣ ਤੱਕ, ਕਿਸੇ ਵੀ ਤਰ੍ਹਾਂ ਦੇ ਜਾਨੀ ਜਾਂ ਮਾਲੀ ਨੁਕਸਾਨ ਦੀ ਕੋਈ ਰਿਪੋਰਟ ਨਹੀਂ ਹੈ। ਪਿਛਲੇ ਸ਼ਨਿੱਚਰਵਾਰ ਨੂੰ ਪਾਕਿਸਤਾਨ ਦੀ ਰਾਜਧਾਨੀ ਅਤੇ ਖ਼ੈਬਰ ਪਖ਼ਤੂਨਖ਼ਵਾ ਅਤੇ ਲਹਿੰਦੇ ਪੰਜਾਬ ਦੇ ਕੁਝ ਹਿੱਸਿਆਂ ਵਿੱਚ 5.5 ਸ਼ਿੱਦਤ ਵਾਲੇ ਭੂਚਾਲ ਤੋਂ ਬਾਅਦ ਇਹ ਇੱਕ ਹਫ਼ਤੇ ਵਿੱਚ ਦੂਜਾ ਭੂਚਾਲ ਸੀ। ਅਧਿਕਾਰੀਆਂ ਨੇ ਕਿਹਾ ਕਿ ਸ਼ਨੀਵਾਰ ਨੂੰ ਅਫਗਾਨਿਸਤਾਨ ਵਿੱਚ ਕੇਂਦਰ ਵਾਲੇ ਦਰਮਿਆਨੀ ਸ਼ਿੱਦਤ ਦੇ ਭੂਚਾਲ ਦੇ ਝਟਕੇ ਜੰਮੂ-ਕਸ਼ਮੀਰ ਵਿਚ ਵੀ ਮਹਿਸੂਸ ਕੀਤੇ ਗਏ ਪਰ ਇਸ ਕਾਰਨ ਕਿਸੇ ਵੀ ਜਾਨੀ ਜਾਂ ਮਾਲੀ ਨੁਕਸਾਨ ਦੀ ਕੋਈ ਰਿਪੋਰਟ ਨਹੀਂ ਹੈ। ਅਧਿਕਾਰੀਆਂ ਨੇ ਕਿਹਾ ਕਿ ਇਸ ਕਾਰਨ ਲੋਕਾਂ ਵਿੱਚ ਦਹਿਸ਼ਤ ਫੈਲ ਗਈ।

ਪੰਜਾਬ 'ਚ ਆਇਆ ਭੂਚਾਲ, ਝਟਕਿਆਂ ਤੋਂ ਸਹਿਮੇ ਲੋਕ : ਚੰਡੀਗੜ੍ਹ ਤੇ ਪੰਜਾਬ 'ਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਦੱਸਿਆ ਜਾ ਰਿਹਾ ਹੈ ਕਿ ਦੁਪਹਿਰ 12.21 'ਤੇ ਕਈ ਥਾਵਾਂ 'ਤੇ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਇਸ ਤੋਂ ਬਾਅਦ ਲੋਕ ਡਰ ਦੇ ਮਾਰੇ ਘਰਾਂ ਅਤੇ ਦਫਤਰਾਂ ਤੋਂ ਬਾਹਰ ਆ ਗਏ। ਜਾਣਕਾਰੀ ਮੁਤਾਬਕ ਰਿਕਟਰ ਪੈਮਾਨੇ 'ਤੇ ਭੂਚਾਲ ਦੀ ਤੀਬਰਤਾ 4.7 ਰਹੀ। ਰਾਹਤ ਦੀ ਗੱਲ ਇਹ ਰਹੀ ਕਿ ਕੋਈ ਜਾਨੀ ਜਾਂ ਮਾਲੀ ਨੁਕਸਾਨ ਨਹੀਂ ਹੋਇਆ। ਇਸ ਭੂਚਾਲ ਦਾ ਕੇਂਦਰ ਅਫਗਾਨਿਸਤਾਨ ਦੱਸਿਆ ਜਾ ਰਿਹਾ ਹੈ। ਭੂਚਾਲ ਦੇ ਝਟਕੇ ਲੋਕਾਂ ਨੇ ਕੁਝ ਸਕਿੰਟਾਂ ਲਈ ਮਹਿਸੂਸ ਕੀਤੇ। ਚੰਡੀਗੜ੍ਹ ਦੇ ਨਾਲ-ਨਾਲ ਜੰਮੂ-ਕਸ਼ਮੀਰ ਅਤੇ ਪਾਕਿਸਤਾਨ 'ਚ ਵੀ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਅਸਾਮ ਦੇ ਨਾਗਾਉਂ ਵਿੱਚ 2.9 ਤੀਬਰਤਾ ਭੂਚਾਲ ਦੇ ਝਟਕੇ: ਇੱਥੇ ਅੱਜ ਸਵੇਰ ਸੱਤ ਵੱਜ ਕੇ ਅਠੱਤੀ ਮਿੰਟ 'ਤੇ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ ਜਿਨ੍ਹਾਂ ਦੀ ਰਿਕਟਰ ਸਕੇਲ 'ਤੇ ਤੀਬਰਤਾ 2.9 ਮਾਪੀ ਗਈ। ਇਸ ਕਾਰਨ ਕੋਈ ਨੁਕਸਾਨ ਨਾ ਹੋਣ ਦੀ ਸੂਚਨਾ ਹੈ। ਨੈਸ਼ਨਲ ਸੈਂਟਰ ਫਾਰ ਸਿਸਮਾਲੋਜੀ ਨੇ ਇਹ ਜਾਣਕਾਰੀ ਐਕਸ 'ਤੇ ਸਾਂਝੀ ਕੀਤੀ ਹੈ।

### ਜੇ.ਈ.ਈ. (ਮੇਨ) ਦੇ ਨਤੀਜਿਆਂ 'ਚ

ਦਸਤਾਵੇਜ਼ਾਂ ਸਮੇਤ ਗਲਤ ਤਰੀਕਿਆਂ ਦੀ ਵਰਤੋਂ ਕਰਦੇ ਹੋਏ ਪਾਏ ਗਏ 110 ਉਮੀਦਵਾਰਾਂ ਦੇ ਨਤੀਜੇ ਰੋਕ ਦਿੱਤੇ ਗਏ ਹਨ। ਮਹੱਤਵਪੂਰਨ ਪ੍ਰੀਖਿਆ ਦੇ ਦੂਜੇ ਐਡੀਸ਼ਨ ਲਈ 9.92 ਲੱਖ ਤੋਂ ਵੱਧ ਉਮੀਦਵਾਰਾਂ ਨੇ ਪ੍ਰੀਖਿਆ ਦਿੱਤੀ ਸੀ। ਜੇ.ਈ.ਈ. (ਮੇਨ) ਪੇਪਰ 1 ਅਤੇ ਪੇਪਰ 2 ਦੇ ਨਤੀਜਿਆਂ ਦੇ ਆਧਾਰ 'ਤੇ ਉਮੀਦਵਾਰਾਂ ਨੂੰ ਜੇ.ਈ.ਈ. (ਐਡਵਾਂਸਡ) ਲਈ ਸ਼ਾਰਟਲਿਸਟ ਕੀਤਾ ਜਾਵੇਗਾ, ਜੋ ਕਿ 23 ਪ੍ਰਮੁੱਖ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ (ਆਈ.ਆਈ.ਟੀ.) ਵਿੱਚ ਦਾਖਲੇ ਲਈ ਇੱਕ-ਸਟਾਪ ਪ੍ਰੀਖਿਆ ਹੈ।

### ਅਦਾਲਤ ਵੱਲੋਂ 6 ਪੁਲਿਸ ਅਧਿਕਾਰੀਆਂ

ਮੁਹਾਲੀ ਵਿੱਚ ਤਾਇਨਾਤ ਸਨ। ਮਾਮਲੇ ਦੀ ਜਾਂਚ ਕਰ ਰਹੀ ਪੰਜਾਬ ਪੁਲੀਸ ਦੀ ਵਿਸ਼ੇਸ਼ ਜਾਂਚ ਟੀਮ ਨੇ ਘਟਨਾ ਦੇ ਪਿੱਛੇ ਦੀ ਸੱਚਾਈ ਦਾ ਪਰਦਾਫਾਸ਼ ਕਰਨ ਲਈ ਪੋਲੀਗ੍ਰਾਫ ਟੈਸਟ ਲਈ ਅਦਾਲਤ ਦੀ ਪ੍ਰਵਾਨਗੀ ਮੰਗੀ ਸੀ। ਅਦਾਲਤ ਨੇ ਸੁਪਰੀਮ ਕੋਰਟ ਦੀਆਂ ਸੇਧਾਂ ਦਾ ਹਵਾਲਾ ਦਿੰਦਿਆਂ ਨੋਟ ਕੀਤਾ ਕਿ ਅਜਿਹੇ ਟੈਸਟਾਂ ਲਈ ਸਬੰਧਤ ਵਿਅਕਤੀਆਂ ਦੀ ਸਹਿਮਤੀ ਦੀ ਲੋੜ ਹੁੰਦੀ ਹੈ। ਸੂਤਰਾਂ ਨੇ ਪੁਸ਼ਟੀ ਕੀਤੀ ਕਿ ਸਾਰੇ ਛੇ ਅਧਿਕਾਰੀਆਂ ਨੇ ਲਿਖਤੀ ਸਹਿਮਤੀ ਦੇ ਦਿੱਤੀ, ਜਿਸ ਕਾਰਨ ਅਦਾਲਤ ਦੀ ਮਨਜ਼ੂਰੀ ਮਿਲ ਗਈ।

ਸਤੰਬਰ 2022 ਵਿੱਚ ਬਿਸ਼ਨੋਈ ਦੇ ਦੋ ਵੀਡੀਓ ਇੰਟਰਵਿਊ ਹੋਏ ਸਨ, ਜਿਨ੍ਹਾਂ ਵਿਚੋਂ ਇੱਕ ਮੁਹਾਲੀ ਦੇ ਖਰੜ ਸਥਿਤ ਸੀਆਈਏ ਦਫ਼ਤਰ ਵਿੱਚ ਰਿਕਾਰਡ ਕੀਤੀ ਗਈ ਸੀ ਅਤੇ ਦੂਜੀ ਰਾਜਸਥਾਨ ਵਿੱਚ ਹੋਈ ਸੀ। ਇਸ ਕਾਰਨ ਭਾਰੀ ਵਿਵਾਦ ਪੈਦਾ ਹੋ ਗਿਆ ਸੀ।

ਮਾਰਚ 2023 ਵਿੱਚ ਇੱਕ ਟੈਲੀਵਿਜ਼ਨ ਚੈਨਲ 'ਤੇ ਪ੍ਰਸਾਰਿਤ ਇੰਟਰਵਿਊਆਂ ਨੇ ਵਿਆਪਕ ਵਿਵਾਦ ਪੈਦਾ ਕਰ ਦਿੱਤਾ ਅਤੇ ਪੁਲੀਸ ਦੀਆਂ ਅੰਦਰ ਅੰਦਰੂਨੀ ਖਾਮੀਆਂ ਬਾਰੇ ਸਵਾਲ ਖੜ੍ਹੇ ਕੀਤੇ।

ਪੌਲੀਗ੍ਰਾਫ ਟੈਸਟਾਂ ਦਾ ਉਦੇਸ਼ ਇਹ ਸਪੱਸ਼ਟ ਕਰਨਾ ਹੈ ਕਿ ਇੱਕ ਕੈਮਰਾ, ਇੱਕ ਪੱਤਰਕਾਰ ਅਤੇ ਸਵਾਲ ਬਿਸ਼ਨੋਈ ਤੱਕ ਕਿਵੇਂ ਪਹੁੰਚੇ, ਜੋ ਉਸ ਸਮੇਂ ਪੁਲੀਸ ਹਿਰਾਸਤ ਵਿੱਚ ਸੀ। ਪੁਲੀਸ ਵਿਭਾਗ ਦੇ ਅੰਦਰ ਸੰਭਾਵਿਤ ਮਿਲੀਭੁਗਤ ਦੇ ਦੋਸ਼ਾਂ ਦੇ ਵਿਚਕਾਰ ਜਾਂਚ ਨੂੰ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ। ਟੈਸਟਾਂ ਦੇ ਨਤੀਜੇ ਵੱਲੋਂ ਮਾਮਲੇ ਦੀ ਦਿਸ਼ਾ ਤੈਅ ਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਣ ਦੀ ਉਮੀਦ ਹੈ, ਜਿਸਨੇ ਪੰਜਾਬ ਪੁਲੀਸ ਦੀ ਭਰੋਸੇਯੋਗਤਾ ਨੂੰ ਸਵਾਲਾਂ ਦੇ ਘੇਰੇ ਵਿੱਚ ਪਾ ਦਿੱਤਾ ਹੈ।

ਇਸ ਸਾਲ ਦੇ ਸ਼ੁਰੂ ਵਿੱਚ, 2 ਜਨਵਰੀ ਨੂੰ, ਪੰਜਾਬ ਸਰਕਾਰ ਨੇ ਡਿਪਟੀ ਸੁਪਰਡੈਂਟ ਆਫ਼ ਪੁਲੀਸ ਗੁਰਸ਼ੇਰ ਸਿੰਘ ਸੰਧੂ ਨੂੰ ਸੀਆਈਏ ਖਰੜ ਵਿਚ ਹਿਰਾਸਤ 'ਚ ਇੱਕ ਟੀਵੀ ਚੈਨਲ ਦੁਆਰਾ ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਇੰਟਰਵਿਊ ਦੀ ਰਿਕਾਰਡਿੰਗ ਦੀ ਸਹੂਲਤ ਦੇਣ ਦੇ ਦੋਸ਼ ਵਿੱਚ ਬਰਖਾਸਤ ਕਰ ਦਿੱਤਾ ਸੀ। ਬਰਖਾਸਤਗੀ ਦਾ ਹੁਕਮ ਪੰਜਾਬ ਸਰਕਾਰ ਦੇ ਗ੍ਰਹਿ ਵਿਭਾਗ ਦੇ ਸਕੱਤਰ ਗੁਰਕੀਰਤ ਕਰਪਾਲ ਸਿੰਘ ਦੁਆਰਾ ਜਾਰੀ ਕੀਤਾ ਗਿਆ ਸੀ। ਸਰਕਾਰ ਨੇ 25 ਅਕਤੂਬਰ, 2024 ਤੋਂ ਮੁਅੱਤਲ ਕੀਤੇ ਗਏ ਡੀਐਸਪੀ ਨੂੰ ਬਰਖਾਸਤ ਕਰਨ ਲਈ ਸੰਵਿਧਾਨ ਦੀ ਧਾਰਾ 311 ਦੀ ਵਰਤੋਂ ਕੀਤੀ ਸੀ।

ਆਦੇਸ਼ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੁਆਰਾ ਗਠਿਤ ਐਸਆਈਟੀ ਨੇ ਇਹ ਸਿੱਟਾ ਕੱਢਿਆ ਹੈ ਕਿ ਸੰਧੂ ਨੇ ਇੱਕ ਟੀਵੀ ਚੈਨਲ ਦੁਆਰਾ ਲਾਰੈਂਸ ਬਿਸ਼ਨੋਈ ਦੇ ਇੰਟਰਵਿਊ ਦੀ ਰਿਕਾਰਡਿੰਗ ਦੀ ਸਹੂਲਤ ਦਿੱਤੀ ਸੀ, ਜਦੋਂ ਉਹ ਸੀਆਈਏ, ਖਰੜ ਦੀ ਹਿਰਾਸਤ ਵਿੱਚ ਸੀ।

### ਅਮਰੀਕਾ ਵੱਲੋਂ ਵੱਡੀ ਗਿਣਤੀ 'ਚ

ਕੇ ਉਨ੍ਹਾਂ ਦੇ ਵੀਜ਼ੇ ਰੱਦ ਹੋਣ ਬਾਰੇ ਸੂਚਿਤ ਕੀਤਾ ਹੈ। ਇਸ ਮੇਲ ਵਿਚ ਇਨ੍ਹਾਂ ਵਿਦਿਆਰਥੀਆਂ ਨੂੰ ਅਮਰੀਕਾ ਛੱਡਣ ਲਈ ਕਿਹਾ ਗਿਆ ਸੀ। ਰਿਪੋਰਟਾਂ ਅਨੁਸਾਰ, ਇਨ੍ਹਾਂ ਵਿੱਚੋਂ 50% ਭਾਰਤੀ ਵਿਦਿਆਰਥੀ ਹਨ।

ਅਮਰੀਕਨ ਇਮੀਗ੍ਰੇਸ਼ਨ ਲਾਇਰਜ਼ ਐਸੋਸੀਏਸ਼ਨ ਨੇ 327 ਅਜਿਹੇ ਵਿਦਿਆਰਥੀਆਂ ਬਾਰੇ ਜਾਣਕਾਰੀ ਇਕੱਠੀ ਕੀਤੀ ਹੈ। ਇਨ੍ਹਾਂ ਵਿੱਚੋਂ 50% ਤੋਂ ਵੱਧ ਭਾਰਤੀ ਵਿਦਿਆਰਥੀ ਹਨ। ਭਾਰਤ ਤੋਂ ਬਾਅਦ ਚੀਨ ਦੂਜੇ ਸਥਾਨ 'ਤੇ ਹੈ। ਇਸ ਸੂਚੀ ਵਿੱਚ 14% ਵਿਦਿਆਰਥੀ ਚੀਨੀ ਹਨ।

ਅਮਰੀਕੀ ਵਿਦੇਸ਼ ਵਿਭਾਗ ਪਿਛਲੇ ਚਾਰ ਮਹੀਨਿਆਂ ਤੋਂ ਵਿਦੇਸ਼ੀ ਵਿਦਿਆਰਥੀਆਂ ਦੇ ਅੰਕੜਿਆਂ ਦੀ ਜਾਂਚ ਕਰ ਰਿਹਾ ਹੈ। ਇਸ ਰਾਹੀਂ ਇਜ਼ਰਾਈਲ ਵਿਰੁੱਧ ਅਤੇ ਹਮਾਸ ਦੇ ਸਮਰਥਨ ਵਿੱਚ ਪ੍ਰਦਰਸ਼ਨ ਕਰ ਰਹੇ ਵਿਦੇਸ਼ੀ ਵਿਦਿਆਰਥੀਆਂ ਦੇ ਵੀਜ਼ੇ ਰੱਦ ਕੀਤੇ ਜਾ ਰਹੇ ਹਨ।

ਵਿਦੇਸ਼ ਮੰਤਰੀ ਮਾਰਕੋ ਰੂਬੀਓ ਦੇ ਅਨੁਸਾਰ, 26 ਮਾਰਚ ਤੱਕ 300 ਤੋਂ ਵੱਧ 'ਹਮਾਸ-ਸਮਰਥਕ' ਵਿਦਿਆਰਥੀਆਂ ਦੇ 6-1 ਵੀਜ਼ੇ ਰੱਦ ਕਰ ਦਿੱਤੇ ਗਏ ਸਨ। ਇਸ ਵਿੱਚ ਬਹੁਤ ਸਾਰੇ ਭਾਰਤੀ ਵਿਦਿਆਰਥੀ ਵੀ ਸ਼ਾਮਲ ਹਨ।

ਅਮਰੀਕੀ ਸਰਕਾਰ ਏਆਈ ਐਪ 'ਕੈਚ ਐਂਡ ਰਿਵੋਕ' ਦੀ ਮਦਦ ਨਾਲ ਅਜਿਹੇ ਵਿਦਿਆਰਥੀਆਂ ਦੀ ਪਛਾਣ ਕਰ ਰਹੀ ਹੈ। ਵਿਦੇਸ਼ ਮੰਤਰੀ ਮਾਰਕੋ ਰੂਬੀਓ ਦੇ ਅਨੁਸਾਰ 26 ਮਾਰਚ ਤੱਕ 300 ਤੋਂ ਵੱਧ 'ਹਮਾਸ-ਸਮਰਥਕ' ਵਿਦਿਆਰਥੀਆਂ ਦੇ 6-1 ਵੀਜ਼ੇ ਰੱਦ ਕਰ ਦਿੱਤੇ ਗਏ ਸਨ। ਇਸ ਵਿੱਚ ਬਹੁਤ ਸਾਰੇ ਭਾਰਤੀ ਵਿਦਿਆਰਥੀ ਵੀ ਸ਼ਾਮਲ ਹਨ।

ਈ-ਮੇਲ ਵਿੱਚ ਚਿਤਾਵਨੀ- ਦੇਸ਼ ਛੱਡ ਦਿਓ, ਨਹੀਂ ਤਾਂ ਹਿਰਾਸਤ ਵਿੱਚ ਲੈ ਲਿਆ ਜਾਵੇਗਾ

ਇਹ ਮੇਲ ਕਈ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਨੂੰ ਭੇਜਿਆ ਗਿਆ ਹੈ। ਈਮੇਲ ਵਿੱਚ ਵਿਦਿਆਰਥੀਆਂ ਨੂੰ ਦੱਸਿਆ ਗਿਆ ਸੀ ਕਿ ਉਨ੍ਹਾਂ ਦੇ 6-1 ਵੀਜ਼ੇ ਅਮਰੀਕੀ ਇਮੀਗ੍ਰੇਸ਼ਨ ਅਤੇ ਰਾਸ਼ਟਰੀਅਤਾ ਐਕਟ ਦੀ ਧਾਰਾ 221() ਦੇ ਤਹਿਤ ਰੱਦ ਕਰ ਦਿੱਤੇ ਗਏ ਹਨ। ਹੁਣ ਜੇਕਰ ਉਹ ਅਮਰੀਕਾ ਵਿੱਚ ਹੀ ਰਹਿੰਦੇ ਹਨ, ਤਾਂ ਉਨ੍ਹਾਂ ਨੂੰ ਜੁਰਮਾਨਾ ਲਗਾਇਆ ਜਾ ਸਕਦਾ ਹੈ, ਹਿਰਾਸਤ ਵਿੱਚ ਲਿਆ ਜਾ ਸਕਦਾ ਹੈ ਜਾਂ ਦੇਸ਼ ਨਿਕਾਲਾ ਦਿੱਤਾ ਜਾ ਸਕਦਾ ਹੈ।

ਇਸ਼ਤਿਹਾਰਬਾਜ਼ੀ

ਈਮੇਲ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਆਪਣੇ ਦੇਸ਼ਾਂ ਤੋਂ ਇਲਾਵਾ ਹੋਰ ਦੇਸ਼ਾਂ ਵਿੱਚ ਭੇਜਿਆ ਜਾ ਸਕਦਾ ਹੈ। ਇਸ ਲਈ ਇਹ ਬਿਹਤਰ ਹੈ ਕਿ ਵਿਦਿਆਰਥੀ ਅਮਰੀਕਾ ਨੂੰ ਆਪਣੇ ਆਪ ਛੱਡ ਦੇਣ।

### ਕਸ਼ਮੀਰ ਵਿੱਚ ਬਰਫਬਾਰੀ ਕਾਰਨ

ਬੰਦ ਕਰ ਦਿੱਤਾ ਗਿਆ ਹੈ। ਇੱਥੇ ਲਗਾਤਾਰ ਬਰਫਬਾਰੀ ਹੋ ਰਹੀ ਹੈ। ਇਸ ਤੋਂ ਇਲਾਵਾ ਸ੍ਰੀਨਗਰ ਲੇਹ ਮਾਰਗ 'ਤੇ ਜੋਜ਼ੀਲਾ, ਮੁਗਲ ਰੋਡ ਤੇ ਹੋਰ ਖੇਤਰਾਂ ਵਿਚ ਵੀ ਤਾਜ਼ਾ ਬਰਫਬਾਰੀ ਹੋਈ। ਇਸ ਕਾਰਨ ਜੋਜ਼ੀਲਾ ਤੇ ਮੁਗਲ ਰੋਡ 'ਤੇ ਆਵਾਜਾਈ ਨੂੰ ਬੰਦ ਕਰ ਦਿੱਤਾ ਗਿਆ ਹੈ। ਕਸ਼ਮੀਰ ਦੇ ਹੋਰ ਖੇਤਰਾਂ ਵਿਚ ਵੀ ਅੱਜ ਭਾਰੀ ਮੀਂਹ ਪਿਆ।

### ਫ਼ੌਜ ਵੱਲੋਂ ਲੱਦਾਖ ਵਿੱਚ

ਦਰਾਸ ਅਤੇ ਸਿਆਚਿਨ ਗਲੇਸ਼ੀਅਰ 'ਚ ਤਾਇਨਾਤ ਫ਼ੌਜੀਆਂ ਨੂੰ ਹੁਣ 4ਜੀ ਅਤੇ 5ਜੀ ਮੋਬਾਇਲ ਕਨੈਕਟੀਵਿਟੀ ਦੀ ਸਹੂਲਤ ਮਿਲੀ ਹੈ।" ਇਹ ਪਹਿਲ ਸਰਦੀਆਂ 'ਚ 18 ਹਜ਼ਾਰ ਫੁੱਟ ਤੋਂ ਵੱਧ ਉੱਚਾਈ 'ਤੇ ਬਿਲਕੁੱਲ ਵੱਖ-ਵੱਖ ਚੌਕੀਆਂ 'ਚ ਤਾਇਨਾਤ ਫ਼ੌਜੀਆਂ ਲਈ ਇਕ ਵੱਡਾ ਮਨੋਬਲ ਵਧਾਉਣ ਵਾਲਾ ਸਾਬਿਤ ਹੋਇਆ ਹੈ, ਜਿਸ ਨਾਲ ਉਨ੍ਹਾਂ ਨੂੰ ਪਰਿਵਾਰਾਂ ਨਾਲ ਜੁੜੇ ਰਹਿਣ 'ਚ ਮਦਦ ਮਿਲੀ ਹੈ। ਇਹ ਮਹੱਤਵਪੂਰਨ ਕੋਸ਼ਿਸ਼ ਪੂਰੇ ਸਰਕਾਰੀ ਢਾਂਚੇ ਦੇ ਅਧੀਨ ਇਕ ਸਹਿਯੋਗੀ ਦ੍ਰਿਸ਼ਟੀਕੋਣ ਦੇ ਮਾਧਿਅਮ ਨਾਲ ਸੰਭਵ ਹੋਇਆ ਹੈ, ਜਿਸ 'ਚ ਭਾਰਤੀ ਫ਼ੌਜ ਨੇ ਆਪਣੇ ਮਜ਼ਬੂਤ ਆਪਟਿਕਲ ਫਾਈਬਰ ਕੇਬਲ ਬੁਨਿਆਦੀ ਢਾਂਚੇ ਦਾ ਲਾਭ ਚੁੱਕਦੇ ਹੋਏ ਦੂਰਸੰਚਾਰ ਸੇਵਾ ਪ੍ਰਦਾਤਾਵਾਂ (ਟੀ.ਐੱਸ.ਪੀ.) ਅਤੇ ਲੱਦਾਖ ਦੇ ਕੇਂਦਰ ਸ਼ਾਸਿਤ ਪ੍ਰਦੇਸ਼ ਪ੍ਰਸ਼ਾਸਨ ਨਾਲ ਸਾਂਝੇਦਾਰੀ ਕੀਤੀ ਹੈ। ਫਾਇਰ ਐਂਡ ਫਿਊਰੀ ਕਾਪਰਸ ਨੇ ਇਸ ਤਾਲਮੇਲ ਨੂੰ ਸਮਰੱਥ ਕਰਨ 'ਚ ਮੋਹਰੀ ਭੂਮਿਕਾ ਨਿਭਾਈ ਹੈ, ਜਿਸ ਦੇ ਨਤੀਜੇ ਵਜੋਂ ਫ਼ੌਜ ਦੇ ਬੁਨਿਆਦੀ ਢਾਂਚੇ 'ਤੇ ਕਈ ਮੋਬਾਇਲ ਟਾਵਰ ਲਗਾਏ ਗਏ ਹਨ, ਜਿਨ੍ਹਾਂ 'ਚ ਇਕੱਲੇ ਲੱਦਾਖ ਅਤੇ ਕਾਰਗਿਲ ਜ਼ਿਲ੍ਹਿਆਂ 'ਚ ਚਾਰ ਮੁੱਖ ਟਾਵਰ ਸ਼ਾਮਲ ਹਨ। ਇਸ ਪਹਿਲ ਦਾ ਪ੍ਰਭਾਵ ਫ਼ੌਜ ਕਲਿਆਣ ਤੋਂ ਕਿਤੇ ਅੱਗੇ ਤੱਕ ਫੈਲਿਆ ਹੋਇਆ ਹੈ, ਜੋ ਇਕ ਮਹੱਤਵਪੂਰਨ ਰਾਸ਼ਟਰ ਨਿਰਮਾਣ ਕੋਸ਼ਿਸ਼ ਵਜੋਂ ਉੱਭਰ ਰਿਹਾ ਹੈ, ਜੋ ਦੂਰ ਦੇ ਸਰਹੱਦੀ ਪਿੰਡਾਂ ਦੇ ਸਮਾਜਿਕ-ਆਰਥਿਕ ਤਾਣੇ-ਬਾਣੇ ਨੂੰ ਬਦਲ ਰਿਹਾ ਹੈ। 'ਫਰਸਟ ਵਿਲੇਜ' ਨੂੰ ਰਾਸ਼ਟਰੀ ਡਿਜੀਟਲ ਨੈੱਟਵਰਕ ਨਾਲ ਜੋੜ ਕੇ ਇਹ ਡਿਜੀਟਲ ਡਿਵਾਈਡ ਪਾੜੇ, ਸਥਾਨਕ ਅਰਥਵਿਵਸਥਾਵਾਂ ਨੂੰ ਉਤਸ਼ਾਹ ਦੇਣ, ਸਰਹੱਦੀ ਸੈਰ-ਸਪਾਟੇ ਨੂੰ ਉਤਸ਼ਾਹ ਦੇਣ, ਮੈਡੀਕਲ ਮਦਦ ਅਤੇ ਐਮਰਜੈਂਸੀ ਸੇਵਾਵਾਂ ਨੂੰ ਵਧਾਉਣ, ਸਥਾਨਕ ਵਪਾਰ ਨੂੰ ਮਜ਼ਬੂਤ ਕਰਨ 'ਚ ਯੋਗਦਾਨ ਦੇ ਰਿਹਾ ਹੈ। ਇਕ ਮਹੱਤਵਪੂਰਨ ਮੀਲ ਦਾ ਪੱਥਰ ਸਿਆਚਿਨ ਗਲੇਸ਼ੀਅਰ 'ਤ 5ਜੀ ਮੋਬਾਇਲ ਟਾਵਰ ਦੀ ਸਥਾਪਨਾ ਸੀ, ਜੋ ਦੁਨੀਆ ਦਾ ਸਭ ਤੋਂ ਉੱਚਾ ਯੁੱਧ ਖੇਤਰ ਹੈ- ਜੋ ਭਾਰਤ ਦੀ ਤਕਨੀਕੀ ਸ਼ਕਤੀ ਅਤੇ ਸੰਕਲਪ ਨੂੰ ਦਰਸਾਉਂਦਾ ਹੈ। ਸਥਾਨਕ ਲੋਕਾਂ ਨੇ ਇਸ ਪਹਿਲ ਦਾ ਸਵਾਗਤ ਕੀਤਾ ਹੈ।

### ਦੱਖਣੀ ਭਾਰਤ ਦੀ ਪਹਿਲੀ ਏ.ਸੀ.

ਅਤੇ ਊਰਜਾ-ਕੁਸ਼ਲ ਰੀਜਨਰੇਟਿਵ ਬ੍ਰੇਕ ਸ਼ਾਮਲ ਹਨ ਜੋ 35% ਤਕ ਬਿਜਲੀ ਦੀ ਬਚਤ ਕਰਦੇ ਹਨ।" ਮੁਸਾਫ਼ਰਾਂ ਨੇ ਇਸ ਪਹਿਲ ਦੀ ਸ਼ਲਾਘਾ ਕੀਤੀ, ਪੜ੍ਹਾਅਵਾਰ ਮੀਟਰ ਗੇਜ ਦੇ ਦਿਨਾਂ ਨੂੰ ਯਾਦ ਕੀਤਾ ਅਤੇ ਗਰਮੀਆਂ ਦੌਰਾਨ ਏ.ਸੀ. ਸੇਵਾ ਦਾ ਸਵਾਗਤ ਕੀਤਾ। ਕਿਰਾਇਆ 35 ਰੁਪਏ ਤੋਂ ਲੈ ਕੇ 105 ਰੁਪਏ ਤਕ ਹੈ, ਜਿਸ ਦੇ ਮਹੀਨਾਵਾਰ ਪਾਸਾਂ ਦੀ ਕੀਮਤ 620 ਰੁਪਏ ਤੋਂ 2115 ਰੁਪਏ ਦੇ ਵਿਚਕਾਰ ਹੈ। ਰੇਲ ਗੱਡੀ ਦੀਆਂ ਸੇਵਾਵਾਂ ਐਤਵਾਰ ਨੂੰ ਛੱਡ ਕੇ ਹਫ਼ਤੇ 'ਚ ਛੇ ਦਿਨ ਚੱਲਣਗੀਆਂ। ਇਕ ਅਧਿਕਾਰੀ ਨੇ ਕਿਹਾ ਕਿ ਇਹ ਸੇਵਾ ਰਸ਼ ਵਾਲੇ ਸਮੇਂ ਅਤੇ ਗਰਮ ਮੌਸਮ ਦੌਰਾਨ ਮੁਸਾਫ਼ਰਾਂ ਲਈ ਵਰਦਾਨ ਹੈ। ਮੁੰਬਈ ਦੀ ਸਫਲਤਾ ਤੋਂ ਬਾਅਦ, ਚੇਨਈ ਦੇ ਏ.ਸੀ. ਈ.ਐਮ.ਯੂ. ਦਾ ਉਦੇਸ਼ ਮੁਸਾਫ਼ਰਾਂ ਦੇ ਆਰਾਮ ਨੂੰ ਵਧਾਉਣਾ ਅਤੇ ਉਪਨਗਰੀ ਨੈਟਵਰਕ 'ਚ ਉੱਚ ਮੁਸਾਫ਼ਰਾਂ ਦੀ ਗਿਣਤੀ ਨੂੰ ਪੂਰਾ ਕਰਨਾ ਹੈ।

## ਸੁਰੱਖਿਆ ਦੀ ਮੰਗ 'ਤੇ ਤਿੰਨ ਦਿਨਾਂ ਵਿੱਚ ਫ਼ੈਸਲਾ ਨਾ ਲੈਣ 'ਤੇ ਹਾਈ ਕੋਰਟ ਵੱਲੋਂ ਪੁਲਿਸ ਤਲਬ

ਚੰਡੀਗੜ੍ਹ, 19 ਅਪ੍ਰੈਲ (ਚ.ਨ.ਸ.) : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪ੍ਰੇਮੀਆਂ ਦੀ ਸੁਰੱਖਿਆ ਨੂੰ ਲੈ ਕੇ ਪੁਲਿਸ ਦੀ ਲਾਪ੍ਰਵਾਹੀ 'ਤੇ ਸਖ਼ਤ ਰੁਖ਼ ਅਪਣਾਇਆ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਅਜਿਹੇ ਮਾਮਲਿਆਂ ਵਿੱਚ ਪੁਲਿਸ ਵੱਲੋਂ ਸਮੇਂ ਸਿਰ ਕਾਰਵਾਈ ਨਾ ਕਰਨਾ ਇੱਕ ਪ੍ਰਸ਼ਾਸਨਿਕ ਅਸਫ਼ਲਤਾ ਹੈ। ਅਦਾਲਤ ਨੇ ਇਹ ਟਿੱਪਣੀ ਉਦੋਂ ਕੀਤੀ ਜਦੋਂ ਲੁਧਿਆਣਾ ਦੇ ਇੱਕ ਪ੍ਰੇਮੀ ਜੋੜੇ ਨੇ ਆਪਣੀ ਜਾਨ ਨੂੰ ਖ਼ਤਰਾ ਦੱਸਦੇ ਹੋਏ ਹਾਈ ਕੋਰਟ ਵਿੱਚ ਸੁਰੱਖਿਆ ਦੀ ਮੰਗ ਕਰਦੇ ਹੋਏ ਪਟੀਸ਼ਨ ਦਾਇਰ ਕੀਤੀ। ਪਟੀਸ਼ਨਰਾਂ ਨੇ ਕਿਹਾ ਕਿ ਉਨ੍ਹਾਂ ਨੇ 9 ਅਪ੍ਰੈਲ, 2025 ਨੂੰ ਲੁਧਿਆਣਾ ਪੁਲਿਸ ਨੂੰ ਇੱਕ ਈਮੇਲ ਭੇਜ ਕੇ ਸੁਰੱਖਿਆ ਦੀ ਮੰਗ ਕੀਤੀ ਸੀ, ਪਰ ਤਿੰਨ ਦਿਨਾਂ ਦੀ ਨਿਰਧਾਰਤ ਮਿਆਦ ਦੇ ਅੰਦਰ ਕੋਈ ਕਾਰਵਾਈ ਨਹੀਂ ਕੀਤੀ ਗਈ। ਅਦਾਲਤ ਨੇ ਇਸ ਨੂੰ 23 ਜਨਵਰੀ, 2025 ਨੂੰ ਜਾਰੀ ਕੀਤੇ ਗਏ ਸਟੈਂਡਰਡ ਓਪਰੇਟਿੰਗ ਪ੍ਰੋਸੀਜਰ (ਐੱਸ.ਓ.ਪੀ.) ਦੀ ਉਲੰਘਣਾ ਮੰਨਿਆ, ਜਿਸ ਵਿੱਚ ਸਪੱਸ਼ਟ ਨਿਰਦੇਸ਼ ਹਨ ਕਿ ਅਜਿਹੇ ਮਾਮਲਿਆਂ ਵਿੱਚ ਪੁਲਿਸ ਅਧਿਕਾਰੀ ਲਈ ਤਿੰਨ ਦਿਨਾਂ ਦੇ ਅੰਦਰ ਫੈਸਲਾ ਲੈਣਾ ਲਾਜ਼ਮੀ ਹੈ। ਅਦਾਲਤ ਦੇ ਹੁਕਮਾਂ 'ਤੇ, 17 ਅਪ੍ਰੈਲ ਨੂੰ, ਲੁਧਿਆਣਾ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਅਦਾਲਤ ਵਿੱਚ ਪੇਸ਼ ਹੋਏ ਅਤੇ ਇਸ ਮਾਮਲੇ ਵਿੱਚ ਕੀਤੀ ਗਈ ਕਾਰਵਾਈ ਦੀ ਸਥਿਤੀ ਰਿਪੋਰਟ ਇੱਕ ਹਲਫ਼ਨਾਮੇ ਦੇ ਰੂਪ ਵਿੱਚ ਅਦਾਲਤ ਨੂੰ ਸੌਂਪੀ। ਰਿਪੋਰਟ ਨੂੰ ਰਿਕਾਰਡ 'ਤੇ ਲੈਂਦੇ ਹੋਏ, ਅਦਾਲਤ ਨੇ ਨਾਰਾਜ਼ਗੀ ਪ੍ਰਗਟ ਕੀਤੀ ਅਤੇ ਸਵਾਲ ਕੀਤਾ ਕਿ ਐੱਸ.ਓ.ਪੀ. ਦੇ ਤਹਿਤ, ਤਿੰਨ ਦਿਨਾਂ ਵਿੱਚ ਕਾਰਵਾਈ ਕੀਤੀ ਜਾਣੀ ਸੀ, ਜਦੋਂ ਕਿ 15 ਅਪ੍ਰੈਲ ਤੱਕ ਵੀ ਕੋਈ ਠੋਸ ਕਦਮ ਨਹੀਂ ਚੁੱਕੇ ਗਏ। ਅਦਾਲਤ ਨੇ ਪੁਲਿਸ ਕਮਿਸ਼ਨਰ ਨੂੰ ਇਸ ਦੇਰੀ 'ਤੇ ਲਿਖਤੀ ਸਪੱਸ਼ਟੀਕਰਨ ਦੇਣ ਦੇ ਨਿਰਦੇਸ਼ ਦਿੱਤੇ ਹਨ ਅਤੇ ਅਗਲੀ ਸੁਣਵਾਈ 29 ਅਪ੍ਰੈਲ ਨੂੰ ਤੈਅ ਕੀਤੀ ਹੈ, ਜਿਸ ਵਿੱਚ ਉਨ੍ਹਾਂ ਨੂੰ ਦੁਬਾਰਾ ਨਿੱਜੀ ਤੌਰ 'ਤੇ ਪੇਸ਼ ਹੋਣ ਲਈ ਕਿਹਾ ਗਿਆ ਹੈ। ਇਹ ਧਿਆਨ ਦੇਣ ਯੋਗ ਹੈ ਕਿ ਜਨਵਰੀ, 2025 ਵਿੱਚ, ਹਾਈ ਕੋਰਟ ਨੇ ਨਿਰਦੇਸ਼ ਜਾਰੀ ਕੀਤੇ ਸਨ ਅਤੇ ਸਪੱਸ਼ਟ ਕੀਤਾ ਸੀ ਕਿ ਅਜਿਹੇ ਮਾਮਲਿਆਂ ਦਾ ਹੱਲ ਪਹਿਲਾਂ ਸਥਾਨਕ ਪੱਧਰ 'ਤੇ ਕੀਤਾ ਜਾਣਾ ਚਾਹੀਦਾ ਹੈ। ਐੱਸ.ਓ.ਪੀ. ਦੇ ਤਹਿਤ, ਪ੍ਰੇਮੀ ਪਹਿਲਾਂ ਸਹਾਇਕ ਸਬ ਇੰਸਪੈਕਟਰ ਰੈਂਕ ਜਾਂ ਇਸ ਤੋਂ ਉੱਪਰ ਦੇ ਅਧਿਕਾਰੀ ਨੂੰ ਅਰਜ਼ੀ ਦੇਣਗੇ, ਜਿਸਨੂੰ ਤਿੰਨ ਦਿਨਾਂ ਦੇ ਅੰਦਰ ਫੈਸਲਾ ਲੈਣਾ ਹੋਵੇਗਾ। ਜੇਕਰ ਜੋੜਾ ਫੈਸਲੇ ਤੋਂ ਅਸੰਤੁਸ਼ਟ ਹੈ, ਤਾਂ ਉਹ ਤਿੰਨ ਦਿਨਾਂ ਦੇ ਅੰਦਰ ਡੀ.ਐਸ.ਪੀ. ਪੱਧਰ ਦੇ ਅਧਿਕਾਰੀ ਕੋਲ ਅਪੀਲ ਕਰ ਸਕਦੇ ਹਨ, ਜਿਸ ਨੂੰ ਸੱਤ ਦਿਨਾਂ ਦੇ ਅੰਦਰ ਫੈਸਲਾ ਦੇਣਾ ਹੋਵੇਗਾ। ਇਸ ਤੋਂ ਬਾਅਦ ਵੀ ਜੇਕਰ ਹੱਲ ਨਹੀਂ ਨਿਕਲਦਾ ਤਾਂ ਕੋਈ ਵੀ ਹਾਈ ਕੋਰਟ ਜਾ ਸਕਦਾ ਹੈ। ਇਸ ਪ੍ਰਬੰਧ ਦਾ ਉਦੇਸ਼ ਪ੍ਰੇਮੀ ਜੋੜਿਆਂ ਨੂੰ ਜਲਦੀ ਰਾਹਤ ਪ੍ਰਦਾਨ ਕਰਨਾ ਅਤੇ ਅਦਾਲਤਾਂ 'ਤੇ ਕੇਸਾਂ ਦੇ ਬੋਝ ਨੂੰ ਘਟਾਉਣਾ ਹੈ। ਇਸ ਸਬੰਧੀ ਇੱਕ ਨੋਟੀਫਿਕੇਸ਼ਨ ਪੰਜਾਬ ਗ੍ਰਹਿ ਵਿਭਾਗ ਵੱਲੋਂ 23 ਜਨਵਰੀ, 2025 ਨੂੰ ਜਾਰੀ ਕੀਤਾ ਗਿਆ ਸੀ।

## ਟਰੈਕਟਰ-ਟਰਾਲੀ, ਕਾਰ ਤੇ ਈ-ਰਿਕਸ਼ਾ ਦੀ ਟੱਕਰ 'ਚ 3 ਦੀ ਮੌਤ



ਫਗਵਾੜਾ, 19 ਅਪ੍ਰੈਲ (ਚ.ਨ.ਸ.) : ਫਗਵਾੜਾ ਹੁਸ਼ਿਆਰਪੁਰ ਰੋਡ ਰੋਮੀ ਢਾਬੇ ਨੇੜੇ ਟ੍ਰੈਕਟਰ-ਟਰਾਲੀ ਬ੍ਰਿਜਾ ਕਾਰ ਤੇ ਈ-ਰਿਕਸ਼ਾ ਦੀ ਟੱਕਰ ਹੋਣ ਨਾਲ ਤਿੰਨ ਲੋਕਾਂ ਦੀ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਜਦੋਂ ਕਿ ਇਕ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਿਆ ਜਿਸ ਨੂੰ ਇਲਾਜ ਲਈ ਫਗਵਾੜਾ ਦੇ ਸਿਵਲ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ ਜਿਥੇ ਉਸ ਦੀ ਹਾਲਤ ਗੰਭੀਰ ਹੋਣ ਕਰਕੇ ਉਸ ਨੰ ਹਾਇਰ ਸੈਂਟਰ ਜਲੰਧਰ ਰੈਫਰ ਕਰ ਦਿੱਤਾ ਗਿਆ। ਮ੍ਰਿਤਕਾਂ ਦੀ ਪਛਾਣ ਪੱਪੂ ਯਾਦਵ, ਉਸ ਦੀ ਪਤਨੀ ਸੁਨੀਤਾ ਤੇ ਡੇਢ ਸਾਲਾ ਬੱਚੇ ਵਜੋਂ ਹੋਈ ਹੈ ਜਦੋਂ ਕਿ ਜਖਮੀ ਵਿਅਕਤੀ ਦੀ ਪਛਾਣ ਸੰਜੀਵ ਯਾਦਵ ਵਜੋਂ ਹੋਈ ਹੈ। ਮੌਕੇ ਤੋਂ ਮਿਲੀ ਜਾਣਕਾਰੀ ਮੁਤਾਬਕ ਸਵੇਰੇ ਤੜਕੇ ਹੀ ਰੋਮੀ ਢਾਬੇ ਨੇੜੇ ਇਕ ਕਾਰ ਤੇ ਟਰੈਕਟਰ ਟਰਾਲੀ ਦੀ ਟੱਕਰ ਹੋ ਗਈ। ਟੱਕਰ ਦੇ ਬਾਅਦ ਟਰੈਕਟਰ ਟਰਾਲੀ ਈ-ਰਿਕਸ਼ਾ 'ਤੇ ਪਲਟ ਗਈ ਜਿਸ ਵਿਚ 4 ਲੋਕ ਸਵਾਰ ਸਨ ਜਿਨ੍ਹਾਂ ਵਿਚੋਂ 3 ਦੀ ਮੌਤ ਹੋ ਗਈ ਜਦੋਂ ਕਿ ਇਕ ਵਿਅਕਤੀ ਜਖਮੀ ਹੋ ਗਿਆ। ਹਾਦਸੇ ਦੀ ਸੂਚਨਾ ਮਿਲਦੇ ਹੀ 108 ਐਂਬੂਲੈਂਸ ਮੌਕੇ 'ਤੇ ਪਹੁੰਚੀ ਜਿਥੇ ਤਿੰਨਾਂ ਮ੍ਰਿਤਕਾਂ ਤੇ ਇਕ ਜ਼ਖ਼ਮੀ ਨੂੰ ਫਗਵਾੜਾ ਦੇ ਸਿਵਲ ਹਸਪਤਾਲ ਲਿਜਾਇਆ ਗਿਆ ਜਿਥੇ ਜ਼ਖ਼ਮੀ ਦੀ ਹਾਲਤ ਗੰਭੀਰ ਹੋਣ ਕਰਕੇ ਉਸ ਨੂੰ ਜਲੰਧਰ ਰੈਫਰ ਕਰ ਦਿੱਤਾ ਗਿਆ। ਹਾਦਸੇ ਦੀ ਸੂਚਨਾ ਮਿਲਦੇ ਹੀ ਥਾਣਾ ਰਾਵਲਪਿੰਡੀ ਦੇ ਐੱਸ.ਐੱਚ.ਓ. ਪੁਲਿਸ ਪਾਰਟੀ ਸਣੇ ਮੌਕੇ 'ਤੇ ਦੋਵੇਂ ਹੀ ਗੱਡੀਆਂ ਨੰ ਸਾਈਡ ਕਰਵਾ ਕੇ ਲਾਸ਼ਾਂ ਨੂੰ ਪੋਸਟਮਾਰਟਮ ਲਈ ਫਗਵਾੜਾ ਦੇ ਸਿਵਲ ਹਸਪਤਾਲ ਵਿਚ ਰਖਵਾ ਦਿੱਤਾ ਗਿਆ ਜਦੋਂ ਕਿ ਗੰਭੀਰ ਜ਼ਖ਼ਮੀ ਦੇ ਬਿਆਨ ਹਾਸਲ ਕਰਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972

# ਮੋਗਾ ਵਿੱਚ ਗ਼ੈਰ-ਕਾਨੂੰਨੀ ਇਮਾਰਤਾਂ ਦੀ ਉਸਾਰੀ ਖ਼ਿਲਾਫ਼ ਕਾਰਵਾਈ ਲਈ ਵਧੀਕ ਡਿਪਟੀ ਕਮਿਸ਼ਨਰ (ਜ) ਵੱਲੋਂ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ



ਮੋਗਾ, 19 ਅਪ੍ਰੈਲ, (ਗੁਰਦੇਵ ਖੁਰਾਣਾ/ਗਾਂਧੀ) : ਜ਼ਿਲ੍ਹਾ ਮੋਗਾ ਦੀ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀਮਤੀ ਚਾਰੁਮਿਤਾ, ਪੀ.ਸੀ.ਐਸ. ਨੇ ਜ਼ਿਲ੍ਹੇ ਵਿੱਚ ਬਿਨਾਂ ਯੋਜਨਾ ਅਤੇ ਗੈਰਕਾਨੂੰਨੀ ਵਿਕਾਸ ਖ਼ਿਲਾਫ਼ ਸਖ਼ਤ ਰਵੱਈਆ ਅਪਣਾਉਂਦੇ ਹੋਏ, ਟਾਊਨ ਪਲੈਨਿੰਗ ਦੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ ਹੈ। ਗੈਰਕਾਨੂੰਨੀ ਇਮਾਰਤਾਂ ਨੂੰ ਰੋਕਣ ਲਈ ਇੱਕ ਵਿਸ਼ੇਸ਼ ਤੌਰ 'ਤੇ ਕਾਰਵਾਈ ਮੁਹਿੰਮ ਸ਼ੁਰੂ ਕੀਤੀ ਗਈ, ਜੋ ਸ੍ਰੀਮਤੀ ਚਾਰੁਮਿਤਾ ਦੀ ਸਿੱਧੀ ਨਿਗਰਾਨੀ ਹੇਠ ਹੋਈ। ਇਹ ਮੁਹਿੰਮ ਉਨ੍ਹਾਂ ਵਿਅਕਤੀਆਂ ਅਤੇ ਡਿਵੈਲਪਰਾਂ ਵਿਰੁੱਧ ਚਲਾਈ ਗਈ ਜੋ ਬਿਨਾਂ ਅਧਿਕਾਰਤ ਬਿਲਡਿੰਗ ਯੋਜਨਾ ਦੀ ਮਨਜ਼ੂਰੀ ਲਏ ਗੈਰਕਾਨੂੰਨੀ ਢਾਂਚੇ ਖੜ੍ਹੇ ਕਰ ਰਹੇ ਸਨ—ਜੋ ਸਰਕਾਰੀ ਨਿਯਮਾਂ ਦੀ ਉਲੰਘਣਾ ਦੇ ਨਾਲ-ਨਾਲ ਯੋਜਨਾਬੱਧ ਵਿਕਾਸ ਅਤੇ ਸੁਰੱਖਿਆ ਲਈ ਵੀ ਗੰਭੀਰ ਚਿੰਤਾ ਦਾ ਵਿਸ਼ਾ ਹੈ।

ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਕੰਪੀਟੈਂਟ ਅਥਾਰਟੀ ਦੇ ਹੁਕਮਾਂ ਦੇ ਅਧੀਨ, ਡਿਊਟੀ ਮੈਜਿਸਟ੍ਰੇਟ, ਪੁਲਿਸ ਅਧਿਕਾਰੀਆਂ ਅਤੇ ਜ਼ਿਲ੍ਹਾ ਟਾਊਨ ਪਲੈਨਿੰਗ (ਰੇਗੂਲਟਰੀ) ਦਫ਼ਤਰ ਦੇ ਅਧਿਕਾਰੀਆਂ, ਜਿਨ੍ਹਾਂ ਵਿੱਚ ਜ਼ਿਲ੍ਹਾ ਟਾਊਨ ਪਲੈਨਰ (ਰੇਗੂਲਟਰੀ), ਅਸਿਸਟੈਂਟ ਟਾਊਨ ਪਲੈਨਰ (ਰੇਗੂਲਟਰੀ) ਅਤੇ ਜੂਨੀਅਰ ਇੰਜੀਨੀਅਰ (ਰੇਗੂਲਟਰੀ) ਸ਼ਾਮਲ ਸਨ, ਦੀ ਸਾਂਝੀ ਟੀਮ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਸਥਾਨਾਂ 'ਤੇ ਸੀਲਿੰਗ ਦੀ ਕਾਰਵਾਈ ਕੀਤੀ ਗਈ।

ਇਹ ਕਾਰਵਾਈ ਪਿੰਡ ਗਗੜਾ (ਮੋਗਾ-ਕੋਟ ਈਸੇ ਖਾਂ ਰੋਡ), ਪਿੰਡ ਫਤਿਹਗੜ੍ਹ ਕੋਰੋਟਾਣਾ (ਮੋਗਾ-ਜਲੰਧਰ ਰੋਡ) ਅਤੇ ਪਿੰਡ ਡਾਲਾ (ਮੋਗਾ-ਬਰਨਾਲਾ ਰੋਡ) 'ਤੇ ਕੀਤੀ ਗਈ।

ਬਾਵਜੂਦ ਇਸਦੇ ਕਿ ਇਨ੍ਹਾਂ ਡਿਵੈਲਪਰਾਂ ਨੂੰ ਪਹਿਲਾਂ ਹੀ ਨੋਟਿਸ ਜਾਰੀ ਕੀਤੇ ਗਏ ਸਨ, ਉਹ ਗੈਰਕਾਨੂੰਨੀ ਨਿਰਮਾਣ ਜਾਰੀ ਰੱਖਦੇ ਰਹੇ। ਨਤੀਜਤਨ, ਮਜ਼ਦੂਰਾਂ ਨੂੰ ਥਾਵਾਂ ਤੋਂ ਹਟਾ ਦਿੱਤਾ ਗਿਆ ਅਤੇ ਪੁਲਿਸ ਦੀ ਮੱਦਦ ਨਾਲ ਇਮਾਰਤਾਂ ਨੂੰ ਸੀਲ ਕਰ ਦਿੱਤਾ ਗਿਆ। ਇਹ ਕਾਰਵਾਈ ਸ਼ਾਂਤੀਪੂਰਕ ਢੰਗ ਨਾਲ ਕੀਤੀ ਗਈ ਅਤੇ ਕਿਸੇ ਵੀ ਵਿਰੋਧ ਦਾ ਸਾਹਮਣਾ ਨਹੀਂ ਕਰਨਾ ਪਿਆ।

ਵਧੀਕ ਡਿਪਟੀ ਕਮਿਸ਼ਨਰ (ਜ) ਨੇ ਅੱਗੇ ਦੱਸਿਆ ਕਿ ਇਹ ਤਰ੍ਹਾਂ ਦੀਆਂ ਕਾਰਵਾਈਆਂ ਅਗਲੇ ਹਫ਼ਤਿਆਂ ਵਿੱਚ ਵੀ ਜਾਰੀ ਰਹਿਣਗੀਆਂ, ਤਾਂ ਜੋ ਜ਼ਿਲ੍ਹੇ ਵਿੱਚ ਗੈਰਕਾਨੂੰਨੀ ਇਮਾਰਤਾਂ ਦੀ ਉਸਾਰੀ ਗਤੀਵਿਧੀਆਂ ਨੂੰ ਰੋਕਿਆ ਜਾ ਸਕੇ। ਉਨ੍ਹਾਂ ਆਮ ਲੋਕਾਂ ਨੂੰ ਵੀ ਬੇਨਤੀ ਕੀਤੀ ਕਿ ਉਹ ਬਿਨਾਂ ਕੰਪੀਟੈਂਟ ਅਥਾਰਟੀ ਵੱਲੋਂ ਆਪਣੀ ਬਿਲਡਿੰਗ ਪਲੈਨ ਦੀ ਮੰਜ਼ੂਰੀ ਲਏ ਕੋਈ ਵੀ ਨਿਰਮਾਣ ਕਾਰਜ ਨਾ ਕਰਨ।

# ਪੀ.ਐਸ.ਪੀ.ਸੀ.ਐਲ. ਸੈਟਲਮੈਂਟ ਸਕੀਮਾਂ ਰਹੀਂ 175 ਕਰੋੜ ਤੋਂ ਵੱਧ ਦਾ ਮਾਲੀਆ ਇੱਕਤਰ : ਈ.ਟੀ.ਓ.



ਚੰਡੀਗੜ੍ਹ, 19 ਅਪ੍ਰੈਲ, (ਚ.ਨ.ਸ.) : ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਅੱਜ ਕਿਹਾ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐਲ) ਖਪਤਕਾਰਾਂ ਲਈ ਸੇਵਾਵਾਂ ਵਿੱਚ ਵਾਧਾ ਕਰਨ, ਮਾਲੀਆ ਵਧਾਉਣ ਅਤੇ ਵਿਆਪਕ ਸੰਚਾਲਨ ਸੁਧਾਰਾਂ ਨੂੰ ਲਾਗੂ ਕਰਨ ਦੀ ਦਿਸ਼ਾ ਵਿੱਚ ਬੇਮਿਸਾਲ ਵਿਕਾਸ ਕਰ ਰਹੀ ਹੈ।

ਇੱਥੇ ਜਾਰੀ ਇੱਕ ਬਿਆਨ ਵਿੱਚ ਬਿਜਲੀ ਮੰਤਰੀ ਨੇ ਕਿਹਾ ਕਿ ਪੀਐਸਪੀਸੀਐਲ ਦੇ ਵਪਾਰਕ ਵਿਭਾਗ ਨੇ ਪਿਛਲੇ ਵਿੱਤੀ ਸਾਲ ਦੌਰਾਨ 31 ਦਸੰਬਰ, 2024 ਤੱਕ ਕਈ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕੀਤੇ ਹਨ, ਜਿਸ ਵਿੱਚ ਖਪਤਕਾਰਾਂ ਦੇ ਅਨੁਭਵਾਂ ਨੂੰ ਹੋਰ ਬਿਹਤਰ ਬਣਾਉਣ ਅਤੇ ਸੰਚਾਲਨ ਪ੍ਰਕਿਰਿਆਵਾਂ ਨੂੰ ਹੋਰ ਸੁਚਾਰੂ ਬਣਾਉਣ ਲਈ ਤਿਆਰ ਕੀਤੀਆਂ ਗਈਆਂ ਰਣਨੀਤਕ ਪਹਿਲਕਦਮੀਆਂ ਨੂੰ ਲਾਗੂ ਕੀਤਾ ਗਿਆ ਹੈ।

ਘਰੇਲੂ ਸਪਲਾਈ (ਡੀਐਸ) ਅਤੇ ਗੈਰ-ਰਿਹਾਇਸ਼ੀ ਸਪਲਾਈ (ਐਨਆਰਐਸ) ਖਪਤਕਾਰਾਂ ਲਈ ਵੀਡੀਐਸ ਬਾਰੇ ਵਿਸਥਾਰਤ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਸ ਪਹਿਲਕਦਮੀ ਨੇ 7 ਮਾਰਚ, 2024 ਤੱਕ 50 ਕਿੱਲੋ ਵਾਟ ਤੱਕ ਦੇ ਡੀਐਸ ਕੁਨੈਕਸ਼ਨਾਂ ਅਤੇ 20 ਕਿਲੋ ਵਾਟ ਤੱਕ ਦੇ ਐਨਆਰਐਸ ਕੁਨੈਕਸ਼ਨਾਂ ਲਈ ਵਾਧੂ ਲੋਡ ਨੂੰ ਨਿਯਮਤ ਕਰਨ ਦੀ ਸਹੂਲਤ ਦਿੱਤੀ। ਸਰਵਿਸ ਕੁਨੈਕਸ਼ਨ ਚਾਰਜਿਜ਼ ਤੇ ਸਕਿਊਰਟੀ ਕੰਜਮਪਸ਼ਨ ਲਈ ਕ੍ਰਮਵਾਰ 85.73 ਕਰੋੜ ਰੁਪਏ ਅਤੇ 7.31 ਕਰੋੜ ਰੁਪਏ ਦਾ ਮਾਲੀਆ ਇਕੱਤਰ ਕੀਤਾ ਗਿਆ। ਮੰਤਰੀ ਨੇ ਅੱਗੇ ਕਿਹਾ ਕਿ ਇਸ ਸਮੇਂ ਦੌਰਾਨ ਕਾਰੋਬਾਰ ਕਰਨ ਨੂੰ ਸੁਖਾਲਾ ਬਣਾਉਣਾ ਅਤੇ ਸੇਵਾਵਾਂ ਪ੍ਰਦਾਨ ਕਰਨ ਵਿੱਚ ਸੁਧਾਰ ਲਿਆਇਆ ਗਿਆ ਹੈ।

# ਹਰਜੋਤ ਬੈਂਸ ਨੇ ਨੰਗਲ ਦੀ ਗੁਆਚੀ ਸ਼ਾਨ ਬਹਾਲ ਕਰਨ ਲਈ ਕੇਂਦਰੀ ਬਿਜਲੀ ਮੰਤਰੀ ਤੋਂ ਦਖ਼ਲ ਮੰਗਿਆ



ਚੰਡੀਗੜ੍ਹ, 19 ਅਪ੍ਰੈਲ, (ਅੰਮ੍ਰਿਤਪਾਲ ਸਿੰਘ) : ਨੰਗਲ ਦੀ ਗੁਆਚੀ ਸ਼ਾਨ ਨੂੰ ਬਹਾਲ ਕਰਨ ਅਤੇ ਸ਼ਹਿਰ ਦੇ ਵਸਨੀਕਾਂ ਦੇ ਜੀਵਨ-ਪੱਧਰ ਨੂੰ ਹੋਰ ਬਿਹਤਰ ਬਣਾਉਣ ਲਈ ਪੰਜਾਬ ਦੇ ਸਿੱਖਿਆ ਮੰਤਰੀ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਅੱਜ ਚੰਡੀਗੜ੍ਹ ਵਿਖੇ ਕੇਂਦਰੀ ਬਿਜਲੀ ਮੰਤਰੀ ਸ੍ਰੀ ਮਨੋਹਰ ਲਾਲ ਖੱਟਰ ਨਾਲ ਮੁਲਾਕਾਤ ਕੀਤੀ ਅਤੇ ਭਾਖੜਾ ਨੰਗਲ ਡੈਮ ਦੇ ਆਲੇ-ਦੁਆਲੇ ਵਸੇ ਇਸ ਸ਼ਹਿਰ ਨੂੰ ਦੀ ਸ਼ਾਨ ਨੂੰ ਮੁੜ ਸੁਰਜੀਤ ਕਰਨ ਮੰਗ ਰੱਖੀ।

ਨੰਗਲ ਨੂੰ ਇੱਕ ਮਾਡਲ ਸ਼ਹਿਰ ਅਤੇ ਵਿਸ਼ਵ ਪੱਧਰੀ ਸੈਰ-ਸਪਾਟਾ ਕੇਂਦਰ ਵਜੋਂ ਵਿਕਸਤ ਕਰਨ ਲਈ ਕੇਂਦਰੀ ਮੰਤਰੀ ਤੋਂ ਨਿੱਜੀ ਦਖ਼ਲ ਦੀ ਮੰਗ ਕਰਦਿਆਂ ਹਰਜੋਤ ਬੈਂਸ ਨੇ ਕੇਂਦਰੀ ਮੰਤਰੀ ਅੱਗੇ ਵੱਖ-ਵੱਖ ਪ੍ਰਾਜੈਕਟਾਂ ਦਾ ਪ੍ਰਸਤਾਵ ਰੱਖਿਆ, ਜਿਸ ਵਿੱਚ ਇੱਕ ਵਿਆਪਕ ਟਾਊਨਸ਼ਿਪ ਵਿਕਸਿਤ ਕਰਨ ਦੇ ਨਾਲ-ਨਾਲ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਲਈ ਸਤਲੁਜ ਦਰਿਆ ਦੇ ਆਲੇ-ਦੁਆਲੇ ਦੇ ਖੇਤਰ ਦਾ ਵਿਕਾਸ, ਮਨਮੋਹਕ ਦ੍ਰਿਸ਼ਾਂ ਨਾਲ ਲਬਰੇਜ ਸੁੰਦਰ ਰੇਲਵੇ ਲਾਈਨ ਵਿਛਾਉਣਾ ਅਤੇ ਭਾਖੜਾ ਨੰਗਲ ਡੈਮ ਅਜਾਇਬ ਘਰ ਦੇ ਉਸਾਰੀ ਕਾਰਜ ਨੂੰ ਪੂਰਾ ਕਰਨਾ ਸ਼ਾਮਲ ਸੀ।

ਸ. ਹਰਜੋਤ ਸਿੰਘ ਬੈਂਸ ਨੇ ਸੈਲਾਨੀਆਂ ਲਈ ਖਿੱਚ ਦੇ ਕੇਂਦਰ ਵਜੋਂ ਇੱਕ ਸੁੰਦਰ ਰੇਲਵੇ ਲਾਈਨ ਦੀ ਉਸਾਰੀ ਦਾ ਪ੍ਰਸਤਾਵ ਰੱਖਦਿਆਂ ਕਿਹਾ ਕਿ ਨੰਗਲ ਤੋਂ ਭਾਖੜਾ ਡੈਮ ਤੱਕ ਪੁਰਾਣੀ ਰੇਲਵੇ ਲਾਈਨ, ਜੋ ਕਿ ਮਨਮੋਹਕ ਕੁਦਰਤੀ ਦ੍ਰਿਸ਼ਾਂ ਨਾਲ ਭਰਪੂਰ ਹੈ, ਨੂੰ ਵਿਕਸਿਤ ਕਰਨ ਦਾ ਸੁਝਾਅ ਦਿੱਤਾ। ਉਨ੍ਹਾਂ ਕਿਹਾ ਕਿ ਇਸ ਰੂਟ 'ਤੇ ਇੱਕ ਨਵੀਂ ਸ਼ੀਸ਼ੇ ਦੀ ਛੱਤ ਵਾਲੀ ਵਿਰਾਸਤੀ ਰੇਲਗੱਡੀ ਜਾਂ ਲਾਈਟ ਰੇਲ ਸਰਵਿਸ ਸ਼ੁਰੂ ਕੀਤੀ ਜਾ ਸਕਦੀ ਹੈ, ਜੋ ਵਿਲੱਖਣ ਅਨੁਭਵ ਪ੍ਰਦਾਨ ਕਰੇਗੀ ਅਤੇ ਨੰਗਲ ਨੂੰ ਵਿਸ਼ਵ ਦੇ ਸੈਰ-ਸਪਾਟਾ ਨਕਸ਼ੇ 'ਤੇ ਮੁੜ-ਉਭਾਰੇਗੀ।

ਲਗਾਤਾਰ ਉਜਾੜੇ ਦੇ ਡਰ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਲੀਜ਼ ਨੀਤੀ ਵਿੱਚ ਸਪੱਸ਼ਟਤਾ ਦੀ ਘਾਟ ਲੋਕਾਂ ਵਿੱਚ ਬੇਚੈਨੀ ਦਾ ਕਾਰਨ ਬਣਦੀ ਹੈ, ਜਿਸ ਨਾਲ ਨਿੱਜੀ ਨਿਵੇਸ਼ 'ਤੇ ਮਾੜਾ ਅਸਰ ਪੈਂਦਾ ਹੈ।

ਪੰਜਾਬ ਦੇ ਸਿੱਖਿਆ ਮੰਤਰੀ ਨੇ ਸ੍ਰੀ ਮਨੋਹਰ ਲਾਲ ਖੱਟਰ ਨੂੰ ਨੰਗਲ ਨੂੰ ਮਾਡਲ ਸ਼ਹਿਰ ਵਜੋਂ ਮੁੜ ਸੁਰਜੀਤ ਕਰਨ ਲਈ ਦਖਲ ਦੇਣ ਦੀ ਜ਼ੋਰਦਾਰ ਅਪੀਲ ਕਰਦਿਆਂ ਕਿਹਾ ਕਿ ਨੰਗਲ ਰਹਿਮ ਦੀ ਨਹੀਂ, ਸਗੋਂ ਆਪਣੀ ਗੁਆਚੀ ਸ਼ਾਨ ਦੀ ਬਹਾਲੀ ਦੀ ਮੰਗ ਕਰਦਾ ਹੈ।

# ਏ.ਜੀ.ਟੀ.ਐਫ. ਵੱਲੋਂ ਫਿਰੌਤੀ ਰੈਕੇਟ ਦਾ ਪਰਦਾਫ਼ਾਸ਼; ਫਿਰੌਤੀ ਮੰਗਣ ਵਾਲਾ ਮਾਸਟਰਮਾਈਂਡ ਗ੍ਰਿਫ਼ਤਾਰ

ਚੰਡੀਗੜ੍ਹ, 19 ਅਪ੍ਰੈਲ, (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਸੰਗਠਿਤ ਅਪਰਾਧ ਵਿਰੁੱਧ ਵੱਡੀ ਕਾਰਵਾਈ ਕਰਦਿਆਂ, ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਨੇ ਇੱਕ 24 ਸਾਲਾ ਨੌਜਵਾਨ, ਜੋ ਖੁਦ ਨੂੰ ਵਿਦੇਸ਼ੀ ਗੈਂਗਸਟਰ ਗੋਲਡੀ ਬਰਾੜ ਦਾ ਭਰਾ ਦੱਸ ਕੇ ਇੱਕ ਸਥਾਨਕ ਆਟੋਮੋਬਾਈਲ ਸ਼ੋਅਰੂਮ ਮਾਲਕ ਤੋਂ ਜ਼ਬਰਨ ਪੈਸੇ ਵਸੂਲਣ ਦੀ ਕੋਸ਼ਿਸ਼, ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਸ਼ਨੀਵਾਰ ਨੂੰ ਡੀਜੀਪੀ ਪੰਜਾਬ ਗੌਰਵ ਯਾਦਵ ਨੇ ਦਿੱਤੀ। ਦੋਸ਼ੀ, ਜਿਸਦੀ ਪਛਾਣ ਲਵਜੀਤ ਸਿੰਘ ਵਾਸੀ ਬਰਗਾੜੀ, ਫਰੀਦਕੋਟ ਵਜੋਂ ਹੋਈ ਹੈ, ਨੇ ਸ਼ਿਕਾਇਤਕਰਤਾ ਤੋਂ 1 ਕਰੋੜ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਸੀ ਅਤੇ ਰਕਮ ਨਾ ਦੇਣ ਦੀ ਸੂਰਤ ਵਿੱਚ ਸ਼ਿਕਾਇਤਕਰਤਾ ਅਤੇ ਉਸਦੇ ਪਰਿਵਾਰ ਨੂੰ ਜਾਨ ਤੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਸਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਨੇ ਪੁਲਿਸ ਤੋਂ ਬਚਣ ਲਈ ਆਪਣੀ ਪਛਾਣ ਛੁਪਾਉਣ ਅਤੇ ਫਿਰੌਤੀ ਕਾਲਾਂ ਕਰਨ ਲਈ ਵਰਚੁਅਲ ਨੰਬਰਾਂ ਅਤੇ ਸੋਸ਼ਲ ਮੀਡੀਆ ਐਪਲੀਕੇਸ਼ਨਾਂ ਦੀ ਵਰਤੋਂ ਕੀਤੀ।

ਜ਼ਿਕਰਯੋਗ ਹੈ ਕਿ, ਤਿੰਨ ਮਹੀਨੇ ਪਹਿਲਾਂ, ਏਜੀਟੀਐਫ ਨੇ ਮਲੇਸ਼ੀਆ ਤੋਂ ਚਲਾਏ ਜਾ ਰਹੇ ਇੱਕ ਜਾਅਲੀ ਫਿਰੌਤੀ ਰੈਕੇਟ ਦਾ ਪਰਦਾਫਾਸ਼ ਕੀਤਾ ਸੀ, ਜਿਸ ਵਿੱਚ ਪੰਜਾਬ ਭਰ ਵਿੱਚ ਗਾਇਕਾਂ, ਕਾਰੋਬਾਰੀਆਂ ਅਤੇ ਅਮੀਰ ਵਿਅਕਤੀਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਸੀ। ਮੁਲਜ਼ਮ, ਲਾਰੈਂਸ ਬਿਸ਼ਨੋਈ ਗੈਂਗ ਦੇ ਮੈਂਬਰਾਂ ਵਜੋਂ ਪੀੜਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਡਰਾ ਕੇ ਪੈਸੇ ਵਸੂਲਦਾ ਸੀ।

ਇਸ ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ, ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਏਜੀਟੀਐਫ ਪ੍ਰਮੋਦ ਬਾਨ ਨੇ ਕਿਹਾ ਕਿ ਏਜੀਟੀਐਫ ਨੂੰ ਫਿਰੌਤੀ ਬਾਰੇ ਸ਼ਿਕਾਇਤ ਮਿਲੀ ਸੀ ਅਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਏਜੀਟੀਐਫ ਦੀਆਂ ਪੁਲਿਸ ਟੀਮਾਂ ਨੇ ਤਕਨੀਕੀ ਜਾਣਕਾਰੀ ਅਤੇ ਖੁਫੀਆ ਇਤਲਾਹ ਰਾਹੀਂ ਕਾਲਾਂ ਕਰਨ ਵਾਲੇ ਦੇ ਅਸਲ ਟਿਕਾਣੇ ਦਾ ਪਤਾ ਲਗਾਇਆ, ਜਿਸ ਨਾਲ ਦੋਸ਼ੀ ਲਵਜੀਤ ਦੀ ਪਛਾਣ ਹੋਈ ਅਤੇ ਉਸਨੂੰ ਮੋਹਾਲੀ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ।

ਇਸ ਸਬੰਧੀ, ਐਸਏਐਸ ਨਗਰ ਦੇ ਸੋਹਾਣਾ ਪੁਲਿਸ ਸਟੇਸ਼ਨ ਵਿਖੇ ਬੀਐਨਐਸ ਦੀ ਧਾਰਾ 308(2) ਅਤੇ 351(2) ਦੇ ਤਹਿਤ ਐਫਆਈਆਰ ਨੰਬਰ 94 ਮਿਤੀ 17/04/2025 ਨੂੰ ਕੇਸ ਦਰਜ ਕੀਤਾ ਗਿਆ ਹੈ।

# ਸਾਬਕਾ ਮੰਤਰੀ ਤੇ ਮੈਂਬਰ ਸ਼੍ਰੋਮਣੀ ਕਮੇਟੀ ਜਥੇਦਾਰ ਰਣਧੀਰ ਸਿੰਘ ਚੀਮਾ ਨੂੰ ਵੱਖ-ਵੱਖ ਸਿਆਸੀ ਦਲਾਂ ਦੇ ਆਗੂਆਂ ਵੱਲੋਂ ਸ਼ਰਧਾਂਜਲੀ ਭੇਟ



ਫਤਹਿਗੜ੍ਹ ਸਾਹਿਬ, 19 ਅਪ੍ਰੈਲ, (ਹਰਪ੍ਰੀਤ ਕੌਰ ਟਿਵਾਣਾ) : ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਾਬਕਾ ਮੰਤਰੀ ਤੇ ਲੰਮੇ ਸਮੇਂ ਤੋਂ ਚਲੇ ਆ ਰਹੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਥੇਦਾਰ ਰਣਧੀਰ ਸਿੰਘ ਚੀਮਾ ਜੋ ਬੀਤੇ ਦਿਨੀ ਅਕਾਲ ਚਲਾਣਾ ਕਰ ਗਏ ਸਨ ਦੀ ਅੱਜ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਦੀਵਾਨ ਹਾਲ ਵਿਖੇ ਭੋਗ ਪੈਣ ਉਪਰੰਤ ਅੰਤਿਮ ਅਰਦਾਸ ਕੀਤੀ ਗਈ।

ਇਸ ਮੌਕੇ ਤੇ ਸ਼੍ਰੋਮਣੀ ਅਕਾਲੀ ਦਲ ਸਮੇਤ ਵੱਖੋ ਵੱਖ ਰਾਜਨੀਤਿਕ ਪਾਰਟੀ ਦੇ ਆਗੂਆਂ ਵੱਲੋਂ ਪਹੁੰਚ ਕੇ ਜਥੇਦਾਰ ਰਣਧੀਰ ਸਿੰਘ ਚੀਮਾ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਮੌਕੇ ਤੇ ਮਾਨਵਤਾ ਦੀ ਭਲਾਈ ਲਈ ਖੂਨਦਾਨ ਕੈਂਪ ਅਤੇ ਵਾਤਾਵਰਣ ਨੂੰ ਹਰਾ ਭਰਾ ਰੱਖਣ ਲਈ ਬੂਟੇ ਵੀ ਵੰਡੇ ਗਏ। ਇਸ ਮੌਕੇ ਤੇ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਭਾਈ ਹਰਪਾਲ ਸਿੰਘ ਨੇ ਕੀਤੀ ਜਥੇਦਾਰ ਰਣਧੀਰ ਸਿੰਘ ਚੀਮਾ ਦੀ ਅੰਤਿਮ ਅਰਦਾਸ ਕੀਤੀ।

ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਾਬਕਾ ਕੈਬਨਟ ਮੰਤਰੀ ਬਿਕਰਮ ਸਿੰਘ ਮਜੀਠੀਆ, ਡਾ. ਦਲਜੀਤ ਸਿੰਘ ਚੀਮਾ, ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ, ਗੁਰਵੀਰ ਸਿੰਘ ਬਰਾੜ ਵਿਧਾਇਕ ਰਾਜਸਥਾਨ, ਰਾਣਾ ਗੁਰਜੀਤ ਸਿੰਘ ਸੋਢੀ, ਕੁਲਜੀਤ ਸਿੰਘ ਨਾਗਰਾ, ਮਨਪ੍ਰੀਤ ਸਿੰਘ ਇਆਲੀ, ਦੀਦਾਰ ਸਿੰਘ ਭੱਟੀ, ਲਖਬੀਰ ਸਿੰਘ ਰਾਏ ਨੇ ਸੰਬੋਧਨ ਕਰਦਿਆਂ ਜਥੇਦਾਰ ਰਣਧੀਰ ਸਿੰਘ ਚੀਮਾ ਨੇ ਪਾਕਿਸਤਾਨ ਦੀ ਧਰਤੀ ਤੋਂ ਆ ਕੇ ਚੜ੍ਹਦੇ ਪੰਜਾਬ ਵਿੱਚ ਸੜਕਾਂ ਵਾਲੇ ਮੰਤਰੀ ਵਜੋਂ ਆਪਣੀ ਵੱਖਰੀ ਪਹਿਚਾਨ ਕਾਇਮ ਕੀਤੀ। ਆਗੂਆਂ ਨੇ ਕਿਹਾ ਕਿ 97 ਸਾਲਾ ਅਕਾਲੀ ਸਿਆਸਤ ਦੇ ਬਾਬਾ ਬੋਹੜ ਵਜੋਂ ਜਾਣੇ ਜਾਂਦੇ ਜਥੇਦਾਰ ਰਣਧੀਰ ਸਿੰਘ ਚੀਮਾ ਨੇ ਸਿਆਸਤ ਵਿੱਚ ਵਿਚਰਦਿਆਂ ਹਮੇਸ਼ਾ ਆਪਣੀ ਜ਼ਿੰਦਗੀ ਵਿੱਚ ਚਿੱਟੀ ਚਾਦਰ ਤੇ ਕੋਈ ਦਾਗ ਤੱਕ ਨਹੀਂ ਲੱਗਣ ਦਿੱਤਾ, ਜਿਸ ਕਰਕੇ ਹੀ ਅੱਜ ਹਜ਼ਾਰਾਂ ਦੀ ਗਿਣਤੀ ਵਿੱਚ ਕੇਵਲ ਪੰਜਾਬ ਤੋਂ ਹੀ ਨਹੀਂ ਹੋਰ ਸੂਬਿਆਂ ਤੋਂ ਵੱਖੋ ਵੱਖ ਰਾਜਨੀਤਿਕ ਪਾਰਟੀਆਂ ਦੇ ਸਿਰਕੱਢ ਆਗੂਆਂ ਸਮੇਤ ਵਰਕਰ ਆਪਣੇ ਮਹਿਬੂਬ ਆਗੂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਜਾ ਰਹੀਆਂ ਹਨ।

ਆਗੂਆਂ ਨੇ ਕਿਹਾ ਕਿ ਜਥੇਦਾਰ ਚੀਮਾ ਦੇ ਸਪੁੱਤਰ ਜਗਦੀਪ ਸਿੰਘ ਚੀਮਾ ਤੇ ਸਾਬਕਾ ਐਡੀਸ਼ਨਲ ਐਡਵੋਕੇਟ ਜਨਰਲ ਗੁਰਦੀਪ ਸਿੰਘ ਚੀਮਾ ਸਮੇਤ ਸਮੁੱਚਾ ਪਰਿਵਾਰ ਅੱਜ ਪੰਥ ਦੀ ਸੇਵਾ ਵਿੱਚ ਵਿਚਰ ਕੇ ਆਪਣਾ ਯੋਗਦਾਨ ਪਾ ਰਿਹਾ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਸਰਕਾਰ, ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਸਾਬਕਾ ਪ੍ਰਧਾਨ ਸ਼੍ਰੋਮਣੀ ਕਮੇਟੀ, ਮੈਂਬਰ, ਸਾਬਕਾ ਮੰਤਰੀ ਮਹੇਸ਼ਇੰਦਰ ਸਿੰਘ ਗਰੇਵਾਲ ਸਾਬਕਾ ਮੰਤਰੀ, ਸੁਰਜੀਤ ਸਿੰਘ ਰੱਖੜਾ, ਗਗਨਜੀਤ ਸਿੰਘ ਬਰਨਾਲਾ, ਬਾਬਾ ਪਰਮਜੀਤ ਸਿੰਘ ਹੰਸਾਲੀ ਸਾਹਿਬ ਵਾਲੇ, ਬਾਬਾ ਬਲਵਿੰਦਰ ਦਾਸ ਜੀ ਮੁੱਲਾਂਪੁਰ ਵਾਲੇ, ਬੀਬੀ ਕੁਲਵਿੰਦਰ ਕੌਰ ਗੰਢੂਆਂ ਵਾਲੇ, ਬਾਬਾ ਦਲਬਾਰਾ ਸਿੰਘ ਰੋਹੀਸਰ ਵਾਲੇ, ਬਾਬਾ ਗੁਲਜਾਰ ਸਿੰਘ ਕਾਰ ਸੇਵਾ, ਬੀਬੀ ਸਤਵਿੰਦਰ ਕੌਰ ਧਾਲੀਵਾਲ, ਇਕਬਾਲ ਸਿੰਘ ਝੂੰਦਾਂ, ਬਲਵੰਤ ਸਿੰਘ ਰਾਮੂਵਾਲੀਆ, ਹੀਰਾ ਸਿੰਘ ਗਾਬੜੀਆ, ਸ਼ਰਨਜੀਤ ਸਿੰਘ ਢਿੱਲੋਂ, ਅਰਸ਼ਦੀਪ ਸਿੰਘ ਕਲੇਰ ਬੁਲਾਰਾ ਅਕਾਲੀ ਦਲ, ਭਗਵੰਤ ਸਿੰਘ ਧੰਗੇੜਾ ਮੈਨੇਜਰ ਸ੍ਰੀ ਦਰਬਾਰ ਸਾਹਿਬ, ਪਰਵਿੰਦਰ ਸਿੰਘ ਸੋਹਾਣਾ, ਵਿਧਾਇਕ ਲਖਵੀਰ ਸਿੰਘ ਲੱਖਾ, ਪਰਮਰਾਜ ਸਿੰਘ ਉਮਰਾਨੰਗਲ, ਏ.ਆਈ.ਜੀ ਗੁਰਮੀਤ ਸਿੰਘ ਚੌਹਾਨ, ਏ ਆਈ ਜੀ ਬਲਵਿੰਦਰ ਸਿੰਘ, ਆਈ ਏ ਐਸ ਕਮਲਦੀਪ ਸਿੰਘ ਸੰਘਾ, ਸ਼ਰਨ ਗੁਰਦੇਵ ਸਿੰਘ ਲਾਲੀ, ਬੀਬੀ ਕੁਲਦੀਪ ਕੌਰ ਟੌਹੜਾ ਮੈਂਬਰ ਸ਼੍ਰੋਮਣੀ ਕਮੇਟੀ, ਕੰਵਰਬੀਰ ਸਿੰਘ ਟੌਹੜਾ, ਗੇਜਾ ਰਾਮ ਬਾਲਮੀਕ,

ਡਾ. ਮਨਹੋਰ ਸਿੰਘ, ਸਾਬਕਾ ਸਕੱਤਰ ਅਵਤਾਰ ਸਿੰਘ ਸੈਂਪਲਾ, ਡਾ. ਹਰਬੰਸ ਲਾਲ ਸਾਬਕਾ ਮੰਤਰੀ ਪੰਜਾਬ, ਮੱਖਣ ਸਿੰਘ ਲਾਲਕਾ, ਮਹਿੰਦਰ ਸਿੰਘ ਲਾਲਵਾ, ਆਈਂ ਏਂ ਐਸ ਬੀ ਐੱਸ ਸੂਦਨ, ਅਜੇ ਸਿੰਘ ਲਿਬੜਾ ਚੈਅਰਮੈਨ, ਜਗਮੋਹਨ ਸਿੰਘ ਕੰਗ, ਬਲਜੀਤ ਸਿੰਘ ਜਲਾਲਉਸਮਾ, ਸੰਤਾਂ ਸਿੰਘ ਉਮੈਦਪੁਰੀ, ਹਰਸੁਖਇੰਦਰ ਸਿੰਘ ਬੱਬੀ ਬਾਦਲ, ਜਗਜੀਵਨ ਸਿੰਘ ਖੀਰਨੀਆਂ, ਐਡਵੋਕੇਟ ਰਵਿੰਦਰ ਸਿੰਘ ਸੈਂਪਲਾ, ਯਾਦਵਿੰਦਰ ਸਿੰਘ ਯਾਦੂ, ਸਰਬਜੀਤ ਸਿੰਘ ਝਿੰਜਰ ਪ੍ਰਧਾਨ ਯੂਥ ਅਕਾਲੀ ਦਲ, ਜੱਥੇਦਾਰ ਮਨਮੋਹਨ ਸਿੰਘ ਮੁਕਾਰੋਂਪੁਰ ਜ਼ਿਲ੍ਹਾ ਪ੍ਰਧਾਨ ਸ਼ਹਿਰੀ, ਸ਼ਰਨਜੀਤ ਸਿੰਘ ਚਨਾਰਥਲ ਜ਼ਿਲ੍ਹਾ ਪ੍ਰਧਾਨ ਦਿਹਾਤੀ, ਦਲਬਾਰਾ ਸਿੰਘ ਗੁਰੂ ਹਲਕਾ ਇੰਚਾਰਜ ਬਸੀ ਪਠਾਣਾਂ, ਗੁਰਪ੍ਰੀਤ ਸਿੰਘ ਰਾਜੂ ਖੰਨਾ ਹਲਕਾ ਇੰਚਾਰਜ ਅਮਲੋਹ, ਕਰਨੈਲ ਸਿੰਘ ਪੰਜੋਲੀ, ਜੱਥੇਦਾਰ ਅਵਤਾਰ ਸਿੰਘ ਰਿਆ ਸਾਬਕਾ ਜੂਨੀਅਰ ਮੀਤ ਪ੍ਰਧਾਨ, ਅਜਮੇਰ ਸਿੰਘ ਖੇੜਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਚਰਨਜੀਤ ਸਿੰਘ ਕਾਲੇਵਾਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬੀਬੀ ਕੁਲਦੀਪ ਕੌਰ ਟੌਹੜਾ ਮੈਂਬਰ ਸ਼੍ਰੋਮਣੀ ਕਮੇਟੀ, ਬਾਬਾ ਗੁਰਪ੍ਰੀਤ ਸਿੰਘ ਰੰਧਾਵਾ ਮੈਂਬਰ ਸ਼੍ਰੋਮਣੀ ਕਮੇਟੀ, ਜੱਥੇਦਾਰ ਹਰਭਜਨ ਸਿੰਘ ਚਨਾਰਥਲ, ਗੁਰਦੀਪ ਸਿੰਘ ਕੰਗ ਮੈਨੇਜਰ, ਨਰਿੰਦਰਜੀਤ ਸਿੰਘ ਭਵਾਨੀਗੜ੍ਹ ਮੈਨੇਜਰ, ਤੇਜਿੰਦਰਪਾਲ ਸਿੰਘ ਸੰਧੂ, ਡਾ. ਕਸ਼ਮੀਰ ਸਿੰਘ ਪ੍ਰਿੰਸੀਪਲ, ਡਾ. ਪ੍ਰਿਤਪਾਲ ਸਿੰਘ ਵਾਈਸ ਚਾਂਸਲਰ, ਡਾਕਟਰ ਗੁਰਮੋਨ ਸਿੰਘ ਵਾਲੀਆ, ਡਾਕਟਰ ਜਤਿੰਦਰ ਸਿੰਘ ਸਿੱਧੂ, ਡਾ. ਲਖਬੀਰ ਸਿੰਘ ਪ੍ਰਿੰਸੀਪਲ, ਪ੍ਰਿੰਸੀਪਲ ਗੁਰਪ੍ਰੀਤ ਕੌਰ ਬਲਜੀਤ ਸਿੰਘ ਭੁੱਟਾ, ਪਲਵਿੰਦਰ ਸਿੰਘ ਤਲਵਾੜਾ, ਕੰਵਰ ਹਰਪ੍ਰੀਤ ਸਿੰਘ ਕਾਕਾ ਜੀ ਬੈ, ਸਾਬਕਾ ਚੇਅਰਮੈਨ ਲਖਬੀਰ ਸਿੰਘ ਥਾਬਲਾ, ਗੁਰਮੀਤ ਸਿੰਘ ਸੋਨੂੰ ਚੀਮਾ ਸਾਬਕਾ ਡਾਇਰੈਕਟਰ ਮਾਰਕਫੈੱਡ ਪੰਜਾਬ, ਗੁਰਜੀਤ ਸਿੰਘ ਤਲਵੰਡੀ, ਰਵੀਤ ਕੌਰ, ਗੁਰਜੀਤ ਸਿੰਘ, ਰਵੀਤ ਕੌਰ, ਬਰਿੰਦਰ ਸਿੰਘ ਸੋਢੀ, ਨਰਿੰਦਰ ਸਿੰਘ ਰਸੀਦਪੁਰ, ਬਲਜਿੰਦਰ ਸਿੰਘ ਬੌੜ, ਸੁਖਵਿੰਦਰ ਸਿੰਘ ਜੈਲਦਾਰ, ਜਸਵੰਤ ਸਿੰਘ ਮੰਡੋਫਲ, ਜਗਦੀਸ਼ ਸਿੰਘ ਲੂਲੋ, ਤਰਨਜੀਤ ਸਿੰਘ ਤਰਨੀ, ਜਤਿੰਦਰਪਾਲ ਸਿੰਘ ਕਾਹਲੋ, ਜਸਵੀਰ ਸਿੰਘ ਸੇਖੋਂ, ਰਵਿੰਦਰ ਸਿੰਘ ਰਾਣਾ ਨੋਗਾਵਾਂ, ਜਥੇਦਾਰ ਮਨਜੀਤ ਸਿੰਘ ਚਨਾਰਥਲ, ਸੁਖਵਿੰਦਰ ਸਿੰਘ ਜੈਲਦਾਰ, ਹਰਿੰਦਰ ਸਿੰਘ ਜੈਲਦਾਰ, ਦਾਇਆ ਬੀਰ ਸਿੰਘ ਬਾਠ ਉੱਘੇ ਬਿਜਨੈਸ, ਜਸਪ੍ਰੀਤ ਸਿੰਘ ਝਬਾਲੀ, ਜੁਝਾਰ ਸਿੰਘ ਮਾਜਰੀ, ਡਾਕਟਰ ਲਖਵੀਰ ਸਿੰਘ ਪ੍ਰਿੰਸੀਪਲ, ਡਾ. ਕਸ਼ਮੀਰ ਸਿੰਘ ਪ੍ਰਿੰਸੀਪਲ, ਵਾਈਸ ਚਾਂਸਲਰ ਡਾਕਟਰ ਪ੍ਰਿਤਪਾਲ ਸਿੰਘ, ਜਤਿੰਦਰ ਸਿੰਘ ਜੌਲੀ, ਗੁਰਪ੍ਰੀਤ ਸਿੰਘ ਚੱਕ ਸਕੱਤਰ ਪੰਜਾਬ ਕਿਸਾਨ ਸੈੱਲ, ਲਖਬੀਰ ਸਿੰਘ ਲੌਟ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੀ ਸੰਗਤ ਵੱਲੋਂ ਜਥੇਦਾਰ ਰਣਧੀਰ ਸਿੰਘ ਚੀਮਾ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।



## ਸੰਪਾਦਕੀ

# ਦਾਅਵਿਆਂ ਦਾ ਸੱਚ

ਇਹ ਸੱਚ ਹੈ ਕਿ ਹਾਲ ਹੀ ਦੇ ਦਹਾਕਿਆਂ ਵਿੱਚ ਜ਼ਿਆਦਾਤਰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਵਿੱਚ ਕੋਚਿੰਗ ਸੰਸਥਾਵਾਂ ਦੀ ਭੂਮਿਕਾ ਵਧੀ ਹੈ। ਸਗੋਂ ਅੱਜ ਹਾਲਾਤ ਇਹ ਹਨ ਕਿ ਸਿੱਖਿਆ ਦੇ ਖੇਤਰ ਵਿੱਚ ਇਸ ਨੂੰ ਕੋਚਿੰਗ ਉਦਯੋਗ ਵਜੋਂ ਜਾਣਿਆ ਜਾਣ ਲੱਗਾ ਹੈ। ਪਰ ਇਸ ਨਿਰਭਰਤਾ ਦੇ ਸਮਾਨਾਂਤਰ, ਕਈ ਕੋਚਿੰਗ ਸੰਸਥਾਵਾਂ ਦਾਖਲੇ ਲਈ ਅਜਿਹੇ ਦਾਅਵੇ ਕਰਦੀਆਂ ਹਨ ਕਿ ਉਹ ਆਪਣੀਆਂ ਪ੍ਰਾਪਤੀਆਂ, ਸਹੂਲਤਾਂ ਅਤੇ ਸਾਧਨਾਂ ਨੂੰ ਇਸ ਹੱਦ ਤੱਕ ਵਧਾ-ਚੜ੍ਹਾ ਕੇ ਪੇਸ਼ ਕਰਦੀਆਂ ਹਨ ਕਿ ਬਹੁਤ ਸਾਰੇ ਵਿਦਿਆਰਥੀ ਇਸ ਦੇ ਪ੍ਰਭਾਵ ਹੇਠ ਚਲੇ ਜਾਂਦੇ ਹਨ। ਕਈ ਵਾਰ ਅਜਿਹਾ ਵੀ ਹੁੰਦਾ ਹੈ ਕਿ ਉਹ ਕਿਸੇ ਹੋਰ ਇੰਸਟੀਚਿਊਟ ਵਿੱਚ ਪੜ੍ਹੇ ਕਿਸੇ ਸਫਲ ਉਮੀਦਵਾਰ ਨੂੰ ਆਪਣੇ ਹੀ ਇੰਸਟੀਚਿਊਟ ਤੋਂ ਹੋਣ ਦਾ ਐਲਾਨ ਕਰ ਦਿੰਦੇ ਹਨ। ਹਾਲਾਂਕਿ ਕਈ ਵਾਰ ਅਜਿਹੇ ਦਾਅਵੇ ਝੂਠੇ ਨਿਕਲਦੇ ਹਨ। ਕੋਚਿੰਗ ਸੰਸਥਾਵਾਂ ਦੇ ਇਸ ਰੁਝਾਨ ਤੇ ਕਈ ਵਾਰ ਸਵਾਲ ਉੱਠ ਚੁੱਕੇ ਹਨ, ਸਰਕਾਰ ਨੇ ਸਖ਼ਤ ਕਾਰਵਾਈ ਕਰਨ ਦੀ ਗੱਲ ਕੀਤੀ ਹੈ, ਸੁਪਰੀਮ ਕੋਰਟ ਨੇ ਖੁਦ ਕਿਹਾ ਹੈ ਕਿ ਕਈ ਕੋਚਿੰਗ ਸੰਸਥਾਵਾਂ ਉਮੀਦਵਾਰਾਂ ਦੀਆਂ ਜਾਨਾਂ ਨਾਲ ਖੇਡ ਰਹੀਆਂ ਹਨ। ਪਰ ਵੱਖ-ਵੱਖ ਤਰੀਕੇ ਅਪਣਾ ਕੇ ਝੂਠੇ ਦਾਅਵੇ ਕਰਨ ਦਾ ਸਿਲਸਿਲਾ ਅਜੇ ਤੱਕ ਬੰਦ ਨਹੀਂ ਹੋਇਆ। ਹੁਣ ਇੱਕ ਵਾਰ ਫਿਰ ਕੇਂਦਰੀ ਖਪਤਕਾਰ ਸੁਰੱਖਿਆ ਅਥਾਰਟੀ ਯਾਨੀ CCPA ਨੇ ਕੋਚਿੰਗ ਸੰਸਥਾਵਾਂ ਦੁਆਰਾ ਫੈਲਾਈਆਂ ਜਾ ਰਹੀਆਂ ਗਲਤ ਧਾਰਨਾਵਾਂ 'ਤੇ ਸ਼ਿਕੰਜਾ ਕਸਣ ਲਈ ਸਖ਼ਤ ਚੇਤਾਵਨੀ ਜਾਰੀ ਕੀਤੀ ਹੈ। ਖਪਤਕਾਰਾਂ ਦੇ ਅਧਿਕਾਰਾਂ ਨਾਲ ਸਬੰਧਤ ਇਸ ਸੰਸਥਾ ਨੇ ਪਿਛਲੇ ਸਾਲ ਉਨ੍ਹਾਂ ਲਈ ਤੈਅ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸ ਤਹਿਤ ਕੋਚਿੰਗ ਸੰਸਥਾਵਾਂ ਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਉਨ੍ਹਾਂ ਦੇ ਇਸ਼ਤਿਹਾਰ 'ਸਹੀ, ਸਪੱਸ਼ਟ ਅਤੇ ਗੁੰਮਰਾਹਕੁੰਨ ਦਾਅਵਿਆਂ ਤੋਂ ਮੁਕਤ' ਹੋਣ; ਵਿਦਿਆਰਥੀਆਂ ਦੇ ਦਾਖ਼ਲੇ ਸਬੰਧੀ ਦਿੱਤੀ ਜਾਣ ਵਾਲੀ ਜਾਣਕਾਰੀ ਵਿੱਚ ਪੂਰੀ ਪਾਰਦਰਸ਼ਤਾ ਹੋਣੀ ਚਾਹੀਦੀ ਹੈ। ਇਹ ਗੱਲ ਛੁਪੀ ਹੋਈ ਨਹੀਂ ਹੈ ਕਿ ਕੋਚਿੰਗ ਸੰਸਥਾਵਾਂ ਵੱਲੋਂ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਜਾਰੀ ਕੀਤੀ ਜਾਂਦੀ ਪ੍ਰਚਾਰ ਸਮੱਗਰੀ ਦਾ ਕੇਂਦਰੀ ਵਿਸ਼ਾ ਇਹ ਹੈ ਕਿ ਉੱਥੇ ਪੜ੍ਹਾਈ ਕਰਨ ਤੋਂ ਬਾਅਦ ਸਫ਼ਲਤਾ ਦੀ ਗਰੰਟੀ ਹੁੰਦੀ ਹੈ ਅਤੇ ਚੋਣ ਦੀ ਸੰਭਾਵਨਾ 100 ਫੀਸਦੀ ਹੁੰਦੀ ਹੈ। ਅਸਲੀਅਤ ਇਹ ਹੈ ਕਿ ਕੋਚਿੰਗ ਸੰਸਥਾਵਾਂ ਅਤੇ ਉਨ੍ਹਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਬਹੁਤ ਜ਼ਿਆਦਾ ਹੈ ਅਤੇ ਇਸ ਦੇ ਮੁਕਾਬਲੇ ਨੌਕਰੀਆਂ ਲਈ ਸੀਟਾਂ ਦੀ ਗਿਣਤੀ ਸੀਮਤ ਜਾਂ ਬਹੁਤ ਘੱਟ ਹੈ। ਅਜਿਹੀ ਸਥਿਤੀ ਵਿੱਚ, ਹਰ ਕਿਸੇ ਨੂੰ 100 ਪ੍ਰਤੀਸ਼ਤ ਚੋਣ ਦੀ ਗਰੰਟੀ ਦੇਣਾ ਕਿਸੇ ਭਰਮ ਦੀ ਸੇਵਾ ਤੋਂ ਘੱਟ ਨਹੀਂ ਹੈ। ਜ਼ਿਕਰਯੋਗ ਹੈ ਕਿ ਆਈਆਈਟੀ-ਜੇਈਈ ਪ੍ਰੀਖਿਆ ਦੇ ਨਤੀਜਿਆਂ ਦੀ ਤਾਰੀਖ ਨੇੜੇ ਹੈ। ਆਮ ਤੌਰ 'ਤੇ ਕਿਸੇ ਵੀ ਮਹੱਤਵਪੂਰਨ ਪ੍ਰੀਖਿਆ ਦੇ ਨਤੀਜੇ ਆਉਣ ਤੋਂ ਬਾਅਦ ਕਈ ਕੋਚਿੰਗ ਸੰਸਥਾਵਾਂ ਅਜਿਹੇ ਦਾਅਵੇ ਕਰਦੀਆਂ ਹਨ ਕਿ ਉੱਥੇ ਪੜ੍ਹ ਰਹੇ ਵਿਦਿਆਰਥੀਆਂ ਨੇ ਸਫਲਤਾ ਹਾਸਲ ਕੀਤੀ ਹੈ। ਇਸ ਕਾਰਵਾਈ ਵਿੱਚ ਉਹ ਅਕਸਰ ਦੂਜੇ ਅਦਾਰਿਆਂ ਦੇ ਵਿਦਿਆਰਥੀਆਂ ਦੇ ਨਾਮ ਧੋਖੇ ਨਾਲ ਵਰਤਦੇ ਹਨ। ਇਸ ਦਾ ਮੱਕਸਦ ਇਹ ਹੈ ਕਿ ਇਸ ਤਰ੍ਹਾਂ ਦੇ ਪ੍ਰਚਾਰ ਨੂੰ ਦੇਖ ਕੇ ਨਵੇਂ ਵਿਦਿਆਰਥੀ ਆਪਣੇ ਇੰਸਟੀਚਿਊਟ ਵਿੱਚ ਦਾਖਲਾ ਲੈਣ ਲਈ ਪ੍ਰਭਾਵਿਤ ਹੋਣਗੇ ਅਤੇ ਇਸ ਤਰ੍ਹਾਂ ਉਨ੍ਹਾਂ ਦਾ ਕਾਰੋਬਾਰ ਵਧੇਗਾ। ਜਦੋਂ ਕਿ ਅਸਲੀਅਤ ਇਹ ਹੈ ਕਿ ਬਹੁਤ ਸਾਰੇ ਸਫਲ ਉਮੀਦਵਾਰਾਂ ਦਾ ਅਜਿਹੇ ਦਾਅਵੇ ਕਰਨ ਵਾਲੀਆਂ ਸੰਸਥਾਵਾਂ ਨਾਲ ਕੋਈ ਸਬੰਧ ਨਹੀਂ ਹੈ। ਕੋਚਿੰਗ ਸੰਸਥਾਵਾਂ ਇਹ ਸਪੱਸ਼ਟ ਕਰਨ ਦੀ ਜ਼ਰੂਰਤ ਮਹਿਸੂਸ ਨਹੀਂ ਕਰਦੀਆਂ ਕਿ ਉਹ ਕਿਸ ਆਧਾਰ'ਤੇ ਸੀਮਤ ਮੌਕਿਆਂ ਦੇ ਸਮੇਂ ਵਿੱਚ ਸਾਰੇ ਉਮੀਦਵਾਰਾਂ ਨੂੰ 100% ਸਫਲਤਾ ਦੀ ਗਰੰਟੀ ਦਿੰਦੇ ਹਨ। ਅਜਿਹੇ ਦਾਅਵੇ ਝੂਠ ਦਾ ਇੱਕ ਤਰ੍ਹਾਂ ਦਾ ਕਾਰੋਬਾਰ ਹਨ ਅਤੇ ਜਿਸ ਦੇ ਜਾਲ ਵਿੱਚ ਫਸ ਕੇ ਆਮ ਤੌਰ 'ਤੇ ਬਹੁਤ ਸਾਰੇ ਵਿਦਿਆਰਥੀਆਂ ਦੇ ਸੁਪਨੇ ਅਧੂਰੇ ਹੀ ਰਹਿ ਜਾਂਦੇ ਹਨ। ਅਜਿਹੀ ਸਥਿਤੀ ਵਿੱਚ, ਕੋਚਿੰਗ ਸੰਸਥਾਵਾਂ 'ਤੇ ਲਗਾਮ ਲਗਾਉਣਾ ਸਮੇਂ ਦੀ ਲੋੜ ਹੈ ਜੋ ਆਪਣੇ ਸਰੋਤਾਂ ਅਤੇ ਸਮਰੱਥਾਵਾਂ ਬਾਰੇ ਵਧਾ-ਚੜ੍ਹਾ ਕੇ ਅਤੇ ਝੂਠੇ ਦਾਅਵੇ ਕਰਦੇ ਹਨ।

-ਜਗਜੀਤ ਸਿੰਘ ਦਰਦੀ

# ਸੱਚਮੁੱਚ ਸਿੱਖਿਆ ਕ੍ਰਾਂਤੀ ਦੀ ਲੋੜ



ਗੁਰਮੀਤ ਸਿੰਘ ਪਲਾਹੀ
9815802070

ਅੱਜ ਜਿਵੇਂ ਸਿਆਸਤਦਾਨ ਇੱਕ-ਦੂਜੇ ਨਾਲ ਵਿਵਹਾਰ ਕਰਦੇ ਹਨ, ਇੱਕ-ਦੂਜੇ ਬਾਰੇ ਬੋਲਦੇ, ਤਾਹਨੇ-ਮੇਹਣੇ ਦਿੰਦੇ, ਇੱਕ-ਦੂਜੇ ਦੇ ਪੋਤੜੇ ਫੋਲਦੇ, ਇੱਕ-ਦੂਜੇ 'ਤੇ ਊਜਾਂ ਲਾਉਂਦੇ ਹਨ, ਕੀ ਇਹ ਕਿਸੇ ਸਿਖਿਅਤ ਸ਼ਖ਼ਸੀਅਤ ਦਾ ਵਿਵਹਾਰ ਹੈ? ਲੋਕਾਂ ਦੇ ਮਸਲਿਆਂ ਨੂੰ ਨਾ ਸਮਝਣਾ, ਕੁਰਸੀ ਯੁੱਧ ਨੂੰ ਅਹਿਮੀਅਤ ਦੇਣੀ, ਨੈਤਿਕਤਾ ਦਾ ਪੱਲਾ ਹੱਥੋਂ ਛੱਡ ਦੇਣਾ, ਕਿਸ ਕਿਸਮ ਦੀ ਸਿਆਸਤ ਹੈ? ਪੰਜਾਬ ਦੇ ਪੜ੍ਹੇ-ਲਿਖੇ ਕਿੰਨੇ ਸਿਆਸਤਦਾਨ, ਲੋਕਾਂ ਦਾ ਦਰਦ ਪਛਾਣਦੇ ਹਨ, ਲੋਕਾਂ ਦੇ ਮਸਲਿਆਂ ਦਾ ਹੱਲ ਲੱਭਣ ਲਈ ਡੂੰਘਾਈ 'ਚ ਅਧਿਐਨ ਕਰਦੇ ਹਨ, ਆਪਣੇ ਸੂਬੇ ਦਾ ਕੇਸ ਉੱਪਰਲੀ ਅਦਾਲਤ, ਜਾਂ ਉੱਪਰਲੀ ਸਰਕਾਰ ਤੱਕ ਲੈ ਕੇ ਜਾਂਦੇ ਹਨ?

ਕੀ ਸਿਆਸਤਦਾਨ ਪੰਜਾਬ ਦੀ ਆਪਣੀ ਖੇਤੀ ਨੀਤੀ ਬਣਾ ਸਕੇ ਜਾਂ ਵਿਦਵਾਨਾਂ, ਪੜ੍ਹਾਕੂਆਂ, ਪਾਰਖੂਆਂ ਤੋਂ ਬਣਵਾ ਸਕੇ? ਕੀ ਪੰਜਾਬ ਦੀ ਸਿੱਖਿਆ ਨੀਤੀ ਬਣਵਾ ਸਕੇ? ਜਿਸ ਦੀ ਲੋੜ ਅੱਜ ਦੇ ਸਮੇਂ 'ਚ ਵਧੇਰੇ ਹੈ ਪੰਜਾਬੀਆਂ ਨੂੰ। ਕੀ ਇਹ ਸਭ ਕੁੱਝ ਸਿੱਖਿਆ ਦੀ ਘਾਟ ਦਾ ਸਿੱਟਾ ਨਹੀਂ ਹੈ?

ਗੱਲ ਇਕੱਲੀ ਸਿਆਸਤਦਾਨਾਂ ਦੀ ਹੀ ਨਹੀਂ ਹੈ। ਗੱਲ ਧਾਰਮਿਕ ਸ਼ਖ਼ਸੀਅਤਾਂ ਅਤੇ ਸਮਾਜਕ ਸੇਵਕਾਂ ਨਾਲ ਵੀ ਜੁੜੀ ਹੋਈ ਹੈ। ਗੱਲ ਸੂਬੇ ਦੇ ਵਿਚਾਰਵਾਨਾਂ, ਲੇਖਕਾਂ, ਬੁੱਧੀਜੀਵੀਆਂ ਨਾਲ ਵੀ ਜੁੜੀ ਹੋਈ ਹੈ, ਜਿਹੜੇ ਆਪਣਾ ਬਣਦਾ-ਸਰਦਾ ਰੋਲ ਨਿਭਾਉਣ ਤੋਂ ਅੱਖਾਂ ਮੀਟਕੇ ਸਿਰਫ਼ ਆਪਣੇ "ਰੋਟੀ ਪਾਣੀ" ਦੇ ਚੱਕਰ 'ਚ ਅੱਖਾਂ ਮੀਟੀ ਬੈਠੇ ਰਹੇ? ਕਿੰਨੇ ਕੁ ਨੀਤੀਵਾਨ, ਵਿਚਾਰਵਾਨ ਇਹੋ ਜਿਹੇ ਹਨ, ਜਿਹੜੇ ਗਰਕ ਹੋ ਰਹੇ, ਉੱਜੜ ਰਹੇ ਪੰਜਾਬ ਦੀਆਂ ਸਮੱਸਿਆਵਾਂ ਦੇ ਕਾਰਨਾਂ ਨੂੰ ਲੋਕਾਂ ਸਾਹਮਣੇ ਲਿਆ ਰਹੇ ਹਨ? ਜਿਹੜਾ ਕਿ ਉਹਨਾਂ ਦਾ ਫ਼ਰਜ਼ ਹੈ। ਯੂਨੀਵਰਸਿਟੀਆਂ ਸੁੱਤੀਆਂ ਪਈਆਂ ਹਨ। ਹਜ਼ਾਰਾਂ ਲੋਕ ਸਿਰਫ਼ ਖੋਜ ਦੇ ਨਾਮ 'ਤੇ ਪੀ.ਐੱਚ.ਡੀ. ਕਰਦੇ ਹਨ, ਆਪਣਾ ਕਰੀਅਰ ਬਣਾਉਣ ਲਈ, ਪੈਸੇ ਕਮਾਉਣ ਲਈ ਅਤੇ ਬੱਸ ਸੁਰਖ਼ਰੂ ਹੋ ਜਾਂਦੇ ਹਨ। ਭੁੱਲ ਹੀ ਗਏ ਹਨ ਸਿੱਖਿਆ ਦੇ ਅਰਥ! ਭੁੱਲ ਹੀ ਗਏ ਹਨ ਕਿ ਵਿਦਵਾਨਾਂ, ਖੋਜੀਆਂ ਦਾ ਫਰਜ਼ ਲੋਕਾਂ ਨੂੰ ਚਾਨਣਾ ਦੇਣਾ ਹੈ, ਸਿਰਫ਼ ਵਾਹ ਵਾਹ ਖੱਟਣਾ ਜਾਂ ਚੇਲਿਆਂ, ਬਾਲਕਿਆਂ ਤੋਂ ਵਾਹ-ਵਾਹ ਕਰਵਾਉਣਾ ਨਹੀਂ। ਆਜ਼ਾਦੀ ਉਪਰੰਤ ਪੰਜਾਬ ਦੋ ਹਿੱਸਿਆਂ 'ਚ ਵੰਡਿਆ ਗਿਆ। ਲੱਖਾਂ ਬੱਚੇ, ਸਕੂਲਾਂ ਤੋਂ ਬਾਂਝੇ ਹੋ ਗਏ। ਗਰਮ-ਸਰਦ ਸਮਿਆਂ 'ਚ ਪੰਜਾਬ ਦੀ ਸਿੱਖਿਆ ਮਧੋਲੀ ਗਈ। ਸਮਾਂ ਬੀਤਣ 'ਤੇ ਬੇਰੁਜ਼ਗਾਰੀ ਵਧੀ। ਪ੍ਰਵਾਸ ਵਧਿਆ। ਆਇਲਿਟਸ ਨੇ ਪੰਜਾਬ ਦੀ ਸਿੱਖਿਆ ਤੇ ਸਿੱਖਿਆ ਸੰਸਥਾਵਾਂ ਰੋਲ ਦਿੱਤੀਆਂ, ਬੰਦ ਕਰਵਾ ਦਿੱਤੀਆਂ। ਕਿਹੜੀ ਸਰਕਾਰ ਕਾਰਨ ਜਾਣ ਸਕੀ ਕਿ ਇਹ ਪ੍ਰਵਾਸ ਨੌਜਵਾਨਾਂ ਦੀ ਮਜ਼ਬੂਰੀ ਕਿਉਂ ਬਣ ਰਿਹਾ ਹੈ?

ਬੇਰੁਜ਼ਗਾਰੀ, ਨਸ਼ਿਆਂ ਦਾ ਵਗਦਾ ਦਰਿਆ, ਸਿੱਖਿਆ ਦੀ ਘਾਟ ਦਾ ਹੀ ਤਾਂ ਸਿੱਟਾ ਹੈ। ਸਿੱਖਿਆ ਹੋਏਗੀ, ਚੰਗੀ ਖੇਤੀ ਹੋਏਗੀ। ਸਿੱਖਿਆ ਹੋਏਗੀ ਰੁਜ਼ਗਾਰ ਹੋਏਗਾ, ਕਾਰੋਬਾਰ ਹੋਏਗਾ। ਪਰ ਜੇਕਰ ਸਿੱਖਿਆ ਦੇ ਮੁੱਢਲੇ ਅਧਿਕਾਰ ਨੂੰ ਸਰਕਾਰਾਂ ਭੁੱਲਕੇ ਪਬਲਿਕ ਸਕੂਲਾਂ ਰਾਹੀਂ ਲੋਕਾਂ ਤੋਂ ਪੈਸਾ ਬਟੋਰਨ ਦੇ ਚੱਕਰ 'ਚ ਆਪਣਾ ਫ਼ਰਜ਼ ਹੀ ਭੁੱਲ ਜਾਣਗੀਆਂ ਤਾਂ ਉਸ ਖਿੱਤੇ ਦੇ ਲੋਕਾਂ ਦਾ ਆਖ਼ਰ ਹਾਲ ਕੀ ਹੋ ਜਾਏਗਾ? ਉਹੋ ਹਾਲ ਹੋਏਗਾ, ਜੋ ਪੰਜਾਬ ਦੇ ਲੋਕਾਂ ਦਾ ਇਸ ਵੇਲੇ ਹੋਇਆ ਪਿਆ ਹੈ। ਲੱਖ ਸਰਕਾਰ ਇਹ ਕਹੇ ਕਿ ਪੰਜਾਬ ਦੇ ਸਰਾਕਰੀ ਸਕੂਲਾਂ ਦਾ ਢਾਂਚਾ ਸੁਧਾਰ ਦਿੱਤਾ ਹੈ, ਇਸਨੂੰ ਪਬਲਿਕ ਸਕੂਲਾਂ ਦੇ ਹਾਣ ਦਾ ਕਰ ਦਿੱਤਾ ਹੈ ਕਹਿਣ ਨੂੰ ਇਹ ਸਿੱਖਿਆ ਕ੍ਰਾਂਤੀ ਹੈ, ਪਰ ਅੱਜ ਵੀ ਸਰਕਾਰੀ ਸਕੂਲ ਆਮ ਆਦਮੀ ਦੀ ਆਖ਼ਰੀ ਮਜ਼ਬੂਰੀ ਬਣੇ ਹੋਏ ਹਨ, ਜਿੱਥੇ ਉਹ ਆਪਣੇ ਬੱਚਿਆਂ ਨੂੰ ਪੜ੍ਹਾਉਣ ਲਈ ਮਨੋ ਨਹੀਂ, ਬੇਬਸੀ 'ਚ ਭੇਜਦਾ ਹੈ। ਹਾਲ ਪਬਲਿਕ ਸਕੂਲਾਂ ਦਾ ਵੀ ਇਹੋ ਹੈ, ਜਿੱਥੇ ਸਿੱਖਿਆ ਦਿੱਤੀ ਨਹੀਂ ਜਾਂਦੀ, ਵੇਚੀ ਜਾਂਦੀ ਹੈ। ਹਾਲ ਪ੍ਰੋਫ਼ੈਸ਼ਨਲ ਪ੍ਰਾਈਵੇਟ ਯੂਨੀਵਰਸਿਟੀਆਂ ਤੇ ਪ੍ਰੋਫ਼ੈਸ਼ਨਲ ਕਾਲਜਾਂ ਦਾ ਵੀ ਇਹੋ ਹੈ। ਸਵਾਲ ਉੱਠਦਾ ਹੈ ਕਿ ਕੀ ਸਿੱਖਿਆ ਕੋਈ ਵੇਚਣ ਵਾਲੀ ਚੀਜ਼ ਹੈ?

ਪੰਜਾਬ 'ਚ 17 ਯੂਨੀਵਰਸਿਟੀਆਂ ਹਨ, ਜੋ ਸਰਕਾਰੀ ਜਾਂ ਸਰਕਾਰੀ ਸਹਾਇਤਾ ਪ੍ਰਾਪਤ ਹਨ। 14 ਪ੍ਰਾਈਵੇਟ ਪ੍ਰੋਫ਼ੈਸ਼ਨਲ ਯੂਨੀਵਰਸਿਟੀਆਂ ਹਨ। 8 ਮੈਡੀਕਲ ਕਾਲਜ ਹਨ। ਦਰਜਨਾਂ ਇੰਜੀਨੀਅਰਿੰਗ ਟੈਕਨੌਲੌਜੀ ਕਾਲਜ ਹਨ। ਆਰਟਸ ਕਾਲਜਾਂ ਦੀ ਗਿਣਤੀ ਸੈਂਕੜਿਆਂ ਵਿੱਚ ਹੈ। ਪਬਲਿਕ ਮਾਡਲ ਸਕੂਲ ਥਾਂ-ਥਾਂ ਖੁੱਲ੍ਹੇ ਹੋਏ ਹਨ। ਪਰ ਇਹਨਾਂ ਸਾਰਿਆਂ ਤੋਂ ਵੱਧ ਮਨਜ਼ੂਰਸ਼ੁਦਾ ਅਤੇ ਗ਼ੈਰ-ਮਨਜ਼ੂਰਸ਼ੁਦਾ ਆਇਲਿਟਸ ਸੈਂਟਰ ਹਨ। ਪਰ ਬਹੁਤ ਹੀ ਘੱਟ ਗਿਣਤੀ 'ਚ ਪੀ.ਸੀ.ਐੱਸ., ਆਈ.ਏ.ਐੱਸ., ਆਈ.ਪੀ.ਐੱਸ., ਕੰਪੀਟੀਸ਼ਨ ਦੀ ਤਿਆਰੀ ਕਰਵਾਉਣ ਵਾਲੇ ਸੈਂਟਰ ਹਨ।

ਲੱਗਭਗ ਹਰ ਪਿੰਡ ਅਤੇ ਹਰ ਸ਼ਹਿਰ 'ਚ ਸਰਕਾਰੀ ਪ੍ਰਾਇਮਰੀ ਸਕੂਲ ਹੈ, ਤੇ ਵੱਡੀ ਗਿਣਤੀ 'ਚ ਮਿਡਲ, ਹਾਈ, ਹਾਇਰ ਸੈਕੰਡਰੀ ਸਕੂਲ ਹਨ। ਉਸ ਸੂਬੇ 'ਚ ਜਿੱਥੇ ਸਕੂਲਾਂ, ਕਾਲਜਾਂ, ਪ੍ਰੋਫ਼ੈਸ਼ਨਲ ਕਾਲਜਾਂ ਦੀ ਭਰਮਾਰ ਹੋਵੇ ਉੱਥੇ ਇਹਨਾਂ ਵਿੱਦਿਅਕ ਸੰਸਥਾਵਾਂ 'ਚ ਜਦੋਂ ਅਸਲ ਸਿੱਖਿਆ ਦੀ ਘਾਟ ਹੋਵੇ, ਤਾਂ ਸਵਾਲ ਚੁੱਕਣਾ ਤਾਂ ਬਣਦਾ ਹੀ ਹੈ ਕਿ ਇਹ ਸਿੱਖਿਆ ਅਦਾਰੇ ਆਖ਼ਰ ਖੋਲ੍ਹੇ ਹੀ ਕਿਉਂ ਗਏ ਹਨ? ਕੀ ਇਹਨਾਂ ਦੇ ਖੋਲ੍ਹਣ ਪਿੱਛੇ ਸੇਵਾ ਭਾਵਨਾ ਹੈ, ਜਾਂ ਕਾਰੋਬਾਰੀ ਭਾਵਨਾ? ਕਦੇ ਮਿਸ਼ਨਰੀ ਲੋਕਾਂ ਨੇ ਪੰਜਾਬ ਨੂੰ ਸਿੱਖਿਅਤ ਕਰਨ ਲਈ ਆਰੀਆ, ਖ਼ਾਲਸਾ, ਕ੍ਰਿਸੀਚੀਅਨ ਸਕੂਲ ਖੋਲ੍ਹੇ ਸਨ। ਪਰ ਸਰਕਾਰੀ ਨੀਤੀਆਂ ਨੇ ਇਹਨਾਂ ਸੰਸਥਾਵਾਂ ਨੂੰ ਨਿਹੱਥੇ ਕਰ ਦਿੱਤਾ। ਪਬਲਿਕ ਸਕੂਲਾਂ, ਪ੍ਰੋਫੈਸ਼ਨਲ ਪ੍ਰਾਈਵੇਟ ਯੂਨੀਵਰਸਿਟੀਆਂ ਨੇ ਇਹ ਸੰਸਥਾਵਾਂ ਨੂੰ ਪਿੱਛੇ ਧੱਕ ਕੇ, ਸਰਕਾਰੀ ਸਕੂਲਾਂ, ਕਾਲਜਾਂ ਦੀ ਫੱਟੀ-ਵਸਤਾ ਵੀ ਪੋਚ ਦਿੱਤਾ।

ਅੱਜ ਸੂਬੇ ਦੇ ਸਿੱਖਿਆ ਪੱਖੋਂ ਹਾਲਾਤ ਮਾੜੇ ਹਨ। ਬਾਵਜੂਦ ਇਸ ਸਭ ਕੁਝ ਦੇ ਕਿ ਸਰਕਾਰ ਸਿੱਖਿਆ ਕ੍ਰਾਂਤੀ ਦੀ ਗੱਲ ਕਰ ਰਹੀ ਹੈ। ਸਕੂਲਾਂ 'ਚ ਟੀਚਰਾਂ ਦੀ ਘਾਟ ਹੈ। ਸਕੂਲਾਂ 'ਚ ਵਿਦਿਆਰਥੀਆਂ ਦੀ ਘਾਟ ਹੈ। ਸਕੂਲਾਂ 'ਚ ਬੁਨਿਆਦੀ ਢਾਂਚੇ ਦੀ ਕਮੀ ਹੈ। ਹੈਰਾਨੀ ਤਾਂ ਇਸ ਗੱਲ ਦੀ ਹੈ ਕਿ ਸਕੂਲਾਂ ਵਿੱਚ ਕੱਚੇ, ਪੱਕੇ ਠੇਕੇ 'ਤੇ, ਕਮੇਟੀ ਵਾਲੇ ਟੀਚਰ ਪੜ੍ਹਾਈ ਕਰਵਾ ਰਹੇ ਹਨ। ਕਮੇਟੀ ਵਾਲੇ ਟੀਚਰਾਂ ਦੀ ਤਨਖ਼ਾਹ 2000 ਰੁਪਏ ਮਹੀਨਾ ਜਾਂ ਤਿੰਨ ਹਜ਼ਾਰ ਰੁਪਏ ਮਹੀਨਾ ਹੈ। ਇਹ ਕਿਸ ਕਿਸਮ ਦੀ ਪੜ੍ਹਾਈ ਪਰੋਸੀ ਜਾ ਰਹੀ ਹੈ? ਕਈ ਪ੍ਰਾਈਵੇਟ ਸਕੂਲ ਇਹੋ ਜਿਹੇ ਹਨ ਜਿੱਥੇ ਖਾਤਿਆਂ 'ਚ ਤਨਖ਼ਾਹਾਂ ਦੇਣ ਸਮੇਂ ਪੂਰਾ ਗ੍ਰੇਡ ਦਿੱਤਾ ਜਾ ਰਿਹਾ ਹੈ, ਪਰ ਤਨਖ਼ਾਹਾਂ ਵਾਪਿਸ ਜਮ੍ਹਾਂ ਕਰਵਾਈਆਂ ਜਾ ਰਹੀਆਂ ਹਨ। ਇਹੋ ਜਿਹੇ ਅਧਿਆਪਕ ਕਿਹੋ ਜਿਹੀ ਸਿੱਖਿਆ ਦੇਣਗੇ? ਨਵੇਂ ਸਰਕਾਰੀ ਕਾਲਜ ਖੋਲ੍ਹੇ ਜਾ ਰਹੇ ਹਨ, ਟੀਚਰ ਇੱਥੇ ਵੀ ਠੇਕੇ 'ਤੇ ਹਨ।

ਅੱਜ ਪੰਜਾਬ 'ਚ ਸਿੱਖਿਆ ਦਾ ਹਾਲ ਕੀ ਹੈ? ਪ੍ਰਾਇਮਰੀ, ਮਿਡਲ ਸਰਕਾਰੀ ਸਕੂਲਾਂ 'ਚ ਟੀਚਰਾਂ ਦੀ ਘਾਟ ਹੈ। ਪੰਜ -ਪੰਜ ਕਲਾਸਾਂ ਲਈ ਇੱਕ ਅਧਿਆਪਕ। ਬੀਤੇ ਸਮਿਆਂ 'ਚ ਵਿਦਿਆਰਥੀ ਤੱਪੜ 'ਤੇ ਬੈਠਦੇ ਸੀ, ਚੰਗੇ ਗਿਆਨਵਾਨ ਟੀਚਰਾਂ ਤੋਂ ਪੜ੍ਹਦੇ ਸੀ। ਆਲੇ-ਦੁਆਲੇ ਨੂੰ ਵੇਖਦੇ ਸੀ, ਚੰਗੀ ਸੋਚ ਬਣਦੀ ਸੀ। ਹੁਣ ਸੋਚ ਉੱਤੇ ਪਰਦਾ ਪੈ ਗਿਆ ਹੈ। ਪਬਲਿਕ ਸਕੂਲ ਮਾਂ-ਬੋਲੀ ਪੰਜਾਬੀ ਤੋਂ ਪ੍ਰਹੇਜ ਕਰਦੇ ਹਨ, ਮਾਪੇ ਬੱਚਿਆਂ ਨੂੰ ਬਾਹਰਵੀਂ ਪਾਸ ਤੋਂ ਬਾਅਦ ਸਿੱਧਾ ਆਇਲਿਟਸ ਕਰਵਾਕੇ ਬੇਗਾਨੇ ਮੁਲਕਾਂ 'ਚ ਭੇਜ ਰਹੇ ਹਨ। ਬਰੇਨ ਡਰੇਨ ਹੋ ਰਿਹਾ, ਧੰਨ ਦੀ ਇੱਥੋਂ ਨਿਕਾਸੀ ਹੋ ਰਹੀ ਹੈ। ਇੱਥੇ ਖੋਲ੍ਹੇ ਆਰਟਸ ਕਾਲਜ, ਪ੍ਰੋਫ਼ੈਸ਼ਨਲ ਕਾਲਜ ਬੰਦ ਹੋ ਰਹੇ ਹਨ, ਸੀਟਾਂ ਨਹੀਂ ਭਰੀਆਂ ਜਾ ਰਹੀਆਂ। ਯੂਨੀਵਰਸਿਟੀਆਂ ਜਿਹਨਾਂ ਵਿਚਾਰਵਾਨ ਪੈਦਾ ਕਰਨੇ ਹਨ, ਪ੍ਰੋਫੈਸਰਾਂ, ਅਧਿਆਪਕਾਂ ਤੋਂ ਸੱਖਣੀਆਂ ਹਨ। ਸਰਕਾਰਾਂ ਨੇ, ਸਿੱਖਿਆ ਸਿਸਟਮ ਨੇ ਅਧਿਆਪਕਾਂ ਨੂੰ ਚੁੱਪ-ਚਾਪ ਦੁੱਖ ਸਹਿਣ ਵਾਲੇ ਮਜ਼ਦੂਰ ਬਣਾ ਦਿੱਤਾ ਹੈ।

ਪੰਜਾਬ ਨੂੰ ਸੱਚੀਂ-ਮੁੱਚੀ ਸਿੱਖਿਆ ਕ੍ਰਾਂਤੀ ਦੀ ਲੋੜ ਹੈ। ਪੰਜਾਬ "ਸਿੱਖਿਆ ਦੇ ਖੇਤਰ" 'ਚ ਸੰਕਟ 'ਚ ਹੈ। ਉਸੇ ਕਿਸਮ ਦੇ ਸੰਕਟ 'ਚ ਜਿਵੇਂ ਦੇ ਸੰਕਟ 'ਚ ਪੰਜਾਬ ਦਾ ਸਭਿਆਚਾਰ ਹੈ। ਪੰਜਾਬ ਦੀ ਧਰਤੀ ਹੈ, ਜੋ ਪਾਣੀ ਦੀ ਥੁੜ ਕਾਰਨ ਮਾਰੂਥਲ ਹੋਣ ਵੱਲ ਅੱਗੇ ਵੱਧ ਰਹੀ ਹੈ। ਪੰਜਾਬੀ ਭਾਈਚਾਰੇ ਦਾ, ਪੰਜਾਬ ਦੀ ਧਰਤੀ ਦਾ ਮੂਲ ਸਿਧਾਂਤ ਪੰਚਾਇਤੀ ਸੱਥ ਟੁੱਟ ਚੁੱਕੀ ਹੈ। ਫ਼ੈਸਲੇ ਹੁਣ ਪਰਿਆ 'ਚ ਨਹੀਂ, ਅਦਾਲਤੀ, ਥਾਣਿਆਂ ਜਾਂ ਸਿਆਸੀ ਢੁੱਠਾਂ ਵਾਲੇ ਲੋਕਾਂ ਦੇ ਦਰਾਂ 'ਤੇ ਹੁੰਦੇ ਹਨ। ਆਪਸੀ ਵਿਚਾਰ ਵਟਾਂਦਰਾ ਸੱਥਾਂ 'ਚੋਂ ਗਾਇਬ ਕਰ ਦਿੱਤਾ ਗਿਆ ਹੈ। ਤਾਕਤ ਪੈਸਿਆਂ ਵਾਲਿਆਂ ਹੱਥ ਫੜਾ ਦਿੱਤੀ ਗਈ ਹੈ।

ਸਿਆਸਤਦਾਨ ਦੀ ਤਰਜ਼ੀਹ ਹੁਣ ਜਨ ਕਲਿਆਣ ਜਾਂ ਲੋਕ ਸਰੋਕਰ ਨਹੀਂ, ਸਿਰਫ ਚੋਣ ਸਮੀਕਰਣ ਰਹਿ ਗਈ ਹੈ। ਉਹਨਾਂ ਦੀ ਤਰਜ਼ੀਹ ਲੋਕਾਂ ਨੂੰ ਨਿਕੰਮੇ,ਅਸਿੱਖਿਅਤ ਰੱਖਣ ਵੱਲ ਵਧੇਰੇ ਹੈ ਤਾਂ ਕਿ ਕੋਈ ਸਵਾਲ ਹੀ ਨਾ ਉੱਠੇ, ਪਰ ਸਿੱਖਿਆ ਸਵਾਲ ਉਠਾਉਂਦੀ ਹੈ, ਸਿੱਖਿਆ ਵਿਚਾਰ ਪੈਦਾ ਕਰਦੀ ਹੈ, ਸਿੱਖਿਆ ਅਤੇ ਕਿਤਾਬ ਮਨ ਅਤੇ ਤਨ ਨੂੰ ਤਾਕਤਵਰ ਕਰਦੀ ਹੈ।

ਪੰਜਾਬ ਦਾ ਵਿਰਸਾ, ਪੰਜਾਬ ਦੀ ਬੋਲੀ ਬਹੁਤ ਅਮੀਰ ਹੈ। ਪੰਜਾਬ ਦੇਸ਼ ਦਾ ਅੰਨ ਦਾਤਾ ਹੈ। ਪੰਜਾਬ ਪੂਰੇ ਦੇਸ਼ ਵਿੱਚ ਆਪਣੀ ਵੱਖਰੀ ਪਛਾਣ ਰੱਖਦਾ ਹੈ। ਪੰਜਾਬ ਕਦੇ ਪੰਜ ਦਰਿਆਵਾਂ ਦੀ ਧਰਤੀ ਸੀ। ਇਹ ਖਿੱਤੇ ਦਾ ਸਭ ਤੋਂ ਸਿਆਣਾ ਇਲਾਕਾ ਸੀ, ਜਿੱਥੇ ਸਿਆਣੇ ਲੋਕ ਵਸਦੇ ਸਨ, ਜਿੱਥੇ ਰੂਹਾਨੀ ਰੂਹਾਂ ਨੇ ਜਨਮ ਲਿਆ। ਲਿਖਣਾ-ਪੜ੍ਹਨਾ, ਵਿਚਾਰਨਾ ਜਿਹਨਾਂ ਦੇ ਲਹੂ 'ਚ ਸੀ ਅਤੇ ਲਹੂ 'ਚ ਸੀ ਆਪਣੀ ਅਣਖ ਲਈ ਖੜ੍ਹਨਾ, ਮਰਨਾ। ਚੰਗਾ ਵਾਤਾਵਰਨ, ਵਸਦੇ ਦਰਿਆ, ਜਰਖੇਜ਼ ਜ਼ਮੀਨ ਜਿਹਨਾਂ ਦਾ ਧੰਨ ਸੀ।

ਸਿਆਸੀ ਖੇਡਾਂ ਨੇ ਇਸਦਾ ਲੱਕ ਤੋੜਿਆ ਅਤੇ ਪੰਜਾਬ ਢਾਈ ਦਰਿਆਵਾਂ ਤੱਕ ਸੀਮਤ ਕਰ ਦਿੱਤਾ ਗਿਆ। ਵੱਢ-ਵਢਾਂਗਾ, ਭਾਈ-ਮਾਰ, ਸਾਜਿਸ਼ਾਂ, ਸਵਾਰਥੀ ਸੋਚ ਪਿੱਠ-ਛੁਰਾ ਇਹਨਾਂ ਦੇ ਪੱਲੇ ਪਾ ਦਿੱਤਾ ਗਿਆ। ਗਿਆਨ ਤੋਂ ਦੂਰ ਕਰਕੇ ਸਿਆਣਿਆਂ 'ਤੇ ਯੋਧਿਆਂ ਨੂੰ ਐਸਾ ਲਪੇਟਿਆ ਸੰਕੀਰਨ ਸੋਚ ਨਾਲ ਕਿ ਅੱਜ ਸੋਚੋਂ ਹਰਿਆ-ਭਰਿਆ ਪੰਜਾਬ, ਪੰਜਾਬ ਹੀ ਨਹੀਂ ਦਿਸਦਾ। ਸਿਉਂਕ ਨਾਲ ਭੰਨਿਆ, ਬਿਮਾਰੀਆਂ ਨਾਲ ਖਾਧਾ ਨਰਕੀ ਪੰਜਾਬ ਦਿਸਦਾ ਹੈ, ਜਿੱਥੇ ਨਸ਼ੇ ਹਨ। ਜਿੱਥੇ ਮਾਰ-ਧਾੜ ਹੈ। ਜਿੱਥੇ ਧਰਤੀ ਨਾਲੋਂ ਟੁੱਟਿਆ ਕੁਨਬਾ ਹੈ, ਜਿਹੜਾ ਆਪਣੀ ਧਰਤੀ ਛੱਡ ਬੇਗਾਨੀ ਧਰਤੀ ਦੀ ਬੁੱਕਲ ਲੱਭਦਾ ਹੈ।

ਕਾਰਨ ਇੱਕੋ ਨਹੀਂ, ਪਰ ਵੱਡਾ ਹੈ ਪੰਜਾਬੀਆਂ ਸਿੱਖਿਆ-ਸੋਚ ਨਾਲੋਂ ਮੋਹ ਤੋੜ ਲਿਆ ਹੈ। ਅਕਲ 'ਤੇ ਪੱਲਾ ਪਾ ਲਿਆ ਹੈ। ਸੋਚ ਨਿਰੀ ਪੁਰੀ ਵਿਵਹਾਰਿਕ ਕਰ ਲਈ ਹੈ। ਜੰਮਦੇ ਹੀ, ਮਰਨ ਤੱਕ ਚੰਗੀ ਖੱਬੀ ਖਾਨ ਜ਼ਿੰਦਗੀ ਗੁਜਾਰਨ ਲਈ ਸਾਧਨ ਜੁਟਾਉਣ ਦੇ ਰਾਹ ਪੈ ਗਏ ਹਾਂ। ਬੱਚਿਆਂ ਨੂੰ ਇਹੋ ਜਿਹੇ ਸਸਕਾਰ ਦੇ ਰਹੇ ਹਾਂ, ਵੱਡਾ ਕਮਾਓ, ਮੌਜਾਂ ਕਰੋ। ਜੇਕਰ ਇੱਥੇ ਕੁਝ ਨਹੀਂ ਲੱਭਦਾ ਇੱਥੋਂ ਤੁਰ ਜਾਓ, ਪ੍ਰਵਾਸ ਦੇ ਰਾਹ ਪੈ ਜਾਓ, ਉੱਥੇ ਹਰ ਕਿਸਮ ਦੀ ਕਿਰਤ ਕਰੋ ਅਤੇ ਬੱਸ ਜ਼ਿੰਦਗੀ ਗੁਜ਼ਾਰ ਦਿਓ। ਪੰਜਾਬ ਦੀ ਸੋਚ ਕਿੱਥੇ ਗਈ? ਵਿਚਾਰ ਕਿੱਥੇ ਗਏ? ਨੈਤਿਕ ਕਦਰਾਂ-ਕੀਮਤਾਂ ਕਿੱਥੇ ਰਹਿ ਗਈਆਂ?

ਕਿੰਨੀ ਹੈਰਾਨੀ ਦੀ ਗੱਲ ਹੈ ਕਿ ਵਿਚਾਰ ਪ੍ਰਧਾਨ ਖਿੱਤੇ ਪੰਜਾਬ ਦੇ ਲੋਕ, ਹੋਰ ਹੀ ਵਹਿਣਾ 'ਚ ਰੁੜ੍ਹ ਗਏ। ਆਪਣੀ ਸਿੱਖਿਆ ਨੀਤੀ ਤੱਕ ਨਹੀਂ ਘੜ ਸਕੇ।

ਸੂਬਾ "ਦਾਨ-ਪੁੰਨ" ਕਰਨ ਵਾਲਾ ਹੈ। ਸੋਚ ਪੰਜਾਬੀਆਂ ਦੀ ਦਯਾ ਕਰਨ ਦੀ ਹੈ। ਧਾਰਮਿਕ ਸਥਾਨਾਂ, ਡੇਰਿਆਂ 'ਤੇ ਰੌਣਕਾਂ ਹਨ। ਸ਼ਰਧਾ ਹੈ। ਦਿਖਾਵਾ ਹੈ। ਸੁੰਦਰ ਸਥਾਨ ਹਨ, ਪਰ ਜਿਹਨਾਂ ਵਿਚਾਰਾਂ ਨੇ ਬੰਦੇ ਨੂੰ ਇਨਸਾਨ ਬਣਾਉਣਾ ਹੈ, ਉਹਦੀ ਕਮੀ ਹੈ। ਅਸੀਂ ਦਾਨ-ਪੁੰਨ ਕਰਦੇ ਹਾਂ। ਸਾਡੇ ਲਈ ਲੰਗਰ ਸੇਵਾ ਵੱਡੀ ਹੈ। ਪਰ ਪੰਜਾਬੀ ਭਾਈਚਾਰਾ ਕਿੰਨੇ ਕੁ ਸਕੂਲ, ਕਾਲਜ ਖੋਲ੍ਹਦਾ ਹੈ? ਇਸ ਲਈ ਕਿੰਨਾ ਕੁ ਦਾਨ ਦਿੰਦਾ ਹੈ? ਕਿੰਨਾ ਖਰਚਾ ਆਪਣੇ ਬੱਚਿਆਂ ਦੀ ਪੜ੍ਹਾਈ 'ਤੇ ਕਰਦਾ ਹੈ?

ਪੰਜਾਬੀ ਵਿਚਾਰਾਂ ਤੋਂ ਸੱਖਣਾ ਕਿਤਾਬ ਪੜ੍ਹਨ ਤੋਂ ਆਤੁਰ ਹੈ, ਨਸ਼ਾ ਤੇ ਹੋਰ ਵਸਤਾਂ ਖਰੀਦਦਾ ਹੈ, ਕਿਤਾਬ ਨਹੀਂ ਖਰੀਦਦਾ। ਪਿੰਡਾਂ, ਸ਼ਹਿਰਾਂ 'ਚ ਲਾਇਬ੍ਰੇਰੀਆਂ ਨਹੀਂ ਬਣਾਉਂਦਾ। ਪੀਰਾਂ, ਫ਼ਕੀਰਾਂ, ਬਾਬਿਆਂ ਨੂੰ ਪੂਜੀ ਜਾਂਦਾ ਹੈ। ਸਮਾਂ ਨਸ਼ਟ ਕਰੀ ਜਾਂਦਾ ਹੈ। ਸਰਕਾਰਾਂ ਵੀ ਇਸੇ ਰਸਤੇ ਤੁਰੀਆਂ ਹੋਈਆਂ ਹਨ। ਸਿੱਖਿਆ ਕ੍ਰਾਂਤੀ ਦੇ ਨਾਂਅ 'ਤੇ ਪੰਜਾਬ ਇਸ ਵੇਲੇ "ਪ੍ਰਚਾਰੀ ਚਰਚਾ" 'ਚ ਹੈ। ਇਸ ਨਾਲ ਲੋਕਾਂ ਨੂੰ ਕੀ ਪ੍ਰਾਪਤ ਹੋਏਗਾ?

ਕੀ ਸਿਰਫ਼ ਬਣਾਏ ਜਾ ਰਹੇ ਕਮਰੇ, ਪਖ਼ਾਨੇ ਵਿਦਿਆਰਥੀਆਂ ਦੀ ਬੌਧਿਕ ਲੋੜ ਪੂਰੀ ਕਰ ਸਕਣਗੇ? ਕੀ ਅਮੈਰੀਟਸ ਸਕੂਲ, ਵਿਦਿਆਰਥੀ ਦੇ ਸਰਬ ਪੱਖੀ ਵਿਕਾਸ ਦੇ ਹਾਣ ਦੇ ਹਨ? ਕੀ ਇਹ ਸਕੂਲ ਅਤੇ ਸਧਾਰਨ ਪੇਂਡੂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਪੜ੍ਹਾਈ ਦੇ ਪੱਧਰ ਦਾ ਪਾੜਾ ਵੱਡਾ ਨਹੀਂ ਹੋ ਰਿਹਾ? ਇਸ ਸਭ ਕੁਝ ਦਾ ਅਰਥ ਇਹ ਵੀ ਨਹੀਂ ਕਿ ਪੰਜਾਬੀ ਵਿਚਾਰਵਾਨਾਂ ਦੀ ਕਮੀ ਹੈ। ਦੇਸ਼-ਵਿਦੇਸ਼ 'ਚ ਸਿਆਣੇ ਪੰਜਾਬੀਆਂ ਦਾ ਬੋਲ ਬਾਲਾ ਹੈ, ਜਿੱਥੇ ਵਿਦੇਸ਼ਾਂ 'ਚ ਚੰਗੇ ਕਾਰੋਬਾਰੀ ਹਨ, ਸਾਇੰਸਦਾਨ ਹਨ, ਸਿੱਖਿਆ ਸ਼ਾਸਤਰੀ ਹਨ, ਉੱਥੇ ਪੰਜਾਬੀ ਦਾਨੀ ਪੁਰਖਾਂ ਦੀ ਵੀ ਕਮੀ ਨਹੀਂ ਹੈ। ਲੋੜ ਹੈ ਪੰਜਾਬੀ ਲੋਕ ਬਾਕੀ ਦਿਖਾਵੇ ਛੱਡਕੇ ਸਿੱਖਿਆ ਖੇਤਰ 'ਚ ਅੱਗੋਂ ਪੁਲਾਂਘਾਂ ਭਰਨ। ਧਾਰਮਿਕ ਸਥਾਨਾਂ ਦੇ ਥਾਂ ਯੂਨੀਵਰਸਿਟੀਆਂ, ਸਕੂਲ, ਕਾਲਜ, ਲਾਇਬ੍ਰੇਰੀਆਂ ਖੋਲ੍ਹਣ, ਬੱਚਿਆਂ ਨੂੰ ਪੜ੍ਹਾਉਣ ਵੱਲ ਲੈ ਕੇ ਜਾਣ। ਇਹੀ ਅਸਲ ਅਰਥਾਂ 'ਚ ਸਿੱਖਿਆ ਕ੍ਰਾਂਤੀ ਦੀ ਨੀਂਹ ਹੋ ਸਕੇਗੀ।

## ਲੋਕਤੰਤਰ ਰਾਸ਼ਟਰਪਤੀ ਤੇ ਸੰਵਿਧਾਨ ਦੀ ਵਿਆਖਿਆ

# ਕੀ ਹੁਣ ਉਪ ਰਾਸ਼ਟਰਪਤੀ ਦੇ ਵੱਕਾਰੀ ਅਹੁਦੇ ਨੂੰ ਮੀਡੀਆ ਦੇਵੇਗਾ ਸਲਾਹ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਉਪ ਰਾਸ਼ਟਰਪਤੀ ਸ੍ਰੀ ਜਗਦੀਪ ਧਨਖੜ ਦੁਆਰਾ ਆਪਣੇ ਇਕ ਭਾਸ਼ਨ ਵਿੱਚ ਉੱਚਤਮ ਨਿਆਲਯ ਅਰਥਾਤ ਭਾਰਤੀ ਸੁਪਰੀਮ ਕੋਰਟ ਦੇ ਸਿਸਟਮ 'ਤੇ ਜਿਸ ਤਰ੍ਹਾਂ ਦੀ ਆਪਣੀ ਬੇਬਾਕ ਟਿੱਪਣੀ ਕੀਤੀ ਹੈ, ਉਸਨੇ ਕਈ ਤਰ੍ਹਾਂ ਦੇ ਸਵਾਲ ਅਤੇ ਸੰਵਿਧਾਨ ਦੀ ਵਿਆਖਿਆ ਲੋਕਤੰਤਰ ਅਤੇ ਰਾਸ਼ਟਰਪਤੀ ਦੇ ਮੁਢਲੇ ਹੱਕਾਂ ਬਾਰੇ ਅਤੇ ਰਾਸ਼ਟਰਪਤੀ ਦੀਆਂ ਅਸੀਮ ਤਾਕਤਾਂ ਬਾਰੇ ਵੀ ਭਾਰਤੀ ਸੰਵਿਧਾਨ 'ਤੇ ਕਈ ਸਵਾਲ ਖੜ੍ਹੇ ਕੀਤੇ ਹਨ।

ਹੁਣ ਸਵਾਲ ਇਹ ਪੈਦਾ ਹੁੰਦਾ ਹੈ ਕਿ ਕੀ ਇਹ ਸਭ ਬੇਬਾਕੀ ਦੀ ਗੱਲ ਹੈ ਜਾਂ ਫ਼ਿਰ ਇਹਨਾਂ ਦੇ ਪਿੱਛੇ ਗਹਿਰਾ ਉਹ ਸੰਵਾਦ ਹੈ ਜਿਹੜਾ ਆਜ਼ਾਦੀ ਦੇ ਐਨੇ ਸਾਲਾਂ ਬਾਅਦ ਵੀ ਸੁਪਰੀਮ ਕੋਰਟ ਨੂੰ ਉਪ ਰਾਸ਼ਟਰਪਤੀ ਜੀ ਦੇ ਸ਼ਬਦਾਂ ਅਨੁਸਾਰ ਸੁਪਰ ਪਾਵਰ ਬਣਾਉਂਦਾ ਹੈ ਤੇ ਉਹਨਾਂ ਦੇ ਅਨੁਸਾਰ ਹੁਣ ਹਾਲਤ ਇਹ ਹੋ ਗਈ ਹੈ ਕਿ ਉਹ ਰਾਸ਼ਟਰਪਤੀ ਨੂੰ ਵੀ ਇਹ ਕਹਿ ਰਹੇ ਹਨ ਕਿ ਉਹ ਵੀ ਤਹਿ ਸਮੇਂ ਵਿੱਚ ਕੰਮ ਕਰਨ। ਇਸਦਾ ਮਤਲਬ ਇਹ ਹੋ ਗਿਆ ਕਿ ਉਹ ਰਾਸ਼ਟਰਪਤੀ ਨੂੰ ਡਿਕਟੇਟ ਕਰ ਰਹੇ ਹਨ।

ਹੁਣ ਇਸ ਦੇ ਬਾਰੇ ਪੂਰੇ ਦੇਸ਼ ਵਿੱਚ ਬਹਿਸ ਛਿੜੀ ਹੋਈ ਹੈ ਅੱਜ ਭਾਰਤ ਦੇ ਇੱਕ ਅਖ਼ਬਾਰ ਨੇ ਆਪਣੇ ਸੰਪਾਦਕੀ ਨੋਟ ਦੇ ਵਿੱਚ ਜਿਸ ਤਰ੍ਹਾਂ ਉਪ ਰਾਸ਼ਟਰਪਤੀ ਦੇ ਬਾਰੇ ਲਿਖਿਆ ਗਿਆ ਹੈ ਉਹ ਲੱਗਦਾ ਹੈ ਕਿ ਉਹ ਵੀ ਮਰਿਆਦਾ ਅਨੁਸਾਰ ਨਹੀਂ ਹੈ। ਕੀ ਭਾਰਤ ਦੇ ਉਪ ਰਾਸ਼ਟਰਪਤੀ ਤੇ ਰਾਸ਼ਟਰਪਤੀ ਦਾ ਅਹੁਦਾ ਹੁਣ ਇਸ ਤਰ੍ਹਾਂ ਦਾ ਹੋ ਗਿਆ ਹੈ ਕਿ ਪ੍ਰਿੰਟ ਮੀਡੀਆ ਦਾ ਇੱਕ ਅਖ਼ਬਾਰ ਉਹ ਵੀ ਅੰਗਰੇਜ਼ੀ ਦਾ ਅਖ਼ਬਾਰ ਭਾਰਤੀ ਸੰਵਿਧਾਨ ਤੇ ਰਾਸ਼ਟਰਪਤੀ / ਉਪ ਰਾਸ਼ਟਰਪਤੀ ਵਰਗੇ ਪਦ 'ਤੇ ਉਂਗਲੀ ਉਠਾਏ ਅਤੇ ਇਸ ਤਰ੍ਹਾਂ ਦਾ ਸੰਪਾਦਕੀ ਲਿਖੇ।

ਆਪਣੇ ਪਾਠਕਾਂ ਦੀ ਜਗਿਆਸਾ ਦੇ ਲਈ ਉਸ ਸੰਪਾਦਕੀ ਦਾ ਸੰਖੇਪ ਪੰਜਾਬੀ ਅਨੁਵਾਦ ਇੱਥੇ ਦਿੱਤਾ ਜਾ ਰਿਹਾ ਹੈ ਤਾਂ ਕਿ ਅਖ਼ਬਾਰ ਦੀ ਟਿੱਪਣੀ ਪੜ੍ਹ ਕੇ ਤੁਸੀਂ ਅੰਦਾਜ਼ਾ ਲਗਾ ਸਕੋ ਕਿ ਕਿਸ ਤਰ੍ਹਾਂ ਦਾ ਮਾਹੌਲ ਅਤੇ ਉਹਨਾਂ ਦੀ ਕਿਸ ਤਰ੍ਹਾਂ ਦੀ ਸੋਚ ਹੈ ਜੋ ਉਪ ਰਾਸ਼ਟਰਪਤੀ ਦੇ ਬਾਰੇ ਇੱਕ ਅਖਬਾਰ ਨੇ ਆਪਣੇ ਸੰਪਾਦਕੀ ਕਾਲਮ ਵਿੱਚ ਲਿਖੀ ਹੈ। ਉਪ ਰਾਸ਼ਟਰਪਤੀ ਜਗਦੀਪ ਧਨਖੜ ਦੀਆਂ ਟਿੱਪਣੀਆਂ 'ਤੇ ਅਖ਼ਬਾਰ ਦਾ ਤਿੱਖਾ ਅਤੇ ਸਪੱਸ਼ਟ ਸੰਪਾਦਕੀ! ਟਾਈਮਜ਼ ਆਫ਼ ਇੰਡੀਆ ਦਾ ਹੈਡਿੰਗ ਦੇਖਿਆ ਜਾ ਸਕਦਾ ਹੈ।

**ਨਿਰਪੱਖਤਾ ਦੇ ਨਾਮ 'ਤੇ ਪੱਖਪਾਤ ਦੀ ਭਾਸ਼ਾ?**

ਜੇਕਰ ਭਾਰਤ ਦੇ ਉਪ ਰਾਸ਼ਟਰਪਤੀ ਵਰਗੇ ਸੰਵਿਧਾਨਕ ਅਹੁਦੇ 'ਤੇ ਕਾਬਜ਼ ਵਿਅਕਤੀ ਨੀਤੀ, ਰਾਜਨੀਤੀ ਅਤੇ ਨਿਆਂਇਕ ਫੈਸਲਿਆਂ 'ਤੇ ਵਾਰ-ਵਾਰ ਬਿਆਨ ਦੇਣਾ ਸ਼ੁਰੂ ਕਰ ਦਿੰਦਾ ਹੈ, ਤਾਂ ਇਹ ਸਵਾਲ ਉੱਠਣਾ ਸੁਭਾਵਿਕ ਹੈ ਕਿ ਕੀ ਉਹ ਆਪਣੀਆਂ ਸੀਮਾਵਾਂ ਭੁੱਲ ਗਿਆ ਹੈ?

ਇੱਕ ਤਿੱਖੇ ਸੰਪਾਦਕੀ ਵਿੱਚ, ਟਾਈਮਜ਼ ਆਫ਼ ਇੰਡੀਆ ਨੇ ਉਪ ਰਾਸ਼ਟਰਪਤੀ ਜਗਦੀਪ ਧਨਖੜ ਦੀਆਂ ਅਕਸਰ ਕੀਤੀਆਂ ਜਾਣ ਵਾਲੀਆਂ ਟਿੱਪਣੀਆਂ ਅਤੇ ਉਨ੍ਹਾਂ ਦੇ ਅਹੁਦੇ ਦੀ ਮਾਣ-ਮਰਿਆਦਾ ਵਿਚਕਾਰ ਟਕਰਾਅ ਨੂੰ ਉਜਾਗਰ ਕੀਤਾ ਹੈ।

ਇਸ ਸੰਪਾਦਕੀ ਵਿੱਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਹੈ ਕਿ ਕਿਸੇ ਵੀ ਸਮਕਾਲੀ ਮੁੱਦੇ 'ਤੇ ਉਪ ਰਾਸ਼ਟਰਪਤੀ ਦੀਆਂ ਟਿੱਪਣੀਆਂ ਦਾ ਕੋਈ ਜ਼ਾਇਜ਼ ਨਹੀਂ ਹੈ ਅਤੇ ਉਨ੍ਹਾਂ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰ ਦੇਣਾ ਚਾਹੀਦਾ ਹੈ। ਕੀ ਇਹ ਸਿਰਫ਼ ਨੌਕਰਸ਼ਾਹੀ ਮਾਨਸਿਕਤਾ ਦੀ ਇੱਕ ਉਦਾਹਰਣ ਹੈ ਜਾਂ ਸੰਵਿਧਾਨਕ ਮਰਿਆਦਾ ਦੀ ਘੋਰ ਉਲੰਘਣਾ?

ਹੱਦ ਪਾਰ ਕਰ ਗਈ

ਸੁਪਰੀਮ ਕੋਰਟ ਬਾਰੇ ਉਪ ਰਾਸ਼ਟਰਪਤੀ ਦੀਆਂ ਟਿੱਪਣੀਆਂ ਉਸ ਮਰਿਆਦਾ ਤੋਂ ਕਿਤੇ ਵੱਧ ਸਨ ਜੋ ਆਮ ਤੌਰ 'ਤੇ ਇੱਕ ਰਸਮੀ ਸੰਵਿਧਾਨਕ ਅਹੁਦੇਦਾਰ ਤੋਂ ਉਮੀਦ ਕੀਤੀ ਜਾਂਦੀ ਹੈ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਧਨਖੜ ਦੀਆਂ ਟਿੱਪਣੀਆਂ ਉਨ੍ਹਾਂ ਦੇ ਸੰਵਿਧਾਨਕ ਅਹੁਦੇ ਦੀਆਂ ਸੀਮਾਵਾਂ ਅਤੇ ਮਾਣ ਦੇ ਵਿਰੁੱਧ ਗਈਆਂ ਹਨ – ਪਰ ਉਨ੍ਹਾਂ ਨੇ ਵੀਰਵਾਰ ਨੂੰ ਜੋ ਕਿਹਾ ਉਹ ਸ਼ਾਇਦ ਹੁਣ ਤੱਕ ਦਾ ਸਭ ਤੋਂ ਮੰਦਭਾਗਾ ਸੀ।

ਉਪ ਰਾਸ਼ਟਰਪਤੀ ਦੇ ਗੁੱਸੇ ਦਾ ਸਿੱਧਾ ਕਾਰਨ ਰਾਜਪਾਲਾਂ ਬਾਰੇ ਸੁਪਰੀਮ ਕੋਰਟ ਦਾ ਫ਼ੈਸਲਾ ਜਾਪਦਾ ਸੀ। ਉਹਨਾਂ ਨੇ ਸੁਪਰੀਮ ਕੋਰਟ ਨੂੰ ਸੁਪਰ ਪਾਰਲੀਮੈਂਟ ਕਿਹਾ। ਉਨ੍ਹਾਂ ਕਿਹਾ ਕਿ ਇਸ ਤੋਂ ਵੀ ਮਾੜੀ ਗੱਲ ਇਹ ਹੈ ਕਿ ਜੱਜਾਂ ਦੀ ਬਿਲਕੁਲ ਕੋਈ ਜਵਾਬਦੇਹੀ ਨਹੀਂ ਹੈ ਕਿਉਂਕਿ ਦੇਸ਼ ਦੇ ਕਾਨੂੰਨ ਉਨ੍ਹਾਂ ਤੇ ਲਾਗੂ ਨਹੀਂ ਹੁੰਦੇ। ਪਰ ਅਸਲ ਹੱਦ ਉਦੋਂ ਪਾਰ ਹੋ ਗਈ ਜਦੋਂ ਉਹਨਾਂ ਨੇ ਸੰਵਿਧਾਨ ਦੀ ਧਾਰਾ 142 ਦਾ ਹਵਾਲਾ ਦਿੱਤਾ – ਉਹ ਧਾਰਾ ਜੋ ਸੁਪਰੀਮ ਕੋਰਟ ਨੂੰ ਵਿਸ਼ੇਸ਼ ਸ਼ਕਤੀਆਂ ਦਿੰਦੀ ਹੈ, ਜਿਸ ਦੇ ਤਹਿਤ ਇਸਨੇ ਰਵੀ ਬਨਾਮ ਤਾਮਿਲਨਾਡੂ ਰਾਜ ਵਿੱਚ ਆਪਣਾ ਫੈਸਲਾ ਦਿੱਤਾ ਸੀ। ਧਨਖੜ ਨੇ ਇਸਨੂੰ ਲੋਕਤੰਤਰੀ ਸੰਸਥਾਵਾਂ 'ਤੇ ਪ੍ਰਮਾਣੂ ਮਿਜ਼ਾਈਲ ਦੱਸਿਆ, ਜੋ ਨਿਆਂਪਾਲਿਕਾ ਲਈ 24X7 ਉਪਲੱਬਧ ਹੈ।

ਇਹ ਉਹ ਥਾਂ ਹੈ ਜਿੱਥੇ ਉਸਨੇ ਉਨ੍ਹਾਂ ਪਰੰਪਰਾਵਾਂ ਅਤੇ ਮਰਿਆਦਾ ਦੀ ਉਲੰਘਣਾ ਕੀਤੀ ਜੋ ਆਮ ਤੌਰ 'ਤੇ ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਰਾਜਪਾਲ ਵਰਗੇ ਰਸਮੀ ਅਹੁਦਿਆਂ 'ਤੇ ਬੈਠੇ ਲੋਕਾਂ ਨੂੰ ਸੇਧ ਦਿੰਦੀਆਂ ਹਨ। ਉਨ੍ਹਾਂ ਨੇ ਇਹ ਗੱਲਾਂ ਰਾਜ ਸਭਾ ਇੰਟਰਨਸ਼ਿਪ ਪ੍ਰੋਗਰਾਮ ਦੇ ਸਮਾਪਤੀ ਸਮਾਰੋਹ ਵਿੱਚ ਕਹੀਆਂ – ਜਿਸਨੇ ਇੱਕ ਅਸਹਿਜ ਮਾਹੌਲ ਨੂੰ ਹੋਰ ਵੀ ਕੌੜਾ ਬਣਾ ਦਿੱਤਾ। ਟੀ.ਓ.ਆਈ. ਦਾ ਇਹ ਮਹੱਤਵਪੂਰਨ ਸੰਪਾਦਕੀ ਪੜ੍ਹੋ, ਅਤੇ ਸੋਚੋ – ਕੀ ਅਸੀਂ ਸੱਚਮੁੱਚ ਸੰਵਿਧਾਨ ਦੇ ਰੱਖਿਅਕ ਨੂੰ ਸਰਕਾਰ ਦੇ ਬੁਲਾਰੇ ਵਿੱਚ ਬਦਲਦੇ ਦੇਖ ਰਹੇ ਹਾਂ? ਉਪ ਰਾਸ਼ਟਰਪਤੀ ਦੀਆਂ ਟਿੱਪਣੀਆਂ ਦਾ ਵਿਸਥਾਰ ਨਾਲ ਵਿਸ਼ਲੇਸ਼ਣ ਕਰਨ ਤੋਂ ਪਹਿਲਾਂ, ਕੁਝ ਬੁਨਿਆਦੀ ਨੁਕਤਿਆਂ ਨੂੰ ਦੁਹਰਾਉਣਾ ਜ਼ਰੂਰੀ ਹੈ। ਰਾਜ ਸਭਾ ਦੇ ਚੇਅਰਮੈਨ ਦੀ ਭੂਮਿਕਾ ਨੂੰ ਛੱਡ ਕੇ, ਉਪ-ਰਾਸ਼ਟਰਪਤੀ ਦਾ ਅਹੁਦਾ ਇੱਕ ਰਸਮੀ ਅਤੇ ਪ੍ਰਤੀਕਾਤਮਕ ਅਹੁਦਾ ਹੈ। ਇਸ ਲਈ, ਇੱਕ ਉਪ ਰਾਸ਼ਟਰਪਤੀ ਦਾ ਨੀਤੀ, ਰਾਜਨੀਤੀ ਜਾਂ ਨਿਆਂਇਕ ਫੈਸਲਿਆਂ 'ਤੇ ਕੋਈ ਪ੍ਰਭਾਵ ਨਹੀਂ ਹੁੰਦਾ। ਇਸਦਾ ਮਤਲਬ ਹੈ ਕਿ ਉਪ ਰਾਸ਼ਟਰਪਤੀ ਸਮਕਾਲੀ ਮੁੱਦਿਆਂ 'ਤੇ ਜੋ ਵੀ ਕਹਿੰਦੇ ਹਨ, ਉਸਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰ ਦੇਣਾ ਚਾਹੀਦਾ ਹੈ।

ਇਸੇ ਤਰ੍ਹਾਂ ਦੀਆਂ ਸੀਮਾਵਾਂ ਰਾਸ਼ਟਰਪਤੀ ਅਤੇ ਰਾਜਪਾਲਾਂ ਵਰਗੇ ਹੋਰ ਅਹੁਦੇਦਾਰਾਂ 'ਤੇ ਲਾਗੂ ਹੁੰਦੀਆਂ ਹਨ। ਜਦੋਂ ਕਿ ਹੁਣ ਤੱਕ ਸਾਰੇ ਰਾਸ਼ਟਰਪਤੀਆਂ ਨੇ ਆਪਣੇ ਫਰਜ਼ਾਂ ਨੂੰ ਗੰਭੀਰਤਾ ਨਾਲ ਲਿਆ ਹੈ, ਬਹੁਤ ਸਾਰੇ ਰਾਜਪਾਲ ਅਜਿਹੇ ਰਹੇ ਹਨ ਜਿਨ੍ਹਾਂ ਨੇ ਸਿਆਸਤਦਾਨਾਂ ਅਤੇ ਸੰਵਿਧਾਨਕ ਅਹੁਦਿਆਂ ਵਿਚਕਾਰ ਲਕਸ਼ਮਣ ਰੇਖਾ ਨੂੰ ਪਾਰ ਕੀਤਾ ਹੈ। ਧਨਖੜ ਅਕਸਰ ਅਜਿਹੇ ਰਾਜਪਾਲਾਂ ਦੀ ਸ਼੍ਰੇਣੀ ਵਿੱਚ ਰਹੇ ਹਨ।

ਵੀਰਵਾਰ ਨੂੰ ਆਪਣੀਆਂ ਟਿੱਪਣੀਆਂ ਵਿੱਚ, ਧਨਖੜ ਨੇ ਸੰਵਿਧਾਨ ਦੀ ਧਾਰਾ 145(3) ਵਿੱਚ ਸੋਧ ਦੀ ਮੰਗ ਕੀਤੀ – ਜੋ ਸੁਪਰੀਮ ਕੋਰਟ ਦੇ ਸੰਵਿਧਾਨਕ ਬੈਂਚਾਂ ਦੇ ਗਠਨ ਨਾਲ ਸਬੰਧਿਤ ਹੈ। ਇਹ ਬਹੁਤ ਹੀ ਅਸਾਧਾਰਨ ਹੁੰਦਾ ਹੈ ਜਦੋਂ ਕੋਈ ਸੰਵਿਧਾਨਕ ਅਹੁਦੇਦਾਰ ਇਹ ਦੱਸਣਾ ਸ਼ੁਰੂ ਕਰ ਦਿੰਦਾ ਹੈ ਕਿ ਦੇਸ਼ ਦੀ ਸਰਵਉੱਚ ਅਦਾਲਤ ਨੂੰ ਆਪਣੇ ਵੱਡੇ ਮਾਮਲਿਆਂ ਨੂੰ ਕਿਵੇਂ ਸੰਭਾਲਣਾ ਚਾਹੀਦਾ ਹੈ।

ਮੁੱਦਾ ਇਹ ਨਹੀਂ ਹੈ ਕਿ ਧਨਖੜ ਇੱਕ ਵਿਅਕਤੀ ਦੇ ਤੌਰ 'ਤੇ ਨਿਆਂਪਾਲਿਕਾ ਦੇ ਕਿਸੇ ਵੀ ਫ਼ੈਸਲੇ ਦੀ ਆਲੋਚਨਾ ਨਹੀਂ ਕਰ ਸਕਦੇ। ਪਰ ਜਦੋਂ ਕੋਈ ਸੰਵਿਧਾਨਕ ਅਹੁਦੇ 'ਤੇ ਬੈਠਾ ਵਿਅਕਤੀ, ਖਾਸ ਕਰਕੇ ਉਪ ਰਾਸ਼ਟਰਪਤੀ, ਇਹ ਕਹਿੰਦਾ ਹੈ – ਇਹ ਸੰਵਿਧਾਨਕ ਮਰਿਆਦਾ ਅਤੇ ਨਿਰਪੱਖਤਾ ਦੇ ਮੂਲ ਸਿਧਾਂਤਾਂ ਦੀ ਉਲੰਘਣਾ ਹੈ।

ਇਹੀ ਕਾਰਨ ਹੈ ਕਿ ਵੀਰਵਾਰ ਨੂੰ ਉਪ ਰਾਸ਼ਟਰਪਤੀ ਵਜੋਂ ਉਨ੍ਹਾਂ ਦੀਆਂ ਟਿੱਪਣੀਆਂ ਨੂੰ ਬਹੁਤ ਹੀ ਮੰਦਭਾਗਾ ਮੰਨਿਆ ਜਾ ਰਿਹਾ ਹੈ। ਦੇਸ਼ ਦੇ ਕਈ ਪੱਤਰਕਾਰਾਂ ਨੇ ਉਪ ਰਾਸ਼ਟਰਪਤੀ ਦੀ ਇਹ ਟਿੱਪਣੀ ਬਾਰੇ ਆਪਣੀਆਂ ਟਿੱਪਣੀਆਂ ਕੀਤੀਆਂ ਹਨ ਹਾਲਾਂਕਿ ਬਹੁਤ ਸਾਰੀਆਂ ਟਿੱਪਣੀਆਂ ਵਿੱਚ ਉਹਨਾਂ ਨੂੰ ਪਹਿਲੀ ਵਾਰੀ ਕਿ ਅਜਿਹੇ ਵਿਅਕਤਿਤਵ ਦੇ ਰੂਪ ਵਿੱਚ ਪੇਸ਼ ਕੀਤਾ ਗਿਆ ਹੈ ਕਿ ਜਿਨ੍ਹਾਂ ਨੇ ਪਹਿਲੀ ਵਾਰ ਸੁਪਰੀਮ ਕੋਰਟ ਦੇ ਬਾਰੇ ਤੇ ਜੱਜਾਂ ਦੇ ਵਰਤਾਰੇ 'ਤੇ ਟਿੱਪਣੀ ਕਰਨ ਦਾ ਹੌਸਲਾ ਕੀਤਾ ਹੈ, ਪਰੰਤੂ ਦੂਜੇ ਪਾਸੇ ਕੁੱਝ ਪੱਤਰਕਾਰਾਂ ਨੇ ਇਸ 'ਤੇ ਹੈਰਾਨੀ ਪ੍ਰਗਟ ਵੀ ਕੀਤੀ ਹੈ ਇਕ ਪੱਤਰਕਾਰ ਦੀ ਟਿੱਪਣੀ ਇਹ ਕਹਿੰਦੀ ਹੈ ਕਿ -ਪੱਤਰਕਾਰ ਸ਼ੀਤਲ ਪੀ ਸਿੰਘ ਦੀ ਟਿੱਪਣੀ-

ਹੈਰਾਨੀਜਨਕ ਅਤੇ ਹੈਰਾਨ ਕਰਨ ਵਾਲੀ ਗੱਲ ਹੈ ਕਿ ਟਾਈਮਜ਼ ਆਫ਼ ਇੰਡੀਆ ਨੇ ਆਪਣੇ ਸੰਪਾਦਕੀ ਵਿੱਚ ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੂੰ ਸ਼ੀਸ਼ਾ ਦਿਖਾਇਆ ਹੈ। ਜੇਕਰ ਨਿਆਂਪਾਲਿਕਾ ਅਤੇ ਮੀਡੀਆ ਆਪਣੀਆਂ ਲੋਕਤੰਤਰੀ ਜ਼ਿੰਮੇਵਾਰੀਆਂ ਨਿਭਾਉਣਾ ਸ਼ੁਰੂ ਕਰ ਦੇਣ, ਤਾਂ ਸ਼ਾਇਦ ਪਿਛਲੇ ਗਿਆਰਾਂ ਸਾਲਾਂ ਤੋਂ ਦੇਸ਼ ਵਿੱਚ ਵਧ ਰਿਹਾ ਪਾਗਲਪਨ ਕੁਝ ਹੱਦ ਤੱਕ ਆਮ ਹੋ ਸਕਦਾ ਹੈ। ਇਹ ਆਪਣਾ ਆਪਣਾ ਨਜ਼ਰੀਆ ਹੋ ਸਕਦਾ ਹੈ, ਪਰੰਤੂ ਸੰਵਿਧਾਨ ਦੀ ਵਿਆਖਿਆ ਵਿੱਚ ਉਪ ਰਾਸ਼ਟਰਪਤੀ ਦੇ ਬਿਆਨ ਨੂੰ ਐਵੇਂ ਹੀ ਖ਼ਾਰਜ ਨਹੀਂ ਕੀਤਾ ਜਾ ਸਕਦਾ ਹੈ। ਰਾਸ਼ਟਰਪਤੀ ਨੇ ਜੋ ਕਿਹਾ ਹੈ ਉਸ ਦੇ ਦੂਰਅੰਦੇਸ਼ੀ ਅਰਥ ਨਿੱਕਲਣਗੇ ਅਤੇ ਇਸ ਬਾਰੇ ਸੁਪਰੀਮ ਕੋਰਟ ਦੇ ਬਾਰੇ ਵਿੱਚ ਪਹਿਲੀ ਵਾਰ ਚਰਚਾ ਤਾਂ ਚੱਲੀ ਹੈ।

# ਡਰੋਨ ਕੈਮਰੇ ਵਾਲੀਆਂ ਦੀਦੀਆਂ: ਕਿਵੇਂ ਵੇਵਜ਼ ਸੀ.ਆਈ.ਸੀ. ਗ੍ਰਾਮੀਣ ਮਹਿਲਾਵਾਂ ਦੇ ਜੀਵਨ ਨੂੰ ਤਕਨੀਕੀ ਛੋਹ ਨਾਲ ਬਦਲ ਰਿਹੈ



ਸ੍ਰੀ ਰਿਯਾਸ ਬਾਬੂ,
ਫੀਲਡ ਪਬਲੀਸਿਟੀ ਅਫਸਰ,
ਕੇਂਦਰੀ ਸੰਚਾਰ ਬਿਊਰੋ,
ਪਣਜੀ

ਕੇਂਦਰ ਵਿੱਚ ਜਦੋਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਨੇ ਨਵੰਬਰ 2023 ਵਿੱਚ ਦੀਨਦਿਆਲ ਅੰਤਯੋਦਯਾ ਯੋਜਨਾ-ਰਾਸ਼ਟਰੀ ਗ੍ਰਾਮੀਣ ਆਜੀਵਿਕਾ ਮਿਸ਼ਨ ਅਧੀਨ ਮਹਿਲਾ ਸਵੈ-ਸਹਾਇਤਾ ਸਮੂਹਾਂ (ਐੱਸਐੱਚਜੀਜ਼) ਨੂੰ ਡਰੋਨ ਪ੍ਰਦਾਨ ਕਰਨ ਲਈ ਨਮੋ ਡਰੋਨ ਦੀਦੀ ਯੋਜਨਾ ਸ਼ੁਰੂ ਕੀਤੀ, ਉਦੋਂ ਤੋਂ ਇਹ ਅਸਮਾਨ ਰਾਹੀਂ ਗ੍ਰਾਮੀਣ ਸਸ਼ਕਤੀਕਰਣ ਦੀ ਇੱਕ ਪਰਿਵਰਤਨਸ਼ੀਲ ਗਾਥਾ ਲਿਖ ਰਹੀ ਸੀ। ਨਵੰਬਰ 2024 ਵਿੱਚ 1261 ਕਰੋੜ ਰੁਪਏ ਦੇ ਖਰਚ ਨਾਲ ਮਨਜ਼ੂਰ ਕੀਤੀ ਗਈ ਇਹ ਯੋਜਨਾ, ਭਾਰਤ ਦੇ ਗ੍ਰਾਮੀਣ ਕੇਂਦਰਾਂ ਵਿੱਚ ਮਹਿਲਾਵਾਂ ਦੀ ਭੂਮਿਕਾ ਨੂੰ ਮੁੜ ਪਰਿਭਾਸ਼ਿਤ ਕਰ ਰਹੀ ਹੈ। ਇਸ ਬਿਰਤਾਂਤ ਦੇ ਕੇਂਦਰ ਵਿੱਚ ਇੰਡੀਆ: ਏ ਬਰਡਜ਼ ਆਈ ਵਿਊ, ਕ੍ਰੀਏਟ ਇਨ ਇੰਡੀਆ ਚੈਲੇਂਜ (ਸੀਆਈਸੀ) ਹੈ ਜੋ ਕਿ ਪਹਿਲੇ ਵਿਸ਼ਵ ਆਡੀਓ ਵਿਜ਼ੂਅਲ ਅਤੇ ਮਨੋਰੰਜਨ ਸਮਿਟ (ਵੇਵਸ) ਦੇ ਹਿੱਸੇ ਵਜੋਂ ਆਯੋਜਿਤ ਕੀਤਾ ਗਿਆ ਹੈ, ਜੋ ਕਿ 1 ਤੋਂ 4 ਮਈ, 2025 ਨੂੰ ਮੁੰਬਈ ਵਿੱਚ ਹੋਣ ਵਾਲਾ ਹੈ। ਇਹ ਵਿਲੱਖਣ ਮੁਕਾਬਲਾ ਇਨ੍ਹਾਂ ਮਹਿਲਾਵਾਂ ਨੂੰ ਡਰੋਨਾਂ ਨਾਲ ਆਪਣੀ ਯਾਤਰਾ ਦਾ ਪ੍ਰਦਰਸ਼ਨ ਕਰਨ ਲਈ ਇੱਕ ਸ਼ਕਤੀਸ਼ਾਲੀ ਮੰਚ ਪ੍ਰਦਾਨ ਕਰ ਰਿਹਾ ਹੈ – ਜੋ ਨਾ ਸਿਰਫ਼ ਮਾਨਤਾ ਪ੍ਰਦਾਨ ਕਰਦਾ ਹੈ, ਸਗੋਂ ਭਾਰਤ ਦੀ ਅੱਗੇ ਵਧਦੀ ਤਕਨੀਕੀ ਲਹਿਰ ਨਾਲ ਵੀ ਜੁੜਿਆ ਹੈ।

**ਨਮੋ ਡਰੋਨ ਦੀਦੀ: ਟੈਕਨੋਲੋਜੀ ਨੂੰ ਜ਼ਮੀਨੀ ਪੱਧਰ 'ਤੇ ਲਿਜਾਣਾ**

ਨਮੋ ਡਰੋਨ ਦੀਦੀ ਯੋਜਨਾ ਦਾ ਮਿਸ਼ਨ ਸਾਹਸਿਕ ਹੋਣ ਦੇ ਨਾਲ-ਨਾਲ ਕੇਂਦ੍ਰਿਤ ਵੀ ਹੈ ਜੋ 2024 ਅਤੇ 2026 ਦਰਮਿਆਨ 14,500 ਮਹਿਲਾ ਸਵੈ-ਸਹਾਇਤਾ ਸਮੂਹਾਂ ਨੂੰ ਖੇਤੀਬਾੜੀ ਡਰੋਨ ਅਤੇ ਕਿਸਾਨਾਂ ਲਈ ਡਰੋਨ ਸੇਵਾ ਪ੍ਰਦਾਤਾ ਬਣਨ ਲਈ ਵਿਆਪਕ ਟ੍ਰੇਨਿੰਗ ਪ੍ਰਦਾਨ ਕਰਕੇ ਉਨ੍ਹਾਂ ਨੂੰ ਸਸ਼ਕਤ ਬਣਾ ਰਿਹਾ ਹੈ।

ਪਰ ਇਹ ਸਿਰਫ਼ ਡਰੋਨ ਨਹੀਂ ਹਨ। ਸਰਕਾਰ ਇੱਕ ਸੰਪੂਰਨ ਡਰੋਨ ਪੈਕੇਜ ਪ੍ਰਦਾਨ ਕਰ ਰਹੀ ਹੈ – ਜਿਸ ਵਿੱਚ ਸਪਰੇਅ ਅਸੈਂਬਲੀਆਂ, ਸਮਾਰਟ ਬੈਟਰੀਆਂ, ਤੇਜ਼ ਚਾਰਜਰ, ਪੀਐੱਚ ਮੀਟਰ, ਅਤੇ ਇੱਥੋਂ ਤੱਕ ਕਿ ਐਨੀਮੋਮੀਟਰ ਵਰਗੇ ਮੌਸਮ ਜਾਂਚ ਯੰਤਰਾਂ ਸਮੇਤ ਨਵੀਨਤਮ ਉਪਕਰਣਾਂ ਨਾਲ ਪੂਰੀ ਤਰ੍ਹਾਂ ਭਰਪੂਰ ਹੈ। ਹਰੇਕ ਪੈਕੇਜ ਵਿੱਚ ਇੱਕ ਸਾਲ ਦੀ ਆਨਸਾਈਟ ਵਾਰੰਟੀ, ਵਿਆਪਕ ਬੀਮਾ ਅਤੇ ਦੋ ਸਾਲਾਂ ਦਾ ਰੱਖ-ਰਖਾਅ ਇਕਰਾਰਨਾਮਾ ਸ਼ਾਮਲ ਹੈ।

ਮਿਸ਼ਨ ਦੇ ਹਿੱਸੇ ਵਜੋਂ, ਇੱਕ ਐੱਸਐੱਚਜੀ ਮੈਂਬਰ ਨੂੰ ਇੱਕ ਪ੍ਰਮਾਣਿਤ ਡਰੋਨ ਪਾਇਲਟ ਵਜੋਂ ਟ੍ਰੇਨਿੰਗ ਦਿੱਤੀ ਜਾਂਦੀ ਹੈ, ਜਦਕਿ ਦੂਸਰੀ ਨੂੰ ਡਰੋਨ ਸਹਾਇਕ ਵਜੋਂ ਟ੍ਰੇਨਿੰਗ ਦਿੱਤੀ ਜਾਂਦੀ ਹੈ –ਜੋ ਕਿ ਆਮ ਤੌਰ 'ਤੇ ਤਕਨੀਕੀ ਮੁਰੰਮਤ ਲਈ ਹੁਨਰ ਵਾਲਾ ਕੋਈ ਵਿਅਕਤੀ ਹੁੰਦਾ ਹੈ। ਇਹ ਪਹੁੰਚ ਨਾ ਸਿਰਫ਼ ਗ੍ਰਾਮੀਣ ਮਹਿਲਾਵਾਂ ਲਈ ਇੱਕ ਟਿਕਾਊ ਵਪਾਰਕ ਮੌਕਾ ਪੈਦਾ ਕਰਦੀ ਹੈ ਸਗੋਂ ਇਹ ਵੀ ਯਕੀਨੀ ਬਣਾਉਂਦੀ ਹੈ ਕਿ ਇਹ ਭਾਈਚਾਰਾ ਉੱਨਤ ਟੈਕਨੋਲੋਜੀ ਨੂੰ ਸੰਭਾਲਣ ਅਤੇ ਰੱਖ-ਰਖਾਅ ਵਿੱਚ ਆਤਮ-ਨਿਰਭਰਤਾ ਬਣਾਈ ਰੱਖਣ।

ਇਸ ਯੋਜਨਾ ਦੇ ਖੇਤੀਬਾੜੀ ਪ੍ਰਭਾਵ ਮਹੱਤਵਪੂਰਨ ਹਨ। ਸਟੀਕ ਸਪਰੇਅ ਸਮਰੱਥਾਵਾਂ ਨਾਲ ਲੈਸ ਡਰੋਨ, ਇੱਕ ਦਿਨ ਵਿੱਚ 20 ਏਕੜ ਨੂੰ ਕਵਰ ਕਰ ਸਕਦੇ ਹਨ। ਇਹ ਆਮ ਤੌਰ 'ਤੇ ਖਾਦ ਅਤੇ ਕੀਟਨਾਸ਼ਕਾਂ ਦੇ ਉਪਯੋਗਾਂ ਨਾਲ ਜੁੜੇ ਸਮੇਂ, ਲਾਗਤ ਅਤੇ ਮਜ਼ਦੂਰੀ ਨੂੰ ਬਹੁਤ ਘਟਾਉਂਦਾ ਹੈ। ਕਿਸਾਨ, ਖਾਸ ਕਰਕੇ ਛੋਟੇ ਮਾਲਕ, ਐੱਸਐੱਚਜੀ ਰਾਹੀਂ ਡਰੋਨ ਸੇਵਾਵਾਂ ਕਿਰਾਏ ਤੇ ਲੈਣ ਤੋਂ ਬਹੁਤ ਲਾਭ ਉਠਾਉਂਦੇ ਹਨ – ਜੋ ਈਕੋਸਿਸਟਮ ਨੂੰ ਆਪਸੀ ਤੌਰ 'ਤੇ ਲਾਭਦਾਇਕ ਬਣਾਉਂਦੇ ਹਨ।

ਪਰ ਇਸ ਦਾ ਪ੍ਰਭਾਵ ਕੇਵਲ ਖੇਤੀਬਾੜੀ 'ਤੇ ਨਹੀਂ ਰੁਕਦਾ। ਇਸ ਵਿੱਚ ਕਦੇ ਘਰੇਲੂ ਕੰਮਾਂ ਜਾਂ ਖੇਤ ਮਜ਼ਦੂਰੀ ਵਿੱਚ ਸਿਰਫ਼ ਯੋਗਦਾਨ ਪਾਉਣ ਵਾਲੀਆਂ ਮਹਿਲਾਵਾਂ ਨੂੰ ਹੁਣ ਉੱਚ-ਤਕਨੀਕੀ ਉਪਕਰਣਾਂ ਨੂੰ ਸੰਭਾਲਣ ਲਈ ਟ੍ਰੇਨਿੰਗ ਦਿੱਤੀ ਜਾ ਰਹੀ ਹੈ, ਜਿਸ ਨਾਲ ਉਹ ਭਾਰਤ ਦੀ ਤਕਨੀਕੀ ਕ੍ਰਾਂਤੀ ਵਿੱਚ ਪ੍ਰਤੱਖ ਭਾਗੀਦਾਰ ਬਣ ਰਹੀਆਂ ਹਨ। ਖੇਤਾਂ ਤੋਂ ਫਿਲਮਾਂ ਤੱਕ ਵੇਵਜ਼ ਸੀਆਈਸੀ ਡਰੋਨ ਦੀਦੀ ਨੂੰ ਇੱਕ ਰਾਸ਼ਟਰੀ ਮੰਚ ਪ੍ਰਦਾਨ ਕਰਦਾ ਹੈ।

ਨਮੋ ਡਰੋਨ ਦੀਦੀ ਪਹਿਲਕਦਮੀ ਨੂੰ ਪੂਰਾ ਕਰਨ ਅਤੇ ਉਨ੍ਹਾਂ ਦੀਆਂ ਕਹਾਣੀਆਂ ਨੂੰ ਸਾਹਮਣੇ ਲਿਆਉਣ ਲਈ, ਪ੍ਰਸਾਰਣ ਇੰਜੀਨੀਅਰਿੰਗ ਕੰਸਲਟੈਂਟਸ ਇੰਡੀਆ ਲਿਮਟਿਡ (ਬੀਈਸੀਆਈਐੱਲ) ਦੁਆਰਾ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਸਹਿਯੋਗ ਨਾਲ, ਇੰਡੀਆ: ਏ ਬਰਡਜ਼ ਆਈ ਵਿਊ, ਮੁਕਾਬਲਾ ਸ਼ੁਰੂ ਕੀਤਾ ਗਿਆ ਸੀ। ਇਸ ਚੁਣੌਤੀ ਨੇ ਡਰੋਨ ਉਤਸ਼ਾਹੀਆਂ ਅਤੇ ਫਿਲਮ ਨਿਰਮਾਤਾਵਾਂ ਨੂੰ ਛੋਟੇ ਏਰੀਅਲ ਵੀਡੀਓ ਜਮ੍ਹਾਂ ਕਰਨ ਲਈ ਸੱਦਾ ਦਿੱਤਾ ਸੀ ਜੋ ਅਸਮਾਨ ਤੋਂ ਭਾਰਤ ਦੀ ਵਿਭਿੰਨਤਾ ਅਤੇ ਨਵੀਨਤਾ ਨੂੰ ਕੈਪਚਰ ਕਰਦੇ ਹਨ। ਐਂਟਰੀਆਂ ਦੋ ਸ਼੍ਰੇਣੀਆਂ ਦੇ ਅਧੀਨ ਮੰਗੀਆਂ ਗਈਆਂ ਸਨ: ਓਪਨ ਸ਼੍ਰੇਣੀ, ਅਤੇ ਇੱਕ ਸਮਰਪਿਤ ਡਰੋਨ ਦੀਦੀ ਸ਼੍ਰੇਣੀ। ਸਤੰਬਰ 2024 ਵਿੱਚ ਚੁਣੌਤੀ ਸ਼ੁਰੂ ਹੋਣ ਤੋਂ ਬਾਅਦ ਬੀਈਸੀਆਈਐੱਲ ਨੂੰ 1000 ਤੋਂ ਵੱਧ ਐਂਟਰੀਆਂ ਪ੍ਰਾਪਤ ਹੋਈਆਂ ਹਨ। ਬੀਈਸੀਆਈਐੱਲ ਦੇ ਇੱਕ ਸੀਨੀਅਰ ਅਧਿਕਾਰੀ ਨੇ ਕਿਹਾ ਕਿ ਨਮੋ ਡਰੋਨ ਦੀਦੀ ਯੋਜਨਾ ਦੇ ਲਾਭਪਾਤਰੀਆਂ ਦੀਆਂ ਐਂਟਰੀਆਂ ਸਿਰਫ਼ ਸੁੰਦਰ ਲੈਂਡਸਕੇਪਾਂ ਨੂੰ ਪ੍ਰਦਰਸ਼ਿਤ ਕਰਨ ਤੋਂ ਕਿਤੇ ਜ਼ਿਆਦਾ ਸਨ। ਉਨ੍ਹਾਂ ਨੇ ਤਬਦੀਲੀ, ਸਸ਼ਕਤੀਕਰਣ ਅਤੇ ਗ੍ਰਾਮੀਣ ਮਹਿਲਾਵਾਂ ਦੁਆਰਾ ਟੈਕਨੋਲੋਜੀ ਰਾਹੀਂ ਆਪਣੇ ਬਿਰਤਾਂਤਾਂ ਨੂੰ ਮੁੜ ਸਿਰਜਣ ਦੀਆਂ ਕਹਾਣੀਆਂ ਦੱਸੀਆਂ।

ਡਰੋਨ ਦੀਦੀ ਸ਼੍ਰੇਣੀ ਦੇ ਅਧੀਨ ਵਿਸ਼ੇ ਭਾਰਤ ਦੀ ਸਮ੍ਰਿੱਧ ਸੱਭਿਆਚਾਰਕ ਵਿਰਾਸਤ ਅਤੇ ਟੈਕਨੋਲੋਜੀਕਲ ਇਨੋਵੇਸ਼ਨਸ ਦੇ ਦਸਤਾਵੇਜ਼ੀਕਰਨ ਤੋਂ ਲੈ ਕੇ ਡਰੋਨ ਦੀ ਵਰਤੋਂ ਕਰਕੇ ਸਟੀਕ ਖੇਤੀਬਾੜੀ ਕਾਰਜਾਂ ਅਤੇ ਬਿਹਤਰ ਜੀਵਨ-ਜਾਂਚ ਤੇ ਕੇਸ ਅਧਿਐਨ ਤੱਕ ਸਨ।

ਮੁਕਾਬਲੇ ਨਾਲ ਜੁੜੇ ਇੱਕ ਜਿਊਰੀ ਮੈਂਬਰ ਨੇ ਕਿਹਾ, ਇਨ੍ਹਾਂ ਮਹਿਲਾਵਾਂ ਦੁਆਰਾ ਕੈਦ ਕੀਤੀਆਂ ਗਈਆਂ ਕਹਾਣੀਆਂ ਸਿਰਫ਼ ਸਿਨੇਮੈਟਿਕ ਨਹੀਂ, ਸਗੋਂ ਇਹ ਪ੍ਰਤੀਕਾਤਮਕ ਹਨ। ਹਰੇਕ ਫਰੇਮ ਹਾਸ਼ੀਏ 'ਤੇ ਜਾਣ ਤੋਂ ਆਧੁਨਿਕੀਕਰਨ ਤੱਕ ਦੀ ਯਾਤਰਾ ਨੂੰ ਦਰਸਾਉਂਦਾ ਹੈ। ਰੋਮਾਂਚਕ ਨਕਦ ਇਨਾਮਾਂ (ਜੇਤੂ ਲਈ_ 1,00,000, ਉਪ ਜੇਤੂ ਲਈ_ 75,000, ਆਦਿ), ਡਿਜੀਟਲ ਸਰਟੀਫਿਕੇਟ, ਅਤੇ ਮੁੰਬਈ ਵਿੱਚ ਵੇਵਜ਼ 2025 ਵਿੱਚ ਪ੍ਰਦਰਸ਼ਨ ਕਰਨ ਦੇ ਵੱਕਾਰੀ ਮੌਕੇ ਦੇ ਨਾਲ, ਇਸ ਮੁਕਾਬਲੇ ਵਿੱਚ ਬਹੁਤ ਕੁਝ ਦਾਅ 'ਤੇ ਲੱਗਿਆ ਹੋਇਆ ਹੈ ਅਤੇ ਇਹ ਇੱਕ ਪ੍ਰੇਰਣਾ ਵੀ ਹੈ। ਚੋਟੀ ਦੀਆਂ ਪੰਜ ਐਂਟਰੀਆਂ ਵੇਵਜ਼ ਵਿਖੇ ਸਰਬੋਤਮ ਸਿਰਜਣਹਾਰ ਦੇ ਸਿਰਲੇਖ ਲਈ ਮੁਕਾਬਲਾ ਕਰਦੇ ਹੋਏ, ਇੱਕ ਵਿਸ਼ੇਸ਼ ਲਾਈਵ ਡਰੋਨ ਕਵਰੇਜ ਮੁਕਾਬਲੇ ਵਿੱਚ ਵੀ ਹਿੱਸਾ ਲੈਣਗੀਆਂ।

ਵੇਵਜ਼ ਸੀਆਈਸੀ ਵਰਗੇ ਪਲੈਟਫਾਰਮਾਂ ਨਾਲ ਨਮੋ ਡਰੋਨ ਦੀਦੀ ਯੋਜਨਾ ਦਾ ਸੰਯੋਜਨ ਨੀਤੀਗਤ ਕਨਵਰਜੈਂਸ ਤੋਂ ਕਿਤੇ ਵੱਧ ਹੈ – ਇਹ ਰਵਾਇਤੀ ਤੌਰ 'ਤੇ ਪੁਰਸ਼ਾਂ ਦੇ ਦਬਦਬੇ ਵਾਲੇ ਖੇਤਰਾਂ ਵਿੱਚ ਲੰਬੇ ਸਮੇਂ ਤੋਂ ਚੱਲ ਰਹੀਆਂ ਲਿੰਗ ਰੁਕਾਵਟਾਂ ਨੂੰ ਤੋੜਨ ਲਈ ਇੱਕ ਜਾਣਬੁੱਝ ਕੇ ਮਾਰਿਆ ਗਿਆ ਹੁਲਾਰਾ ਹੈ।

ਖਾਸ ਕਰਕੇ ਗ੍ਰਾਮੀਣ ਅਤੇ ਅਰਧ-ਸ਼ਹਿਰੀ ਖੇਤਰਾਂ ਵਿੱਚ ਮਹਿਲਾਵਾਂ ਦੇ ਹੱਥਾਂ ਵਿੱਚ ਉੱਚ-ਤਕਨੀਕੀ ਸੰਦ ਦੇ ਕੇ, ਭਾਰਤ ਨਵੇਂ-ਯੁੱਗ ਦੇ ਕਰੀਅਰ ਮਾਰਗਾਂ ਲਈ ਦਰਵਾਜ਼ੇ ਖੋਲ੍ਹੇ ਜਾ ਰਹੇ ਹਨ, ਜਿਨ੍ਹਾਂ ਵਿੱਚ ਡਰੋਨ ਸੰਚਾਲਨ, ਖੇਤੀਬਾੜੀ ਤਕਨੀਕੀ ਸੇਵਾਵਾਂ, ਹਵਾਈ ਮੈਪਿੰਗ, ਅਤੇ ਹੋਰ ਬਹੁਤ ਕੁਝ ਸ਼ਾਮਲ ਹੈ। ਇਹ ਇੱਕ ਪ੍ਰਣਾਲੀਗਤ ਤਬਦੀਲੀ ਹੈ ਜੋ ਨਾ ਸਿਰਫ਼ ਗ੍ਰਾਮੀਣ ਅਰਥਵਿਵਸਥਾਵਾਂ ਨੂੰ ਬਿਹਤਰ ਬਣਾਉਂਦੀ ਹੈ ਸਗੋਂ ਤਕਨੀਕੀ ਵਾਤਾਵਰਣ ਪ੍ਰਣਾਲੀ ਵਿੱਚ ਲਿੰਗ ਸਮਾਨਤਾ ਨੂੰ ਵੀ ਬਿਹਤਰ ਬਣਾਉਂਦੀ ਹੈ। ਇਹ ਮਹਿਲਾਵਾਂ ਹੁਣ ਸਿਰਫ਼ ਸਹਾਇਤਾ ਦੀਆਂ ਨਿਸ਼ਕਿਰਿਆ ਪ੍ਰਾਪਤਕਰਤਾ ਨਹੀਂ ਰਹੀਆਂ – ਉਹ ਉੱਦਮੀ, ਸੇਵਾ ਪ੍ਰਦਾਤਾ, ਅਤੇ ਹੁਣ, ਕਹਾਣੀਕਾਰ ਬਣ ਰਹੀਆਂ ਹਨ।

**ਅੱਗੇ ਦਾ ਮਾਰਗ**

ਵੇਵਜ਼ ਵਿਖੇ, ਇੰਡੀਆ ਏ ਬਰਡਜ਼ ਆਈ ਵਿਊ ਚੈਲੇਂਜ ਸ਼ਾਨਦਾਰ ਏਰੀਅਲ ਸਿਨੇਮੈਟੋਗ੍ਰਾਫੀ ਲਿਆਏਗਾ, ਜੋ ਇਨ੍ਹਾਂ ਮੋਹਰੀ ਮਹਿਲਾ ਡਰੋਨ ਆਪਰੇਟਰਾਂ ਦੁਆਰਾ ਕੈਦ ਕੀਤੀ ਗਈ ਹੈ। ਉਨ੍ਹਾਂ ਦੀ ਫੁਟੇਜ ਨਾ ਸਿਰਫ਼ ਭਾਰਤ ਦੇ ਵਿਭਿੰਨ ਦ੍ਰਿਸ਼ਾਂ ਨੂੰ ਦਰਸਾਏਗੀ ਸਗੋਂ ਉਨ੍ਹਾਂ ਦੇ ਹੁਨਰ ਅਤੇ ਖੇਤੀਬਾੜੀ ਅਤੇ ਇਸ ਤੋਂ ਬਾਹਰ ਡਰੋਨ ਏਕੀਕਰਣ ਦੇ ਡੂੰਘੇ ਪ੍ਰਭਾਵ ਨੂੰ ਵੀ ਉਜਾਗਰ ਕਰੇਗੀ। ਇਹ ਚੁਣੌਤੀ ਇੱਕ ਇਤਿਹਾਸਕ ਪਲ ਦੀ ਨਿਸ਼ਾਨਦੇਹੀ ਕਰਦੀ ਹੈ ਜਿੱਥੇ ਟੈਕਨੋਲੋਜੀ ਵਿਸ਼ਵ ਪੱਧਰ 'ਤੇ ਸਸ਼ਕਤੀਕਰਣ ਦੀ ਸ਼ਰਤ ਨੂੰ ਪੂਰਾ ਕਰਦੀ ਹੈ, ਜੋ ਇਹ ਯਕੀਨੀ ਬਣਾਉਂਦੀ ਹੈ ਕਿ ਭਾਰਤ ਦੀਆਂ ਡਰੋਨ ਦੀਦੀਆਂ ਦੀ ਆਵਾਜ਼, ਪ੍ਰਤਿਭਾ ਅਤੇ ਇਨੋਵੇਸ਼ਨ ਦੁਨੀਆਂ ਭਰ ਵਿੱਚ ਗੂੰਜ ਰਹੀ ਹੈ। ਇਸ ਯੋਜਨਾ ਅਤੇ ਇਸ ਦੇ ਵਿਲੱਖਣ ਮਿਸ਼ਨ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਧਿਆਨ ਵੀ ਖਿੱਚਿਆ ਹੈ ਜਿਨ੍ਹਾਂ ਨੇ ਨਮੋ ਡਰੋਨ ਦੀਦੀਆਂ ਦੀ ਇਨੋਵੇਸ਼ਨ, ਅਨੁਕੂਲਤਾ ਅਤੇ ਆਤਮ-ਨਿਰਭਰਤਾ ਲਈ ਪ੍ਰਸ਼ੰਸਾ ਕੀਤੀ ਸੀ। ਪ੍ਰਧਾਨ ਮੰਤਰੀ ਨੇ ਮਾਰਚ 2024 ਵਿੱਚ ਐਕਸ 'ਤੇ ਪੋਸਟ ਕੀਤਾ ਸੀ, ਨਮੋ ਡਰੋਨ ਦੀਦੀਆਂ ਇਨੋਵੇਸ਼ਨ, ਅਨੁਕੂਲਤਾ ਅਤੇ ਆਤਮ-ਨਿਰਭਰਤਾ ਦੀਆਂ ਚੈਂਪੀਅਨ ਹਨ। ਸਾਡੀ ਸਰਕਾਰ ਮਹਿਲਾ ਸਸ਼ਕਤੀਕਰਣ ਨੂੰ ਅੱਗੇ ਵਧਾਉਣ ਲਈ ਡਰੋਨ ਦੀ ਸ਼ਕਤੀ ਦਾ ਲਾਭ ਲੈ ਰਹੀ ਹੈ। ਜਿਵੇਂ-ਜਿਵੇਂ ਸੰਮੇਲਨ ਨੇੜੇ ਆ ਰਿਹਾ ਹੈ ਅਤੇ ਡਰੋਨ ਦੀਦੀਆਂ ਉੱਚੀ ਉਡਾਣ ਭਰ ਰਹੀਆਂ ਹਨ, ਜਿਸ ਤੋਂ ਇਹ ਸਪੱਸ਼ਟ ਹੈ ਕਿ ਇਹ ਪਹਿਲਕਦਮੀਆਂ ਸਿਰਫ਼ ਕੇਵਲ ਸਰਕਾਰੀ ਯੋਜਨਾ ਨਹੀਂ ਹਨ, ਸਗੋਂ ਇੱਕ ਮਜ਼ਬੂਤ, ਵਧੇਰੇ ਸਮਾਵੇਸ਼ੀ ਭਵਿੱਖ ਲਈ ਨੀਂਹ ਪੱਥਰ ਹਨ। ਨਿਰੰਤਰ ਸਹਾਇਤਾ, ਸਖ਼ਤ ਟ੍ਰੇਨਿੰਗ, ਡਿਜੀਟਲ ਪ੍ਰਦਰਸ਼ਨਾਂ ਅਤੇ ਸੀਸੀਸੀ ਵਰਗੇ ਰਚਨਾਤਮਕ ਮੰਚਾਂ ਦੇ ਨਾਲ, ਭਾਰਤ ਇੱਕ ਸ਼ਕਤੀਸ਼ਾਲੀ ਸੰਦੇਸ਼ ਦੇ ਰਿਹਾ ਹੈ, ਕਿ ਟੈਕਨੋਲੋਜੀ ਸਸ਼ਕਤੀਕਰਣ ਦਾ ਇੱਕ ਸਾਧਨ ਹੋਣੀ ਚਾਹੀਦੀ ਹੈ, ਨਾ ਕਿ ਵੱਖ ਕਰਨ ਦਾ। ਅਤੇ ਜਦੋਂ ਸਸ਼ਕਤੀਕਰਣ ਦੀ ਗੱਲ ਆਉਂਦੀ ਹੈ, ਤਾਂ ਡਰੋਨ ਨਾਲ ਲੈਸ ਗ੍ਰਾਮੀਣ ਮਹਿਲਾਵਾਂ ਸਾਬਤ ਕਰ ਰਹੀਆਂ ਹਨ ਕਿ ਅਸਮਾਨ ਦੀ ਹੁਣ ਕੋਈ ਸੀਮਾ ਨਹੀਂ ਰਹੀ।

# ਪੰਜਾਬ 550 ਨਵੇਂ ਬੈੱਡ ਅਤੇ ਵਾਧੂ ਓਟ ਕੇਂਦਰਾਂ ਨਾਲ ਨਸ਼ਾ ਛੁਡਾਊ ਸਮਰੱਥਾ ਨੂੰ ਵਧਾਏਗਾ : ਡਾ. ਬਲਬੀਰ ਸਿੰਘ



ਲੁਧਿਆਣਾ,19 ਅਪ੍ਰੈਲ (ਵਿਸ਼ਾਲ ਸ਼ਰਮਾ) ਨਸ਼ੇ ਦੀ ਲਤ ਨੂੰ ਖਤਮ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਹਿੱਸੇ ਵਜੋਂ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਸ਼ਨੀਵਾਰ ਨੂੰ ਨਸ਼ਾ ਛੁਡਾਊ ਬੁਨਿਆਦੀ ਢਾਂਚੇ ਦੇ ਮਹੱਤਵਪੂਰਨ ਵਿਸਥਾਰ ਦਾ ਐਲਾਨ ਕੀਤਾ, ਜਿਸ ਵਿੱਚ 550 ਨਵੇਂ ਬੈਡ ਅਤੇ ਵਾਧੂ ਆਊਟ-ਪੇਸ਼ੈਂਟ ਓਪੀਓਇਡ ਅਸਿਸਟਡ ਟਰੀਟਮੈਂਟ (ਓਟ) ਕੇਂਦਰਾਂ ਦੀ ਸਥਾਪਨਾ ਸ਼ਾਮਲ ਹੈ।

ਵਿਧਾਇਕ ਮਦਨ ਲਾਲ ਬੱਗਾ ਅਤੇ ਦਲਜੀਤ ਸਿੰਘ ਭੋਲਾ ਗਰੇਵਾਲ, ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, ਐਸ.ਐਸ.ਪੀ ਡਾ. ਜੋਤੀ ਯਾਦਵ ਬੈਂਸ ਅਤੇ ਡਾ. ਅੰਕੁਰ ਗੁਪਤਾ ਦੇ ਨਾਲ ਨਸ਼ਾ ਵਿਰੋਧੀ ਮੁਹਿੰਮ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਬਹੁ-ਪੱਖੀ ਰਣਨੀਤੀ ਦੀ ਰੂਪ-ਰੇਖਾ ਦਿੱਤੀ। ਇਸ ਵਿੱਚ ਮੌਜੂਦਾ ਸਹੂਲਤਾਂ ਨੂੰ ਅਪਗ੍ਰੇਡ ਕਰਨਾ, ਨਵੇਂ ਓਟ ਕੇਂਦਰ ਖੋਲ੍ਹਣਾ ਅਤੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਨੂੰ ਨਸ਼ੇੜੀਆਂ ਲਈ ਹਮਦਰਦੀ ਭਰੇ ਇਲਾਜ ਨਾਲ ਜੋੜਨਾ ਸ਼ਾਮਲ ਹੈ। ਡਾ.ਸਿੰਘ ਨੇ ਵਿਸਥਾਰ ਵਿੱਚ ਦੱਸਿਆ ਕਿ ਪੰਜਾਬ ਵਿੱਚ ਇਸ ਵੇਲੇ ਨਸ਼ਾ ਛੁਡਾਊ ਕੇਂਦਰਾਂ ਵਿੱਚ 480 ਬੈਡ ਦੀ ਸਮਰੱਥਾ ਹੈ ਅਤੇ ਸਮਰੱਥਾ ਨੂੰ ਹੋਰ ਮਜ਼ਬੂਤ ਕਰਨ ਲਈ ਨਵੇਂ 550 ਬੈਡ ਜੋੜੇ ਜਾਣਗੇ, ਜਿਸ ਵਿੱਚ ਡੀ.ਐਮ.ਸੀ ਹਸਪਤਾਲ ਵਿੱਚ 100 ਬੈੱਡ, ਸੀ.ਐਮ.ਸੀ ਵਿੱਚ 50, ਆਉਣ ਵਾਲੇ ਸਰਕਾਰੀ ਹੋਮਿਓਪੈਥਿਕ ਮੈਡੀਕਲ ਕਾਲਜ ਵਿੱਚ 100, ਨਰਸਿੰਗ ਕਾਲਜ ਵਿੱਚ 190 ਅਤੇ ਇੱਕ ਨਿੱਜੀ ਮੈਡੀਕਲ ਕਾਲਜ ਵਿੱਚ 200 ਬੈਡ ਸ਼ਾਮਲ ਹਨ। ਇਸ ਦੇ ਨਾਲ ਹੀ ਦੋ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਬੈੱਡ ਵੀ ਸ਼ਾਮਲ ਹਨ। ਨਸ਼ੇੜੀਆਂ ਲਈ ਪਹੁੰਚਯੋਗ, ਉੱਚ-ਗੁਣਵੱਤਾ ਵਾਲੇ ਇਲਾਜ ਨੂੰ ਯਕੀਨੀ ਬਣਾਉਣ ਲਈ ਲੋੜ ਦੇ ਆਧਾਰ 'ਤੇ ਨਵੇਂ ਓਟ ਕੇਂਦਰ ਵੀ ਖੋਲ੍ਹੇ ਜਾਣਗੇ। ਰਿਕਵਰੀ ਨੂੰ ਹੋਰ ਸਹਾਇਤਾ ਕਰਨ ਲਈ ਸਰਕਾਰ ਖੇਤੀਬਾੜੀ ਪਿਛੋਕੜ ਵਾਲੇ ਨਸ਼ੇੜੀਆਂ ਲਈ ਉਦਯੋਗ ਦੀਆਂ ਜ਼ਰੂਰਤਾਂ ਦੇ ਅਨੁਸਾਰ ਹੁਨਰ ਸਿਖਲਾਈ ਅਤੇ ਉੱਚ-ਮੁੱਲ ਵਾਲੀਆਂ ਫਸਲਾਂ ਵਿੱਚ ਖੇਤੀਬਾੜੀ ਸਿਖਲਾਈ ਵੀ ਪ੍ਰਦਾਨ ਕਰੇਗੀ। ਇਹ ਪਹਿਲਕਦਮੀਆਂ ਸਵੈ-ਰੁਜ਼ਗਾਰ ਅਤੇ ਲੰਬੇ ਸਮੇਂ ਦੇ ਪੁਨਰਵਾਸ ਨੂੰ ਉਤਸ਼ਾਹਿਤ ਕਰਨ ਲਈ ਤਿਆਰ ਕੀਤੀਆਂ ਗਈਆਂ ਹਨ ਇਹ ਯਕੀਨੀ ਬਣਾਉਣ ਲਈ ਕਿ ਠੀਕ ਹੋਣ ਵਾਲੇ ਵਿਅਕਤੀ ਉਤਪਾਦਕ ਜੀਵਨ ਜੀ ਸਕਦੇ ਹਨ।

ਡਾ. ਸਿੰਘ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਸਫਲਤਾ 'ਤੇ ਵੀ ਚਾਨਣਾ ਪਾਇਆ ਇਹ ਦੱਸਦੇ ਹੋਏ ਕਿ ਨਸ਼ੀਲੇ ਪਦਾਰਥਾਂ ਦੀ ਸਪਲਾਈ ਨੈੱਟਵਰਕ ਨੂੰ ਕਾਫ਼ੀ ਹੱਦ ਤੱਕ ਤੋੜ ਦਿੱਤਾ ਗਿਆ ਹੈ ਜਿਸਦੇ ਨਾਲ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਗਈ ਹੈ।

# ਭਾਜਪਾ ਲਈ ਲੁਧਿਆਣਾ ਪੱਛਮੀ ਦੀ ਉਪ ਚੋਣ ਜਿੱਤਣਾ ਵਕਾਰ ਦਾ ਸਵਾਲ : ਟਿੱਕਾ



ਲੁਧਿਆਣਾ, 19 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਪੰਜਾਬ ਭਾਜਪਾ ਕਾਰਜਕਾਰਨੀ ਦੇ ਮੈਂਬਰ ਤੇ ਪੰਜਾਬ ਮੀਡੀਅਮ ਉਦਯੋਗ ਵਿਕਾਸ ਬੋਰਡ ਦੇ ਸਾਬਕਾ ਚੇਅਰਮੈਨ ਅਮਰਜੀਤ ਸਿੰਘ ਟਿੱਕਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇੱਕ ਪੱਤਰ ਲਿਖ ਕੇ ਉਨ੍ਹਾਂ ਦੇ ਧਿਆਨ ਲੁਧਿਆਣਾ ਪੱਛਮੀ ਉਪ-ਚੋਣ ਵੱਲ ਦਿਵਾਉਂਦਿਆਂ ਕਿਹਾ ਹੈ ਕਿ ਇਹ ਚੋਣ ਭਾਜਪਾ ਲਈ ਵਕਾਰ ਦਾ ਸਵਾਲ ਹੈ। ਉਨ੍ਹਾਂ ਲਿਖਿਆ ਹੈ ਕਿ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਇਸ ਵਿਧਾਨ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਨੇ ਅਪਣੇ ਵਿਰੋਧੀ ਨੂੰ ਵੱਡੇ ਫਰਕ ਨਾਲ ਹਰਾਇਆ ਸੀ। ਉਨ੍ਹਾਂ ਲਿਖਿਆ ਹੈ ਕਿ ਸਾਰੀਆਂ ਪ੍ਰਮੁੱਖ ਰਾਜਨੀਤਿਕ ਪਾਰਟੀਆਂ ਇਸ ਉਪ-ਚੋਣ ਦੇ ਭਾਰ ਨੂੰ ਸਮਝ ਗਈਆਂ ਹਨ। ਅਰਵਿੰਦ ਕੇਜਰੀਵਾਲ ਸਮੇਤ 'ਆਪ' ਲੀਡਰ ਇਸ ਸਮੇਂ ਲੁਧਿਆਣਾ ਵਿੱਚ ਡੇਰਾ ਲਾ ਕੇ ਮੁਹਿੰਮ ਚਲਾ ਰਹੇ ਹਨ। ਇਸੇ ਤਰ੍ਹਾਂ, ਰਾਜਾ ਵੜਿੰਗ ਅਤੇ ਕਾਂਗਰਸ ਦੇ ਚੋਟੀ ਦੇ ਨੇਤਾ ਅਪਣੀ ਜ਼ਮੀਨੀ ਪੱਧਰ 'ਤੇ ਸਰਗਰਮੀਆਂ ਬੜੇ ਜੋਰਾਂ 'ਤੇ ਚਲਾਉਂਦਿਆਂ ਹੋਇਆਂ ਵਰਕਰਾਂ ਨੂੰ ਲਾਮਬੰਦ ਕਰ ਰਹੇ ਹਨ ਅਤੇ ਵੋਟਰਾਂ ਤੱਕ ਪਹੁੰਚ ਕਰ ਰਹੇ ਹਨ। ਉਨ੍ਹਾਂ ਵੱਲੋਂ ਕੀਤਾ ਜਾ ਰਿਹਾ ਹਾਈ-ਵੋਲਟੇਜ ਪ੍ਰਚਾਰ ਇਸ ਸੀਟ ਨੂੰ ਸੁਰੱਖਿਅਤ ਕਰਨ ਅਤੇ 2027 ਲਈ ਮਨੋਵਿਗਿਆਨਕ ਗਤੀ ਪ੍ਰਾਪਤ ਕਰਨ ਲਈ ਉਨ੍ਹਾਂ ਦੀ ਗੰਭੀਰਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਲਿਖਿਆ ਹੈ ਕਿ ਜ਼ਮੀਨੀ ਪੱਧਰ 'ਤੇ ਭਾਜਪਾ ਦੀ ਮੌਜੂਦਗੀ ਇਸ ਸਮੇਂ ਸੀਮਤ ਹੈ ਜੋ ਕਿ ਚਿੰਤਾ ਦਾ ਕਾਰਣ ਹੈ।

ਉਨ੍ਹਾਂ ਲਿਖਿਆ ਹੈ ਕਿ ਸਾਬਕਾ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ, ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ, ਭਾਜਪਾ ਆਗੂ ਮਨਜਿੰਦਰ ਸਿੰਘ ਸਿਰਸਾ, ਕੌਮੀ ਘੱਟ ਗਿਣਤੀਆਂ ਦੇ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ, ਗਜੇਂਦਰ ਸ਼ੇਖਾਵਤ, ਮਨਪ੍ਰੀਤ ਸਿੰਘ ਬਾਦਲ, ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਅਤੇ ਸ੍ਰੀਮਤੀ ਮੀਨਾਕਸ਼ੀ ਲੇਖੀ ਵਰਗੀਆਂ ਚੋਟੀ ਦੇ ਭਾਜਪਾ ਲੀਡਰਾਂ ਨੂੰ ਨਿਰਦੇਸ਼ ਦੇਵੋ ਕਿ ਉਹ ਲੁਧਿਆਣੇ ਵਿੱਚ ਅਪਣੇ ਕੈਂਪ ਲਗਾ ਕੇ ਦਿਨ ਰਾਤ ਇੱਕ ਕਰਕੇ ਲੋਕਾਂ ਨੂੰ ਭਾਜਪਾ ਦੀਆਂ ਨੀਤੀਆਂ ਅਤੇ ਉਨ੍ਹਾਂ (ਪ੍ਰਧਾਨ ਮੰਤਰੀ ਮੋਦੀ) ਦੁਆਰਾ ਸਿੱਖਾਂ ਅਤੇ ਪੰਜਾਬੀਆਂ ਲਈ ਕੀਤੇ ਕੰਮਾਂ ਬਾਰੇ ਲੋਕਾਂ ਨੂੰ ਦੱਸਿਆ ਜਾਵੇ।

# ਸਰਕਾਰੀ ਪ੍ਰਾਇਮਰੀ ਸਕੂਲ ਖਾਨਪੁਰ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ



ਲੁਧਿਆਣਾ, 19 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਵਿਧਾਇਕ ਜੀਵਨ ਸਿੰਘ ਸੰਗੋਵਾਲ ਨੇ ਸਰਕਾਰੀ ਪ੍ਰਾਇਮਰੀ ਸਕੂਲ ਖਾਨਪੁਰ ਵਿਖੇ ਸਕੂਲ ਦੀ ਨਵੀਂ ਚਾਰਦੀਵਾਰੀ ਅਤੇ ਸਕੂਲ ਵਿੱਚ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਸਕੂਲ ਮੁਖੀ ਦਵਿੰਦਰ ਸਿੰਘ ਵੱਲੋਂ ਆਏ ਪਤਵੰਤੇ ਸੱਜਣਾਂ ਨੂੰ ਜੀ ਆਇਆਂ ਨੂੰ ਕਿਹਾ ਗਿਆ ਅਤੇ ਸਕੂਲ ਦੀਆਂ ਪ੍ਰਾਪਤੀਆਂ ਦੱਸੀਆਂ ਗਈਆਂ। ਵਿਧਾਇਕ ਨੇ ਸਕੂਲ ਵਿੱਚ ਬੱਚਿਆਂ ਦੀ ਪੜ੍ਹਾਈ ਸਬੰਧੀ ਕੀਤੇ ਜਾ ਰਹੇ ਕੰਮਾਂ ਬਾਰੇ ਸਕੂਲ ਸਟਾਫ਼ ਦੀ ਸ਼ਲਾਘਾ ਕੀਤੀ। ਉਹਨਾਂ ਵੱਲੋਂ ਸੁੰਦਰ ਲਿਖਾਈ ਸਬੰਧੀ ਸਕੂਲ ਦੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਬਾਰੇ ਬਹੁਤ ਹੀ ਪ੍ਰਸ਼ੰਸਾ ਕੀਤੀ ਗਈ। ਸਕੂਲ ਦੀ ਇਸ ਪ੍ਰਾਪਤੀ ਪਿੱਛੇ ਸਕੂਲ ਮੁਖੀ ਸ ਦਵਿੰਦਰ ਸਿੰਘ ਦੀ ਪਿੱਠ ਥਾਪੜੀ, ਜੋ ਕਿ ਵਿਦਿਆਰਥੀਆਂ ਅਤੇ ਅਧਿਆਪਕਾਂ ਲਈ ਸੁੰਦਰ ਲਿਖਾਈ ਦੇ ਪ੍ਰੇਰਨਾ ਸ੍ਰੋਤ ਹਨ। ਵੱਖ ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸਕੂਲ ਮੁਖੀ ਦੁਆਰਾ ਅੱਜ ਦੇ ਉਦਘਾਟਨ ਸਮਾਰੋਹ ਨੂੰ ਸਫ਼ਲ ਬਣਾਉਣ ਵਿੱਚ ਸਹਿਯੋਗ ਦੇਣ ਲਈ ਸਭ ਦਾ ਧੰਨਵਾਦ ਕੀਤਾ। ਪੰਚਾਇਤ ਦਾ ਰੋਲ ਵੀ ਸ਼ਲਾਘਾ ਯੋਗ ਰਿਹਾ।

ਇਸ ਮੌਕੇ ਗਿਆਨ ਸਿੰਘ ਕਾਲੜਾ, ਜਸਵਿੰਦਰ ਸਿੰਘ ਜੱਸੀ ਪੀ ਏ, ਮਹੇਸ਼ ਟੰਡਨ, ਆਦਿੱਤਿਆ ਜੈਨ, ਉਪਮਾ ਸ਼ਰਮਾ, ਸਰਬਜੀਤ ਸਿੰਘ, ਸਰਪੰਚ ਸੁਰਿੰਦਰ ਕੌਰ , ਬੂਟਾ ਸਿੰਘ, ਐੱਸ.ਐੱਮ.ਸੀ.ਚੇਅਰਮੈਨ ਬੂਟਾ ਸਿੰਘ ਬੀ.ਪੀ.ਈ.ਓ. ਗੁਰਪ੍ਰੀਤ ਸਿੰਘ ਸੰਧੂ , ਸੀ.ਐੱਚ.ਟੀਜ. ਮਨਜੀਤ ਕੌਰ, ਕੰਵਲਜੀਤ ਕੌਰ ਤੇ ਮਨਜੀਤ ਕੌਰ , ਲਖਬੀਰ ਸਿੰਘ ਖੱਟੜਾ, ਹੈੱਡ ਟੀਚਰ ਪੱਦੀ , ਸਤਵੰਤ ਸਿੰਘ ਅਤੇ ਰਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

# "ਆਦਿ ਗੁਰੂ ਗ੍ਰੰਥ ਸਾਹਿਬ" ਪੁਸਤਕ ਡਾ. ਚੁੱਘ ਨੂੰ ਬਾਵਾ ਵੱਲੋਂ ਭੇਟ



ਲੁਧਿਆਣਾ, 19 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) "ਇਲਾਹੀ ਗਿਆਨ ਦਾ ਸਾਗਰ ਆਦਿ ਗੁਰੂ ਗ੍ਰੰਥ ਸਾਹਿਬ" ਪੁਸਤਕ ਅੱਖਾਂ ਦੇ ਪ੍ਰਸਿੱਧ ਡਾ. ਨਵਜੋਤ ਸਿੰਘ ਚੁੱਘ ਅਤੇ ਡਾ. ਅਨੰਤਜੀਤ ਕੌਰ ਚੁੱਘ ਨੂੰ ਸਤਿਕਾਰ ਸਹਿਤ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ ਨੇ ਭੇਟ ਕੀਤੀ। ਇਸ ਸਮੇਂ ਸ਼੍ਰੀ ਬਾਵਾ ਨੇ ਦੱਸਿਆ ਕਿ ਡਾ. ਚੁੱਘ ਸਿੱਖ ਇਤਿਹਾਸ ਨੂੰ ਪਿਆਰ ਕਰਨ ਵਾਲੇ ਹਨ। ਹਮੇਸ਼ਾ ਲੋੜਵੰਦਾਂ ਦੀ ਸਹਾਇਤਾ ਲਈ ਮੋਹਰੀ ਰੋਲ ਅਦਾ ਕਰਦੇ ਹਨ ਅਤੇ ਸਰੀਰ ਦੇ ਸਭ ਤੋਂ ਨਾਜ਼ੁਕ ਅਤੇ ਵਡਮੁੱਲੇ ਅੰਗ ਅੱਖਾਂ ਦੇ ਵਿਸ਼ਵ ਪ੍ਰਸਿੱਧ ਡਾਕਟਰ ਹੋਣ ਦੇ ਨਾਲ-ਨਾਲ ਹਲੀਮੀ, ਸਹਿਜ, ਸ਼ਾਂਤੀ, ਸਾਦਗੀ, ਸਪੱਸ਼ਟਤਾ ਉਹਨਾਂ ਦੇ ਜੀਵਨ ਦੇ ਗਹਿਣੇ ਹਨ। ਉਹਨਾਂ ਦੀ ਧਰਮਪਤਨੀ ਡਾ. ਅਨੰਤਜੀਤ ਕੌਰ ਚੁੱਘ ਡਾਕਟਰੀ ਪੇਸ਼ੇ ਦੇ ਨਾਲ ਨਾਲ ਸਮਾਜਸੇਵਾ ਅਤੇ ਸਿਆਸੀ ਖੇਤਰ ਵਿੱਚ ਵੀ ਸੱਚੀ-ਸੁੱਚੀ ਪਹਿਚਾਣ ਦੀ ਮਾਲਕਣ ਹੈ। ਡਾ. ਚੁੱਘ ਦਾ ਸਮਾਜ ਵਿੱਚ ਸਤਿਕਾਰਤ ਸਥਾਨ ਹੈ। ਇਸ ਸਮੇਂ ਡਾ. ਚੁੱਘ ਨੇ ਸਿੱਖ ਇਤਿਹਾਸ ਨੂੰ ਦੇਸ ਵਿਦੇਸ ਵਿੱਚ ਲਿਜਾਣ ਦੇ ਉਪਰਾਲੇ ਲਈ ਬਾਵਾ, ਇਤਿਹਾਸਕਾਰ ਅਨੁਰਾਗ ਸਿੰਘ ਅਤੇ ਆਰਟਿਸਟ ਆਰ.ਐਮ ਸਿੰਘ ਦਾ ਵੀ ਵਿਸੇਸ ਧੰਨਵਾਦ ਕੀਤਾ।

# ਮੰਤਰੀ ਮੁੰਡੀਆਂ ਵੱਲੋਂ ਸਿੱਖਿਆ ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰੋਜੈਕਟ ਲੋਕ ਅਰਪਿਤ



ਲੁਧਿਆਣਾ, 19 ਅਪ੍ਰੈਲ (ਵਿਸ਼ਾਲ ਸ਼ਰਮਾ) : ਪੰਜਾਬ ਦੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਹਲਕਾ ਸਾਹਨੇਵਾਲ ਅਧੀਨ ਵੱਖ-ਵੱਖ ਸਰਕਾਰੀ ਸਕੂਲਾਂ ਦੇ ਨਵੀਨੀਕਰਣ ਕਾਰਜਾਂ ਨੂੰ ਮੁਕੰਮਲ ਕਰਵਾ ਕੇ ਰਸਮੀ ਉਦਘਾਟਨ ਕੀਤੇ ਗਏ ਜਿਨ੍ਹਾਂ ਵਿੱਚ ਸਰਕਾਰੀ ਹਾਈ ਸਕੂਲ, ਜਮਾਲਪੁਰ ਅਵਾਣਾ, ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਜਮਾਲਪੁਰ ਅਵਾਣਾ, ਸਰਕਾਰੀ ਪ੍ਰਾਇਮਰੀ ਸਕੂਲ ਭਾਮੀਆਂ ਖੁਰਦ, ਸਰਕਾਰੀ ਹਾਈ ਸਕੂਲ, ਭਾਮੀਆਂ ਕਲਾਂ, ਸਰਕਾਰੀ ਪ੍ਰਾਇਮਰੀ ਸਕੂਲ, ਤਾਜਪੁਰ ਬੇਟ ਸ਼ਾਮਲ ਹਨ। ਕੈਬਨਿਟ ਮੰਤਰੀ ਮੁੰਡੀਆਂ ਵੱਲੋਂ ਵੱਖ-ਵੱਖ ਸਕੂਲੀ ਉਦਘਾਟਨੀ ਸਮਾਗਮਾਂ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਸਕੂਲੀ ਬੁਨਿਆਦੀ ਢਾਂਚੇ ਵਿੱਚ ਜੰਗੀ ਪੱਧਰ 'ਤੇ ਸੁਧਾਰ ਕੀਤੇ ਜਾ ਰਹੇ ਹਨ ਜਿਨ੍ਹਾਂ ਵਿੱਚ ਸਕੂਲਾਂ ਦੀਆਂ ਨਵੀਆਂ ਇਮਾਰਤਾਂ, ਫਰਨੀਚਰ, ਲੈਬ, ਸਕੂਲਾਂ ਦੀ ਚਾਰਦਿਵਾਰੀ, ਪਖਾਨੇ, ਬੱਚਿਆ ਦੇ ਪੀਣ ਲਈ ਸਾਫ ਪਾਣੀ ਦੀ ਵਿਵਸਥਾ, ਸਕੂਲਾਂ ਵਿੱਚ ਲਾਇਬਰੇਰੀਆਂ ਆਦਿ ਸ਼ਾਮਲ ਹਨ। ਉਨ੍ਹਾਂ ਅੱਗੇ ਕਿਹਾ ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਸਿਹਤ ਸੰਸਥਾਵਾਂ ਅਤੇ ਸਿੱਖਿਆ ਸੰਸਥਾਨਾਂ ਵਿੱਚ ਲੋੜੀਂਦੇ ਸਟਾਫ ਦੀ ਭਰਤੀ ਕੀਤੀ ਜਾਵੇਗੀ ਜਿਸ 'ਤੇ ਪਹਿਰਾ ਦਿੰਦਿਆਂ ਕਰੀਬ 12700 ਕੱਚੇ ਅਧਿਆਪਕਾਂ ਨੂੰ ਪੱਕਾ ਕਰਕੇ ਉਨ੍ਹਾਂ ਦੀਆਂ ਤਨਖਾਹਾਂ ਵਿੱਚ ਚਾਰ ਗੁਣਾਂ ਵਾਧਾ ਕੀਤਾ ਹੈ, 20 ਹਜ਼ਾਰ ਤੋਂ ਵੱਧ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ। ਕੈਬਨਿਟ ਮੰਤਰੀ ਮੁੰਡੀਆਂ ਨੇ ਦੱਸਿਆ ਕਿ ਸੂਬੇ ਭਰ ਵਿੱਚ 118 ਸਕੂਲ ਆਫ ਐਮੀਨੈਂਸ ਸਥਾਪਿਤ ਕੀਤੇ ਗਏ ਹਨ ਅਤੇ ਜਲਦ ਹਲਕਾ ਸਾਹਨੇਵਾਲ ਵਿੱਚ ਵੀ 2 ਸਕੂਲ ਆਫ ਐਮੀਨੈਂਸ (ਇੱਕ ਮੁੰਡੀਆਂ ਕਲਾਂ ਅਤੇ ਦੂਸਰਾ ਕੰਡਿਆਣਾ ਵਿਖੇ) ਦੀ ਸ਼ੁਰੂਆਤ ਕੀਤੀ ਜਾਵੇਗੀ।

ਕੈਬਨਿਟ ਮੰਤਰੀ ਮੁੰਡੀਆਂ ਨੇ ਦੱਸਿਆ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਜਿੱਥੇ ਸੈਂਕੜੇ ਖੇਡ ਮੈਦਾਨ ਵਿਕਸਿਤ ਕੀਤੇ ਗਏ ਹਨ ਉੱਥੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਢੀ ਗਈ ਹੈ ਜਿਸਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੀ ਸਪਲਾਈ ਚੇਨ ਤੋੜ ਦਿੱਤੀ ਗਈ ਹੈ, ਨਸ਼ਾ ਤਸਕਰਾਂ ਦੀਆਂ ਕਰੋੜਾਂ ਰੁਪਏ ਦੀਆਂ ਨਾਜਾਇਜ ਜਾਇਦਾਦਾਂ ਨੂੰ ਜ਼ਬਤ ਕੀਤਾ ਗਿਆ ਹੈ, ਉਨ੍ਹਾਂ ਦੀਆਂ ਗੈਰ-ਕਾਨੂੰਨੀ ਉਸਾਰੀਆਂ ਨੂੰ ਢਹਿ-ਢੇਰੀ ਕੀਤਾ ਜਾ ਰਿਹਾ ਜਿਸਦੀ ਸਥਾਨਕ ਲੋਕਾਂ ਵੱਲੋਂ ਵੀ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।

# ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ



ਲੁਧਿਆਣਾ, 19 ਅਪ੍ਰੈਲ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਵਿਖੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦੁਰ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਮਨਾਇਆ ਗਿਆ। ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਬੀਬੀਆਂ ਦੇ ਜਥੇ ਨੇ ਗੁਰਬਾਣੀ ਦੇ ਰਸ-ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਡਾ: ਅੰਮ੍ਰਿਤਪਾਲ ਸਿੰਘ ਚੇਅਰਮੈਨ ਜੀ ਕੇ. ਇਸਟੇਟ ਨੇ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ। ਸਮਾਗਮ ਵਿੱਚ ਸਤਿੰਦਰਪਾਲ ਸਿੰਘ ਤਾਜਪੁਰੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਸ੍ਰ: ਭੁਪਿੰਦਰ ਸਿੰਘ, ਹਰਵਿੰਦਰ ਸਿੰਘ, ਰਜਿੰਦਰ ਸਿੰਘ, ਪਰਵੇਸ਼ ਕਪੂਰ, ਕਮਲਜੀਤ ਸਿੰਘ, ਤਰਲੋਚਨ ਸਿੰਘ, ਪਰਮਿੰਦਰ ਕੌਰ, ਨਿਰਮਲਜੀਤ ਕੌਰ, ਰਾਣੀ ਭੈਂਣ ਜੀ, ਕੇਵਲ ਮਹਿਤਾ ਹਾਜ਼ਰ ਸਨ। ਸਮਾਪਤੀ ਉਪਰੰਤ ਛੋਲੇ ਕੁਲਚੇ ਅਤੇ ਆਈਸ ਕ੍ਰੀਮ ਦੇ ਅਤੁੱਟ ਲੰਗਰ ਵਰਤਾਏ ਗਏ।

# ਵਿਧਾਇਕਾ ਛੀਨਾ ਨੇ ਵਿਕਾਸ ਕਾਰਜ ਲੋਕ ਅਰਪਿਤ ਕੀਤੇ



ਲੁਧਿਆਣਾ, 19 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵਲੋਂ ਸ਼ੁਰੂ ਕੀਤੇ ਪੰਜਾਬ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਤਹਿਤ ਵਿਧਾਇਕਾ ਰਜਿੰਦਰਪਾਲ ਕੌਰ ਛੀਨਾ ਨੇ ਪ੍ਰਿੰਸੀਪਲ ਸ੍ਰੀਮਤੀ ਹਰਦੀਪ ਕੌਰ ਦੀ ਅਗਵਾਈ ਹੇਠ ਸਕੂਲ ਆਫ ਐਮੀਨੈਂਸ ਮਿਲਰਗੰਜ ਵਿਚ ਪਿਛਲੇ ਤਿੰਨ ਸਾਲਾਂ ਦੌਰਾਨ ਕੀਤੇ ਵੱਖ ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕਰਦਿਆਂ ਲੋਕ ਅਰਪਿਤ ਕੀਤੇ ਅਤੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਅਤੇ ਸਿਹਤ ਢਾਂਚੇ ਦੀ ਕਾਇਆ ਕਲਪ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਪੰਜਾਬ ਦੀ ਨੁਹਾਰ ਬਦਲਣ ਲਈ ਪੰਜਾਬ ਸਰਕਾਰ ਹਰ ਸੰਭਵ ਯਤਨ ਜੁਟਾ ਰਹੀ ਹੈ। ਇਸ ਮੌਕੇ ਵਿਧਾਇਕਾ ਛੀਨਾ ਵਲੋਂ ਸਰਕਾਰੀ ਪ੍ਰਾਇਮਰੀ ਸਕੂਲ ਢੋਲੇਵਾਲ ਵਿਚ ਕਰਵਾਏ ਕਾਰਜਾਂ ਦੀ ਵੀ ਘੁੰਡ ਚੁਕਾਈ ਕੀਤੀ ਗਈ । ਇਸ ਮੌਕੇ ਕਰਵਾਏ ਗਏ ਸਮਾਗਮ ਵਿਚ ਹਰਪ੍ਰੀਤ ਸਿੰਘ ਛੀਨਾ ਜੋ ਵਿਧਾਇਕਾ ਛੀਨਾ ਦੇ ਪਤੀ ਹਨ, ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਪ੍ਰਿੰਸੀਪਲ ਹਰਦੀਪ ਕੌਰ ਨੇ ਸਕੂਲ ਆਫ ਐਮੀਨੈਂਸ ਮਿਲਰਗੰਜ ਜਦ ਮੁੱਖ ਅਧਿਆਪਕਾ ਹਰਪ੍ਰੀਤ ਕੌਰ ਨੇ ਸਰਕਾਰੀ ਪ੍ਰਾਇਮਰੀ ਸਕੂਲ ਢੋਲੇਵਾਲ ਦੀ ਸਲਾਨਾ ਪ੍ਰਗਤੀ ਰਿਪੋਰਟ ਪੜ੍ਹੀ ਅਤੇ ਵਿਕਾਸ ਕਾਰਜਾਂ ਲਈ ਵੱਖ ਵੱਖ ਸਮੇਂ 'ਤੇ ਦਿੱਤੀਆਂ ਗ੍ਰਾਂਟਾਂ ਲਈ ਹਲਕਾ ਵਿਧਾਇਕਾ ਛੀਨਾ ਦਾ ਧੰਨਵਾਦ ਕੀਤਾ। ਇਸ ਮੌਕੇ ਆਮ ਆਦਮੀ ਪਾਰਟੀ ਦੀ ਵਿਧਾਨ ਸਭਾ ਦੱਖਣੀ ਦੀ ਸਮੁੱਚੀ ਟੀਮ, ਦੋਵਾਂ ਸਕੂਲਾਂ ਦਾ ਸਮੂਹ ਸਟਾਫ, ਵਿਦਿਆਰਥੀਆਂ ਦੇ ਮਾਪੇ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

# ਅੱਖਾਂ ਦੇ 104 ਅਤੇ ਦੰਦਾਂ ਦੇ 50 ਮਰੀਜ਼ਾਂ ਨੇ ਕੈਂਪ ਦਾ ਲਾਹਾ ਲਿਆ



ਲੁਧਿਆਣਾ, 19 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਬਾਬਾ ਵਿਸ਼ਵਕਰਮਾ ਨਿਸ਼ਕਾਮ ਸੇਵਾ ਟਰੱਸਟ ਅਤੇ ਬੀਬੀ ਭਾਨੀ ਸੁਲੱਖਣੀ ਸਾਹਿਬ ਸੇਵਾ ਸੋਸਾਇਟੀ ਵੱਲੋਂ ਬਾਬਾ ਵਿਸ਼ਵਕਰਮਾ ਭਵਨ ਸ਼ਿਮਲਾਪੁਰੀ ਵਿਖੇ ਅੱਖਾਂ ਦਾ 65ਵਾਂ ਅਤੇ ਦੰਦਾਂ ਦਾ ਪਹਿਲਾ ਮੁਫਤ ਕੈਂਪ ਲਗਾਇਆ ਗਿਆ। ਬਲਵੀਰ ਸਿੰਘ ਕਲਸੀ ਦੀ ਦੇਖ ਰੇਖ ਹੇਠ ਲੱਗੇ ਇਸ ਕੈਂਪ ਸਬੰਧੀ ਗੁਰਮੀਤ ਸਿੰਘ ਚਾਨੇ ਅਤੇ ਡਾ ਓਂਕਾਰ ਚੰਦ ਸ਼ਰਮਾ ਨੇ ਦੱਸਿਆ ਕਿ ਅੱਖਾਂ ਦੇ ਕੈਂਪ ਵਿੱਚ 104 ਮਰੀਜ਼ਾਂ ਨੇ ਅੱਖਾਂ ਚੈੱਕ ਕਰਾਈਆਂ ਜਿਹਨਾਂ ਵਿੱਚੋਂ 27 ਨੂੰ ਆਪਰੇਸ਼ਨ ਕਰਵਾਉਣ ਦੀ ਸਲਾਹ ਦਿੱਤੀ ਗਈ ਕਿਓਂਕਿ ਉਹਨਾਂ ਦੀਆਂ ਅੱਖਾਂ ਵਿੱਚ ਚਿੱਟਾ ਮੋਤੀਆ ਸੀ। ਦੰਦਾਂ ਦੇ ਲਗਭਗ 50 ਮਰੀਜ਼ਾਂ ਨੇ ਆਪਣੇ ਦੰਦ ਚੈੱਕ ਕਰਵਾਏ। ਇਸ ਮੌਕੇ ਸਾਬਕਾ ਕੌਂਸਲਰ ਕੁਲਦੀਪ ਸਿੰਘ ਬਿੱਟਾ, ਰਜਿੰਦਰ ਸਿੰਘ ਬੇਦੀ, ਹਰਦੇਵ ਸਿੰਘ ਬਿੱਟੂ, ਗੁਰਚਰਨ ਸਿੰਘ ਕਲਸੀ, ਡਾਕਟਰ ਜਸਵੰਤ ਸਿੰਘ ਗੁਲਾਟੀ, ਮੋਹਣ ਸਿੰਘ, ਡਾਕਟਰ ਰਮਿੰਦਰ ਕੌਰ, ਕੈਂਪ ਇੰਚਾਰਜ ਹਰਕੋਮਲਜੀਤ ਸਿੰਘ, ਸਤਵੰਤ ਸਿੰਘ ਮਯੂਰੀ ਅਤੇ ਅਰਪਿਤਾ ਆਦਿ ਨੇ ਕੈਂਪ ਦੌਰਾਨ ਆਪੋ ਆਪਣੀਆਂ ਸੇਵਾਵਾਂ ਨਿਭਾਈਆਂ।

# ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ



ਲੁਧਿਆਣਾ, 19 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਬੀਤੀ ਸ਼ਾਮ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਵੱਲੋਂ ਹਿੰਦ ਦੀ ਚਾਦਰ ਸ਼੍ਰੀ ਗੁਰੂ ਤੇਗਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਆਯੋਜਿਤ ਗਿਆ। ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਆਪਣੇ ਕੀਰਤਨੀ ਜੱਥਿਆਂ ਸਮੇਤ ਹਾਜ਼ਰੀ ਭਰਨ ਲਈ ਪੁੱਜੇ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਸੁਖਵੰਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਭਾਈ ਜੋਧਬੀਰ ਸਿੰਘ ਲੁਧਿਆਣੇ ਵਾਲਿਆਂ ਨੇ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਕਥਾਵਾਚਕ ਗਿਆਨੀ ਬਚਿੱਤਰ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੀ ਗੁਰੂ ਤੇਗਬਹਾਦਰ ਸਾਹਿਬ ਜੀ ਦੀਆਂ ਸਿੱਖਿਆਵਾਂ ਤੇ ਫਲਸਫੀ ਸਮੁੱਚੀ ਲੋਕਾਈ ਨੂੰ ਨਿਰਭਉ ਤੇ ਨਿਰਵੈਰ ਹੋਣ ਦੀ ਪ੍ਰੇਰਣਾ ਦਿੰਦੀ ਹੈ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਇੰਦਰਜੀਤ ਸਿੰਘ ਮੱਕੜ, ਮਹਿੰਦਰ ਸਿੰਘ ਡੰਗ, ਬਲਬੀਰ ਸਿੰਘ ਭਾਟੀਆ, ਅਤੱਰ ਸਿੰਘ ਮਕੱੜ, ਰਜਿੰਦਰ ਸਿੰਘ ਡੰਗ, ਸੁਰਿੰਦਰਪਾਲ ਸਿੰਘ ਭੁਟੀਆਣੀ, ਗੁਰਦੀਪ ਸਿੰਘ ਡੀਮਾਰਟੇ ਆਦਿ ਹਾਜ਼ਰ ਸਨ।

# ਬਲੌਂਜ਼ਮਜ਼ ਕਾਨਵੈਂਟ ਸਕੂਲ ਵਿਖੇ ਐਨ.ਸੀ.ਸੀ. ਬੱਚਿਆਂ ਦੀ ਨਵੀਂ ਭਰਤੀ



ਜਗਰਾਓਂ, 19 ਅਪ੍ਰੈਲ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ): ਬਲੌਂਜ਼ਮਜ਼ ਕਾਨਵੈਂਟ ਸਕੂਲ ਵਿਚ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦੀ ਭਰਤੀ ਐਨ.ਸੀ.ਸੀ. ਅਫ਼ਸਰ ਸੂਬੇਦਾਰ ਮੇਜਰ ਵਿਕਰਮ ਸਿੰਘ ਵੱਲੋਂ ਵਿਦਿਆਰਥੀਆ ਦੀ ਫਿੱਟਨਸ ਨੂੰ ਦੇਖਦੇ ਹੋਏ ਏ.ਐਨ.ਓ ਅਮਨਦੀਪ ਸਿੰਘ ਦੀ ਅਗਵਾਈ ਹੇਠ ਕੀਤੀ ਗਈ। ਚੋਣ ਪ੍ਰਕਿਰਿਆ ਦੌਰਾਨ ਵਿਦਿਆਰਥੀਆਂ ਦੀ 100 ਮੀਟਰ ਰੇਸ ਲਗਵਾਈ ਅਤੇ ਉਹਨਾਂ ਦੀ ਹਾਈਟ ਨੂੰ ਵੀ ਮਾਪਿਆ ਗਿਆ। ਇਹਨਾਂ ਸਾਰੇ ਵਿਦਿਆਰਥੀਆਂ ਵਿਚੋਂ ਯੋਗ ਵਿਦਿਆਰਥੀਆਂ ਦੀ ਚੋਣ ਕੀਤੀ ਗਈ। ਇਸਦੇ ਦੌਰਾਨ ਪ੍ਰਿੰਸੀਪਲ ਡਾ:ਨਵਨੀਤ ਕੌਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਸਕੂਲ ਦੀ ਮੈਨੇਜਿੰਗ ਕਮੇਟੀ ਦੇ ਪ੍ਰੈਜ਼ੀਡੈਂਟ ਸ: ਮਨਪ੍ਰੀਤ ਸਿੰਘ ਬਰਾੜ ਨੇ ਵੀ ਬੱਚਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਬੱਚੇ ਆਪਣੇ ਮਾਪਿਆਂ ਦਾ ਅਤੇ ਸਕੂਲ ਦਾ ਨਾਮ ਰੌਸ਼ਨ ਕਰ ਸਕਣ।

# ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਵਿਦਾਇਗੀ ਪਾਰਟੀ ਦਿੱਤੀ

ਲੁਧਿਆਣਾ, 19 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਜੀ.ਜੀ.ਐਨ. ਖਾਲਸਾ ਕਾਲਜ ਦੇ ਪੋਸਟ ਗ੍ਰੇਜੂਏਟ ਕਾਮਰਸ ਵਿਭਾਗ ਨੇ ਬੀ.ਕਾਮ.3 ਦੇ ਵਿਦਿਆਰਥੀਆਂ ਲਈ ਵਿਦਾਇਗੀ ਪਾਰਟੀ "ਅਲਵਿਦਾ" ਕੀਤੀ। ਪ੍ਰਿੰਸੀਪਲ ਡਾ. ਅਰਵਿੰਦਰ ਸਿੰਘ ਭੱਲਾ ਨੇ ਵਿਦਾ ਹੋ ਰਹੇ ਵਿਦਿਆਰਥੀਆਂ ਦੇ ਭਵਿੱਖ ਲਈ ਮੁਬਾਰਕਾਂ ਦਿੱਤੀਆਂ ਅਤੇ ਪੀ.ਜੀ. ਕਾਮਰਸ ਵਿਭਾਗ ਦੇ ਪ੍ਰਮੁੱਖ ਡਾ. ਦੀਪਕ ਵਾਲੀਆ ਨੇ ਵਿਦਿਆਰਥੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ। ਇਸ ਮੌਕੇ 'ਤੇ ਗਾਇਨ, ਭੰਗੜਾ, ਖੇਡ ਅਤੇ ਬਾਲੀਵੁੱਡ ਡਾਂਸ ਵਰਗੇ ਰੰਗਾਰੰਗ ਪ੍ਰੋਗਰਾਮ ਪੇਸ ਕੀਤੇ ਗਏ। ਮੇਧਾਵੀ ਵਿਦਿਆਰਥੀਆਂ ਨੂੰ ਵਿਸੇਸ ਉਪਲਬਧੀ ਪੁਰਸਕਾਰ ਵੀ ਦਿੱਤੇ ਗਏ। ਸੰਖੇਪ ਵਿਚ, ਇਹ ਦਿਨ ਬਹੁਤ ਚੰਗਾ, ਪੁਰਾਨੀਆਂ ਯਾਦਾਂ, ਮੌਜ-ਮਸਤੀ ਅਤੇ ਉਤਸਾਹ ਨਾਲ ਭਰਿਆ ਹੋਇਆ। ਪ੍ਰੋਗਰਾਮ ਦਾ ਵਿਸੇਸ ਆਕਰਸਣ ਰੈਂਪਵਾਕ ਰਿਹਾ। ਹੇਠ ਲਿਖੀਆਂ ਉਪਾਧੀਆਂ ਪ੍ਰਦਾਨ ਕੀਤੀਆਂ ਗਈਆਂ:ਮਿਸਟਰ ਫੇਅਰਵੈਲ - ਨਵਪ੍ਰੀਤ ਸਿੰਘ,ਮਿਸ ਫੇਅਰਵੈਲ - ਅਮਰਿਤ,ਮਿਸਟਰ ਪਰਸਨੈਲਿਟੀ-ਅਰਪਨ ਸਪਰਾ,

ਮਿਸਟਰ ਕੌਂਫਿਡੈਂਟ-ਵਮ ਸਰਮਾ, ਮਿਸਟਰ ਸੋ ਸਟੋਪਰ-ਈਸਾਨ,ਮਿਸਟਰ ਵਧੀਆ ਅਟਾਇਰ-ਅਰਸ ਮਲਹੋਤਰਾ ਮਿਸ ਕੈਟਵਾਕ-ਸਿਮਰਨ ਕੌਰ,ਗੁਰੂ ਨਾਨਕ ਦੇਵ ਯੂਨੀਵਰਸਿਟੀ, ਅਮ੍ਰਿਤਸਰ ਕੇ ਪੂਰਬ ਕੁਲਪਤੀ ਅਤੇ ਗੁਜਰਾਂਵਾਲਾ ਗੁਰੂ ਨਾਨਕ ਖਾਲਸਾ ਏਜੁਕੇਸਨਲ ਕਾਉਂਸਿਲ ਦੇ ਪ੍ਰਧਾਨ ਡਾ. ਐੱਸ. ਪੀ. ਸਿੰਘ, ਜੀ.ਜੀ.ਏਨ. ਕਾਉਂਸਿਲ ਕੇ ਮਾਨਦ ਮਹਾਸਕੱਤਰ ਸਰਦਾਰ ਹਰਸਰਨ ਸਿੰਘ ਨਰੂਲਾ ਨੇ ਵਿਦਿਆਰਥੀਆਂ ਦੇ ਉਜਵਲ ਭਵਿੱਖ ਦੀਆਂ ਸੁਭਕਾਮਨਾਵਾਂ ਦਿੱਤੀਆਂ। ਇਸ ਮੌਕੇ 'ਤੇ ਸਾਰੇ ਆਧਿ ਆਪਕਾਂ ਨੇ ਪ੍ਰੋਗਰਾਮ ਦੀ ਸੋਭਾ ਵਧਾਈ।

# ਗੀਤਕਾਰ ਵਿਰਦੀ ਦੀ ਪਹਿਲੀ ਬਰਸੀ ਮਨਾਈ



ਲੁਧਿਆਣਾ 19 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਉੱਘੇ ਗੀਤਕਾਰ ਤੇ ਪੇਸ਼ਕਾਰ ਸਰਬਜੀਤ ਵਿਰਦੀ ਜੋ ਕਿ ਪਿਛਲੇ ਸਾਲ ਅਕਾਲ ਚਲਾਣਾ ਕਰ ਗਏ ਸਨ ਉਹਨਾਂ ਦੀ ਪਹਿਲੀ ਬਰਸੀ ਗੁਰਦੁਆਰਾ ਸਾਧ ਸੰਗਤ ਸਾਹਿਬ ਪੱਖੋਵਾਲ ਰੋਡ ਲੁਧਿਆਣਾ ਵਿਖੇ ਮਨਾਈ ਗਈ। ਇਸ ਮੌਕੇ ਬੀਬੀਆਂ ਨੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕੀਤੇ ਅਤੇ ਕੀਰਤਨ ਕੀਤਾ। ਗਾਇਕ ਤੇ ਗੀਤਕਾਰ ਅਮਰਜੀਤ ਸੇਰਪੁਰੀ ਨੇ ਸਵ: ਵਿਰਦੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਪਰਿਵਾਰ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਨਾਮਵਰ ਗਾਇਕ ਜਸਬੀਰ ਜੱਸ, ਗੁਰਚਰਨ ਕੌਰ ਕੋਚਰ, ਕੁਲਵਿੰਦਰ ਕਿਰਨ, ਮਨਦੀਪ ਕੌਰ ਭੰਮਰਾ, ਇੰਦਰਜੀਤ ਕੌਰ ਲੋਟੇ, ਬਲਜੀਤ ਬਾਗੀ, ਸਤਨਾਮ ਸਿੰਘ ਗਹਿਲੇ, ਸੁੱਖਾ ਬੈਂਜੋ ਵਾਲਾ, ਡਾ ਜਸਬੀਰ ਸਿੰਘ, ਗੀਤਕਾਰ ਬਲਬੀਰ ਮਾਨ, ਸਾਧੂ ਸਿੰਘ ਦਿਲਸ਼ਾਦ, ਨਰਿੰਦਰ ਸਿੰਘ ਆਦਿ ਵੀ ਮੌਜੂਦ ਸਨ।

# ਕੁਲਾਰ ਦਾ ਦਿੱਲੀ ਦੇ ਮੁੱਖ ਮੰਤਰੀ ਵੱਲੋਂ ਵਿਸ਼ੇਸ਼ ਸਨਮਾਨ



ਲੁਧਿਆਣਾ, 19 ਅਪ੍ਰੈਲ (ਵਿਸ਼ਾਲ ਸ਼ਰਮਾ) : ਦਿੱਲੀ ਵਿਖੇ ਰਾਈਡ ਏਸ਼ੀਆ ਪ੍ਰਦਰਸ਼ਨੀ ਵਿਚ ਬਾਈਸਾਈਕਲ ਉਦਯੋਗ ਨੂੰ ਅੰਤਰ ਰਾਸ਼ਟਰ ਪੱਧਰ 'ਤੇ ਲਿਜਾਣ ਲਈ ਗੁਰਮੀਤ ਸਿੰਘ ਕੁਲਾਰ ਪ੍ਰਧਾਨ ਫਿਕੋ (ਫੈਡਰੇਸ਼ਨ ਆਫ ਇੰਡਸਟਰੀਅਲ ਐਂਡ ਕਮਰਸ਼ੀਅਲ ਆਰਗੇਨਾਈਜ਼ੇਸ਼ਨ) ਨੂੰ ਸ਼੍ਰੀਮਤੀ ਰੇਖਾ ਗੁਪਤਾ, ਮਾਨਯੋਗ ਮੁੱਖ ਮੰਤਰੀ ਦਿੱਲੀ ਅਤੇ ਰਵਨੀਤ ਸਿੰਘ ਬਿੱਟੂ ਰੇਲ ਮੰਤਰੀ ਭਾਰਤ ਸਰਕਾਰ ਅਤੇ ਮਨਜਿੰਦਰ ਸਿੰਘ ਸਿਰਸਾ ਉਦਯੋਗ ਮੰਤਰੀ ਦਿੱਲੀ ਨੇ ਸਨਮਾਨਿਤ ਕੀਤਾ। ਓਂਕਾਰ ਸਿੰਘ ਪਾਹਵਾ ਚੇਅਰਮੈਨ ਏਵਨ ਸਾਈਕਲਜ਼ ਲਿਮਟਿਡ ਨੇ ਸ. ਗੁਰਮੀਤ ਸਿੰਘ ਕੁਲਾਰ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਗੁਰਮੀਤ ਸਿੰਘ ਕੁਲਾਰ ਦੀ ਅਥਾਹ ਮਿਹਨਤ ਅਤੇ ਸਮਰਪਣ ਦੇ ਨਤੀਜੇ ਵਜੋਂ ਇਹ ਸਨਮਾਨ ਮਿਲਿਆ ਹੈ। ਕੇ.ਕੇ. ਸੇਠ ਚੇਅਰਮੈਨ ਫਿਕੋ ਨੇ ਕਿਹਾ ਕਿ ਗੁਰਮੀਤ ਸਿੰਘ ਕੁਲਾਰ ਦੀ ਮਿਹਨਤ ਨੂੰ ਮਾਨਤਾ ਦਿੱਤੀ ਗਈ ਹੈ ਅਤੇ ਇਹ ਸਾਡੇ ਸਾਰਿਆਂ ਲਈ ਸਨਮਾਨ ਦੀ ਗੱਲ ਹੈ। ਅਵਤਾਰ ਸਿੰਘ ਭੋਗਲ ਪ੍ਰਧਾਨ ਵਿਸ਼ਵਕਰਮਾ ਫਾਊਂਡੇਸ਼ਨ ਇੰਟਰਨੈਸ਼ਨਲ ਅਤੇ ਸੀਨੀਅਰ ਮੀਤ ਪ੍ਰਧਾਨ ਯੂਸੀਪੀਐਮਏ ਨੇ ਕਿਹਾ ਕਿ ਸਾਨੂੰ ਗੁਰਮੀਤ ਸਿੰਘ ਕੁਲਾਰ 'ਤੇ ਮਾਣ ਹੈ। ਮਨਜਿੰਦਰ ਸਿੰਘ ਸਚਦੇਵਾ ਪ੍ਰਧਾਨ ਬਰਾਡੋ ਨੇ ਕਿਹਾ ਕਿ ਕੁਲਾਰ ਦੇ ਅਟੱਲ ਯਤਨਾਂ ਨੂੰ ਮਾਨਤਾ ਦਿੱਤੀ ਗਈ ਹੈ। ਰਾਜੀਵ ਜੈਨ ਜਨਰਲ ਸਕੱਤਰ ਯੂਸੀਪੀਐਮਏ ਨੇ ਗੁਰਮੀਤ ਸਿੰਘ ਕੁਲਾਰ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਉਹ ਉਦਯੋਗ ਲਈ 24 ਘੰਟੇ ਉਪਲਬਧ ਹਨ ਅਤੇ ਇਹ ਕੁਲਾਰ ਦੀ ਸਖ਼ਤ ਮਿਹਨਤ ਹੈ ਜਿਸ ਕਾਰਨ ਇਹ ਵੱਕਾਰੀ ਮਾਨਤਾ ਮਿਲੀ। ਰਘਬੀਰ ਸਿੰਘ ਸੋਹਲ ਪ੍ਰਧਾਨ ਪਲਾਈਵੁੱਡ ਮੈਨੂਫੈਕਚਰਰਜ਼ ਐਸੋਸੀਏਸ਼ਨ ਨੇ ਸ. ਗੁਰਮੀਤ ਸਿੰਘ ਕੁਲਾਰ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸਾਨੂੰ ਤੁਹਾਡੇ 'ਤੇ ਮਾਣ ਹੈ।

# ਗੋਲਡਨ ਅਰਥ ਸਕੂਲ 'ਚ ਲੇਖ ਲਿਖਣ ਅਤੇ ਕਵਿਤਾ ਮੁਕਾਬਲੇ ਕਰਵਾਏ




ਮੁੱਲਾਂਪੁਰ ਦਾਖਾ, 19 ਅਪ੍ਰੈਲ (ਦਵਿੰਦਰ ਸਿੰਘ ਲੰਮੇਂ) : ਗੋਲਡਨ ਅਰਥ ਕਾਨਵੈਂਟ ਸਕੂਲ ਪੰਡੋਰੀ ਵਿਖੇ ਲੇਖ ਲਿਖਣ ਅਤੇ ਕਵਿਤਾ ਮੁਕਾਬਲੇ ਕਰਵਾਏ ਗਏ। ਜਿਹਨਾਂ ਵਿੱਚ ਤੀਜੀ ਜਮਾਤ ਤੋਂ ਲੈ ਕੇ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਵਿਤਾ ਮੁਕਾਬਲਿਆਂ ਵਿੱਚ ਤੀਜੀ ਤੋਂ ਪੰਜਵੀਂ ਜਮਾਤ ਤਸ਼ਵਿਕ, ਸਵਨੀਤ ਕੌਰ, ਪ੍ਰਗਤੀ ਕਟਿਆਠ, ਗੁਰਲੀਨ ਕੌਰ, ਗੁਰੀਦਮ, ਸਹਿਜਪ੍ਰੀਤ ਕੌਰ ਨੇ ਪਹਿਲਾ, ਜੈਦੀਪ ਸਿੰਘ, ਮਹਿਤਾਬ ਸਿੰਘ, ਭਵਨੀਤ ਕੌਰ, ਨਵ ਕੀਰਤ ਕੌਰ, ਗਰਨੂਰ ਕੌਰ, ਦਿਵਰੀਤ ਕੌਰ ਨੇ ਦੂਜਾ ਅਤੇ ਸੁਖਨੀਧਨ, ਨਿਸ਼ਾ, ਹਰਗੁਨ ਕੌਰ, ਪ੍ਰਭਦੀਪ ਕੌਰ, ਜਸ਼ਕੀਰਤ ਸਿੰਘ, ਹਰਸ਼ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਲੇਖ ਲਿਖਣ ਮੁਕਾਬਲਿਆਂ ਵਿੱਚੋਂ ਛੇਵੀਂ ਤੋਂ ਅੱਠਵੀਂ ਜਮਾਤ ਵਿੱਚੋਂ ਜਸਪ੍ਰੀਤ ਕੌਰ, ਮਹਰੀਨ ਕੌਰ, ਪਾਹੁਲ ਸਿੰਘ, ਛੇਵਾਂ ਪ੍ਰੀਤ ਕੌਰ ਜੌਹਲ, ਭਾਰਤ ਬੋਹਰਾ, ਹਰੀਤੀਕਾ , ਏਕਮ ਪ੍ਰੀਤ ਕੌਰ, ਪਰਨੀਤ ਕੌਰ, ਮਹਿਤਾਬ ਸਿੰਘ, ਦਿਲ ਨੂਰ ਕੌਰ , ਤੇਜਸਜਿੰਦਲ, ਪ੍ਰਭ ਗੁਨ ਕੌਰ, ਜੰਨਤ ਪ੍ਰੀਤ ਕੌਰ, ਐਸ਼ਮੀਨ ਕੌਰ, ਸੈਮਰੀਨ ਕੌਰ, ਮਹਿਤਾਬ ਸਿੰਘ, ਤਰਨਦੀਪ ਸਿੰਘ, ਸੇਜਲ ਅਰੋੜਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇਨਾਮ ਹਾਸਲ ਕੀਤੇ । ਇਸ ਮੌਕੇ ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਕਿਹਾ ਕਿ ਇਹ ਮੁਕਾਬਲੇ ਬੱਚਿਆਂ ਵਿੱਚ ਚੇਤਨਤਾ ਪੈਦਾ ਕਰਦੇ ਹਨ ਅਤੇ ਲਿਖਾਈ ਸੁਧਾਰਨ ਦਾ ਮੌਕਾ ਵੀ ਦਿੰਦੇ ਹਨ। ਇਸ ਮੌਕੇ ਉੱਪ ਚੇਅਰਮੈਨ ਗੁਲਸ਼ਨ ਲੂਥਰਾ, ਪ੍ਰਧਾਨ ਡਾ: ਮਨਿੰਦਰਪਾਲ ਅਰੋੜਾ, ਉੱਪ ਪ੍ਰਧਾਨ ਰਾਜੀਵ ਕੁਮਾਰ ਅਰੋੜਾ, ਹਰਪ੍ਰੀਤ ਕੌਰ ਵਿਰਕ ਅਤੇ ਮਨਜੀਤ ਕੌਰ ਆਦਿ ਹਾਜ਼ਰ ਸਨ।

# ਨਾਮ ਸਿਮਰਨ ਅਭਿਆਸ ਅੱਜ



ਲੁਧਿਆਣਾ, 19 ਅਪ੍ਰੈਲ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਗੁਰੂ ਤੇਗ ਬਹਾਦਰ ਨਗਰ, ਗਲੀ ਨੰਬਰ 2, ਚੰਡੀਗੜ੍ਹ ਰੋਡ, ਲੁਧਿਆਣਾ ਵਿਖੇ ਹਫਤਾਵਾਰੀ ਨਾਮ ਸਿਮਰਨ ਅਭਿਆਸ ਸਮਾਗਮ 20 ਅਪ੍ਰੈਲ ਦਿਨ ਐਤਵਾਰ ਨੂੰ ਰਾਤ 8-00 ਵਜੇ ਤੋਂ 9-00 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ੍ਰ: ਮਨਜੀਤ ਸਿੰਘ ਤੇ ਖ਼ਜ਼ਾਨਚੀ ਸ੍ਰ: ਸੁਰਜੀਤ ਸਿੰਘ ਖੁਰਾਣਾ ਨੇ ਸਰਬੱਤ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਸਮਾਗਮ ਵਿੱਚ ਪਹੁੰਚ ਕੇ ਆਪਣਾ ਜੀਵਨ ਸਫਲ ਕਰਨ ਲਈ ਬੇਨਤੀ ਕੀਤੀ।

# ਸਭ ਦੀਆਂ ਨਜ਼ਰਾਂ ਅਰੋੜਾ 'ਤੇ, ਚੋਣਾਂ ਤੋਂ ਪਹਿਲਾਂ ਨਾਗਰਿਕਾਂ ਨੇ ਦਿੱਤਾ ਸਮਰਥਨ



ਲੁਧਿਆਣਾ, 19 ਅਪ੍ਰੈਲ (ਵਿਸ਼ਾਲ ਸ਼ਰਮਾ) : ਅੱਜ ਸਵੇਰੇ ਸ਼ਹਿਰ ਵਿੱਚ ਹੋਈਆਂ ਦੋ ਚੋਣ ਮੀਟਿੰਗਾਂ ਇੱਕ ਗੁਰਦੇਵ ਨਗਰ ਅਤੇ ਇੱਕ ਸਰਾਭਾ ਨਗਰ ਵਿੱਚ ਸਾਰੇ ਬੁਲਾਰਿਆਂ ਨੇ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਲਈ ਸਮਰਥਨ ਅਤੇ ਵੋਟਾਂ ਦੀ ਜ਼ੋਰਦਾਰ ਅਪੀਲ ਕੀਤੀ। ਉਨ੍ਹਾਂ ਨੇ ਅਰੋੜਾ ਦੇ ਨਿਰਸਵਾਰਥ ਸਮਰਪਣ ਅਤੇ ਜਨਤਕ ਸੇਵਾ ਪ੍ਰਤੀ ਡੂੰਘੀ ਵਚਨਬੱਧਤਾ ਨੂੰ ਉਜਾਗਰ ਕੀਤਾ ਅਤੇ ਇਮਾਨਦਾਰੀ ਨਾਲ ਭਾਈਚਾਰੇ ਦੀ ਸੇਵਾ ਕਰਨ ਦੇ ਉਨ੍ਹਾਂ ਦੇ ਨਿਰੰਤਰ ਯਤਨਾਂ ਦੀ ਪ੍ਰਸ਼ੰਸਾ ਕੀਤੀ। ਗੁਰਦੇਵ ਨਗਰ ਮੀਟਿੰਗ ਵਿੱਚ ਇੱਕ ਗੈਸਟਰੋਐਂਟਰੋਲੋਜਿਸਟ ਨੇ ਭਾਰਤ ਵਿੱਚ ਐਂਟੀਬਾਇਓਟਿਕ ਨੀਤੀ ਦੀ ਮਹੱਤਵਪੂਰਨ ਲੋੜ 'ਤੇ ਚਾਨਣਾ ਪਾਇਆ। ਉਨ੍ਹਾਂ ਅਰੋੜਾ ਨੂੰ ਦੱਸਿਆ ਕਿ ਬਹੁਤ ਸਾਰੇ ਦੇਸ਼ਾਂ ਵਿੱਚ ਪਹਿਲਾਂ ਹੀ ਅਜਿਹੀਆਂ ਨੀਤੀਆਂ ਹਨ, ਜੋ ਐਂਟੀਬਾਇਓਟਿਕਸ ਦੀ ਢੁਕਵੀਂ ਵਰਤੋਂ ਲਈ ਸਪੱਸ਼ਟ ਦਿਸ਼ਾ-ਨਿਰਦੇਸ਼ ਪ੍ਰਦਾਨ ਕਰਦੀਆਂ ਹਨ। ਉਨ੍ਹਾਂ ਚੇਤਾਵਨੀ ਦਿੱਤੀ ਕਿ ਅਜਿਹੇ ਢਾਂਚੇ ਦੀ ਅਣਹੋਂਦ ਜਾਨਾਂ ਨੂੰ ਜੋਖਮ ਵਿੱਚ ਪਾ ਰਹੀ ਹੈ। ਇਸ ਚਿੰਤਾ ਦਾ ਜਵਾਬ ਦਿੰਦੇ ਹੋਏ, ਅਰੋੜਾ ਨੇ ਭਰੋਸਾ ਦਿੱਤਾ ਕਿ ਉਹ ਇਸ ਮੁੱਦੇ ਨੂੰ ਸਿਹਤ ਅਤੇ ਪਰਿਵਾਰ ਭਲਾਈ ਬਾਰੇ ਸੰਸਦੀ ਸਥਾਈ ਕਮੇਟੀ ਦੇ ਚੇਅਰਮੈਨ ਸਾਹਮਣੇ ਉਠਾਉਣਗੇ। ਉਹ ਇਸ ਸੁਝਾਅ ਨਾਲ ਵੀ ਸਹਿਮਤ ਸਨ ਕਿ ਐਂਟੀਬਾਇਓਟਿਕਸ ਸਿਰਫ਼ ਰਜਿਸਟਰਡ ਮੈਡੀਕਲ ਪੇਸ਼ੇਵਰਾਂ ਵੱਲੋਂ ਜਾਰੀ ਕੀਤੇ ਗਏ ਨੁਸਖ਼ਿਆਂ 'ਤੇ ਹੀ ਦਿੱਤੇ ਜਾਣੇ ਚਾਹੀਦੇ ਹਨ। ਵਸਨੀਕਾਂ ਨੇ ਸਿਵਲ ਹਸਪਤਾਲ ਵਿੱਚ ਸੀਟੀ ਸਕੈਨ ਸੇਵਾਵਾਂ ਸੰਬੰਧੀ ਕੁਝ ਮੁੱਦੇ ਵੀ ਉਠਾਏ।

ਅਰੋੜਾ ਨੇ ਸਪੱਸ਼ਟਤਾ ਅਤੇ ਢੁਕਵੀਂ ਕਾਰਵਾਈ ਨੂੰ ਯਕੀਨੀ ਬਣਾਉਣ ਲਈ ਹਸਪਤਾਲ ਅਧਿਕਾਰੀਆਂ ਨਾਲ ਮਾਮਲਾ ਉਠਾਉਣ ਦਾ ਵਾਅਦਾ ਕੀਤਾ। ਇੱਕ ਹੋਰ ਵੱਡੀ ਚਿੰਤਾ ਪੋਸਟਰਾਂ ਅਤੇ ਹੋਰ ਪ੍ਰਚਾਰ ਸਮੱਗਰੀ ਨਾਲ ਸ਼ਹਿਰ ਦੀਆਂ ਕੰਧਾਂ ਨੂੰ ਵਿਗਾੜਨਾ ਸੀ। ਅਰੋੜਾ ਨੇ ਇਸ ਮੁੱਦੇ 'ਤੇ ਆਪਣੀ ਨਾਰਾਜ਼ਗੀ ਜ਼ਾਹਰ ਕੀਤੀ, ਇਸ ਗੱਲ ਨਾਲ ਸਹਿਮਤ ਹੋਏ ਕਿ ਅਜਿਹੇ ਕੰਮ ਸ਼ਹਿਰ ਦੀ ਸੁੰਦਰਤਾ ਨੂੰ ਵਿਗਾੜਦੇ ਹਨ। ਉਨ੍ਹਾਂ ਕਿਹਾ ਕਿ ਉਹ ਲੁਧਿਆਣਾ ਨਗਰ ਨਿਗਮ ਕਮਿਸ਼ਨਰ ਨੂੰ ਅਜਿਹੇ ਮਾੜੇ ਕੰਮਾਂ ਨੂੰ ਰੋਕਣ ਲਈ ਸਖ਼ਤ ਉਪਾਅ ਲਾਗੂ ਕਰਨ ਦੀ ਅਪੀਲ ਕਰਨਗੇ। ਅਵਾਰਾ ਕੁੱਤਿਆਂ ਦੇ ਮੁੱਦੇ 'ਤੇ, ਅਰੋੜਾ ਨੇ ਕਿਹਾ ਕਿ ਉਹ ਪਹਿਲਾਂ ਹੀ ਨਗਰ ਨਿਗਮ ਕਮਿਸ਼ਨਰ ਨੂੰ ਇਸ ਸਮੱਸਿਆ ਦੇ ਪ੍ਰਬੰਧਨ ਲਈ ਪ੍ਰਭਾਵਸ਼ਾਲੀ ਹੱਲ ਲੱਭਣ ਦੇ ਨਿਰਦੇਸ਼ ਦੇ ਚੁੱਕੇ ਹਨ। ਮੀਟਿੰਗ ਦੌਰਾਨ ਅਰੋੜਾ ਨੇ ਆਪਣੇ ਤਿੰਨ ਸਾਲਾਂ ਦੇ ਕਾਰਜਕਾਲ ਦਾ ਰਿਪੋਰਟ ਕਾਰਡ ਵੀ ਪੇਸ਼ ਕੀਤਾ, ਜਿਸਦੀ ਹਾਜ਼ਰੀਨ ਨੇ ਉਨ੍ਹਾਂ ਦੇ ਸਮਰਪਿਤ ਯਤਨਾਂ ਲਈ ਪ੍ਰਸ਼ੰਸਾ ਕੀਤੀ। ਦੀਪਕ ਡੁਮਰਾ ਨੇ ਅਰੋੜਾ ਦੀ ਪ੍ਰਸ਼ੰਸਾ ਇੱਕ ਦੂਰਦਰਸ਼ੀ ਨੇਤਾ ਵਜੋਂ ਕੀਤੀ ਜਿਨ੍ਹਾਂ ਨੇ ਲੁਧਿਆਣਾ ਦੇ ਵਿਕਾਸ ਲਈ ਨਿਰਸਵਾਰਥ ਕੰਮ ਕੀਤਾ, ਅਤੇ ਆਉਣ ਵਾਲੀਆਂ ਲੁਧਿਆਣਾ (ਪੱਛਮੀ) ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਦੀ ਸਫਲਤਾ ਦਾ ਭਰੋਸਾ ਪ੍ਰਗਟ ਕੀਤਾ। ਡਾਕਟਰਾਂ, ਕਾਰੋਬਾਰੀਆਂ ਅਤੇ ਸਮਾਜਿਕ ਕਾਰਕੁਨਾਂ ਸਮੇਤ ਪ੍ਰਮੁੱਖ ਨਾਗਰਿਕਾਂ ਨੇ ਅਰੋੜਾ ਲਈ ਜ਼ੋਰਦਾਰ ਸਮਰਥਨ ਪ੍ਰਗਟ ਕੀਤਾ।

# ਈਸਟਵੁੱਡ ਇੰਟਰਨੈਸ਼ਨਲ ਸਕੂਲ 'ਚ ਫੈਂਸੀ ਡਰੈੱਸ ਮੁਕਾਬਲਾ



ਮੁੱਲਾਂਪੁਰ ਦਾਖਾ, 19 ਅਪ੍ਰੈਲ (ਦਵਿੰਦਰ ਸਿੰਘ ਲੰਮੇਂ) : ਸਥਾਨਕ ਈਸਟਵੁੱਡ ਇੰਟਰਨੈਸ਼ਨਲ ਸਕੂਲ ਵਿਖੇ ਪ੍ਰਧਾਨ ਦਮਨਜੀਤ ਸਿੰਘ ਮੋਹੀ ਦੀ ਪ੍ਰਧਾਨਗੀ ਅਤੇ ਪ੍ਰਿੰਸੀਪਲ ਡਾ. ਅਮਨਦੀਪ ਕੌਰ ਬਖਸ਼ੀ ਦੀ ਅਗਵਾਈ ਹੇਠ ਪਹਿਲੀ ਅਤੇ ਦੂਜੀ ਜਮਾਤ ਦੇ ਬੱਚਿਆਂ ਦਾ ਫੈਂਸੀ ਡਰੈੱਸ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਦਿੱਤੇ ਹੋਏ ਵਿਸ਼ਿਆਂ ਅਨੁਸਾਰ ਪਹਿਲੀ ਜਮਾਤ ਦੇ ਵਿਦਿਆਰਥੀ ਵੱਖ- ਵੱਖ ਰਾਜਾਂ ਦੀਆਂ ਪੁਸ਼ਾਕਾਂ ਅਤੇ ਦੂਜੀ ਜਮਾਤ ਦੇ ਵਿਦਿਆਰਥੀ ਕਮਿਊਨਿਟੀ ਹੈਲਪਰ ਦੀਆਂ ਪੁਸ਼ਾਕਾਂ ਵਿੱਚ ਆਏ, ਜਿਹਨਾਂ ਨੇ ਬੜੇ ਹੀ ਆਤਮਵਿਸ਼ਵਾਸ ਨਾਲ ਪ੍ਰਦਰਸ਼ਨ ਕੀਤਾ। ਇਹਨਾਂ ਫੈਂਸੀ ਡਰੈੱਸ ਮੁਕਾਬਲਿਆਂ ਵਿੱਚ ਪਹਿਲੀ ਜਮਾਤ ਵਿੱਚੋਂ ਰਵਲੀਨ ਕੌਰ ਪਹਿਲੇ , ਸਰਤਾਜ ਸਿੰਘ ਦੂਜੇ ਅਤੇ ਤਰਨਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੇ। ਇਸੇ ਤਰ੍ਹਾਂ ਦੂਜੀ ਜਮਾਤ ਵਿੱਚੋਂ ਜੰਨਤਪ੍ਰੀਤ ਕੌਰ ਪਹਿਲੇ, ਸ਼ੁਭਰੀਤ ਕੌਰ ਦੂਜੇ ਅਤੇ ਨਵਨੂਰ ਸਿੰਘ ਤੀਜੇ ਸਥਾਨ 'ਤੇ ਰਹੇ। ਇਸ ਮੌਕੇ ਪ੍ਰਿੰਸੀਪਲ ਡਾ. ਅਮਨਦੀਪ ਕੌਰ ਬਖਸ਼ੀ ਨੇ ਬੱਚਿਆਂ ਦੀ ਵਧੀਆ ਕਾਰਗੁਜ਼ਾਰੀ 'ਤੇ ਵਧਾਈ ਦਿੰਦਿਆਂ ਕਿਹਾ ਕਿ ਬੱਚੇ ਸਾਡਾ ਆਉਣ ਵਾਲਾ ਭਵਿੱਖ ਹਨ ਅਤੇ ਇਹਨਾਂ ਨੂੰ ਅੱਗੇ ਵਧਣ ਦਾ ਹਰ ਮੌਕਾ ਮਿਲਣਾ ਚਾਹੀਦਾ ਹੈ, ਤਾਂ ਜੋ ਇਹ ਆਪਣੀ ਕਲਾ ਦਾ ਪ੍ਰਦਰਸ਼ਨ ਕਰ ਸਕਣ।



ਲੁਧਿਆਣਾ ਵਿਖੇ ਇੱਕ ਸਮਾਗਮ ਦੌਰਾਨ ਆਮ ਆਦਮੀ ਪਾਰਟੀ ਦੇ ਵਿਧਾਇਕ ਮਦਨ ਲਾਲ ਬੱਗਾ, ਸੀਨੀਅਰ ਆਪ ਆਗੂ ਮਨਪ੍ਰੀਤ ਸਿੰਘ ਬੰਟੀ ਤੇ ਹੋਰ।
*ਤਸਵੀਰ ਤੇ ਵੇਰਵਾ (ਰਵਿੰਦਰ ਸਿੰਘ ਨਿੱਝਰ)*

# ਕੇਜਰੀਵਾਲ ਦੀ ਧੀ ਹਰਸ਼ਿਤਾ ਤੇ ਸੰਭਵ ਜੈਨ ਵਿਆਹ ਬੰਧਨ 'ਚ ਬੱਝੇ

**☛ਮੁੱਖ ਮੰਤਰੀ ਮਾਨ ਸਣੇ ਕੁੱਝ 'ਆਪ' ਆਗੂ ਸਮਾਗਮ 'ਚ ਪੁੱਜੇ**



ਨਵੀਂ ਦਿੱਲੀ, 19 ਅਪ੍ਰੈਲ (ਚ.ਨ.ਸ): ਲੁਟੀਅਨਜ਼ ਦਿੱਲੀ 'ਚ ਅੱਜ ਵੀਵੀਆਈਪੀ ਵਿਆਹ ਸਮਾਗਮ ਕਰਵਾਇਆ ਗਿਆ, ਜਿਸ 'ਚ ਆਮ ਆਦਮੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਦੀ ਧੀ ਆਪਣੇ ਕਾਲਜ ਸਮੇਂ ਦੇ ਦੋਸਤ ਸੰਭਵ ਜੈਨ ਨਾਲ ਵਿਆਹ ਦੇ ਬੰਧਨ 'ਚ ਬੱਝ ਗਈ। ਹਰਸ਼ਿਤਾ ਕੇਜਰੀਵਾਲ ਤੇ ਸੰਭਵ ਜੈਨ ਦੀ ਮੁਲਾਕਾਤ ਆਈਆਈਟੀ ਦਿੱਲੀ 'ਚ ਹੋਈ ਸੀ, ਜਿੱਥੇ ਦੋਵੇਂ ਇਕੱਠੇ ਪੜ੍ਹਦੇ ਸਨ। ਉਨ੍ਹਾਂ ਦੇ ਪਰਿਵਾਰਾਂ ਨੇ ਵਿਆਹ ਤੇ ਵਿਆਹ ਤੋਂ ਪਹਿਲੇ ਸਮਾਗਮ ਸਾਦੇ ਢੰਗ ਨਾਲ ਕਰਾਉਣ ਦਾ ਫ਼ੈਸਲਾ ਲਿਆ। ਵਿਆਹ ਸਮਾਗਮ ਤੇ ਰਿਸੈਪਸ਼ਨ ਦੋਵੇਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਦਿੱਲੀ ਵਿਚਲੀ ਸਰਕਾਰੀ ਰਿਹਾਇਸ਼ ਕਪੂਰਥਲਾ ਹਾਊਸ 'ਚ ਹੋਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਉਨ੍ਹਾਂ ਚੋਣਵੇਂ ਮਹਿਮਾਨਾਂ 'ਚ ਸ਼ਾਮਲ ਸਨ, ਜਿਨ੍ਹਾਂ ਨੂੰ ਇਸ ਵਿਆਹ ਲਈ ਸੱਦਾ ਦਿੱਤਾ ਗਿਆ ਸੀ। ਹਾਲਾਂਕਿ ਕਈ ਹੋਰ 'ਆਪ' ਆਗੂ ਵੀ ਇਸ ਸਮਾਗਮ 'ਚ ਸ਼ਾਮਲ ਹੋਏ। ਭਗਵੰਤ ਮਾਨ ਤੇ ਕੇਜਰੀਵਾਲ ਇਕੱਠੇ ਸਮਾਗਮ ਵਾਲੀ ਥਾਂ 'ਤੇ ਪੁੱਜੇ, ਜਿਸ ਨਾਲ ਦੋਵਾਂ ਆਗੂਆਂ ਵਿਚਾਲੇ ਨੇੜਤਾ ਦਾ ਸੰਕੇਤ ਮਿਲਿਆ। ਦੁਪਹਿਰ ਸਮੇਂ ਜੈਮਾਲਾ ਮਗਰੋਂ ਸ਼ਾਮ ਨੂੰ ਰਿਸੈਪਸ਼ਨ ਹੋਈ, ਜਿਸ 'ਚ ਮਹਿਮਾਨਾਂ ਦਾ ਆਉਣਾ ਜਾਰੀ ਸੀ।

# ਰਾਜ ਦੇ ਨਸ਼ਾ ਛੁਡਾਊ ਕੇਂਦਰਾਂ 'ਚ 5 ਹਜ਼ਾਰ ਵਾਧੂ ਬਿਸਤਰਿਆਂ ਦਾ ਕੀਤਾ ਪ੍ਰਬੰਧ : ਸਿਹਤ ਮੰਤਰੀ

**☛ਸਿਹਤ ਮੰਤਰੀ ਵੱਲੋਂ ਮੱਛਰਾਂ ਤੇ ਗੰਦੇ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ 21 ਤੋਂ ਗਤੀਵਿਧੀਆਂ ਸ਼ੁਰੂ ਕਰਨ ਦੀ ਹਦਾਇਤ**



ਫ਼ਤਹਿਗੜ੍ਹ ਸਾਹਿਬ, 19 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦਾ ਖਾਤਮਾ ਕਰਨ ਲਈ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ ਤੇ ਨਸ਼ਿਆਂ ਦੀ ਗ੍ਰਿਫਤ ਵਿੱਚ ਫਸੇ ਵਿਅਕਤੀਆਂ ਦਾ ਇਲਾਜ ਕਰਨ ਲਈ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਸੂਬੇ ਦੇ ਨਸ਼ਾ ਛੁਡਾਊ ਕੇਂਦਰਾਂ ਵਿੱਚ 5 ਹਜ਼ਾਰ ਵਾਧੂ ਬਿਸਤਰਿਆਂ ਦਾ ਪ੍ਰਬੰਧ ਕੀਤਾ ਗਿਆ ਹੈ। ਇਹ ਜਾਣਕਾਰੀ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਜਾਇਜ਼ਾ ਲੈਣ 'ਤੇ ਮੱਛਰਾਂ ਤੇ ਗੰਦੇ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਲੜ੍ਹੇ ਜਾ ਰਹੇ ਯੁੱਧ ਨੂੰ ਜ਼ਮੀਨੀ ਪੱਧਰ 'ਤੇ ਸਫਲ ਬਣਾਉਣ ਲਈ ਵੱਖ-ਵੱਖ ਵਿਭਾਗਾਂ ਦੀਆਂ ਕੁਆਰਡੀਨੇਸ਼ਨ ਕਮੇਟੀਆਂ ਬਣਾਈਆਂ ਗਈਆਂ ਹਨ ਤਾਂ ਜੋ ਇਸ ਲਾਹਨਤ ਦੇ ਖਾਤਮੇ ਵਿੱਚ ਸਮੂਹ ਵਿਭਾਗ ਆਪਸੀ ਤਾਲਮੇਲ ਨਾਲ ਵਿਆਪਕ ਯੋਜਨਾ ਉਲੀਕ ਸਕਣ। ਸਿਹਤ ਮੰਤਰੀ ਨੇ ਦੱਸਿਆ ਕਿ ਨਸ਼ੇ ਛੱਡਣ ਵਾਲੇ ਵਿਅਕਤੀਆਂ ਨੂੰ ਮੁੜ ਤੋਂ ਮੁੱਖ ਧਾਰਾ ਵਿੱਚ ਸ਼ਾਮਲ ਕਰਕੇ ਬਿਹਤਰ ਜ਼ਿੰਦਗੀ ਜਿਉਣ ਦਾ ਮੌਕਾ ਪ੍ਰਦਾਨ ਕਰਨ ਲਈ ਨਸ਼ਾ ਛੁਡਾਊ ਕੇਂਦਰਾਂ ਵਿੱਚ ਸਕਿੱਲ ਡਿਵੈਲਪਮੈਂਟ ਕੋਰਸ ਵੀ ਸ਼ੁਰੂ ਕਰਵਾਏ ਜਾ ਰਹੇ ਹਨ। ਉਨ੍ਹਾਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਛੋਟੀ ਉਮਰ ਦੇ ਬੱਚਿਆਂ ਵਿੱਚ ਨਸ਼ਿਆਂ ਦੇ ਵੱਧ ਰਹੇ ਰੁਝਾਨ ਨੂੰ ਰੋਕਣ ਲਈ ਸਕੂਲਾਂ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਜਾਗਰੂਕਤਾ ਗਤੀਵਿਧੀਆਂ ਸ਼ੁਰੂ ਕੀਤੀਆਂ ਜਾਣ। ਉਨ੍ਹਾਂ ਦੱਸਿਆ ਕਿ ਦਿਹਾਤੀ ਖੇਤਰ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਰੱਖਣ ਲਈ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਖੇਡ ਮੈਦਾਨ, ਜਿੰਮ ਤੇ ਪਾਰਕ ਬਣਾਉਣ ਦੀ ਯੋਜਨਾ ਵੀ ਤਿਆਰ ਕੀਤੀ ਗਈ ਹੈ, ਜਿਸ 'ਤੇ ਛੇਤੀ ਹੀ ਅਮਲ ਸ਼ੁਰੂ ਹੋ ਜਾਵੇਗਾ। ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਮੱਛਰਾਂ ਤੇ ਗੰਦੇ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਤੁਰੰਤ ਗਤੀਵਿਧੀਆਂ ਸ਼ੁਰੂ ਕੀਤੀਆਂ ਜਾਣ। ਉਨ੍ਹਾਂ ਸਥਾਨਕ ਸਰਕਾਰਾਂ ਵਿਭਾਗ, ਸਿਹਤ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਡੇਂਗੂ, ਚਿਕਨਗੁਨੀਆਂ ਤੇ ਮਲੇਰੀਆ ਦੀ ਰੋਕਥਾਮ ਲਈ 21 ਅਪ੍ਰੈਲ ਤੋਂ ਵਿਆਪਕ ਪੱਧਰ 'ਤੇ ਫੋਗਿੰਗ ਸ਼ੁਰੂ ਕੀਤੀ ਜਾਵੇ ਤਾਂ ਜੋ ਲੋਕਾਂ ਨੂੰ ਇਨ੍ਹਾਂ ਬਿਮਾਰੀਆਂ ਤੋਂ ਬਚਾਇਆ ਜਾ ਸਕੇ। ਮੀਟਿੰਗ ਵਿੱਚ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਡਿਪਟੀ ਕਮਿਸ਼ਨਰ ਡਾ: ਸੋਨਾ ਥਿੰਦ, ਐਸ.ਪੀ. (ਡੀ) ਰਾਕੇਸ਼ ਯਾਦਵ, ਐਸ.ਡੀ.ਐਮ. ਬਸੀ ਪਠਾਣਾ ਹਰਬੀਰ ਕੌਰ, ਸਿਵਲ ਸਰਜਨ ਡਾ: ਦਵਿੰਦਰਜੀਤ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਅਮਰੀਕਾ ਵੱਲੋਂ ਯਮਨ ਦੀ ਤੇਲ ਬੰਦਰਗਾਹ 'ਤੇ ਹਵਾਈ ਹਮਲਾ, 74 ਵਿਅਕਤੀਆਂ ਦੀ ਮੌਤ



ਦੁਬਈ, 19 ਅਪ੍ਰੈਲ (ਚ.ਨ.ਸ): ਯਮਨ 'ਚ ਹੂਤੀ ਬਾਗੀਆਂ ਦੇ ਕਬਜ਼ੇ ਵਾਲੀ ਰਾਸ ਈਸਾ ਤੇਲ ਬੰਦਰਗਾਹ 'ਤੇ ਅਮਰੀਕਾ ਵੱਲੋਂ ਕੀਤੇ ਗਏ ਹਵਾਈ ਹਮਲਿਆਂ ਵਿੱਚ 74 ਵਿਅਕਤੀਆਂ ਦੀ ਮੌਤ ਹੋ ਗਈ, ਜਦਕਿ 171 ਹੋਰ ਜ਼ਖ਼ਮੀ ਹੋ ਗਏ। ਹੂਤੀ ਬਾਗ਼ੀਆਂ ਨੇ ਅੱਜ ਇਹ ਦਾਅਵਾ ਕੀਤਾ ਹੈ। ਇਹ ਹਮਲਾ 15 ਮਾਰਚ ਤੋਂ ਜਾਰੀ ਅਮਰੀਕੀ ਹਵਾਈ ਹਮਲਿਆਂ ਦੀ ਲੜੀ 'ਚੋਂ ਸਭ ਤੋਂ ਘਾਤਕ ਹਮਲਿਆਂ 'ਚੋਂ ਇੱਕ ਸੀ। ਅਮਰੀਕੀ ਫ਼ੌਜ ਦੀ 'ਸੈਂਟਰਲ ਕਮਾਂਡ' ਨੇ ਵੀ ਇਨ੍ਹਾਂ ਹਮਲਿਆਂ ਦੀ ਪੁਸ਼ਟੀ ਕੀਤੀ ਹੈ ਪਰ ਨੁਕਸਾਨ ਬਾਰੇ ਪੁੱਛੇ ਜਾਣ 'ਤੇ ਉਸ ਨੇ ਇਸ ਬਾਰੇ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ। ਇਜ਼ਰਾਇਲੀ ਫ਼ੌਜ ਨੇ ਦੱਸਿਆ ਕਿ ਸ਼ੁੱਕਰਵਾਰ ਨੂੰ ਹੂਤੀ ਬਾਗ਼ੀਆਂ ਨੇ ਇਜ਼ਰਾਈਲ ਵੱਲ ਇੱਕ ਹੋਰ ਮਿਜ਼ਾਈਲ ਦਾਗੀ, ਜਿਸ ਨੂੰ ਇਜ਼ਰਾਇਲੀ ਫ਼ੌਜ ਨੇ ਵਿਚਾਲੇ ਹੀ ਰੋਕ ਦਿੱਤਾ। ਫ਼ੌਜ ਨੇ ਦੱਸਿਆ ਕਿ ਮਿਜ਼ਾਇਲ ਹਮਲੇ ਕਾਰਨ ਤਲ ਅਵੀਵ ਅਤੇ ਨੇੜਲੇ ਇਲਾਕਿਆਂ ਵਿੱਚ ਸਾਇਰਨ ਵੱਜਣ ਲੱਗੇ। ਇਸ ਵਿਚਾਲੇ ਅਮਰੀਕਾ ਨੇ ਦੋਸ਼ ਲਾਇਆ ਕਿ ਚੀਨੀ ਉਪਗ੍ਰਹਿ ਕੰਪਨੀ ਹੂਤੀ ਹਮਲਿਆਂ ਦਾ 'ਸਿੱਧਾ ਸਮਰਥਨ' ਕਰ ਰਹੀ ਸੀ। ਪੇਈਚਿੰਗ ਨੇ ਇਹ ਦੋਸ਼ ਨਕਾਰ ਦਿੱਤੇ ਹਨ। ਹੂਤੀ ਬਾਗ਼ੀਆਂ ਦੇ ਨਿਊਜ਼ ਚੈਨਲ ਨੇ ਹਮਲੇ ਤੋਂ ਬਾਅਦ ਦੇ ਹਾਲਾਤ ਦਾ ਗ੍ਰਾਫਿਕ ਫੁਟੇਜ ਪ੍ਰਸਾਰਿਤ ਕੀਤਾ, ਜਿਸ ਵਿਚ ਹਮਲੇ ਵਾਲੀ ਥਾਂ 'ਤੇ ਲਾਸ਼ਾਂ ਨਜ਼ਰ ਆ ਰਹੀਆਂ ਹਨ। ਅਮਰੀਕੀ ਫ਼ੌਜ ਦੀ 'ਸੈਂਟਰਲ ਕਮਾਂਡ' ਨੇ ਬਿਆਨ ਵਿੱਚ ਕਿਹਾ ਕਿ ਇਸ ਹਮਲੇ ਦਾ ਮਕਸਦ ਯਮਨ ਵਿਚ ਲੋਕਾਂ ਨੂੰ ਨੁਕਸਾਨ ਪਹੁੰਚਾਉਣਾ ਨਹੀਂ ਸੀ।

# ਗਲੀ 'ਚ ਫਾਈਰਿੰਗ ਕਰਨ ਵਾਲੇ 3 ਕਾਬੂ



ਮੁਕੇਰੀਆਂ, 19 ਅਪ੍ਰੈਲ (ਧਰਮ ਚੰਦ): ਸੰਦੀਪ ਕੁਮਾਰ ਮਲਿਕ ਆਈ.ਪੀ.ਐਸ. ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਡਾ. ਮੁਕੇਸ਼ ਕੁਮਾਰ ਐਸ.ਪੀ ਇੰਨਵੈਸਟੀਗੇਸ਼ਨ ਹੁਸ਼ਿਆਰਪੁਰ ਤੇ ਕੁਲਵਿੰਦਰ ਸਿੰਘ ਵਿਰਕ ਡੀ.ਐਸ.ਪੀ ਮੁਕੇਰੀਆਂ ਦੀਆਂ ਹਦਾਇਤਾਂ ਮੁਤਾਬਕ ਐਸ.ਆਈ ਜੋਗਿੰਦਰ ਸਿੰਘ ਮੁੱਖ ਅਫਸਰ ਥਾਣਾ ਦੀ ਅਗਵਾਈ ਹੇਠ ਐਸ ਆਈ ਪ੍ਰਿੰਸਜੀਤ ਸਿੰਘ ਸਮੇਤ ਪੁਲਿਸ ਟੀਮ ਵੱਲੋਂ ਰੋਹਿਤ ਕੁਮਾਰ ਪੁੱਤਰ ਹਰੀਸ਼ ਕੁਮਾਰ ਵਾਸੀ ਪੰਡੋਰੀ ਹਾਲ ਵਾਸੀ ਗਲੀ ਨੰਬਰ 4 ਰੰਧਾਵਾ ਕਲੋਨੀ ਮੁਕੇਰੀਆ ਥਾਣਾ ਮੁਕੇਰੀਆਂ ਨੂੰ ਫਿਰੌਤੀ ਦੀ ਡਿਮਾਂਡ ਕਰਕੇ ਧਮਕੀਆਂ ਦੇਣ ਵਾਲੇ ਤੇ ਰਾਤ ਨੂੰ ਮੁਦੱਈ ਦੇ ਘਰ ਦੇ ਬਾਹਰ ਗਲ਼ੀ ਵਿੱਚ ਫਾਇਰਿੰਗ ਕਰਨ ਵਾਲੇ 3 ਅਰੋਪੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਮੌਕੇ ਜਾਣਕਾਰੀ ਦਿੰਦਿਆਂ ਡੀਐਸਪੀ ਮੁਕੇਰੀਆਂ ਕੁਲਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਥਾਣਾ ਮੁਕੇਰੀਆਂ ਵਿਚ ਮੁਕੱਦਮਾ ਦਰਜ ਕਰਕੇ ਪੁਲਿਸ ਵੱਲੋਂ ਘਟਨਾ ਦੀ ਗੰਭੀਰਤਾ ਨੂੰ ਦੇਖਦੇ ਹੋਏ ਤੁਰੰਤ ਪੁਲਿਸ ਦੀਆਂ ਵੱਖ ਵੱਖ ਟੀਮਾਂ ਬਣਾ ਕੇ ਆਧੁਨਿਕ ਟੈਕਨੋਲੋਜੀ ਨਾਲ ਅਤੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ਼ ਨੂੰ ਖੰਘਾਲਦੇ ਹੋਏ ਵਾਰਦਾਤ ਸਮੇਂ ਅਰੋਪੀਆਂ ਵੱਲੋਂ ਵਰਤੀ ਗਈ ਸਕੂਟਰੀ ਜਿਸ 'ਤੇ ਸਵਾਰ ਹੋ ਕੇ ਅਰੋਪੀਆਂ ਵੱਲੋਂ ਮੁਦੱਈ ਮੁਕੱਦਮਾ ਦੇ ਘਰ ਦੇ ਬਾਹਰ ਗਲੀ ਵਿੱਚ ਫਾਇਰਿੰਗ ਕੀਤੀ ਸੀ, ਨੂੰ ਟਰੇਸ ਕਰਦੇ ਹੋਏ ਅਮਰਦੀਪ ਸਿੰਘ ਉਰਫ ਸ਼ੁਬਮ ਨੂੰ ਕਾਬੂ ਕਰਕੇ ਸ਼ਾਮਿਲ ਤਫਤੀਸ਼ ਕਰਕੇ ਪੁੱਛ ਗਿੱਛ ਕਰਨ 'ਤੇ ਇਹ ਗੱਲ ਸਾਹਮਣੇ ਆਈ ਹੈ ਕਿ ਮੁਦੱਈ ਮੁਕੱਦਮਾ ਰਹਿਤ ਸ਼ਰਮਾ ਜੋ ਪਹਿਲਾਂ ਵਿਦੇਸ਼ ਸਪੇਨ ਰਹਿੰਦਾ ਸੀ ਤੇ ਹੁਣ ਕਰੀਬ 8/9 ਮਹੀਨੇ ਤੋਂ ਆਪਣੇ ਪਰਿਵਾਰ ਨਾਲ ਰੰਧਾਵਾ ਕਲੋਨੀ ਗਲੀ ਨੰਬਰ 04 ਮੁਕੇਰੀਆਂ ਰਹਿ ਰਿਹਾ ਹੈ ਅਤੇ ਗੀਤਕਾਰ ਅਤੇ ਲੇਖਕ ਹੈ, ਨੇ ਫੋਕੀ ਸ਼ੋਹਰਤ ਅਤੇ ਲੋਕ ਦਿਖਾਵੇ ਲਈ ਸਕਿਉਰਿਟੀ ਵਜੋਂ ਸਰਕਾਰੀ ਤੌਰ 'ਤੇ ਗੰਨਮੈਨ ਲੈਣ ਲਈ ਸੋਚੀ ਸਮਝੀ ਸਾਜਿਸ਼ ਤਹਿਤ ਆਪਣੇ ਵਿਦੇਸ਼ ਅਮਰੀਕਾ ਰਹਿੰਦੇ ਵੱਡੇ ਭਰਾ ਵਿਕਾਸ ਸ਼ਰਮਾ ਨਾਲ ਸਾਜਿਸ਼ ਰੱਚ ਕੇ ਵਿਦੇਸ਼ ਅਮਰੀਕਾ ਰਹਿੰਦੇ ਗੁਰਲਾਲ ਸਿੰਘ ਪਾਸੋਂ ਖੁੱਦ ਅਤੇ ਆਪਣੇ ਵਿਦੇਸ਼ ਰਹਿੰਦੇ ਭਰਾ ਵਿਕਾਸ ਸ਼ਰਮਾ ਨੂੰ ਫਿਰੌਤੀ ਲਈ ਧਮਕੀ ਭਰੇ ਫੋਨ ਕਰਵਾਏ ਤੇ ਇਸੇ ਸਾਜਿਸ਼ ਤਹਿਤ ਰਾਤ ਵਕਤ ਕਰੀਬ 10:38 ਵਜੇ ਆਪਣੇ ਘਰ ਦੇ ਬਾਹਰ ਗਲੀ ਵਿੱਚ ਨਾਮਾਲੂਮ ਵਿਅਕਤੀਆਂ ਪਾਸੋਂ ਫਾਇਰਿੰਗ ਕਰਵਾਈ ਗਈ ਸੀ। ਅਰੋਪੀਆਂ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ ਜਿਸ ਪਾਸੋਂ ਡੂੰਘਾਈ ਨਾਲ ਪੁੱਛ ਗਿੱਛ ਕੀਤੀ ਜਾ ਰਹੀ ਹੈ।

# ਗੁਰਵਿੰਦਰ ਸਿੰਘ ਭੁੱਲਰ ਨੇ ਸੰਭਾਲਿਆ ਥਾਣਾ ਮੁਖੀ ਦਾ ਚਾਰਜ

ਕੋਟ ਈਸੇ ਖਾਂ, 19 ਅਪ੍ਰੈਲ (ਗਾਂਧੀ/ ਗੁਰਦੇਵ ਖੁਰਾਣਾ): ਥਾਣਾ ਮੁਖੀ ਸੁਨੀਤਾ ਰਾਣੀ ਬਾਵਾ ਦੀ ਬਦਲੀ ਹੋ ਜਾਣ ਉਪਰੰਤ ਥਾਣਾ ਮੁਖੀ ਕੋਟ ਈਸੇ ਖਾਂ ਦਾ ਚਾਰਜ ਗੁਰਵਿੰਦਰ ਸਿੰਘ ਭੁੱਲਰ ਨੇ ਸੰਭਾਲ ਲਿਆ ਹੈ। ਚਾਰਜ ਸੰਭਾਲਣ ਮੌਕੇ ਗੱਲਬਾਤ ਕਰਦੇ ਹੋਏ ਗੁਰਵਿੰਦਰ ਸਿੰਘ ਭੁੱਲਰ ਨੇ ਕਿਹਾ ਕਿ ਲਾਅ ਐਂਡ ਆਰਡਰ ਦੀ ਸਥਿਤੀ ਨੂੰ ਹਰ ਹਾਲਤ ਬਰਕਰਾਰ ਰੱਖਿਆ ਜਾਵੇਗੀ, ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਅਤੇ ਨਸ਼ਾ ਤਸਕਰਾਂ ਪ੍ਰਤੀ ਕੋਈ ਸਿਫ਼ਾਰਸ਼ ਵੀ ਨਹੀਂ ਮੰਨੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਕਸਬੇ 'ਚ ਜੋ ਟਰੈਫਿਕ ਆਦਿ ਦੀ ਸਮੱਸਿਆ ਹੈ, ਉਸ ਦਾ ਵੀ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਕੰਮ ਪ੍ਰਤੀ ਥਾਣੇ 'ਚ ਆਏ ਕਿਸੇ ਵੀ ਵਿਅਕਤੀ ਨੂੰ ਕਿਸੇ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ, ਬਿਨਾਂ ਭੇਦ ਭਾਵ ਦੇ ਸਭ ਦੇ ਕੰਮ ਸਹੀ ਤਰੀਕੇ ਨਾਲ ਕੀਤੇ ਜਾਣਗੇ। ਉਨ੍ਹਾਂ ਅੱਗੇ ਕਿਹਾ ਕਿ ਮੌਜੂਦਾ



ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜ਼ੀਰੋ ਟੌਲਰੈਂਸ ਨੀਤੀ ਅਪਣਾਈ ਗਈ ਹੈ ਅਤੇ ਇਸੇ ਦੇ ਚੱਲਦਿਆਂ ਹੀ ਨਸ਼ਾ-ਮੁਕਤ ਪੰਜਾਬ ਬਣਾਉਣਾ ਮੁੱਖ ਏਜੰਡਾ ਹੈ। ਉਨ੍ਹਾਂ ਅੱਗੇ ਕਿਹਾ ਕਿ ਨਸ਼ਾ ਸਾਡੇ ਸਮਾਜ ਨੂੰ ਘੁਣ ਵਾਂਗ ਖਾ ਰਿਹਾ ਹੈ, ਇਸ ਲਈ ਇਸ ਦਾ ਖਤਮ ਹੋਣਾ ਬਹੁਤ ਜ਼ਰੂਰੀ ਹੈ। ਨਸ਼ੇ ਦੇ ਸੌਦਾਗਰਾਂ ਨੂੰ ਸਖ਼ਤ ਤਾੜਨਾ ਕਰਦੇ ਹੋਏ ਥਾਣਾ ਮੁਖੀ ਨੇ ਕਿਹਾ ਕਿ ਜੋ ਵੀ ਕੋਈ ਨਸ਼ੇ ਦਾ ਧੰਦਾ ਕਰਦਾ ਹੈ, ਉਹ ਆਪਣਾ ਬੋਰੀਆ ਬਿਸਤਰਾ ਲਪੇਟ ਲਵੇ, ਨਹੀਂ ਤਾਂ ਉਨ੍ਹਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ ਤੇ ਨਸ਼ਾ ਵੇਚਣ ਵਾਲਿਆਂ ਦੇ ਸਬੰਧ 'ਚ ਕਿਸੇ ਦੀ ਕੋਈ ਸਿਫਾਰਸ਼ ਨਹੀਂ ਮੰਨੀ ਜਾਵੇਗੀ।

# ਵਿਧਾਇਕ ਬੜਿੰਗ ਵੱਲੋਂ 28 ਲੱਖ ਨਾਲ ਸਰਕਾਰੀ ਸਕੂਲਾਂ 'ਚ ਕਰਵਾਏ ਵਿਕਾਸ ਕਾਰਜ ਲੋਕ ਅਰਪਿਤ



ਅਮਲੋਹ, 19 ਅਪ੍ਰੈਲ (ਜਸਵੰਤ ਸਿੰਘ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਅਗਵਾਈ ਵਿੱਚ ਸ਼ੁਰੂ ਕੀਤੀ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਹਲਕੇ ਦੇ 5 ਸਕੂਲਾਂ ਵਿੱਚ 28 ਲੱਖ ਦੀ ਲਾਗਤ ਨਾਲ ਕਰਵਾਏ ਵਿਕਾਸ ਕਾਰਜ ਲੋਕ ਅਰਪਿਤ ਕੀਤੇ। ਇਨ੍ਹਾਂ 5 ਸਕੂਲਾਂ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਕਲਾਲ ਮਾਜਰਾ, ਸਰਕਾਰੀ ਐਲੀਮੈਂਟਰੀ ਸਕੂਲ, ਘੁਟੀਂਡ, ਸਰਕਾਰੀ ਮਿਡਲ ਸਕੂਲ, ਘੁਟੀਂਡ, ਸਰਕਾਰੀ ਪ੍ਰਾਇਮਰੀ ਸਕੂਲ ਸਲਾਣਾ ਦੁੱਲਾ ਸਿੰਘ ਵਾਲਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਲਾਣਾ ਜੀਵਨ ਸਿੰਘ ਵਾਲਾ ਸ਼ਾਮਲ ਹਨ। ਵਿਧਾਇਕ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿੱਚ ਪਿਛਲੇ 75 ਸਾਲ ਤੋਂ ਬੁਨਿਆਦੀ ਕੰਮ ਬਕਾਇਆ ਪਏ ਸਨ, ਜਿਨ੍ਹਾਂ ਨੂੰ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ 20 ਹਜ਼ਾਰ ਨਵੇਂ ਅਧਿਆਪਕ ਭਰਤੀ ਹੋਏ ਹਨ ਅਤੇ 12,700 ਕੱਚੇ ਅਧਿਆਪਕ ਪੱਕੇ ਕੀਤੇ ਗਏ ਹਨ। ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ ਉੱਚ ਦਰਜੇ ਦੀ ਸਿਖਲਾਈ ਹਾਸਲ ਕਰਨ ਲਈ ਦੇਸ਼ ਦੀਆਂ ਵੱਡੀਆਂ ਸੰਸਥਾਵਾਂ ਅਤੇ ਵਿਦੇਸ਼ਾਂ ਵਿੱਚ ਭੇਜਿਆ ਗਿਆ ਹੈ, ਅਤਿ ਆਧੁਨਿਕ ਸਹੂਲਤਾਂ ਨਾਲ ਲੈਸ 100 ਦੇ ਕਰੀਬ ਸਕੂਲ ਆਫ ਐਮੀਨੈਂਸ ਬਣਾਏ ਗਏ ਹਨ। ਸਰਕਾਰੀ ਸਕੂਲਾਂ ਲਈ ਬੱਸ ਸੇਵਾ ਵੀ ਸ਼ੁਰੂ ਕੀਤੀ ਗਈ ਹੈ ਅਤੇ 10 ਹਜ਼ਾਰ ਵਿਦਿਆਰਥੀ ਬੱਸ ਸੇਵਾ ਦਾ ਲਾਭ ਲੈ ਰਹੇ ਹਨ। ਇਸ ਮੌਕੇ ਆਪ ਦੇ ਟਰਾਂਸਪੋਰਟ ਸੈੱਲ ਦੇ ਪ੍ਰਧਾਨ ਸ਼ਿੰਗਾਰਾ ਸਿੰਘ ਸਲਾਣਾ, ਮਾਸਟਰ ਹਰਜੀਤ ਸਿੰਘ ਗਰੇਵਾਲ, ਰਣਜੀਤ ਸਿੰਘ ਪਨਾਗ, ਅੰਮ੍ਰਿਤਪਾਲ ਸਿੰਘ ਵਾਲੀਆ, ਅਵਤਾਰ ਮੁਹੰਮਦ, ਮਨੀਸ਼ ਕੁਮਾਰ, ਏਕਮ ਸਿੰਘ ਸਰਪੰਚ ਕਲਾਲਮਾਜਰਾ, ਅੰਮ੍ਰਿਤਪਾਲ ਸਿੰਘ ਸੀਨੀਅਰ ਆਗੂ, ਸੁਖਵਿੰਦਰ ਸਿੰਘ, ਬੀਪੀਈਓ ਹਰਵੇਲ ਸਿੰਘ, ਨੋਡਲ ਅਫ਼ਸਰ ਅਮਨਦੀਪ ਸਿੰਘ, ਮੀਡੀਆ ਕੋਆਰਡੀਨੇਟਰ ਜਰਨੈਲ ਸਿੰਘ ਸਹੋਤਾ ਤੇ ਸੁਖਜੀਤ ਸਿੰਘ ਮਾਵੀ ਆਦਿ ਹਾਜ਼ਰ ਸਨ।

# ਪੰਜਾਬੀ ਲਿਖਾਰੀ ਸਭਾ ਦੇ ਸਰਬਸੰਮਤੀ ਨਾਲ ਉਪਕਾਰ ਸਿੰਘ ਦਿਆਲਪੁਰੀ ਪ੍ਰਧਾਨ, ਜਗਜੀਤ ਗੁਰਮ ਜਨਰਲ ਸਕੱਤਰ ਬਣੇ



ਮੰਡੀ ਗੋਬਿੰਦਗੜ੍ਹ, 19 ਅਪ੍ਰੈਲ (ਸੂਦ) : ਪੰਜਾਬੀ ਲਿਖਾਰੀ ਸਭਾ ਮੰਡੀ ਗੋਬਿੰਦਗੜ੍ਹ ਦੀ ਮਾਸਿਕ ਇੱਕਤਰਤਾ ਸਥਾਨਕ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿਚ ਉਪਕਾਰ ਸਿੰਘ ਦਿਆਲਪੁਰੀ ਦੀ ਪ੍ਰਧਾਨਗੀ ਹੇਠ ਹੋਈ। ਇਕੱਤਰਤਾ ਦੀ ਅਰੰਭਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸ਼ਬਦ, ਮਿੱਤਰ ਪਿਆਰੇ ਨੂੰ ਹਾਲ ਮੁਰੀਦਾਂ ਦਾ ਕਹਿਣਾ ਨਾਲ ਹੋਈ। ਮੀਟਿੰਗ ਦੌਰਾਨ ਰਚਨਾਵਾਂ ਦੇ ਦੌਰ ਵਿਚ ਅਮਰ ਸਿੰਘ ਸੈਪਲਾਂ ਨੇ ਕਹਾਣੀ 'ਪੰਜਾਬ ਦਾ ਵਿਰਸਾ', ਚਿੱਤਰਕਾਰ ਹਰਪ੍ਰੀਤ ਸਿੰਘ ਨਾਜ ਨੇ ਜੱਸਾ ਸਿੰਘ ਰਾਮਗੜ੍ਹੀਆ ਬਾਰੇ ਚਿੱਤਰਾਂ ਸਹਿਤ ਛਪੀ ਪੁਸਤਕ ਬਾਰੇ ਜਾਣਕਾਰੀ ਦਿੱਤੀ। ਲੁਧਿਆਣਾ ਤੋਂ ਆਏ ਇੰਦਰਪ੍ਰੀਤ ਕੌਰ ਲੋਟੇ, ਜਗਜੀਤ ਸਿੰਘ ਗੁਰਮ, ਉਪਕਾਰ ਸਿੰਘ ਦਿਆਲਪੁਰੀ ਅਤੇ ਅਵਤਾਰ ਸਿੰਘ ਚਾਨੇ ਨੇ ਗੀਤ ਸੁਣਾਏ, ਸ਼ਾਇਰ ਜ਼ੋਰਾਵਰ ਸਿੰਘ ਪੰਛੀ, ਸੁਰਿੰਦਰ ਪਾਲ ਕੌਰ ਪਰਮਾਰ ਨੇ ਕਵਿਤਾਵਾਂ, ਮੀਤ ਪਾਣੀਪਤ ਅਤੇ ਸਰਦਾਰ ਪੰਛੀ ਨੇ ਗ਼ਜ਼ਲ ਸੁਣਾਈ। ਪੜ੍ਹੀਆਂ ਰਚਨਾਵਾਂ 'ਤੇ ਉਸਾਰੂ ਪੜਚੋਲ ਹੋਈ ਅਤੇ ਕੀਮਤੀ ਸੁਝਾਅ ਦਿੱਤੇ ਗਏ। ਉਪਰੰਤ ਸਭਾ ਦੇ ਅਹੁਦੇਦਾਰਾਂ ਦੀ ਸਰਬਸੰਮਤੀ ਨਾਲ ਚੋਣ ਹੋਈ, ਜਿਸ ਵਿਚ ਪ੍ਰਧਾਨ ਉਪਕਾਰ ਸਿੰਘ ਦਿਆਲਪੁਰੀ, ਮੀਤ ਪ੍ਰਧਾਨ ਅਮਰ ਸਿੰਘ ਸੈਪਲਾਂ ਅਤੇ ਅਵਤਾਰ ਸਿੰਘ ਚਾਨੇ, ਕੋਆਰਡੀਨੇਟਰ ਸਨੇਹਇੰਦਰ ਸਿੰਘ ਮੀਲੂ, ਜਨਰਲ ਸਕੱਤਰ ਜਗਜੀਤ ਸਿੰਘ ਗੁਰਮ, ਸਕੱਤਰ ਗੁਰਪ੍ਰੀਤ ਸਿੰਘ ਬੀੜ ਕਿਸ਼ਨ, ਪ੍ਰਚਾਰ ਸਕੱਤਰ ਨਰਿੰਦਰ ਭਾਟੀਆ ਤੇ ਪ੍ਰੈੱਸ ਸਕੱਤਰ ਪਰਮਜੀਤ ਸਿੰਘ ਧੀਮਾਨ ਚੁਣੇ ਗਏ। ਮੀਟਿੰਗ ਵਿਚ ਤੇਜਪਾਲ ਸਿੰਘ ਮਰਜਾਰਾ, ਨਰਿੰਦਰ ਭਾਟੀਆ ਤੇ ਪਰਮਜੀਤ ਸਿੰਘ ਧੀਮਾਨ ਨੇ ਵੀ ਵਿਚਾਰ ਸਾਂਝੇ ਕੀਤੇ। ਮੀਟਿੰਗ ਦੀ ਕਾਰਵਾਈ ਜਗਜੀਤ ਸਿੰਘ ਗੁਰਮ ਨੇ ਬਾਖੂਬੀ ਚਲਾਈ।

# ਮਾਰਕੀਟ ਕਮੇਟੀ ਧਰਮਕੋਟ ਤੇ ਫ਼ਤਹਿਗੜ੍ਹ ਪੰਜਤੂਰ ਦੇ ਨਵ-ਨਿਯੁਕਤ ਚੇਅਰਮੈਨਾਂ ਨੇ ਅਹੁਦੇ ਸੰਭਾਲੇ



ਕੋਟ ਈਸੇ ਖਾਂ, 19 ਅਪ੍ਰੈਲ (ਗਾਂਧੀ/ ਗੁਰਦੇਵ ਖੁਰਾਣਾ) :ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਅਤੇ ਫੂਡ ਪ੍ਰੋਸੈਸਿੰਗ ਬਾਰੇ ਵਿਭਾਗਾਂ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਆਪ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ। ਇਹ ਬਦਲਾਅ ਹੀ ਹੈ ਕਿ ਹੁਣ ਆਮ ਲੋਕ ਅਹੁਦਿਆਂ ਉੱਤੇ ਬੈਠ ਕੇ ਲੋਕ ਹਿੱਤ ਫੈਸਲੇ ਲੈਣ ਦੇ ਕਾਬਲ ਹੋਏ ਹਨ। ਉਹ ਅੱਜ ਧਰਮਕੋਟ ਤੇ ਫ਼ਤਹਿਗੜ੍ਹ ਪੰਜਤੂਰ ਵਿਖੇ ਨਵੇਂ ਨਿਯੁਕਤ ਕੀਤੇ ਗਏ ਮਾਰਕੀਟ ਕਮੇਟੀ ਦੇ ਚੇਅਰਮੈਨਾਂ ਨੂੰ ਅਹੁਦੇ ਸੰਭਾਲਣ ਮੌਕੇ ਰੱਖੇ ਸਮਾਗਮਾਂ ਨੂੰ ਸੰਬੋਧਨ ਕਰ ਰਹੇ ਸਨ। ਅੱਜ ਗੁਰਤਾਰ ਸਿੰਘ ਸੰਧੂ ਕਮਾਲਕੇ ਨੇ ਧਰਮਕੋਟ ਵਿਖੇ ਤੇ ਸੁਖਬੀਰ ਸਿੰਘ ਮੰਦਰ ਨੇ ਫ਼ਤਹਿਗੜ੍ਹ ਪੰਜਤੂਰ ਵਿਖੇ ਚੇਅਰਮੈਨ ਦਾ ਅਹੁਦਾ ਸੰਭਾਲਿਆ। ਉਹਨਾਂ ਨਵੇਂ ਬਣੇ ਚੇਅਰਮੈਨਾਂ ਨੂੰ ਚੇਅਰਮੈਨੀ ਮਿਲਣ ਉੱਤੇ ਵਧਾਈ ਦਿੰਦਿਆਂ ਕਿਹਾ ਕਿ ਫਾਊਂਡਰ ਪਾਰਟੀ ਵਰਕਰਾਂ ਨੂੰ ਆਪ ਪਾਰਟੀ ਵੱਲੋਂ ਪੂਰਾ ਮਾਣ ਅਤੇ ਸਤਿਕਾਰ ਦਿੱਤਾ ਜਾਂਦਾ ਰਹੇਗਾ। ਉਨ੍ਹਾਂ ਉਮੀਦ ਜਤਾਈ ਕਿ ਕਮਾਲਕੇ ਅਤੇ ਮੰਦਰ ਦੇ ਚੇਅਰਮੈਨ ਬਣਨ ਨਾਲ ਮਾਰਕੀਟ ਕਮੇਟੀਆਂ ਦੇ ਕੰਮਕਾਜ ਵਿੱਚ ਨਵੀਂ ਜ਼ਿੰਦਗੀ ਆਵੇਗੀ ਅਤੇ ਪਾਰਦਰਸ਼ਤਾ ਨੂੰ ਮਜ਼ਬੂਤੀ ਮਿਲੇਗੀ। ਉਹਨਾਂ ਕਿਹਾ ਕਿ ਝੋਨਾ ਬੀਜਣ ਲਈ ਹਰੇਕ ਜ਼ਿਲ੍ਹੇ ਲਈ ਅਲੱਗ ਅਲੱਗ ਤਰੀਕਾਂ 1 ਜੂਨ, 4 ਜੂਨ ਅਤੇ 9 ਜੂਨ ਤੈਅ ਕੀਤੀਆਂ ਹਨ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਤੈਅ ਸਮਾਂ ਅਨੁਸਾਰ ਹੀ ਝੋਨਾ ਬੀਜਣ ਤਾਂ ਜੋ ਧਰਤੀ ਹੇਠਲੇ ਪਾਣੀ ਨੂੰ ਹੋਰ ਹੇਠਾਂ ਜਾਣ ਤੋਂ ਬਚਾਇਆ ਜਾ ਸਕੇ। ਵੱਖਰੇ ਵੱਖਰੇ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਹਲਕਾ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਂਸ ਨੇ ਕਿਹਾ ਕਿ ਆਪ ਪਾਰਟੀ ਵੱਲੋਂ ਆਮ ਵਰਕਰਾਂ ਨੂੰ ਅਹੁਦੇਦਾਰੀਆਂ ਨਾਲ ਨਿਵਾਜ਼ਿਆ ਜਾ ਰਿਹਾ ਹੈ। ਵਰਕਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ। ਵਰਕਰਾਂ ਦਾ ਦੇਣਾ ਨਹੀਂ ਦਿੱਤਾ ਜਾ ਸਕਦਾ। ਇਸ ਦੌਰਾਨ ਚੇਅਰਮੈਨ ਸੰਧੂ ਕਮਾਲਕੇ ਅਤੇ ਮੰਦਰ ਨੇ ਪਾਰਟੀ ਵੱਲੋਂ ਸੌਂਪੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣ ਦਾ ਭਰੋਸਾ ਦਿੱਤਾ। ਉਹਨਾਂ ਐਲਾਨ ਕੀਤਾ ਕਿ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਨੂੰ ਤਰਜੀਹੀ ਅਧਾਰ 'ਤੇ ਹੱਲ ਕੀਤਾ ਜਾਵੇਗਾ। ਸਮਾਗਮ ਨੂੰ ਹਲਕਾ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਹਰਮਨਦੀਪ ਸਿੰਘ ਬਰਾੜ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਮੋਗਾ, ਰਮਨ ਮਿੱਤਲ ਚੇਅਰਮੈਨ ਨਗਰ ਸੁਧਾਰ ਟਰੱਸਟ ਮੋਗਾ, ਡਾਕਟਰ ਗੁਰਬਾਜ ਸਿੰਘ ਬਲਾਕ ਖੇਤੀਬਾੜੀ ਅਫ਼ਸਰ,ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਆਮ ਲੋਕਾਂ ਨੇ ਸ਼ਿਰਕਤ ਕੀਤੀ।

# ਵਿਧਾਇਕ ਭੁੱਲਰ ਨੇ ਸ਼ਹਿਰ 'ਚ ਸੁਪਰ ਸੱਕਸ਼ਨ ਮਸ਼ੀਨ ਨਾਲ ਸ਼ੁਰੂ ਕਰਵਾਈ ਸੀਵਰੇਜ ਦੀ ਸਫ਼ਾਈ



ਫਿਰੋਜ਼ਪੁਰ, 19 ਅਪ੍ਰੈਲ (ਤਿਵਾੜੀ): ਸ਼ਹਿਰ ਵਿੱਚ ਸੀਵਰੇਜ ਸਬੰਧੀ ਆ ਰਹੀ ਸਮੱਸਿਆ ਦੇ ਹੱਲ ਲਈ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਵੱਲੋਂ ਫਿਰੋਜ਼ਪੁਰ ਸ਼ਹਿਰ ਦਾਣਾ ਮੰਡੀ ਦੇ ਬਾਹਰ ਇੱਸ਼ੇ ਵਾਲਾ ਰੋਡ 'ਤੇ ਸੁਪਰ ਸੱਕਸ਼ਨ ਮਸ਼ੀਨ ਨਾਲ ਸੀਵਰੇਜ ਦੀ ਸਫਾਈ ਕਰਵਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ। ਵਿਧਾਇਕ ਰਣਬੀਰ ਭੁੱਲਰ ਨੇ ਕਿਹਾ ਕਿ ਇਸ ਕੰਮ ਦੇ ਸ਼ੁਰੂ ਹੋਣ ਨਾਲ ਸੀਵਰੇਜ ਓਵਰਫਲੋਅ ਹੋਣ 'ਤੇ ਗੰਦੇ ਪਾਣੀ ਦੀ ਸਮੱਸਿਆ ਨਾਲ ਜੂਝ ਰਹੇ ਲੋਕਾਂ ਨੂੰ ਇਸ ਗੰਭੀਰ ਸਮੱਸਿਆ ਦੇ ਹੱਲ ਹੋਣ ਦੀ ਆਸ ਬੱਝੀ ਹੈ। ਉਨ੍ਹਾਂ ਕਿਹਾ ਕਿ ਸੀਵਰੇਜ ਲਾਈਨਾਂ ਦੀ ਸਫਾਈ ਬਿਹਤਰ ਢੰਗ ਨਾਲ ਕਰਨ ਲਈ ਸੁਪਰ ਸੱਕਸ਼ਨ ਮਸ਼ੀਨ ਨਾਲ ਸੀਵਰੇਜ ਦੀ ਸਫ਼ਾਈ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਸ਼ਹਿਰ ਵਿੱਚ ਜਿਸ ਏਰੀਏ ਵਿੱਚ ਵੀ ਸੀਵਰੇਜ ਬਲੋਕੇਜ ਦੀ ਸਮੱਸਿਆ ਹੋਵੇਗੀ, ਉੱਥੇ ਮਸ਼ੀਨ ਭੇਜ ਕੇ ਸੀਵਰੇਜ ਸਬੰਧੀ ਆ ਰਹੀ ਸਮੱਸਿਆ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਸ਼ਹਿਰ ਨੂੰ ਸਾਫ-ਸੁਥਰਾ, ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਅਤੇ ਇਸ ਸਬੰਧੀ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਵੀ ਜ਼ਰੂਰੀ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ। ਉਹਨਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਆਲੇ ਦੁਆਲੇ ਸਾਫ ਸਫਾਈ ਰੱਖਣ ਅਤੇ ਪ੍ਰਸ਼ਾਸਨ ਅਤੇ ਨਗਰ ਕੌਂਸਲ ਵੱਲੋਂ ਸਮੇਂ-ਸਮੇਂ ਸਿਰ ਜਾਰੀ ਹਦਾਇਤਾਂ ਅਨੁਸਾਰ ਸਫਾਈ ਰੱਖਣ ਵਿੱਚ ਸਹਿਯੋਗ ਕਰਨ।

# ਰਿਮਟ ਯੂਨੀਵਰਸਿਟੀ ਵਿਖੇ ਕਾਰੀਗਰ ਰੋਟੀ ਬਣਾਉਣ ਦੀ ਵਰਕਸ਼ਾਪ ਦਾ ਆਯੋਜਨ



ਮੰਡੀ ਗੋਬਿੰਦਗੜ੍ਹ, 19 ਅਪ੍ਰੈਲ (ਸੂਦ): ਰਿਮਟ ਯੂਨੀਵਰਸਿਟੀ ਦੇ ਸਕੂਲ ਆਫ਼ ਹਾਸਪਿਟੈਲਿਟੀ ਮੈਨੇਜਮੈਂਟ ਦੁਆਰਾ ਹਾਲ ਹੀ ਵਿੱਚ ਕਾਰੀਗਰ ਰੋਟੀ ਬਣਾਉਣ ਬਾਰੇ ਇੱਕ ਵਿਹਾਰਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਸੈਸ਼ਨ ਦਾ ਸੰਚਾਲਨ ਸ਼ੈੱਫ ਸ਼ੁਭਮ, ਸ਼ੈੱਫ ਡੀ ਪਾਰਟੀ, ਰੈਡੀਸਨ ਬਲੂ, ਜਲੰਧਰ ਦੁਆਰਾ ਕੀਤਾ ਗਿਆ। ਵਰਕਸ਼ਾਪ ਦੌਰਾਨ ਵਿਦਿਆਰਥੀਆਂ ਨੂੰ ਖੱਟੇ ਦਾ ਸਟਾਰਟਰ ਤਿਆਰ ਕਰਨ, ਮਿਕਸਿੰਗ, ਪਰੂਫਿੰਗ ਅਤੇ ਬਰੈੱਡ ਬੇਕਿੰਗ ਦੀਆਂ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਗਈ। ਸ਼ੈੱਫ ਸ਼ੁਭਮ ਨੇ ਰੋਟੀ ਬਣਾਉਣ ਦੀ ਕਲਾ ਅਤੇ ਵਿਗਿਆਨ 'ਤੇ ਚਾਨਣਾ ਪਾਇਆ ਅਤੇ ਉੱਚ ਗੁਣਵੱਤਾ ਵਾਲੀਆਂ ਸਮੱਗਰੀਆਂ, ਸਹੀ ਤਾਪਮਾਨ ਨਿਯੰਤਰਣ ਅਤੇ ਧੀਰਜ ਦੀ ਮਹੱਤਤਾ ਬਾਰੇ ਦੱਸਿਆ। ਵਿਦਿਆਰਥੀਆਂ ਨੇ ਵਰਕਸ਼ਾਪ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਨਵੀਆਂ ਚੀਜ਼ਾਂ ਸਿੱਖਣ ਵਿੱਚ ਡੂੰਘੀ ਦਿਲਚਸਪੀ ਦਿਖਾਈ। ਇਹ ਵਰਕਸ਼ਾਪ ਹੋਟਲ ਪ੍ਰਬੰਧਨ ਵਿਭਾਗ ਦੀ ਪਹਿਲਕਦਮੀ ਦਾ ਇੱਕ ਹਿੱਸਾ ਹੈ, ਜਿਸਦਾ ਉਦੇਸ਼ ਉਦਯੋਗ ਦੀਆਂ ਅਕਾਦਮਿਕ ਪੜ੍ਹਾਈ ਅਤੇ ਵਿਹਾਰਕ ਜ਼ਰੂਰਤਾਂ ਵਿਚਕਾਰ ਪਾੜੇ ਨੂੰ ਪੂਰਾ ਕਰਨਾ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਪੇਸ਼ੇਵਰ ਹੁਨਰਾਂ ਨਾਲ ਲੈਸ ਕੀਤਾ ਜਾ ਸਕਦਾ ਹੈ।

# ਸ਼ਵੇਤਾ ਸਚਦੇਵਾ ਦੇ ਜਨਮ ਦਿਨ ਨੂੰ ਸਮਰਪਿਤ ਮੁਫ਼ਤ ਲੋਕ ਸੁਵਿਧਾ ਕੈਂਪ



ਫਾਜ਼ਿਲਕਾ, 19 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਸਮਾਜ ਸੇਵਾ ਲਈ ਪ੍ਰਤੀਬੱਧ ਡਾ. ਬੀ. ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਵੱਲੋਂ 20 ਅਪ੍ਰੈਲ ਨੂੰ ਸਲੇਮਸ਼ਾਹ ਰੋਡ 'ਤੇ ਸਥਿਤ ਕੌਂਸਲਰ ਪੂਜਾ ਲੂਥਰਾ ਸਚਦੇਵਾ ਦੇ ਦਫ਼ਤਰ ਵਿਖੇ ਇਕ ਵਿਸ਼ੇਸ਼ ਮੁਫ਼ਤ ਲੋਕ ਸੁਵਿਧਾ ਕੈਂਪ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਕੈਂਪ ਦਾ ਮੁੱਖ ਉਦੇਸ਼ ਸਥਾਨਕ ਨਿਵਾਸੀਆਂ ਨੂੰ ਵੱਖ-ਵੱਖ ਸਰਕਾਰੀ ਦਸਤਾਵੇਜ਼ ਬਣਵਾਉਣ ਅਤੇ ਸਰਕਾਰੀ ਸਕੀਮਾਂ ਦੀ ਜਾਣਕਾਰੀ ਦੇਣ ਵਿੱਚ ਮਦਦ ਕਰਨੀ ਹੈ। ਸੋਸਾਇਟੀ ਦੇ ਚੇਅਰਮੈਨ ਅਜੈ ਸਚਦੇਵਾ ਅਤੇ ਜਰਨਲ ਸਕੱਤਰ ਕੌਂਸਲਰ ਪੂਜਾ ਲੂਥਰਾ ਸਚਦੇਵਾ ਨੇ ਦੱਸਿਆ ਕਿ ਇਹ ਕੈਂਪ ਡਾ. ਬੀ. ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਅਤੇ ਆਲ ਇੰਡੀਆ ਅਰੋੜਾ ਖੱਤਰੀ ਪੰਜਾਬੀ ਕਮਿਊਨਿਟੀ, ਫਾਜ਼ਿਲਕਾ ਦੀ ਸੀਨੀਅਰ ਉਪ ਪ੍ਰਧਾਨ (ਮਹਿਲਾ ਵਿੰਗ) ਸ਼ਵੇਤਾ ਸਚਦੇਵਾ ਦੇ ਜਨਮ ਦਿਨ ਨੂੰ ਸਮਰਪਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੋਸਾਇਟੀ ਸਮਾਜ ਦੇ ਹਰ ਵਰਗ ਲਈ ਨਿਰੰਤਰ ਯਤਨਸ਼ੀਲ ਹੈ ਅਤੇ ਅਜਿਹੇ ਕੈਂਪ ਰਾਹੀਂ ਲੋਕਾਂ ਨੂੰ ਉਨ੍ਹਾਂ ਦੇ ਹੱਕਾਂ ਬਾਰੇ ਨਾ ਸਿਰਫ਼ ਜਾਗਰੂਕ ਕੀਤਾ ਜਾਂਦਾ ਹੈ, ਸਗੋਂ ਉਨ੍ਹਾਂ ਤੱਕ ਇਹ ਸੇਵਾਵਾਂ ਸਿੱਧੀਆਂ ਤੌਰ 'ਤੇ ਪਹੁੰਚਾਈਆਂ ਵੀ ਜਾਂਦੀਆਂ ਹਨ। ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ ਚਲੇਗਾ। ਇਸ ਦੌਰਾਨ ਆਧਾਰ ਕਾਰਡ, ਪੈਨ ਕਾਰਡ, ਵੋਟਰ ਆਈ.ਡੀ., ਬਜ਼ੁਰਗਾਂ ਲਈ ਪੈਨਸ਼ਨ ਸਕੀਮਾਂ, ਅਸ਼ੀਰਵਾਦ ਸਕੀਮ ਅਤੇ ਹੋਰ ਅਨੇਕਾਂ ਸਰਕਾਰੀ ਯੋਜਨਾਵਾਂ ਸਬੰਧੀ ਜਾਣਕਾਰੀ ਦੇਣ ਤੋਂ ਇਲਾਵਾ, ਦਸਤਾਵੇਜ਼ੀ ਕਾਰਵਾਈ ਵੀ ਮੁਫ਼ਤ ਕੀਤੀ ਜਾਵੇਗੀ। ਸੋਸਾਇਟੀ ਵੱਲੋਂ ਕੈਂਪ ਦੀ ਸਾਰੀ ਤਿਆਰੀ ਪੂਰੀ ਕਰ ਲਈ ਗਈ ਹੈ। ਆਮ ਜਨਤਾ ਨੂੰ ਅਪੀਲ ਕੀਤੀ ਗਈ ਹੈ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਆ ਕੇ ਇਸ ਮੁਫ਼ਤ ਕੈਂਪ ਦਾ ਲਾਭ ਲੈਣ। ਕੈਂਪ ਵਿੱਚ ਸ਼ਮੂਲੀਅਤ ਲਈ ਨਾਗਰਿਕਾਂ ਨੂੰ ਆਪਣੇ ਜ਼ਰੂਰੀ ਦਸਤਾਵੇਜ਼ ਨਾਲ ਆਉਣ ਦੀ ਲੋੜ ਹੋਵੇਗੀ, ਤਾਂ ਜੋ ਉਨ੍ਹਾਂ ਦੀਆਂ ਫਾਈਲਾਂ ਸਹੀ ਢੰਗ ਨਾਲ ਤਿਆਰ ਕੀਤੀਆਂ ਜਾ ਸਕਣ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਸਾਈਬਰ ਕੈਫੇ ਦੀ ਅਣ-ਅਧਿਕਾਰਤ ਵਰਤੋਂ ਨੂੰ ਰੋਕਣ ਸਬੰਧੀ ਦਿਸ਼ਾ-ਨਿਰਦੇਸ਼ ਜਾਰੀ



ਫਤਹਿਗੜ੍ਹ ਸਾਹਿਬ, 19 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਜ਼ਿਲ੍ਹਾ ਮੈਜਿਸਟਰੇਟ ਡਾ. ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਹਦੂਦ ਅੰਦਰ ਸਾਈਬਰ ਕੈਫ਼ੇ ਦੇ ਮਾਲਕਾਂ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ ਹਨ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਸਾਈਬਰ ਕੈਫ਼ੇ 'ਤੇ ਪ੍ਰਾਪਤ ਸਹੂਲਤਾਂ ਦੀ ਵਰਤੋਂ ਕਰਨ ਵਾਲੇ ਵਿਅਕਤੀ ਦੀ ਪਹਿਚਾਣ ਦੇ ਰਿਕਾਰਡ ਲਈ ਰਜਿਸਟਰ ਲਗਾਇਆ ਜਾਵੇ। ਸਾਈਬਰ ਕੈਫੇ 'ਤੇ ਆਉਣ ਵਾਲੇ, ਵਰਤੋਂ ਕਰਨ ਵਾਲੇ ਵਿਅਕਤੀ ਦੀ ਸ਼ਨਾਖਤ ਉਸਦੇ ਪਹਿਚਾਣ ਪੱਤਰ, ਵੋਟਰ ਕਾਰਡ, ਰਾਸ਼ਨ ਕਾਰਡ, ਡਰਾਈਵਿੰਗ ਲਾਇਸੰਸ, ਪਾਸਪੋਰਟ, ਕਰੈਡਿਟ ਕਾਰਡ ਆਦਿ ਵੇਖ ਕੇ ਕੀਤੀ ਜਾਵੇ। ਸਾਈਬਰ ਕੈਫੇ ਵਿੱਚ ਸਥਿਤ ਵਿਅਕਤੀ ਆਪਣੇ ਹੱਥ ਨਾਲ ਆਪਣਾ ਨਾਮ, ਘਰ ਦਾ ਪਤਾ, ਟੈਲੀਫੋਨ ਨੰਬਰ ਅਤੇ ਪਹਿਚਾਣ ਸਬੰਧੀ ਸਬੂਤ ਇੰਦਰਾਜ ਕਰੇਗਾ ਅਤੇ ਰਜਿਸਟਰ ਵਿੱਚ ਹਸਤਾਖਰ ਕਰੇਗਾ। ਹੁਕਮਾਂ 'ਚ ਇਹ ਵੀ ਕਿਹਾ ਗਿਆ ਹੈ ਕਿ ਜੇਕਰ ਸਾਈਬਰ ਕੈਫੇ ਵਿੱਚ ਆਉਣ ਵਾਲੇ ਕਿਸੇ ਵੀ ਵਿਅਕਤੀ ਦੀ ਗਤੀਵਿਧੀ ਸਾਈਬਰ ਕੈਫੇ ਦੇ ਮਾਲਕ ਨੂੰ ਸ਼ੱਕੀ ਲਗਦੀ ਹੈ ਤਾਂ ਉਹ ਸਬੰਧਤ ਥਾਣੇ ਨੂੰ ਸੂਚਿਤ ਕਰੇਗਾ। ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਕੀਤੇ ਮਨਾਹੀਂ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਜ਼ਿਲ੍ਹੇ ਵਿੱਚ ਬਹੁਤ ਸਾਰੀਆਂ ਦੁਕਾਨਾਂ ਅਤੇ ਕਮਰਸ਼ੀਅਲ ਸਥਾਨ ਹੋਂਦ ਵਿੱਚ ਆ ਰਹੇ ਹਨ, ਜੋ ਕਿ ਸਾਈਬਰ ਕੈਫ਼ੇ ਦੇ ਤੌਰ 'ਤੇ ਜਾਣੇ ਜਾਂਦੇ ਹਨ। ਇਨ੍ਹਾਂ ਸਥਾਨਾਂ ਤੋਂ ਮੁਹੱਈਆ ਕੀਤੀ ਜਾਣ ਵਾਲੀ ਈ-ਮੇਲ ਸੁਵਿਧਾ ਸਹਿਤ ਹੋਰ ਸੁਵਿਧਾਵਾਂ ਦੀ ਵਰਤੋਂ ਲਈ ਬਹੁਤ ਸਾਰੇ ਲੋਕ ਇਨ੍ਹਾਂ ਸਥਾਨਾਂ 'ਤੇ ਜਾਂਦੇ ਹਨ ਅਤੇ ਕੁਝ ਗੈਰ -ਸਮਾਜਿਕ ਤੱਤ ਅਤੇ ਅਪਰਾਧੀ ਵੀ ਇਨ੍ਹਾਂ ਸੁਵਿਧਾਵਾਂ ਦੀ ਸੁਰੱਖਿਆ/ਜਾਂਚ ਪੜਤਾਲ ਏਜੰਸੀਆਂ ਨੂੰ ਗੁੰਮਰਾਹ ਕਰਨ, ਜਨਤਾ ਵਿੱਚ ਡਰ ਪੈਦਾ ਕਰਨ, ਆਮ ਜਨਤਾ, ਵੀ. ਆਈ. ਪੀਜ਼ ਅਤੇ ਸਰਕਾਰੀ ਸੰਸਥਾਵਾਂ ਦੀ ਸੁਰੱਖਿਆ ਨੂੰ ਖਤਰੇ ਵਿੱਚ ਪਾਉਣ ਅਤੇ ਅੱਤਵਾਦੀ ਗਤੀਵਿਧੀਆਂ ਦੀ ਮਦਦ ਕਰਕੇ ਸਿੱਧੇ ਤੌਰ 'ਤੇ ਰਾਜ ਦੀ ਸੁਰੱਖਿਆ 'ਤੇ ਅਸਰ ਪਾਉਣ ਲਈ ਵਰਤੋਂ ਕਰ ਸਕਦੇ ਹਨ। ਇਹ ਹੁਕਮ 16 ਜੂਨ, 2025 ਤੱਕ ਲਾਗੂ ਰਹਿਣਗੇ।

# ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਵੱਲੋਂ ਲਗਾਤਾਰ ਮੰਡੀਆਂ ਦਾ ਕੀਤਾ ਜਾ ਰਿਹੈ ਦੌਰਾ



ਫਿਰੋਜ਼ਪੁਰ, 19 ਅਪ੍ਰੈਲ (ਤਿਵਾੜੀ): ਮੰਡੀਆਂ ਵਿੱਚ ਚੱਲ ਰਹੀ ਕਣਕ ਦੀ ਖਰੀਦ ਦਾ ਜਾਇਜ਼ਾ ਲੈਣ ਅਤੇ ਕਿਸਾਨਾਂ ਦਾ ਹਾਲ ਜਾਨਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਵੱਲੋਂ ਲਗਾਤਾਰ ਮੰਡੀਆਂ ਦਾ ਦੌਰਾ ਕੀਤਾ ਜਾ ਰਿਹਾ ਹੈ। ਜਿਸ ਤਹਿਤ ਅੱਜ ਐਸਡੀਐਮ ਫਿਰੋਜ਼ਪੁਰ ਦਿਵਯਾ ਪੀ ਅਤੇ ਐਸਡੀਐਮ ਜ਼ੀਰਾ ਗੁਰਮੀਤ ਸਿੰਘ ਵੱਲੋਂ ਵੱਖ-ਵੱਖ ਮੰਡੀਆਂ ਵਿੱਚ ਪਹੁੰਚ ਕੇ ਉੱਥੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ ਅਤੇ ਕਿਸਾਨਾਂ ਨਾਲ ਗੱਲਬਾਤ ਕੀਤੀ ਗਈ। ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਖਰੀਦਣ ਲਈ ਸਾਰੇ ਢੁੱਕਵੇਂ ਪ੍ਰਬੰਧ ਹਨ ਅਤੇ ਕਣਕ ਦੀ ਖਰੀਦ ਨਿਰਵਿਘਨ ਜਾਰੀ ਹੈ। ਉਹਨਾਂ ਕਿਹਾ ਕਿ ਮੰਡੀਆਂ ਵਿੱਚ ਪੀਣ ਵਾਲੇ ਪਾਣੀ, ਛਾਂ, ਸਾਫ ਸਫਾਈ ਅਤੇ ਕਿਸਾਨਾਂ ਦੇ ਰਾਤ ਨੂੰ ਰੁਕਣ ਆਦਿ ਸਬੰਧੀ ਪੁਖਤਾ ਪ੍ਰਬੰਧ ਹਨ। ਉਹਨਾਂ ਕਿਹਾ ਕਿ ਮੰਡੀਆਂ ਵਿੱਚ ਕਣਕ ਦੀ ਖਰੀਦ ਸਬੰਧੀ ਕਿਸਾਨਾਂ ਮਜ਼ਦੂਰਾਂ ਅਤੇ ਆੜ੍ਹਤੀਆਂ ਕਿਸੇ ਨੂੰ ਵੀ ਕਿਸੇ ਤਰ੍ਹਾਂ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਨਾਲ ਹੀ ਬਾਰਦਾਨੇ ਦੀ ਵੀ ਕਿਸੇ ਤਰ੍ਹਾਂ ਦੀ ਵੀ ਕੋਈ ਘਾਟ ਨਹੀਂ ਹੈ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦੋ ਤਿੰਨ ਦਿਨਾਂ ਵਿੱਚ ਮੰਡੀਆਂ ਵਿੱਚ ਫਸਲ ਦੀ ਆਮਦ ਵਿੱਚ ਤੇਜ਼ੀ ਆਉਣ ਦੀ ਸੰਭਾਵਨਾ ਹੈ, ਜਿਸ ਲਈ ਪਹਿਲਾਂ ਤੋਂ ਹੀ ਸਬੰਧਤ ਅਧਿਕਾਰੀਆਂ ਨੂੰ ਜਰੂਰੀ ਦਿਸ਼ਾ ਨਿਰਦੇਸ਼ ਜਾਰੀ ਹਨ ਤਾਂ ਜੋ ਕਣਕ ਦੀ ਖਰੀਦ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਫਸਲ ਦਾ ਇਕੱਲਾ ਇਕੱਲਾ ਦਾਣਾ ਚੁੱਕਿਆ ਜਾਵੇਗਾ ਅਤੇ ਖਰੀਦ ਉਪਰੰਤ ਨਿਸ਼ਚਿਤ ਮਿਥੇ ਸਮੇਂ ਵਿੱਚ ਉਹਨਾਂ ਨੂੰ ਅਦਾਇਗੀ ਵੀ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਖਰੀਦ ਏਜੰਸੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਖਰੀਦੀ ਗਈ ਕਣਕ ਦੀ ਅਦਾਇਗੀ ਕਿਸਾਨਾਂ ਨੂੰ ਨਾਲੋ ਨਾਲ ਕਰਨ ਦੇ ਨਾਲ-ਨਾਲ ਮੰਡੀਆਂ ਵਿੱਚੋਂ ਕਣਕ ਦੀ ਲਿਫਟਿੰਗ ਵੀ ਤੇਜ਼ੀ ਨਾਲ ਕੀਤੀ ਜਾਵੇ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਜ਼ੀਰਾ ਇਕਬਾਲ ਸਿੰਘ ਢਿੱਲੋਂ, ਚੇਅਰਮੈਨ ਮਾਰਕੀਟ ਕਮੇਟੀ ਮੱਲਾਂਵਾਲਾ ਸੁਖਦੇਵ ਸਿੰਘ ਫੌਜੀ, ਚੇਅਰਮੈਨ ਮਾਰਕੀਟ ਕਮੇਟੀ ਮੱਖੂ ਨਛੱਤਰ ਸਿੰਘ ਵੀ ਮੌਜੂਦ ਸਨ।

# ਨਵਾਂ ਵਕਫ਼ ਸੋਧ ਕਾਨੂੰਨ ਲਾਗੂ ਕਰਨਾ ਪ੍ਰਧਾਨ ਮੰਤਰੀ ਮੋਦੀ ਦੀ ਸਰਕਾਰ ਦਾ ਇਤਿਹਾਸਕ ਫ਼ੈਸਲਾ : ਸੁਖਵਿੰਦਰ ਸਿੰਘ ਸੁੱਖੀ



ਅਮਲੋਹ, 19 ਅਪ੍ਰੈਲ (ਜਸਵੰਤ ਸਿੰਘ): ਦੇਸ਼ ਦੇ ਲੋਕਪ੍ਰਿਯ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦਾ ਵਕਫ਼ ਸ਼ੋਧ ਕਾਨੂੰਨ ਲਾਗੂ ਕਰਨ ਦਾ ਫੈਸਲਾ ਇਤਿਹਾਸਕ ਹੈ। ਕੇਂਦਰੀ ਘੱਟ ਗਿਣਤੀਆਂ ਦੇ ਮੰਤਰੀ ਸ੍ਰੀ ਕਿਰੇਨ ਰਿਜੀਜੂ ਨੇ ਸੰਸਦ ਵਿਚ ਸਪੱਸ਼ਟ ਕਰਦੇ ਹੋਏ ਕਿਹਾ ਸੀ ਕਿ ਨਵਾਂ ਵਕਫ਼ ਸੋਧ ਕਾਨੂੰਨ ਕਿਸੇ ਦੇ ਵੀ ਅਧਿਕਾਰਾਂ ਨੂੰ ਖੋਹਣ ਦੀ ਗੱਲ ਨਹੀਂ ਕਰਦਾ ਸਗੋਂ ਇਹ ਉਨ੍ਹਾਂ ਲੋਕਾਂ ਨੂੰ ਅਧਿਕਾਰ ਦੇਣ ਦੀ ਗੱਲ ਕਰਦਾ ਹੈ ਜਿਨ੍ਹਾਂ ਨੂੰ ਵਕਫ਼ ਸਬੰਧਤ ਮਾਮਲਿਆਂ ਵਿੱਚ ਅਧਿਕਾਰ ਨਹੀਂ ਮਿਲਦੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਯੁਵਾ ਮੋਰਚਾ ਦੇ ਰਾਸ਼ਟਰੀ ਕਾਰਜਕਾਰਨੀ ਦੇ ਮੈਂਬਰ ਐਡਵੋਕੇਟ ਸੁਖਵਿੰਦਰ ਸਿੰਘ ਸੁੱਖੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਇਤਿਹਾਸਕ ਫ਼ੈਸਲੇ ਦਾ ਸਵਾਗਤ ਕਰਦੇ ਹੋਏ ਕੀਤਾ। ਸ੍ਰੀ ਸੁੱਖੀ ਨੇ ਕਿਹਾ ਕਿ ਵਕਫ਼ ਐਕਟ ਵਿੱਚ ਸ਼ਭ ਤੋਂ ਵੱਡਾ ਬਦਲਾਅ ਵਕਫ਼ ਜਾਇਦਾਦਾਂ ਦਾ ਇੱਕ ਡਿਜੀਟਲ ਰਿਕਾਰਡ ਤਿਆਰ ਕਰਨਾ ਹੈ ਤਾਂ ਜੋ ਹਰ ਜ਼ਮੀਨ ਦਾ ਖਾਤਾ ਆਨਲਾਈਨ ਉਪਲਬੱਧ ਹੋ ਸਕੇ ਅਤੇ ਪਾਰਦਰਸ਼ਤਾ ਲਿਆਂਦੀ ਜਾ ਸਕੇ, ਉਥੇ ਹੀ ਨਵੇਂ ਕਾਨੂੰਨ ਵਿੱਚ ਇਹ ਸਪੱਸ਼ਟ ਕੀਤਾ ਗਿਆ ਹੈ ਕਿ ਸਰਕਾਰੀ ਜਾਂ ਅਨੁਸੂਚਿਤ ਕਬੀਲਿਆਂ ਭਾਈਚਾਰੇ ਦੀ ਜ਼ਮੀਨ ਨੂੰ ਵੀ ਵਕਫ਼ ਜਾਇਦਾਦ ਨਹੀਂ ਘੋਸ਼ਿਤ ਕੀਤਾ ਜਾ ਸਕਦਾ, ਜਿਸ ਨਾਲ ਜ਼ਮੀਨੀ ਵਿਵਾਦ ਵੀ ਘੱਟ ਹੋਣਗੇ।

# ਡਾ. ਬੀ.ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੁਸਾਇਟੀ ਨੇ ਮੌਜਮ ਪਿੰਡ ਦੇ ਖਿਡਾਰੀਆਂ ਨੂੰ ਵਾਲੀਬਾਲ ਕਿੱਟਾਂ ਵੰਡੀਆਂ



ਫਾਜ਼ਿਲਕਾ 19 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਡਾ. ਬੀ. ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਨੇ ਸਮਾਜ ਭਲਾਈ ਦੇ ਕੰਮਾਂ ਦੀ ਆਪਣੀ ਲੜੀ ਨੂੰ ਜਾਰੀ ਰੱਖਦਿਆਂ ਬੀਤੇ ਦਿਨੀਂ ਪਿੰਡ ਮੌਜਮ ਦੇ ਨੌਜਵਾਨ ਖਿਡਾਰੀਆਂ ਨੂੰ ਵਾਲੀਬਾਲ ਦੀ ਕਿੱਟ ਵੰਡ ਕੇ ਉਨ੍ਹਾਂ ਨੂੰ ਖੇਡਾਂ ਵੱਲ ਪ੍ਰੇਰਿਤ ਕੀਤਾ। ਇਹ ਪ੍ਰੋਗਰਾਮ ਕੌਂਸਲਰ ਪੂਜਾ ਲੂਥਰਾ ਸਚਦੇਵਾ ਦੇ ਦਫ਼ਤਰ ਵਿਖੇ ਆਯੋਜਿਤ ਕੀਤਾ ਗਿਆ, ਜਿੱਥੇ ਨੌਜਵਾਨਾਂ ਵਿੱਚ ਖਾਸ ਉਤਸ਼ਾਹ ਵੇਖਣ ਨੂੰ ਮਿਲਿਆ। ਸੋਸਾਇਟੀ ਦੇ ਚੇਅਰਮੈਨ ਅਜੈ ਸਚਦੇਵਾ ਅਤੇ ਜਰਨਲ ਸਕੱਤਰ ਕੌਂਸਲਰ ਪੂਜਾ ਲੂਥਰਾ ਸਚਦੇਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਪਹਿਲ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਦੀਆਂ ਊਰਜਾਵਾਂ ਨੂੰ ਸਹੀ ਦਿਸ਼ਾ ਵੱਲ ਮੋੜਨ ਦੀ ਕੋਸ਼ਿਸ਼ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨਾ ਸਿਰਫ ਸਰੀਰਕ ਤੰਦਰੁਸਤੀ ਲਈ ਲਾਭਕਾਰੀ ਹਨ, ਸਗੋਂ ਇਹ ਮਨੋਵਿਗਿਆਨਕ ਤੌਰ 'ਤੇ ਵੀ ਨੌਜਵਾਨਾਂ ਨੂੰ ਮਜ਼ਬੂਤ ਬਣਾਉਂਦੀਆਂ ਹਨ। ਸਚਦੇਵਾ ਦਮਪਤੀ ਨੇ ਇਹ ਵੀ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਵੀ ਸੋਸਾਇਟੀ ਵੱਲੋਂ ਵੱਖ ਵੱਖ ਪਿੰਡਾਂ ਦੀਆਂ ਮੰਗਾਂ ਅਨੁਸਾਰ ਖੇਡ ਕਿੱਟਾਂ ਵੰਡੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਜਿੱਥੇ-ਜਿੱਥੇ ਤੋਂ ਮੰਗ ਆਏਗੀ, ਉਥੇ-ਉਥੇ ਖਿਡਾਰੀਆਂ ਨੂੰ ਉਨ੍ਹਾਂ ਦੀ ਲੋੜ ਅਨੁਸਾਰ ਖੇਡ ਕਿੱਟਾਂ ਮੁਹੱਈਆ ਕਰਵਾਈਆਂ ਜਾਣਗੀਆਂ। ਇਹ ਪਹਿਲ ਨਾ ਕੇਵਲ ਖੇਡ ਪ੍ਰੇਮੀ ਨੌਜਵਾਨਾਂ ਲਈ ਉਤਸ਼ਾਹ ਦਾ ਕਾਰਨ ਬਣੀ ਹੈ, ਬਲਕਿ ਪਿੰਡ ਦੇ ਬਜ਼ੁਰਗਾਂ ਨੇ ਵੀ ਇਸ ਦੀ ਸਰਾਹਨਾ ਕੀਤੀ ਹੈ।

# ਦੋਸਤ ਦੇ ਕਤਲ ਕੇਸ 'ਚ ਲੋੜੀਂਦਾ ਵਿਅਕਤੀ ਕਾਬੂ, ਇੱਕ ਹੋਰ ਨੌਜਵਾਨ ਸਾਢੇ ਸੱਤ ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ

ਸ੍ਰੀ ਹਰਗੋਬਿੰਦਪੁਰ ਸਾਹਿਬ/ਘੁਮਾਣ, 19 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ ਜਗੀਰ ਸਿੰਘ ਮੰਡ/ਡਾ. ਸਰਬਜੀਤ ਸਿੰਘ ਭਿੰਡਰ): ਘੁਮਾਣ ਪੁਲਿਸ ਨੂੰ ਉਸ ਵੇਲੇ ਵੱਡੀ ਸਫਲਤਾ ਪ੍ਰਾਪਤ ਹੋਈ, ਜਦੋਂ ਬੀਤੇ ਦਿਨ ਆਪਣੇ ਦੋਸਤ ਨੂੰ ਨਸ਼ੇ ਦੀ ਵੱਧ ਮਾਤਰਾ ਦੇ ਕੇ ਮਾਰਨ ਵਾਲੇ ਇੱਕ ਵਿਅਕਤੀ ਨੂੰ ਪੁਲਿਸ ਵੱਲੋਂ ਕਾਬੂ ਕਰ ਲਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ.ਐੱਚ.ਓ. ਘੁਮਾਣ ਬਿਕਰਮ ਸਿੰਘ ਨੇ ਦੱਸਿਆ ਬੀਤੇ ਦਿਨੀਂ ਕਸਬਾ ਘੁਮਾਣ ਦੇ ਨਜ਼ਦੀਕ ਪੈਂਦੇ ਪਿੰਡ ਬੋਹਜਾ ਵਿਖੇ ਆਪਣੇ ਦੋਸਤ ਕਰਨਪ੍ਰੀਤ ਸਿੰਘ ਵਾਸੀ ਪਿੰਡ ਸੈਦੋਕੇ ਥਾਣਾ ਮਹਿਤਾ ਚੌਂਕ ਨੂੰ ਨਸ਼ੇ ਦੀ ਓਵਰਡੋਜ਼ ਦੇ ਕੇ ਮਾਰਨ ਤੇ ਨਾਲ ਹੀ ਉਸ ਦੀ ਸ਼ਨਾਖਤ ਮਿਟਾਉਣ ਲਈ ਉਸ ਦਾ ਚੇਹਰਾ ਖਰਾਬ ਕਰਨ ਵਾਲੇ ਦੋਸ਼ੀ ਨੌਜਵਾਨ ਯਾਦਵਿੰਦਰ ਸਿੰਘ ਵਾਸੀ ਸੈਦੋਕੇ ਥਾਣਾ ਮਹਿਤਾ ਚੌਂਕ ਨੂੰ ਪੁਲਿਸ ਵੱਲੋਂ ਕਾਬੂ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਬੀਤੇ ਦਿਨ ਕਰਨਪ੍ਰੀਤ ਸਿੰਘ ਦੇ ਪਰਿਵਾਰਕ ਮੈਂਬਰਾਂ ਵੱਲੋਂ ਥਾਣਾ ਘੁਮਾਣ ਵਿਖੇ ਲਿਖਤੀ ਦਰਖਾਸਤ ਦਿੰਦਿਆਂ ਦੱਸਿਆ ਕਿ ਸਾਡੇ ਲੜਕੇ ਦਾ ਇੱਕ ਦੋਸਤ ਯਾਦਵਿੰਦਰ ਸਿੰਘ ਸਾਡੇ ਲੜਕੇ ਨੂੰ ਆਪਣੇ ਨਾਲ ਲੈ ਕੇ ਗਿਆ ਸੀ ਤੇ ਇਹ ਦੋਨੋਂ ਨਸ਼ਾ ਕਰਨ ਦੇ ਆਦੀ ਸਨ ਤੇ ਯਾਦਵਿੰਦਰ ਸਿੰਘ ਨੇ ਮੇਰੇ ਲੜਕੇ ਕਰਨਪ੍ਰੀਤ ਸਿੰਘ ਨੂੰ ਹੈਰੋਇਨ ਦਾ ਟੀਕਾ ਲਗਾ ਕੇ ਵੱਧ ਡੋਜ਼ ਦੇ ਕੇ ਉਸਦਾ ਕਤਲ ਕਰ ਦਿੱਤਾ ਤੇ ਉਸਦੀ ਸ਼ਨਾਖਤ ਮਿਟਾਉਣ ਲਈ ਉਸਦਾ ਚਿਹਰਾ ਖਰਾਬ ਕਰ ਦਿੱਤਾ। ਘੁਮਾਣ ਪੁਲਿਸ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਯਾਦਵਿੰਦਰ ਸਿੰਘ ਪੁੱਤਰ ਜਗੀਰ ਸਿੰਘ ਵਾਸੀ ਸੈਦੋਕੇ ਥਾਣਾ ਮਹਿਤਾ ਨੂੰ ਵੱਖ ਵੱਖ ਧਾਰਾਵਾਂ ਤਹਿਤ ਗ੍ਰਿਫਤਾਰ ਕਰ ਲਿਆ ਗਿਆ। ਥਾਣਾ ਮੁਖੀ ਐੱਸ.ਐੱਚ.ਓ. ਬਿਕਰਮ ਸਿੰਘ ਨੇ ਅੱਗੇ ਦੱਸਿਆ ਕਿ ਘੁਮਾਣ ਪੁਲਿਸ ਵੱਲੋਂ ਇਕ ਨੌਜਵਾਨ ਵਿਸ਼ਾਲ ਸਿੰਘ ਉਰਫ ਮਧੂ ਵਾਸੀ ਗੰਡੇਕੇ ਨੂੰ 7.50 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜਿਸ ਨੌਜਵਾਨ ਕੋਲੋਂ ਵਿਸ਼ਾਲ ਸਿੰਘ ਹੈਰੋਇਨ ਲੈ ਕੇ ਆਉਂਦਾ ਸੀ ਉਸ ਵਿਰੁੱਧ ਤੇ ਵਿਸ਼ਾਲ ਸਿੰਘ ਵਿਰੁੱਧ ਐੱਨ.ਡੀ.ਪੀ.ਐੱਸ. ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਦਿੱਤਾ ਗਿਆ। ਉਨ੍ਹਾਂ ਆਖਿਆ ਕਿ ਵਿਸ਼ਾਲ ਸਿੰਘ ਵਿਰੁੱਧ ਪਹਿਲਾਂ ਵੀ ਤਿੰਨ ਕੇਸ ਦਰਜ ਹਨ। ਇਸ ਮੌਕੇ ਥਾਣਾ ਮੁਖੀ ਨੇ ਆਖਿਆ ਕਿ ਨਸ਼ਿਆਂ ਦੇ ਸੌਦਾਗਰਾਂ ਨੂੰ ਕਿਸੇ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਮੁੱਖ ਮੁਨਸ਼ੀ ਰਮਨਜੀਤ ਸਿੰਘ, ਮੁਨਸ਼ੀ ਗੁਰਪ੍ਰੀਤ ਸਿੰਘ, ਚੌਕੀ ਇੰਚਾਰਜ ਊਧਨਵਾਲ ਏ.ਐੱਸ.ਆਈ. ਪੰਜਾਬ ਸਿੰਘ, ਏ.ਐੱਸ.ਆਈ. ਸ਼ਿਵਚਰਨ ਕੁਮਾਰ, ਮੁਨਸ਼ੀ ਗੁਰਸੇਵਕ ਸਿੰਘ, ਏ.ਐੱਸ.ਆਈ. ਸੁਖਪਾਲ ਸਿੰਘ, ਏ.ਐੱਸ.ਆਈ. ਪਾਲ ਸਿੰਘ, ਕਾਂਸਟੇਬਲ ਸਿਕੰਦਰ ਸਿੰਘ ਆਦਿ ਹਾਜ਼ਰ ਸਨ।



# ਪਿੰਡ ਚੂੜਵਾਲੀ 'ਚ ਗੁਰੂ ਦੀਆਂ ਫੌਜਾਂ ਵੱਲੋਂ ਧਾਰਮਿਕ ਪ੍ਰੋਗਰਾਮ

ਭੋਗਪੁਰ, 19 ਅਪ੍ਰੈਲ (ਜੰਡੀਰ ਸੈਣੀ): ਆਦਮਪੁਰ ਦੇ ਪਿੰਡ ਚੂੜਵਾਲੀ ਵਿੱਚ ਮਿਸ਼ਲ ਨਵਾਬ ਕਪੂਰ ਸਿੰਘ ਜੀ ਬੁੱਢਾ ਦਲ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਦਵਿੰਦਰ ਸਿੰਘ ਅਕਾਲੀ ਵੱਲੋਂ ਧਾਰਮਿਕ ਪ੍ਰੋਗਰਾਮ ਕਰਵਾਏ ਗਏ। ਮੁਖੀ ਬਾਬਾ ਦਵਿੰਦਰ ਸਿੰਘ ਨੇ ਕਥਾ ਵਿਚਾਰ ਤੇ ਨਾਮ ਸਿਮਰਨ ਰਾਹੀਂ ਸੰਗਤਾਂ ਨੂੰ ਖੂਬ ਨਿਹਾਲ ਕੀਤਾ। ਢਾਡੀ ਜੱਥਿਆਂ ਨੇ ਵੀ ਸੰਗਤਾਂ ਨੂੰ ਸਿੱਖ ਇਤਿਹਾਸ ਤੋਂ ਜਾਣੂੰ ਕਰਵਾਇਆ। ਫੁੱਲਾਂ ਦੀ ਵਰਖਾ ਵੀ ਖੂਬ ਕੀਤੀ ਗਈ ਤੇ ਆਰਤੀ ਵੀ ਕੀਤੀ ਗਈ। ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਮੁਖੀ ਬਾਬਾ ਦਵਿੰਦਰ ਸਿੰਘ ਦੀ ਅਗਵਾਈ ਹੇਠ ਸਾਰੀਆਂ ਸੰਗਤਾਂ ਵੱਲੋਂ ਸਤਿਨਾਮ ਵਾਹਿਗੁਰੂ ਦੇ ਜਾਪ ਕਰਦੇ ਹੋਏ ਆਦਮਪੁਰ ਦੇ ਪਿੰਡ ਚੂੜਵਾਲੀ ਦੀ ਪਰਿਕਰਮਾ ਕੀਤੀ ਗਈ। ਹਾਥੀ ਉਠ-ਘੋੜੇ ਤੇ ਗੱਡੀਆਂ ਵਿੱਚ ਸੰਗਤਾਂ ਸਤਿਨਾਮ ਵਾਹਿਗੁਰੂ ਦਾ ਜਾਪ ਕਰ ਰਹੀਆਂ ਸਨ। ਉਪਰੰਤ ਗੁਰੂ ਦੀਆਂ ਫੌਜਾਂ ਨੇ ਘੋੜਿਆਂ ਦੀ ਦੌੜ ਤੇ ਗੱਤਕੇ ਦੇ ਜੌਹਰ ਵੀ ਦਿਖਾਏ। ਮੁਖੀ ਬਾਬਾ ਦਵਿੰਦਰ ਸਿੰਘ ਨੇ ਚੜ੍ਹਦੀਕਲਾ ਟਾਈਮ ਟੀ.ਵੀ. ਦੇ ਪੱਤਰਕਾਰ ਜੰਡੀਰ ਸੈਣੀ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕੇ ਰੋਜ਼ਾਨਾ ਹੀ ਪਿੰਡਾਂ ਵਿੱਚ ਜਾ ਕੇ ਸਮਾਗਮ ਕੀਤੇ ਜਾਂਦੇ ਹਨ ਤੇ ਅੰਮ੍ਰਿਤ ਪਾਨ ਕਰਵਾਏ ਜਾਂਦੇ ਹਨ ਤਾਂ ਕਿ ਨੌਜਵਾਨ ਮੁੰਡਿਆਂ ਨੂੰ ਗੁਰੂ ਵਾਲੇ ਬਣਾਇਆ ਜਾਵੇ। ਪੰਜਾਬ ਨੂੰ ਨਸ਼ਾ ਮੁਕਤ ਕੀਤਾ ਜਾਵੇ। ਅੱਜ ਪਿੰਡ ਚੂੜਵਾਲੀ ਵਿੱਚ ਸਮਾਗਮ ਸਮੇਂ 26 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ ਹਨ। ਉਪਰੰਤ ਬਾਬਾ ਮੁਖੀ ਦਵਿੰਦਰ ਸਿੰਘ ਨੇ ਗੁਰੂ ਦੀਆਂ ਫੌਜਾਂ ਨੂੰ ਇਨਾਮ ਵੰਡੇ ਤੇ ਸਨਮਾਨਤ ਕੀਤਾ।



# ਚੇਅਰਮੈਨ ਨੇ ਹਲਕੇ ਦੇ ਚਾਰ ਸਕੂਲਾਂ 'ਚ 29 ਲੱਖ ਨਾਲ ਹੋਏ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

ਗੁਰਦਾਸਪੁਰ, 19 ਅਪ੍ਰੈਲ (ਜਗੀਰ ਸਿੰਘ ਮੰਡ): ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨਾਲ ਕੀਤਾ ਇੱਕ-ਇੱਕ ਵਾਅਦਾ ਪੂਰਾ ਕਰਨ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ ਤੇ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਕੇ ਸਰਕਾਰ ਨੇ ਆਪਣਾ ਵਾਅਦਾ ਪੂਰਾ ਕੀਤਾ ਹੈ। ਰਾਜ ਸਰਕਾਰ ਵੱਲੋਂ ਸਕੂਲ ਆਫ ਐਮੀਨੈਂਸ ਬਣਾ ਕੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਤਿਆਰ ਕੀਤਾ ਜਾ ਰਿਹਾ ਹੈ ਤਾਂ ਜੋ ਉਚੇਰੀ ਸਿੱਖਿਆ ਹਾਸਲ ਕਰਕੇ ਵਿਦਿਆਰਥੀ ਉੱਚ ਅਹੁਦਿਆਂ 'ਤੇ ਪਹੁੰਚ ਸਕਣ। ਇਹ ਪ੍ਰਗਟਾਵਾ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਅੱਜ ਸਿੱਖਿਆ ਕ੍ਰਾਂਤੀ ਅਧੀਨ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਚਾਰ ਸਕੂਲਾਂ ਸਰਕਾਰੀ ਪ੍ਰਾਇਮਰੀ ਸਕੂਲ ਹਰਦੋਛੰਨੀ, ਸਰਕਾਰੀ ਪ੍ਰਾਇਮਰੀ ਸਕੂਲ ਚੱਗੋਵਾਲ, ਸਰਕਾਰੀ ਪ੍ਰਾਇਮਰੀ ਸਕੂਲ ਹਰਦਾਨ ਤੇ ਸਰਕਾਰੀ ਪ੍ਰਾਇਮਰੀ ਸਕੂਲ ਢਕਾਲਾ 'ਚ 29 ਲੱਖ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਸਕੂਲਾਂ ਵਿੱਚ ਆਧੁਨਿਕ ਸਿੱਖਿਆ ਦੇਣ ਲਈ ਸਕੂਲਾਂ ਦੇ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਸਿਖਲਾਈ ਲਈ ਭੇਜ ਰਹੀ ਹੈ ਤਾਂ ਜੋ ਉਹ ਚੰਗੀ ਮੁਹਾਰਤ ਹਾਸਲ ਕਰਕੇ ਵਿਦਿਆਰਥੀਆਂ ਨੂੰ ਵਧੀਆ ਸਿੱਖਿਆ ਮੁਹੱਈਆ ਕਰਵਾ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪ੍ਰਿੰਸੀਪਲਾਂ ਦੀਆਂ ਤਰੱਕੀਆਂ ਲਈ ਪਹਿਲਾਂ ਤੋਂ ਤੈਅ ਕੋਟੇ ਨੂੰ 50 ਫੀਸਦੀ ਤੋਂ 75 ਫੀਸਦੀ ਕਰਕੇ ਇੱਕ ਅਹਿਮ ਫੈਸਲਾ ਕੀਤਾ ਗਿਆ ਹੈ ਜਿਸ ਦਾ ਅਧਿਆਪਕ ਵਰਗ ਨੂੰ ਵੱਡਾ ਲਾਭ ਮਿਲੇਗਾ। ਇਸ ਮੌਕੇ ਚੇਅਰਮੈਨ ਰਮਨ ਬਹਿਲ ਨੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸਿੱਖਿਆ ਕੋਆਰਡੀਨੇਟਰ ਅਸ਼ਵਨੀ ਕੁਮਾਰ, ਆਪ ਆਗੂ ਸੁੱਚਾ ਸਿੰਘ ਮੁਲਤਾਨੀ ਤੋਂ ਇਲਾਵਾ ਸਿੱਖਿਆ ਵਿਭਾਗ ਦੇ ਅਧਿਕਾਰੀ, ਸਕੂਲਾਂ ਦਾ ਸਟਾਫ਼, ਪਿੰਡਾਂ ਦੇ ਪੰਚ-ਸਰਪੰਚ ਤੇ ਵਿਦਿਆਰਥੀਆਂ ਦੇ ਮਾਪੇ ਵੀ ਹਾਜ਼ਰ ਸਨ।



# ਸਿਹਤ ਵਿਭਾਗ ਦੀ ਟੀਮ ਨੇ ਦੁਕਾਨਦਾਰਾਂ ਦੇ ਚਲਾਨ ਕੱਟੇ

ਧਾਰੀਵਾਲ, 19 ਅਪ੍ਰੈਲ (ਅਸ਼ੋਕ ਕੁਮਾਰ): ਐੱਸ.ਐੱਮ.ਓ. ਧਾਰੀਵਾਲ ਡਾ. ਰਵਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਦੀ ਟੀਮ ਹੈਲਥ ਇੰਸਪੈਕਟਰ ਰਾਜਵਿੰਦਰ ਸਿੰਘ, ਤਸਵੀਰ ਸਿੰਘ ਚਾਹਲ ਤੇ ਹਰਿੰਦਰ ਸਿੰਘ ਵੱਲੋਂ ਦੁਕਾਨਦਾਰਾਂ ਤੇ ਜਨਤਕ ਥਾਵਾਂ 'ਤੇ ਨਸ਼ਾ-ਕੁਸ਼ੀ ਕਰਨ ਵਾਲਿਆਂ ਦੀ ਚੈਕਿੰਗ ਕਰਦਿਆਂ ਚਲਾਨ ਕੱਟ ਗਏ। ਇਸ ਮੌਕੇ 'ਤੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਹੈਲਥ ਇੰਸਪੈਕਟਰ ਰਾਜਵਿੰਦਰ ਸਿੰਘ ਤੇ ਤਸਵੀਰ ਸਿੰਘ ਚਾਹਲ ਨੇ ਨਸ਼ਾ ਸੇਵਨ ਕਰਨ ਦੇ ਮਾੜੇ ਪ੍ਰਭਾਵਾਂ ਤੋਂ ਜਾਣੂੰ ਕਰਵਾਉਂਦੇ ਹੋਏ ਨਸ਼ਾ ਨਾ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਤੰਬਾਕੂ, ਸਿਗਰਟ, ਬੀੜੀ ਤੇ ਜਰਦੇ ਦਾ ਸੇਵਨ ਕਰਨ ਵਾਲੇ ਭਿਆਨਕ ਬਿਮਾਰੀ ਦੀ ਗ੍ਰਸਤ ਵਿੱਚ ਜਲਦ ਜਾ ਜਾਂਦੇ ਹਨ ਤੇ ਅਜਿਹੇ ਨਸ਼ੀਲੇ ਪਦਾਰਥਾਂ ਦਾ ਸੇਵਨ ਕਰਨ ਤੋਂ ਗੁਰੇਜ ਕਰਨ ਚਾਹੀਦਾ ਹੈ। ਉਨ੍ਹਾਂ ਨੇ ਦੁਕਾਨਦਾਰਾਂ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਉਹ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਸਿਗਰਟ ਬੀੜੀ, ਤੰਬਾਕੂ ਆਦਿ ਨਾ ਵੇਚਨ ਤੇ ਆਪਣੀ ਦੁਕਾਨਾਂ ਦੇ ਬਾਹਰ ਸਿਹਤ ਵਿਭਾਗ ਦੀਆਂ ਹਦਾਇਤਾਂ ਵਾਲਾ ਚੇਤਾਵਨੀ ਬੋਰਡ ਜ਼ਰੂਰ ਚਪਕਾਉਣ ਤੇ ਸਾਫ-ਸਫਾਈ ਦਾ ਖਾਸ ਖਿਆਲ ਰੱਖਣ। ਜਦਕਿ ਭੱਵਿਖ ਵਿੱਚ ਵੀ ਸਿਹਤ ਵਿਭਾਗ ਵੱਲੋਂ ਅਜਿਹੀ ਚੈਕਿੰਗ ਨਿਰੰਤਰ ਜਾਰੀ ਰਹੇਗੀ।



# ਦਾਣਾ ਮੰਡੀ 'ਚ ਤਬਦੀਲ ਹੋਇਆ ਖੇਮਕਰਨ ਸ਼ਹਿਰ ਦਾ ਬੱਸ ਅੱਡਾ, ਪ੍ਰਸ਼ਾਸਨ ਬੇਖ਼ਬਰ

ਭਿੱਖੀਵਿੰਡ, 19 ਅਪ੍ਰੈਲ (ਸਵਿੰਦਰ ਬਲੇਹਰ): ਜ਼ਿਲ੍ਹਾ ਤਰਨਤਾਰਨ ਅਧੀਨ ਪੈਂਦੇ ਖੇਮਕਰਨ ਸ਼ਹਿਰ ਦੇ ਬੱਸ ਅੱਡੇ ਵਿੱਚ ਅੱਜਕਲ੍ਹ ਬੱਸਾਂ ਨਹੀਂ ਖੜ੍ਹਦੀਆਂ ਬਲਕਿ ਉੱਥੇ ਸਥਾਨਕ ਆੜ੍ਹਤੀਆਂ ਵੱਲੋਂ ਸ਼ਰੇਆਮ ਨਿਯਮਾਂ ਦੀਆਂ ਧੱਜੀਆਂ ਉਡਾਉਂਦੇ ਹੋਏ ਬੱਸ ਅੱਡੇ ਨੂੰ ਦਾਣਾ ਮੰਡੀ ਵਿੱਚ ਤਬਦੀਲ ਕਰਕੇ ਉੱਥੇ ਕਣਕ ਦੀ ਫ਼ਸਲ ਦੇ ਢੇਰ ਲਗਾ ਦਿੱਤੇ ਗਏ ਹਨ, ਜਿਸ ਕਾਰਨ ਬੱਸਾਂ ਅੱਡੇ ਤੋਂ ਬਾਹਰ ਸੜਕ ਦੇ ਕਿਨਾਰੇ ਖੜ੍ਹੀਆਂ ਕਰਨੀਆਂ ਪੈ ਰਹੀਆਂ ਹਨ। ਜ਼ਿਕਰਯੋਗ ਹੈ ਕਿ ਇਹ ਸ਼ਹਿਰ ਬਾਰਡਰ ਦੇ ਨਜ਼ਦੀਕ ਹੋਣ ਕਾਰਨ ਪਹਿਲਾਂ ਹੀ ਸਹੂਲਤਾਂ ਤੋਂ ਵਾਂਝਾ ਹੈ, ਜੇਕਰ ਇਸ ਇਲਾਕੇ ਵਿੱਚ ਸਰਕਾਰਾਂ ਵੱਲੋਂ ਕੋਈ ਸਹੂਲਤ ਦਿੱਤੀ ਵੀ ਜਾਂਦੀ ਹੈ ਤਾਂ ਉਸਦਾ ਵੀ ਕਈ ਲੋਕਾਂ ਵੱਲੋਂ ਦੁਰਉਪਯੋਗ ਕੀਤਾ ਜਾਂਦਾ ਹੈ। ਪਿਛਲੀਆਂ ਸਰਕਾਰਾਂ ਵੱਲੋਂ ਇਹ ਬੱਸ ਅੱਡਾ ਯਾਤਰੀਆਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਬਣਾਇਆ ਗਿਆ ਸੀ, ਪਰ ਇਸਦਾ ਉਪਯੋਗ ਬੱਸਾਂ ਖੜ੍ਹਾਉਣ ਲਈ ਘੱਟ ਤੇ ਆਪਣੇ ਨਿੱਜੀ ਕੰਮਾਂ ਲਈ ਜ਼ਿਆਦਾ ਕੀਤਾ ਜਾ ਰਿਹਾ ਹੈ। ਖੇਮਕਰਨ ਵਿੱਚ ਵਿਸ਼ਾਲ ਦਾਣਾ ਮੰਡੀ ਹੋਣ ਦੇ ਬਾਵਜੂਦ ਵੀ ਬੱਸ ਅੱਡੇ ਵਿੱਚ ਕਣਕ ਦੀ ਫ਼ਸਲ ਦੇ ਢੇਰ ਲਗਾ ਕੇ ਜਨਤਾ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਬੱਸ ਅੱਡੇ ਦੇ ਨਜ਼ਦੀਕ ਬਾਜ਼ਾਰ ਹੋਣ ਕਰਕੇ ਸਾਰਾ ਦਿਨ ਦੁਕਾਨਦਾਰਾਂ ਤੇ ਉੱਥੋਂ ਦੇ ਵਸਨੀਕਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਕਿਉਂਕਿ ਉੱਥੇ ਸਾਰਾ ਦਿਨ ਧੂਲ ਮਿੱਟੀ ਉੱਡਦੀ ਰਹਿੰਦੀ ਹੈ। ਇਹ ਪੂਰਾ ਮਸਲਾ ਪੱਤਰਕਾਰਾਂ ਵੱਲੋਂ ਜ਼ਿਲ੍ਹਾ ਤਰਨਤਾਰਨ ਦੇ ਡਿਪਟੀ ਕਮਿਸ਼ਨਰ ਰਾਹੁਲ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ, ਹੁਣ ਦੇਖਣਾ ਹੋਵੇਗਾ ਕਿ ਬੱਸ ਅੱਡੇ ਵਿੱਚ ਫਸਲ ਦੇ ਢੇਰ ਲਗਾਉਣ ਵਾਲੇ ਆੜ੍ਹਤੀਆਂ 'ਤੇ ਪ੍ਰਸ਼ਾਸਨ ਵੱਲੋਂ ਕੀ ਕਾਰਵਾਈ ਕੀਤੀ ਜਾਂਦੀ ਹੈ।



# ਆਮ ਆਦਮੀ ਪਾਰਟੀ ਦੀ ਸੁਚੱਜੀ ਸੋਚ ਸਦਕਾ ਸਿੱਖਿਆ ਖੇਤਰ ਛੂਹ ਰਿਹੈ ਬੁਲੰਦੀਆਂ : ਵਿਧਾਇਕ ਰੰਧਾਵਾ

ਡੇਰਾ ਬਾਬਾ ਨਾਨਕ, 19 ਅਪ੍ਰੈਲ (ਹੈਪੀ ਕੋਟਲੀ): ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰ ਰਹੀ ਹੈ ਤਾਂ ਬਹੁਤੇ ਸਕੂਲ ਤਾਂ ਆਧੁਨਿਕ ਹੋ ਚੁੱਕੇ ਹਨ। ਰਹਿੰਦੇ ਸਕੂਲਾਂ ਵਿੱਚ ਵੀ ਉੱਚ ਦਰਜੇ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਦੇ ਸਿਰਤੋੜ ਯਤਨ ਜਾਰੀ ਹਨ। ਪੰਜਾਬ ਸਰਕਾਰ ਦੀ ਪੰਜਾਬ ਸਿੱਖਿਆ ਕ੍ਰਾਂਤੀ ਨਾਲ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਸਕੂਲਾਂ ਨੂੰ ਆਧੁਨਿਕ ਕਰਨ ਲਈ ਮੁਹੱਈਆ ਕਰਵਾਈਆਂ ਜਾ ਚੁੱਕੀਆਂ ਹਨ ਤੇ ਇਹ ਅੱਗੇ ਵੀ ਇਸੇ ਤਰ੍ਹਾਂ ਜਾਰੀ ਰਹਿਣਗੀਆਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਰਮਕੋਟ ਰੰਧਾਵਾ ਵਿਖੇ ਸਿੱਖਿਆ ਕ੍ਰਾਂਤੀ ਤਹਿਤ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਕੂਲਾਂ ਵਿੱਚ ਬੱਚਿਆਂ ਦੇ ਦਾਖਲਿਆਂ ਵਿੱਚ ਵਾਧਾ ਵੀ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਬੇਮਿਸਾਲ ਕੰਮ ਕੀਤੇ ਹਨ ਤੇ ਇਹ ਨਿਰੰਤਰ ਜਾਰੀ ਵੀ ਹਨ। ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹੁਣ ਸਰਕਾਰੀ ਸਕੂਲਾਂ ਨੂੰ ਆਧੁਨਿਕ ਕੀਤਾ ਜਾ ਰਿਹਾ ਹੈ। ਪੀਣ ਲਈ ਸਾਫ਼ ਤੇ ਸ਼ੁੱਧ ਪਾਣੀ, ਬਿਜਲੀ, ਬੁਨਿਆਦੀ ਸਹੂਲਤਾਂ ਤੋਂ ਇਲਾਵਾ ਆਧੁਨਿਕ ਸਹੂਲਤਾਂ ਵੀ ਸਰਕਾਰੀ ਸਕੂਲਾਂ ਵਿੱਚ ਉਪਲੱਬਧ ਹਨ। ਸਰਕਾਰੀ ਸਕੂਲਾਂ ਦੀਆਂ ਸੋਹਣੀਆਂ ਇਮਾਰਤਾਂ, ਵਧੀਆ ਇੰਫਰਾਸਟਰਕਚਰ, ਸਮਾਰਟ ਕਲਾਸ ਰੂਮ, ਸਾਇੰਸ ਲੈਬਜ਼, ਖੇਡ ਗਰਾਊਂਡ ਸਕੂਲਾਂ ਦੀ ਦਿੱਖ ਤੇ ਪੜ੍ਹਾਈ ਦੇ ਮਿਆਰ ਨੂੰ ਚਾਰ ਚੰਨ ਲਗਾ ਰਹੇ ਹਨ। ਇਹ ਸਭ ਕੁਝ ਆਮ ਆਦਮੀ ਪਾਰਟੀ ਦੀ ਸੁਚੱਜੀ ਤੇ ਦੂਰਅੰਦੇਸ਼ੀ ਸੋਚ ਸਦਕਾ ਸੰਭਵ ਹੋਇਆ ਹੈ। ਇਸ ਮੌਕੇ ਉਨ੍ਹਾਂ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ।



# ਕਾਦੀਆਂ ਦੇ ਇਕ ਦੁਕਾਨਦਾਰ ਨੂੰ ਮਿਲੀ ਧਮਕੀ ਭਰੀ ਚਿੱਠੀ, ਦੁਕਾਨਦਾਰਾਂ 'ਚ ਸਹਿਮ ਦਾ ਮਾਹੌਲ

ਕਾਦੀਆਂ, 19 ਅਪ੍ਰੈਲ (ਸਲਾਮ ਤਾਰੀ/ਸਿਕੰਦਰ ਸੰਧੂ) : ਕਾਦੀਆਂ ਦੀ ਇਕ ਦੁਕਾਨ ਵਿੱਚ ਧਮਕੀ ਭਰੀ ਚਿੱਠੀ ਸੁੱਟੇ ਜਾਣ ਤੋਂ ਬਾਅਦ ਦੁਕਾਨਦਾਰਾਂ ਵਿੱਚ ਸਹਿਮ ਦਾ ਮਾਹੌਲ ਹੈ। ਮਿਲੀ ਜਾਣਕਾਰੀ ਅਨੁਸਾਰ ਗੁਰਲਾਲ ਜਰਨਲ ਸਟੋਰ ਜਿਸ ਦੀ ਦੁਕਾਨ ਨੂੰ ਕੁਝ ਹੀ ਮਹੀਨੇ ਪਹਿਲਾਂ ਭੇਤਭਰੇ ਹਾਲਾਤਾਂ ਵਿੱਚ ਅੱਗ ਲੱਗ ਗਈ ਸੀ ਇਹ ਦੁਕਾਨ ਇਕ ਵਾਰੀ ਫਿਰ ਤੋਂ ਚਰਚਾ ਵਿੱਚ ਹੈ। ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਗੁਰਲਾਲ ਜਰਨਲ ਸਟੋਰ ਦੇ ਮਾਲਕ ਸੰਜੀਵ ਕੁਮਾਰ ਭਾਟੀਆ ਨੇ ਕਿਹਾ ਕਿ ਦੋ ਦਿਨ ਪਹਿਲਾਂ ਹੀ ਮੇਰੀ ਦੁਕਾਨ ਦੇ ਅੰਦਰ ਕੋਈ ਅਣਪਛਾਤਾ ਵਿਅਕਤੀ ਇਕ ਧਮਕੀ ਭਰੀ ਚਿੱਠੀ ਸੁੱਟ ਗਿਆ ਸੀ, ਜਿਸ ਦੀ ਸੂਚਨਾ ਮੈਂ ਪੁਲਿਸ ਨੂੰ ਦੇ ਦਿੱਤੀ ਹੈ। ਪੁਲਿਸ ਸੀ.ਸੀ.ਟੀ.ਵੀ. ਦੇ ਆਧਾਰ 'ਤੇ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ। ਸੰਜੀਵ ਕੁਮਾਰ ਨੇ ਕਿਹਾ ਕਿ ਕੁਝ ਮਹੀਨੇ ਪਹਿਲਾਂ ਵੀ ਮੇਰੀ ਦੁਕਾਨ ਵਿੱਚ ਭੇਤਭਰੇ ਹਾਲਾਤਾਂ ਵਿੱਚ ਅੱਗ ਲੱਗ ਗਈ ਸੀ, ਜਿਸ ਨਾਲ ਮੇਰਾ ਵੱਡਾ ਨੁਕਸਾਨ ਹੋ ਗਿਆ ਸੀ। ਉਨ੍ਹਾਂ ਕਿਹਾ ਕਿ ਅਸੀਂ ਅਜੇ ਉਸ ਨੁਕਸਾਨ ਤੋਂ ਉਭਰ ਨਹੀਂ ਪਾਏ ਹਾਂ ਤਾਂ ਇਕ ਹੋਰ ਧਮਕੀ ਭਰੀ ਚਿੱਠੀ ਸਾਨੂੰ ਮਿਲ ਗਈ ਹੈ। ਉਨ੍ਹਾਂ ਕਿਹਾ ਕਿ ਸਾਨੂੰ ਹੀ ਕਿਉਂ ਤੰਗ-ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਅੱਜ ਇਸੇ ਸਬੰਧ ਵਿੱਚ ਪੰਜਾਬ ਬੀ.ਜੇ.ਪੀ. ਦੇ ਉਪ-ਪ੍ਰਧਾਨ ਫਤਿਹਜੰਗ ਸਿੰਘ ਬਾਜਵਾ ਗੁਰਲਾਲ ਜਰਨਲ ਸਟੋਰ 'ਤੇ ਪਹੁੰਚੇ ਤੇ ਸਟੋਰ ਦੇ ਮਾਲਕਾਂ ਨੂੰ ਯਕੀਨ ਦਿਵਾਉਂਦੇ ਹੋਏ ਕਿਹਾ ਕਿ ਅਸੀਂ ਤੁਹਾਡੇ ਨਾਲ ਖੜ੍ਹੇ ਹਾਂ। ਉਨ੍ਹਾਂ ਪੰਜਾਬ ਦੇ ਹਾਲਾਤਾਂ 'ਤੇ ਚਿੰਤਾ ਜ਼ਾਹਿਰ ਕੀਤੀ। ਇਸ ਮਾਮਲੇ ਬਾਰੇ ਐੱਸ.ਐੱਚ.ਓ. ਨਿਰਮਲ ਸਿੰਘ ਨੇ ਕਿਹਾ ਕਿ ਇਹ ਜਾਂਚ ਦਾ ਵਿਸ਼ਾ ਹੈ ਤੇ ਬਰੀਕੀ ਨਾਲ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।



# ਪੈਟਰੋਲ ਪੰਪ ਮਾਲਕ ਦੇ ਘਰ ਦੇ ਬਾਹਰ ਅਣਪਛਾਤਿਆਂ ਵੱਲੋਂ ਫਾਇਰਿੰਗ, ਪੁਲਿਸ ਵੱਲੋਂ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ



ਬਟਾਲਾ, 19 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਬਟਾਲਾ ਦੇ ਨਜ਼ਦੀਕੀ ਪਿੰਡ ਲੌਂਗੋਵਾਲ ਖੁਰਦ 'ਚ ਬੀਤੇ ਦਿਨੀਂ ਇੱਕ ਪੈਟਰੋਲ ਪੰਪ ਮਾਲਕ ਤੇ ਰਿਟਾਇਰਡ ਪੰਜਾਬ ਪੁਲਿਸ ਇੰਸਪੈਕਟਰ ਦੇ ਘਰ ਦੇ ਬਾਹਰ ਕੁਝ ਨੌਜਵਾਨਾਂ ਵੱਲੋਂ ਪਹਿਲਾਂ ਘਰ ਦੇ ਬਾਹਰ ਗੱਡੀ 'ਤੇ ਰੇਕੀ ਕੀਤੀ ਗਈ ਤੇ ਮੁੜ ਘਰ ਦੇ ਬਾਹਰ ਕੁਝ ਦੂਰੀ 'ਤੇ ਖੜ੍ਹੇ ਹੋ ਕੇ ਹਵਾਈ ਫਾਇਰਿੰਗ ਕੀਤੀ ਗਈ ਉਧਰ ਇਸ ਮਾਮਲੇ 'ਚ ਪੁਲਿਸ ਵੱਲੋਂ ਮਾਮਲਾ ਵੀ ਦਰਜ ਕਰਕੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਉੱਥੇ ਹੀ ਪੈਟਰੋਲ ਪੰਪ ਮਾਲਕ ਸਰਬਜੀਤ ਸਿੰਘ ਤੇ ਸਾਬਕਾ ਪੁਲਿਸ ਇੰਸਪੈਕਟਰ ਜਰਨੈਲ ਸਿੰਘ ਨੇ ਦੱਸਿਆ ਕਿ ਬੀਤੇ ਦਿਨੀਂ ਉਹ ਰੋਜ਼ਾਨਾ ਦੀ ਤਰ੍ਹਾਂ ਰਾਤ ਦੇ ਸਮੇਂ ਪੈਟਰੋਲ ਪੰਪ ਬੰਦ ਕਰ ਵਾਪਸ ਘਰ ਆਇਆ ਤਾਂ ਇੱਕ ਅਣਪਛਾਤੀ ਗੱਡੀ ਵੱਲੋਂ ਉਸ ਦੀ ਜਿਵੇਂ ਰੇਕੀ ਕੀਤੀ ਜਾ ਰਹੀ ਸੀ ਤੇ ਕੁਝ ਦੇਰ ਬਾਅਦ ਉਸ ਦੇ ਘਰ ਦੇ ਬਾਹਰ ਫਾਇਰਿੰਗ ਦੀ ਆਵਾਜ਼ ਆਈ ਤੇ ਉਸਨੇ ਜਦ ਬਾਹਰ ਆ ਕੇ ਦੇਖਿਆ ਤਾਂ ਉਸ ਨੇ ਫਾਇਰ ਕਰਨ ਵਾਲੇ ਨੂੰ ਵੀ ਦੇਖਿਆ ਸੀ ਤੇ ਮੌਕੇ 'ਤੇ ਪੁਲਿਸ ਨੂੰ ਇਸ ਘਟਨਾ ਦੀ ਸੂਚਨਾ ਦਿੱਤੀ ਉੱਥੇ ਹੀ ਉਕਤ ਪਰਿਵਾਰ ਪੁਲਿਸ ਨੂੰ ਇਨਸਾਫ਼ ਦੀ ਗੁਹਾਰ ਲਗਾ ਰਿਹਾ ਹੈ। ਵੱਡੀ ਗਿਣਤੀ ਵਿੱਚ ਇਕੱਤਰ ਹੋਏ ਪਿੰਡ ਵਾਸੀਆਂ, ਸੋਨੂੰ ਸਾਬਕਾ ਸਰਪੰਚ ਕਾਲੀਆਂ ਬਾਹਮਣੀਆਂ ਸਰਬਜੀਤ ਸਿੰਘ ਸਰਪੰਚ ਲੌਂਗੋਵਾਲ ਕਲਾਂ, ਰਣਬੀਰ ਸਿੰਘ ਸਾਬਕਾ ਸਰਪੰਚ ਲੌਂਗੋਵਾਲ ਕਲਾਂ ਨੇ ਅਪੀਲ ਕੀਤੀ ਕਿ ਇਹੋ-ਜਿਹੇ ਸ਼ਰਾਰਤੀ ਅਨਸਰਾਂ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਜੇ ਨਾ ਕਾਰਵਾਈ ਕੀਤੀ ਗਈ ਤਾਂ ਉਕਤ ਮਾਮਲੇ ਵਿੱਚ ਰੋਸ ਪ੍ਰਦਰਸ਼ਨ ਵੀ ਕੀਤਾ ਜਾਵੇਗਾ। ਜਿਸ ਦੀ ਜ਼ਿੰਮੇਵਾਰੀ ਪੁਲਿਸ ਪ੍ਰਸ਼ਾਸਨ ਦੀ ਹੋਵੇਗੀ। ਉਧਰ ਇਸ ਮਾਮਲੇ 'ਚ ਪੁਲਿਸ ਜ਼ਿਲ੍ਹਾ ਬਟਾਲਾ ਦੇ ਡੀ.ਐੱਸ.ਪੀ. ਸਿਟੀ ਸੰਜੀਵ ਕੁਮਾਰ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਜਦ ਮਾਮਲੇ ਦੀ ਸੂਚਨਾ ਮਿਲੀ ਤਾਂ ਮੌਕੇ 'ਤੇ ਜਾ ਕੇ ਉਨ੍ਹਾਂ ਵੱਲੋਂ ਜਾਂਚ ਸ਼ੁਰੂ ਕਰ ਦਿੱਤੀ ਗਈ ਸੀ ਤੇ ਇਸ ਮਾਮਲੇ 'ਚ ਇਕ ਵਿਅਕਤੀ ਨੂੰ ਨਾਮਜ਼ਦ ਕਰਕੇ ਵੱਖ-ਵੱਖ ਧਾਰਾਵਾਂ ਹੇਠ ਮਾਮਲਾ ਦਰਜ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

# ਗੁਰੂ ਤੇਗ ਬਹਾਦਰ ਇੰਟਰਫੇਥ ਅਕੈਡਮੀ ਕੋਟਲਾ ਸ਼ਰਫ ਵਿਖੇ ਨਰੇਸ਼ ਲੂਥਰਾ ਦਾ ਸਨਮਾਨ



ਅਲੀਵਾਲ/ਨੁਸ਼ਹਿਰਾ ਮੱਝਾ ਸਿੰਘ, 19 ਅਪ੍ਰੈਲ (ਡਾ. ਸਤਨਾਮ ਸਿੰਘ ਸੰਧੂ/ ਡਾ. ਸਰਵਣ ਸਿੰਘ): ਗੁਰੂ ਤੇਗ ਬਹਾਦਰ ਇੰਟਰਫੇਥ ਅਕੈਡਮੀ ਕੋਟਲਾ ਸ਼ਰਫ ਬਟਾਲਾ ਵਿਖੇ ਅੱਚਲ ਸਾਹਿਬ ਮੰਦਰ ਦੇ ਮੁੱਖ ਸੇਵਾਦਾਰ ਤੇ ਲਾਇਨਜ਼ ਕਲੱਬ ਬਟਾਲਾ ਸਮਾਇਲ ਦੇ ਚੇਅਰਮੈਨ ਨਰੇਸ਼ ਲੂਥਰਾ ਦਾ ਵਿਸ਼ੇਸ਼ ਸਨਮਾਨ ਅਕੈਡਮੀ ਦੇ ਡਾਇਰੈਕਟਰ ਤੇ ਪ੍ਰਮੁੱਖ ਵਾਤਵਰਨ ਪ੍ਰੇਮੀ ਡਾ. ਸਰਵਣ ਸਿੰਘ ਸਕੂਲ ਪ੍ਰਿੰਸੀਪਲ ਪਿੰਕਾ ਤਿਵਾੜੀ ਤੇ ਪੂਰੇ ਸਟਾਫ ਵੱਲੋਂ ਕੀਤਾ ਗਿਆ। ਇਸ ਸਮੇਂ ਨਰੇਸ਼ ਲੂਥਰਾ ਨੇ ਅਕੈਡਮੀ ਦੇ ਪ੍ਰਬੰਧ, ਬੱਚਿਆਂ ਦੀ ਪੜ੍ਹਾਈ ਤੇ ਹਰੇ-ਭਰੇ ਵਾਤਾਵਰਨ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਡਾ. ਸਰਵਣ ਸਿੰਘ ਦਾ ਵੱਡਾ ਉਦਮ ਹੈ ਕਿ ਇੱਕ ਪੇਂਡੂ ਇਲਾਕੇ ਵਿੱਚ ਕੁਦਰਤੀ ਫੁੱਲਾਂ ਤੇ ਫਲਾਂ ਦੇ ਨਾਲ ਅਕੈਡਮੀ ਨੂੰ ਸਥਾਪਤ ਕਰਨਾ ਤੇ ਗਰੀਬ ਤੇ ਪਛੜੀਆਂ ਜਾਤੀਆਂ ਦੇ ਬੱਚਿਆਂ ਨੂੰ ਸਿੱਖਿਆ ਦੇਣਾ ਹੈ। ਉਨ੍ਹਾਂ ਨੇ ਕਿਹਾ ਕਿ ਅਕੈਡਮੀ ਦਾ ਕੁਦਰਤੀ ਵਾਤਾਵਰਨ ਪੁਰਾਣੇ ਸਮੇਂ ਦੇ ਗੁਰੂਕੁਲ ਦੀ ਯਾਦ ਦਿਵਾਉਂਦਾ ਹੈ। ਇਸ ਸਮੇਂ ਉਨ੍ਹਾਂ ਨੂੰ ਅਕੈਡਮੀ ਦੇ ਡਾਇਰੈਕਟਰ, ਪ੍ਰਿੰਸੀਪਲ ਤੇ ਸਾਰੇ ਸਟਾਫ ਵੱਲੋਂ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ। ਇਸ ਸਮੇਂ ਉਨ੍ਹਾਂ ਨੇ ਸਕੂਲ ਸਟਾਫ ਦੀ ਵੀ ਸ਼ਲਾਘਾ ਕੀਤੀ। ਇਸ ਸਮੇਂ ਡਾ. ਜਸਮੇਲ ਕੌਰ ਪ੍ਰਿੰਸੀਪਲ ਬੀਬੀ ਰਹਿਮਤੀ ਕ੍ਰਿਸ਼ਚਨ ਨਰਸਿੰਗ ਕਾਲਜ ਪਠਾਨਕੋਟ, ਮਨਜੀਤ ਕੌਰ, ਗੁਰਪ੍ਰੀਤ ਕੌਰ, ਜਗਦੀਪ ਕੌਰ ਰਾਖੀ, ਹਰਪ੍ਰੀਤ ਕੌਰ, ਕਿਰਨਪ੍ਰੀਤ ਕੌਰ, ਮਧੂ, ਰਣਜੀਤ ਸਿੰਘ ਆਦਿ ਹਾਜ਼ਰ ਸਨ।

# ਪੂਸਾ 44 ਤੇ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਦੀ ਬਿਜਾਈ ਨਾ ਕੀਤੀ ਜਾਵੇ : ਡਾ. ਤੇਜਪਾਲ ਸਿੰਘ

ਗੁਰਦਾਸਪੁਰ, 19 ਅਪ੍ਰੈਲ (ਜਸਵਿੰਦਰ ਸਿੰਘ): ਪੰਜਾਬ ਵਿੱਚ ਜ਼ਮੀਨ ਹੇਠਲੇ ਪਾਣੀ ਦੇ ਪੱਧਰ ਨੂੰ ਹੋਰ ਨੀਵਾਂ ਜਾਣ ਤੋਂ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਪਕਣ ਵਿਚ ਵੱਧ ਸਮਾਂ ਲੈਣ ਵਾਲੀ ਪੂਸਾ 44 ਤੇ ਮੰਡੀਕਰਨ ਸਮੇਂ ਆਉਂਦੀ ਸਮੱਸਿਆ ਦੇ ਹੱਲ ਹਾਈਬ੍ਰਿਡ ਕਿਸਮਾਂ ਦੀ ਬਿਜਾਈ ਕਰਨ 'ਤੇ ਲਗਾਈ ਪਾਬੰਦੀ ਕਾਰਨ ਝੋਨੇ ਦੀਆਂ ਕਿਸਮਾਂ ਦੀ ਵਿਕਰੀ ਬਾਰੇ ਜਾਣਕਾਰੀ ਲੈਣ ਲਈ ਡਾ. ਤੇਜਪਾਲ ਸਿੰਘ ਜੁਆਇੰਟ ਡਾਇਰੈਕਟਰ (ਨਕਦੀ ਫ਼ਸਲਾਂ) ਵੱਲੋਂ ਡਾਇਰੈਕਟਰ ਖੇਤੀਬਾੜੀ ਡਾ. ਜਸਵੰਤ ਸਿੰਘ ਦੇ ਆਦੇਸ਼ਾਂ 'ਤੇ ਜ਼ਿਲ੍ਹਾ ਗੁਰਦਾਸਪੁਰ ਵਿਚ ਵੱਖ-ਵੱਖ ਬੀਜ ਵਿਕ੍ਰੇਤਾਵਾਂ ਦੀਆਂ ਦੁਕਾਨਾਂ ਤੇ ਗੋਦਾਮਾਂ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਦੇ ਨਾਲ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫ਼ਸਰ, ਡਾ. ਭਵਜੀਤ ਸਿੰਘ, ਡਾ. ਦਿਲਰਾਜ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ ਹਾਜ਼ਰ ਸਨ। ਗੱਲਬਾਤ ਕਰਦਿਆਂ ਡਾ. ਤੇਜਪਾਲ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੂਸਾ 44 ਤੇ ਹਾਈਬ੍ਰਿਡ ਕਿਸਮਾਂ ਦੀ ਲਗਵਾਈ 'ਤੇ ਲਗਾਈ ਪਾਬੰਦੀ ਹੋਣ ਕਾਰਨ ਕੋਈ ਵੀ ਬੀਜ ਵਿਕ੍ਰੇਤਾ ਗੈਰ ਪਰਮਾਣਤ ਕਿਸਮਾਂ ਦੇ ਬੀਜ ਦੀ ਵਿਕਰੀ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ ਜੇਕਰ ਕੋਈ ਬੀਜ ਵਿਕ੍ਰੇਤਾ ਪਾਬੰਦੀਸ਼ੁਦਾ ਕਿਸਮਾਂ ਦੀ ਵਿਕਰੀ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕੀਤੀ ਗਈ ਚੈਕਿੰਗ ਦੌਰਾਨ ਫਿਲਹਾਲ ਕਿਸੇ ਵੀ ਬੀਜ ਵਿਕ੍ਰੇਤਾ ਕੋਲ ਝੋਨੇ ਦਾ ਬੀਜ ਨਹੀਂ ਪਾਇਆ ਗਿਆ।



# ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਹਿੱਤਾਂ ਦਾ ਪਹਿਰੇਦਾਰ ਹੈ ਸੁਖਬੀਰ ਬਾਦਲ : ਪੰਜਗਰਾਈਂ, ਖ਼ਾਲਸਾ

ਬਟਾਲਾ, 19 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਸਿੰਘ ਕਲਸੀ): ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹੋਏ ਡੈਲੀਗੇਟ ਇਜਲਾਸ ਦੌਰਾਨ ਸੁਖਬੀਰ ਸਿੰਘ ਬਾਦਲ ਨੂੰ ਚੌਥੀ ਵਾਰ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ ਬਣਾਏ ਜਾਣ 'ਤੇ ਹਲਕਾ ਸ੍ਰੀ ਹਰਗੋਬਿੰਦਪੁਰ ਦੇ ਸੀਨੀਅਰ ਅਕਾਲੀ ਆਗੂਆਂ ਨੇ ਵਧਾਈ ਦਿੱਤੀ ਹੈ ਤੇ ਨਾਲ ਹੀ ਕਿਹਾ ਕਿ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਹਿੱਤਾਂ ਦੀ ਜੇ ਕੋਈ ਪਹਿਰੇਦਾਰੀ ਕਰ ਸਕਦਾ ਹੈ ਤਾਂ ਉਹ ਸੁਖਬੀਰ ਸਿੰਘ ਬਾਦਲ ਹੀ ਕਰ ਸਕਦਾ ਹੈ। ਪਿੰਡ ਪੰਜਗਰਾਈਆਂ ਤੋਂ ਸਾਬਕਾ ਪੰਚ ਧਰਮਿੰਦਰ ਸਿੰਘ ਖ਼ਾਲਸਾ, ਲਖਵਿੰਦਰ ਸਿੰਘ ਖ਼ਾਲਸਾ, ਸਾਬਕਾ ਪੰਚ ਹਰਭਜਨ ਸਿੰਘ ਤੇ ਸਰਕਲ ਦੇ ਹੋਰ ਅਕਾਲੀ ਆਗੂਆਂ ਨੇ ਇੱਕਸੁਰਤਾ ਨਾਲ ਕਿਹਾ ਕਿ ਪੰਜਾਬ ਦੀ ਇੱਕੋ-ਇੱਕ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ (ਬਾਦਲ) ਜਿਸ ਦੀ ਸੁਖਬੀਰ ਸਿੰਘ ਨੇ ਸੁਚੱਜੀ ਅਗਵਾਈ ਕਰਦਿਆਂ ਪੰਜਾਬ ਦੇ ਹੱਕਾਂ ਹਿੱਤਾਂ ਦੀਆਂ ਕਈ ਲੜਾਈਆਂ ਲੜੀਆਂ, ਜਿਨ੍ਹਾਂ ਕਰਕੇ ਬਾਦਲ ਪਰਿਵਾਰ ਨੂੰ, ਹੋਛੀ ਰਾਜਨੀਤੀ ਤੇ ਕੋਝੇ ਹੱਥਕੰਡਿਆਂ ਰਾਹੀਂ ਹਰ ਹਰਬਾ ਵਰਤ ਕੇ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਗਈ, ਪਰ ਕੇਂਦਰ ਦੀਆਂ ਏਜੰਸੀਆਂ ਤੇ ਵਿਰੋਧੀ ਪਾਰਟੀਆਂ ਕਿਸੇ ਤਰ੍ਹਾਂ ਵੀ ਕਾਮਯਾਬ ਨਹੀਂ ਹੋ ਸਕੀਆਂ। ਉਨ੍ਹਾਂ ਕਿਹਾ ਕਿ ਪੰਜਾਬ ਦੇ ਭਵਿੱਖ, ਲੋਕਤੰਤਰ ਤੇ ਮਿਹਨਤ ਨਾਲ ਪ੍ਰਾਪਤ ਕੀਤੀ ਆਜ਼ਾਦੀ ਬਾਰੇ ਜੇ ਕੋਈ ਆਪਣੀ ਜਾਨ ਦੀ ਬਾਜ਼ੀ ਵੀ ਲਗਾਉਣੀ ਚਾਹੁੰਦਾ ਸੀ ਤਾਂ ਉਹ ਸ਼੍ਰੋਮਣੀ ਅਕਾਲੀ ਦਲ ਹੀ ਸੀ ਜਾਂ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਮਰਹੂਮ ਪ੍ਰਕਾਸ਼ ਸਿੰਘ ਬਾਦਲ ਸਨ। ਜ਼ਿਕਰਯੋਗ ਹੈ ਕਿ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਹੋ ਕੇ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਵੱਲੋਂ ਜਾਣੇ-ਅਣਜਾਣੇ ਹੋਏ ਸਾਰੇ ਗੁਨਾਹ ਕਬੂਲ ਕੀਤੇ, ਸਜ਼ਾ ਲਗਵਾਈ, ਸਜ਼ਾ ਭੁਗਤੀ ਤੇ ਅੱਜ ਉਹ ਫਿਰ ਸ਼੍ਰੋਮਣੀ ਅਕਾਲੀ ਦਲ ਦੇ ਚੌਥੀ ਵਾਰ ਪ੍ਰਧਾਨ ਚੁਣੇ ਗਏ। ਇਥੇ ਇਹ ਵੀ ਜ਼ਿਕਰਯੋਗ ਹੈ ਕਿ ਤਤਕਾਲੀ ਪੰਜ ਸਿੰਘ ਸਾਹਿਬਾਨ ਨੇ, ਵੱਖ ਹੋਏ ਧੜੇ ਨੂੰ ਅਲੱਗ ਚੁੱਲਾ ਸਮੇਟ ਕੇ, ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਕਾਰਜ ਕਰਨ ਦੇ ਆਦੇਸ਼ ਜਾਰੀ ਕਰਨ ਦੇ ਨਾਲ-ਨਾਲ, ਦੋਨਾਂ ਧਿਰਾਂ ਨੂੰ ਇਕੱਠੇ ਹੋ ਕੇ ਚੱਲਣ ਦਾ ਆਦੇਸ਼ ਵੀ ਜਾਰੀ ਕੀਤਾ ਸੀ, ਪਰ ਇਸ ਆਦੇਸ਼ ਦਾ ਪੂਰੀ ਤਰ੍ਹਾਂ ਪਾਲਣ ਕਰਨ ਵਿੱਚ ਦੋਨਾਂ ਧਿਰਾਂ ਵਿੱਚ ਕੋਈ ਵੀ ਸਹਿਮਤੀ ਬਣਦੀ ਫਿਲਹਾਲ ਨਜ਼ਰ ਨਹੀਂ ਆਈ। ਹਲਕਾ ਸ੍ਰੀ ਹਰਗੋਬਿੰਦਪੁਰ ਦੇ ਪਿੰਡਾਂ ਵਿੱਚ ਚੰਗਾ ਅਸਰ ਰਸੂਖ ਰੱਖਣ ਵਾਲੇ ਧਰਮਿੰਦਰ ਸਿੰਘ ਪੰਜਗਰਾਈਂ ਤੇ ਲਖਵਿੰਦਰ ਸਿੰਘ ਖ਼ਾਲਸਾ ਤੇ ਹਰਭਜਨ ਸਿੰਘ ਸੈਨੇਟਰੀ ਨੇ ਅਕਾਲੀ ਆਗੂਆਂ ਨੂੰ ਅਪੀਲ ਕਰਦਿਆਂ ਹੋਇਆ ਕਿਹਾ ਕਿ ਆਪਣੇ ਬੱਚਿਆਂ ਦੇ ਸੁਨਿਹਰੀ ਭਵਿੱਖ ਲਈ, ਆਓ। ਸਾਰੇ ਪੰਥਕ ਝੰਡੇ ਹੇਠ ਇਕੱਤਰ ਹੋ ਕੇ ਪੰਥ, ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੀ ਚੜ੍ਹਦੀ ਕਲਾ ਲਈ ਕੰਮ ਕਰੀਏ ਤੇ ਆਪਣੀ ਖੇਤਰੀ ਪਾਰਟੀ ਨੂੰ ਮਜ਼ਬੂਤ ਕਰੀਏ।



# ਬਿਜਲੀ ਦੀਆਂ ਤਾਰਾਂ ਡਿੱਗਣ ਕਾਰਨ ਲਗਭਗ 6 ਕਿਲੇ ਕਣਕ ਸੜ ਕੇ ਸੁਆਹ



ਰਈਆਂ, 19 ਅਪ੍ਰੈਲ (ਰਾਕੇਸ਼ ਸਲਵਾਨ): ਅੱਜ ਦੁਪਹਿਰ ਪਿੰਡ ਚੀਮਾ ਬਾਠ ਦੇ ਪੁਰ ਕੁਰਿਆਂ ਵਿੱਚ ਕਣਕ ਨੂੰ ਅੱਗ ਲੱਗਣ ਕਾਰਨ ਤਕਰੀਬਨ 6 ਕਿੱਲੇ ਸੜ ਕੇ ਸੁਆਹ ਹੋਏ। ਘਰ ਵਾਲਿਆਂ ਨੇ ਕਣਕ ਨੂੰ ਅੱਗ ਲੱਗਣ ਦਾ ਅਸਲੀ ਕਾਰਨ ਦੱਸਿਆ। ਉਨ੍ਹਾਂ ਆਖਿਆ ਕਿ ਕਣਕ ਵਿੱਚ ਬਿਜਲੀ ਦੀ ਤਾਰ ਟੁੱਟ ਕੇ ਕਣਕ ਵਿੱਚ ਡਿੱਗਣ ਕਾਰਨ ਅੱਗ ਲੱਗੀ, ਜਿਸ ਕਰਕੇ ਤਕਰੀਬਨ 6 ਕਿਲੇ ਸੜ ਕੇ ਸੁਆਹ ਹੋ ਗਏ। ਇਹ ਬਿਜਲੀ ਰਈਆਂ ਫੀਡਰ ਤੋਂ ਆਉਂਦੀ ਹੈ। ਜ਼ਮੀਨ ਦੇ ਮਾਲਕ ਸਵਰਗਵਾਸੀ ਨਿਰਮਲ ਸਿੰਘ ਦੇ ਬੇਟੇ ਸੁਖਰਾਜ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਗ ਲੱਗਣ ਦਾ ਵੱਡਾ ਕਾਰਨ ਬਿਜਲੀ ਦੀਆਂ ਢਿੱਲੀਆਂ ਤਾਰਾਂ ਹਨ, ਜੋ ਕਿ ਇੱਕ ਤਾਰ ਟੁੱਟ ਕੇ ਹੇਠਾਂ ਡਿੱਗੀ, ਜਿਸ ਕਾਰਨ ਅੱਗ ਲੱਗ ਗਈ। ਸੁਖਰਾਜ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਨੇ ਦੱਸਿਆ ਕਿ ਜਿਸ ਤਰ੍ਹਾਂ ਹੀ ਕਣਕ ਨੂੰ ਅੱਗ ਲੱਗਣ ਦਾ ਪਤਾ ਲੱਗਿਆ ਤਾਂ ਸਾਰੇ ਆਂਢ-ਗੁਆਂਢ ਵਾਲਿਆਂ ਵੱਲੋਂ ਆਪਣੇ-ਆਪਣੇ ਟਰੈਕਟਰ ਲੈ ਕੇ ਇੱਕ ਪਾਸੀਓਂ ਕਣਕ ਨੂੰ ਵਾਹਿਆ ਗਿਆ। ਮੌਕੇ 'ਤੇ ਹੀ ਹਜ਼ਾਰਾਂ ਲੋਕ ਇਕੱਠੇ ਹੋ ਗਏ, ਜਿਸ ਕਾਰਨ ਇੱਕ ਬਹੁਤ ਵੱਡਾ ਹਾਦਸਾ ਹੁਣ ਤੋਂ ਬਚ ਗਿਆ। ਮੌਕੇ 'ਤੇ ਹੀ ਐੱਸ.ਡੀ.ਐੱਮ. ਬਾਬਾ ਬਕਾਲਾ ਸਾਹਿਬ ਨੂੰ ਫੋਨ 'ਤੇ ਘਟਨਾ ਬਾਰੇ ਦੱਸਿਆ ਗਿਆ। ਜਿਨ੍ਹਾਂ ਵੱਲੋਂ ਤੁਰੰਤ ਤਹਿਸੀਲਦਾਰ ਹਰੀਸ਼ ਕੁਮਾਰ ਤੇ ਪਟਵਾਰੀ ਪ੍ਰਿੰਸ ਨੂੰ ਭੇਜਿਆ ਗਿਆ, ਜਿਨ੍ਹਾਂ ਵੱਲੋਂ ਇੱਕ ਰਿਪੋਰਟ ਤਿਆਰ ਕੀਤੀ ਗਈ ਤੇ ਲੱਗੀ ਹੋਈ ਕਣਕ ਨੂੰ ਅੱਗ ਦਾ ਜਾਇਜ਼ਾ ਵੀ ਲਿਆ ਤੇ ਪਰਿਵਾਰ ਨੂੰ ਭਰੋਸਾ ਦਿੱਤਾ ਗਿਆ ਤੇ ਆਖਿਆ ਕਿ ਅਸੀਂ ਸਾਰੀ ਰਿਪੋਰਟ ਡੀ.ਸੀ. ਸਾਹਿਬ ਅੰਮ੍ਰਿਤਸਰ ਨੂੰ ਭੇਜ ਦੇਣੀ ਤੇ ਤੁਹਾਡਾ ਬਣਦਾ ਹੋਇਆ ਮੁਆਵਜ਼ਾ ਦਿੱਤਾ ਜਾਵੇਗਾ। ਇਥੇ ਇਹ ਵੀ ਦੱਸਣ ਯੋਗ ਹੈ ਕਿ ਸੁਖਰਾਜ ਸਿੰਘ ਦੇ ਨਾਲ ਲੱਗਦੀ ਕਣਕ ਹਰਮੀਤ ਸਿੰਘ ਦੀ ਵੀ ਸੜ ਕੇ ਸੁਆਹ ਹੋਈ ਹੈ। ਹਰਮੀਤ ਸਿੰਘ ਵੱਲੋਂ ਵੀ ਸਰਕਾਰ ਨੂੰ ਬੇਨਤੀ ਕੀਤੀ ਗਈ ਹੈ ਕਿ ਉਸ ਨੂੰ ਵੀ ਬਣਦਾ ਮੁਆਵਜ਼ਾ ਦਿੱਤਾ ਜਾਵੇ। ਇਸ ਮੌਕੇ 'ਤੇ ਸਰਪੰਚ ਹਰਦੇਵ ਸਿੰਘ ਵੀ ਪਹੁੰਚੇ, ਜਿਨ੍ਹਾਂ ਵੱਲੋਂ ਵੀ ਸਰਕਾਰ ਕੋਲੋਂ ਇਨ੍ਹਾਂ ਨੂੰ ਮੁਆਵਜ਼ਾ ਦੇਣ ਦੀ ਬੇਨਤੀ ਕੀਤੀ ਗਈ।

# ਸਰਕਾਰੀ ਐਲੀਮੈਂਟਰੀ ਸਕੂਲ 'ਚ ਲੱਖਾਂ ਰੁਪਏ ਦੀ ਲਾਗਤ ਨਾਲ ਸਕੂਲ ਦੀ ਚਾਰਦੀਵਾਰੀ ਤੇ ਕਮਰਿਆਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ : ਮਿਆਦੀਆਂ



ਚੋਗਾਵਾਂ, 19 ਅਪ੍ਰੈਲ (ਸੁਬੇਗ ਸਿੰਘ ਸੋਨਾ) : ਵਿਧਾਨ ਸਭਾ ਹਲਕਾ ਰਾਜਾਸਾਂਸੀ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤੇ ਪਨਗਰੇਨ ਪੰਜਾਬ ਦੇ ਚੇਅਰਮੈਨ ਬਲਦੇਵ ਸਿੰਘ ਮਿਆਦੀਆਂ ਨੇ ਕਿਹਾ ਕਿ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਅੱਜ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ, ਮਾਨਯੋਗ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੇ ਪਨਗਰੇਨ ਪੰਜਾਬ ਦੇ ਚੇਅਰਮੈਨ ਬਲਦੇਵ ਸਿੰਘ ਮਿਆਦੀਆਂ ਦੇ ਯਤਨਾਂ ਸਦਕਾ ਅੱਜ ਮਿਆਦੀਆਂ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਪਿੰਡ ਭਿੰਡੀ ਔਲਖ ਦੇ ਸਰਕਾਰੀ ਐਲੀਮੈਂਟਰੀ ਸਕੂਲ ਵਿਖੇ ਲੱਖਾਂ ਰੁਪਏ ਦੀ ਲਾਗਤ ਨਾਲ ਸਕੂਲ ਦੀ ਚਾਰ ਦੀਵਾਰੀ ਤੇ ਕਮਰਿਆਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ 'ਤੇ ਹਲਕਾ ਇੰਚਾਰਜ ਤੇ ਪਨਗਰੇਨ ਪੰਜਾਬ ਦੇ ਚੇਅਰਮੈਨ ਬਲਦੇਵ ਸਿੰਘ ਮਿਆਦੀਆਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਰਾਜ ਦੇ ਸਰਕਾਰੀ ਸਕੂਲਾਂ ਨੂੰ ਪ੍ਰਾਈਵੇਟ ਸਕੂਲਾਂ ਦੀ ਤਰਜ਼ 'ਤੇ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸ ਮੌਕੇ 'ਤੇ ਸਰਪੰਚ ਹਰਪਾਲ ਸਿੰਘ ਭਿੰਡੀ ਔਲਖ ਖ਼ੁਰਦ ਤੇ ਸਰਪੰਚ ਨਵਤੇਜ ਸਿੰਘ ਭਿੰਡੀ ਔਲਖ ਕਲਾਂ ਵੱਲੋਂ ਹਲਕਾ ਇੰਚਾਰਜ ਤੇ ਪਨਗਰੇਨ ਪੰਜਾਬ ਦੇ ਚੇਅਰਮੈਨ ਬਲਦੇਵ ਸਿੰਘ ਮਿਆਦੀਆਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ 'ਤੇ ਬਲਾਕ ਪ੍ਰਧਾਨ ਗੁਰਵਿੰਦਰ ਸਿੰਘ ਫੌਜੀ ਚੱਕ ਮਿਸ਼ਰੀ ਖਾ, ਹਰਪ੍ਰੀਤ ਸਿੰਘ ਸੀ.ਐੱਚ.ਟੀ. ਸਮੂਹ ਪੰਚਾਇਤ, ਮੈਂਬਰ ਰਣਜੀਤ ਸਿੰਘ, ਕਵਲਜੀਤ ਸਿੰਘ, ਗੁਰਵੇਲ ਸਿੰਘ, ਭੁਪਿੰਦਰ ਸਿੰਘ, ਬਲਜੀਤ ਸਿੰਘ, ਕੁਲਦੀਪ ਸਿੰਘ ਸ਼ਾਹ, ਕੁਲਵਿੰਦਰ ਸਿੰਘ, ਅਵਤਾਰ ਸਿੰਘ, ਦਰਸ਼ਨ ਸਿੰਘ, ਜਤਿੰਦਰ ਸਿੰਘ ਢਿੱਲੋਂ, ਸਰਪੰਚ ਮਹਿੰਗਾ ਸਿੰਘ, ਸਰਪੰਚ ਬਿੱਟੂ ਤੂਰ, ਕਾਰਜ ਸਿੰਘ, ਮੈਂਬਰ ਕਰਨੈਲ ਮਸੀਹ, ਮੈਂਬਰ ਅਮਨਬੀਰ ਸਿੰਘ, ਮੈਂਬਰ ਰਤਨ ਸਿੰਘ, ਮੈਂਬਰ ਹਰਪਾਲ ਸਿੰਘ, ਪਰਮਵੀਰ ਸਿੰਘ, ਗੁਰਵਿੰਦਰ ਸਿੰਘ ਪੀ.ਏ. ਸਮੂਹ ਪੰਚਾਇਤ ਤੇ ਸਾਰਾ ਸਕੂਲ ਸਟਾਫ਼ ਹਾਜ਼ਰ ਸਨ।

# ਮਾਮੇ ਨੇ ਨਹੀਂ ਬਖਸ਼ਿਆ ਭਾਣਜਿਆਂ ਨੂੰ, ਵਿਦੇਸ਼ ਭੇਜਣ ਦੇ ਨਾਮ 'ਤੇ ਮਾਰੀ 72 ਲੱਖ ਦੀ ਠੱਗੀ

ਜ਼ੀਰਾ, 19 ਅਪ੍ਰੈਲ (ਦੀਪਕ ਭਾਰਗੋ): ਠੱਗੀ ਮਾਰਨ ਦੇ ਮਾਮਲੇ ਤਾਂ ਅਕਸਰ ਹੀ ਸਾਹਮਣੇ ਆਉਂਦੇ ਰਹਿੰਦੇ ਹਨ ਪਰ ਪੈਸਿਆਂ ਨੂੰ ਲੈ ਕੇ ਖ਼ੂਨ ਇਸ ਕਦਰ ਚਿੱਟੇ ਹੋ ਚੁੱਕੇ ਹਨ ਕਿ ਮਾਮੇ ਵੱਲੋਂ ਭਾਣਜੇ ਨੂੰ ਵਿਦੇਸ਼ ਭੇਜਣ ਦੇ ਨਾਂ 'ਤੇ 72 ਲੱਖ ਰੁਪਏ ਦੀ ਠੱਗੀ ਮਾਰੀ ਗਈ, ਜਿਸ ਦੀ ਰਿਪੋਰਟ ਸੁਰਿੰਦਰ ਸਿੰਘ ਪੁੱਤਰ ਉਜਾਗਰ ਸਿੰਘ ਵਾਸੀ ਬਦਨਾਰਾ ਰੋਡ ਕਰਨਾਲ ਹਰਿਆਣਾ ਵੱਲੋਂ ਥਾਣਾ ਵਿੱਚ ਕੀਤੀ ਗਈ। ਇਸ ਸਭ ਦੀ ਜਾਣਕਾਰੀ ਦਿੰਦੇ ਹੋਏ ਸੁਰਿੰਦਰ ਸਿੰਘ ਪੁੱਤਰ ਉਜਾਗਰ ਸਿੰਘ ਵੱਲੋਂ ਦੱਸਿਆ ਗਿਆ ਕਿ ਅਮਰਜੀਤ ਕੌਰ ਪਤਨੀ ਸੁਰਜਨ ਸਿੰਘ ਵਾਸੀ ਨੌਰੰਗ ਸਿੰਘ ਵਾਲਾ ਤੇ ਉਸ ਦਾ ਪੁੱਤਰ ਕਾਂਗਰਸ ਪਾਰਟੀ ਤੋਂ ਸਾਬਕਾ ਸਰਪੰਚ ਦਰਸ਼ਨ ਸਿੰਘ ਨੌਰੰਗ ਸਿੰਘ ਵਾਲਾ ਵੱਲੋਂ ਆਪਣੇ ਭਾਣਜੇ ਨੂੰ ਵਿਦੇਸ਼ ਭੇਜਣ ਦੇ ਨਾਂ 'ਤੇ 72 ਲੱਖ ਰੁਪਏ ਲਏ ਗਏ ਤੇ ਉਨ੍ਹਾਂ ਦੇ ਬੱਚਿਆਂ ਨੂੰ ਵਿਦੇਸ਼ ਭੇਜਣ ਦੀ ਬਜਾਏ ਅਲੱਗ ਅਲੱਗ ਮੁਲਕਾਂ ਵਿੱਚ ਠਹਿਰਾ ਕੇ ਵਾਪਸ ਮੁੰਬਈ ਲੈ ਆਉਂਦਾ, ਜਿਸ ਤੋਂ ਬਾਅਦ ਜਦ ਉਨ੍ਹਾਂ ਵੱਲੋਂ ਪੈਸੇ ਦੀ ਮੰਗ ਕੀਤੀ ਗਈ ਤਾਂ ਉਨ੍ਹਾਂ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਰਸ਼ਨ ਸਿੰਘ ਵੱਲੋਂ ਵੀ ਦਿੱਤੀਆਂ ਗਈਆਂ, ਜਿਸ ਬਾਬਤ ਉਨ੍ਹਾਂ ਵੱਲੋਂ ਥਾਣਾ ਕਰਨਾਲ ਵਿੱਚ ਇਸ ਦੀ ਰਿਪੋਰਟ ਦਰਜ ਕਰਵਾਈ ਗਈ। ਜਿਸ 'ਤੇ ਕਾਰਵਾਈ ਕਰਦੇ ਹੋਏ ਥਾਣਾ ਕਰਨਾਲ ਮੁਖੀ ਵੱਲੋਂ ਅਮਰਜੀਤ ਕੌਰ ਪਤਨੀ ਸੁਰਜਨ ਸਿੰਘ ਨੌਰੰਗ ਸਿੰਘ ਵਾਲਾ, ਸਾਬਕਾ ਸਰਪੰਚ ਦਰਸ਼ਨ ਸਿੰਘ ਪੁੱਤਰ ਸੁਰਜਨ ਸਿੰਘ ਨੌਰੰਗ ਸਿੰਘ ਵਾਲਾ ਜ਼ੀਰਾ, ਕਰਨੈਲ ਸਿੰਘ ਗਿੱਲ ਉਰਫ ਫੌਜੀ, ਰਾਜੂ ਸਾਬਕਾ ਸਰਪੰਚ ਡਾਚਰ ਪੁੱਤਰ ਰਤੀਆ ਰਾਮ, ਕਰਨ ਸਿੰਘ ਪੁੱਤਰ ਰਾਜੂ, ਜਗਤਾਰ ਸਿੰਘ ਫਿਰੋਜ਼ਪੁਰ, ਗੁਰਦੀਪ ਸਿੰਘ ਫਿਰੋਜ਼ਪੁਰ, ਖਿਲਾਫ਼ 406,420 ਆਈ.ਪੀ.ਸੀ. 24 ਇਮੀਗ੍ਰੇਸ਼ਨ ਐਕਟ ਦੇ ਤਹਿਤ ਮਾਮਲਾ ਦਰਜ ਕਰਕੇ ਦੋਸ਼ੀਆਂ ਦੀ ਭਾਲ ਕਰਨੀ ਸ਼ੁਰੂ ਕਰ ਦਿੱਤੀ ਤੇ ਉਨ੍ਹਾਂ ਨੇ ਆਪਣੀ ਇੱਕ ਟੀਮ ਜ਼ੀਰਾ ਫਿਰੋਜ਼ਪੁਰ ਭੇਜੀ। ਜਿਨ੍ਹਾਂ ਵੱਲੋਂ ਜ਼ਿਲ੍ਹਾ ਫਿਰੋਜ਼ਪੁਰ ਦੇ ਜ਼ੀਰਾ ਦੇ ਪਿੰਡ ਨਰੰਗ ਸਿੰਘ ਵਾਲਾ ਦੇ ਸਾਬਕਾ ਸਰਪੰਚ ਦਰਸ਼ਨ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਤੇ ਪਰਿਵਾਰ ਨੂੰ ਇਨਸਾਫ ਦਿਵਾਉਣ ਦੀ ਗੱਲ ਕਹੀ।



# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ 'ਚ ਮਨਾਇਆ 'ਗੁੱਡ ਫਰਾਈਡੇਅ'

ਧਾਰੀਵਾਲ, 19 ਅਪ੍ਰੈਲ (ਅਸ਼ੋਕ ਕੁਮਾਰ): ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਪ੍ਰਭੂ ਯਿਸੂ ਮਸੀਹ ਦੀ ਕੁਰਬਾਨੀ ਨੂੰ ਯਾਦ ਕਰਦੇ ਹੋਏ ਗੁੱਡ ਫਰਾਈਡੇਅ ਮਨਾਇਆ ਗਿਆ। ਸਕੂਲ ਦੀ ਸਵੇਰ ਦੀ ਸਭਾ ਵਿੱਚ ਦਸਵੀਂ ਜਮਾਤ ਦੇ ਵਿਦਿਆਰਥੀ ਅਨਮੋਲ ਸ਼ਰਮਾ ਨੇ ਪ੍ਰਭੂ ਯਿਸੂ ਮਸੀਹ ਜੀ ਦੇ ਜੀਵਨ 'ਤੇ ਚਾਨਣਾ ਪਾਉਂਦੇ ਹੋਏ ਭਾਸ਼ਣ ਦਿੱਤਾ। ਜਿਸ ਵਿੱਚ ਜਾਣਕਾਰੀ ਦਿੱਤੀ ਕਿ ਇਸ ਦਿਨ ਪ੍ਰਭੂ ਯਿਸੂ ਮਸੀਹ ਨੇ ਸਾਰੀ ਦੁਨੀਆਂ ਦੇ ਪਾਪ ਆਪਣੇ ਸਿਰ 'ਤੇ ਲੈ ਕੇ ਆਪਣੀ ਬਲੀ ਦਿੱਤੀ। ਉਨ੍ਹਾਂ ਨੂੰ ਇਸ ਦਿਨ ਸਲੀਬ 'ਤੇ ਚੜ੍ਹਾ ਦਿੱਤਾ ਗਿਆ। ਉਪਰੰਤ ਜਮਾਤ ਨੌਵੀਂ ਦੇ ਵਿਦਿਆਰਥੀ ਐਂਡਰਿਊ ਫਰੈਡਰਿਕ ਸਿਰਿਲ ਨੇ ਭਗਵਾਨ ਯਿਸੂ ਮਸੀਹ ਨੂੰ ਯਾਦ ਕਰਦੇ ਹੋਏ ਪ੍ਰਾਥਨਾ ਕੀਤੀ। ਜਮਾਤ ਦਸਵੀਂ ਦੀਆਂ ਵਿਦਿਆਰਥਣਾਂ ਜੀਆ ਤੇ ਮੈਲਵੀਜ਼ ਨੇ ਭਗਵਾਨ ਯਿਸੂ ਮਸੀਹ ਦੀ ਕੁਰਬਾਨੀ ਨੂੰ ਦਰਸਾਉਂਦਾ ਹੋਇਆਂ ਗੀਤ ਗਾਇਆ। ਜਮਾਤ ਗਿਆਰਵੀਂ ਦੇ ਵਿਦਿਆਰਥੀਆਂ ਦੀ 'ਟੂ ਲੈਟ ਗੋ ਆਫ ਸਮਥਿੰਗ' ਐਕਟੀਵਿਟੀ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੂੰ ਦੂਸਰਿਆਂ ਪ੍ਰਤੀ ਵੈਰ ਦੀ ਭਾਵਨਾ ਨੂੰ ਦਿਲੋਂ ਖਤਮ ਕਰਦੇ ਹੋਏ ਮੁਆਫੀ ਦੀ ਅਹਿਮੀਅਤ ਬਾਰੇ ਸਮਝਾਇਆ ਗਿਆ। ਸਕੂਲ ਦੇ ਪ੍ਰਿੰਸੀਪਲ ਕਿਰਨ ਕੇਸਰ ਵੱਲੋਂ ਪ੍ਰਭੂ ਯਿਸੂ ਮਸੀਹ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਗਵਾਨ ਯਿਸੂ ਮਸੀਹ ਦੇ ਜੀਵਨ ਤੋਂ ਪ੍ਰੇਰਨਾ ਲੈਂਦੇ ਹੋਏ ਸੱਚ ਤੇ ਮੁਆਫੀ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕੀਤਾ।





# ਬੱਚੇ ਦੇ ਵਿਕਾਸ ਵਿਚ ਉਤਸ਼ਾਹ ਦੀ ਮਹੱਤਤਾ

ਬੱਚੇ ਦੇ ਸਰਵ ਪੱਖੀ ਵਿਕਾਸ ਲਈ ਜਿਥੇ ਬੱਚੇ ਦੀਆਂ ਕੁਦਰਤੀ ਰੁਚੀਆਂ, ਪਰਿਵਾਰਕ ਅਤੇ ਆਲੇ ਦੁਆਲੇ ਦਾ ਮਾਹੌਲ, ਉਸ ਦੇ ਵਿਦਿਅਕ ਅਦਾਰੇ ਦਾ ਮਾਹੌਲ, ਉਸ ਦੇ ਨਜ਼ਦੀਕੀ ਮਿੱਤਰਾਂ ਦੀ ਸੰਗਤ ਆਦਿ ਪੱਖ ਆਪਣਾ-ਆਪਣਾ ਯੋਗਦਾਨ ਪਾਉਦੇ ਹਨ, ਉਥੇ ਬੱਚੇ ਵਿਚ ਆਤਮ ਵਿਸ਼ਵਾਸ ਪੈਦਾ ਕਰਨਾ, ਉਸ ਦੇ ਅੰਦਰ ਲੁਕੀ ਪ੍ਰਤਿਭਾ ਨੂੰ ਉਜਾਗਰ ਕਰਨ ਲਈ ਹੱਲਾਸ਼ੇਰੀ ਦੇਣੀ ਅਤੇ ਇਕ ਅਜਿਹਾ ਮਾਹੌਲ ਪ੍ਰਦਾਨ ਕਰਨਾ ਜਿਸ ਵਿਚ ਉਸ ਨੂੰ ਨਿਰੋਲ ਹਾਂ-ਪੱਖੀ ਹੁੰਗਾਰਾ ਹੀ ਮਿਲੇ ਦਾ ਵੀ ਵਿਸ਼ੇਸ਼ ਯੋਗਦਾਨ ਹੁੰਦਾ ਹੈ। ਅਜਿਹੇ ਉਸਾਰੂ ਹਾਲਾਤ ਵਿਚ ਪ੍ਰਵਾਨ ਚੜ੍ਹੇ ਬੱਚੇ ਨਵੀਆਂ ਮੰਜ਼ਲਾਂ ਸਰ ਕਰਨ ਵਿਚ ਹੀ ਸਫਲ ਨਹੀ ਹੁੰਦੇ ਬਲਕਿ ਇਕ ਉਸਾਰੂ ਸਮਾਜ ਦੀ ਸਿਰਜਣਾ ਵੀ ਕਰਦੇ ਹਨ। ਇਸ ਪੱਖੋ ਕੈਨੇਡਾ ਵਿਚ ਮੁੱਢਲੀ ਸਿੱਖਿਆ ਸਮੇਂ ਬੱਚਿਆਂ ਨੂੰ ਇਕ ਅਜਿਹੇ ਸਾਂਚੇ ਵਿਚ ਢਾਲਣ ਦਾ ਯਤਨ ਕੀਤਾ ਜਾਂਦਾ ਹੈ ਜਿਥੇ ਆਲੋਚਨਾ ਦੀ ਥਾਂ ਉਹਨਾਂ ਨੂੰ ਹੌਸਲਾ ਦਿੱਤਾ ਜਾਂਦਾ ਹੈ, ਬੱਚਿਆਂ ਦੀ ਛੋਟੀ ਤੋ ਛੋਟੀ ਪਰਾਪਤੀ ਲਈ ਉਹਨਾਂ ਦੀ ਪ੍ਰਸੰਸਾ ਕੀਤੀ ਜਾਂਦੀ ਹੈ ਅਤੇ ਅਧਿਆਪਕ ਅਤੇ ਸਕੂਲ ਦੇ ਉੱਚ ਅਧਿਕਾਰੀਆਂ ਦੀ ਇਹ ਭਰਪੂਰ ਕੋਸ਼ਿਸ਼ ਰਹਿੰਦੀ ਹੈ ਕਿ ਬੱਚਿਆਂ ਪ੍ਰਤੀ ਕੋਈ ਨਾਂਹ-ਪੱਖੀ ਟਿੱਪਣੀ ਨਾ ਕੀਤੀ ਜਾਵੇ, ਜਿਸ ਨਾਲ ਬੱਚਿਆਂ ਦੀ ਮਾਨਸਿਕਤਾ ਵਿਚ ਕਿਸੇ ਤਰਾਂ ਦੀ ਹੀਨ ਭਾਵਨਾ ਪੈਦਾ ਹੋਵੇ। ਜਿਆਦਾ ਸ਼ਰਾਰਤੀ ਬੱਚਿਆਂ ਨੂੰ ਉਸਾਰੂ ਢੰਗ ਨਾਲ ਸਹੀ ਰਸਤੇ 'ਤੇ ਲਿਆਉਣ ਲਈ ਵਿਸ਼ੇਸ਼ ਸਿਖਲਾਈ ਪ੍ਰਾਪਤ ਅਧਿਆਪਕ ਹੁੰਦੇ ਹਨ ਜੋ ਅਜਿਹੇ ਬੱਚਿਆਂ ਦੀ ਮਾਨਸਿਕਤਾ ਨੂੰ ਬਦਲਣ ਲਈ ਮਨੋਵਿਗਾਨਿਕ ਢੰਗਾਂ ਦੀ ਵਰਤੋ ਕਰਦੇ ਹਨ। ਬੱਚਿਆਂ ਦੀਆਂ ਉਸਾਰੂ ਗਤੀਵਿਧੀਆਂ ਨੂੰ ਨਵੀ ਦਿਸ਼ਾ ਦੇਣ ਦੇ ਯਤਨ ਕੀਤੇ ਜਾਂਦੇ ਹਨ ਅਤੇ ਉਹਨਾਂ ਨੂੰ ਹੱਲਾਸ਼ੇਰੀ ਦੇ ਕੇ ਉਹਨਾਂ ਵਿਚ ਹਾਂ-ਪੱਖੀ ਵਰਤਾਰੇ ਦੀ ਭਾਵਨਾ ਪੈਦਾ ਕੀਤੀ ਜਾਂਦੀ ਹੈ। ਇਸ ਪੱਖ ਦੀ ਇਕ ਉਦਾਹਰਣ ਦਾ ਵਰਣਨ ਕਰਨਾ ਚਾਹੁੰਦਾ ਹਾਂ ਜੋ ਉਪਰੋਕਤ ਵਿਚਾਰਧਾਰਾ ਦੀ ਸੱਚਾਈ ਪ੍ਰਗਟ ਕਰਦੀ ਹੈ। ਕੈਨੇਡਾ ਦੇ ਇਕ ਵੱਡੇ ਸ਼ਹਿਰ ਕੈਲਗਰੀ ਦੇ ਕੋਲ ਹੀ ਇਕ ਸ਼ਹਿਰ ਹੈ ਚੈਸਟਰਮੇਅਰ। ਨਵੇਂ ਸਾਲ ਦੇ ਕਾਰਡ ਬਣਾਉਣ ਵਾਲੇ ਇਕ ਅਦਾਰੇ ਵੱਲੋ ਚੈਸਟਰਮੇਅਰ ਦੇ ਐਲੀਮੈਂਟਰੀ (ਕਿੰਡਰ ਗਾਰਟਨ ਤੋ ਸਤਵੀ ਜਮਾਤ ਤੱਕ) ਸਕੂਲਾਂ ਵਿਚ ਆਪਣੇ ਕਰਮਚਾਰੀ ਭੇਜੇ ਗਏ। ਉਹਨਾਂ ਨੇ ਵੱਖ-ਵੱਖ ਕਲਾਸਾਂ ਵਿਚ ਜਾ ਕੇ ਬੱਚਿਆਂ ਨੂੰ ਡਰਾਇੰਗ ਸ਼ੀਟਾਂ ਦਿੱਤੀਆਂ ਅਤੇ ਕਿਹਾ ਕਿ ਉਹ ਆਪਣੀ ਮਰਜ਼ੀ ਨਾਲ ਉਹਨਾਂ ਸ਼ੀਟਾਂ 'ਤੇ ਕੁਝ ਵੀ ਬਣਾਉਣ ਅਤੇ ਰੰਗ ਭਰਨ। ਇਸ ਕੰਮ ਵਿਚ ਬਾਹਰੀ ਤੌਰ ਤੇ ਬੱਚਿਆਂ ਨੂੰ ਕੋਈ ਸਹਾਇਤਾ ਨਹੀ ਦਿੱਤੀ ਗਈ, ਭਾਵ ਬੱਚਿਆਂ ਦੇ ਅਧਿਆਪਕਾਂ ਵੱਲੋ ਕਿਸੇ ਕਿਸਮ ਦੀ ਸਹਾਇਤਾ ਜਾਂ ਸਲਾਹ ਨਹੀ ਦਿੱਤੀ ਗਈ। ਸਾਰੇ ਬੱਚਿਆਂ ਨੇ ਆਪਣੀ ਸੋਚ ਮੁਤਾਬਿਕ ਕੁਝ ਨਾ ਕੁਝ ਬਣਾਇਆ, ਰੰਗ ਭਰੇ ਅਤੇ ਆਪਣਾ ਨਾਂ ਲਿਖ ਦਿੱਤਾ। ਬੱਚਿਆਂ ਵੱਲੋ ਬਣਾਏ ਗਏ ਇਹ ਕਾਰਡ ਉਸ ਅਦਾਰੇ ਦੇ ਕਰਮਚਾਰੀ ਆਪਣੇ ਨਾਲ ਲੈ ਗਏ। ਕੁਝ ਦਿਨਾਂ ਬਾਅਦ ਹਰ ਬੱਚੇ ਨੂੰ ਉਸਦੀ ਬਣਾਈ ਡਰਾਇੰਗ ਦੇ ਵੀਹ-ਵੀਹ ਕਾਰਡ ਦਿੱਤੇ ਗਏ। ਇਹ ਕਾਰਡ ਛਾਪਣ ਵੇਲੇ ਬੱਚਿਆਂ ਵੱਲੋ ਬਣਾਏ ਕਾਰਡਾਂ ਨੂੰ ਕਿਸੇ ਕਿਸਮ ਨਾਲ ਸੋਧਣ ਦੀ ਕੋਸ਼ਿਸ਼ ਨਹੀ ਕੀਤੀ

> **ਆਪਣੀ ਜਮਾਤ ਵਿਚ ਕਿਤਾਬੀ ਪੜ੍ਹਾਈ ਦੇ ਨਾਲ-ਨਾਲ ਹੋਰ ਗਤੀ ਵਿਧੀਆਂ ਵਿਚ ਹਿੱਸਾ ਲੈਣਾ ਜਿਸ ਕਰਕੇ ਉਹਨਾਂ ਦੀ ਪ੍ਰਸੰਸਾ ਹੋਵੇ, ਬੱਚਿਆਂ ਦੇ ਦਿਲ ਵਿਚ ਇਕ ਨਵੀ ਨਰੋਈ ਭਾਵਨਾ ਹੀ ਪੈਦਾ ਨਹੀ ਕਰਦੀ ਸਗੋਂ ਜ਼ਿੰਦਗੀ ਪ੍ਰਤੀ ਉਹਨਾਂ ਦੀ ਸੋਚ ਨੂੰ ਹਾਂ-ਪੱਖੀ ਹੁਲਾਰਾ ਦਿੰਦੀ ਹੈ।**

ਰਵਿੰਦਰ ਸਿੰਘ ਸੋਢੀ
001-604-369-2371

ਗਈ। ਜਦੋ ਬੱਚਿਆਂ ਨੇ ਆਪਣੇ ਵੱਲੋ ਬਣਾਈ ਡਰਾਇੰਗ ਨੂੰ ਕਾਰਡ ਦੇ ਰੂਪ ਵਿਚ ਦੇਖਿਆ, ਉਹਨਾਂ ਦੇ ਚਿਹਰੇ ਦੇ ਹਾਵ-ਭਾਵ ਦੇਖਣ ਵਾਲੇ ਸੀ। ਉਹ ਮਹਿਸੂਸ ਕਰ ਰਹੇ ਸਨ ਜਿਵੇ ਉਹ ਹਵਾ ਵਿਚ ਉੱਡ ਰਹੇ ਹੋਣ। (ਇਥੇ ਮੈ ਪਹਿਲੀ ਕਲਾਸ, ਉਮਰ ਸੱਤ ਸਾਲ ਅਤੇ ਤੀਜੀ ਕਲਾਸ, ਉਮਰ ਨੌ ਸਾਲ ਦੇ ਬੱਚਿਆਂ ਵੱਲੋ ਬਣਾਏ ਕਾਰਡਾਂ ਦੀਆਂ ਤਸਵੀਰਾਂ ਦੇ ਰਿਹਾ ਹਾਂ)। ਮੈ ਇਹ ਨਹੀ ਕਹਿੰਦਾ ਕਿ ਇਹ ਚਿੱਤਰ ਕਲਾ ਦੇ ਵਧੀਆ ਨਮੂਨੇ ਹਨ, ਪਰ ਬੱਚਿਆਂ ਦੀ ਉਮਰ ਨੂੰ ਦੇਖਦੇ ਹੋਏ ਅਤੇ ਉਹਨਾਂ ਦੇ ਮਾਨਸਿਕ ਪੱਧਰ ਨੂੰ ਦੇਖਦੇ ਹੋਏ, ਉਹਨਾਂ ਦੀ ਅਤੇ ਹੋਰ ਬੱਚਿਆਂ ਦੀ ਪ੍ਰਸੰਸਾ ਕਰਨੀ ਤਾਂ ਬਣਦੀ ਹੀ ਹੈ। ਜਦੋ ਇਹਨਾਂ ਬੱਚਿਆਂ ਨੇ ਇਹ ਕਾਰਡ ਆਪਣੇ ਨੇੜਲੇ ਰਿਸ਼ਤੇਦਾਰਾਂ ਨੂੰ ਭੇਜੇ ਹੋਣਗੇ ਤਾਂ ਉਹਨਾਂ ਵੱਲੋ ਮਿਲੀ ਸ਼ਾਬਾਸ਼ ਨਿਸ਼ਚੇ ਹੀ ਬੱਚਿਆਂ ਦੇ ਮਨੋਬਲ ਨੂੰ ਉੱਚਾ ਚੁੱਕਣ ਵਿਚ ਸਹਾਈ ਹੋਵੇਗੀ ਅਤੇ ਭਵਿੱਖ ਵਿਚ ਉਹਨਾਂ ਨੂੰ ਅਜਿਹੀਆਂ ਗਤੀ ਵਿਧੀਆਂ ਵਿਚ ਅੱਗੇ ਆਉਣ ਦੀ ਪਰੇਰਣਾ ਤਾਂ ਮਿਲੇਗੀ ਹੀ, ਇਸ ਦੇ ਨਾਲ ਹੀ ਭਵਿੱਖ ਵਿਚ ਵੀ ਬੱਚਿਆਂ ਦੀ ਕਲਪਨਾ ਹੋਰ ਉੱਚੀਆਂ ਉਡਾਰੀਆਂ ਲਾਵੇਗੀ । ਆਪਣੀ ਜਮਾਤ ਵਿਚ ਕਿਤਾਬੀ ਪੜ੍ਹਾਈ ਦੇ ਨਾਲ-ਨਾਲ ਹੋਰ ਗਤੀ ਵਿਧੀਆਂ ਵਿਚ ਹਿੱਸਾ ਲੈਣਾ ਜਿਸ ਕਰਕੇ ਉਹਨਾਂ ਦੀ ਪ੍ਰਸੰਸਾ ਹੋਵੇ, ਬੱਚਿਆਂ ਦੇ ਦਿਲ ਵਿਚ ਇਕ ਨਵੀ ਨਰੋਈ ਭਾਵਨਾ ਹੀ ਪੈਦਾ ਨਹੀ ਕਰਦੀ ਸਗੋ ਜ਼ਿੰਦਗੀ ਪ੍ਰਤੀ ਉਹਨਾਂ ਦੀ ਸੋਚ ਨੂੰ ਹਾਂ-ਪੱਖੀ ਹੁਲਾਰਾ ਦਿੰਦੀ ਹੈ। ਅਜਿਹੇ ਮਾਹੌਲ ਵਿਚ ਪ੍ਰਵਾਨ ਚੜ੍ਹੇ ਬੱਚੇ ਹਮੇਸ਼ਾ ਹੀ ਹੱਸਦੇ-ਹੱਸਦੇ ਨਵੀਆਂ ਚੁਣੌਤੀਆਂ ਨਾਲ ਦੋ-ਚਾਰ ਹੋਣ ਤੋ ਘਬਰਾਉਦੇ ਨਹੀ. ਉਹਨਾਂ ਦੇ ਅਚੇਤ ਮਨ ਵਿਚ ਵਿਚਰ ਰਹੇ ਹੌਸਲੇ ਕਰਕੇ ਡਰ ਉਹਨਾਂ ਦੇ ਨੇੜੇ ਨਹੀ ਢੁੱਕਦਾ। ਉਹ ਜ਼ਿੰਦਗੀ ਵਿਚ ਆਈਆਂ ਅਸਫਲਤਾਵਾਂ ਤੋ ਵੀ ਕੁਝ ਸਿੱਖਦੇ ਹਨ ਅਤੇ ਨਵੇਂ ਦਿਸ-ਹੱਦਿਆਂ ਵੱਲ ਵਧਣ ਦੀ ਯੋਗਤਾ ਵੀ ਰੱਖਦੇ ਹਨ। ਜਦੋਂ ਬੱਚਿਆਂ ਨੂੰ ਇਸ ਗੱਲ ਦਾ ਅਹਿਸਾਸ ਕਰਵਾਇਆ ਜਾਏ ਕਿ ਉਹਨਾਂ ਵੱਲੋ ਕੀਤਾ ਕੰਮ ਵਿਸ਼ੇਸ਼ ਮਹੱਤਵ ਵਾਲਾ ਹੈ ਤਾਂ ਉਹਨਾਂ ਦੇ ਦਿਲ ਵਿਚ ਇਹ ਭਾਵਨਾ ਘਰ ਕਰ ਜਾਂਦੀ ਹੈ ਕਿ ਉਹ ਵੀ ਇਸ ਦੁਨੀਆਂ ਵਿਚ ਕੁਝ ਨਵੇਕਲਾ ਕਰ ਸਕਦੇ ਹਨ। ਇਨਸਾਨ ਵਿਚ ਪੈਦਾ ਹੋਈ ਅਜਿਹੀ ਉਸਾਰੂ ਸੋਚ ਨੇ ਹੀ ਪੱਥਰ ਕਾਲ ਦੇ ਯੁਗ ਨੂੰ ਵਰਤਮਾਨ ਸਮੇ ਦੇ ਵਿਗਿਆਨਕ ਯੁਗ ਵਿਚ ਬਦਲਿਆ ਹੈ। ਜਿੰਨਾਂ ਬਾਲ ਮਨਾਂ ਨੂੰ ਅਜਿਹੇ ਉਤਸ਼ਾਹ ਭਰੇ ਮਾਹੌਲ ਵਿਚ ਰਹਿਣ ਦਾ ਮੌਕਾ ਮਿਲਿਆ ਹੋਵੇ, ਉਹਨਾਂ ਦੀਆਂ ਜਾਗਦੀਆਂ ਅੱਖਾਂ ਦੇ ਸੁਪਨੇ ਪੂਰੇ ਹੀ ਨਹੀ ਹੁੰਦੇ, ਉਹ ਆਉਣ ਵਾਲੇ ਕੱਲ ਦੇ ਨੇਤਾ ਬਣ ਕੇ ਇਸ ਦੁਨੀਆਂ ਨੂੰ ਹੋਰ ਜਿਉਣ ਜੋਗੀ ਬਣਾਉਦੇ ਦੇ ਕਾਬਿਲ ਵੀ ਬਣਦੇ ਹਨ । ਬੱਚੇ ਦੀ ਯੋਗਤਾ ਨੂੰ ਕਿਤਾਬੀ ਪੜ੍ਹਾਈ ਦੀਆਂ ਪਰਾਪਤੀਆਂ ਤੋ ਹੀ ਨਹੀ ਪਹਿਚਾਣਿਆ ਜਾ ਸਕਦਾ, ਸਗੋ ਇਹ ਦੇਖਣਾ ਵੀ ਜਰੂਰੀ ਹੁੰਦਾ ਹੈ ਕਿ ਉਹ ਆਪਣੇ ਅੰਦਰ ਲੁਕੀਆਂ ਹੋਰ ਕੁਦਰਤੀ ਰੁਚੀਆਂ ਨੂੰ ਕਿਵੇਂ ਉਜਾਗਰ ਕਰਦੇ ਹਨ ਅਤੇ ਉਹਨਾਂ ਨੂੰ ਆਪਣੇ ਆਪ 'ਤੇ ਕਿੰਨਾ ਭਰੋਸਾ ਹੈ? ਜੇ ਹਰ ਬੱਚੇ ਨੂੰ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਆਪਣੀ ਸਮਰਥਾ ਨੂੰ ਪ੍ਰਗਟਾਉਣ ਦਾ ਮੌਕਾ ਮਿਲੇ ਤਾਂ ਇਹ ਸੋਚਿਆ ਵੀ ਨਹੀ ਜਾ ਸਕਦਾ ਕਿ ਉਹ ਬੱਚਾ ਵੱਡਾ ਹੋ ਕੇ ਕਿਹੜੀਆਂ-ਕਿਹੜੀਆਂ ਮੁਸ਼ਕਿਲ ਘਾਟੀਆਂ ਸਰ ਕਰ ਸਕਦਾ ਹੈ।

# "ਅਵਾਰਾ ਪਸ਼ੂ ਬਨਾਮ ਸੜਕਾਂ 'ਤੇ ਭਟਕਦੀ ਮੌਤ"

ਅਵਾਰਾ ਪਸ਼ੂ ਕੇਵਲ ਖੇਤੀਬਾੜੀ ਲਈ ਹੀ ਨਹੀ, ਸਗੋ ਸੜਕਾਂ 'ਤੇ ਚੱਲ ਰਹੀਆਂ ਜਿੰਦਗੀਆਂ ਲਈ ਵੀ ਲਗਾਤਾਰ ਖ਼ਤਰਾ ਬਣੇ ਹੋਏ ਹਨ। ਇਹ ਮਾਮਲਾ ਹੁਣ ਕਿਸਾਨੀ ਦੀ ਹੱਦ ਤੱਕ ਸੀਮਤ ਨਹੀ ਰਿਹਾ, ਬਲਕਿ ਸਾਰਿਆਂ ਦੀ ਸੁਰੱਖਿਆ ਨਾਲ ਜੁੜੀ ਗੰਭੀਰ ਚੁਣੌਤੀ ਬਣ ਚੁੱਕਾ ਹੈ। ਰੋਜ਼ਾਨਾ ਹਾਦਸੇ, ਜਾਨਾਂ ਦਾ ਨੁਕਸਾਨ ਅਤੇ ਆਵਾਜਾਈ ਵਿੱਚ ਰੁਕਾਵਟਾ ਦੀ ਇਹ ਦਾਸਤਾਨ ਹੁਣ ਪੰਜਾਬ ਤੋ ਇਲਾਵਾ ਬਾਹਰ ਗੁਆਂਢੀ ਸੂਬਿਆਂ ਤੱਕ ਫੈਲ ਚੁੱਕੀ ਹੈ। ਜਿੱਥੇ ਵੀ ਜਾਓ, ਗਾਵਾਂ, ਭੈਸਾਂ ਸਾਂਡ,ਵੱਸੇ ਮੌਤ ਵਾਂਗ ਰਸਤੇ ਰੋਕਦੇ ਮਿਲਦੇ ਹਨ। ਅਵਾਰਾ ਪਸ਼ੂਆਂ ਦੀ ਭਰਮਾਰ ਨਾ ਸਿਰਫ਼ ਪਿੰਡਾਂ ਅਤੇ ਸ਼ਹਿਰਾਂ ਦੀਆਂ ਗਲੀਆਂ ਵਿੱਚ ਹੀ ਵਧ ਰਹੀ ਹੈ, ਬਲਕਿ ਨੇਸ਼ਨਲ ਹਾਈਵੇਅ ਅਤੇ ਪਹਾੜੀ ਰਾਜਾਂ ਦੀਆਂ ਮੁੱਖ ਸੜਕਾਂ 'ਤੇ ਵੀ ਵੱਡਾ ਖ਼ਤਰਾ ਬਣ ਚੁੱਕੀ ਹੈ। ਕਈ ਪਸ਼ੂ-ਪਾਲਕ ਤਾਂ ਆਪਣੇ ਦੁੱਧਾਰੂ ਪਸ਼ੂਆਂ ਨੂੰ ਦਿਨ ਭਰ ਆਵਾਰਾ ਛੱਡਣ ਦੀ ਆਦਤ ਪਾ ਚੁੱਕੇ ਹਨ। ਇਹ ਪਸ਼ੂ ਕਿਸਾਨਾਂ ਦੇ ਖੇਤਾਂ, ਸ਼ਹਿਰੀ ਬਾਜ਼ਾਰਾਂ ਅਤੇ ਨਵੇ ਵਿਕਾਸ ਅਧੀਨ ਖਾਲੀ ਪਲਾਟਾਂ ਵਿੱਚ ਵਿਨਾਸ਼ ਮਚਾਉਦੇ ਨਜ਼ਰ ਆਉਦੇ ਹਨ।

ਸ਼ਹਿਰੀ ਇਲਾਕਿਆਂ ਵਿੱਚ ਇਹ ਪਸ਼ੂ ਗੰਦਗੀ ਅਤੇ ਰੋਗਾਂ ਦੇ ਫੈਲਾਅ ਦਾ ਕਾਰਨ ਬਣ ਰਹੇ ਹਨ। ਕੂੜੇ ਵਿੱਚੋ ਖਾਣ ਦੀ ਆਦਤ ਕਰਕੇ ਇਹ ਅਕਸਰ ਬੀਮਾਰ ਹੋ ਜਾਂਦੇ ਹਨ, ਜਿਸ ਨਾਲ ਉਨ੍ਹਾਂ ਦੀ ਬਿਮਾਰੀ ਹੋਰ ਪਸ਼ੂਆਂ ਅਤੇ ਇਨਸਾਨਾਂ ਤੱਕ ਵੀ ਪਹੁੰਚ ਸਕਦੀਆਂ ਹਨ। ਕਈ ਵਾਰ ਗੁੱਸੇ ਵਿੱਚ ਆਏ ਪਸ਼ੂ ਰੋਡ 'ਤੇ ਦੌੜ ਪੈਂਦੇ ਹਨ, ਜਿਸ ਕਰਕੇ ਬੱਚਿਆਂ, ਬਜ਼ੁਰਗਾਂ ਅਤੇ ਆਮ ਰਹਿੜੀਆ-ਫੜ੍ਹੀਆ ਵਾਲਿਆਂ ਲਈ ਸੰਕਟ ਪੈਦਾ ਹੋ ਜਾਂਦਾ ਹੈ।

ਇਨ੍ਹਾਂ ਅਵਾਰਾ ਪਸ਼ੂਆਂ ਵਿੱਚ ਖ਼ਾਸ ਕਰਕੇ ਮੋਟੇ-ਤਕੜੇ ਸਾਂਡ ਬਹੁਤ ਖ਼ਤਰਨਾਕ ਸਾਬਤ ਹੁੰਦੇ ਹਨ। ਇਹ ਅਕਸਰ ਬਿਨ੍ਹਾਂ ਕਿਸੇ ਚੇਤਾਵਨੀ ਦੇ ਹਮਲਾ ਕਰ ਦਿੰਦੇ ਹਨ। ਬਹੁਤ ਵਾਰ ਕਾਰਾਂ, ਥ੍ਰੀ-ਵ੍ਹੀਲਰ ਤੇ ਮੋਟਰਸਾਈਕਲ, ਸਾਈਕਲ ਚਾਲਕ ਤੇ ਸਵਾਰ ਵੀ ਇਹਨਾਂ ਦੇ ਸ਼ਿਕਾਰ ਬਣ ਚੁੱਕੇ ਹਨ। ਜੇਕਰ ਕਿਸੇ ਨੇ ਹੌਲੀ ਜਿਹਾ ਹੂਰਨ ਵਜਾ ਦਿੱਤਾ ਜਾਂ ਉਨ੍ਹਾਂ ਦੇ ਨੇੜੇ ਗੁਜ਼ਰਦੇ ਹੋਏ ਅਣਜਾਣੇ ਹੀ ਨਜ਼ਰ ਮਿਲਾ ਲਈ, ਤਾਂ ਇਹ ਪਸ਼ੂ ਗੁੱਸੇ ਵਿੱਚ ਹਮਲਾ ਕਰ ਦਿੰਦੇ ਹਨ। ਕਿੰਨੇ ਹੀ ਲੋਕ ਇਨ੍ਹਾਂ ਅਵਾਰਾ ਪਸ਼ੂਆਂ ਨਾਲ ਟਕਰਾ ਕੇ ਆਪਣੀ ਜਾਨ ਗੁਆ ਚੁੱਕੇ ਹਨ। ਜੋ ਲੋਕ ਜ਼ਿੰਦਾ ਬਚਦੇ ਹਨ, ਉਹ ਵੀ ਗੰਭੀਰ ਜ਼ਖਮੀਆਂ ਹੋ ਜਾਂਦੇ ਹਨ, ਜਿਨ੍ਹਾਂ ਵਿੱਚੋਂ ਕੁਝ ਦੀ ਜ਼ਿੰਦਗੀ ਅਪਾਹਜ ਹੋ ਜਾਂਦੀ ਹੈ। ਅਜਿਹੇ ਹਮਲਿਆਂ ਵਿੱਚ ਬਚਣ ਵਾਲੇ ਲੋਕ ਬਸ ਇਹਨਾਂ ਦੇ ਕਹਿਰ ਦੀ ਗਵਾਹੀ ਦੇ ਸਕਦੇ ਹਨ। ਪਰ ਜੇਕਰ ਕਿਸੇ ਦੀ ਕਿਸਮਤ ਖਰਾਬ ਹੋਵੇ, ਤਾਂ ਇਨ੍ਹਾਂ ਦਾ ਇੱਕੋ ਵਾਰ ਦਾ ਟੂਡ ਮੌਤ ਦਾ ਕਾਰਨ ਬਣ ਸਕਦਾ ਹੈ। ਦਿਨ ਹੋਵੇ ਜਾਂ ਰਾਤ, ਇਹ ਪਸ਼ੂ ਆਕਸਰ ਹਾਈਵੇ ਉੱਤੇ ਜਾਂ ਰਹੀ ਗੱਡੀਆਂ ਦੇ ਅੱਗੇ ਆ ਜਾਂਦੇ ਹਨ, ਵਿਸ਼ੇਸ਼ ਤੌਰ 'ਤੇ, ਕਾਲੇ ਰੰਗ ਦੇ ਪਸ਼ੂ ਤਾਂ ਰਾਤ ਦੇ ਹਨ੍ਹੇਰੇ ਵਿੱਚ ਡਰਾਈਵਰਾਂ ਨੂੰ ਅਣਦਿੱਖੇ ਰਹਿੰਦੇ ਹਨ, ਜਿਸ ਕਰਕੇ ਹਾਦਸਿਆਂ ਦੀ ਗਿਣਤੀ ਵਧ ਰਹੀ ਹੈ।

ਇਹ ਵੀ ਸੋਚਣਯੋਗ ਹੈ ਕਿ ਜਦੋਂ ਕੋਈ ਦੁੱਧਾਰੂ ਪਸ਼ੂ ਵੱਡੇ ਵਾਹਨ ਹੇਠ ਆ ਕੇ ਮਰ ਜਾਂਦਾ ਹੈ, ਤਾਂ ਉਸ ਦਾ ਮਾਲਿਕ ਤੁਰੰਤ ਆ ਕੇ ਆਪਣੀ ਨੁਕਸਾਨ ਦੀ ਭਰਪਾਈ ਮੰਗਣ ਲੱਗ ਪੈਂਦਾ ਹੈ। ਪਰ ਜੇ ਕੋਈ ਪਸ਼ੂ ਨਾਲ ਟਕਰਾ ਕੇ ਗੰਭੀਰ ਜ਼ਖਮੀ ਹੋ ਜਾਂਦਾ ਹੈ ਤਾਂ ਪੁੱਛਿਆ ਜਾਵੇ ਕਿ ਪਸ਼ੂ ਕਿਸਦਾ ਹੈ, ਤਾਂ ਕੋਈ ਵੀ ਜ਼ਿੰਮੇਵਾਰੀ ਲੈਣ ਲਈ ਤਿਆਰ ਨਹੀ ਹੁੰਦਾ। ਇਹ ਦੋਹਰੀ ਸੋਚ ਸਮਾਜ ਵਿੱਚ ਨੈਤਿਕਤਾ ਅਤੇ ਜ਼ਿੰਮੇਵਾਰੀ ਦੀ ਘਾਟ ਨੂੰ ਉਜਾਗਰ ਕਰਦੀ ਹੈ।

ਦੁੱਧਾਰੂ ਪਸ਼ੂਆਂ ਨੂੰ ਆਵਾਰਾ ਬਣਾਕੇ, ਜਿਨ੍ਹਾਂ ਲੋਕਾਂ ਨੇ ਇਹ ਬੇਇਨਸਾਫ਼ੀ ਕੀਤੀ, ਉਨ੍ਹਾਂ ਨੂੰ ਇਹ ਵੀ ਸੋਚਣਾ ਚਾਹੀਦਾ ਹੈ ਕਿ ਇਹ ਪਸ਼, ਜੋ ਕਦੇ ਸਾਡੇ ਘਰ ਦੀ ਲੱਜਤ ਬਣੇ ਹੋਏ ਸਨ, ਅੱਜ ਗੰਦਗੀ ਦੇ ਢੇਰਾਂ ਵਿੱਚ ਆਪਣੀ ਜ਼ਿੰਦਗੀ ਦੀ ਤਲਾਸ਼ ਕਰ ਰਹੇ ਹਨ। ਜਿਨ੍ਹਾਂ ਗਊਆਂ ਨੇ ਪੰਜਾਬ ਦੀ ਧਰਤੀ ਨੂੰ ਦੂਧ, ਮੱਖਣ, ਘਿਉ, ਦਹੀ, ਲੱਸੀ ਅਤੇ ਹੋਰ ਸੌਖੀ ਜੀਵਨ ਦੇਣ ਵਾਲੀਆਂ ਵਸਤਾਂ ਨਾਲ ਮਾਲਾਮਾਲ ਕੀਤਾ, ਉਹ ਅੱਜ ਨ ਸਿਰਫ਼ ਬੇਆਸਰਾ ਹਨ, ਬਲਕਿ ਰੋਜ਼ ਦੀ ਭੁੱਖ ਮਿਟਾਉਣ ਲਈ ਗੰਦਗੀ ਦੇ ਢੇਰਾਂ ਵਿੱਚ ਮੂੰਹ ਮਾਰਕੇ ਚਾਰੇ ਦੀ ਤਲਾਸ਼ ਕਰ ਰਹੇ ਹਨ। ਸਵਾਲ ਇਹ ਨਹੀ ਕਿ ਇਹਨਾਂ ਪਸ਼ੂਆਂ ਦੀ ਜ਼ਿੰਮੇਵਾਰੀ ਕਿਸ ਦੀ ਸੀ। ਸਵਾਲ ਇਹ ਹੈ ਕਿ ਅਸੀ ਇਨਸਾਨ ਹੋਣ ਦੇ ਨਾਤੇ ਆਪਣੀ ਮਨੁੱਖਤਾ ਦੇ ਫਰਜ਼ ਨੂੰ ਕਿਉ ਭੁੱਲ ਗਏ ? ਦੂਸਰਾ ਇਹ ਕਿ ਇਨ੍ਹਾਂ ਪਸ਼ੂਆਂ ਦਾ ਗੋਹਾ ਜੋ ਕਦੇ ਖੇਤਾਂ ਦੀ ਖ਼ਾਦ ਬਣਦਾ ਸੀ, ਹੁਣ ਬਦਬੂਦਾਰ ਹੋ ਗਿਆ ਹੈ ਜੋ ਵਾਤਾਵਰਣ ਨੂੰ ਵਿਗਾੜਣ ਵਿੱਚ ਵੀ ਇੱਕ ਭੂਮਿਕਾ ਨਿਭਾ ਰਿਹਾ ਹੈ।

ਇਹ ਵੀ ਸੋਚਣਯੋਗ ਹੈ ਕਿ ਕੀ ਇੱਥੇ ਕੇਵਲ ਅਵਾਰਾ ਪਸ਼ੂ ਹੀ ਘੁੰਮ ਰਹੇ ਹਨ ਤੇ ਜਵਾਬ ਹੈ ਨਹੀਂ, ਇਨ੍ਹਾਂ ਵਿੱਚੋ ਬਹੁਤ ਵੱਡੀ ਗਿਣਤੀ ਦੂਧਾਰੂ ਗਾਂਵਾਂ ਦੀ ਹੁੰਦੀ ਹੈ, ਜਿਨ੍ਹਾਂ ਦੇ ਕੁੱਝ ਮਾਲਕ ਤੇ ਕੁੱਝ ਦੁੱਧ ਦੀਆਂ ਡੇਹਰੀਆ ਵਾਲੇ ਪਸ਼ੂ ਪਾਲਕ ਆਪਣੇ ਪਸ਼ੂਆ ਦੀਆਂ ਪਹਿਲੇ ਪੈਰ ਦੀਆਂ ਧਾਰਾਂ ਕੱਢਕ ਉਨ੍ਹਾਂ ਨੂੰ ਦਿਨ ਭਰ ਆਵਾਰਾ ਛੱਡ ਦਿੰਦੇ ਹਨ ਤਾਂ ਜੋ ਉਹ ਖੁਦ ਹੀ ਖਾਣ-ਪੀਣ ਲਈ ਕੁਝ ਲੱਭਣ। ਫਿਰ ਇਹ ਪਸ਼ੂ ਇਨ੍ਹੇ ਸਿਆਣੇ ਹਨ ਕਿ ਜਦ ਧਾਰਾਂ ਕੱਢਣ ਦਾ ਮੁੜ ਸਮਾਂ ਆਉਂਦਾ ਹੈ, ਇਹ ਆਪਣੇ ਆਪ ਆਪਣੇ ਮਾਲਕ ਦੇ ਘਰ ਵਾਪਸ ਪਰਤ ਆਉਂਦੀਆਂ ਹਨ। ਪੈਸੇ ਦੀ ਦੌੜ ਵਿੱਚ ਕੁਝ ਪਸ਼ੂ-ਪਾਲਕ ਆਪਣੇ ਪਸ਼ੂਆਂ ਦੀ ਖੁਰਾਕ ਉੱਤੇ ਕੋਈ ਖਰਚਾ ਨਹੀ ਕਰਦੇ ਅਤੇ ਉਨ੍ਹਾਂ ਨੂੰ ਆਵਾਰਾ ਛੱਡ ਕੇ ਆਪਣੀ ਜ਼ਿੰਮੇਵਾਰੀ ਤੋ ਮੁਕਤ ਹੋ ਜਾਂਦੇ ਹਨ।

ਪੰਜਾਬ ਵਿੱਚ ਤਾਂ ਅਵਾਰਾ ਪਸ਼ੂਆਂ ਦੀ ਭਰਮਾਰ ਲਗਭਗ ਹਰ ਸ਼ਹਿਰ ਅਤੇ ਪਿੰਡ ਵਿੱਚ ਵੇਖਣ ਨੂੰ ਮਿਲਦੀ ਹੈ, ਪਰ ਪਠਾਨਕੋਟ ਜ਼ਿਲ੍ਹੇ ਦੇ ਗੁਆਂਡੀ ਰਾਜ 'ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਦੀਆਂ ਮੁੱਖ ਸੜਕਾਂ 'ਤੇ ਇਹ ਸਮੱਸਿਆ ਇੱਕ ਵੱਡੇ ਖਤਰੇ ਵਾਂਗ ਉਭਰੀ ਹੋਈ ਹੈ। ਪਠਾਨਕੋਟ-ਜੰਮੂ ਹਾਈਵੇ, ਪਠਾਨਕੋਟ - ਸ੍ਰੀਨਗਰ ਰੋਡ, ਪਠਾਨਕੋਟ -ਚੰਬਾ-ਡਲਹੌਜ਼ੀ ਰੋਡ, ਪਠਾਨਕੋਟ - ਕੁੱਲੂ-ਮਨਾਲੀ ਸੜਕਾਂ 'ਤੇ ਇਹ ਪਸ਼ੂ ਆਜ਼ਾਦੀ ਨਾਲ ਬੇ-ਰੋਕ ਟੋਕ ਘੁੰਮਦੇ ਦਿਖਾਈ ਦੇਣਗੇ। ਇਹ ਅਵਾਰਾ ਪਸ਼ੂ ਕਈ ਵਾਰ ਅਚਾਨਕ ਗੱਡੀਆਂ ਦੇ ਅੱਗੇ ਆ ਜਾਂਦੇ ਹਨ, ਜਿਸ ਕਰਕੇ ਨਾਂ ਕਿ ਸੜਕਾਂ 'ਤੇ ਯਾਤਰਾ ਕਰ ਰਹੇ ਲੋਕ ਖਤਰੇ ਵਿੱਚ ਪੈਂਦੇ ਹਨ, ਬਲਕਿ ਇਹ ਹਾਦਸਿਆਂ ਦੀ ਵੀ ਮੁੱਖ ਵਜ੍ਹਾ ਬਣ ਰਹੇ ਹਨ।

ਇੱਥੇ ਹੀ ਬਸ ਨਹੀ ਸ਼ਹਿਰ ਦੀਆਂ ਸੜਕਾਂ 'ਤੇ ਜਦੋ ਬੇਮੁਹਾਰ ਸਾਂਡ ਟਕਰਾ ਜਾਂਦੇ ਹਨ, ਤਾਂ ਇਹ ਕੋਈ ਆਮ ਲੜਾਈ ਨਹੀ ਹੁੰਦੀ 'ਇਹ ਇੱਕ ਭਿਆਨਕ ਜੰਗ ਬਣ ਜਾਂਦੀ ਹੈ। ਉਨ੍ਹਾਂ ਦੀ ਗਰਜਣ, ਮਿੱਟੀ 'ਚ ਉੱਠਦੀ ਧੂੜ, ਅਤੇ ਸਿੰਗਾਂ ਦੀ ਟਕਰ, ਮਾਣੋ ਧਰਤੀ ਕੰਬ ਰਹੀ ਹੋਵੇ, ਜਿਵੇਂ ਹੀ ਉਹ ਆਪਣੀ ਸ਼ਕਤੀ ਦਿਖਾਉਣ ਲਈ ਆਗੇ ਵਧਦੇ ਹਨ, ਰਾਹ 'ਚ ਆਉਣ

ਰਾਜਿੰਦਰ ਸਿੰਘ ਰਾਜਨ
9417427656

ਵਾਲੀ ਹਰ ਚੀਜ਼- ਰੇਹੜੀਆਂ, ਕਾਰਾਂ, ਮੋਟਰਸਾਈਕਲ 'ਉਲਟ ਜਾਂਦੀਆਂ ਹਨ। ਲੋਕ ਭੈਭੀਤ ਹੋ ਕੇ ਕਿਨਾਰੇ ਲੱਗ ਜਾਂਦੇ ਹਨ, ਜਿਵੇਂ ਸ਼ਹਿਰ ਉੱਤੇ ਕਿਸੇ ਕਾਲੀ ਆਫ਼ਤ ਨੇ ਹਮਲਾ ਕਰ ਦਿੱਤਾ ਹੋਵੇ ਅੰਤ ਵਿੱਚ, ਇੱਕ ਸਾਂਡ ਹਾਰਨ ਲੱਗਦਾ ਹੈ, ਉਸ ਦੀ ਸ਼ਕਤੀ ਟੁੱਟ ਜਾਂਦੀ ਹੈ। ਜਿੱਤਿਆ ਸਾਂਡ ਆਪਣੀ ਉੱਚੀ ਗਰਦਨ, ਤੇ ਹਵਾ 'ਚ ਝੁਲਦੇ ਸਿੰਗਾਂ ਨਾਲ ਮਾਣ ਭਰੀ ਚਿਤਾਵਨੀ ਦਿੰਦਾ ਹੈ ਕਿ 'ਹੁਣ ਇਹ ਖੇਤਰ ਮੇਰਾ ਹੈ ! ਹਾਰੇ ਹੋਏ ਨੇ ਪਿੱਛੇ ਹਟਣਾ ਪੈਂਦਾ ਹੈ, ਜਦ ਕਿ ਜਿੱਤਣ ਵਾਲਾ ਸ਼ਹਿਰ ਦੀਆਂ ਸੜਕਾਂ ਤੇ ਗਲੀਆਂ ਵਿੱਚ ਆਪਣਾ ਰਾਜ ਘੋਸ਼ਿਤ ਕਰਦਾ ਹੋਇਆ, ਗੌਰਵ ਨਾਲ ਅੱਗੇ ਵੱਧਦਾ ਲੋਕਾਂ ਲਈ ਮੁਸੀਬਤ ਦਾ ਕਾਰਨ ਬਣ ਜਾਂਦਾ ਹੈ।

ਉਹ ਵੀ ਕਦੇ ਸੁਹਾਵਣੇ ਦਿਨ ਸਨ, ਜਦ ਪਿੰਡ - ਸ਼ਹਿਰਾ ਦੀ ਸਵੇਰ ਪਸ਼ੂਆਂ ਦੀ ਰੌਮ-ਝੌਮ ਨਾਲ ਰੋਸ਼ਨ ਹੁੰਦੀ ਸੀ। ਚੌਣਿਆਂ 'ਤੇ ਜਾਣ ਵਾਲੀਆਂ ਗਊਆਂ ਦੇ ਗਲ ਵਿਚ ਘੰਟੀਆਂ ਦੀ ਛਣਕ ਹੁੰਦੀ, ਜਿਵੇਂ ਕੁਦਰਤ ਆਪਣੇ ਸਾਜ ਵਜਾ ਰਿਹਾ ਹੋਵੇ। ਪੁਰਾਣੇ ਸਮੇ ਦੀਆਂ ਮਾਵਾਂ ਆਪਣੇ ਹੱਥੀ ਰੋਟੀ ਦੇ ਟੁਕੜੇ, ਗੁੜ ਜਾਂ ਚੂਨੀ ਬੰਨ੍ਹ ਕੇ ਗਊਆਂ ਲਈ ਭੇਜਦੀਆਂ ਸਨ। ਇਹ ਇੱਕ ਰਿਵਾਇਤੀ ਰੂਹਾਨੀ ਰਿਸ਼ਤਾ ਸੀ, ਪਸ਼ੂ ਤੇ ਇਨਸਾਨ ਵਿਚਕਾਰ ਪਿਆਰ, ਪਰਵਾਹ ਤੇ ਸੰਵੇਦਨਸ਼ੀਲਤਾ ਦਾ। ਚੌਣੇ ਸਿਰਫ਼ ਚਾਰਾ ਨਹੀ, ਇਹ ਇੱਕ ਢੰਗ ਸੀ ਪਸ਼ੂਆਂ ਦੀ ਜ਼ਿੰਦਗੀ ਨੂੰ ਕੁਦਰਤ ਨਾਲ ਜੋੜਨ ਦਾ। ਜਿੱਥੇ ਪਾਣੀ ਚਮਕਦਾ ਹੋਇਆ ਬਹਿੰਦਾ, ਉੱਥੇ ਪਸ਼ੂ ਪਾਣੀ ਪੀਣ ਤੋ ਬਾਅਦ ਆਪਣੇ ਮੂੰਹ ਚੱਟਦੇ, ਰੌਣਕ ਵਾਲੀ ਧਰਤੀ ਉੱਤੇ ਲੰਬੇ ਲੰਬੇ ਸਾਹ ਲੈਂਦੇ। ਕਿਤੇ ਗਊਆਂ ਇਕ-ਦੂਜੀ ਨਾਲ ਮੱਥੇ ਰਗੜਦੀਆਂ, ਤਾਂ ਕਿਤੇ ਛੋਟੀਆਂ ਬਛੜੀਆਂ ਮਾਂ ਦੇ ਪਿੱਛੇ-ਪਿੱਛੇ ਦੌੜਦੀਆਂ। ਇਹ ਦ੍ਰਿਸ਼ ਗਮ ਭੁਲਾਉਦਾ ਸੀ, ਮਨ ਨੂੰ ਸ਼ਾਂਤ ਕਰ ਦਿੰਦਾ ਸੀ ਪ੍ਰੰਤੂ ਅੱਜ ਦੀ ਹਕੀਕਤ ਇਸ ਸਭ ਤੋ ਉਲਟ ਹੈ। ਪਸ਼ੂ ਆਜ਼ਾਦੀ ਦੀ ਥਾਂ ਕੈਦ ਵਿਚ ਹਨ। ਗਾਹਕ ਲਈ ਦੁੱਧ ਦੀ ਮਾਤਰਾ ਤਾਂ ਵਧੀ, ਪਰ ਉਸ ਦੀ ਗੁਣਵੱਤਾ ਘਟ ਗਈ। ਗਲੀਆਂ ਵਿਚ ਲੱਗੇ ਗੰਦਗੀ ਦੇ ਢੇਰ, ਪਲਾਸਟਿਕ ਦੇ ਟੁਕੜੇ, ਸੜਨ ਵਾਲੇ ਅੰਨ ਅਤੇ ਫਟੇ ਪਿਆਕਿਆਂ ਵਿਚੋ ਚੁੰਨਦੇ ਇਹ ਪਸ਼ੂ ਸਾਡੇ ਮੂਲ ਸਵਾਲਾਂ ਵਾਂਗਰ ਹਨ 'ਅਸੀ ਕਿੱਥੇ ਪਹੁੰਚ ਗਏ ਹਾਂ ? ਪਸ਼ੂਆਂ ਦੀ ਇਹ ਹਾਲਤ ਸਾਡੀ ਸਮਾਜਕ ਸੰਵੇਦਨਸ਼ੀਲਤਾ ਉੱਤੇ ਸਵਾਲ ਚੁੱਕਦੀ ਹੈ। ਕੀ ਅਸੀ ਉਹੀ ਲੋਕ ਹਾਂ ਜੋ ਪਹਿਲਾਂ ਗਊਆਂ ਦੇ ਮੱਥੇ ਤੇ ਹੱਥ ਫੇਰ ਕੇ ਦੁੱਧ ਪੀਣ ਤੋ ਪਹਿਲਾਂ ਆਸ਼ੀਰਵਾਦ ਮੰਗਦੇ ਸੀ ? ਜਾਂ ਹੁਣ ਉਹ, ਜੋ ਪਲਾਸਟਿਕ ਖਾਦੀ ਗਊ ਦੇ ਦੁੱਧ ਨੂੰ ਮਸ਼ੀਨ ਰਾਹੀ ਪੈਕੇਟ ਕਰਕੇ ਸਿਹਤਮੰਦ ਸਮਝ ਲੈਂਦੇ ਹਾਂ ? ਇਹ ਸਿਰਫ ਪਸ਼ੂ ਪਾਲਣ ਦੀ ਬੇਹਾਲੀ ਨਹੀ, ਇਹ ਇੱਕ ਵੱਡੀ ਸਮਾਜਿਕ ਬੇਕਾਰੀ ਦੀ ਕਮੀ ਦੀ ਨਿਸ਼ਾਨੀ ਹੈ। ਹਮੇਸ਼ਾ ਦੀ ਤਰ੍ਹਾਂ ਕੁਦਰਤ ਨੇ ਅੱਜ ਵੀ ਆਪਣੀ ਗੋਦ ਖੁੱਲ੍ਹੀ ਛੱਡੀ ਹੈ, ਪਰ ਅਸੀ ਹੀ ਉਸ ਗੋਦ ਤੋ ਮੂੰਹ ਮੋੜ ਲਿਆ ਹੈ।

ਸਰਕਾਰ ਨੂੰ ਚਾਹੀਦਾ ਹੈ ਕਿ ਹਰ ਅਵਾਰਾ ਪਸ਼ੂ ਦੇ ਮਾਲਕ ਨੂੰ ਭਾਰੀ ਜੁਰਮਾਨਾ ਦੇਣ ਲਈ ਮਜਬੂਰ ਕੀਤਾ ਜਾਵੇ ਤੇ ਇਸ ਰਕਮ ਤੋ ਆਵਾਰਾ ਪਸ਼ੂਆਂ ਲਈ ਵਿਲੱਖਣ ਆਸ਼ਰਮ ਬਣਾਉਣ, ਉਸ ਜ਼ੁਰਮਾਨੇ ਤੋ ਇਕੱਠਾ ਹੋਇਆ ਪੈਸਾ, ਪਸ਼ੂਆਂ ਦੀ ਸੰਭਾਲ, ਖੁਰਾਕ ਅਤੇ ਇਲਾਜ ਦੀ ਵਿਵਸਥਾ ਕਰਨ ਵਿੱਚ ਵਰਤਿਆ ਜਾਵੇ। ਹਾਈਵੇ ਅਤੇ ਸ਼ਹਿਰਾਂ ਵਿੱਚ ਟੀਮਾਂ ਤੈਨਾਤ ਕੀਤੀਆਂ ਜਾਣ, ਜੋ ਅਵਾਰਾ ਪਸ਼ੂਆਂ ਨੂੰ ਕਾਬੂ ਵਿੱਚ ਰੱਖਣ ਲਈ ਕਾਰਵਾਈ ਕਰਨ। ਹਰ ਪਸ਼ੂ ਨੂੰ ਮਾਲਕ ਦੇ ਨਾਮ ਨਾਲ ਰਜਿਸਟਰ ਕਰਨਾ ਲਾਜ਼ਮੀ ਹੋਵੇ, ਤਾਂ ਜੋ ਕਿਸੇ ਵੀ ਹਾਦਸੇ ਦੀ ਸੂਰਤ ਵਿੱਚ ਉਸ ਦੀ ਪਛਾਂਣ ਹੋ ਸਕੇ। ਪਸ਼ੂ ਸੰਭਾਲ ਕੇਂਦਰ ਹੋਰ ਬਣਾ ਕੇ ਇਹ ਯਕੀਨੀ ਬਣਾਇਆ ਜਾਵੇ ਕਿ ਇਹ ਪਸ਼ੂ ਵਿਅਰਥ ਆਵਾਰਾ ਨਾ ਘੁੰਮਣ। ਲੋਕਾਂ ਵਿੱਚ ਜਾਗਰੂਕਤਾ ਵਧਾਉਣੀ ਪੈਣੀ ਹੈ, ਤਾਂ ਜੋ ਉਹ ਸਮਝ ਸਕਣ ਕਿ ਅਵਾਰਾ ਪਸ਼ੂ ਸਿਰਫ਼ ਆਪਣੇ ਲਈ ਹੀ ਨਹੀ, ਬਲਕਿ ਹਰੇਕ ਵਾਹਨ ਚਲਾਉਣ ਵਾਲੇ ਲਈ ਵੀ ਜਾਨ-ਲੇਵਾ ਖ਼ਤਰਾ ਹਨ।

ਜੇਕਰ ਅਸੀ ਆਪਣੇ ਬੱਚਿਆਂ, ਨੌਜਵਾਨਾਂ, ਬਜ਼ੁਰਗਾਂ ਅਤੇ ਹੋਰ ਸਾਰਿਆਂ ਦੀ ਸੁਰੱਖਿਆ ਚਾਹੁੰਦੇ ਹਾਂ, ਤਾਂ ਅਸੀ ਇਨ੍ਹਾਂ ਦੁਧਾਰੂ ਪਸ਼ੂਆਂ ਨੂੰ ਖੁੱਲ੍ਹਾ ਛੱਡਣ ਵਾਲੇ ਮਾਲਕਾਂ 'ਤੇ ਨਕੇਲ ਪਾਉਣੀ ਪਵੇਗੀ ਜੋ ਸਮੇ ਦੀ ਮੁੱਖ ਲੋੜ ਹੈ, ਸੋ ਸਰਕਾਰ ਨੂੰ ਚਾਹੀਦਾ ਹੈ ਕਿ ਇਹਨਾਂ ਅਵਾਰਾ ਪਸ਼ੂਆਂ ਦੀ ਸੰਭਾਲ ਅਤੇ ਉਨ੍ਹਾਂ ਦੀ ਸੰਭਾਵਿਤ ਆਵਾਜਾਈ 'ਤੇ ਕੋਈ ਉਚਿਤ ਹੱਲ ਕੱਢੇ। ਅਵਾਰਾ ਪਸ਼ੂਆਂ ਉਪਰ ਰਿਫਲੈਕਟਰ ਲਾਏ ਜਾਣ, ਸੜਕਾਂ 'ਤੇ ਚੇਤਾਵਨੀ ਦੇ ਸੰਕੇਤ ਲਗਾਉਣ, ਗੌਸ਼ਾਲਾਵਾਂ ਦੀਆਂ ਹੋਰ ਵਿਆਪਕ ਵਿਵਸਥਾ ਬਣਾਉਣ, ਅਤੇ ਯਾਤਰੀਆਂ ਨੂੰ ਜਾਣਕਾਰੀ ਪ੍ਰਦਾਨ ਕਰਨ ਲਈ ਉਚਿਤ ਉਪਰਾਲੇ ਕਰਵਾਏ ਜਾਣ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਕਦੇ ਉਸ ਸਮੇ ਵੱਲੋ ਝਾਤੀ ਮਾਰੀਏ ਤਾਂ ਯਾਦ ਆਉਂਦਾ ਹੈ ਕਿ ਜਦ ਪੰਜਾਬ ਵਿੱਚ ਕੋਈ ਅਵਾਰਾ ਪਸ਼ੂ ਨਜ਼ਰ ਆ ਜਾਂਦਾ, ਤਾਂ ਪਸ਼ੂ-ਪਾਲਣ ਵਿਭਾਗ ਦੇ ਕਰਮਚਾਰੀ ਉਸ ਨੂੰ ਫੜ ਕੇ ਪਸ਼ੂ ਹਸਪਤਾਲ ਲੈ ਜਾਂਦੇ ਸਨ। ਜੇ ਮਾਲਕ ਦਾ ਪਤਾ ਲੱਗਦਾ, ਤਾਂ ਜੁਰਮਾਨਾ ਲਗਾਇਆ ਜਾਂਦਾ ਸੀ। ਇਹ ਪ੍ਰਣਾਲੀ ਪਸ਼ੂ-ਪਾਲਕਾਂ ਲਈ ਡਰ ਬਣੀ ਹੋਈ ਸੀ, ਜਿਸ ਕਰਕੇ ਉਹ ਆਪਣੇ ਪਸ਼ੂਆਂ ਨੂੰ ਆਵਾਰਾ ਨਹੀ ਛੱਡਦੇ ਸਨ। ਅੱਜ ਇਹ ਪ੍ਰਣਾਲੀ ਮੁੜ ਲਾਗੂ ਕਰਨ ਦੀ ਲੋੜ ਹੈ।

ਜਦੋ ਵੈਟਰਨਰੀ ਇੰਸਪੈਕਟਰ ਸੰਦੀਪ ਮਹਾਜਨ, ਜੋ ਕਿ ਵੈਟਰਨਰੀ ਇੰਸਪੈਕਟਰ ਯੂਨੀਅਨ ਪਠਾਨਕੋਟ ਪੰਜਾਬ ਦੇ ਬੁਲਾਰੇ ਤੇ ਜ਼ਿਲ੍ਹਾ ਪ੍ਰਧਾਨ ਵੀ ਹਨ, ਨਾਲ ਗੱਲਬਾਤ ਕੀਤੀ ਗਈ, ਤਾਂ ਉਨ੍ਹਾਂ ਦੱਸਿਆ ਕਿ ਪੰਜਾਬ ਭਰ ਵਿੱਚ ਹਰ ਜ਼ਿਲ੍ਹੇ ਵਿੱਚ ਕੈਟਲ ਪੌਂਡ ਸੈਂਟਰ ਚੱਲ ਰਹੇ ਹਨ। ਜੇਕਰ ਕਿਸੇ ਪਿੰਡ ਜਾਂ ਸ਼ਹਿਰੀ ਵਾਰਡ ਵਿੱਚ ਅਵਾਰਾ ਪਸ਼ੂ ਮਿਲਦੇ ਹਨ, ਤਾਂ ਸਰਪੰਚ ਜਾਂ ਐਮ.ਸੀ. ਵੱਲੋ ਲਿਖਤੀ ਰੂਪ ਵਿੱਚ ਜਾਣਕਾਰੀ ਦੇਣ 'ਤੇ ਉਹਨਾਂ ਨੂੰ ਇਨ੍ਹਾਂ ਕੇਂਦਰਾਂ ਵਿੱਚ ਭੇਜਿਆ ਜਾ ਸਕਦਾ ਹੈ। ਇੱਥੇ ਉਹਨਾਂ ਦੀ ਐਂਟਰੀ ਮੁਫਤ ਹੁੰਦੀ ਹੈ, ਇਲਾਜ, ਚਾਰਾ ਅਤੇ ਟੀਕਾਕਰਨ ਵੀ ਮੁਫਤ ਮੁਹੱਈਆ ਕਰਵਾਇਆ ਜਾਂਦਾ ਹੈ। ਉਨ੍ਹਾਂ ਦੀ ਸਮੇ-ਸਮੇਂ ਤੇ ਦੇਖਭਾਲ ਕੀਤੀ ਜਾਂਦੀ ਹੈ ਤੇ ਰਹਾਇਸ਼ ਦੀ ਵੀ ਸੁਵਿਧਾ ਉਪਲਬਧ ਹੁੰਦੀ ਹੈ। ਇਸ ਸਮੇ ਕੇਵਲ ਪਠਾਨਕੋਟ ਜ਼ਿਲ੍ਹੇ ਵਿੱਚ **500** ਤੋ ਵੱਧ ਪਸ਼ੂ ਕੈਟਲ ਪੌਂਡ ਸੈਂਟਰ ਵਿੱਚ ਰਜਿਸਟਰਡ ਹਨ। ਪੰਜਾਬ ਸਰਕਾਰ ਵੱਲੋ ਲਾਗੂ ਕੀਤੇ "ਸੈਕਸ ਸੀਮਨ ਪ੍ਰੋਜੈਕਟ" ਨੇ ਵੀ ਅਵਾਰਾ ਵੱਛਿਆਂ ਦੀ ਜਨ ਸੰਖਿਆ 'ਤੇ ਕਾਬੂ ਪਾਉਣ ਵਿੱਚ ਲਾਭਦਾਇਕ ਭੂਮਿਕਾ ਨਿਭਾਈ ਹੈ। ਇਸ ਪ੍ਰੋਜੈਕਟ ਤਹਿਤ ਕੀਤੇ ਜਾਣ ਵਾਲੇ ਟੀਕਾਕਰਨ ਰਾਹੀ **95%** ਤੱਕ ਸੰਭਾਵਨਾ ਹੁੰਦੀ ਹੈ ਕਿ ਵੱਛੀਆਂ ਹੀ ਪੈਦਾ ਹੋਣ, ਜਿਸ ਕਾਰਨ ਅਵਾਰਾ ਵੱਛਿਆਂ ਦੀ ਸੰਖਿਆ 'ਚ ਭਾਰੀ ਕਮੀ ਆ ਰਹੀ ਹੈ।



ਬਹਾਦਰ ਸਿੰਘ ਗੋਸਲ,
ਮੋ. 98764-52223

# ਸਾਦਗੀ ਅਤੇ ਸ਼ਰਧਾ ਦਾ ਪ੍ਰਤੀਕ-ਭਗਤ ਧੰਨਾ ਜੀ

ਜਿਹੜੇ ਪੰਦਰਾਂ ਭਗਤ ਸਾਹਿਬਾਨ ਭਗਤੀ ਲਹਿਰ ਦੀ ਮਾਲਾ ਦੇ ਅਮੁੱਲ ਮੋਤੀ ਬਣੇ ਅਤੇ ਜਿਨ੍ਹਾਂ ਨੇ ਆਪਣੀ ਪ੍ਰਭੂ ਭਗਤੀ ਦੁਆਰਾ, ਬਾਣੀ ਦੀ ਚੰਗੀ ਰਚਨਾ ਕੀਤੀ ਅਤੇ ਜਿਨ੍ਹਾਂ ਦੀ ਬਾਣੀ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸੁਸ਼ੋਭਿਤ ਕੀਤਾ, ਉਨ੍ਹਾਂ ਵਿਚੋਂ ਇੱਕ ਸਨ ਸਾਦਗੀ ਅਤੇ ਸ਼ਰਧਾ ਦੇ ਪ੍ਰਤੀਕ-ਭਗਤ ਧੰਨਾ ਜੀ। ਭਗਤ ਧੰਨਾ ਜੀ ਦਾ ਜਨਮ 1416ਈ: ਨੂੰ ਰਾਜਪੂਤਾਨੇ ਦੇ ਇੱਕ ਪਿੰਡ ਧੁਆਨ ਵਿਖੇ ਜੱਟ ਪ੍ਰੀਵਾਰ ਵਿੱਚ ਹੋਇਆ। ਇਹ ਪਿੰਡ ਭਾਈ ਕਾਨ੍ਹ ਸਿੰਘ ਨਾਭਾ ਜੀ ਦੇ ਕਥਨ ਅਨੁਸਾਰ ਟਾਂਕ ਦੇ ਇਲਾਕੇ ਵਿੱਚ ਦੇਉਲੀ ਤੋਂ 20 ਮੀਲ ਦੂਰ ਹੈ। ਧੰਨਾ ਜੀ ਨੇ ਬਚਪਨ ਵਿੱਚ ਹੀ ਆਪਣੇ ਪਿਤਾ-ਪੁਰਖੀ ਧੰਦੇ ਕਿਰਸਾਨੀ ਅਤੇ ਪਸ਼ੂ ਚਾਰਣ ਨੂੰ ਆਪਣਾ ਕਿੱਤਾ ਅਪਨਾਇਆ। ਆਪ ਜੀ ਬਚਪਨ ਤੋਂ ਹੀ ਧਾਰਮਿਕ ਰੁਚੀਆਂ ਵਿੱਚ ਵਿਸ਼ਵਾਸ ਰੱਖਦੇ ਸਨ ਅਤੇ ਇਹੀ ਕਾਰਣ ਸੀ ਕਿ ਵੱਡੇ ਹੋ ਕੇ ਆਪ ਇੱਕ ਮਹਾਨ ਭਗਤ ਬਣੇ।

ਪ੍ਰਸਿੱਧ ਇਤਿਹਾਸਕਾਰ ਸ੍ਰ ਸੁਖਦੇਵ ਸਿੰਘ ਸ਼ਾਂਤ ਜੀ ਅਨੁਸਾਰ ਕਿਉਂਕਿ ਆਪ ਜੀ ਦਾ ਜਨਮ 1416ਈ: ਮੰਨਿਆ ਜਾਂਦਾ ਹੈ ਤਾਂ ਆਪ ਜੀ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ 53 ਸਾਲ ਪਹਿਲਾ, ਭਗਤ ਪੀਪਾ ਜੀ ਤੋਂ 10 ਸਾਲ ਪਹਿਲਾ ਅਤੇ ਭਗਤ ਕਬੀਰ ਜੀ ਤੋਂ 18 ਸਾਲ ਬਾਅਦ ਪੈਦਾ ਹੋਏ ਸਨ। ਇਸ ਤਰ੍ਹਾਂ ਭਗਤ ਧੰਨਾ ਜੀ ਨੂੰ ਭਗਤ ਕਰੀਬ ਅਤੇ ਭਗਤ ਪੀਪਾ ਜੀ ਦਾ ਸਮਕਾਲੀ ਵੀ ਕਿਹਾ ਜਾ ਸਕਦਾ ਹੈ। ਇਹ ਵੀ ਮੰਨਿਆ ਜਾਂਦਾ ਹੈ ਕਿ ਆਪ ਜੀ ਨੇ ਭਗਤ ਰਾਮਾਨੰਦ ਜੀ ਨੂੰ ਆਪਣਾ ਗੁਰੂ ਮੰਨਿਆ ਜਿਨ੍ਹਾਂ ਦਾ ਜੀਵਨ ਕਾਲ 1366ਈ: ਤੋਂ 1467ਈ: ਮੰਨਿਆ ਜਾਂਦਾ ਹੈ। ਇਹ ਵੀ ਮੰਨਿਆ ਜਾਂਦਾ ਹੈ ਕਿ ਆਪ ਜੀ ਦੇ ਨਗਰ ਦੇ ਰਾਜੇ ਦਾ ਨਾਂ ਭੀਮ ਸੈਨ ਸੀ। ਆਪ ਜੀ ਲਿਖਦੇ ਹਨ -

ਧੰਨਾ ਐਸੇ ਹਮਰਾ ਨਾਉ ॥
ਭੀਮ ਸੈਨ ਰਾਜੇ ਕੇ ਗਾਂਉ ॥

ਪਰ ਆਪ ਜੀ ਦੇ ਮਾਤਾ-ਪਿਤਾ ਦੇ ਨਾਵਾਂ ਬਾਰੇ ਕੁੱਝ ਪਤਾ ਨਹੀਂ ਚਲਦਾ ਅਤੇ ਨਾ ਹੀ ਆਪ ਜੀ ਦੇ ਦੂਜੇ ਭੈਣ-ਭਰਾਵਾਂ ਬਾਰੇ ਕੁੱਝ ਪਤਾ ਚਲਦਾ ਹੈ।

ਸ੍ਰ ਸ਼ਾਂਤ ਜੀ ਭਾਈ ਕਾਨ੍ਹ ਸਿੰਘ ਨਾਭਾ ਜੀ ਦੇ ਹਵਾਲੇ ਨਾਲ ਲਿਖਦੇ ਹਨ ਕਿ ਆਪ ਜੀ ਦੀ ਜਾਤੀ ਜੱਟ ਜ਼ਿੰਮੀਦਾਰ ਸੀ ਅਤੇ ਹੋਰ ਕਈ ਇਤਿਹਾਸਕਾਰਾਂ ਨੇ ਵੀ ਆਪ ਜੀ ਦੀ ਜਾਤਿ ਜੱਟ ਹੋਣ ਦਾ ਵੇਰਵਾ ਦਿੱਤਾ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਦੀ ਬਾਣੀ ਅਤੇ ਭਾਈ ਗੁਰਦਾਸ ਜੀ ਦੀ ਬਾਣੀ ਤੋਂ ਵੀ ਆਪ ਜੀ ਦੇ ਜੱਟ ਜ਼ਿੰਮੀਦਾਰ ਹੋਣ ਦਾ ਪਤਾ ਚਲਦਾ ਹੈ। ਜਿਸ ਤਰ੍ਹਾਂ ਗੁਰੂ ਸਾਹਿਬ ਫੁਰਮਾਉਂਦੇਹਨ -

ਇਹ ਬਿਧਿ ਸੁਨਿ ਕੈ ਜਾਟਰੋ ਉਠਿ ਭਗਤੀ ਲਾਗਾ ॥
ਮਿਲੇ ਪ੍ਰਤਖਿ ਗੁਸਾਈਆ ਧੰਨਾ ਵਡਭਾਗਾ ॥
(ਆਸਾ ਮ:5 ਅੰਗ 488)

ਭਾਈ ਦਰਬਾਰੀ ਦਾਸ ਜੀ ਦਾ ਲਿਖਣਾ ਹੈ ਕਿ ਆਪ ਜੀ ਪਾਲੀ ਦੇ ਤੌਰ ਤੇ ਵਿਚਰਦੇ ਸਨ ਅਤੇ ਸਾਰੇ ਨਗਰ ਦੀਆਂ ਗਊਆਂ ਚਾਰਣ ਜਾਂਦੇ ਸਨ। ਇਹ ਗੱਲ ਵੀ ਸੱਚ ਹੈ ਕਿ ਆਪ ਜੀ ਦੇ ਪਿਤਾ ਜੀ ਦਾ ਦੇਹਾਂਤ ਆਪ ਜੀ ਦੇ ਬਚਪਨ ਵਿੱਚ ਹੀ ਹੋ ਗਿਆ ਸੀ ਜਿਸ ਕਰਕੇ ਗਰੀਬੀ ਵਸ ਆਪ ਜੀ ਨੂੰ ਗਊਆਂ ਦਾ ਪਾਲੀ ਬਣਨਾ ਪਿਆ ਅਤੇ ਆਪ ਕਿਸਾਨੀ ਕੰਮ ਵੀ ਕਰਦੇ ਸਨ। ਪਰ ਆਪ ਜੀ ਦਾ ਜੀਵਨ ਕਿਰਤੀ ਹੋਣ ਕਾਰਣ ਆਪ ਜੀ ਵਿੱਚ ਸਾਦਗੀ ਅਤੇ ਸੱਚਾਈ ਵਰਗੇ ਗੁਣ ਮੌਜੂਦ ਹੋ ਗਏ। ਭਗਤ ਧੰਨਾ ਜੀ ਭਾਵੇਂ ਗ੍ਰਹਿਸਤ ਜੀਵਨ ਦੇ ਪੱਕੇ ਹਮਾਇਤੀ ਸਨ ਪਰ ਆਪ ਜੀ ਨੇ ਵਿਆਹ ਅਤੇ ਸੰਤਾਨ ਬਾਰੇ ਕੋਈ ਵੇਰਵਾ ਨਹੀਂ ਮਿਲਦਾ। ਆਪ ਜੀ ਨੇ ਚੰਗੀ ਪਤਨੀ ਪ੍ਰਾਪਤ ਕਰਨ ਦੀ ਇੱਛਾ ਨੂੰ ਆਪਣੀ ਬਾਣੀ ਵਿੱਚ ਵੀ ਦਰਸਾਇਆ ਹੈ।

ਆਪ ਜੀ ਦੇ ਜੀਵਨ ਵਿੱਚ ਉਦੋ ਇਕ ਵੱਡਾ ਮੋੜ ਆਇਆ ਜਦੋਂ ਕਿ ਆਪ ਗਊਆਂ ਚਾਰਣ ਲਈ ਨਗਰ ਤੋਂ ਬਾਹਰ ਜਾਂਦੇ ਸਨ ਅਤੇ ਉਥੇ ਆਪ ਜੀ ਨੇ ਇੱਕ ਬ੍ਰਾਹਮਣ ਨੂੰ ਠਾਕਰ ਦੀ ਪੂਜਾ ਕਰਦੇ ਦੇਖਿਆ। ਆਪ ਜੀ ਦੇ ਮਨ ਵਿੱਚ ਵੀ ਠਾਕਰ ਦੀ ਪੂਜਾ ਕਰਨ ਦੀ ਪ੍ਰਬਲ ਇੱਛਾ ਜਾਗ ਪਈ ਅਤੇ ਆਪ ਜੀ ਨੇ ਪੰਡਿਤ ਤੋਂ ਇੱਕ ਠਾਕਰ ਦੀ ਮੰਗ ਕੀਤੀ ਅਤੇ ਵਾਰ ਵਾਰ ਮੰਗ ਕਰਨ ਪਰ ਪੰਡਿਤ ਨੇ ਖਹਿੜਾ ਛੁਡਾਉਣ ਦੇ ਮਨੋਰਥ ਨਾਲ ਇਕ ਕਾਲਾ ਪੱਥਰ ਧੰਨੇ ਨੂੰ ਦੇ ਕੇ ਪੂਜਾ ਦੀ ਵਿਧੀ ਦੱਸੀ। ਘਰ ਆ ਕੇ ਧੰਨਾ ਜੀ ਨੇ ਠਾਕਰ ਨੂੰ ਇਸ਼ਨਾਨ ਕਰਵਾ ਕੇ ਉਸਦੀ ਪੂਜਾ ਸ਼ੁਰੂ ਕਰ ਦਿੱਤੀ। ਕਿਉਂਕਿ ਬ੍ਰਹਮਣ ਨੇ ਦੱਸਿਆ ਸੀ ਕਿ ਠਾਕਰ ਨੂੰ ਭੋਗ ਲਗਵਾ ਕੇ ਫਿਰ ਆਪ ਭੋਜਨ ਖਾਣਾ ਹੈ। ਤਾਂ ਸੱਚਮੁੱਚ ਵਿੱਚ ਹੀ ਧੰਨਾ ਠਾਕਰ ਨੂੰ ਭੋਗ ਲਗਵਾਉਣ ਲਈ ਜਿਦ ਕਰਨ ਲੱਗੇ ਅਤੇ ਪ੍ਰਣ ਕੀਤਾ ਕਿ ਜਦੋਂ ਤੱਕ ਠਾਕਰ ਭੋਗ ਨਹੀਂ ਲਗਾਏਗਾ ਉਹ ਆਪ ਵੀ ਮੂੰਹ ਵਿੱਚ ਅੰਨ ਨਹੀਂ ਪਾਵੇਗਾ। ਇਸ ਤਰ੍ਹਾਂ ਪੂਰੀ ਸ਼ਰਧਾ ਅਤੇ ਦ੍ਰਿੜ ਵਿਸ਼ਵਾਸ ਨਾਲ ਆਪ ਜੀ ਨੇ ਪ੍ਰਭੂ ਜੀ ਦੇ ਪ੍ਰਤੱਖ ਦਰਸ਼ਨ ਕੀਤੇ ਅਤੇ ਪ੍ਰਭੂ ਨੂੰ ਬਾਲ-ਹੱਠ ਕਾਰਣ ਰੋਟੀ ਖਾਣ ਅਤੇ ਲੱਸੀ ਪੀਣ ਲਈ ਮਜ਼ਬੂਰ ਕੀਤਾ। ਭਾਈ ਗੁਰਦਾਸ ਜੀ ਨੇ ਆਪਣੀ ਦਸਵੀਂ ਵਾਰ ਵਿੱਚ ਇਸ ਘਟਨਾ ਨੂੰ ਬਾਖੂਬੀ ਦਰਸਾਇਆ ਹੈ:-

ਬ੍ਰਾਮਣੁ ਪੂਜੈ ਦੇਵਤੇ ਧੰਨਾ ਗਊ ਚਰਾਵਣਿ ਆਵੈ।
ਧੰਨੈ ਡਿਠਾ ਚਲਿਤੁ ਏਹੁ ਪੂਛੇ ਬ੍ਰਾਮ੍ਹਣੁ ਆਖਿ ਸੁਣਾਵੈ।
ਠਾਕਰ ਦੀ ਸੇਵਾ ਕਰੈ ਜੋ ਇਛੈ ਸੋਈ ਫਲੁ ਪਾਵੈ।
ਧੰਨਾ ਕਰਦਾ ਜੋਦੜੀ ਮੈਂ ਭਿ ਦੇਹ ਇਕ ਜੇ ਤੁਧੁ ਭਾਵੈ।
ਪੱਥਰੁ ਇਕੁ ਲਪੇਟਿ ਕਰਿ ਦੇ ਧੰਨੈ ਨੋ ਗੈਲ ਛੁਡਾਵੈ।
ਠਾਕਰ ਨੋ ਨ੍ਹਾਵਾਲਿ ਕੈ ਛਾਹਿ ਰੋਟੀ ਲੈ ਭੋਗੁ ਚੜ੍ਹਾਵੈ।
ਹਥਿ ਜੋੜਿ ਮਿਨਤਿ ਕਰੈ ਪੈਰੀ ਪੈ ਪੈ ਬਹੁਤੁ ਮਨਾਵੈ।
ਹਉ ਭੀ ਮੁਹੁ ਨ ਜੁਠਾਲਸਾ ਤੂ ਰੁਠਾ ਮੈ ਕਿਹੁ ਨ ਸੁਖਾਵੈ।
ਗੋਸਾਈ ਪਰਤਖਿ ਹੋਇ ਰੋਟੀ ਖਾਹਿ ਛਾਹਿ ਮੁਹਿ ਲਾਵੈ।
ਭੋਲਾ ਭਾਉ ਗੋਬਿੰਦੁ ਮਿਲਾਵੈ ॥
ਵਾਰਾਂ ਭਾਈ ਗੁਰਦਾਸ ਜੀ ॥13 ॥

ਸ੍ਰੀ ਗੁਰੂ ਅਰਜਨ ਦੇਵ ਜੀ ਨੇ ਵੀ "ਧੰਨਾ ਸੇਵਿਆ ਬਾਲ ਬੁਧਿ" ਆਖ ਕੇ ਧੰਨੇ ਦਾ ਪ੍ਰਭੂ-ਮਿਲਾਪ ਦਾ ਜ਼ਿਕਰ ਕੀਤਾ ਹੈ।

ਧੰਨਾ ਭਗਤ ਭਾਵੇ ਸ਼ੁਰੂ-ਸ਼ੁਰੂ ਵਿੱਚ ਮੂਰਤੀ ਪੂਜਾ ਕਰਦੇ ਸਨ ਪਰ ਬਾਅਦ ਵਿੱਚ ਆਪ ਨਿਰੰਕਾਰ ਦੀ ਭਗਤੀ ਵਿੱਚ ਲੀਨ ਹੋ ਗਏ। ਭਗਤ ਧੰਨਾ ਜੀ ਨੇ ਵੀ ਗੁਰੂ ਧਾਰਨ ਕਰਕੇ ਬ੍ਰਹਮ ਗਿਆਨ ਪ੍ਰਾਪਤ ਕਰ ਲਿਆ ਸੀ ਅਤੇ ਉਹ ਉਚੀ ਅਧਿਆਤਮਿਕ ਸ਼ਕਤੀ ਨੂੰ ਪ੍ਰਾਪਤ ਹੋ ਕੇ ਆਮ ਲੋਕਾਂ ਤੋਂ ਬਹੁਤ ਉੱਚੇ ਉੱਠ ਗਏ। ਕਿਹਾ ਜਾਂਦਾ ਹੈ ਕਿ ਜਦੋਂ ਬ੍ਰਾਹਮਣ ਨੇ ਭਗਤ ਧੰਨਾ ਜੀ ਨੂੰ ਪ੍ਰਭੂ ਦੇ ਦਰਸ਼ਨ ਕਰਵਾਉਣ ਲਈ ਕਿਹਾ ਤਾਂ ਬ੍ਰਾਹਮਣ ਦੇ ਵਾਰ-ਵਾਰ ਕਹਿਣ ਤੇ ਧੰਨਾ ਜੀ ਦੇ ਕਹਿਣ ਤੇ ਪ੍ਰਭੂ ਨੇ ਬ੍ਰਾਹਮਣ ਨੂੰ ਵੀ ਦਰਸ਼ਨ ਦਿੱਤੇ।



ਭਗਤ ਧੰਨਾ ਜੀ ਦੇ ਤਿੰਨ ਸ਼ਬਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ਼ ਹਨ। ਜਿਨ੍ਹਾਂ ਵਿਚੋਂ ਦੋ ਸ਼ਬਦ ਆਸਾ ਰਾਗ ਵਿੱਚ ਅਤੇ ਇੱਕ ਸ਼ਬਦ ਧਨਾਸਰੀ ਰਾਗ ਵਿੱਚ ਹੈ। ਆਪ ਜੀ ਦੀ ਬਾਣੀ ਵਿੱਚ ਧੰਨਾ ਜੀ ਨੇ ਪ੍ਰਮਾਤਮਾ ਨੂੰ ਕਈ ਨਾਵਾਂ ਨਾਲ ਸੰਬੋਧਿਤ ਕੀਤਾ ਹੈ ਜਿਵੇਂ ਪਰਮ-ਪੁਰਖ, ਅਛਲੀ, ਪ੍ਰਭੂ, ਧਰਣੀਧਰੁ, ਦਯਾਲ, ਕਰਤਾ, ਖਸਮੁ, ਪਰਮਾਨੰਦ, ਗੋਪਾਲ, ਮਨੋਹਰ ਦਮੋਦਰ ਆਦਿ। ਆਪ ਜੀ ਆਪਣੀ ਬਾਣੀ ਵਿੱਚ ਸਮਝਾਉਣਾ ਕਰਦੇ ਹਨ ਕਿ ਸਭ ਜੀਵਾਂ ਦੀ ਰੱਖਿਆ ਕਰਨ ਵਾਲਾ ਅਤੇ ਪਾਲਣਹਾਰ ਇੱਕ ਪ੍ਰਭੂ ਹੀ ਹੈ ਜੋ ਹਰ ਥਾਂ ਤੇ ਹਰ ਪ੍ਰਾਣੀ ਦੀ ਹਰ ਤਰ੍ਹਾਂ ਨਾਲ ਸਹਾਇਤਾ ਕਰਦਾ ਹੈ। ਇਸ ਸਬੰਧ ਵਿੱਚ ਉਹ ਮਾਂ ਦੇ ਪੇਟ ਵਿੱਚ ਪਲ ਰਹੇ ਬੱਚੇ ਦੀ ਉਦਾਹਰਣ ਦੇਂਦੇ ਹਨ ਅਤੇ ਇਸੇ ਤਰ੍ਹਾਂ ਕੱਛੂ-ਕੁੰਮੀ ਦੇ ਬੱਚਿਆਂ ਦੇ ਪਾਲਣ ਦੀ ਉਦਾਹਰਣ ਦੇਂਦੇ ਹੋਏ ਕਹਿੰਦੇ ਹਨ ਕਿ ਕੱਛੂ-ਕੁੰਮੀ ਆਪ ਪਾਣੀ ਵਿੱਚ ਰਹਿੰਦੀ ਹੈ ਪਰ ਉਸ ਦੇ ਬੱਚੇ ਬਹਰ ਰੇਤ ਵਿੱਚ ਪਲਦੇ ਰਹਿੰਦੇ ਹਨ ਜਿਨ੍ਹਾਂ ਦੀ ਰੱਖਿਆ ਪ੍ਰਭੂ ਹੀ ਕਰਦਾ ਹੈ। ਇਸੇ ਤਰ੍ਹਾਂ ਤੀਜੀ ਉਦਾਹਰਣ ਉਹ ਪੱਥਰ ਵਿੱਚ ਪਲ ਰਹੇ ਕੀੜੇ ਦੀ ਦੇਂਦੇ ਹਨ ਜਿਸਨੂੰ ਨਿਕਲਣ ਦਾ ਕੋਈ ਰਸਤਾ ਨਹੀਂ ਅਤੇ ਪ੍ਰਮਾਤਮਾ ਪੱਥਰ ਦੇ ਅੰਦਰ ਹੀ ਉਸ ਨੂੰ ਖਾਣਾ ਦੇ ਕੇ ਰੱਖਿਆ ਕਰਦਾ ਹੈ। ਭਗਤ ਧੰਨਾ ਜੀ ਫੁਰਮਾਉਂਦੇ ਹਨ:-

ਜਨਨੀ ਕੇਰੇ ਉਦਰ ਉਦਕ ਮਹਿ ਪਿੰਡੁ ਕੀਆ ਦਸ ਦੁਆਰਾ ॥
ਦੇਇ ਅਹਾਰੁ ਅਗਨਿ ਮਹਿ ਰਾਖੈ ਐਸਾ ਖਸਮੁ ਹਮਾਰਾ ॥
(ਆਸਾ ਧੰਨਾ ਜੀ, ਅੰਗ 488)

ਇਸੇ ਤਰ੍ਹਾਂ ਹੀ ਆਪ ਜੀ ਕੁੰਮੀ ਦੇ ਬੱਚਿਆਂ ਦੀ ਪਾਲਣਾ ਬਾਰੇ ਫੁਰਮਾਨ ਕਰਦੇ ਹਨ -

ਕੁੰਮੀ ਜਲ ਮਹਿ ਤਨ ਤਿਸੁ ਬਾਹਰਿ ਪੰਖ ਖੀਰੁ ਤਿਨ ਨਾਹੀ ॥
ਪੂਰਨ ਪਰਮਾਨੰਦ ਮਨੋਹਰ ਸਮਝਿ ਦੇਖੁ ਮਨ ਮਾਹੀ ॥
(ਆਸਾ ਧੰਨਾ ਜੀ, ਅੰਗ 488)

ਭਗਤ ਧੰਨਾ ਜੀ ਸਾਨੂੰ ਸਮਝਾਉਂਦੇ ਹਨ ਕਿ ਪ੍ਰਮਾਤਮਾ ਕਰਤਾ ਪੁਰਖ ਹੈ ਅਤੇ ਸਭ ਕੁਝ ਉਹੀ ਹੁੰਦਾ ਹੈ ਜੋ ਉਹ ਕਰਦਾ ਹੈ। ਉਹੀ ਆਪਣੇ ਭਗਤਾਂ ਦੇ ਸਾਰੇ ਕਾਰਜ ਸੰਵਾਰਦਾ ਹੈ ਅਤੇ ਇਸੇ ਲਈ ਉਹ ਪ੍ਰਭੂ ਅੱਗੇ ਪ੍ਰਾਥਨਾ ਕਰਦੇ ਹਨ-

ਗੋਪਾਲ ਤੇਰਾ ਆਰਤਾ ॥
ਜੋ ਜਨ ਤੁਮਰੀ ਭਗਤਿ ਕਰੰਤੇ ਤਿਨ ਕੇ ਕਾਜ ਸਵਾਰਤਾ ॥
(ਧਨਾਸਰੀ ਧੰਨਾ ਜੀ, ਅੰਗ 695)

ਭਗਤ ਧੰਨਾ ਜੀ ਦਾ ਜੀਵਨ ਸਬਰ-ਸੰਤੋਖ ਨਾਲ ਭਰਿਆ ਹੋਇਆ ਸੀ, ਉਹ ਕੋਈ ਲਾਲਚ ਨਾ ਕਰਦੇ ਹੋਏ ਕੇਵਲ ਲੋੜ ਅਨੁਸਾਰ ਹੀ ਪ੍ਰਮਾਤਮਾ ਤੋਂ ਮੰਗ ਕਰਦੇਹਨ ਪਰ ਉਹ ਹਰ ਉੱਤਮ ਚੀਜ਼ ਦੀ ਮੰਗ ਕਰਦੇ ਹਨ ਤਾਂ ਕਿ ਇਸ ਜੀਵਨ ਨੂੰ ਉੱਤਮ ਬਣਾਇਆ ਜਾਵੇ। ਜੀਵਨ ਦੀਆਂ ਨਿੱਤ-ਪ੍ਰਤੀ ਦੀਆਂ ਲੋੜਾਂ ਦੀ ਮੰਗ ਕਰਦੇ ਹੋਏ ਉਹ ਪ੍ਰਭੂ ਅੱਗੇ ਬੇਨਤੀ ਕਰਦੇ ਹਨ-

ਦਾਲਿ-ਸੀਧਾ ਮਾਗਉ ਘੀਉ ॥ ਹਮਰਾ ਖੁਸ਼ੀ ਕਰੈ ਨਿਤ ਜੀਉ ॥
ਪਨੀਆ ਛਾਦਨੁ ਨੀਕਾ ॥ ਅਨਾਜੁ ਮਾਗਉ ਸਤ ਸੀ ਕਾ ॥
ਗਊ ਭੈਸ ਮਗਉ ਲਾਵੇਰੀ ॥
ਇਕ ਤਾਜਨਿ ਤੁਰੀ ਚੰਗੇਰੀ ॥
ਘਰ ਕੀ ਗੀਹਨਿ ਚੰਗੀ ॥ ਜਨ ਧੰਨਾ ਲੇਵੈ ਮੰਗੀ ॥
(ਧੰਨਾਸਰੀ ਧੰਨਾ ਜੀ, ਅੰਗ 695)

ਇਸ ਤਰ੍ਹਾਂ ਭਗਤ ਧੰਨ ਜੀ ਆਪਣੇ ਤਿੰਨ ਸ਼ਬਦਾਂ ਦੁਆਰਾ ਸਾਨੂੰ ਸਮਝਾਉਂਦੇ ਹਨ ਕਿ ਪ੍ਰਭੂ ਭਗਤੀ ਰਾਂਹੀ ਮਨੁੱਖ ਮਾਇਆ ਦੇ ਪ੍ਰਭਾਵ ਤੋਂ ਬਚ ਸਕਦਾ ਹੈ ਅਤੇ ਮਨੁੱਖ ਜਨਮ-ਮਰਨ ਦੇ ਚੱਕਰਾਂ ਤੋਂ ਰਹਿਤ ਹੋ ਜਾਂਦਾ ਹੈ। ਇਸ ਤਰ੍ਹਾਂ ਭਗਤ ਜੀ ਦੀ ਬਾਣੀ ਬਹੁਤ ਹੀ ਅਧਿਆਤਮਕ ਹੈ ਅਤੇ ਜੀਵਨ ਦੀਆਂ ਲੋੜਾਂ ਨੂੰ ਸੀਮਤ ਰੱਖ ਕੇ ਮਨ ਦੀ ਤ੍ਰਿਪਤੀ ਤੱਕ ਪਹੁੰਚਿਆ ਜਾ ਸਕਦਾ ਹੈ।


## ਪੰਜਾਬ ਐਂਡ ਸਿੰਧ ਬੈਂਕ
(ਭਾਰਤ ਸਰਕਾਰ ਦਾ ਇੱਕ ਅਦਾਰਾ)
ਜਿਥੇ ਸੇਵਾ ਹੀ ਜੀਵਨ ਦਾ ਢੰਗ ਹੈ

ਮੈਗਾ ਈ-ਨਿਲਾਮੀ ਵਿਕਰੀ ਸੂਚਨਾ

ਜ਼ੋਨਲ ਦਫਤਰ: ਬਠਿੰਡਾ

**ਚੱਲ ਅਤੇ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਾਸਤੇ ਜਨਤਕ ਸੂਚਨਾ**

**ਬਿਆਨਾ ਰਕਮ ਅਤੇ ਦਸਤਾਵੇਜ਼ (ਆਨਲਾਈਨ) ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ ਅਤੇ ਸਮਾਂ 29.04.2025 ਨੂੰ ਸ਼ਾਮ 04.00 ਵਜੇ ਤੱਕ/ਪਹਿਲਾਂ**

ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ (ਸਰਫਾਇਸੀ) ਦਾ ਲਾਗੂਕਰਨ ਕਾਨੂੰਨ, 2002 (2002 ਦਾ ਨੰਬਰ 54) ਦੇ ਅਧੀਨ ਬੈਂਕ ਕੋਲ ਗਿਰਵੀ ਅਚੱਲ ਸੰਪੱਤੀ ਦੀ ਵਿਕਰੀ। ਜਿਥੇ ਕਿ, **ਪੰਜਾਬ ਐਂਡ ਸਿੰਧ ਬੈਂਕ** ਦੇ ਅਧਿਕਾਰਤ ਅਧਿਕਾਰੀ ਨੇ ਬੈਂਕ ਦੇ ਬਕਾਇਆਂ ਦੀ ਪੂਰਤੀ ਦੇ ਲਈ **"ਜਿਵੇਂ ਹੈ ਜਿਥੇ ਹੈ ਅਧਾਰ"** ਅਤੇ **"ਜਿਵੇਂ ਹੈ, ਜੋ ਹੈ ਅਧਾਰ"** 'ਤੇ ਸੰਪੱਤੀ ਨੂੰ ਵੇਚਣ ਦੇ ਅਧਿਕਾਰ ਸਮੇਤ ਸਾਡੀ ਸ਼ਾਖਾ ਵਿਚ ਨਿਮਨਲਿਖਤ ਕਰਜ਼ ਖਾਤਿਆਂ ਵਿਚ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ (ਸਰਫਾਇਸੀ) ਕਾਨੂੰਨ, 2002 ਦੀ ਧਾਰਾ 13 (2) ਅਧੀਨ ਜਾਰੀ ਸੂਚਨਾ ਦੀ ਨਿਰੰਤਰਤਾ ਵਿਚ ਨਿਮਨਲਿਖਤ ਸੰਪੱਤੀ/ਆਂ ਦਾ **ਕਬਜ਼ਾ** ਲੈ ਲਿਆ ਹੈ। ਵਿਕਰੀ **https://baanknet.com/** 'ਤੇ ਵਿਵਸਥਿਤ ਈ-ਨਿਲਾਮੀ ਪਲੇਟਫਾਰਮ ਰਾਹੀਂ ਨਿਮਨ ਹਸਤਾਖਰੀ ਦੁਆਰਾ ਕੀਤੀ ਜਾਵੇਗੀ।

**ਚੱਲ/ਅਚੱਲ ਸੰਪੱਤੀਆਂ ਦਾ ਵੇਰਵਾ**

| ਸ਼ਾਖਾ ਅਤੇ ਕਰਜ਼ਦਾਰਾਂ/ ਜ਼ਾਮਨਾਂ ਦੇ ਨਾਮ | ਬਕਾਇਆ ਰਕਮ / ਮੰਗ ਸੂਚਨਾ ਦੀ ਮਿਤੀ / ਕਬਜ਼ੇ ਦੀ ਮਿਤੀ / ਕਬਜ਼ੇ ਦੀ ਕਿਸਮ | ਸੰਪੱਤੀ/ਆਂ ਦੇ ਵੇਰਵੇ | ਰਾਖਵੀਂ ਕੀਮਤ / ਬਿਆਨਾ ਰਕਮ / ਬੋਲੀ ਵਾਧਾ ਰਕਮ | ਬਿਆਨਾ ਰਕਮ ਜਮ੍ਹਾਂ ਖਾਤਾ ਵੇਰਵੇ | ਸੰਪੱਤੀ ਦੀ ਜਾਂਚ ਦੀ ਮਿਤੀ/ਸਮਾਂ | ਈ-ਨਿਲਾਮੀ ਦੀ ਮਿਤੀ/ਸਮਾਂ | ਕਿਊਆਰ ਸੰਪੱਤੀ ਦੀ ਫੋਟੋ | ਕਿਊਆਰ ਸੰਪੱਤੀ ਦਾ ਸਥਾਨ | ਕਿਊਆਰ ਬੈਂਕ ਨੈਟ |
|---|---|---|---|---|---|---|---|---|---|
| 1. ਰਾਮਪੁਰਾ ਫੂਲ<br>1. ਮੈਸ. ਕਲਸੀ ਇੰਡਸਟ੍ਰੀਜ਼, ਪ੍ਰੋਪ. ਮਨਪ੍ਰੀਤ ਸਿੰਘ ਸਪੁੱਤਰ ਮੇਜਰ ਸਿੰਘ 2. ਮੈਸ. ਮੇਜਰ ਸਿੰਘ ਐਂਡ ਸੰਨਜ਼, 3. ਮੇਜਰ ਸਿੰਘ, ਮਨਪ੍ਰੀਤ ਸਿੰਘ 4. ਕਲਵੰਤ ਕੌਰ ਅਤੇ ਰਾਜਵਿੰਦਰ ਕੌਰ | Rs. 1,67,88,987.18<br>29.02.24 ਦੇ ਅਨੁਸਾਰ + ਹੁਣ ਤੱਕ ਵਿਆਜ+ ਮੁਕੱਦਮੇਬਾਜ਼ੀ ਅਤੇ ਹੋਰ ਖਰਚੇ<br>13.11.2018<br>11.12.2020<br>ਭੌਤਿਕ | ਮਹਿਰਾਜ ਬਸਤੀ, ਰਾਮਪੁਰਾ ਫੂਲ, ਤਹਿਸੀਲ ਫੂਲ ਜ਼ਿਲ੍ਹਾ ਬਠਿੰਡਾ ਵਿਖੇ ਸਥਿਤ ਵਿਕਰੀ ਡੀਡ ਨੰ. 1705 ਮਿਤੀ 25.06.1997 ਦੇ ਅਧੀਨ ਮੇਜਰ ਸਿੰਘ ਸਪੁੱਤਰ ਹਜ਼ੂਰਾ ਸਿੰਘ ਦੇ ਨਾਮ 'ਤੇ ਐਮਸੀ ਨੰ. ਬੀ-10/00252 'ਤੇ ਢਾਂਚੇ ਅਤੇ 48' 6'X61' = 328.72 ਵਰਗ ਗਜ਼ ਦਾ ਰਿਹਾਇਸ਼ੀ ਮਕਾਨ, ਹੱਦਬੰਦੀ : ਉੱਤਰ : ਗਲੀ, ਦੱਖਣ :ਗਲੀ, ਪੂਰਬ : ਬਲਵਿੰਦਰ ਸਿੰਘ ਅਤੇ ਦੱਖਣ : ਗੁਰਦੇਵ ਸਿੰਘ। ਸੈਕਸ਼ਨ/ਰਿਕਾਰਡ ਦੇ ਅਨੁਸਾਰ 328.72 ਵਰਗ ਗਜ਼ ਮਾਪ ਵਾਲਾ ਰਕਬਾ ਬੈਂਕ ਕੋਲ ਗਿਰਵੀ ਹੈ। | Rs. 33.90 Lacs<br>Rs. 3.40 Lacs<br>Rs. 0.20 Lacs | A/c.No.80105040070003<br>ਖਾਤੇ ਦਾ ਨਾਮ : ਨੈਫਟ ਇਨਵਾਰਡ ਐਸਟੀਪੀ ਪਾਰਕਿੰਗ, ਖਾਤਾ<br>IFSC Code: PSIB0008010 | 28.04.2025<br>10.00 AM to 04.00 PM<br>ਸ੍ਰੀ ਅਮਿਤ ਸਿੰਘ<br>Mob: 98759-78751<br>E-Mail : b1536@psb.co.in | 29.04.2025<br>12.00 PM to 04.00 PM | | | |
| 2. ਗਿੱਦੜਬਾਹਾ<br>ਮੈਸ. ਨੀਰਜ ਗੋਇਲ ਐਂਡ ਕੰਪਨੀ, ਨੇੜੇ ਐਕਸਿਸ ਬੈਂਕ, ਚੱਕੀ ਵਾਲੀ ਗਲੀ, ਸਰਕੂਲਰ ਰੋਡ, ਗਿੱਦੜਬਾਹਾ, ਮੁਕਤਸਰ | Rs.53,09,192.60<br>29.02.2024 ਦੇ ਅਨੁਸਾਰ + ਹੁਣ ਤੱਕ ਵਿਆਜ+ ਮੁਕੱਦਮੇਬਾਜ਼ੀ ਅਤੇ ਹੋਰ ਖਰਚੇ<br>08.12.2022<br>10.03.2023<br>ਸੰਕੇਤਕ | 1. ਟਾਈਟਲ ਡੀਡ ਨੰ. 222 ਮਿਤੀ 09.05.2000, ਯਾਨੀ 2, 1/2 ਮਰਲੇ ਜਾਂ 15'x51'-6" ਖੇਵਟ ਨੰ. 1825, ਖਤੌਨੀ ਨੰ. 2823 2. ਟਾਈਟਲ ਡੀਡ ਨੰ. 222 ਮਿਤੀ 24.07.2012, ਯਾਨੀ 2 ਮਰਲੇ 1/2 ਸਰਸਾਹੀ ਜਾਂ 22'x28' ਖੇਵਟ ਨੰ. 1825, ਖਤੌਨੀ ਨੰ. 514 (2-10) | Rs. 65.00 Lacs<br>Rs. 6.50 Lacs<br>Rs. 0.20 Lacs | A/c.No.80105040070003<br>ਖਾਤੇ ਦਾ ਨਾਮ : ਨੈਫਟ ਇਨਵਾਰਡ ਐਸਟੀਪੀ ਪਾਰਕਿੰਗ, ਖਾਤਾ<br>IFSC Code: PSIB0008010 | 28.04.2025<br>10.00 AM to 04.00 PM<br>ਸ੍ਰੀ ਬਿਮਲੇਸ਼ ਪ੍ਰਸ਼ਾਦ<br>Mob: 98759-78737<br>E-Mail : m0033@psb.co.in | 29.04.2025<br>12.00 PM to 04.00 PM | | | |
| 3. ਗਿੱਦੜਬਾਹਾ<br>ਮੈਸ. ਓਨ ਐਂਡ ਕੰਪਨੀ, ਸਤੀਆ ਵਾਲੀ ਗਲੀ, ਵਾਰਡ ਨੰ. 19, ਰੂਪਨਗਰ, ਗਿੱਦੜਬਾਹਾ, ਮੁਕਤਸਰ | Rs. 27,73,820.59<br>28.01.25 ਦੇ ਅਨੁਸਾਰ + ਹੁਣ ਤੱਕ ਵਿਆਜ+ ਮੁਕੱਦਮੇਬਾਜ਼ੀ ਅਤੇ ਹੋਰ ਖਰਚੇ<br>19.01.2023<br>08.06.2023<br>ਸੰਕੇਤਕ | ਜਮ੍ਹਾਂਬੰਦੀ ਸਾਲ 2009-10 ਅਨੁਸਾਰ ਵਿਕਰੀ ਡੀਡ ਨੰ. 1589 ਮਿਤੀ 11.08.2014 ਦੇ ਅਧੀਨ ਨੇੜੇ ਜੈਨ ਸੰਨਜ਼ ਸ਼ੋਅਰੂਮ, ਸੇਤੀਆ ਵਾਲੀ ਗਲੀ, ਗਿੱਦੜਬਾਹਾ, ਮੁਕਤਸਰ ਵਿਖੇ ਖੇਵਟ ਨੰ. 1731, ਖਤੌਨੀ ਨੰ. 2717, 2718, ਖਸਰਾ ਨੰ. 696 ਮਿਨ (14-0) 696 ਮਿਨ (6-18) ਵਿਚ ਸ਼ਾਮਲ 30'x90' ਜਾਂ 10 ਮਰਲੇ | Rs. 84.00 Lacs<br>Rs. 8.40 Lacs<br>Rs. 0.20 Lacs | A/c.No.80105040070003<br>ਖਾਤੇ ਦਾ ਨਾਮ : ਨੈਫਟ ਇਨਵਾਰਡ ਐਸਟੀਪੀ ਪਾਰਕਿੰਗ, ਖਾਤਾ<br>IFSC Code: PSIB0008010 | 28.04.2025<br>10.00 AM to 04.00 PM<br>ਸ੍ਰੀ ਬਿਮਲੇਸ਼ ਪ੍ਰਸ਼ਾਦ<br>Mob: 98759-78737<br>E-Mail : m0033@psb.co.in | 29.04.2025<br>12.00 PM to 04.00 PM | | | |
| 4. ਗਿੱਦੜਬਾਹਾ<br>ਮੈਸ. ਚਾਹਲ ਟੀ.ਵੀ. ਸੈਂਟਰ ਪ੍ਰੋਪ ਸ੍ਰੀ ਬਲਦੇਵ ਸਿੰਘ ਸਪੁੱਤਰ ਸੋਹਣ ਸਿੰਘ ਵਾਸੀ ਮਕਾਨ ਨੰ. 32, ਵਾਟਰ ਵਰਕਸ, ਪਾਰਕ ਰੋਡ, ਗਿੱਦੜਬਾਹਾ, ਜ਼ਿਲ੍ਹਾ ਮੁਕਤਸਰ। | Rs.45,91,417.38<br>29.02.24 ਦੇ ਅਨੁਸਾਰ + ਹੁਣ ਤੱਕ ਵਿਆਜ+ ਮੁਕੱਦਮੇਬਾਜ਼ੀ ਅਤੇ ਹੋਰ ਖਰਚੇ<br>03.10.2019<br>10.03.2021<br>ਭੌਤਿਕ | ਮੂਲ ਵਿਕਰੀ ਡੀਡ ਨੰ. 732 ਮਿਤੀ 05.06.2008 (40'x60') ਅਤੇ ਵਿਕਰੀ ਡੀਡ ਨੰ. 896 ਮਿਤੀ 23.06.2008 (60'x60') ਨੂੰ ਜਮ੍ਹਾਂ ਕਰਨ ਦੁਆਰਾ ਸ਼੍ਰੀਮਤੀ ਗੁਰਵਿੰਦਰ ਕੌਰ ਸੁਪਤਨੀ ਬਲਦੇਵ ਸਿੰਘ ਦੇ ਨਾਮ 'ਤੇ ਮਾਰਕਫੈਡ ਸਟਰੀਟ ਦੇ ਸਾਹਮਣੇ, ਮਲੋਟ ਰੋਡ ਗਿੱਦੜਬਾਹਾ, ਜ਼ਿਲ੍ਹਾ ਮੁਕਤਸਰ ਵਿਖੇ ਸਥਿਤ ਖੇਵਟ ਨੰ. 1022, ਖਤੌਨੀ ਨੰ. 2302, ਮੁਸਤਿਲ ਨੰ. 197, ਕਿਲਾ ਨੰ. 8/1 (2-12), 8/3 (2-16) ਵਾਲੀ 659.91 ਵਰਗ ਗਜ਼ ਮਾਪ ਵਾਲੀ ਸੰਪੱਤੀ, ਹੱਦਬੰਦੀ : ਦੱਖਣ: ਸੁਰਿੰਦਰ ਕੁਮਾਰ ਅਤੇ ਅਸ਼ੋਕ ਬੁੱਟਰ, ਉੱਤਰ: ਦਰਸ਼ਨ ਸਿੰਘ, ਪੂਰਬ: ਗਲੀ ਅਤੇ ਪੱਛਮ: ਗਲੀ। | Rs. 22.00 Lacs<br>Rs. 2.20 Lacs<br>Rs. 0.20 Lacs | A/c.No.80105040070003<br>ਖਾਤੇ ਦਾ ਨਾਮ : ਨੈਫਟ ਇਨਵਾਰਡ ਐਸਟੀਪੀ ਪਾਰਕਿੰਗ, ਖਾਤਾ<br>IFSC Code: PSIB0008010 | 28.04.2025<br>10.00 AM to 04.00 PM<br>ਸ੍ਰੀ ਬਿਮਲੇਸ਼ ਪ੍ਰਸ਼ਾਦ<br>Mob: 98759-78737<br>E-Mail : m0033@psb.co.in | 29.04.2025<br>12.00 PM to 04.00 PM | | | |

ਈ-ਨਿਲਾਮੀ ਪੋਰਟਲ 'ਤੇ ਦਿੱਤੇ ਗਏ ਆਪਣੇ ਵਾਲਿਟ ਵਿੱਚ ਬੋਲੀਕਾਰਾਂ ਦੁਆਰਾ ਈ-ਨਿਲਾਮੀ ਪੋਰਟਲ ਜਿਵੇਂ ਕਿ **Https://baanknet.com/** ਦੁਆਰਾ **Neft/rtgs/challan** ਵਿੱਚ ਟ੍ਰਾਂਸਫਰ ਕੀਤਾ ਜਾਵੇਗਾ।
ਖਾਤੇ ਦਾ ਵੇਰਵਾ ਜਿਸ ਵਿੱਚ ਈਐਮਡੀ ਤੋਂ ਬਾਅਦ ਬਾਕੀ ਰਕਮ **Rtgs/neft** ਰਾਹੀਂ ਜਮ੍ਹਾ ਕੀਤੀ ਜਾਣੀ ਹੈ: ਖਾਤਾ ਨਾਮ- **Neft** ਇਨਵਰਡ ਐਸਟੀਪੀ ਪਾਰਕਿੰਗ ਖਾਤਾ; ਖਾਤਾ ਨੰਬਰ: 80105040070003- ; ਆਈਐਫਐਸਸੀ ਕੋਡ: **Psib**0008010
ਵਿਕਰੀ ਦੇ ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ **Https://punjabandsindbank.co.in/module/sarfaesi-list** ਅਤੇ **Https://baanknet.com/** ਵੇਖੋ।

ਨਿਯਮ 9(1) ਅਤੇ 8(6) ਸਰਫਾਇਸੀ ਐਕਟ, 2002 ਦੇ ਤਹਿਤ 15 ਦਿਨਾਂ ਦੀ ਵਿਕਰੀ ਨੋਟਿਸ।

ਮਿਤੀ : 20.04.2025 ਅਧਿਕਾਰਤ ਅਧਿਕਾਰੀ, ਪੰਜਾਬ ਐਂਡ ਸਿੰਧ ਬੈਂਕ

# ਮੰਤਰੀ ਡਾ. ਰਵਜੋਤ ਸਿੰਘ ਵਲੋਂ ਅੱਜ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ 4 ਸਕੂਲਾਂ ਵਿਚ 37.65 ਲੱਖ ਦੀ ਲਾਗਤ ਨਾਲ ਵਿਕਾਸ ਪ੍ਰੋਜੈਕਟ ਸਮਰਪਿਤ ਕੀਤੇ

ਹੁਸ਼ਿਆਰਪੁਰ, 19 ਅਪ੍ਰੈਲ (ਪਰਮਿੰਦਰ ਘੁੰਮਣ) : ਰਾਜ ਦੀ ਸਿੱਖਿਆ ਵਿਵਸਥਾ ਵਿਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਦੇ ਉਦੇਸ਼ ਨਾਲ ਰਾਜ ਸਰਕਾਰ ਵਲੋਂ ਸ਼ੁਰੂ ਕੀਤੇ ਗਏ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਵਲੋਂ ਅੱਜ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ 4 ਸਕੂਲਾਂ ਵਿਚ 37.65 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਪ੍ਰੋਜੈਕਟ ਸਮਰਪਿਤ ਕੀਤੇ ਗਏ। ਸਥਾਨਕ ਸਰਕਾਰਾਂ ਮੰਤਰੀ ਨੇ ਅੱਜ ਸਰਕਾਰੀ ਹਾਈ ਸਕੂਲ ਮੇਘੋਵਾਲ ਗੰਜੀਆਂ ਵਿਚ 9.36 ਲੱਖ ਦੀ ਲਾਗਤ ਨਾਲ ਕਲਾਸ ਰੂਮ ਅਤੇ ਚਾਰਦੀਵਾਰੀ, ਸਰਕਾਰੀ ਐਲੀਮੈਂਟਰੀ ਸਕੂਲ ਰਾਜੋਵਾਲ ਵਿਚ 7.51 ਲੱਖ ਰੁਪਏ ਦੀ ਲਾਗਤ ਨਾਲ ਬਣੇ ਕਲਾਸ ਰੂਮ, ਸਰਕਾਰੀ ਐਲੀਮੈਂਟਰੀ ਸਕੂਲ ਬਡੋਵਾਲ ਵਿਚ 9.18 ਲੱਖ ਰੁਪਏ ਦੀ ਲਾਗਤ ਨਾਲ ਬਣੀ ਚਾਰਦੀਵਾਰੀ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਰਾਮਨਗਰ ਢੇਹਾ ਵਿਚ 11.60 ਲੱਖ ਰੁਪਏ ਦੀ ਲਾਗਤ ਨਾਲ ਬਣੀ ਚਾਰਦੀਵਾਰੀ ਅਤੇ ਸਪੋਰਟਸ ਟਰੈਕ ਦਾ ਉਦਘਾਟਨ ਕੀਤਾ।

ਸਥਾਨਕ ਸਰਕਾਰਾਂ ਮੰਤਰੀ ਨੇ ਸਕੂਲਾਂ ਵਿਚ ਕਰਵਾਏ ਗਏ ਸਮਾਰੋਹਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਨੂੰ ਹਰ ਪਹਿਲੂ ਤੋਂ ਵਿਕਸਿਤ ਕਰਨ ਅਤੇ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਅਤੇ ਆਧੁਨਿਕ ਸਿੱਖਿਆ ਪ੍ਰਦਾਨ ਕਰਨ ਲਈ ਵੱਡੇ ਪੈਮਾਨੇ 'ਤੇ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਸਿੱਖਿਆ ਨੂੰ ਪਹਿਲ ਦੇ ਰਹੀ ਹੈ ਅਤੇ ਸਰਕਾਰੀ ਸਕੂਲਾਂ ਵਿਚ ਅਤਿਆਧੁਨਿਕ ਬੁਨਿਆਦੀ ਢਾਂਚਾ ਉਪਲਬੱਧ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਪਹਿਲਕਦਮੀ ਕਾਰਨ ਅੱਜ ਜਿਥੇ ਸਰਕਾਰੀ ਸਕੂਲਾਂ ਵਿਚ ਵਿਦਿਆਰਥੀਆਂ ਦੀ ਗਿਣਤੀ ਵਧੀ ਹੈ, ਉਥੇ ਸਰਕਾਰੀ ਸਕੂਲਾਂ ਵਿਚ ਨਿੱਜੀ ਸਕੂਲਾਂ ਦੇ ਬਰਾਬਰ ਸੁਵਿਧਾਵਾਂ ਵੀ ਉਪਲਬੱਧ ਕਰਵਾਈਆਂ ਜਾ ਰਹੀਆਂ ਹਨ।

ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਵਿਚ ਸਿੱਖਿਆ ਦੇ ਮਿਆਰ ਨੂੰ ਉਚਾ ਚੁੱਕਣ ਲਈ ਸਕੂਲ ਆਫ਼ ਐਮੀਨੈਂਸ ਦੀ ਸਥਾਪਨਾ, ਅਧਿਆਪਕਾਂ ਨੂੰ ਸਿਖਲਾਈ ਲਈ ਵਿਦੇਸ਼ ਭੇਜਣਾ, ਬਸ ਸੇਵਾ ਸ਼ੁਰੂ ਕਰਨਾ, ਕੈਂਪਸ ਮੈਨੇਜਰ ਅਤੇ ਸੁਰੱਖਿਆ ਗਾਰਡ ਨਿਯੁਕਤ ਕਰਨਾ ਅਤੇ ਡਿਜੀਟਲ ਰਾਹੀਂ ਸਿੱਖਿਆ ਪ੍ਰਦਾਨ ਕਰਨ ਦੀ ਪਹਿਲਕਦਮੀ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬ ਦੀ ਸਿੱਖਿਆ ਵਿਵਸਥਾ ਨੂੰ ਬਿਹਤਰ ਬਣਾਉਣ ਅਤੇ ਪੰਜਾਬ ਦੇ ਬੱਚਿਆਂ ਦੇ ਭਵਿੱਖ ਨੂੰ ਸੁਰੱਖਿਅਤ ਅਤੇ ਉਜਵੱਲ ਬਣਾਉਣ ਲਈ ਸਿੱਖਿਆ ਕ੍ਰਾਂਤੀ ਸ਼ੁਰੂ ਕੀਤੀ ਹੈ ਅਤੇ ਆਉਣ ਵਾਲੇ ਦਿਨਾਂ ਵਿਚ ਵੀ ਇਸ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਵਿਚ ਵਿਕਾਸ ਕਾਰਜ ਕੀਤੇ ਜਾਣਗੇ।

ਇਸ ਮੌਕੇ ਕੈਬਨਿਟ ਮੰਤਰੀ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਪੜ੍ਹਾਉਣ ਅਤੇ ਇਥੇ ਦਿੱਤੀਆਂ ਜਾ ਰਹੀਆਂ ਸੁਵਿਧਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਇਸ ਮੌਕੇ ਸਕੂਲੀ ਬੱਚਿਆਂ ਨੇ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ।

# ਦਾਨਾ ਮੰਡੀ ਮਾੜੀਮੇਘਾ ਵਿਖੇ ਕਣਕ ਦੀ ਖ਼ਰੀਦ ਸ਼ੁਰੂ



ਭਿੱਖੀਵਿੰਡ, 19 ਅਪ੍ਰੈਲ (ਸਵਿੰਦਰ ਬਲੇਹਰ) : ਦਾਨਾ ਮੰਡੀ ਮਾੜੀਮੇਘਾ ਵਿਖੇ ਕਣਕ ਦੀ ਖ਼ਰੀਦ ਦੀ ਸ਼ੁਰੂਆਤ ਮਾਰਕਿਟ ਕਮੇਟੀ ਭਿੱਖੀਵਿੰਡ ਦੇ ਚੇਅਰਮੈਨ ਰਣਜੀਤ ਕੁਮਾਰ ਧਵਨ ਨੇ ਕਰਵਾਈ। ਇਸ ਮੌਕੇ ਉਹਨਾਂ ਨਾਲ ਇੰਸਪੈਕਟਰ ਅੰਮ੍ਰਿਤ ਸਿੰਘ, ਸੁਖਬੀਰ ਸਿੰਘ,ਮੰਡੀ ਪ੍ਰਧਾਨ ਸਤਨਾਮ ਸਿੰਘ ਬੁੱਗ, ਚਾਨਣ ਸਿੰਘ ਸੰਧੂ ਮਾੜੀਮੇਘਾ, ਸੁਰਿੰਦਰ ਸਿੰਘ ਸਿੰਦਾ ਬੁੱਗ ਮਾੜੀਮੇਘਾ, ਜਗਰੂਪ ਸਿੰਘ ਮਾੜੀ ਕੰਬੋਕੇ, ਬਲਰਾਜ ਸਿੰਘ ਗਿੱਲ, ਬੋਹੜ ਸਿੰਘ, ਸਵਰਨ ਸਿੰਘ ਕੰਬੋਕੇ, ਸਤਨਾਮ ਸਿੰਘ ਅਮੀਸਾਹ, ਗੁਰਬੀਰ ਸਿੰਘ ਡਲੀਰੀ, ਸ਼ੇਰਾ ਡੂੰਗਾ, ਸੰਦੀਪ ਸਿੰਘ ਡੂੰਗਾ, ਰਮਨਦੀਪ ਸਿੰਘ ਮਾੜੀਮੇਘਾ, ਬਿੱਲੂ ਮਾੜੀਮੇਘਾ, ਬਲਦੇਵ ਸਿੰਘ ਡਲੀਰੀ, ਪੱਪੂ ਸੈਕਟਰੀ ਮਾੜੀਮੇਘਾ ਆਦਿ ਹਾਜ਼ਰ ਸਨ। ਇਸ ਮੌਕੇ ਰਣਜੀਤ ਕੁਮਾਰ ਧਵਨ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਕਿਸਾਨਾਂ ਦਾ ਇੱਕ-ਇੱਕ ਦਾਣਾ ਖਰੀਦੇਗੀ ਅਤੇ ਕਿਸਾਨਾਂ ਨੂੰ ਕਣਕ ਦੀ ਖਰੀਦ ਸਬੰਧੀ ਕੋਈ ਵੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਦੇ ਕਿਸਾਨਾਂ ਨਾਲ ਹਮੇਸ਼ਾ ਮੋਢੇ ਨਾਲ ਮੋਢਾ ਲਾ ਕੇ ਖੜ੍ਹੀ ਹੈ ਅਤੇ ਕਿਸਾਨਾਂ ਨੂੰ ਹੁਣ ਮੰਡੀਆਂ 'ਚ ਰੁਲਣਾ ਨਹੀਂ ਪਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਕਿਸਾਨਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਹਮੇਸ਼ਾ ਵਚਨਬੱਧ ਹੈ।

# ਪੰਜਾਬ ਮੰਡੀ ਬੋਰਡ ਦੇ ਡੀ.ਜੀ.ਐਮ. ਵੱਲੋਂ ਮੰਡੀਆਂ ਦਾ ਦੌਰਾ, ਜ਼ਿਲ੍ਹੇ ਵਿੱਚ ਹੁਣ ਤੱਕ 1.59 ਲੱਖ ਟਨ ਕਣਕ ਦੀ ਹੋਈ ਖ਼ਰੀਦ

## ਕਿਸਾਨਾਂ ਨੂੰ ਮੰਡੀਆਂ ਵਿੱਚ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਦਿੱਕਤ



ਅਬੋਹਰ, 19 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਪੰਜਾਬ ਮੰਡੀ ਬੋਰਡ ਦੇ ਡੀਜੀਐਮ ਮਨਿੰਦਰਜੀਤ ਸਿੰਘ ਬੇਦੀ ਨੇ ਅੱਜ ਫਾਜ਼ਿਲਕਾ ਜ਼ਿਲੇ ਦੀਆਂ ਵੱਖ-ਵੱਖ ਮੰਡੀਆਂ ਦਾ ਦੌਰਾ ਕੀਤਾ। ਉਹਨਾਂ ਨੇ ਜਲਾਲਾਬਾਦ ਮਾਰਕੀਟ ਕਮੇਟੀ ਤੋਂ ਇਲਾਵਾ ਅਬੋਹਰ ਅਤੇ ਅਰਨੀਵਾਲਾ ਮਾਰਕੀਟ ਕਮੇਟੀ ਅਧੀਨ ਪੈਂਦੀਆਂ ਮੰਡੀਆਂ ਦਾ ਵੀ ਦੌਰਾ ਕੀਤਾ । ਇਸ ਦੌਰਾਨ ਉਨਾਂ ਨੇ ਕਿਹਾ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ ਕੁੱਲ 1 ਲੱਖ 60 ਹਜਾਰ 826 ਮੀਟਰਿਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿੱਚੋਂ 1 ਲੱਖ 59 ਹਜਾਰ 833 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ ।

ਉਨ੍ਹਾਂ ਨੇ ਕਿਹਾ ਕਿ ਪਨਗਰੇਨ ਵੱਲੋਂ ਹੁਣ ਤੱਕ 40840 ਮੀਟਰਿਕ ਟਨ, ਮਾਰਕ ਫੈਡ ਵੱਲੋਂ 43025 ਮੀਟਰਿਕ ਟਨ, ਪਨਸਪ ਵੱਲੋਂ 39487 ਮੀਟਰਿਕ ਟਨ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 21910 ਮੀਟ੍ਰਿਕ ਟਨ ਅਤੇ ਪ੍ਰਾਈਵੇਟ ਵਪਾਰੀਆਂ ਵੱਲੋਂ 14571 ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਇਸ ਮੌਕੇ ਜ਼ਿਲਾ ਮੰਡੀ ਅਫਸਰ ਸ੍ਰੀ ਸੁਲੱਖ ਬਿਸ਼ਨੋਈ ਨੇ ਆਖਿਆ ਕਿ ਮੰਡੀਆਂ ਵਿੱਚ ਕਿਸਾਨਾਂ ਲਈ ਸਾਰੇ ਢੁਕਵੇਂ ਪ੍ਰਬੰਧ ਕੀਤੇ ਗਏ ਹਨ ਜਿਸ ਵਿੱਚ ਪੀਣ ਦਾ ਪਾਣੀ, ਛਾਂ ,ਰਾਤ ਮੌਕੇ ਰੌਸ਼ਨੀ ਆਦਿ ਪ੍ਰਬੰਧ ਕੀਤੇ ਗਏ ਹਨ। ਉਹਨਾਂ ਨੇ ਕਿਹਾ ਕਿ ਸਾਰੀਆਂ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਦੀ ਤੇਜ਼ੀ ਨਾਲ ਖਰੀਦ ਕੀਤੀ ਜਾ ਰਹੀ ਹੈ ਉਨਾਂ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਸੁੱਕੀ ਫਸਲ ਹੀ ਮੰਡੀ ਵਿੱਚ ਲਿਆਂਦੀ ਜਾਵੇ ਅਤੇ ਮੰਡੀ ਵਿੱਚ ਆਵਾਜਾਈ ਲਈ ਛੱਡੇ ਰਾਸਤਿਆਂ ਤੇ ਕਣਕ ਢੇਰੀ ਨਾ ਕੀਤੀ ਜਾਵੇ ।

ਇਸ ਮੌਕੇ ਅਬੋਹਰ ਮਾਰਕੀਟ ਕਮੇਟੀ ਦੇ ਚੇਅਰਮੈਨ ਉਪਕਾਰ ਸਿੰਘ ਜਾਖੜ ਵੀ ਉਨਾਂ ਦੇ ਨਾਲ ਹਾਜ਼ਰ ਸਨ। ਉਹਨਾਂ ਨੇ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਨੂੰ ਮੰਡੀਕਰਨ ਦੌਰਾਨ ਕੋਈ ਮੁਸ਼ਕਿਲ ਨਹੀਂ ਆਉਣ ਦੇਵੇਗੀ। ਇਸ ਮੌਕੇ ਮਾਰਕੀਟ ਕਮੇਟੀ ਅਬੋਹਰ ਦੇ ਸਕੱਤਰ ਮਨਦੀਪ ਰਹੇਜਾ ਵੀ ਹਾਜ਼ਰ ਸਨ।

# ਵਿਧਾਇਕ ਰਜਨੀਸ਼ ਦਹੀਯਾ ਨੇ ਵੱਖ-ਵੱਖ ਸਰਕਾਰੀ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

## ਪੰਜਾਬ ਸਰਕਾਰ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ : ਦਹੀਯਾ

ਫ਼ਿਰੋਜ਼ਪੁਰ, 19 ਅਪ੍ਰੈਲ (ਚ.ਨ.ਸ.) : ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਸਿੱਖਿਆ ਕ੍ਰਾਂਤੀ ਰਾਹੀਂ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰ ਰਹੀ ਹੈ ਅਤੇ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਲਗਾਤਾਰ ਹੋਰ ਮਜ਼ਬੂਤ ਕਰ ਰਹੀ ਹੈ, ਤਾਂ ਜੋ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਪ੍ਰਦਾਨ ਕੀਤੀ ਜਾ ਸਕੇ। ਇਹ ਪ੍ਰਗਟਾਵਾ ਫਿਰੋਜ਼ਪੁਰ ਦਿਹਾਤੀ ਹਲਕੇ ਦੇ ਵਿਧਾਇਕ ਸ਼ ?ਰੀ ਰਜਨੀਸ਼ ਦਹੀਯਾ ਨੇ ਅੱਜ ਹਲਕੇ ਦੇ ਸਰਕਾਰੀ ਪ੍ਰਾਇਮਰੀ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੁੰਡੇ ਮਮਦੋਟ ਉਤਾੜ, ਸਰਕਾਰੀ ਪ੍ਰਾਇਮਰੀ ਸਕੂਲ ਬਸਤੀ ਗੁਲਾਬ ਸਿੰਘ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਚੱਕ ਦੋਨਾਂ ਰਹੀਮ ਕੇ ਵਿਖੇ ਹੋਏ ਵਿਕਾਸ ਕੰਮਾਂ ਦਾ ਉਦਘਾਟਨ ਕਰਨ ਉਪਰੰਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਸ਼ ?ਰੀਮਤੀ ਮੁਨੀਲਾ ਅਰੋੜਾ ਵੀ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ। ਪੰਜਾਬ ਸਿੱਖਿਆ ਕ੍ਰਾਂਤੀ ਸੂਬੇ ਵਿੱਚ ਵਿੱਦਿਅਕ ਪੱਧਰ ਨੂੰ ਹੋਰ ਉੱਚਾ ਚੁੱਕਣ ਵਿੱਚ ਮੱਦਦਗਾਰ ਸਾਬਿਤ ਹੋਵੇਗੀ ਅਤੇ ਸਰਕਾਰੀ ਸਕੂਲਾਂ ਵਿੱਚ ਸਹੂਲਤਾਂ ਮਿਲਣ ਨਾਲ ਵਿਦਿਆਰਥੀਆਂ ਦਾ ਮਨੋਬਲ ਹੋਰ ਵੀ ਉੱਚਾ ਹੋਵੇਗਾ।

ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਵੱਡੀ ਕ੍ਰਾਂਤੀ ਲਿਆਉਣ ਲਈ ਬਜਟ ਦਾ ਵੱਡਾ ਹਿੱਸਾ ਸਿੱਖਿਆ ਲਈ ਰੱਖਿਆ ਹੈ, ਤਾਂ ਜੋ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਦਾ ਭਵਿੱਖ ਸੰਵਾਰਿਆ ਜਾ ਸਕੇ।



ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਆਧੁਨਿਕਤਾ ਨਾਲ ਭਰਪੂਰ ਸਿੱਖਿਆ ਪ੍ਰਦਾਨ ਕਰਨ ਲਈ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਭੇਜ ਕੇ ਟ ?ਰੇਨਿੰਗ ਕਰਵਾਈ ਗਈ, ਤਾਂ ਜੋ ਉਹ ਆਪਣੇ ਅਤੇ ਵਿਦੇਸ਼ਾਂ ਦੀ ਪੜ੍ਹਾਈ ਵਿੱਚੋਂ ਮਿਲੇ ਤਜ਼ਰਬੇ ਨਾਲ ਵਿਦਿਆਰਥੀਆਂ ਨੂੰ ਉੱਚ ਕੋਟੀ ਦੀ ਸਿੱਖਿਆ ਦੇ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਕ੍ਰਾਂਤੀ ਰਾਹੀਂ ਸਰਕਾਰੀ ਸਕੂਲਾਂ ਦਾ ਕਾਇਆ ਕਲਪ ਕਰ ਰਹੀ ਹੈ ਅਤੇ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਲਗਾਤਾਰ ਹੋਰ ਮਜ਼ਬੂਤ ਕਰ ਰਹੀ ਹੈ ਤਾਂ ਜੋ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਸੁਵਿਧਾਵਾਂ ਪ੍ਰਦਾਨ ਕੀਤੀਆਂ ਜਾ ਸਕਣ।

ਇਸ ਮੌਕੇ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ, ਪਲਵਿੰਦਰ ਸਿੰਘ ਬਰਾੜ ਹਲਕਾ ਕੋਆਰਡੀਨੇਟਰ ਸਿੱਖਿਆ, ਤਲਵਿੰਦਰ ਸਿੰਘ ਖਾਲਸਾ, ਪ੍ਰਿੰਸੀਪਲ ਹਰਫੂਲ ਸਿੰਘ, ਹਰਵਿੰਦਰ ਸਿੰਘ, ਗੁਰਮੀਤ ਸਿੰਘ, ਗੁਰਪ੍ਰੀਤ ਸਿੰਘ,ਅਕਸ਼ ਕੁਮਾਰ, ਨਿਰਵੈਰ ਸਿੰਘ ਸਿੰਧੀ ਸੀਨੀਅਰ ਆਗੂ ਆਪ, ਦਲਜੀਤ ਸਿੰਘ ਹਲਕਾ ਸਿੱਖਿਆ ਤਾਲਮੇਲ ਕਮੇਟੀ ਮੈਂਬਰ, ਬਲਵਿੰਦਰ ਸਿੰਘ ਸਰਪੰਚ, ਮੇਜਰ ਸਿੰਘ ਬੁਰਜੀ,ਬਲਵਿੰਦਰ ਸਿੰਘ ਲੱਡੂ, ਸੋਨੂੰ, ਦਲਜੀਤ ਸਿੰਘ, ਪਿੱਪਲ ਸਿੰਘ, ਅਜਮੇਰ ਸਿੰਘ ਮੁਰਕਵਾਲਾ, ਸਮੇਤ ਵੱਡੀ ਗਿਣਤੀ ਵਿੱਚ ਬੱਚਿਆਂ ਦੇ ਮਾਪੇ ਅਧਿਆਪਕ ਤੇ ਵਿਦਿਆਰਥੀ ਮੌਜੂਦ ਸੀ।

# ਜੈ ਕ੍ਰਿਸ਼ਨ ਸਿੰਘ ਰੌੜੀ ਨੇ ਅੱਜ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਅਧੀਨ ਆਉਂਦੇ ਸਰਕਾਰੀ ਸਕੂਲਾਂ 'ਚ 29.36 ਲੱਖ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ

ਹੁਸ਼ਿਆਰਪੁਰ, 19 ਅਪ੍ਰੈਲ (ਪਰਮਿੰਦਰ ਘੁੰਮਣ) : ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਅੱਜ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਅਧੀਨ ਆਉਂਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਲਗਭਗ 29.36 ਲੱਖ ਰੁਪਏ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ। ਡਿਪਟੀ ਸਪੀਕਰ ਨੇ ਕਿਹਾ ਕਿ ਸੂਬੇ ਦੇ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਵਧੀਆ ਸੁਵਿਧਾਵਾਂ ਪ੍ਰਦਾਨ ਕਰਨ ਦਾ ਮਕਸਦ ਵਿਦਿਆਰਥੀਆਂ ਨੂੰ ਉੱਚ ਪੱਧਰੀ ਅਤੇ ਆਧੁਨਿਕ ਸਿੱਖਿਆ ਦੇ ਕੇ ਸਮੇਂ ਦਾ ਹਾਣੀ ਬਣਾਉਣਾ ਹੈ ਤਾਂ ਜੋ ਉਹ ਆਉਣ ਵਾਲੇ ਸਮੇਂ ਵਿੱਚ ਮੁਕਾਬਲੇ ਦੀਆਂ ਔਖੀਆਂ ਪ੍ਰੀਖਿਆਵਾਂ ਨੂੰ ਸੁਖਾਲੇ ਢੰਗ ਨਾਲ ਪਾਸ ਕਰਨ ਦੇ ਸਮਰੱਥ ਬਣ ਸਕਣ ਅਤੇ ਆਪਣੀ ਮਿਹਨਤ ਤੇ ਲਗਨ ਦੇ ਨਾਲ ਅਜਿਹੀਆਂ ਬੁਲੰਦੀਆਂ ਨੂੰ ਹਾਸਲ ਕਰਕੇ ਨਾਮਣਾ ਖੱਟ ਸਕਣ, ਜਿਹੜੀਆਂ ਬੁਲੰਦੀਆਂ ਦਾ ਉਹ ਸੁਪਨਾ ਵੇਖਦੇ ਹਨ।

ਡਿਪਟੀ ਸਪੀਕਰ ਨੇ ਸੰਬੋਧਨ ਦੌਰਾਨ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹੁਣ ਤੱਕ 52 ਹਜਾਰ ਤੋਂ ਵੀ ਵਧੇਰੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਹੁਨਰ ਨੂੰ ਤਰਾਸ਼ ਕੇ ਦਿਲਚਸਪੀ ਮੁਤਾਬਕ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਤਾਂ ਜੋ ਉਹ ਬਾਰਵੀਂ ਪਾਸ ਕਰਨ ਮਗਰੋਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਹਿੱਸਾ ਲੈਣ ਦੇ ਯੋਗ ਬਣਨ ਅਤੇ ਮਨ ਪਸੰਦ ਦੇ ਅਹੁਦਿਆਂ ਉੱਤੇ ਸੇਵਾਵਾਂ ਨਿਭਾਉਣ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰੀ ਵਿਭਾਗਾਂ ਨੂੰ ਮੁਕੰਮਲ ਤੌਰ 'ਤੇ ਭ੍ਰਿਸ਼ਟਾਚਾਰ ਮੁਕਤ ਕਰਨ ਦੀ ਮੁਹਿੰਮ ਵੀ ਸਾਰਥਕ ਨਤੀਜੇ ਸਾਹਮਣੇ ਲਿਆ ਰਹੀ ਹੈ। ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਪੱਧਰ ਨੂੰ ਮਜਬੂਤ ਕਰਨ ਦੇ ਮਿੱਥੇ ਗਏ ਟੀਚੇ ਨੂੰ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਸਾਰੇ ਹੀ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪੂਰਾ ਕਰਨ ਲਈ ਅਸੀਂ ਦਿਨ ਰਾਤ ਜੁਟੇ ਹੋਏ ਹਾਂ। ਉਨ੍ਹਾਂ ਕਿਹਾ ਕਿ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਅਤੇ ਪੜਾਉਂਦੇ ਅਧਿਆਪਕਾਂ ਦੀਆਂ ਜਰੂਰਤਾਂ ਨੂੰ ਯੋਜਨਾਬਧ ਤਰੀਕੇ ਨਾਲ ਪੂਰਾ ਕਰਨ ਲਈ ਸਰਗਰਮ ਰਹਿਣ। ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਵਿੱਚ ਪੰਜਾਬ ਸਰਕਾਰ ਨੇ ਸੂਬੇ ਦੀ ਵਿਕਾਸ ਪੱਖੋਂ ਨੁਹਾਰ ਪੂਰੀ ਤਰ੍ਹਾਂ ਬਦਲ ਦਿੱਤੀ ਹੈ ਅਤੇ ਲੋਕ ਸੰਤੁਸ਼ਟੀ ਜਾਹਰ ਕਰ ਰਹੇ ਹਨ।

ਡਿਪਟੀ ਸਪੀਕਰ ਵੱਲੋਂ ਅੱਜ ਸਰਕਾਰੀ ਹਾਈ ਸਕੂਲ ਮਹਿਤਾਬਪੁਰ ਵਿਖੇ ਨਵੇਂ ਕਲਾਸਰੂਮ, ਲਾਇਬ੍ਰੇਰੀ ਰੂਮ ਅਤੇ ਹੋਰ ਵਿਕਾਸ ਕਾਰਜ, ਸਰਕਾਰੀ ਐਲੀਮੈਂਟਰੀ ਸਕੂਲ ਗੋਗੋਂ ਵਿਖੇ ਚਾਰਦੀਵਾਰੀ, ਸਰਕਾਰੀ ਐਲੀਮੈਂਟਰੀ ਸਕੂਲ ਘਾਗੋ ਰੋੜਾਵਾਲੀ ਨਵੇਂ ਬਣੇ ਕਲਾਸਰੂਮ ਅਤੇ ਹੋਰ ਵਿਕਾਸ ਕਾਰਜ, ਸਰਕਾਰੀ ਐਲੀਮੈਂਟਰੀ ਸਕੂਲ ਮੁਕੰਦਪੁਰ ਵਿਖੇ ਬਣੇ ਨਵੇਂ ਕਲਾਸਰੂਮ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋੜਾ ਵਿਖੇ ਕੰਪਿਊਟਰ ਲੈਬ ਅਤੇ ਹੋਰ ਵਿਕਾਸ ਕਾਰਜ, ਸਰਕਾਰੀ ਐਲੀਮੈਂਟਰੀ ਸਕੂਲ ਬੋੜਾ ਵਿਖੇ ਸਕੂਲ ਦੀ ਬਣੀ ਚਾਰਦੀਵਾਰੀ ਅਤੇ ਹੋਰ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।

# ਬੀਐਡ ਅਧਿਆਪਕ ਫਰੰਟ ਪੰਜਾਬ ਵੱਲੋਂ 5994 ਅਧਿਆਪਕਾਂ ਤੇ ਲਾਠੀ ਚਾਰਜ ਦੀ ਨਿਖੇਧੀ

ਸ੍ਰੀ ਅਨੰਦਪੁਰ ਸਾਹਿਬ, 19 ਅਪ੍ਰੈਲ (ਤਰਲੋਚਨ ਸਿੰਘ) : ਬੀਐਡ ਅਧਿਆਪਕ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਹਰਵਿੰਦਰ ਸਿੰਘ ਬਿਲਗਾ, ਜਨਰਲ ਸਕੱਤਰ ਸੁਰਜੀਤ ਰਾਜਾ ,ਸੂਬਾ ਪ੍ਰੈਸ ਸਕੱਤਰ ਗੁਰਦਿਆਲ ਮਾਨ ਨੇ ਇੱਕ ਪ੍ਰੈਸ ਨੋਟ ਜਾਰੀ ਕਰਦਿਆਂ ਨੌਕਰੀ ਲਈ ਸੰਘਰਸ਼ ਕਰ ਰਹੇ 5994 ਅਧਿਆਪਕਾਂ 'ਤੇ ਗੰਭੀਰਪੁਰ ਵਿਖੇ ਪੁਲਿਸ ਪ੍ਰਸ਼ਾਸਨ ਵੱਲੋਂ ਲਾਠੀ ਚਾਰਜ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।

ਉਨਾਂ ਨੇ ਕਿਹਾ ਕਿ ਸਰਕਾਰੀ ਭਰਤੀ ਦੀਆਂ ਸਾਰੀਆਂ ਸ਼ਰਤਾਂ ਪੂਰੀਆਂ ਕਰਨ ਉਪਰੰਤ ਸਰਕਾਰ ਦੀ ਕਾਨੂੰਨੀ ਪੱਧਰ ਉੱਤੇ ਨਾ ਕਾਮੀਆਂ ਦੇ ਸ਼ਿਕਾਰ 5994 ਅਧਿਆਪਕ ਜਿਨਾਂ ਨੂੰ ਕਿ ਸਰਕਾਰ ਵੱਲੋਂ ਨਿਯੁਕਤੀ ਪੱਤਰ ਮਿਲ ਚੁੱਕੇ ਹਨ ਜਾਂ ਨਿਯੁਕਤੀ ਪੱਤਰ ਮਿਲਣੇ ਰਹਿੰਦੇ ਹਨ, ਉਹਨਾਂ ਨੂੰ ਸਰਕਾਰ ਨੂੰ ਸਕੂਲਾਂ ਵਿੱਚ ਨਿਯੁਕਤ ਕਰਨਾ ਚਾਹੀਦਾ ਹੈ ਨਾ ਕਿ ਉਹਨਾਂ ਨੂੰ ਘੁਟਣਾ ਚਾਹੀਦਾ ਹੈ, ਅਧਿਆਪਕਾਂ ਆਗੂਆਂ ਨੇ ਕਿਹਾ ਕਿ ਇੱਕ ਪਾਸੇ ਸਰਕਾਰ ਸਿੱਖਿਆ ਕ੍ਰਾਂਤੀ ਦੇ ਨਾਂ ਤੇ ਵੱਡੇ ਵੱਡੇ ਦਾਅਵੇ ਕਰ ਰਹੀ ਹੈ ਕਿ ਉਸਨੇ ਆਪਣੇ ਕਾਰਜਕਾਲ ਦੇ ਦੌਰਾਨ ਪੰਜਾਬ ਦੇ ਸਕੂਲਾਂ ਦੇ ਵਿੱਚ ਕ੍ਰਾਂਤੀਕਾਰੀ ਸੁਧਾਰ ਕੀਤੇ ਹਨ, ਪਰ ਦੂਜੇ ਪਾਸੇ ਸਕੂਲਾਂ ਵਿੱਚ ਖਾਲੀ ਪਈਆਂ ਅਸਾਮੀਆਂ ਨੂੰ ਭਰਨ ਲਈ ਸਾਰੇ ਟੈਸਟ ਪਾਸ ਕਰ ਚੁੱਕੇ 5994 ਭਾਰਤੀ ਦੀਆਂ ਅਧਿਆਪਕ ਆਪਣੇ ਸਕੂਲਾਂ ਵਿੱਚ ਹਾਜ਼ਰ ਹੋਣ ਲਈ ਦਰ ਦਰ ਭਟਕ ਰਹੇ ਹਨ।ਅੱਜ ਸਿੱਖਿਆ ਮੰਤਰੀ ਦੇ ਪਿੰਡ ਪਹੁੰਚੇ ਤਾਂ ਉਹਨਾਂ ਨੂੰ ਰੁਜ਼ਗਾਰ ਦੀ ਥਾਂ ਲਾਠੀ ਚਾਰਜ ਕਰਕੇ ਉਹਨਾਂ ਦਾ ਸਵਾਗਤ ਕੀਤਾ ਗਿਆ, ਉਹਨਾਂ ਨੇ ਕਿਹਾ ਕਿ ਬੀਐਡ ਅਧਿਆਪਕ ਫਰੰਟ ਪੰਜਾਬ ਇਹਨਾਂ ਅਧਿਆਪਕਾਂ ਨਾਲ ਚਟਾਨ ਵਾਂਗ ਖੜੀ ਹੈ ਅਤੇ ਪੁਲਿਸ ਪ੍ਰਸ਼ਾਸਨ ਦੀ ਕਾਰਵਾਈ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ।

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ



ਸ੍ਰੀ ਅਨੰਦਪੁਰ ਸਾਹਿਬ, 19 ਅਪ੍ਰੈਲ (ਤਰਲੋਚਨ ਸਿੰਘ) : ਪੰਥ ਦੀ ਸਿਰਮੌਰ ਸੰਸਥਾ ਸ਼ ?ਰੋਮਣੀ ਗੁ: ਪ੍ਰਬੰਧਕ ਕਮੇਟੀ ਵੱਲੋਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਹਿੰਦ ਦੀ ਚਾਦਰ ਤਿਲਕ ਜੰਞੂ ਦੇ ਰਾਖੇ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬੀਤੀ ਸ਼ਾਮ ਗੁ: ਸੀਸਗੰਜ ਵਿਖੇ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਭਾਈ ਨਿਰਭੈ ਸਿੰਘ ਜੀ ਹਜ਼ੂਰੀ ਰਾਗੀ ਜੱਥਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਨੇ ਗੁਰਬਾਣੀ ਕੀਰਤਨ ਅਤੇ ਗਿਆਨੀ ਚਰਨਜੀਤ ਸਿੰਘ ਕਥਾਵਾਚਕ ਗੁਰਦੁਆਰਾ ਅੰਬ ਸਾਹਿਬ ਮੋਹਾਲੀ ਨੇ ਗੁਰਮਤਿ ਵਿਚਾਰਾਂ ਨਾਲ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ । ਇਸ ਮੌਕੇ ਭਾਈ ਅਮਰਜੀਤ ਸਿੰਘ ਚਾਵਲਾ ਮੈਂਬਰ ਸ਼ ?ਰੋਮਣੀ ਕਮੇਟੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਿੰਦ ਦੀ ਚਾਦਰ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਨੇ ਧਾਰਮਿਕ ਆਜ਼ਾਦੀ ਲਈ ਆਪਣੀ ਸ਼ਹਾਦਤ ਦਿੱਤੀ ।ਜੇਕਰ ਗੁਰੂ ਪਾਤਸ਼ਾਹ ਕੁਰਬਾਨੀ ਨਾ ਦਿੰਦੇ ਤਾਂ ਇਸ ਦੇਸ਼ ਦਾ ਨਕਸ਼ਾ ਕੁਝ ਹੋਰ ਹੀ ਹੋਣਾ ਸੀ।

ਇਸ ਮੌਕੇ ਗਿਆਨੀ ਜੋਗਿੰਦਰ ਸਿੰਘ ਮੁੱਖ ਗ੍ਰੰਥੀ ਤਖਤ ਸ੍ਰੀ ਕੇਸਗੜ ਸਾਹਿਬ, ਮੈਨੇਜਰ ਮਲਕੀਤ ਸਿੰਘ, ਅਡੀਸ਼ਨਲ ਮੈਨੇਜਰ ਹਰਦੇਵ ਸਿੰਘ, ਬਾਬਾ ਤੀਰਥ ਸਿੰਘ ਜੀ, ਇੰਦਰਜੀਤ ਸਿੰਘ ਅਰੋੜਾ (ਪ੍ਰਧਾਨ ਵਪਾਰ ਮੰਡਲ), ਜਸਵਿੰਦਰਪਾਲ ਸਿੰਘ ਬਿੱਲਾ, ਭੁਪਿੰਦਰਪਾਲ ਸਿੰਘ ਪੱਪੂ ਤਲਵਾੜ, ਅਮਨਦੀਪ ਸਿੰਘ, ਮਨਿੰਦਰਪਾਲ ਸਿੰਘ ਮਨੀ, ਦਵਿੰਦਰ ਸਿੰਘ ਰਾਣਾ, ਲੈਕ.ਗੁਰਚਰਨ ਸਿੰਘ, ਭਾਈ ਮਨਦੀਪ ਸਿੰਘ, ਤੇਜਪਾਲ ਸਿੰਘ, ਗੁਰਪ੍ਰੀਤ ਸਿੰਘ, ਰਾਮ ਪ੍ਰਾਸ਼ਰ, ਮਾਤਾ ਗੁਰਚਰਨ ਕੌਰ ਪ੍ਰਧਾਨ ਇਸਤਰੀ ਸਤਿ ਸੰਗ ਸਭਾ, ਬੀਬੀ ਸੁਰਿੰਦਰਪਾਲ ਕੌਰ, ਬੀਬੀ ਤਜਿੰਦਰ ਕੌਰ, ਬੀਬੀ ਮਨਜੀਤ ਕੌਰ, ਬੀਬੀ ਹਰਜੀਤ ਕੌਰ, ਬੀਬੀ ਪਰਵਿੰਦਰ ਕੌਰ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜਰ ਸਨ।

# ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਇਆ




ਲੁਧਿਆਣਾ, 19 ਅਪ੍ਰੈਲ (ਕਰਨੈਲ ਸਿੰਘ ਐੱਮ.ਏ.) : ਵਿਸ਼ਵ ਪ੍ਰਸਿੱਧ ਭਗਤੀ ਦਾ ਘਰ ਗੁਰਦੁਆਰਾ ਨਾਨਕਸਰ ਕਲੇਰਾਂ ਵਿਖੇ ਸ੍ਰਿਸ਼ਟੀ ਦੀ ਚਾਦਰ ਸ਼੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਅਤੇ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਬਾਬਾ ਨੰਦ ਸਿੰਘ ਜੀ, ਬਾਬਾ ਈਸ਼ਰ ਸਿੰਘ ਜੀ ਵੱਲੋਂ ਵਰੋਸਾਏ ਨਾਨਕਸਰ ਦੇ ਸਮੂਹ ਮਹਾਂਪੁਰਖਾਂ ਦੀ ਪ੍ਰੇਰਨਾ ਸਦਕਾ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ:) ਵੱਲੋਂ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਦੇਖ-ਰੇਖ ਹੇਠ 798ਵਾਂ ਮਹਾਨ ਖ਼ੂਨਦਾਨ ਕੈਂਪ ਅਤੇ ਮੁਫ਼ਤ ਜਰਨਲ ਮੈਡੀਕਲ ਕੈਂਪ ਬਾਬਾ ਈਸ਼ਰ ਸਿੰਘ ਸਰਪ੍ਰਸਤ, ਡਾ: ਬਲਵਿੰਦਰ ਸਿੰਘ ਮੁੱਖ ਸੇਵਾਦਾਰ ਸੁਖ ਸਾਗਰ ਚੈਰੀਟੇਬਲ ਟਰੱਸਟ (ਰਜਿ:) ਜਗਰਾਉਂ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਮੌਕੇ ਤੇ ਮਹਾਨ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਨ ਪਹੁੰਚੇ ਬਾਬਾ ਹਰੀ ਸਿੰਘ ਨਾਨਕਸਰ ਵਾਲਿਆਂ ਨੇ ਸ੍ਰਿਸ਼ਟੀ ਦੀ ਚਾਦਰ ਸ਼੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਅਤੇ ਖ਼ਾਲਸਾ ਪੰਥ ਦੇ ਸਾਜਨਾ ਦਿਵਸ ਤੇ ਸੰਗਤਾਂ ਨੂੰ ਵਧਾਈ ਦਿੱਤੀ ਅਤੇ ਲੋੜਵੰਦ ਮਰੀਜ਼ਾਂ ਲਈ ਮਨੁੱਖਤਾ ਦੇ ਭਲੇ ਲਈ ਲਗਾਏ ਗਏ ਮਹਾਨ ਖ਼ੂਨਦਾਨ ਕੈਂਪ ਅਤੇ ਮੈਡੀਕਲ ਕੈਂਪ ਦੀ ਸ਼ਲਾਘਾ ਕੀਤੀ ਅਤੇ ਖ਼ੂਨਦਾਨੀ ਸੱਜਣਾਂ ਨੂੰ ਪ੍ਰਣਾਮ ਪੱਤਰ ਭੇਂਟ ਕਰਕੇ ਹੌਸਲਾ ਅਫਜ਼ਾਈ ਕੀਤੀ। ਇਸ ਮੌਕੇ ਤੇ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ:) ਨੇ ਦੱਸਿਆ ਖ਼ੂਨਦਾਨ ਕੈਂਪ ਦੌਰਾਨ ਇਕੱਤਰ ਕੀਤਾ ਗਿਆ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿੱਚ ਦਿੱਤਾ ਜਾਵੇਗਾ। ਇਸ ਮੌਕੇ ਡਾ: ਬਲਵਿੰਦਰ ਸਿੰਘ ਨੇ ਜਰਨਲ ਮੈਡੀਕਲ ਕੈਂਪ ਦੌਰਾਨ ਹਜ਼ਾਰਾਂ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੰਡੀਆਂ। ਇਸ ਮੌਕੇ ਤੇ ਗੁਰਵਿੰਦਰ ਸਿੰਘ ਗੋਲਡੀ ਸੋਹਲ, ਗੁਰਿੰਦਰ ਸਿੰਘ ਕਿਰਤੋਂਵਾਲ ਜਰਨਲ ਸਕੱਤਰ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ, ਦਰਸ਼ਨ ਸਿੰਘ ਭੁੰਭਰਾਹ, ਜਸਮੇਲ ਸਿੰਘ ਜੰਡੀ, ਕੁਲਦੀਪ ਸਿੰਘ, ਬਲਦੇਵ ਸਿੰਘ ਸੰਧੂ, ਦਿਲਬਾਗ ਸਿੰਘ, ਗੁਰਮੀਤ ਸਿੰਘ ਖ਼ਾਲਸਾ, ਸਰਬਜੀਤ ਸਿੰਘ ਸੋਹਲ ਆਦਿ ਹਾਜ਼ਰ ਸਨ।

# ਸਰਕਾਰ ਦਾ ਧਿਆਨ ਲੋਕਾਂ ਨੂੰ ਸਿਹਤ ਸੇਵਾਵਾਂ ਅਤੇ ਗੁਣਵੱਤਾ ਸਿੱਖਿਆ ਪ੍ਰਣਾਲੀ ਮੁਹੱਈਆ ਕਰਵਾਉਣਾ : ਮੰਤਰੀ ਸੌਂਦ



ਲੁਧਿਆਣਾ, 19 ਅਪ੍ਰੈਲ (ਵਿਸ਼ਾਲ ਸ਼ਰਮਾ) : ਪੰਜਾਬ ਸਰਕਾਰ ਦਾ ਵਿਸ਼ੇਸ਼ ਧਿਆਨ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਅਤੇ ਗੁਣਵੱਤਾ ਸਿੱਖਿਆ ਪ੍ਰਣਾਲੀ ਮੁਹੱਈਆ ਕਰਨਾ ਹੈ। ਅੱਜ ਪਹਿਲਾ ਨਾਲੋਂ ਸਰਕਾਰੀ ਸਕੂਲਾਂ ਵਿੱਚ ਬਹੁਤ ਵੱਡੇ ਬਦਲਾਅ ਆਏ ਹਨ। ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੂਰੇ ਪੰਜਾਬ ਅੰਦਰ ਸਿੱਖਿਆ ਕ੍ਰਾਂਤੀ ਲਿਆਂਦੀ ਗਈ ਹੈ ਅਤੇ ਕਰੋੜਾਂ ਰੁਪਏ ਪੂਰੇ ਪੰਜਾਬ ਦੇ ਸਕੂਲਾਂ ਦੀ ਨੁਹਾਰ ਬਦਲਣ ਲਈ ਖਰਚੇ ਗਏ ਹਨ। ਇਹ ਵਿਚਾਰ ਪੇਂਡੂ ਵਿਕਾਸ ਤੇ ਪੰਚਾਇਤ, ਉਦਯੋਗ ਤੇ ਵਣਜ, ਪੂੰਜੀ ਨਿਵੇਸ਼ ਪ੍ਰੋਤਸਾਹਨ, ਕਿਰਤ ਅਤੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ 'ਪੰਜਾਬ ਸਿੱਖਿਆ ਕ੍ਰਾਂਤੀ' ਪ੍ਰੋਗਰਾਮ ਤਹਿਤ ਸ਼ਨੀਵਾਰ ਨੂੰ ਹਲਕਾ ਖੰਨਾ ਦੇ ਦੋ ਸਰਕਾਰੀ ਪ੍ਰਾਇਮਰੀ ਅਤੇ ਹਾਈ ਸਕੂਲਾਂ ਵਿੱਚ 37.68 ਲੱਖ ਰੁਪਏ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕਰਨ ਮੌਕੇ ਪ੍ਰਗਟ ਕੀਤੇ। ਕੈਬਨਿਟ ਮੰਤਰੀ ਨੇ ਜਿਹੜੇ ਦੋ ਸਕੂਲਾਂ ਵਿੱਚ ਵਿਕਾਸ ਕੰਮਾਂ ਦਾ ਉਦਘਾਟਨ ਕੀਤਾ ਹੈ, ਉਨ੍ਹਾਂ ਵਿੱਚ ਸਰਕਾਰੀ ਹਾਈ ਸਕੂਲ ਘੁੰਗਰਾਲੀ ਰਾਜਪੂਤਾਂ ਵਿਚ 11 ਲੱਖ ਰੁਪਏ ਦੀ ਲਾਗਤ ਨਾਲ ਸਾਇੰਸ ਲੈਬ ਤਿਆਰ ਕਰਵਾਈ ਗਈ ਹੈ, 21.50 ਲੱਖ ਰੁਪਏ ਦੀ ਲਾਗਤ ਸਕੂਲ ਦੇ ਖੇਡ ਮੈਦਾਨ ਦੀ ਚਾਰਦੀਵਾਰੀ ਕੀਤੀ ਗਈ ਅਤੇ 1.40 ਲੱਖ ਰੁਪਏ ਸਕੂਲ ਦੇ ਬਾਥਰੂਮ ਰਿਪੇਅਰ ਕੀਤੇ ਗਏ। ਸਰਕਾਰੀ ਪ੍ਰਾਇਮਰੀ ਸਕੂਲ ਜਟਾਣਾ ਵਿਚ 3 ਲੱਖ, 78 ਹਜ਼ਾਰ, 220 ਰੁਪਏ ਦੀ ਸਕੂਲ ਰਿਪੇਅਰ ਕਰਵਾਈ ਗਈ। ਸੌਂਦ ਨੇ ਕਿਹਾ ਕਿ ਸਕੂਲਾਂ ਅੰਦਰ ਜੋ ਵਿਕਾਸ ਕਾਰਜ ਰਹਿੰਦੇ ਸੀ ਚਾਹੇ ਉਹ ਲਾਇਬਰੇਰੀ ਦਾ ਨਿਰਮਾਣ, ਸਕੂਲ ਦੀ ਚਾਰਦੀਵਾਰੀ, ਕਮਰਿਆਂ ਦਾ ਨਿਰਮਾਣ, ਸਾਇੰਸ ਲੈਬ ਆਦਿ ਸਕੂਲਾਂ ਅੰਦਰ ਰਹਿੰਦੇ ਕਾਰਜ ਵੀ ਮੁਕੰਮਲ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਬਦਲਾਅ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਲੈ ਕੇ ਆਈ ਹੈ। ਸਕੂਲਾਂ ਅੰਦਰ ਭਾਰੀ ਬਦਲਾਅ ਤੋਂ ਬਾਅਦ ਲੋਕਾਂ ਦੀ ਸੋਚ ਬਦਲੀ ਹੈ ਅਤੇ ਅੱਜ ਸਕੂਲਾਂ ਅੰਦਰ ਬੱਚਿਆਂ ਦੀ ਸੰਖਿਆਂ ਵਿੱਚ ਵੀ ਭਾਰੀ ਵਾਧਾ ਹੋਇਆ ਹੈ। ਪੰਜਾਬ ਸਰਕਾਰ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਿੱਖਿਆ ਦੇਣ ਲਈ ਵਚਨਬੱਧ ਹੈ ਅਤੇ ਆਪਣੇ ਕਾਰਜਕਾਲ ਦੇ ਪਹਿਲੇ ਦਿਨ ਤੋਂ ਹੀ ਸਿੱਖਿਆ ਤੇ ਸਿਹਤ ਖੇਤਰ ਵਿੱਚ ਕ੍ਰਾਂਤੀ ਲਿਆਉਣ ਲਈ ਕੰਮ ਕਰਨਾ ਸ਼ੁਰੂ ਕਰ ਦਿੱਤਾ ਸੀ ਜਿਸਦੇ ਨਤੀਜੇ ਅੱਜ ਆਮ ਹੀ ਦੇਖਣ ਨੂੰ ਮਿਲ ਸਕਦੇ ਹਨ। ਕਰੋੜਾਂ ਰੁਪਏ ਦੇ ਫੰਡ ਸਿਰਫ ਸਿੱਖਿਆ ਦੇ ਖੇਤਰ ਵਿੱਚ ਜਾਰੀ ਕਰਕੇ ਪੰਜਾਬ ਸਰਕਾਰ ਨੇ ਸਾਬਿਤ ਕਰ ਦਿੱਤਾ ਹੈ ਕਿ ਉਹ ਸੂਬੇ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਗੰਭੀਰ ਹੈ।

# ਸੋਸਾਇਟੀ ਨੇ ਸ਼ਵੇਤਾ ਸਚਦੇਵਾ ਦੇ ਜਨਮ ਦਿਨ ਮੌਕੇ ਕੀਤਾ ਵਿਸ਼ੇਸ਼ ਉਪਰਾਲਾ, ਰਿਕਸ਼ਾ ਚਾਲਕਾਂ ਨੇ ਕੀਤੀ ਸਰਾਹਨਾ




ਫਾਜ਼ਿਲਕਾ, 19 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਸਮਾਜ ਸੇਵਾ ਦੇ ਖੇਤਰ ਵਿਚ ਆਪਣੀ ਵਿਲੱਖਣ ਪਹਿਚਾਣ ਬਣਾਉਣ ਵਾਲੀ ਡਾ. ਬੀ. ਡੀ. ਸਚਦੇਵਾ ਮੈਮੋਰੀਅਲ ਵੈਲਫੇਅਰ ਸੋਸਾਇਟੀ ਅਤੇ ਆਲ ਇੰਡੀਆ ਅਰੋੜਾ ਖੱਤਰੀ ਪੰਜਾਬੀ ਕਮਿਊਨਿਟੀ, ਫਾਜ਼ਿਲਕਾ ਨੇ ਇੱਕ ਵਾਰ ਫਿਰ ਆਪਣੇ ਸੇਵੀ ਉਪਰਾਲਿਆਂ ਰਾਹੀਂ ਸਥਾਨਕ ਲੋਕਾਂ ਦੇ ਦਿਲ ਜਿੱਤ ਲਏ ਹਨ।

ਸੋਸਾਇਟੀ ਦੀ ਸੀਨੀਅਰ ਉਪ ਪ੍ਰਧਾਨ (ਮਹਿਲਾ ਵਿੰਗ) ਸ਼ਵੇਤਾ ਸਚਦੇਵਾ ਦੇ ਜਨਮ ਦਿਨ ਨੂੰ ਸਮਰਪਿਤ ਇੱਕ ਵਿਸ਼ੇਸ਼ ਸਮਾਜਿਕ ਉਪਰਾਲਾ ਕੀਤਾ ਗਿਆ। ਗਰਮੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ, ਸੋਸਾਇਟੀ ਵੱਲੋਂ ਸਥਾਨਕ ਰਿਕਸ਼ਾ ਚਾਲਕਾਂ ਨੂੰ ਪੀਣ ਵਾਲੇ ਪਾਣੀ ਦੀਆਂ ਬੋਤਲਾਂ, ਕੋਲਡ ਡਰਿੰਕ ਅਤੇ ਤੌਲੀਏ ਵੰਡੇ ਗਏ।

ਸੋਸਾਇਟੀ ਦੇ ਚੇਅਰਮੈਨ ਅਜੈ ਸਚਦੇਵਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਸੰਸਥਾ ਹਮੇਸ਼ਾ ਆਪਣੇ ਮੈਂਬਰਾਂ ਦੇ ਜਨਮ ਦਿਨ ਸਮਾਜ ਸੇਵਾ ਨਾਲ ਜੋੜਦੀ ਆਈ ਹੈ। ਉਨ੍ਹਾਂ ਕਿਹਾ ਕਿ ਸ਼ਵੇਤਾ ਸਚਦੇਵਾ ਹਮੇਸ਼ਾਂ ਹੀ ਸਮਾਜਕ ਕਾਰਜਾਂ ਵਿੱਚ ਆਗੂ ਰਹੀ ਹੈ ਅਤੇ ਉਨ੍ਹਾਂ ਦੀ ਭੂਮਿਕਾ ਹੋਰਾਂ ਲਈ ਪ੍ਰੇਰਨਾਦਾਇਕ ਹੈ। ਉਨ੍ਹਾਂ ਨੇ ਸ਼ਵੇਤਾ ਸਚਦੇਵਾ ਨੂੰ ਜਨਮ ਦਿਨ ਦੀਆਂ ਮੁਬਾਰਕਾਂ ਦਿੰਦਿਆਂ ਉਨ੍ਹਾਂ ਦੀ ਚੜ੍ਹਦੀਕਲਾ ਲਈ ਅਰਦਾਸ ਵੀ ਕੀਤੀ।

ਜਨਰਲ ਸਕੱਤਰ ਅਤੇ ਕੌਂਸਲਰ ਪੂਜਾ ਲੂਥਰਾ ਸਚਦੇਵਾ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸੋਸਾਇਟੀ ਦਾ ਮਕਸਦ ਹਮੇਸ਼ਾਂ ਹਰ ਵਰਗ ਦੀ ਸੇਵਾ ਕਰਨਾ ਹੈ। ਉਨ੍ਹਾਂ ਕਿਹਾ, ਸ਼ਵੇਤਾ ਸਚਦੇਵਾ ਦੇ ਜਨਮ ਦਿਨ ਮੌਕੇ ਅਸੀਂ ਰਿਕਸ਼ਾ ਚਾਲਕਾਂ ਲਈ ਇੱਕ ਛੋਟਾ ਜਿਹਾ ਉਪਰਾਲਾ ਕੀਤਾ ਹੈ, ਜੋ ਗਰਮੀ ਵਿੱਚ ਦਿਨ-ਰਾਤ ਮਿਹਨਤ ਕਰਦੇ ਹਨ। ਸ਼ਵੇਤਾ ਸਚਦੇਵਾ ਨੇ ਆਪਣੇ ਜਨਮ ਦਿਨ ਨੂੰ ਸਮਾਜ ਸੇਵਾ ਰਾਹੀਂ ਮਨਾਉਣ ਦੀ ਖੁਸ਼ੀ ਜਤਾਈ। ਉਨ੍ਹਾਂ ਕਿਹਾ, ਮੇਰੇ ਜਨਮ ਦਿਨ ਨੂੰ ਸਮਾਜ ਸੇਵਾ ਨਾਲ ਜੋੜ ਕੇ ਸੋਸਾਇਟੀ ਨੇ ਮੇਰੇ ਲਈ ਇਹ ਦਿਨ ਯਾਦਗਾਰ ਬਣਾ ਦਿੱਤਾ। ਮੈਂ ਸੋਸਾਇਟੀ ਦੇ ਸਾਰੇ ਮੈਂਬਰਾਂ ਅਤੇ ਅਹੁਦੇਦਾਰਾਂ ਦੀ ਦਿਲੋਂ ਸ਼ੁਕਰਗੁਜ਼ਾਰ ਹਾਂ।

# ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਹਲਕੇ ਦੇ ਵੱਖ-ਵੱਖ ਸਕੂਲਾਂ ਵਿੱਚ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ



ਫ਼ਿਰੋਜ਼ਪੁਰ, 19 ਅਪ੍ਰੈਲ (ਚ.ਨ.ਸ.) : ਪੰਜਾਬ ਸਰਕਾਰ ਵੱਲੋਂ ਚਲਾਈ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਅੱਜ ਵਿਧਾਨ ਸਭਾ ਹਲਕਾ ਫਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਸ. ਰਣਬੀਰ ਸਿੰਘ ਭੁੱਲਰ ਵੱਲੋਂ ਹਲਕੇ ਦੇ ਸਰਕਾਰੀ ਪ੍ਰਾਇਮਰੀ ਸਕੂਲ ਕਮਾਲਾ ਬੋਦਲਾ, ਸਰਕਾਰੀ ਪ੍ਰਾਇਮਰੀ ਸਕੂਲ ਗੁਲਾਮੀ ਵਾਲਾ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਚੱਕ ਹਾਮਦ ਵਿਚ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ।

ਇਸ ਮੌਕੇ ਸ. ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ ਸੂਬੇ 'ਚ ਸ਼ੁਰੂ ਕੀਤੀ ਇਸ ਮੁਹਿੰਮ ਦਾ ਉਦੇਸ਼ ਸ਼ਹਿਰੀ ਅਤੇ ਪੇਂਡੂ ਹਲਕੇ ਵਿਚ ਸਮਾਨ ਰੂਪ ਨਾਲ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਦਾ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਸਰਕਾਰੀ ਸਕੂਲਾਂ ਵਿਚ ਪੜ੍ਹਨ ਵਾਲੇ ਜ਼ਰੂਰਤਮੰਦ ਅਤੇ ਮੱਧ ਵਰਗ ਦੇ ਬੱਚਿਆਂ ਨੂੰ ਵੀ ਆਧੁਨਿਕ ਸੁਵਿਧਾਵਾਂ ਅਤੇ ਗੁਣਵੱਤਾ ਵਾਲੀ ਸਿੱਖਿਆ ਪ੍ਰਾਪਤ ਹੋਵੇ ਜੋ ਹੁਣ ਤੱਕ ਕੇਵਲ ਨਿੱਜੀ ਸਕੂਲਾਂ ਵਿੱਚ ਹੀ ਮਿਲਦੀ ਸੀ।

ਉਨ੍ਹਾਂ ਕਿਹਾ ਕਿ 'ਪੰਜਾਬ ਸਿੱਖਿਆ ਕ੍ਰਾਂਤੀ' ਹੁਣ ਕੇਵਲ ਇਕ ਮੁਹਿੰਮ ਨਹੀਂ, ਬਲਕਿ ਇਕ ਪਰਿਵਰਤਨ ਦੀ ਲਹਿਰ ਬਣ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਹੀ ਕਿਸੇ ਰਾਸ਼ਟਰ ਦੀ ਅਸਲੀ ਤਾਕਤ ਹੁੰਦੀ ਹੈ ਅਤੇ ਸਰਕਾਰ ਦਾ ਇਹ ਕਰਤੱਵ ਹੈ ਕਿ ਉਹ ਹਰ ਬੱਚੇ ਨੂੰ ਸਮਾਨ ਮੌਕੇ ਪ੍ਰਦਾਨ ਕਰੇ। ਉਨ੍ਹਾਂ ਕਿਹਾ ਕਿ ਹੁਣ ਸਰਕਾਰੀ ਸਕੂਲ ਸਮਾਰਟ ਕਲਾਸ ਸੁਵਿਧਾਵਾਂ ਅਤੇ ਆਧੁਨਿਕ ਵਿਦਿਅਕ ਤਕਨੀਕਾਂ ਨਾਲ ਲੈਸ ਹਨ ਜਿਸ ਨਾਲ ਬੱਚਿਆਂ ਦਾ ਸਿੱਖਿਆ ਪੱਧਰ ਵਿਚ ਮਹੱਤਵਪੂਰਨ ਸੁਧਾਰ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਨਾ ਸਿਰਫ ਸਿੱਖਿਆ ਵਿਵਸਥਾ ਨੂੰ ਮਜਬੂਤੀ ਦੇਵੇਗਾ ਬਲਕਿ ਵਿਦਿਆਰਥੀਆਂ ਨੂੰ ਆਤਮ-ਵਿਸ਼ਵਾਸ ਅਤੇ ਆਤਮ-ਨਿਰਭਰ ਨਾਗਰਿਕ ਬਣਾਉਣ ਵਿਚ ਵੀ ਸਹਾਇਕ ਹੋਵੇਗਾ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਵਿਚ 118 ਸਕੂਲ ਆਫ਼ ਐਮੀਨੈਂਸ ਸਥਾਪਿਤ ਕੀਤੇ ਗਏ ਹਨ। ਅਧਿਆਪਕਾਂ ਨੂੰ ਟਰੇਨਿੰਗ ਲਈ ਵਿਦੇਸ਼ਾਂ ਵਿਚ ਭੇਜਿਆ ਜਾ ਰਿਹਾ ਹੈ ਤਾਂ ਜੋ ਬੱਚਿਆਂ ਨੂੰ ਅੱਜ ਦੇ ਸਮੇਂ ਦੇ ਹਿਸਾਬ ਨਾਲ ਬਿਹਤਰੀਨ ਸਿੱਖਿਆ ਦਿੱਤੀ ਜਾ ਸਕੇ। ਉਨ੍ਹਾਂ ਹਲਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿਚ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਦਾਖਲ ਕਰਵਾਉਣ ਤਾਂ ਜੋ ਉਹ ਗੁਣਵੱਤਾਪੂਰਨ ਸਿੱਖਿਆ ਦੇ ਨਾਲ-ਨਾਲ ਸਰਕਾਰੀ ਸੁਵਿਧਾਵਾਂ ਦਾ ਲਾਭ ਵੀ ਪ੍ਰਾਪਤ ਕਰ ਸਕਣ।

ਇਸ ਮੌਕੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਫ਼ ?ਰੋਜ਼ਪੁਰ ਸ਼ ?ਰੀ ਕੋਮਲ ਅਰੋੜਾ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਫ਼ ?ਰੋਜ਼ਪੁਰ-2 ਸ਼ ?ਰੀ ਰਾਜਨ ਨਰੂਲਾ, ਹਲਕਾ ਸਿੱਖਿਆ ਕੋਆਰਡੀਨੇਟਰ ਸ. ਰਾਜਬਹਾਦਰ ਸਿੰਘ, ਸੀ.ਐਚ.ਟੀ ਕਵਲਬੀਰ ਸਿੰਘ, ਸੁਰਿੰਦਰ ਸਿੰਘ ਗਿੱਲ, ਸ. ਬ੍ਰਹਮ ਸਿੰਘ ਸਰਪੰਚ, ਸ, ਜਗਤਾਰ ਸਿੰਘ, ਸ. ਸੁੱਖਦੇਵ ਸਿੰਘ ਸਰਪੰਚ, ਪਿੱਪਲ ਸਿੰਘ ਸਰਪੰਚ, ਸ. ਨਿਸ਼ਾਨ ਸਿੰਘ ਸਰਪੰਚ. ਡਾ. ਗੁਰਪ੍ਰੀਤ ਸਿੰਘ ਸਰਪੰਚ, ਸੁਰਜੀਤ ਸਿੰਘ ਸਰਪੰਚ, ਸ. ਦਲਬੀਰ ਸਿੰਘ ਸਰਪੰਚ, ਸ. ਲਖਵਿੰਦਰ ਸਿੰਘ ਸਰਪੰਚ, ਦਵਿੰਦਰ ਸਿੰਘ ਟੋਨਾ, ਸਤਨਾਮ ਸਿੰਘ ਚੀਮਾ, ਸੰਦੀਪ ਧਵਨ, ਜਸਵਿੰਦਰ ਸਿੰਘ, ਸੁਰਿੰਦਰ ਸਿੰਘ ਗੋਰਾ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

# ਤਜਿੰਦਰ ਕੌਰ ਪਨੇਸਰ ਦੀ ਤੀਸਰੀ ਬਰਸੀ ਮਨਾਈ



ਕਾਦੀਆਂ, 19 ਅਪ੍ਰੈਲ (ਸਲਾਮ ਤਾਰੀ/ ਸਿਕੰਦਰ ਸੰਧੂ) : ਕਾਦੀਆਂ ਬਟਾਲਾ ਰੋਡ ਸਥਿਤ ਜੱਸਾ ਸਿੰਘ ਰਾਮਗੜੀਆ ਚੌਂਕ ਵਿਖੇ ਤਜਿੰਦਰ ਕੌਰ ਪਨੇਸਰ ਦੀ ਅੱਜ ਉਹਨਾਂ ਦੇ ਪਰਿਵਾਰ ਦੇ ਵੱਲੋਂ ਤੀਸਰੀ ਬਰਸੀ ਐਸ.ਬੀ.ਆਈ ਬੈਂਕ ਦੇ ਕੋਲ ਮਨਾਈ ਗਈ । ਜਿਸ ਵਿੱਚ ਸੰਗਤਾਂ ਦੇ ਵਿੱਚ ਉਨਾਂ ਦੀ ਯਾਦ ਨੂੰ ਸਮਰਪਿਤ ਗੁਰੂ ਜੀ ਦੇ ਨਾਮ ਦਾ ਅਤੁਟ ਲੰਗਰ ਲਗਾਇਆ ਗਿਆ । ਪਰਿਵਾਰਕ ਮੈਂਬਰ ਨੇ ਦੱਸਿਆ ਕਿ ਉਹ ਅੱਜ ਵੀ ਤਜਿੰਦਰ ਕੌਰ ਤੇ ਦੱਸੇ ਹੋਏ ਮਾਰਗ ਦਰਸ਼ਨ ਤੇ ਚੱਲ ਰਹੇ ਹਨ। ਅਤੇ ਉਨਾਂ ਦੇ ਵੱਲੋਂ ਦਿੱਤੇ ਗਏ ਆਸ਼ੀਰਵਾਦ ਦੇ ਤਹਿਤ ਹੀ ਅੱਜ ਸਮੁੱਚਾ ਪਨੇਸਰ ਪਰਿਵਾਰ ਲੋਕਾਂ ਦੀ ਸੇਵਾ ਵਿੱਚ ਸਮਰਪਤ ਹੈ। ਇਸ ਮੌਕੇ ਮਨਮੋਹਨ ਸਿੰਘ ਪਨੇਸਰ , ਜਸਪਾਲ ਸਿੰਘ ਪਨੇਸਰ, ਹਰਜਿੰਦਰ ਸਿੰਘ ਪਨੇਸਰ, ਦਲਜੀਤ ਕੌਰ, ਵਿਸ਼ਵ ਪ੍ਰਤਾਪ ਸਿੰਘ ਪਨੇਸਰ, ਸੁੱਚਾ ਸਿੰਘ ਜੋਹਲ, ਸ੍ਰੀ ਸਾਂਝੀ ਰਾਮ, ਅਸ਼ਵਨੀ ਵਰਮਾ ਆਦਿ ਹਾਜਰ ਸਨ।

# ਰਾਸ਼ਟਰਵਾਦੀ ਪਸਮਾਂਦਾ ਰਾਸ਼ਟਰੀ ਮੁਸਲਿਮ ਮੰਚ ਵੱਲੋਂ ਵੱਕਫ਼ ਅਮੈਂਡਮੈਂਟ ਬਿਲ ਦਾ ਜ਼ੋਰਦਾਰ ਸਵਾਗਤ



ਫਤਿਹਗੜ੍ਹ ਸਾਹਿਬ, 19 ਅਪ੍ਰੈਲ (ਨਰਿੰਦਰ ਸਿੰਘ) : ਰਾਸ਼ਟਰਵਾਦੀ ਪਸਮਾਂਦਾ ਰਾਸ਼ਟਰੀ ਮੁਸਲਿਮ ਮੰਚ ਦੇ ਪੰਜਾਬ ਪ੍ਰਧਾਨ ਐਡਵੋਕੇਟ ਵਿਕਰਮ ਸਾਬਰੀ ਦੀ ਅਗੁਵਾਈ ਵਿੱਚ ਪਸਮਾਂਦਾ ਸਮਾਜ ਵੱਲੋਂ ਰੋਜ਼ਾ ਸ਼ਰੀਫ਼ ਹਜ਼ਰਤ ਮੁਜੱਜਦ ਅਲਫਸ਼ਾਨੀ ਜੀ ਦੀ ਦਰਗਾਹ ਪਰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਲਈ ਚਾਦਰ ਚੜਾਈ ਗਈ ਅਤੇ ਰੋਜਾ ਸ਼ਰੀਫ ਦੇ ਖਲੀਫਾ ਸਾਹਿਬਾਨ ਦੁਆਰਾ ਦੁਆ ਕੀਤੀ ਗਈ ਅਤੇ ਤੁਰੰਤ ਬਾਅਦ ਵੱਕਫ (ਅਮੈਂਡਮੈਂਟ) ਬਿਲ ਦੇ ਸਬੰਧ ਵਿੱਚ ਪਸਮਾਂਦਾ ਮੁਸਲਿਮ ਸਮਾਜ ਵੱਲੋਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਧੰਨਵਾਦ ਕੀਤਾ, ਉਥੇ ਬਿਲ ਦੇ ਸਮਰਥਨ ਵਿੱਚ ਇੱਕ ਸਮਰਥਨ ਪੱਤਰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਨਾਮ ਡਿਪਟੀ ਕਮਿਸ਼ਨਰ ਸ੍ਰੀ ਫਤਿਹਗੜ੍ਹ ਸਾਹਿਬ ਰਾਹੀਂ ਬਿਲ ਦੇ ਸਮਰਥਨ ਵਿੱਚ ਧੰਨਵਾਦ ਪੱਤਰ ਦਿੱਤਾ ਗਿਆ।

ਗੱਲਬਾਤ ਦੌਰਾਨ ਰਾਸ਼ਟਰੀ ਪ੍ਰਧਾਨ ਮੁਹੰਮਦ ਸਮਸਾਦ ਮੀਰ ਅਤੇ ਸੂਬਾ ਪ੍ਰਧਾਨ ਐਡਵੋਕੇਟ ਵਿਕਰਮ ਸਾਬਰੀ ਨੇ ਵੱਕਫ ਅਮੈਂਡਮੈਂਟ ਬਿਲ ਨੂੰ ਮੁਸਲਮਾਨ ਭਾਈਚਾਰੇ ਦੇ ਹੱਕ ਵਿੱਚ ਦੱਸਿਆ ਬਿਲ ਵਿੱਚ ਅਜਿਹੀ ਕੋਈ ਵੀ ਗੱਲ ਐਂਟੀ ਮੁਸਲਿਮ ਨਹੀਂ ਹੈ। ਇਸ ਬਿਲ ਦਾ ਲਾਭ ਗਰੀਬ ਪਸਮਾਂਦਾ ਮੁਸਲਮਾਨਾਂ ਨੂੰ ਮਿਲੇਗਾ ਅਤੇ ਵੱਕਫ ਲੈਂਡ ਮਾਫੀਆ ਤੋਂ ਵੱਕਫ ਪ੍ਰਾਪਰਟੀ ਸੇਫ ਰੱਖਣ ਲਈ ਇਸ ਬਿਲ ਦੀ ਜ਼ਰੂਰਤ ਸੀ, ਜੋ ਦੇਸ਼ ਦੇ ਪ੍ਰਧਾਨਮੰਤਰੀ ਨੇ ਕਰਕੇ ਦਿਖਾਇਆ ਹੈ। ਇਸ ਦੌਰਾਨ ਰਾਸ਼ਟਰੀ ਪ੍ਰਧਾਨ ਮੁਹੰਮਦ ਸ਼ਮਸ਼ਾਦ ਮੀਰ, ਨਸੀਮ ਅਹਿਮਦ, ਮੁਹੰਮਦ ਨੌਸ਼ਾਦ ਮੀਰ, ਸਪੋਕਸਮੈਨ ਬਹਾਦਰ ਖ਼ਾਂ ਧਬਲਾਨ ਮਨਿਓਰਟੀ ਮੋਰਚਾ ਭਾਜਪਾ, ਖਲੀਫਾ ਬੂਟੇ ਸ਼ਾਹ ਸਾਬਰੀ, ਨਜ਼ੀਰ ਮੁਹੰਮਦ, ਮੰਜ਼ੂਰ ਅਲੀ, ਇਮਰਾਨ ਕਲੇਟ, ਦਿਲਬਾਗ ਮਾਨ, ਦੀਪਕ ਕੁਮਾਰ, ਬਾਬਾ ਸਲੀਮ ਸਾਬਰੀ ਆਦਿ ਹਾਜ਼ਰ ਸਨ।

## ਸਿੱਖਿਆ ਕ੍ਰਾਂਤੀ ਨੇ ਸਰਕਾਰੀ ਸਕੂਲਾਂ ਪ੍ਰਤੀ ਲੋਕਾਂ ਦੇ ਵਿਸ਼ਵਾਸ 'ਚ ਕੀਤਾ ਵਾਧਾ : ਵਿਜੈ ਸਿੰਗਲਾ




ਮਾਨਸਾ, 19 ਅਪ੍ਰੈਲ : (ਵਿਰੇਂਦਰਪਾਲ ਮੰਤਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਨੂੰ ਸਹੂਲਤਾਂ ਪ੍ਰਦਾਨ ਕਰਕੇ ਉਨ੍ਹਾਂ ਨੂੰ ਆਧੁਨਿਕ ਬਣਾਇਆ ਜਾ ਰਿਹਾ ਹੈ, ਜਿਸ ਨਾਲ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਬਹੁਤ ਵੱਡੇ ਪੱਧਰ 'ਤੇ ਨਿਖ਼ਾਰ ਆਇਆ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਨੇ ਅੱਜ ਮਾਨਸਾ ਦੇ ਪਿੰਡ ਜੰਡਾਵਾਲਾ, ਮਾਨਸਾ ਪਿੰਡ ਅਤੇ ਗਾਂਧੀ ਨਗਰ ਦੇ ਸਰਕਾਰੀ ਸਕੂਲਾਂ ਵਿੱਚ ਕਰਵਾਏ ਕਾਰਜਾਂ ਦੇ ਉਦਘਾਟਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਹੁਣ ਹਰ ਤਰ੍ਹਾਂ ਦੀ ਵਿੱਦਿਅਕ ਸਹੂਲਤਾਂ ਮਿਲਣ ਲੱਗੀਆਂ ਹਨ, ਜਿਸ ਕਾਰਨ ਸਰਕਾਰੀ ਸਕੂਲਾਂ 'ਚ ਪੜ੍ਹਦੇ ਵਿਦਿਆਰਥੀਆਂ ਦੇ ਸ਼ਾਨਦਾਰ ਨਤੀਜੇ ਆ ਰਹੇ ਹਨ ਅਤੇ ਮੈਰਿਟ ਵਿੱਚ ਉਚ ਸਥਾਨ ਹਾਸਿਲ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀ ਆਧੁਨਿਕ ਪ੍ਰਣਾਲੀ ਨਾਲ ਸਿੱਖਿਅਤ ਹੋਣ ਲੱਗੇ ਹਨ ਅਤੇ ਲੋਕਾਂ ਦਾ ਸਰਕਾਰੀ ਸਕੂਲਾਂ ਪ੍ਰਤੀ ਵਿਸ਼ਵਾਸ ਵਧਿਆ ਹੈ। ਉਨ੍ਹਾਂ ਦੱਸਿਆ ਕਿ ਹੁਣ ਮਾਪੇ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਦੀ ਥਾਂ ਸਰਕਾਰੀ ਸਕੂਲਾਂ ਵਿੱਚ ਲਗਾਉਣ ਨੂੰ ਤਰਜੀਹ ਦੇਣ ਲੱਗੇ ਹਨ ਅਤੇ ਇਹ ਸਭ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਜੀ ਦੀ ਦੂਰ-ਅੰਦੇਸ਼ੀ ਸੋਚ ਸਦਕਾ ਸੰਭਵ ਹੋਇਆ ਹੈ। ਉਨ੍ਹਾਂ ਦੱਸਿਆ ਕਿ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿੱਚ ਹਰ ਤਰ੍ਹਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ, ਤਾਂ ਜੋ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਕੋਈ ਕਮੀ ਸਾਹਮਣੇ ਨਾ ਆਵੇ।ਉਨ੍ਹਾਂ ਕਿਹਾ ਕਿ ਜਿੱਥੇ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਦਾ ਹਾਣੀ ਬਣਾਉਣ ਲਈ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਟ੍ਰੇਨਿੰਗ ਲਈ ਭੇਜਿਆ ਜਾਂਦਾ ਹੈ, ਉਥੇ ਹੀ ਵਿਦਿਆਰਥੀਆਂ ਨੂੰ ਵੀ ਵੱਖ-ਵੱਖ ਥਾਵਾਂ ਦੀ ਜਾਣਕਾਰੀ ਦੇਣ ਲਈ ਵਿੱਦਿਅਕ ਟੂਰਾਂ ਦਾ ਵੀ ਆਯੋਜਨ ਕੀਤਾ ਜਾਂਦਾ ਹੈ।ਅੱਜ ਦੇ ਉਦਘਾਟਨ ਸਮਾਰੋਹ ਦੌਰਾਨ ਵਿਧਾਇਕ ਵੱਲੋਂ ਸਰਕਾਰੀ ਸਕੂਲਾਂ ਵਿੱਚ 30 ਲੱਖ 47 ਹਜ਼ਾਰ ਦੇ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ। ਸਰਕਾਰੀ ਮਿਡਲ ਸਕੂਲ ਜੰਡਾਵਾਲਾ ਵਿਖੇ 6 ਲੱਖ 75 ਹਜ਼ਾਰ ਦੀ ਲਾਗਤ ਨਾਲ ਨਵੀਂ ਚਾਰਦੀਵਾਰੀ, ਸਰਕਾਰੀ ਪ੍ਰਾਇਮਰੀ ਸਕੂਲ ਮਾਨਸਾ ਪਿੰਡ ਵਿਖੇ 9 ਲੱਖ 55 ਹਜ਼ਾਰ ਦੀ ਲਾਗਤ ਨਾਲ ਨਵੇਂ ਕਮਰੇ ਅਤੇ 4 ਲੱਖ 67 ਹਜ਼ਾਰ ਦੀ ਲਾਗਤ ਨਾਲ ਹੋਰ ਜ਼ਰੂਰੀ ਕੰਮਾਂ ਦਾ ਉਦਘਾਟਨ ਕੀਤਾ ਗਿਆ। ਇਸੇ ਤਰ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਗਾਂਧੀ ਨਗਰ ਵਿਖੇ 9 ਲੱਖ 50 ਹਜ਼ਾਰ ਦੀ ਲਾਗਤ ਨਾਲ ਨਵੀਂ ਚਾਰਦੀਵਾਰੀ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਹਲਕਾ ਕੋਆਰਡੀਨੇਟਰ ਅਜੈਬ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਪਰਮਜੀਤ ਸਿੰਘ, ਪ੍ਰਿੰਸੀਪਲ ਡਾ. ਵਿਜੈ ਮਿੱਢਾ, ਪ੍ਰਿੰਸੀਪਲ ਬੇਅੰਤ ਸਿੰਘ, ਇੰਚਾਰਜ ਜੰਡਾਵਾਲਾ ਸਕੂਲ ਅਨੂ ਰਾਣੀ, ਹੈਡ ਟੀਚਰ ਕਿਰਨਪਾਲ ਕੌਰ, ਜਗਮੋਹਨ ਸਿੰਘ, ਮੀਡੀਆ ਇੰਚਾਰਜ ਵਿਜੈ ਚਰਾਇਆ, ਜਗਜੀਵਨ ਸਿੰਘ, ਡਾ. ਭਰਪੂਰ ਸਿੰਘ, ਹੈਡ ਮਾਸਟਰ ਮਨੀਸ਼ ਕੁਮਾਰ ਤੋਂ ਇਲਾਵਾ ਸਕੂਲ ਦਾ ਸਟਾਫ਼ ਅਤੇ ਵਿਦਿਆਰਥੀ ਮੌਜੂਦ ਸਨ।

# ਸੂਬਾ ਸਰਕਾਰ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਵਚਨਬੱਧ : ਜਗਸੀਰ ਸਿੰਘ

## ਵੱਖ-ਵੱਖ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



ਭੁੱਚੋ ਮੰਡੀ (ਬਠਿੰਡਾ), 19 ਅਪ੍ਰੈਲ (ਜਗਸੀਰ ਭੁੱਲਰ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਜਿੱਥੇ ਰਾਜ ਨੂੰ ਨਸ਼ਾ, ਭ੍ਰਿਸ਼ਟਾਚਾਰ, ਬੇਰੋਜ਼ਗਾਰੀ ਮੁਕਤ ਬਣਾਉਣ ਚਾਹੁੰਦੀ ਹੈ ਉਥੇ ਹੀ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਵੀ ਪੂਰੀ ਤਰ੍ਹਾਂ ਵਚਨਵੱਧ ਤੇ ਯਤਨਸ਼ੀਲ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਵਿਧਾਇਕ ਭੁੱਚੋ ਮਾਸਟਰ ਜਗਸੀਰ ਸਿੰਘ ਨੇ ਜ਼ਿਲ੍ਹੇ ਦੇ ਪਿੰਡ ਭੁੱਚੋ ਮੰਡੀ ਦੇ ਸਰਕਾਰੀ ਹਾਈ ਸਕੂਲ 'ਚ ਕਰਵਾਏ ਗਏ 'ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ ਸਮਾਗਮ 'ਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਮੌਕੇ ਕੀਤਾ।ਇਸ ਮੌਕੇ ਵਿਧਾਇਕ ਮਾਸਟਰ ਜਗਸੀਰ ਸਿੰਘ ਨੇ ਕਿਹਾ ਕਿ ਬੱਚਿਆਂ ਦੇ ਸੁਨਹਿਰੀ ਭਵਿੱਖ ਨੂੰ ਸਿਰਜਣ ਲਈ ਸੂਬਾ ਸਰਕਾਰ ਹਮੇਸ਼ਾ ਤਤਪਰ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸੂਬਾ ਸਰਕਾਰ ਨਸ਼ਿਆ ਦੀ ਚੇਨ ਨੂੰ ਤੋੜਨ ਦੇ ਲਈ ਵੱਡੀ ਲੜਾਈ ਲੜ ਰਹੀ ਹੈ, ਜਿਸ ਦੇ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਸੁਪਨਾ ਹੈ ਕਿ ਪੰਜਾਬ ਦਾ ਹਰ ਨੌਜਵਾਨ ਪੜ੍ਹ-ਲਿਖ ਕੇ ਆਪਣੇ ਸੁਪਨਿਆਂ ਦੀ ਪੂਰਤੀ ਕਰੇ।ਇਸ ਮੌਕੇ ਮਾਸਟਰ ਜਗਸੀਰ ਸਿੰਘ ਨੇ ਵਿਦਿਆਰਥੀਆਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ ਸਖਤ ਮਿਹਨਤ ਕਰਕੇ ਬੁਲੰਦੀਆਂ ਨੂੰ ਛੂਹਣ ਅਤੇ ਆਪਣੇ ਅਧਿਆਪਕਾਂ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰਨ। ਇਸ ਉਪਰੰਤ ਉਨ੍ਹਾਂ ਵਲੋਂ ਹਲਕੇ ਦੇ ਪਿੰਡਾਂ ਸਰਕਾਰੀ ਹਾਈ ਸਕੂਲ (ਲੜਕੀਆਂ) ਭੁੱਚੋ ਮੰਡੀ, ਸਰਕਾਰੀ ਪ੍ਰਾਇਮਰੀ ਸਕੂਲ (ਲੜਕੇ) ਭੁੱਚੋ ਮੰਡੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਭੁੱਚੋ ਮੰਡੀ, ਸਰਕਾਰੀ ਪ੍ਰਾਇਮਰੀ ਸਕੂਲ ਚੱਕ ਬਖਤੂ ਅਤੇ ਸਰਕਾਰੀ ਪ੍ਰਾਇਮਰੀ ਅਤੇ ਸਰਕਾਰੀ ਹਾਈ ਸਕੂਲ ਚੱਕ ਰਾਮ ਸਿੰਘ ਵਾਲਾ ਵਿਖੇ ਵੀ ਸਿੱਖਿਆ ਕ੍ਰਾਂਤੀ ਦੇ ਮੱਦੇਨਜ਼ਰ ਸਕੂਲਾਂ ਵਿੱਚ ਹੋਏ ਕਾਰਜਾਂ ਦਾ ਉਦਘਾਟਨ ਵੀ ਕੀਤਾ।

## ਜਰਨਲਿਸਟ ਐਸੋਸੀਏਸ਼ਨ ਧਨੌਲਾ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਕਰਵਾਇਆ ਸੈਮੀਨਾਰ ਯਾਦਗਰ ਹੋ ਨਿਬੜਿਆ

ਧਨੌਲਾ,19 ਅਪ੍ਰੈਲ (ਚਮਕੌਰ ਸਿੰਘ ਗੱਗੀ): ਜਰਨਲਿਸਟ ਐਸੋਸੀਏਸ਼ਨ ਧਨੌਲਾ ਵੱਲੋਂ ਨਸ਼ਿਆਂ ਦੇ ਮਾੜੇ ਪ੍ਰਭਾਵ ਨੂੰ ਖਤਮ ਕਰਨ ਲਈ ਅਤੇ ਨਸ਼ਿਆਂ ਵਿੱਚ ਗਰਕ ਰਹੀ ਨੌਜਵਾਨੀ ਨੂੰ ਜਾਗਰੂਕ ਕਰਨ ਲਈ ਕਰਵਾਇਆ ਸੈਮੀਨਾਰ ਯਾਦਗਰ ਹੋ ਨਿੱਬੜਿਆ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਧਨੌਲਾ ਵਿੱਚ ਜਰਨਲਿਸਟ ਐਸੋਸੀਏਸ਼ਨ ਧਨੌਲਾ ਵੱਲੋਂ ਪਿੰਸੀਪਲ ਉਰਵਸੀ ਗੁਪਤਾ ਦੇ ਸਹਿਯੋਗ ਸਦਕਾ ਯੁੱਧ ਨਸ਼ਿਆ ਵਿਰੁੱਧ ਬੈਨਰ ਥੱਲੇ ਇਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ । ਜਿਸ ਵਿੱਚ ਲੋਕ ਸਭਾ ਹਲਕਾ ਸੰਗਰੂਰ ਤੋਂ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ, ਏ ਡੀ ਸੀ ਵਿਕਾਸ ਸ੍ਰੀ ਸਤਵੰਤ ਸਿੰਘ ਅਤੇ ਡੀ ਐਸ ਪੀ ਬਰਨਾਲਾ ਸ਼੍ਰੀ ਸਤਵੀਰ ਸਿੰਘ ਬੈਂਸ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ,। ਇਸ ਸਮਾਗਮ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕਿਆਂ ਧਨੌਲਾ, ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਧਨੌਲਾ, ਪੰਜਾਬ ਪਬਲਿਕ ਸਕੂਲ ਮਾਨਾ ਪਿੰਡੀ ਧਨੌਲਾ, ਸਮੇਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਨੇ ਭਾਗ ਲਿਆ, ਉੱਥੇ ਇਸ ਸਮਾਗਮ ਵਿੱਚ ਧਨੌਲਾ ਦੀਆਂ ਰਾਜਨੀਤਿਕ ਧਾਰਮਿਕ ਅਤੇ ਸਮਾਜਿਕ,ਅਤੇ ਕਿਸਾਨ ਜਥੇਬੰਦੀਆਂ ਨੇ ਵੀ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਇਸ ਸਮਾਗਮ ਦੇ ਸ਼ੁਰੂ ਵਿੱਚ ਸੀ ਨਸ਼ਿਆਂ ਦੇ ਸਬੰਧ ਵਿੱਚ ਇੱਕ ਪੋਇਮ ਸਕੂਲੀ ਬੱਚਿਆਂ ਵੱਲੋਂ ਗਾਇਨ ਕੀਤੀ ਗਈ । ਇਸ ਉਪਰੰਤ ਵਿਸੇਸ ਤੌਰ 'ਤੇ ਪਹੁੰਚੇ ਸਕੂਲੀ ਵਿਦਿਆਰਥੀਆਂ ਵੱਲੋਂ ਨਸ਼ਿਆਂ ਸਬੰਧੀ ਨੁੱਕੜ ਨਾਟਕ, ਕਵਿਤਾਵਾਂ ਆਦਿ ਦਾ ਮੰਚਣ ਕੀਤਾ, ਉਪ ਜਿਲਾ ਸਿੱਖਿਆ ਅਫਸਰ ਬਲਜਿੰਦਰ ਪਾਲ ਬਰਨਾਲਾ ਵੱਲੋਂ ਤਿਆਰ ਕੀਤੀ ਸਕੂਲੀ ਬੱਚਿਆਂ ਦੀ ਟੀਮ ਵੱਲੋਂ ਇੱਕ ਨੁੱਕੜ ਨਾਟਕ ਖੇਡਿਆ ਗਿਆ, ਇਸ ਦੌਰਾਨ ਲੋਕ ਭਲਾਈ ਵੈਲਫੇਅਰ ਸੋਸਾਇਟੀ ਮਹਿਲ ਕਲਾਂ ਵੱਲੋਂ ਨਸ਼ਿਆ ਨੇ ਬਰਬਾਦ ਕੀਤੀ ਇਕ ਪਰਿਵਾਰ ਦੀ ਜ਼ਿੰਦਗੀ ਦੀ ਕਹਾਣੀ ਨੂੰ ਹੂਬਹੂ ਦਰਸਾਉਂਦਾ ਨਾਟਕ ਨਵੀਂ ਜ਼ਿੰਦਗੀ ਖੇਡ ਕੇ ਦਰਸ਼ਕਾ ਨੂੰ ਭਾਵਕ ਕੀਤਾ।

## ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਸਰਕਾਰ ਨੇ ਸਕੂਲਾਂ ਦੀ ਨੁਹਾਰ ਬਦਲੀ : ਗੁਰਪ੍ਰੀਤ ਬਣਾਂਵਾਲੀ




ਮਾਨਸਾ 19 ਅਪ੍ਰੈਲ (ਜੀਵਨ ਸਿੰਘ ਕ੍ਰਾਂਤੀ /ਰਮੇਸ਼ ਸਿੰਗਲਾ)ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਿੱਖਿਆ ਕਰਾਂਤੀ ਤਹਿਤ ਸਰਕਾਰੀ ਸਕੂਲਾਂ ਦੀ ਨੁਹਰ ਬਦਲੀ ਹੈ। ਸਰਕਾਰੀ ਸਕੂਲ ਹੁਣ ਕਿਸੇ ਵੀ ਪੱਖ ਤੋਂ ਘੱਟ ਨਹੀਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਸਰਦੂਲਗੜ੍ਹ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਹਲਕਾ ਸਰਦੂਲਗੜ੍ਹ ਦੇ ਪਿੰਡ ਦਲੀਏਵਾਲੀ, ਧਿੰਗੜ, ਅਤੇ ਚਹਿਲਾਂਵਾਲਾ ਦੇ ਸਰਕਾਰੀ ਸਕੂਲਾਂ 'ਚ ਵੱਖ ਵੱਖ ਪ੍ਰੋਜੈਕਟਾਂ ਦਾ ਉਦਘਾਟਨ ਕਰਨ ਮੌਕੇ ਕੀਤਾ।ਵਿਧਾਇਕ ਬਣਾਂਵਾਲੀ ਨੇ ਕਿਹਾ ਕਿ ਸਾਡੀ ਸਰਕਾਰ ਵੱਲੋਂ ਸਕੂਲਾਂ ਅੰਦਰ ਬੁਨਿਆਦੀ ਢਾਂਚੇ ਤੋਂ ਇਲਾਵਾ, ਆਧੁਨਿਕ ਕਲਾਸਰੂਮ, ਪ੍ਰੋਜੈਕਟਰ, ਲਾਇਬ੍ਰੇਰੀਆਂ, ਮਾਡਰਨ ਸਾਇੰਸ ਲੈਬਜ਼ ਦਾ ਨਿਰਮਾਣ ਕੀਤਾ ਗਿਆ ਹੈ ਉੱਥੇ ਹੀ ਗੁਣਵੱਤਾ ਭਰਪੂਰ ਸਿੱਖਿਆ ਲਈ ਚੰਗੇ ਅਧਿਆਪਕ ਵੀ ਮੁਹੱਈਆ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿਚ ਲੋਕਾਂ ਦਾ ਵਿਸ਼ਵਾਸ ਪੈਦਾ ਕਰਨ ਲਈ ਲੋਕ ਮਿਲਣੀਆਂ ਦੇ ਮੰਤਵ ਤਹਿਤ ਪੰਜਾਬ ਸਿੱਖਿਆ ਕਰਾਂਤੀ ਮੁਹਿੰਮ ਸ਼ੁਰੂ ਕੀਤੀ ਗਈ ਹੈ ਤਾਂ ਜੋ ਵਿਦਿਆਰਥੀਆਂ ਦੇ ਮਾਪੇ ਸਰਕਾਰੀ ਸਕੂਲਾਂ ਵਿਚ ਆਪਣੇ ਬੱਚਿਆਂ ਨੂੰ ਮਿਲਣ ਵਾਲੀਆਂ ਸਹੂਲਤਾਂ ਅਤੇ ਸਿੱਖਿਆ ਤੋਂ ਜਾਣੂ ਹੋ ਸਕਣ ਅਤੇ ਵੱਧ ਤੋਂ ਵੱਧ ਦਾਖ਼ਲੇ ਸਰਕਾਰੀ ਸਕੂਲਾਂ ਵਿਚ ਕਰਵਾਉਣ।ਹਿਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਚਾਰਦੀਵਾਰੀ, ਅਤੇ 07 ਲੱਖ 51 ਹਜ਼ਾਰ ਰੁਪਏ ਨਾਲ ਤਿਆਰ ਕਲਾਸਰੂਮ ਦਾ ਉਦਘਾਟਨ ਕੀਤਾ।ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਪਰਮਜੀਤ ਭੋਗਲ, ਹਲਕਾ ਸਿੱਖਿਆ ਕੋਆਰਡੀਨੇਟਰ ਐਡਵੋਕੇਟ ਨਵਦੀਪ ਸ਼ਰਮਾ, ਪ੍ਰਿੰਸੀਪਲ ਦਿਲਪ੍ਰੀਤ ਸਿੰਘ, ਪਿਤਵੰਤੇ ਮੌਜੂਦ ਸਨ।

## ਨਸ਼ਾ ਤਸਕਰੀ ਕਰਨ ਵਾਲੇ ਐਮ. ਸੀ. ਦੇ ਘਰ 'ਤੇ ਚੱਲਿਆ ਪੀਲਾ ਪੰਜਾ



ਮਾਨਸਾ, 19 ਅਪ੍ਰੈਲ (ਵਿਰੇਂਦਰਪਾਲ ਮੰਤਰੋ): ਸਰਕਾਰ ਦੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਨਗਰ ਕੌਂਸਲ ਦੀ ਜ਼ਮੀਨ ਉੱਪਰ ਅਣਅਧਿਕਾਰਤ ਤੌਰ 'ਤੇ ਕਬਜ਼ਾ ਕਰ ਕੇ ਅਤੇ ਘਰ ਬਣਾਕੇ ਨਸ਼ਾ ਵੇਚਣ ਵਾਲੇ ਐਮ.ਸੀ. ਤਸਕਰ ਦੇ ਕਬਜ਼ੇ ਵਾਲੇ ਘਰ ਉੱਪਰ ਨਗਰ ਕੌਂਸਲ ਨੇ ਪੁਲਿਸ ਦੀ ਮੌਜੂਦਗੀ ਵਿੱਚ ਪੀਲਾ ਪੰਜਾ ਚਲਾ ਕੇ ਇਸ ਨੂੰ ਢਾਹ ਦਿੱਤਾ ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਐਸ.ਪੀ. ਮਾਨਸਾ ਸ਼੍ਰੀ ਭਾਗੀਰਥ ਸਿੰਘ ਮੀਨਾ ਨੇ ਦੱਸਿਆ ਕਿ ਅਜੇ ਕੁਮਾਰ ਉਰਫ਼ ਬੋਨੀ ਵੱਲੋਂ ਨਗਰ ਕੌਂਸਲ ਦੀ ਜ਼ਮੀਨ ਉੱਪਰ ਅਣ-ਅਧਿਕਾਰਤ ਉਸਾਰੀ ਕਰਕੇ ਘਰ ਬਣਾਕੇ ਨਸ਼ਾ ਵੇਚਿਆ ਜਾ ਰਿਹਾ ਸੀ। ਇਸ ਦੇ ਉੱਪਰ ਪਹਿਲਾਂ ਵੀ 16 ਐਫ਼.ਆਈ.ਆਰ ਦਰਜ ਹਨ ਅਤੇ ਜਿਨ੍ਹਾਂ ਵਿੱਚੋਂ 5 ਐਨ.ਡੀ.ਪੀ.ਐਸ. ਦੇ ਪਰਚੇ ਦਰਜ ਸਨ। ਉਨ੍ਹਾਂ ਦੱਸਿਆ ਕਿ ਬੀਤੀ ਦਿਨੀਂ ਸ਼ਾਮ ਨੂੰ ਵੀ ਇਹ ਐਮ.ਸੀ.ਨਸ਼ਾ ਵੇਚਣ ਦਾ ਕੰਮ ਕਰ ਰਿਹਾ ਸੀ, ਜਿਸ ਨੂੰ ਪੁਲਿਸ ਵੱਲੋਂ ਮੌਕੇ 'ਤੇ ਹੀ ਦਬੋਚ ਲਿਆ ਗਿਆ ਅਤੇ ਐਨ.ਡੀ.ਪੀ.ਸੀ. ਐਕਟ ਤਹਿਤ ਪਰਚਾ ਕੀਤਾ ਗਿਆ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਐਸ.ਡੀ.ਐਮ. ਮਾਨਸਾ ਸ਼੍ਰੀ ਕਾਲਾ ਰਾਮ ਕਾਂਸਲ ਨੇ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਅਤੇ ਉੱਚ ਅਧਿਕਾਰੀਆਂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਮਾਨਸਾ ਦੇ ਵਾਰਡ ਨੰਬਰ 16 ਦੇ ਵੀਰ ਨਗਰ ਮੁਹੱਲੇ ਵਿਖੇ ਐਮ.ਸੀ ਵੱਲੋਂ ਸਰਕਾਰੀ ਜ਼ਮੀਨ ਉੱਪਰ ਨਜਾਇਜ਼ ਨਜਾਇਜ਼ ਕਬਜ਼ਾ ਕਰਕੇ ਘਰ ਬਣਾ ਕੇ ਨਸ਼ੇ ਦੀ ਤਸਕਰੀ ਕਰਨ ਵਾਲੇ ਦਾ ਘਰ ਢਾਇਆ ਗਿਆ ਹੈ। ਇਸ ਮੌਕੇ ਐਸ.ਪੀ. ਐਚ ਸ਼੍ਰੀ ਜਸਕੀਰਤ ਸਿੰਘ ਅਹੀਰ, ਐਸ.ਪੀ.ਡੀ. ਸ਼੍ਰੀ ਮਨਮੋਹਨ ਸਿੰਘ ਔਲਖ, ਡੀ.ਐਸ.ਪੀ. ਸ਼੍ਰੀ ਬੂਟਾ ਸਿੰਘ ਗਿੱਲ, ਨਾਇਬ ਤਹਿਸੀਲਦਾਰ ਅਰਾਧਨਾ ਖੋਸਲਾ, ਥਾਣਾ ਮੁਖੀ ਬੇਅੰਤ ਕੌਰ, ਕਾਰਜ ਸਾਧਕ ਅਫ਼ਸਰ ਮਾਨਸਾ ਬਲਵਿੰਦਰ ਸਿੰਘ, ਗਗਨਜੀਤ ਸਿੰਘ ਵਾਲੀਆ , ਜੇ.ਈ. ਰਾਕੇਸ਼ ਕੁਮਾਰ, ਮਹਿੰਦਰ ਸਿੰਘ, ਤਰਸੇਮ ਸਿੰਘ, ਇੰਸਪੈਕਟਰ ਧਰਮ ਪਾਲ, ਇੰਸਪੈਕਟਰ ਬਲਵਿੰਦਰ ਸਿੰਘ ਤੋਂ ਇਲਾਵਾ ਹੋਰ ਵੀ ਸਿਵਲ ਅਤੇ ਪੁਲਿਸ ਅਧਿਕਾਰੀ ਮੌਜੂਦ ਸਨ।ਡੀ.ਐਸ.ਪੀ. ਸ਼੍ਰੀ ਬੂਟਾ ਸਿੰਘ ਗਿੱਲ, ਨਾਇਬ ਤਹਿਸੀਲਦਾਰ ਅਰਾਧਨਾ ਖੋਸਲਾ, ਥਾਣਾ ਮੁਖੀ ਬੇਅੰਤ ਕੌਰ, ਕਾਰਜ ਸਾਧਕ ਅਫ਼ਸਰ ਮਾਨਸਾ ਬਲਵਿੰਦਰ ਸਿੰਘ, ਗਗਨਜੀਤ ਸਿੰਘ ਵਾਲੀਆ , ਜੇ.ਈ. ਰਾਕੇਸ਼ ਕੁਮਾਰ, ਮਹਿੰਦਰ ਸਿੰਘ, ਤਰਸੇਮ ਸਿੰਘ, ਇੰਸਪੈਕਟਰ ਧਰਮ ਪਾਲ, ਇੰਸਪੈਕਟਰ ਬਲਵਿੰਦਰ ਸਿੰਘ ਮੌਜੂਦ ਸਨ।

## ਪਿੰਡ ਜਿਉਂਦ ਲਾਗੇ ਅੱਗ ਲੱਗਣ ਕਾਰਨ ਕਈ ਏਕੜ ਖੜੀ ਕਣਕ ਸੜਕੇ ਸੁਆਹ



ਬਠਿੰਡਾ, 19 ਅਪ੍ਰੈਲ (ਜਗਸੀਰ ਭੁੱਲਰ): ਪਿੰਡ ਜਿਉਂਦ ਲਾਗੇ ਅੱਜ ਖੜ੍ਹੀ ਕਣਕ ਨੂੰ ਅੱਗ ਲੱਗਣ ਕਾਰਨ ਕਈ ਕਿਸਾਨਾਂ ਦੀ ਕਈ ਏਕੜ ਪੱਕੀ ਖੜ੍ਹੀ ਕਣਕ ਸੜਕੇ ਸੁਆਹ ਹੋਣ ਦੀ ਖ਼ਬਰ ਹੈ । ਇਸ ਅੱਗ ਲੱਗਣ ਦਾ ਪਤਾ ਚੱਲਦਿਆਂ ਹੀ ਲਾਗਲੇ ਪਿੰਡ ਘੜੈਲੀ , ਜਿਉਂਦ , ਜੇਠੂਕੇ , ਘੜੈਲਾ, ਤਾਜੋਕੇ ਆਦਿ ਲਾਗਲੇ ਪਿੰਡਾਂ ਦੇ ਲੋਕਾਂ ਨੇ ਵੱਡੀ ਗਿਣਤੀ ਚ ਆਪੋ -ਆਪਣੇ ਸਾਧਨਾਂ ਨਾਲ ਅਤੇ ਪਿੰਡ ਘੜੈਲੀ ਦੇ ਨੌਜਵਾਨਾਂ ਨੇ ਅੱਗ ਬੁਝਾਊ ਮੋਬਾਇਲ ਵਾਟਰ ਟੈਂਕੀ ਦੀ ਸਹਾਇਤਾ ਨਾਲ ਇਸ ਅੱਗ ਨੂੰ ਬੁਝਾਉਣ ਲਈ ਯਤਨ ਆਰੰਭ ਦਿੱਤੇ ਅਤੇ ਫਾਇਰ ਬ੍ਰਿਗੇਡ ਦੀਆਂ ਦੋ ਗੱਡੀਆਂ ਨੇ ਵੀ ਸੂਚਨਾ ਮਿਲਦਿਆਂ ਹੀ ਪਹੁੰਚਕੇ ਇਸ ਭਿਆਨਕ ਅੱਗ ਤੇ ਬੜੀ ਮੁਸ਼ੱਕਤ ਨਾਲ ਕਾਬੂ ਪਾਇਆ । ਭਾਵੇਂ ਇਸ ਅੱਗ ਲੱਗਣ ਦੇ ਕਾਰਨਾਂ ਬਾਰੇ ਅਜੇ ਪੁਖਤਾ ਤੌਰ 'ਤੇ ਪਤਾ ਨਹੀ ਲੱਗ ਸਕਿਆ। ਪਰੰਤੂ ਘਟਨਾ ਸਥਾਨ 'ਤੇ ਹਾਜਰ ਲੋਕਾਂ ਵਲੋਂ ਇਸ ਨੂੰ ਬਿਜਲੀ ਦੇ ਸਾਟ ਸਰਕਟ ਕਾਰਨ ਹੋਇਆ ਸਮਝਿਆ ਜਾ ਰਿਹਾ ਹੈ। ਇਸ ਮੌਕੇ ਇਕੱਤਰ ਪਿੰਡ ਦੇ ਲੋਕਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਗ ਲੱਗਣ ਕਾਰਨ ਪਿੰਡ ਜਿਉਂਦ ਦੇ ਕਿਸਾਨ ਸਵਰਾਜ ਸਿੰਘ ਦੀ ਕਰੀਬ 10 ਏਕੜ ਕਣਕ , ਗੁਰਵੀਰ ਸਿੰਘ ਦੀ ਕਰੀਬ ਸਾਢੇ ਤਿੰਨ ਏਕੜ ਕਣਕ , ਨਛੱਤਰ ਸਿੰਘ ਜਿਉਂਦ ਦੀ ਕਰੀਬ 2 ਏਕੜ ਖੜ੍ਹੀ ਕਣਕ ਅੱਗ ਲੱਗਣ ਕਾਰਨ ਸੜਕੇ ਸੁਆਹ ਹੋਈ ਦੱਸੀ ਜਾ ਰਹੀ ਹੈ। ਸਬੰਧਿਤ ਕਿਸਾਨਾਂ ਦਾ ਲੱਖਾਂ ਰੁਪਏ ਦਾ ਵੱਡਾ ਆਰਥਿਕ ਨੁਕਸਾਨ ਹੋ ਗਿਆ ਹੈ । ਇਸ ਤੋਂ ਇਲਾਵਾ ਕੁਝ ਹੋਰ ਲਾਗਲੇ ਕਿਸਾਨਾਂ ਦਾ ਕਣਕ ਦਾ ਟਾਂਗਰ ਵੀ ਮੱਚਿਆ ਦੱਸਿਆ ਜਾ ਰਿਹਾ ਹੈ।ਲੋਕਾਂ ਨੇ ਸਰਕਾਰ ਤੋਂ ਪੁਰਜੋਰ ਮੰਗ ਕੀਤੀ ਹੈ ਕਿ ਅੱਗ ਲੱਗਣ ਕਾਰਨ ਉਕਤ ਕਿਸਾਨਾਂ ਦੀ ਨੁਕਸਾਨ ਹੋਈ ਫਸਲ ਦੀ ਵਿਸ਼ੇਸ਼ ਗਿਰਦਾਵਰੀ ਕਰਵਾਕੇ ਪੀੜਤ ਕਿਸਾਨਾਂ ਨੂੰ ਯੋਗ ਮੁਆਵਜਾ ਦਿੱਤਾ ਜਾਵੇ ।

## ਸੇਂਟ ਜ਼ੇਵੀਅਰਜ਼ ਸਕੂਲ ਰਾਮਪੁਰਾ ਫੂਲ 'ਚ 'ਕਾਉਂਸਿਲ ਇੰਡਕਸ਼ਨ 2025-ਇਨਵੈਸਟਰ ਸੈਰੇਮਨੀ



ਬਠਿੰਡਾ, 19 ਅਪ੍ਰੈਲ ( ਇੰਦਰਪਾਲ ਬਾਂਸਲ):ਜ਼ੇਵੀਅਰਜ਼ ਸਕੂਲ ਰਾਮਪੁਰਾ ਫੂਲ ਵਿਖੇ ਇਨਵੈਸਟਰ ਸੈਰੇਮਨੀ ਸਮਾਰੋਹ19 ਅਪ੍ਰੈਲ 2025 ਨੂੰ 'ਕਾਉਂਸਿਲ ਇੰਡਕਸ਼ਨ ਲੀਡਰਸ਼ਿਪ ਵਿਚ ਕਦਮ ਰੱਖਣਾ ਥੀਮ ਅਨੁਸਾਰ ਬੜੇ ਹੀ ਉਤਸਾਹ ਨਾਲ ਕਰਵਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਮਹਿਮਾਨਾਂ ਨਾਲ ਜਾਣ- ਪਛਾਣ ਕਰਵਾ ਕੇ ਕੀਤੀ ਗਈ । ਜਿਸ ਤੋਂ ਬਾਅਦ ਮੁੱਖ ਮਹਿਮਾਨ ਸਰਦਾਰ ਅਮਰਦੀਪ ਢਿੱਲੋਂ ਪੁੱਤਰ ਸਰਦਾਰ ਸੁਖਦੇਵ ਸਿੰਘ ਢਿੱਲੋਂ ,ਸਕੂਲ ਦੇ ਮੈਨੇਜਰ ਫਾਦਰ ਐਂਡਰਿਊ ਫਰਨਾਂਡੇਜ, ਪ੍ਰਿੰਸੀਪਲ ਫਾਦਰ ਯੂਲਾਲੀਓ ਫਰਨਾਂਡੇਜ ਅਤੇ ਕੋਆਰਡੀਨੇਟਰ ਮੈਡਮ ਪ੍ਰੇਮ ਲਤਾ ਤੇ ਮੈਡਮ ਅੰਜੂ ਬਾਲਾ ਦਾ ਨਿੱਘਾ ਸਵਾਗਤ ਕੀਤਾ ਗਿਆ । ਦੀਪ ਜਗਾ ਕੇ ਪਰਮਾਤਮਾ ਤੋਂ ਪ੍ਰੋਗਰਾਮ ਸ਼ੁਰੂ ਕਰਨ ਦਾ ਅਸ਼ੀਰਵਾਦ ਲਿਆ । ਸਕੂਲ ਦੇ ਵਿੱਦਿਆਰਥੀਆਂ ਵੱਲੋਂ ਲੀਡਰਸ਼ਿਪ ਵਿੱਚ ਕਦਮ ਰੱਖਣਾ ਸਿਰਲੇਖ ਅਨੁਸਾਰ ਗਰੁੱਪ ਡਾਂਸ ਤੇ ਇੱਕ ਉਤਸ਼ਾਹੀ ਗੀਤ 'ਰਾਈਜ਼ ਟੂ ਲੀਡ' ਪੇਸ਼ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਫਾਦਰ ਯੂਲਾਲੀਓ ਫਰਨਾਂਡਿਜ ਨੇ ਨਵੇਂ ਚੁਣੇ ਹੋਏ ਕੈਬਨਿਟ ਮੈਂਬਰਾਂ ਨੂੰ ਮੁਬਾਰਕਾਂ ਦਿੰਦੇ ਹੋਏ ਆਪਣੀਆਂ ਜਿੰਮੇਵਾਰੀਆਂ ਨਿਮਰਤਾ ਅਤੇ ਇਮਾਨਦਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਤੋਂ ਬਾਅਦ ਨਵੇਂ ਚੁਣੇ ਹੋਏ ਕੈਬਨਿਟ ਮੈਂਬਰਾਂ ਦੀ ਜਾਣ -ਪਛਾਣ ਕਰਵਾ ਕੇ ਉਹਨਾਂ ਨੂੰ ਬੈਜ਼ ਤੇ ਸੈਸ਼ੇ ਪਹਿਨਾਏ ਗਏ। ਨਵੀਂ ਚੁਣੀ ਹੋਈ ਕੈਬਨਿਟ ਵੱਲੋਂ ਆਪਣੀਆਂ ਡਿਊਟੀਆਂ ਜ਼ਿੰਮੇਵਾਰੀ ਤੇ ਇਮਾਨਦਾਰੀ ਨਾਲ ਨਿਭਾਉਣ ਲਈ ਸੌਂ ਚੁੱਕੀ ਗਈ। ਸਕੂਲ ਦੇ ਵਿਦਿਆਰਥੀਆਂ ਵੱਲੋਂ ਜ਼ੇਵੀਅਰ ਐਂਥਮ ਪੇਸ਼ ਕੀਤਾ ਗਿਆ । ਮੁੱਖ ਮਹਿਮਾਨ ਸਰਦਾਰ ਅਮਰਦੀਪ ਢਿੱਲੋਂ ਨੇ ਆਪਣੇ ਪ੍ਰੇਰਨਾਦਾਇਕ ਭਾਸ਼ਣ ਵਿੱਚ ਵਿਦਿਆਰਥੀਆਂ ਨੂੰ ਕੈਬਨਿਟ ਦੀ ਯੋਗ ਅਗਵਾਈ ਕਰਦੇ ਹੋਏ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਸਕੂਲ ਮੈਨੇਜਮੈਂਟ ਵੱਲੋਂ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਂਟ ਕੀਤਾ ਗਿਆ। ਪ੍ਰੋਗਰਾਮ ਦੀ ਸਮਾਪਤੀ ਨਵੇਂ ਚੁਣੇ ਵਿਧਾਨ ਸਭਾ ਮੰਤਰੀ ਦੁਆਰਾ ਧੰਨਵਾਦ ਕਰਦੇ ਹੋਏ ਤੇ ਰਾਸ਼ਟਰੀ ਗੀਤ ਨਾਲ ਕੀਤੀ ਗਈ । ਇਹ ਸੈਰੇਮਨੀ ਜ਼ੇਵੀਅਰ ਪਰਿਵਾਰ ਲਈ ਇੱਕ ਬਹੁਤ ਹੀ ਮਾਣ ਵਾਲਾ ਪਲ ਸੀ । ਅਗਵਾਈ ,ਏਕਤਾ ਤੇ ਸੇਵਾ ਦੀ ਭਾਵਨਾ ਦਾ ਉਤਸਵ ਸੀ।

## ਜ਼ਿਲ੍ਹਾ ਜੇਲ੍ਹ ਵਿੱਚ ਕੈਦੀਆਂ ਲਈ ਮਕੈਨੀਕਲ ਟ੍ਰੇਨਿੰਗ ਦੀ ਸ਼ੁਰੂਆਤ




ਸ੍ਰੀ ਮੁਕਤਸਰ ਸਾਹਿਬ, 19 ਅਪ੍ਰੈਲ (ਐਚ ਐਸ ਕਪੂਰ):ਮਾਣਯੋਗ ਸ੍ਰੀ ਰਾਜ ਕੁਮਾਰ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ —ਸਹਿਤ— ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਅਤੇ ਡਾ. ਗਗਨਦੀਪ ਕੌਰ, ਸਿਵਲ ਜੱਜ (ਸੀਨੀਅਰ ਡਵੀਜ਼ਨ) —ਸਹਿਤ— ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹਾ ਜੇਲ੍ਹ ਦਾ ਦੌਰਾ ਕੀਤਾ ਗਿਆ।ਇਸ ਦੌਰਾਨ ਮਾਣਯੋਗ ਜ਼ਿਲ੍ਹਾ ਜੱਜ ਸਾਹਿਬ ਵੱਲੋਂ ਜੇਲ੍ਹ ਵਿਚ ਬੰਦ ਹਵਾਲਾਤੀਆਂ/ਕੈਦੀਆਂ ਦੀ ਕਿੱਤਾਮੁਖੀ ਸਿਖ਼ਲਾਈ ਲਈ ਮਕੈਨੀਕਲ ਟ੍ਰੇਨਿੰਗ ਕਰਵਾਉਣ ਦਾ ਉਦਘਾਟਨ ਕੀਤਾ ਗਿਆ। ਉਨ੍ਹਾਂ ਨੇ ਟ੍ਰੇਨਿੰਗ ਵਿੱਚ ਭਾਗ ਲੈਣ ਵਾਲੇ ਹਵਾਲਾਤੀਆਂ ਅਤੇ ਕੈਦੀਆਂ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਜਦੋਂ ਓਹ ਆਪਣੀ ਸਜ਼ ਪੂਰੀ ਕਰਕੇ ਬਾਹਰ ਜਾਣਗੇ ਤਾਂ ਓਹ ਆਪਣੇ ਹੱਥੀ ਕੰਮ ਕਰਨ ਹ ਸਮਰਥ ਹੋਣਗੇ ਅਤੇ ਕੰਮ ਦੀ ਸ਼ੁਰੂਆਤ ਕਰਨ ਲਈ ਆਈ.ਆਰ.ਟੀ.ਸੀ. ਸ਼ਾਖਾ ਵੱਲੋਂ ਉਨ੍ਹਾਂ ਨੂੰ ਲੋਨ ਵੀ ਮੁਹੱਈਆ ਕਰਵਾਇਆ ਜਾਵੇਗਾ ਜੋ ਕਿ ਸਬਸਿਡੀ ਵਾਲਾ ਹੋਵੇਗਾ।ਇਹ ਟ੍ਰੇਨਿੰਗ ਪ੍ਰੋਗਰਾਮ ਸ. ਮਨਜੀਤ ਸਿੰਘ, ਕੋਆਰਡੀਨੇਟਰ, ਸਟੇਟ ਬੈਂਕ ਆਫ਼ ਇੰਡਿਆ ਦੇ ਸਹਿਯੋਗ ਨਾਲ ਕੀਤਾ ਗਿਆ। ਉਨ੍ਹਾਂ ਵੱਲੋਂ ਮਕੈਨੀਕਲ ਟ੍ਰੇਨਰ ਵੀ ਉਪਲਬੱਧ ਕਰਵਾਇਆ ਗਿਆ ਹੈ, ਜੋ ਕਿ ਜੇਲ੍ਹ ਵਿਚ ਬੰਦ ਹਵਾਲਾਤੀਆਂ ਨੂੰ ਟ੍ਰੇਨਿੰਗ ਦੇ ਕੇ ਉਨ੍ਹਾਂ ਨੂੰ ਹੁਨਰਮੰਦ ਬਣਾਉਣਗੇ। ਮਾਣਯੋਗ ਜੱਜ ਸਾਹਿਬ ਵੱਲੋਂ ਜੇਲ੍ਹ ਵਿਚ ਬੰਦ ਹਵਾਲਾਤੀਆਂ/ਕੈਦੀਆਂ ਨਾਲ ਮੁਲਾਕਾਤ ਕਰਨ ਲਈ ਹਰੇਕ ਬੈਰਕ ਦਾ ਨਰੀਖਣ ਕੀਤਾ ਗਿਆ।

## ਵਿਧਾਇਕ ਸੇਖੋਂ ਨੇ ਹਲਕੇ ਦੇ ਵੱਖ-ਵੱਖ ਸਕੂਲਾਂ ਦੇ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ



ਫ਼ਰੀਦਕੋਟ, 19 ਅਪ੍ਰੈਲ (ਅਵਤਾਰ ਸਿੰਘ ਮੱਲਾ):ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਪੰਜਾਬ ਸਿੱਖਿਆ ਕ੍ਰਾਂਤੀ ਪ੍ਰੋਜੈਕਟ ਤਹਿਤ ਸਿੱਖਿਆ ਦੇ ਪੱਧਰ ਨੂੰ ਹੋਰ ਉੱਚਾ ਚੁੱਕਣ ਲਈ ਸੂਬੇ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ ਅਤੇ ਸਕੂਲਾਂ ਵਿੱਚ ਲੱਖਾਂ ਰੁਪਏ ਦੀਆਂ ਗਰਾਂਟਾਂ ਦੇ ਕੇ ਵਿਕਾਸ ਕਾਰਜ ਨੇਪਰੇ ਚਾੜ੍ਹੇ ਜਾ ਰਹੇ ਹਨ। ਇਹ ਪ੍ਰਗਟਾਵਾ ਫ਼ਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਹਲਕੇ ਦੇ ਵੱਖ-ਵੱਖ ਸਕੂਲਾਂ ਦੇ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਮੌਕੇ ਕੀਤਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਪੱਧਰ ਨੂੰ ਮਜ਼ਬੂਤ ਕਰਨ ਦੇ ਟੀਚੇ ਨੂੰ ਹਾਸਲ ਕਰਨ ਲਈ ਹਲਕੇ ਦੇ ਸਾਰੇ ਹੀ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪੂਰਾ ਕਰਨ ਲਈ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਤਹਿਤ ਹੀ ਉਨ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਗੋਲੇਵਾਲਾ ਵਿਖੇ 13.27 ਲੱਖ ਤੇ ਸਰਕਾਰੀ ਹਾਈ ਸਕੂਲ ਗੋਲੇਵਾਲਾ ਵਿਖੇ 92,900 ਦੀ ਗਰਾਂਟ ਨਾਲ ਵੱਖ-ਵੱਖ ਕਾਰਜ ਜਿਸ ਵਿੱਚ ਬਾਥਰੂਮ ਦੀ ਉਸਾਰੀ, ਬਾਥਰੂਮ ਦੀ ਰਿਪੇਅਰ, ਚਾਰ ਦੀਵਾਰੀ, ਰੂਮ ਰਿਪੇਅਰ, ਖੇਡ ਗਰਾਊਂਡ ਅਤੇ ਮਾਈਨਰ ਰਿਪੇਅਰ ਆਦਿ ਸ਼ਾਮਿਲ ਹਨ। ਇਸੇ ਤਰ੍ਹਾਂ ਹੀ ਸ.ਸੇਖੋਂ ਨੇ ਸਰਕਾਰੀ ਪ੍ਰਾਇਮਰੀ ਸਕੂਲ ਸਾਧਾਂਵਾਲਾ 12.22 ਲੱਖ ਤੇ ਸਰਕਾਰੀ ਹਾਈ ਸਕੂਲ ਸਾਧਾਂਵਾਲਾ 29.13 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਇੱਕ ਚੰਗੇ ਉਦੇਸ਼ ਨਾਲ ਕੰਮ ਕਰ ਰਹੀ ਹੈ ਤਾਂ ਜੋ ਸਾਡੀ ਅਗਲੀ ਪੀੜ੍ਹੀ ਨੂੰ ਇੱਕ ਸਮਰੱਥ ਨਾਗਰਿਕ ਬਣਾਇਆ ਜਾ ਸਕੇ । ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਸਾਦਿਕ ਰਮਨਦੀਪ ਸਿੰਘ ਮੁਮਾਰਾ, ਸੁਰਿੰਦਰ ਸਿੰਘ ਸਾਧਾਂਵਾਲਾ ਪਸ਼ੂ ਭਲਾਈ ਬੋਰਡ ਪੰਜਾਬ ਮੈਂਬਰ, ਰਵਿੰਦਰ ਸਿੰਘ ਗਿੱਲ, ਜਸਵਿੰਦਰ ਸਿੰਘ ਬਰਾੜ, ਨਿਸ਼ਾਨ ਸਿੰਘ ਸੰਧੂ, ਭਰਪੂਰ ਸਿੰਘ ਬੀ ਪੀ ਈ ਓ, ਜਗਤਾਰ ਸਿੰਘ ਮਾਨ ਬੀਪੀਈਓ, ਗੁਰਮੀਤ ਸਿੰਘ ਭਿੰਡਰ, ਵਰਿੰਦਰ ਸਿੰਘ ਮੋਗਾ, ਸ਼੍ਰੀਮਤੀ ਨਵਪ੍ਰੀਤ ਕੌਰ ਪ੍ਰਿੰਸੀਪਲ, ਆਦਿ ਹਾਜਰ ਸਨ।

## ਵਿਦਿਆਰਥੀਆਂ ਨੂੰ ਚੰਗੀ ਸਿੱਖਿਆ ਮੁਹੱਈਆ ਕਰਵਾਉਣਾ ਸਰਕਾਰ ਦੀ ਮੁੱਖ ਤਰਜੀਹ : ਬਲਜਿੰਦਰ ਕੌਰ




ਬਠਿੰਡਾ, 19 ਅਪ੍ਰੈਲ (ਜਗਸੀਰ ਭੁੱਲਰ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਸਕੂਲਾਂ ਵਿੱਚ ਆਧੁਨਿਕ ਸਿੱਖਿਆ ਦੇਣ ਲਈ ਸਕੂਲਾਂ ਦੇ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਸਿਖਲਾਈ ਲਈ ਭੇਜ ਰਹੀ ਹੈ ਤਾਂ ਜੋ ਉਹ ਚੰਗੀ ਮੁਹਾਰਤ ਹਾਸਲ ਕਰਕੇ ਵਿਦਿਆਰਥੀਆਂ ਨੂੰ ਵਧੀਆਂ ਸਿੱਖਿਆ ਮੁਹੱਈਆ ਕਰਵਾ ਸਕਣ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਵਿਧਾਇਕ ਤਲਵੰਡੀ ਸਾਬੋ ਤੇ ਚੀਫ਼ ਵਿਪ ਪ੍ਰੋ ਬਲਜਿੰਦਰ ਕੌਰ ਨੇ ਜ਼ਿਲ੍ਹੇ ਦੇ ਪਿੰਡ ਰਤਨਗੜ੍ਹ ਕਣਕਵਾਲ ਵਿਖੇ ਸਰਕਾਰੀ ਮਿਡਲ ਸਕੂਲ ਵਿਖੇ ਸਿੱਖਿਆ ਕ੍ਰਾਂਤੀ ਦੇ ਮੱਦੇਨਜ਼ਰ ਕਰਵਾਏ ਗਏ ਸਮਾਗਮ ਦੌਰਾਨ ਸੰਬੋਧਨ ਕਰਦਿਆ ਕੀਤਾ।ਇਸ ਮੌਕੇ ਪ੍ਰੋ ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਲਈ ਇਤਿਹਾਸਿਕ ਫੈਸਲੇ ਲੈਂਦਿਆਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ।ਇਸ ਦੌਰਾਨ ਉਨ੍ਹਾਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਵਿਸ਼ੇਸ਼ ਉਪਰਾਲੇ ਕਰ ਰਹੀ ਹੈ, ਜਿਸ ਦੇ ਅਧੀਨ ਨੌਜਵਾਨਾਂ ਲਈ ਪਿੰਡਾ/ਸ਼ਹਿਰਾਂ ਅੰਦਰ ਖੇਡ ਗਰਾਊਡ ਬਣਾਏ ਜਾ ਰਹੇ ਹਨ ਤਾਂ ਜੋ ਪੰਜਾਬ ਦੀ ਜਵਾਨੀ ਨਸ਼ੇ ਦੀ ਭੈੜੀ ਅਲਾਮਤ ਤੋਂ ਦੂਰ ਰਹਿ ਸਕੇ।ਇਸ ਮੌਕੇ ਵਿਧਾਇਕ ਪ੍ਰੋ ਬਲਜਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਖ਼ਤ ਤੋਂ ਸਖ਼ਤ ਮਿਹਨਤ ਕਰਨ ਤਾਂ ਮਿੱਥੇ ਟੀਚੇ ਨੂੰ ਸਰ ਕਰ ਸਕਣ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰ ਸਕਣ।ਇਸ ਮੌਕੇ ਉਹਨਾਂ ਜ਼ਿਲ੍ਹੇ ਦੇ ਪਿੰਡ ਸੰਗਤ ਖ਼ੁਰਦ, ਤਿਉਣਾ ਪੁਜਾਰੀਆਂ, ਗਿਆਨਾ ਅਤੇ ਜੋਗੇਵਾਲ ਵਿਖੇ ਸਰਕਾਰੀ ਸਕੂਲਾਂ ਚ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਇਸ ਮੌਕੇ ਸਕੂਲ ਦਾ ਸਮੂਹ ਸਟਾਫ, ਵਿਦਿਆਰਥੀ ਤੇ ਉਨ੍ਹਾਂ ਦੇ ਮਾਪੇ ਅਤੇ ਪਿੰਡ ਦੀ ਪੰਚਾਇਤ ਅਤੇ ਹੋਰ ਪ੍ਰਮੁੱਖ ਸ਼ਖਸ਼ੀਅਤਾਂ ਆਦਿ ਹਾਜ਼ਰ ਸਨ।

## ਸਾਹਿਤ ਅਤੇ ਸੱਭਿਆਚਾਰ ਮੰਚ ਦਿੜ੍ਹਬਾ ਨੇ ਕਾਮਰੇਡ ਭੀਮ ਸਿੰਘ ਦੀ ਸਾਲਾਨਾ ਬਰਸੀ ਮਨਾਈ




ਦਿੜ੍ਹਬਾ ਮੰਡੀ, 19 ਅਪ੍ਰੈਲ (ਹੈਪੀ) : ਦਿੜ੍ਹਬਾ ਦੇ ਸ਼ਹੀਦ ਬਾਬਾ ਬੈਰਸੀਆਣਾ ਸਾਹਿਬ ਚੈਰੀਟੇਬਲ ਟਰੱਸਟ ਦਿੜ੍ਹਬਾ ਦੇ ਦਫ਼ਤਰ ਵਿਖੇ ਸਾਹਿਤ ਅਤੇ ਸੱਭਿਆਚਾਰ ਮੰਚ ਦਿੜ੍ਹਬਾ ਵੱਲੋਂ ਆਪਣੀ ਜ਼ਿੰਦਗੀ ਦੀ ਕਮਾਈ ਨਾਲ ਬਣਾਈ ਚੱਲ ਅਚੱਲ ਜਾਇਦਾਦ ਦੀ ਪਾਈ ਪਾਈ ਸਰਕਾਰੀ ਸਕੂਲ ਨੂੰ ਦਾਨ ਕਰਨ ਕਾਮਰੇਡ ਭੀਮ ਸਿੰਘ ਦੀ ਪੰਜਵੀਂ ਸਲਾਨਾ ਬਰਸੀ ਗਈ ਜਿਸ ਵਿੱਚ ਸ੍ਰ ਸੁਰਜੀਤ ਸਿੰਘ ਧੀਮਾਨ ਸਾਬਕਾ ਐਮ ਐਲ ਏ , ਗੁਰਮੀਤ ਖੇਤਲਾ ਪ੍ਰਧਾਨ ਸਾਹਿਤ ਅਤੇ ਸੱਭਿਆਚਾਰ ਮੰਚ ਦਿੜ੍ਹਬਾ, ਕਸ਼ਮੀਰ ਸਿੰਘ ਰੋੜੇਵਾਲ, ਨਾਇਬ ਸਿੰਘ, ਦਰਸ਼ਨ ਸਿੰਘ, ਡਾ. ਐਸ ਕੇ ਗੋਇਲ, ਮਾ ਹਰਮੇਸ਼ ਮੇਸ਼ੀ , ਪ੍ਰਿੰਸੀਪਲ ਗੁਰਤੇਜ ਸਿੰਘ ਧਾਲੀਵਾਲ, ਹਰਕੇਸ਼ ਸਿੰਘ ਆਦਿ ਤੋਂ ਇਲਾਵਾ ਹੋਰ ਸਾਹਿਤ ਪ੍ਰੇਮੀ ਸ਼ਾਮਲ ਹੋਏ ।ਇਸ ਮੌਕੇ ਵਿੱਛੜੀ ਰੂਹ ਸਵ. ਕਾਮਰੇਡ ਭੀਮ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਭਾਵਭਿੰਨੀਆਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸ ਮੌਕੇ ਸੁਰਜੀਤ ਸਿੰਘ ਧੀਮਾਨ ਸਾਬਕਾ ਐਮ ਐਲ ਏ, ਗੁਰਮੀਤ ਸਿੰਘ ਖੇਤਲਾ, ਮਾ ਹਰਮੇਸ਼ ਸਿੰਘ ਮੇਸ਼ੀ, ਨਾਇਬ ਸਿੰਘ, ਦਰਸ਼ਨ ਸਿੰਘ , ਪ੍ਰਿੰਸੀਪਲ ਗੁਰਤੇਜ ਸਿੰਘ ਧਾਲੀਵਾਲ ਆਦਿ ਤੋਂ ਇਲਾਵਾ ਹੋਰ ਵੀ ਹਾਜ਼ਰ ਪ੍ਰਮੁੱਖ ਹਸਤੀਆਂ ਸਾਹਿਤ ਪ੍ਰੇਮੀਆਂ ਨੇ ਆਪਣੇ ਮਾਣਕ ਮੋਤੀ ਵਡਮੁੱਲੇ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਕਾਮਰੇਡ ਭੀਮ ਸਿੰਘ ਜੀ ਸਾਹਿਤ ਪ੍ਰੇਮੀ ਹੀ ਨਹੀਂ ਹੋਏ , ਬਲਕਿ ਸਮਾਜ ਦੇ ਲੋਕਾਂ ਲਈ ਚਾਨਣ ਮੁਨਾਰਾ ਅਤੇ ਮਾਰਗ ਦਰਸ਼ਕ ਸਨ। ਕਾਮਰੇਡ ਭੀਮ ਸਿੰਘ ਜੀ ਸਮਾਜ ਦੇ ਲੋਕਾਂ ਨੂੰ ਬੇ ਲੋੜੇ ਅਤੇ ਫਜ਼ੂਲ ਦੇ ਖਰਚਿਆਂ ਤੋਂ ਬਚਕੇ ਮਾਨਵਤਾ ਅਤੇ ਸਰਬੱਤ ਦੇ ਭਲੇ ਲਈ ਦਾਨ ਕਰਨ ਦੀ ਪ੍ਰੇਰਨਾ ਦਿੰਦੇ ਸਨ । ਉਹ ਹਮੇਸ਼ਾ ਨੇਕੀ ਕਰ ਸਰਬੱਤ ਦਾ ਭਲਾ ਸੋਚ ਧਾਰਨੀ ਸਨ। ਇਸ ਤੋਂ ਇਲਾਵਾ ਲੋਕਾਂ ਨੂੰ ਚੰਗਾ ਸਾਹਿਤ, ਉਚ ਮਿਆਰੀ ਚੰਗੀ ਸਿੱਖਿਆ ਅਤੇ ਸਿਹਤ ਸਹੂਲਤਾਂ ਪ੍ਰਦਾਨ ਕਰਵਾਉਣੀਆਂ ਉਨ੍ਹਾਂ ਦਾ ਸ਼ੌਕ ਸੀ

## ਹਾਦਸਿਆਂ ਚ ਜਾਨਾਂ ਗੁਆਉਣ ਵਾਲਿਆਂ ਦੇ ਪਰਿਵਾਰਾਂ ਨਾਲ ਡੀ.ਸੀ.ਵੱਲੋਂ ਹਮਦਰਦੀ ਪ੍ਰਗਟ



ਸੰਗਰੂਰ, 19 ਅਪ੍ਰੈਲ (ਹਰਕੰਵਲ ਸਿੰਘ ਹੈਪੀ): ਬੀਤੇ ਦਿਨੀਂ ਆਏ ਭਾਰੀ ਤੂਫ਼ਾਨ ਅਤੇ ਮੀਂਹ ਕਾਰਨ ਵਾਪਰੀਆਂ ਘਟਨਾਵਾਂ 'ਚ ਆਪਣੀ ਜਾਨ ਗੁਆਉਣ ਵਾਲੇ 3 ਵਿਅਕਤੀਆਂ ਦੇ ਪੀੜਤ ਪਰਿਵਾਰਾਂ ਨਾਲ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਦੁੱਖ ਦੀ ਇਸ ਘੜੀ ਵਿੱਚ ਪੀੜਤ ਪਰਿਵਾਰਾਂ ਦੇ ਨਾਲ ਖੜ੍ਹੀ ਹੈ ਅਤੇ ਉਹ ਅਰਦਾਸ ਕਰਦੇ ਹਨ ਕਿ ਪਰਮਾਤਮਾ ਵਿੱਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸ਼ੁੱਕਰਵਾਰ ਦੀ ਸ਼ਾਮ ਅਚਨਚੇਤ ਆਏ ਭਾਰੀ ਝੱਖੜ ਤੂਫ਼ਾਨ ਕਾਰਨ ਰੁੱਖਾਂ ਅਤੇ ਖੰਭਿਆਂ ਦੇ ਡਿੱਗਣ ਕਾਰਨ ਧੂਰੀ ਨਾਲ ਸਬੰਧਤ 5 ਵਿਅਕਤੀ ਵੱਖ ਵੱਖ ਥਾਵਾਂ ਉੱਤੇ ਵਾਪਰੇ ਹਾਦਸਿਆਂ 'ਚ ਜ਼ਖਮੀ ਹੋ ਗਏ ਸਨ ਜਿਨ੍ਹਾਂ ਵਿੱਚੋਂ ਚਰਨ ਸਿੰਘ ਵਾਸੀ ਬੇਨੜਾ ਅਤੇ ਪ੍ਰਿਤਪਾਲ ਸਿੰਘ ਵਾਸੀ ਵਾਰਡ ਨੰਬਰ 4 ਧੂਰੀ ਦੀ ਸਿਵਲ ਹਸਪਤਾਲ ਧੂਰੀ ਵਿਖੇ ਇਲਾਜ ਦੌਰਾਨ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਭਵਾਨੀਗੜ੍ਹ ਦੇ ਪਿੰਡ ਮਾਝਾ ਵਿਖੇ ਪੋਲਟਰੀ ਫਾਰਮ ਦੇ ਸ਼ੈੱਡ ਦੇ ਡਿੱਗਣ ਕਾਰਨ 68 ਸਾਲਾਂ ਦੇ ਗੁਰਚਰਨ ਸਿੰਘ ਨਾਮ ਦੇ ਵਿਅਕਤੀ ਦੀ ਮੌਤ ਹੋ ਗਈ।ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਦੱਸਿਆ ਕਿ ਸਰਕਾਰ ਨੂੰ ਇਨ੍ਹਾਂ ਮੰਦਭਾਗੀਆਂ ਘਟਨਾਵਾਂ ਬਾਰੇ ਸੂਚਿਤ ਕਰਦਿਆਂ ਲਗਾਤਾਰ ਰਾਬਤਾ ਰੱਖਿਆ ਜਾ ਰਿਹਾ ਹੈ ਅਤੇ ਜਖਮੀ ਹੋਏ 3 ਵਿਅਕਤੀਆਂ ਦਾ ਧੂਰੀ ਹਸਪਤਾਲ ਵਿੱਚ ਇਲਾਜ ਕੀਤਾ ਜਾ ਰਿਹਾ ਹੈ।

## ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਜ਼ਿਲ੍ਹਾ ਸੰਗਰੂਰ ਵਿਖੇ ਪਿਛਲੇ ਇੱਕ ਹਫ਼ਤੇ 'ਚ ਕੁੱਲ 32 ਮੁਕੱਦਮੇ ਦਰਜ



ਸੰਗਰੂਰ, 19 ਅਪ੍ਰੈਲ (ਹਰਕੰਵਲ ਸਿੰਘ ਹੈਪੀ): ਸ੍ਰੀ ਸਰਤਾਜ ਸਿੰਘ ਚਾਹਲ IPS, ਐਸ.ਐਸ.ਪੀ. ਸੰਗਰੂਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਲ੍ਹਾ ਪੁਲਿਸ ਸੰਗਰੂਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 12.04.2025 ਤੋਂ 18.04.2025 ਤੱਕ ਡਰੱਗ ਦੇ 24 ਮੁਕੱਦਮੇ ਦਰਜ ਕਰਕੇ 35 ਦੋਸੀ ਕਾਬੂ ਕਰ ਉਹਨਾਂ ਪਾਸੋਂ 98 ਗ੍ਰਾਮ ਹੈਰੋਇਨ, 1 ਕਿੱਲੋ 500 ਗ੍ਰਾਮ ਅਫੀਮ, 8 ਕਿੱਲੋ 500 ਗ੍ਰਾਮ ਭੁੱਕੀ ਚੂਰਾ ਪੋਸਤ, 107 ਗ੍ਰਾਮ ਸੁਲਫਾ, 1700 ਨਸੀਲੀਆਂ ਗੋਲੀਆਂ ਅਤੇ 06 ਨਸ਼ੀਲੀਆਂ ਸੀਸੀਆਂ ਬ੍ਰਾਮਦ ਕਰਵਾਈਆਂ ਗਈਆਂ। ਸਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 08 ਮੁਕੱਦਮੇ ਦਰਜ ਕਰਕੇ 08 ਦੋਸ਼ੀਆਂ ਨੂੰ ਕਾਬੂ ਕਰਕੇ 120 ਲੀਟਰ ਸਰਾਬ ਠੇਕਾ ਦੇਸੀ, 43.500 ਲੀਟਰ ਸਰਾਬ ਨਜਾਇਜ਼, 190 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ।ਇਸ ਮੌਕੇ ਉਨ੍ਹਾਂ ਵੱਲੋਂ ਆਮ ਲੋਕਾਂ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ ਮੋਹਤਵਰ ਪੁਰਸ਼ਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਦੌਰਾਨ ਵੱਖ ਵੱਖ ਗਜਟਿਡ ਅਫਸਰਾਂ ਵੱਲੋਂ 09 ਪਿੰਡਾਂ/ ਸ਼ਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸੇ ਦਾ ਧੰਦਾਂ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਸ਼੍ਰੀ ਚਾਹਲ ਨੇ ਦੱਸਿਆ ਕਿ ਨਸ਼ੇ ਦਾ ਧੰਦਾ ਕਰਨ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ ਤੇ ਨਸ਼ਿਆਂ ਖਿਲਾਫ ਇਸ ਜੰਗ ਨੂੰ ਨਿਰੰਤਰ ਜਾਰੀ ਰੱਖਿਆ ਜਾਵੇਗਾ।

# ਐਸ.ਬੀ.ਐਸ. ਸਕੂਲ ਵਿਖੇ ਬੱਚਿਆਂ ਨੂੰ ਤਿਰੰਗੇ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ



ਬਰਨਾਲਾ, 19 ਅਪ੍ਰੈਲ (ਅਮਨਦੀਪ ਸਿੰਘ)-ਦੇਸ਼ ਦੀ ਸ਼ਾਨ ਤਿਰੰਗਾ ਝੰਡਾ, ਜਿਸ ਉੱਪਰ ਸਾਰੇ ਭਾਰਤੀਆਂ ਨੂੰ ਮਾਣ ਹੈ। ਉਸ ਬਾਰੇ ਬੱਚਿਆਂ ਨੂੰ ਭਰਪੂਰ ਜਾਣਕਾਰੀ ਦੇਣ ਲਈ ਐਸ ਬੀ ਐਸ ਪਬਲਿਕ ਸਕੂਲ ਸੁਰਜੀਤਪੁਰਾ ਵਿਖੇ ਅਧਿਆਪਕ ਹਰਮਨਪ੍ਰੀਤ ਕੌਰ ਵੱਲੋਂ ਪਹਿਲੀ ਕਲਾਸ ਦੇ ਬੱਚਿਆਂ ਦੀ ਗਤੀਵਿਧੀ ਕਰਵਾਈ ਗਈ। ਬੱਚਿਆਂ ਨੂੰ ਐਨੀਮੇਸ਼ਨ ਫਿਲਮ ਰਾਹੀ ਝੰਡੇ ਦੇ ਅਕਾਰ ਅਤੇ ਰੰਗਾਂ ਬਾਰੇ ਜਾਣੂ ਕਰਵਾਇਆ ਗਿਆ। ਉਨ੍ਹਾਂ ਬੱਚਿਆਂ ਨੂੰ ਦੱਸਿਆ ਕਿ ਤਿਰੰਗਾ ਝੰਡਾ ਸਾਡੇ ਦੇਸ਼ ਦਾ ਰਾਸ਼ਟਰੀ ਚਿੰਨ੍ਹ ਹੈ ਅਤੇ ਸਾਡੇ ਦੇਸ਼ ਦੀ ਪਹਿਚਾਨ ਹੈ। ਉਨ੍ਹਾਂ ਕਿਹਾ ਕਿ ਤਿਰੰਗੇ ਨੂੰ ਲਹਿਰਾਉਣ ਲਈ ਸਾਡੇ ਦੇਸ਼ ਦੇ ਅਨੇਕਾਂ ਸੂਰਬੀਰ ਯੋਧਿਆਂ ਨੇ ਆਪਣਾ ਬਲੀਦਾਨ ਦੇ ਦੇਸ਼ ਨੂੰ ਗੁਲਾਮੀ ਦੀ ਜੰਜੀਰਾਂ ਤੋਂ ਅਜਾਦ ਕਰਵਾਇਆ। ਇਸ ਕਰਕੇ ਇਸੇ ਤਿੰਨੇ ਰੰਗਾਂ ਦਾ ਆਪਣਾ-ਆਪਣਾ ਮਹੱਤਵ ਹੈ ਜਿਸ ਵਿੱਚ ਉੱਪਰਲੀ ਪੱਟੀ ਦਾ ਰੰਗ ਕੇਸਰੀ, ਜੋ ਦੇਸ਼ ਦੀ ਤਾਕਤ ਅਤੇ ਹਿੰਮਤ ਨੂੰ ਦਰਸਾਉਂਦਾ ਹੈ। ਚਿੱਟਾ ਰੰਗ ਸ਼ਾਂਤੀ ਅਤੇ ਸੱਚਾਈ ਦਾ ਪ੍ਰਤੀਕ ਹੈ। ਹਰਾ ਰੰਗ ਹਰਿਆਲੀ ਅਤੇ ਵਿਕਾਸ ਨੂੰ ਦਰਸਾਉਂਦਾ ਹੈ। ਤਿਰੰਗੇ ਦੇ ਮੱਧ ਵਿੱਚ ਅਸ਼ੋਕ ਚੱਕਰ ਦੇ ਵਿਚਕਾਰ 24 ਤੀਲੀਆਂ ਹਨ, ਜੋ ਸਾਨੂੰ ਧਾਰਮਿਕਤਾ, ਨਿਆਂ ਅਤੇ ਇਮਾਨਦਾਰੀ ਵੱਲ ਸੇਧਿਤ ਕਰਦੀਆਂ ਹਨ। ਤਿਰੰਗਾ ਸਾਨੂੰ ਸਨਮਾਨ ਨਾਲ ਰਹਿਣ ਲਈ ਪ੍ਰੇਰਿਤ ਕਰਦਾ ਹੈ, ਉਨ੍ਹਾਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਦਾ ਹੈ ਜੋ ਸਾਡੇ ਵਿਭਿੰਨ ਰਾਸ਼ਟਰ ਨੂੰ ਇਕੱਠੇ ਬੰਨ੍ਹਦੀਆਂ ਹਨ। ਬੱਚਿਆਂ ਨੇ ਬੜੇ ਚਾਅ ਨਾਲ ਤਿਰੰਗਾ ਝੰਡਾ ਬਣਾਕੇ ਇਸ ਗਤੀਵਿਧੀ ਨੂੰ ਪੂਰਾ ਕੀਤਾ। ਸਕੂਲ ਪ੍ਰਿੰਸੀਪਲ ਕਮਲਜੀਤ ਕੌਰ ਨੇ ਕਿਹਾ ਕਿ ਬੱਚਿਆਂ ਨੂੰ ਸ਼ੁਰੂ ਤੋਂ ਹੀ ਮੌਲਿਕ ਅਤੇ ਸਮਾਜਿਕ ਅਧਿਕਾਰਾਂ ਬਾਰੇ ਜਾਣਕਾਰੀ ਦੇਣਾ ਸਕੂਲ ਦਾ ਮਕਸਦ ਹੈ ਤਾਂ ਜੋ ਅੱਗੇ ਜਾ ਕੇ ਬੱਚੇ ਚੰਗੇ ਸਮਾਜ ਦੀ ਸਿਰਜਣਾ ਕਰ ਸਕਨ।

# ਸ੍ਰੀ ਬਾਲਾ ਜੀ ਧਾਮ ਵਿਖੇ 20ਵਾਂ ਵਿਸ਼ਾਲ ਜਾਗਰਣ ਭਲਕੇ



ਬਰਨਾਲਾ, 19 ਅਪ੍ਰੈਲ (ਹਿਮਾਂਸ਼ੂ ਗਰਗ):ਸਥਾਨਕ ਸ੍ਰੀ ਬਾਲਾ ਜੀ ਧਾਮ ਰਾਮ ਬਾਗ ਬਰਨਾਲਾ ਵਿਖੇ 20ਵਾਂ ਵਿਸ਼ਾਲ ਜਾਗਰਣ 21 ਅਪ੍ਰੈਲ ਦਿਨ ਸੋਮਵਾਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਤੀਸ਼ ਕੁਮਾਰ ਅਤੇ ਪੰਡਿਤ ਗਿਰਧਾਰੀ ਲਾਲ ਨੇ ਦੱਸਿਆ ਕਿ ਜਾਗਰਣ ਪੂਜਨ ਸ਼ਾਮ 7 ਵਜੇ ਅਤੇ ਜੋਤੀ ਪ੍ਰਚੰਡ 8 ਵਜੇ ਕਲੋਨਾਈਜਰ ਰਵੀ ਪ੍ਰਕਾਸ਼ ਗਰਗ ਅਤੇ ਰਾਹੁਲ ਗਰਗ ਐਮਡੀ ਅਗਰਵਾਲ ਕਲੋਨੀ ਅਤੇ ਝੰਡੇ ਦੀ ਰਸਮ ਮਨੀਸ਼ ਕੁਮਾਰ ਐਮਡੀ ਭਾਰਤੀ ਫੈਸ਼ਨ ਵੱਲੋਂ ਕੀਤੀ ਜਾਵੇਗੀ। ਇਸ ਜਾਗਰਣ 'ਚ ਪ੍ਰਸਿਧ ਭਜਨ ਗਾਇਕ ਆਯੂਸ਼ ਸੋਮਾਨੀ ਜੈਪੁਰ ਵਾਲਿਆਂ ਵੱਲੋਂ ਕੀਤਾ ਜਾਵੇਗਾ। ਇਸ ਮੌਕੇ ਗਿਆਨ ਚੰਦ, ਸੰਜੀਵ ਢੰਡ ਬਿੱਟੂ, ਰਾਮੇਸ਼ਵਰ ਰਾਮੂ, ਵਿਮਲ ਜੈਨ, ਵਨੀਸ਼ ਕੁਮਾਰ, ਬਿੰਦੂ, ਨਵੀਨ ਕੁਮਾਰ, ਅੰਮ੍ਰਿਤ ਕੁਮਾਰ, ਅਖਿਲੇਸ਼ ਬਾਂਸਲ ਆਦਿ ਹਾਜ਼ਰ ਸਨ।

# ਅਸਮਾਨੀ ਬਿਜਲੀ ਡਿੱਗਣ ਕਾਰਨ ਲੱਗੀ ਅੱਗ ਨਾਲ ਸਾਢੇ ਤਿੰਨ ਏਕੜ ਕਣਕ ਤੇ ਪੰਜ ਏਕੜ ਟਾਂਗਰ ਸੜਕੇ ਸੁਆਹ



ਮਹਿਲਕਲਾਂ, 19 ਅਪ੍ਰੈਲ (ਜੱਸਾ ਸਿੰਘ ਮਾਣਕੀ):ਜ਼ਿਲ੍ਹੇ ਦੇ ਹਲਕਾ ਮਹਿਲਕਲਾਂ ਦੇ ਪਿੰਡ ਕੁਰੜ ਸ਼ੁੱਕਰਵਾਰ ਦੇਰ ਸ਼ਾਮ ਨੂੰ ਅਸਮਾਨੀ ਬਿਜਲੀ ਡਿੱਗਣ ਕਾਰਨ ਸਾਢੇ ਤਿੰਨ ਏਕੜ ਕਣਕ ਦੀ ਖੜੀ ਫ਼ਸਲ ਅਤੇ ਕਰੀਬ ਪੰਜ ਏਕੜ ਟਾਂਗਰਾ ਨੂੰ ਅੱਗ ਨਾਲ ਸੜਕੇ ਸੁਆਹ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਬੀਤੀ ਦੇਰ ਸ਼ਾਮ ਤੇਜ਼ ਝੱਖੜ ਝੋਲੇ ਅਤੇ ਹਨੇਰੀ,ਬੱਦਲਵਾਈ ਅਤੇ ਅਸਮਾਨੀ ਬਿਜਲੀ ਕਾਰਨ ਪਿੰਡ ਕੁਰੜ ਦੇ ਕਿਸਾਨਾਂ ਦੀਆਂ ਖੇਤਾਂ ਵਿੱਚ ਅਚਾਨਕ ਅੱਗ ਲੱਗ ਗਈ। ਅੱਗ ਲੱਗਣ ਕਾਰਨ ਇਕ ਕਿਸਾਨ ਦੀ ਡੇਢ ਏਕੜ ਕਣਕ ਦੀ ਫਸਲ ਅਤੇ ਦੂਜੇ ਕਿਸਾਨ ਦੀ ਦੋ ਏਕੜ ਕਣਕ ਸੜ ਕੇ ਸੁਆਹ ਹੋ ਗਈ। ਇਨ੍ਹਾਂ ਤੋਂ ਇਲਾਵਾ ਡੇਢ ਏਕੜ ਕਣਕ ਦੀ ਨਾੜ ਅਤੇ ਹੋਰ ਕਿਸਾਨਾਂ ਦੇ ਪੰਜ ਏਕੜ ਟਾਂਗਰਾ ਨੂੰ ਵੀ ਅੱਗ ਨੇ ਨੁਕਸਾਨ ਪਹੁੰਚਾਇਆ। ਅੱਗ ਲੱਗਣ ਦੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਬਰਨਾਲਾ ਦਫਤਰ ਦੀ ਗੱਡੀ ਨੇ ਮੌਕੇ 'ਤੇ ਪੁੱਜੀ,ਫਾਇਰ ਅਫਸਰ ਜਸਪ੍ਰੀਤ ਸਿੰਘ ਬਾਠ ਨੇ ਦੱਸਿਆ ਕੀ ਪਿੰਡ ਵਾਸੀਆਂ ਵੱਲੋਂ ਫਾਇਰ ਕੰਟਰੋਲ ਰੂਮ ਤੇ ਅੱਗ ਲੱਗਣ ਦੀ ਸੂਚਨਾ ਦਿੱਤੀ ਗਈ ਸੀ,ਫਾਇਰ ਬ੍ਰਿਗੇਡ ਦੀ ਗੱਡੀ ਤੁਰੰਤ ਘਟਨਾ ਵਾਲੇ ਸਥਾਨ ਤੇ ਭੇਜੀ ਗਈ,ਦੂਜੇ ਪਾਸੇ ਜਿਵੇਂ ਹੀ ਪਿੰਡ ਵਾਸੀਆਂ ਨੂੰ ਅੱਗ ਲੱਗਣ ਬਾਰੇ ਪਤਾ ਲੱਗਿਆ ਤਾਂ ਉਨ੍ਹਾਂ ਨੇ ਟਰੈਕਟਰ-ਟਰਾਲੀਆਂ ਅਤੇ ਹੋਰ ਯੰਤਰਾਂ ਦੀ ਮਦਦ ਨਾਲ ਜਾਨ ਜੋਖਮ ਵਿੱਚ ਪਾ ਕੇ ਅੱਗ 'ਤੇ ਕਾਬੂ ਪਾਇਆ।

# ਵਿਦੇਸ਼ ਰੋਜ਼ੀ ਰੋਟੀ ਕਮਾਉਣ ਗਏ ਨੌਜਵਾਨ ਦੀਸੜਕ ਹਾਦਸੇ'ਚ ਮੌਤ



ਮਹਿਲਕਲਾਂ, 19 ਅਪ੍ਰੈਲ (ਜੱਸਾ ਸਿੰਘ ਮਾਣਕੀ): ਮਹਿਲਕਲਾਂ ਸੋਢੇ (ਬਰਨਾਲਾ) ਨਾਲ ਸੰਬੰਧਿਤ ਇਕ 28 ਸਾਲਾ ਨੌਜਵਾਨ ਦੀ ਦਾਵਾਓ, ਫਿਲੀਪੀਨਜ਼ 'ਚ ਸੜਕ ਹਾਦਸੇ ਦੌਰਾਨ ਮੌਤ ਹੋ ਗਈ। ਜਾਣਕਾਰੀ ਅਨੁਸਾਰ ਜੀਵਨਜੋਤ ਸਿੰਘ ਉਰਫ ਵਿਸਕੀ ਪੁੱਤਰ ਸਵ: ਬਲਵੀਰ ਸਿੰਘ ਦੋ ਸਾਲ ਪਹਿਲਾਂ ਰੋਜ਼ੀ ਰੋਟੀ ਕਮਾਉਣ ਲਈਦਾਵਾਓ, ਫਿਲੀਪੀਨਜ਼ਗਿਆ ਸੀ ਅਤੇ ਉਹ ਆਪਣੇ ਰਿਸ਼ਤੇਦਾਰਾਂ ਕੋਲ ਰਹਿ ਰਿਹਾ ਸੀ ਅਤੇ ਆਪਣਾ ਕਾਰੋਬਾਰ ਕਰ ਰਿਹਾ ਸੀ। ਪਿਛਲੇ ਦਿਨੀਂ ਉਹ ਰਾਤ ਸਮੇਂ ਆਪਣੇ ਮੋਟਰਸਾਇਕਲ 'ਤੇ ਸਵਾਰ ਹੋ ਕੇ ਜਾ ਰਿਹਾ ਪਰ ਰਸਤੇ ਵਿੱਚ ਉਸ ਦਾ ਮੋਟਰਸਾਇਕਲ ਬੱਸ ਨਾਲ ਟਕਰਾ ਕੇ ਹਾਦਸਾਗ੍ਰਸਤ ਹੋ ਗਿਆ। ਇਸ ਹਾਦਸੇ ਦੌਰਾਨ ਜੀਵਨਜੋਤ ਸਿੰਘ ਦੀ ਘਟਨਾ ਸਥਾਨ'ਤੇ ਮੌਤ ਹੋ ਗਈ। ਰਿਸ਼ਤੇਦਾਰਾਂ ਵੱਲੋਂ ਇਸ ਦੁਖਦਾਈ ਘਟਨਾ ਸਬੰਧੀ ਫੋਨ ਕਰਕੇ ਪਰਿਵਾਰਕ ਮੈਂਬਰਾਂ ਨੂੰ ਦੱਸਿਆ ਗਿਆ। ਮ੍ਰਿਤਕ ਨੌਜਵਾਨ ਪਰਿਵਾਰ ਦਾ ਇਕਲੌਤਾ ਪੁੱਤਰ ਸੀ, ਜਿਸ ਦੇ ਪਿਤਾ ਦੀ ਕੁਝ ਸਾਲ ਪਹਿਲਾਂ ਮੌਤ ਹੋ ਗਈ ਸੀ। ਨੌਜਵਾਨ ਦੀ ਮੌਤ ਤੋਂ ਬਾਅਦ ਉਸ ਦੀ ਮਾਤਾ ਪਰਮਜੀਤ ਕੌਰ ਘਰ 'ਚ ਇਕੱਲੀ ਰਹਿ ਗਈ ਹੈ। ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰ ਨਾਲ ਸਬੰਧ ਮ੍ਰਿਤਕ ਨੌਜਵਾਨ ਦੇ ਵਿਦੇਸ਼ ਜਾਣ ਤੋਂ ਪਰਿਵਾਰ ਦੇ ਹਾਲਾਤ ਸੁਧਰਨ ਦੀ ਆਸ ਬੱਝੀ ਸੀ ਕਿ ਇਹ ਦੁੱਖਦਾਈ ਹਾਦਸਾ ਵਾਪਰ ਗਿਆ। ਪਰਿਵਾਰਕ ਮੈਂਬਰਾਂ ਨੇ ਦੱਸਿਆ ਨੌਜਵਾਨ ਦੀ ਮ੍ਰਿਤਕ ਦੇਹ ਨੂੰ ਭਾਰਤ ਲਿਆਉਣ ਲਈ ਪ੍ਰਕਿਰਿਆ ਆਰੰਭ ਦਿੱਤੀ ਗਈ ਹੈ।

# ਪੰਜਾਬ ਦੇ ਕਿਸਾਨਾਂ ਨੂੰ ਸਰਕਾਰ 200 ਰੁਪਏ ਪ੍ਰਤੀ ਕੁਇੰਟਲ ਤੁਰੰਤ ਬੋਨਸ ਦੇਵੇ : ਕੁਲਵੰਤ ਮਾਨ



ਭਦੌੜ, 19 ਅਪ੍ਰੈਲ (ਸੁਖਵਿੰਦਰ ਪਲਾਹਾ):ਇਸ ਵਾਰ ਪੰਜਾਬ ਦੇ ਕਿਸਾਨਾਂ ਉੱਪਰ ਇੱਕ ਸਰਕਾਰ ਦੀ ਅਤੇ ਇੱਕ ਕੁਦਰਤ ਦੀ ਦੋਹਰੀ ਮਾਰ ਪੈ ਗਈ ਹੈ। ਪੰਜਾਬ ਦੇ ਖੇਤਾਂ ਵਿੱਚ ਪੱਕੀ ਫਸਲ ਤੇ ਹੋਈਂ ਭਾਰੀ ਬਾਰਸ਼ ਅਤੇ ਗੜੇਮਾਰੀ ਦੇ ਕਾਰਨ ਕਣਕ ਦਾ ਖੇਤਾਂ ਵਿੱਚ ਵੀ ਕਾਫੀ ਨੁਕਸਾਨ ਹੋਇਆ ਹੈ,ਬਰਨਾਲੇ ਜ਼ਿਲ੍ਹੇ ਵਿੱਚ ਖੜ੍ਹੀ ਕਣਕ ਦੇ ਨਾਲ-ਨਾਲ ਮੂੰਗੀ, ਮੱਕੀ, ਸਬਜ਼ੀਆਂ ਅਤੇ ਹਰੇ ਚਾਰੇ ਦਾ ਵੀ ਭਾਰੀ ਨੁਕਸਾਨ ਹੋਇਆ। ਕਣਕ ਦੇ ਹੋਏ ਨੁਕਸਾਨ ਅਤੇ ਲਗਾਤਾਰ ਤੂੜੀ ਦੇ ਡਿੱਗਦੇ ਰੇਟ ਨੂੰ ਦੇਖਦੇ ਹੋਏ ਪੰਜਾਬ ਸਰਕਾਰ ਨੂੰ ਇਸ ਪਾਸੇ ਵੱਲ ਧਿਆਨ ਦੇਣਾ ਚਾਹੀਦਾ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਦੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਭਦੌੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਘੱਟੋ ਘੱਟ 200 ਰੁਪਿਆ ਪ੍ਰਤੀ ਕੁਇੰਟਲ ਕਣਕ ਤੇ ਬੋਨਸ ਦੇਣ ਦਾ ਤੁਰੰਤ ਐਲਾਨ ਕਰੇ, ਪੰਜਾਬ ਦੀਆਂ ਮੰਡੀਆਂ ਵਿੱਚ ਖਰੀਦ ਏਜੰਸੀਆਂ ਨੂੰ ਕਣਕ ਦੀ ਬੋਲੀ ਤੁਲਾਈ ਅਤੇ ਚੁਕਾਈ ਵਿੱਚ ਤੇਜ਼ੀ ਲਿਆਉਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੀਆਂ ਕਿਸਾਨ ਮਾਰੂ ਨੀਤੀਆਂ ਦੇ ਕਾਰਨ ਪੰਜਾਬ ਦੀ ਕਿਸਾਨੀ ਪਹਿਲਾਂ ਹੀ ਡਾਵਾਂਡੋਲ ਹੋ ਚੁੱਕੀ ਹੈ ਪਰ ਬੀਤੇ ਦਿਨ ਪੰਜਾਬ ਵਿੱਚ ਚੱਲੀ ਹਨੇਰੀ ਝੱਖੜ ਅਤੇ ਬਾਰਿਸ਼ ਨੇ ਕਿਸਾਨਾਂ ਦੇ ਸਾਹ ਸੂਤ ਕੇ ਰੱਖ ਦਿੱਤੇ

# ਚੇਅਰਮੈਨ ਮੰਨਾ ਨੇ ਬਡਬਰ ਸਕੂਲਾਂ ਦੇ 44 ਲੱਖ ਦੇ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ



ਬਰਨਾਲਾ/ਧਨੌਲਾ, 19 ਅਪ੍ਰੈਲ (ਬਘੇਲ ਸਿੰਘ ਧਾਲੀਵਾਲ/ਚਮਕੌਰ ਸਿੰਘ ਗੱਗੀ): ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਦੇ ਯਤਨਾਂ ਸਦਕਾ ਪੰਜਾਬ ਸਿੱਖਿਆ ਦੇ ਖੇਤਰ 'ਚ ਨਵੀਆਂ ਪੁਲਾਂਘਾ ਪੁੱਟ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨਗਰ ਸੁਧਾਰ ਟਰੱਸਟ ਬਰਨਾਲਾ ਦੇ ਚੇਅਰਮੈਨ ਰਾਮ ਤੀਰਥ ਮੰਨਾ ਨੇ ਜ਼ਿਲ੍ਹੇ ਦੇ ਪਿੰਡ ਬਡਬਰ ਦੇ ਸਕੂਲ ਵਿਚ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਉਨ੍ਹਾਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਬਰ ਵਿੱਚ 14.02 ਲੱਖ ਦੀ ਲਾਗਤ ਨਾਲ ਬਣੀ ਸਾਇੰਸ ਲੈਬ ਅਤੇ 9.51 ਲੱਖ ਦੀ ਲਾਗਤ ਨਾਲ ਬਣੀ ਕੰਪਿਊਟਰ ਲੈਬ ਦਾ ਉਦਘਾਟਨ ਕੀਤਾ। ਇਸ ਤੋਂ ਇਲਾਵਾ ਸਰਕਾਰੀ ਪ੍ਰਾਇਮਰੀ ਸਕੂਲ ਬਡਬਰ ਵਿੱਚ ਕਰੀਬ 20.87 ਲੱਖ ਦੀ ਲਾਗਤ ਨਾਲ ਵੱਖ ਵੱਖ ਵਿਕਾਸ ਕੰਮਾਂ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਰਨਾਲਾ ਵਿੱਚ ਸੰਸਦ ਮੈਂਬਰ ਸ. ਗੁਰਮੀਤ ਸਿੰਘ ਮੀਤ ਹੇਅਰ ਦੀ ਅਗਵਾਈ ਹੇਠ ਕਰੋੜਾਂ ਦੇ ਵਿਕਾਸ ਕਾਰਜ ਵੱਡੇ ਪੱਧਰ 'ਤੇ ਜਾਰੀ ਹਨ। ਉਨ੍ਹਾਂ ਕਿਹਾ ਕਿ ਜਿੱਥੇ ਪਿੰਡਾਂ, ਸ਼ਹਿਰਾਂ ਵਿੱਚ ਹੋਰ ਪ੍ਰੋਜੈਕਟ ਚੱਲ ਰਹੇ ਹਨ, ਓਥੇ ਸਰਕਾਰੀ ਸਕੂਲਾਂ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਵਲੋਂ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਆਧੁਨਿਕ ਯੋਜਨਾਵਾਂ ਉਲੀਕੀਆਂ ਜਾ ਰਹੀਆਂ ਹਨ, ਜਿਨ੍ਹਾਂ ਦੇ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਤਰ੍ਹਾਂ ਦੀ ਵੀ ਕਮੀ ਪੰਜਾਬ ਦੇ ਸਕੂਲਾਂ ਅੰਦਰ ਨਹੀਂ ਰਹਿਣ ਦਿੱਤੀ ਜਾਵੇ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਿਆ ਹੀ ਸਫਲਤਾ ਦੀ ਪੂੰਜੀ ਹੈ, ਜਿਸ ਨਾਲ ਹਰ ਉਚ ਮੰਜ਼ਿਲ ਤੱਕ ਪਹੁੰਚਾਇਆ ਜਾ ਸਕਦਾ ਹੈ।

ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਹੋਰ ਸਖਤ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਬਰਨਾਲਾ ਮੈਡਮ ਇੰਦੂ ਸਿਮਕ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਪ੍ਰਾਪਤ ਗ੍ਰਾਂਟਾਂ ਨਾਲ ਬਹੁਤ ਸੁਚੱਜੇ ਤਰੀਕੇ ਨਾਲ ਸਕੂਲਾਂ ਵਿਚ ਕੰਮ ਕਰਵਾਏ ਜਾ ਰਹੇ ਹਨ ਤਾਂ ਜੋ ਸਕੂਲਾਂ ਵਿਚ ਪੜ੍ਹਾਈ ਦਾ ਪੱਧਰ ਹੋਰ ਉੱਚਾ ਚੱਕਿਆ ਜਾ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਬਰਜਿੰਦਰਪਾਲ ਸਿੰਘ, ਡੀਐਸਐਮ ਰਾਜੇਸ਼ ਕੁਮਾਰ, ਬਲਾਕ ਨੋਡਲ ਅਫ਼ਸਰ ਹਰਪ੍ਰੀਤ ਕੌਰ, ਹੈੱਡ ਮਾਸਟਰ ਕਾਹਨੇਕੇ ਪ੍ਰਦੀਪ ਕੁਮਾਰ, ਸਰਕਾਰੀ ਪ੍ਰਾਇਮਰੀ ਸਕੂਲ ਬਡਬਰ ਦੇ ਹੈਡ ਟੀਚਰ ਅਰਵਿੰਦਰ ਕੌਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਬਰ ਦੇ ਇੰਚਾਰਜ ਜਸਵੀਰ ਕੌਰ, ਅਵਨੀਸ਼ ਕੁਮਾਰ, ਸਿੱਖਿਆ ਕੋਆਰਡੀਨੇਟਰ ਸਤਨਾਮ ਸਿੰਘ ਫਤਹਿ, ਰੋਹਿਤ ਓਸ਼ੋ, ਸਕੂਲ ਦਾ ਸਮੁੱਚਾ ਸਟਾਫ, ਵਿਦਿਆਰਥੀ ਤੇ ਮਾਪੇ ਹਾਜ਼ਰ ਸਨ।

# ਵਾਈ.ਐਸ. ਸਕੂਲ ਵਿਖੇ ਮਾਰਸ਼ਲ ਆਰਟਸ ਦੀਆਂ ਕਲਾਸਾਂ ਲਗਾਈਆਂ



ਬਰਨਾਲਾ, 19 ਅਪ੍ਰੈਲ (ਤੁਸ਼ਾਰ ਗੋਇਲ):ਵਾਈ ਐਸ ਸਕੂਲ ਬਰਨਾਲਾ ਨੇ ਬੱਚਿਆਂ ਦੀ ਸਰੀਰਕ ਅਤੇ ਮਾਨਸਿਕ ਤਾਕਤ ਨੂੰ ਮਜ਼ਬੂਤ ਕਰਨ ਲਈ ਸਕੂਲ ਦੀਆਂ ਸਾਰੀਆਂ ਜਮਾਤਾਂ ਲਈ ਮੁਫ਼ਤ ਮਾਰਸ਼ਲ ਆਰਟਸ ਕਲਾਸਾਂ ਸ਼ੁਰੂ ਕੀਤੀਆਂ ਹਨ। ਇਹ ਕਲਾਸਾਂ ਸਕੂਲ ਤੋਂ ਬਾਅਦ ਸ਼ੁਰੂ ਕੀਤੀਆਂ ਜਾਣਗੀਆਂ। ਇਹ ਪਹਿਲ ਬੱਚਿਆਂ ਨੂੰ ਸਵੈ-ਰੱਖਿਆ ਦੇ ਹੁਨਰ ਸਿਖਾਉਣ ਦੇ ਨਾਲ-ਨਾਲ ਉਨ੍ਹਾਂ ਦੇ ਆਤਮਵਿਸ਼ਵਾਸ ਅਤੇ ਅਨੁਸ਼ਾਸਨ ਨੂੰ ਉਤਸ਼ਾਹਿਤ ਕਰਨ ਲਈ ਕੀਤੀ ਗਈ ਹੈ। ਬੱਚਿਆਂ ਨੂੰ ਸਵੈ-ਰੱਖਿਆ ਦੇ ਆਸਾਨ ਅਤੇ ਪ੍ਰਭਾਵਸ਼ਾਲੀ ਤਰੀਕੇ ਸਿਖਾਏ ਜਾਣਗੇ, ਤਾਂ ਜੋ ਉਹ ਕਿਸੇ ਵੀ ਚੁਣੌਤੀਪੂਰਨ ਸਥਿਤੀ ਵਿੱਚ ਆਪਣੀ ਰੱਖਿਆ ਕਰ ਸਕਣ। ਤਜਰਬੇਕਾਰ ਅਤੇ ਪੇਸ਼ੇਵਰ ਟ੍ਰੇਨਰ ਬੱਚਿਆਂ ਨੂੰ ਸਿਖਲਾਈ ਦੇਣਗੇ, ਜੋ ਹਰੇਕ ਤਕਨੀਕ ਨੂੰ ਸਹੀ ਅਤੇ ਸੁਰੱਖਿਅਤ ਢੰਗ ਨਾਲ ਸਿਖਾਉਣ ਵਿੱਚ ਮਾਹਰ ਹਨ। ਬੱਚਿਆਂ ਨੂੰ ਮੁੱਢਲੇ ਪੱਧਰ ਤੋਂ ਲੈ ਕੇ ਉੱਨਤ ਪੱਧਰ ਤੱਕ ਤਕਨੀਕਾਂ ਵਿੱਚ ਨਿਪੁੰਨ ਬਣਾਇਆ ਜਾਵੇਗਾ। ਹਰੇਕ ਬੱਚੇ ਦੀ ਯੋਗਤਾ ਅਤੇ ਰੁਚੀ ਅਨੁਸਾਰ ਸਿਖਲਾਈ ਦਿੱਤੀ ਜਾਵੇਗੀ ਤਾਂ ਜੋ ਬੱਚੇ ਸਥਾਨਕ ਅਤੇ ਰਾਜ ਪੱਧਰ 'ਤੇ ਸਕੂਲ ਮੁਕਾਬਲਿਆਂ ਵਿੱਚ ਹਿੱਸਾ ਲੈ ਸਕਣ। ਮਾਰਸ਼ਲ ਆਰਟਸ ਵਿਦਿਆਰਥੀਆਂ ਲਈ ਕਰੀਅਰ ਦੇ ਨਵੇਂ ਮੌਕੇ ਵੀ ਖੋਲ੍ਹ ਸਕਦੇ ਹਨ। ਵਾਈ ਐਸ ਸਕੂਲ ਬਰਨਾਲਾ ਦਾ ਫਲਸਫਾ ਹਮੇਸ਼ਾ ਇਹ ਰਿਹਾ ਹੈ ਕਿ ਸਿੱਖਿਆ ਸਿਰਫ਼ ਕਿਤਾਬਾਂ ਤੱਕ ਸੀਮਤ ਨਹੀਂ ਹੋਣੀ ਚਾਹੀਦੀ। ਮਾਰਸ਼ਲ ਆਰਟਸ ਵਰਗੀਆਂ ਗਤੀਵਿਧੀਆਂ ਰਾਹੀਂ ਬੱਚਿਆਂ ਨੂੰ ਸਵੈ-ਨਿਰਭਰ, ਆਤਮ-ਵਿਸ਼ਵਾਸੀ ਅਤੇ ਦਲੇਰ ਨਾਗਰਿਕ ਬਣਾਇਆ ਜਾਂਦਾ ਹੈ ਅਤੇ ਇਹ ਪਹਿਲ ਬੱਚਿਆਂ ਦੇ ਉੱਜਵਲ ਭਵਿੱਖ ਵੱਲ ਇੱਕ ਮਹੱਤਵਪੂਰਨ ਕਦਮ ਹੈ। ਸਾਡੇ ਬੱਚਿਆਂ ਨੂੰ ਸਿਰਫ਼ ਸਰੀਰਕ ਤੌਰ 'ਤੇ ਸਿਹਤਮੰਦ ਅਤੇ ਮਾਨਸਿਕ ਤੌਰ 'ਤੇ ਮਜ਼ਬੂਤ ਹੀ ਨਹੀਂ ਹੋਣਾ ਚਾਹੀਦਾ, ਸਗੋਂ ਉਨ੍ਹਾਂ ਨੂੰ ਜ਼ਿੰਦਗੀ ਦੇ ਹਰ ਕਦਮ 'ਤੇ ਅੱਗੇ ਵਧਣਾ ਚਾਹੀਦਾ ਹੈ ਅਤੇ ਸਫਲਤਾ ਦੀਆਂ ਨਵੀਆਂ ਉਚਾਈਆਂ 'ਤੇ ਪਹੁੰਚਣਾ ਚਾਹੀਦਾ ਹੈ।

# ਜਗਸੀਰ ਸਿੰਘ ਝਨੇੜੀ ਨੇ ਮਾਰਕਿਟ ਕਮੇਟੀ ਦੇ ਚੇਅਰਮੈਨ ਦਾ ਅਹੁਦਾ ਸੰਭਾਲਿਆ



ਭਵਾਨੀਗੜ੍ਹ, 19 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮਾਰਕਿਟ ਕਮੇਟੀ ਭਵਾਨੀਗੜ੍ਹ ਦੇ ਚੇਅਰਮੈਨ ਨਿਯੁਕਤ ਕੀਤੇ ਗਏ ਨੌਜਵਾਨ ਆਗੂ ਜਗਸੀਰ ਸਿੰਘ ਝਨੇੜੀ ਵੱਲੋਂ ਅੱਜ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ, ਐਮ.ਪੀ. ਗੁਰਮੀਤ ਸਿੰਘ ਮੀਤ ਹੇਅਰ ਤੇ ਵਿਧਾਇਕ ਨਰਿੰਦਰ ਕੌਰ ਭਰਾਜ ਦੀ ਹਾਜ਼ਰੀ 'ਚ ਆਪਣਾ ਅਹੁਦਾ ਸੰਭਾਲਿਆ। ਇਸ ਮੌਕੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਬਰਿੰਦਰ ਗੋਇਲ, ਐਮ.ਪੀ. ਗੁਰਮੀਤ ਸਿੰਘ ਮੀਤ ਹੇਅਰ ਤੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਨਵ-ਨਿਯੁਕਤ ਚੇਅਰਮੈਨ ਨੂੰ ਵਧਾਈਆਂ ਦਿੱਤੀਆਂ ਅਤੇ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਚੇਅਰਮੈਨ ਝਨੇੜੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਦੇ ਵਿਕਾਸ ਦੀ ਰੀੜ ਦੀ ਹੱਡੀ ਸਮਝੀ ਜਾਂਦੀ ਖੇਤੀਬਾੜੀ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਮਾਰਕਿਟ ਕਮੇਟੀ ਦਾ ਵੱਡਾ ਯੋਗਦਾਨ ਹੁੰਦਾ ਹੈ। ਉਨ੍ਹਾਂ ਕਿਹਾ ਕਿ ਉਹ ਆਸ ਕਰਦੇ ਹਨ ਕਿ ਚੇਅਰਮੈਨ ਜਗਸੀਰ ਸਿੰਘ ਝਨੇੜੀ ਕਿਸਾਨਾਂ, ਖੇਤ ਮਜ਼ਦੂਰਾਂ ਅਤੇ ਖੇਤੀ ਨਾਲ ਸਬੰਧਤ ਹੋਰਨਾਂ ਵਰਗਾਂ ਦੀ ਭਲਾਈ ਲਈ ਡੱਟ ਕੇ ਕੰਮ ਕਰਨਗੇ ਅਤੇ ਇਸ ਕੰਮ ਲਈ ਜੇਕਰ ਕਿਤੇ ਵੀ ਉਨ੍ਹਾਂ ਦੀ ਲੋੜ ਪਈ ਤਾਂ ਉਹ ਵੀ ਹਰ ਸੰਭਵ ਮਦਦ ਕਰਨਗੇ। ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਕਿਹਾ ਕਿ ਮਾਰਕਿਟ ਕਮੇਟੀਆਂ ਦੇ ਨਵ ਨਿਯੁਕਤ ਚੇਅਰਮੈਨ ਇਨ੍ਹਾਂ ਉਪਰਾਲਿਆਂ ਨੂੰ ਬੁਲੰਦੀਆਂ 'ਤੇ ਪਹੁੰਚਾਉਣ ਲਈ ਪੂਰੀ ਵਾਹ ਲਗਾਉਣਗੇ।

# ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ 302ਵਾਂ ਜਨਮ ਦਿਹਾੜਾ 5 ਮਈ ਨੂੰ ਮਨਾਇਆ ਜਾਵੇਗਾ



ਬਰਨਾਲਾ, 19 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ):ਰਾਮਗੜ੍ਹੀਆ ਸਿੱਖ ਆਰਗੇਨਾਈਜੇਸ਼ਨ ਦੇ ਕੌਮੀ ਪ੍ਰਧਾਨ ਹਰਦੇਵ ਸਿੰਘ ਕੌਸ਼ਲ ਦੀ ਪ੍ਰਧਾਨਗੀ ਹੇਠ ਜਿਲ੍ਹਾ ਬਰਨਾਲਾ ਦੀ ਸਮੁੱਚੀ ਟੀਮ ਨਾਲ ਮੀਟਿੰਗ ਹੋਈ। ਇਸ ਮੌਕੇ ਬੋਲਦਿਆਂ ਕੌਮੀ ਪ੍ਰਧਾਨ ਹਰਦੇਵ ਸਿੰਘ ਕੌਸ਼ਲ ਨੇ ਦੱਸਿਆ ਕਿ ਸਰਦਾਰ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦਾ 302ਵਾਂ ਜਨਮ ਦਿਹਾੜਾ 5 ਮਈ 2025 ਨੂੰ ਉਨ੍ਹਾਂ ਦੇ ਕਿਲ੍ਹੇ ਸਿੰਘਪੁਰ, ਦਸੂਹਾ ਮੁਕੇਰੀਆਂ ਜਿਲ੍ਹਾ ਹੁਸ਼ਿਆਰਪੁਰ ਵਿਖੇ ਮਨਾਇਆ ਜਾਵੇਗਾ। ਇਸ ਦੇ ਚਲਦੇ ਮੈਂ ਸਮੂਹ ਪੰਜਾਬ ਦੇ ਅਤੇ ਹੋਰ ਰਾਜਾਂ ਦੇ ਜ਼ਿਲ੍ਹਾ ਪ੍ਰਧਾਨ, ਅਹੁਦੇਦਾਰ ਅਤੇ ਉੱਚ ਆਗੂਆਂ ਨੂੰ ਸੱਦਾ ਪੱਤਰ ਦੇ ਰਿਹਾ ਹਾਂ। ਮੇਰੇ ਨਾਲ ਕੌਮੀ ਟੀਮ ਦੇ ਮੈਂਬਰ ਵੀ ਸ਼ਾਮਿਲ ਹੁੰਦੇ ਹਨ। ਉਨ੍ਹਾਂ ਕਿਹਾ ਕਿ ਮੈਂ ਸਮੂਹ ਭਾਰਤ ਦੇ ਜਿਲ੍ਹਾ ਪ੍ਰਧਾਨ ਅਤੇ ਸਥਾਨਕ ਅਹੁਦੇਦਾਰਾਂ ਨੂੰ ਬੇਨਤੀ ਕਰਦਾ ਹਾਂ ਕਿ 5 ਮਈ ਨੂੰ ਵੱਧ ਤੋ ਵੱਧ ਆਪਣੇ ਜ਼ਿਲ੍ਹੇ ਦੇ ਰਾਮਗੜ੍ਹੀਆ ਭਾਈਚਾਰੇ ਦੇ ਵਸਨੀਕਾਂ ਨੂੰ ਮਹਾਰਾਜਾ ਦੇ ਕਿਲ੍ਹੇ ਦੇ ਦਰਸ਼ਨ ਕਰਵਾਉ ਅਤੇ ਜਨਮ ਦਿਹਾੜੇ ਨੂੰ ਵੱਡੀ ਪੱਧਰ 'ਤੇ ਮਨਾਉਣ ਲਈ ਆਪਣੀਆਂ ਸੇਵਾਵਾਂ ਨਿਭਾਉ। ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਆਪੋ ਆਪਣੇ ਜ਼ਿਲ੍ਹੇ ਵਿਚ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਪ੍ਰਚਾਰ ਪ੍ਰਸਾਰ ਲਈ ਉਪਰਾਲੇ ਕਰੋ ਤਾਂ ਜੋ ਆਪਣਾ ਭਾਈਚਾਰਾ ਇੱਕਠਾ ਹੋ ਸਕੇ। ਇਸ ਮੌਕੇ ਉਨ੍ਹਾਂ ਨਾਲ ਕੌਮੀ ਵਾਇਸ ਚੇਅਰਮੈਨ ਮੱਖਣ ਸਿੰਘ ਭਰੀ, ਕੌਮੀ ਵਾਇਸ ਚੇਅਰਮੈਨ ਜਗਜੀਤ ਸਿੰਘ ਪਨੇਸਰ ਨੇ ਕਿਹਾ ਕਿ ਰਾਮਗੜ੍ਹੀਆ ਭਾਈਚਾਰਾ ਇੱਕਜੁਟੱਤਾ ਨਾਲ ਚੱਲਕੇ ਭਾਈ ਲਾਲੋ ਜੀ ਪਹਿਲੇ ਸਿੱਖ ਗੁਰੂ ਨਾਨਕ ਦੇਵ ਜੀ ਅਤੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਹਾੜਿਆਂ ਨੂੰ ਵੱਧ ਚੜਕੇ ਮਨਾਵੇ ਤਾਂ ਜੋ ਸਾਡੇ ਵਿਚ ਏਕੇ ਦੀ ਭਾਵਨਾ ਪੈਦਾ ਹੋਵੇ ।ਇਸ ਜਨਮ ਦਿਹਾੜੇ ਨੂੰ ਮਨਾਉਣ ਲਈ ਮਹਾਰਾਜਾ ਸ. ਜੱਸਾ ਸਿੰਘ ਰਾਮਗੜ੍ਹੀਆਂ ਮੈਮੋਰੀਅਲ ਐਜੂਕੇਸ਼ਨਲ ਟਰੱਸਟ (ਰਜਿ.) ਅਤੇ ਰਾਮਗੜ੍ਹੀਆ ਸਿੱਖ ਆਰਗੇਨਾਈਜੇਸ਼ਨ ਇੰਡੀਆ (ਰਜਿ.) ਇੰਟਰਨੈਸ਼ਨਲ ਅਤੇ ਵੱਖ ਵੱਖ ਜ਼ਿਲ੍ਹਿਆਂ ਦੀਆਂ ਸਮੂਹ ਰਾਮਗੜ੍ਹੀਆ ਭਾਈਚਾਰੇ ਦੀਆਂ ਇਕਾਈਆਂ ਸ਼ਾਮਿਲ ਹੋਣ ਗਈਆਂ। ਇਸ ਮੌਕੇ ਉਨ੍ਹਾਂ ਨਾਲ ਜਸਵੰਤ ਸਿੰਘ ਭੋਗਲ ਟਰੱਸਟੀ, ਗੁਰਬਿੰਦਰ ਸਿੰਘ ਲੁਧਿਆਣਾ ਵਾਇਸ ਪ੍ਰਧਾਨ, ਗੁਰਦੇਵ ਸਿੰਘ ਪਵਾਰ ਸਕੱਤਰ, ਜਗਸੀਰ ਸਿੰਘ ਧੀਮਾਨ ਜਨਰਲ ਸਕੱਤਰ, ਨਛੱਤਰ ਸਿੰਘ ਐਮਡੀ ਸਟੈਂਡਰਡ ਕਾਰਪੋਰੇਸ਼ਨ ਇੰਡੀਆ ਲਿਮਟਿਡ ਹਾਜਰ ਸਨ। ਇਸ ਮੌਕੇ ਬਰਨਾਲਾ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਸ਼ੰਟੀ, ਸੀਨੀਅਰ ਮੀਤ ਪ੍ਰਧਾਨ ਗੁਰਮੇਲ ਸਿੰਘ ਆਰੇ ਵਾਲਾ, ਪ੍ਰਚਾਰ ਸਕੱਤਰ ਐਮਪੀ ਸਿੰਘ, ਜ਼ਿਲ੍ਹਾ ਸਹਿ ਸਕੱਤਰ ਗੁਰਮੇਲ ਸਿੰਘ ਭਰੀ ਐਮਡੀ ਨੈਸ਼ਨਲ ਹੋਟਲ ਆਦਿ ਸਮੇਤ ਹੋਰ ਆਗੂ ਹਾਜ਼ਰ ਸਨ।

# ਵਿਵੇਕ ਚੈਰੀਟੇਬਲ ਨੇ 285 ਮਰੀਜ਼ਾਂ ਦੇ ਮੁ.ਫਤ ਲੈਂਜ਼ ਪਾਏ




ਭਗਤਾ ਭਾਈ ਕਾ, 19 ਅਪ੍ਰੈਲ (ਸਵਰਨ ਸਿੰਘ ਭਗਤਾ): ਸਥਾਨਕ ਸ਼ਹਿਰ ਦੇ ਨੇੜਲੇ ਪਿੰਡ ਜਲਾਲ ਵਿਖੇ ਬ੍ਰਹਮਲੀਨ ਸੰਤ ਬਾਬਾ ਕਰਨੈਲ ਦਾਸ ਦੇ ਅਸ਼ੀਰਵਾਦ ਨਾਲ ਮੌਜੂਦਾ ਗੱਦੀ ਨਸ਼ੀਨ ਸ਼੍ਰੀ ਮਾਨ ਸੁਆਮੀ ਬ੍ਰਹਮਮੁਨੀ ਦੀ ਅਗਵਾਈ ਹੇਠ ਅਤੇ ਸੰਸਥਾ ਦੇ ਮੁੱਖ ਪ੍ਰਬੰਧਕ ਸ੍ਰੀ ਮਾਨ ਬਾਬਾ ਗੰਗਾ ਰਾਮ ਦੇ ਯਤਨਾਂ ਸਦਕਾ 257ਵਾਂ ਅੱਖਾਂ ਦਾ ਮੁਫਤ ਲੈਂਜ਼ ਕੈਂਪ ਵਿਵੇਕ ਚੈਰੀਟੇਬਲ ਅੱਖਾਂ ਦਾ ਹਸਪਤਾਲ ਗੁਸਰ -ਜਲਾਲ ਵਿਖੇ ਲਗਾਇਆ ਗਿਆ, ਜਿਸ ਵਿੱਚ ਲਗਭਗ 285 ਯੋਗ ਮਰੀਜ਼ਾਂ ਦੇ ਮੁਫਤ ਲੈਂਜ਼ ਪਾਏ ਗਏ।ਇਸ ਇਸ ਮੌਕੇ ਬਾਬਾ ਗੰਗਾ ਰਾਮ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਡਾਕਟਰ ਰਵੀਕਾਂਤ ਬਮੋਤਰਾ ਐਮ.ਐਸ.ਆਈ ਸਰਜਨ,ਡਾ ਮਿਨਾਕਸ਼ੀ ਸਿੱਧੂ ਐਮ.ਐਸ.ਆਈ ਸਰਜਨ,ਡਾ ਸੁਪ੍ਰੀਤ ਕੌਰ ਵੱਲੋਂ 956 ਮਰੀਜ਼ਾਂ ਦਾ ਚੈੱਕ ਅੱਪ ਕਰਕੇ ਮੁਫਤ ਦਵਾਈਆਂ ਦਿੱਤੀਆਂ ਗਈਆਂ ਅਤੇ ਆਪ੍ਰੇਸ਼ਨ ਯੋਗ 285 ਮਰੀਜਾਂ ਦੇ ਮੁਫਤ ਲੈਂਜ ਪਾਏ ਗਏ।ਇਸ ਮੌਕੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ। ਸੰਤ ਗੰਗਾ ਰਾਮ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਸਿਵਲ ਸਰਜਨ ਰਮਨਦੀਪ ਕੌਰ(ਅਮਰੀਕਾ ਵਾਲਿਆ)ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਮੌਕੇ ਹਸਪਤਾਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

# ਮੁਲਾਜ਼ਮ ਤੇ ਪੈਨਸ਼ਨਰ ਸਰਕਾਰ ਦੀ ਕਾਰਗੁਜ਼ਾਰੀ ਤੋਂ ਨਿਰਾਸ਼



ਬਰਨਾਲਾ, 19 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ):ਸੂਬਾ ਸਰਕਾਰ ਨੇ ਆਪਣੇ ਲਗਭਗ ਚਾਰ ਸਾਲ ਦੇ ਕਾਰਜਕਾਲ ਦੌਰਾਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਪੱਲੇ ਨਿਰਾਸ਼ਾ ਹੀ ਪੱਲੇ ਪਈ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਅਧਿਆਪਕ ਦਲ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਹਰਦੇਵ ਸਿੰਘ ਜਵੰਦਾ ਤੋਂ ਇਲਾਵਾ ਸੁਖਵਿੰਦਰ ਸਿੰਘ ਭੰਡਾਰੀ ਅਤੇ ਬਲਦੇਵ ਸਿੰਘ ਧੌਲਾ ਨੇ ਕਿਹਾ ਕਿ ਸਰਕਾਰ ਆਉਣ ਤੋਂ ਪਹਿਲਾਂ ਆਮ ਪਾਰਟੀ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ, ਪੈਨਸ਼ਨਰਾਂ ਦੀ ਪੈਨਸ਼ਨ 2:59 ਗੁਣਾਂਕ ਨਾਲ ਤਹਿ ਕਰਨ, ਪੇਂਡੂ ਭੱਤੇ ਸਮੇਤ ਕੱਟੇ ਸਾਰੇ ਭੱਤੇ ਬਹਾਲ ਕਰਨ, 11 ਪ੍ਰਤੀਸ਼ਤ ਡੀ ਏ ਦੇਣ, ਡੀ ਏ ਦੇ ਰਹਿੰਦੇ ਬਕਾਏ ਦਾ ਭੁਗਤਾਨ ਕਰਨ, ਪੈਨਸ਼ਨਰਾਂ ਨੂੰ ਛੇਵੇਂ ਤਨਖ਼ਾਹ ਕਮਿਸ਼ਨ ਦੇ ਬਕਾਏ ਇੱਕ ਜਾਂ ਦੋ ਕਿਸਤਾਂ ਵਿੱਚ ਦੇਣ, ਵਿਕਾਸ ਕਰ ਦੇ ਨਾਂ ਹੇਠ ਪ੍ਰਤੀ ਮਹੀਨਾ 200 ਰੁਪਏ ਦਾ ਜੰਜੂਆ ਟੈਕਸ ਬੰਦ ਕਰਨ ਦੀਆਂ ਚੋਣ ਗਰੰਟੀਆਂ ਦਿੱਤੀਆਂ ਗਈਆਂ ਸਨ,ਪਰ ਅਫਸੋਸ ਦੀ ਗੱਲ ਹੈ ਕਿ ਚੌਥੇ ਬਜਟ ਵਿੱਚ ਵੀ ਪੰਜਾਬ ਸਰਕਾਰ ਨੇ ਇਹਨਾਂ ਗਰੰਟੀਆਂ ਬਾਰੇ ਚੁੱਪੀ ਧਾਰਨ ਕੀਤੀ ਹੋਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਧਾਰਨ ਕੀਤੇ ਮੁਲਾਜ਼ਮ ਵਿਰੋਧੀ ਵਤੀਰੇ ਕਾਰਨ ਆਉਣ ਵਾਲੇ ਸਮੇਂ ਵਿੱਚ ਸਰਕਾਰ ਨੂੰ ਖੁਮਿਆਜ਼ਾ ਭੁਗਤਨਾ ਪਵੇਗਾ।

# ਜ਼ਿਲ੍ਹਾ ਪ੍ਰਧਾਨ ਸਮਰਾ ਨੇ ਸਕੱਤਰ ਮੰਡੀ ਬੋਰਡ ਨੂੰ ਮੰਡੀ ਦੀਆਂ ਮੁਸ਼ਕਲਾਂ ਤੋਂ ਜਾਣੂ ਕਰਵਾਇਆ



ਧੂਰੀ, 19 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਅੱਜ ਪੰਜਾਬ ਮੰਡੀ ਬੋਰਡ ਦੇ ਸਕੱਤਰ ਰਾਮਵੀਰ, ਆਈ.ਏ.ਐਸ ਵੱਲੋਂ ਧੂਰੀ ਮੰਡੀ ਦਾ ਦੌਰਾ ਕੀਤਾ ਗਿਆ। ਇਸ ਮੌਕੇ ਫੈਡਰੇਸ਼ਨ ਆਫ਼ ਆੜ੍ਹਤੀਆ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਜਗਤਾਰ ਸਿੰਘ ਸਮਰਾ ਨੇ ਸ੍ਰੀ ਰਾਮਵੀਰ ਨੂੰ ਮੰਡੀ ਵਿੱਚ ਦਰਪੇਸ਼ ਮੁਸ਼ਕਲਾਂ ਸਬੰਧੀ ਜਾਣੂੰ ਕਰਵਾਇਆ। ਇਸ ਮੁਲਾਕਾਤ ਦੇ ਵੇਰਵੇ ਪ੍ਰੈੱਸ ਨੂੰ ਜਾਰੀ ਕਰਦਿਆਂ ਸਾਥੀ ਜਗਤਾਰ ਸਿੰਘ ਸਮਰਾ ਨੇ ਦੱਸਿਆ ਕਿ ਮੰਡੀ ਦਾ ਰੇਲਵੇ ਲਾਇਨਾਂ ਦੇ ਨਾਲ ਲੱਗਦਾ ਫੜ ਨੀਂਵਾ ਹੋਣ ਕਾਰਨ ਕਿਸਾਨਾਂ ਦੀ ਕਣਕ ਦੀ ਫ਼ਸਲ ਪਿਛਲੀ ਰਾਤ ਮੀਂਹ ਆਉਣ ਕਾਰਨ ਦੋ/ਦੋ ਫੁੱਟ ਪਾਣੀ ਵਿੱਚ ਡੁੱਬਣ ਕਾਰਨ ਨੁਕਸਾਨੀ ਗਈ। ਉਨ੍ਹਾਂ ਮੰਡੀ ਬੋਰਡ ਦੇ ਸਕੱਤਰ ਸ੍ਰੀ ਰਾਮਵੀਰ ਤੋਂ ਮੰਡੀ ਦਾ ਫੜ ਨੂੰ ਤਿੰਨ ਫੁੱਟ ਉੱਚਾ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਜਿਸ ਹਲਕੇ ਤੋਂ ਲੋਕਾਂ ਨੇ ਭਗਵੰਤ ਮਾਨ ਨੂੰ ਜਿਤਾ ਕੇ ਮੁੱਖ ਮੰਤਰੀ ਬਣਾਇਆ, ਉਸ ਹਲਕੇ ਦੀ ਮੰਡੀ ਦੀ ਚਾਰਦੀਵਾਰੀ ਸੰਪੂਰਨ ਨਾ ਹੋਣ ਕਾਰਨ ਜਿੱਥੇ ਕਿਸਾਨਾਂ ਦੀ ਜਿਣਸ ਅਕਸਰ ਚੋਰੀ ਹੁੰਦੀ ਹੈ, ਉਥੇ ਅਵਾਰਾ ਪਸ਼ੂਆਂ ਦੇ ਦਾਖਲੇ ਕਾਰਨ ਜਿਣਸਾਂ ਦਾ ਉਜਾੜਾ ਵੀ ਹੁੰਦਾ ਹੈ ਅਤੇ ਗੰਦਗੀ ਫ਼ੈਲਦੀ ਹੈ। ਉਨ੍ਹਾਂ ਮੰਗ ਕੀਤੀ ਕਿ ਜਿੱਥੇ ਫੜ ਉੱਚਾ ਕੀਤਾ ਜਾਵੇ, ਉਥੇ ਮੰਡੀ ਦੀ ਚਾਰਦੀਵਾਰੀ ਮੁਕੰਮਲ ਕੀਤੀ ਜਾਵੇ।

# ਮੰਡਲ ਪ੍ਰਧਾਨ ਤਪਾ ਵੱਲੋਂ ਗੁਜਰਾਤ ਦੇ ਰਾਜਪਾਲ ਅਚਾਰੀਆ ਦੇਵਵ੍ਰਤ ਨਾਲ ਮੁਲਾਕਾਤ



ਤਪਾ ਮੰਡੀ,19 ਅਪ੍ਰੈਲ (ਰਾਜੂ ਮਹਿਰਾ):ਭਾਰਤੀਯ ਜਨਤਾ ਪਾਰਟੀ ਤਪਾ ਦੇ ਮੰਡਲ ਪ੍ਰਧਾਨ ਅਸ਼ਵਨੀ ਕੁਮਾਰ ਬਹਾਵਲਪੁਰੀਆ ਵੱਲੋਂ ਗੁਜਰਾਤ ਦੇ ਰਾਜਪਾਲ ਅਚਾਰੀਆ ਦੇਵਵ੍ਰਤ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਉਨ੍ਹਾਂ ਮਾਨਯੋਗ ਰਾਜਪਾਲ ਨਾਲ ਮੋਦੀ ਸਰਕਾਰ ਵੱਲੋਂ ਚਲਾਈਆਂ ਗਈਆਂ ਸਕੀਮਾਂ ਸਬੰਧੀ ਵਿਚਾਰਾਂ ਕੀਤੀਆਂ। ਉਨ੍ਹਾਂ ਕਿਹਾ ਕਿ ਭਾਰਤ ਦੇ ਲੋਕ ਅੱਜ ਨਰਿੰਦਰ ਮੋਦੀ ਦੀਆਂ ਗਾਰੰਟੀਆਂ ਤੇ ਪੂਰਨ ਵਿਸ਼ਵਾਸ ਕਰਦੇ ਹਨ, ਕਿਉਂਕਿ ਉਹਨਾਂ ਵੱਲੋਂ ਆਪਣੇ ਇਲਾਕੇ ਦੇ ਪਿੰਡਾਂ ਤੇ ਗਲੀ ਮੁਹੱਲਿਆਂ 'ਚ ਮੋਦੀ ਸਰਕਾਰ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਇਆ ਜਾ ਰਿਹਾ ਹੈ, ਤਾਂ ਜੋ ਇਹਨਾਂ ਸਕੀਮਾਂ ਦਾ ਲਾਭ ਲੈਣ ਲਈ ਕੋਈ ਵੀ ਵਿਅਕਤੀ ਵਾਂਝਾ ਨਾ ਰਹੇ। ਮੰਡਲ ਪ੍ਰਧਾਨ ਬਹਾਵਲਪੁਰੀਆ ਨੇ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਭਾਜਪਾ ਪੰਜਾਬ ਅੰਦਰ ਵੀ ਆਪਣਾ ਮੁੱਢ ਬੰਨੇਗੀ।

# ਕਾਮਰੇਡ ਭੀਮ ਸਿੰਘ ਨੂੰ ਛੇਵੀਂ ਬਰਸੀ ਮੌਕੇ ਦਿੱਤੀ ਸ਼ਰਧਾਂਜਲੀ



ਦਿੜ੍ਹਬਾ ਮੰਡੀ, 19 ਅਪ੍ਰੈਲ (ਸੁਖਵਿੰਦਰ ਸਿੰਘ ਵਿਰਕ):ਦਾਰਸ਼ਨਿਕ ਵਿਚਾਰਾਂ ਦੇ ਧਾਰਨੀ ਅਤੇ ਮਹਾਨ ਦਾਨੀ ਕਾਮਰੇਡ ਭੀਮ ਸਿੰਘ ਦੀ ਛੇਵੀਂ ਬਰਸੀ ਬਾਬਾ ਬੈਰਸੀਆਣਾ ਸਾਹਿਬ ਚੈਰੀਟੇਬਲ ਹਸਪਤਾਲ ਦੇ ਦਫਤਰ ਅੰਦਰ ਮਨਾਈ ਗਈ। ਸਾਹਿਤ ਅਤੇ ਸੱਭਿਆਚਾਰ ਮੰਚ ਵੱਲੋਂ ਕਰਵਾਏ ਗਏ ਸ਼ਰਧਾਂਜਲੀ ਸਮਾਰੋਹ ਦੇ ਵਿੱਚ ਸਾਬਕਾ ਵਿਧਾਇਕ ਸੁਰਜੀਤ ਸਿੰਘ ਧੀਮਾਨ ਵਿਸ਼ੇਸ਼ ਤੌਰ 'ਤੇ ਇਸ ਸ਼ਰਧਾਂਜਲੀ ਸਮਾਰੋਹ ਵਿੱਚ ਸ਼ਾਮਿਲ ਹੋਏ। ਮੰਚ ਦੇ ਪ੍ਰਧਾਨ ਗੁਰਮੀਤ ਸਿੰਘ ਖੇਤਲਾ ਦੀ ਅਗਵਾਈ ਵਿੱਚ ਅਤੇ ਹਸਪਤਾਲ ਦੇ ਮੈਨੇਜਰ ਬਲਦੇਵ ਸਿੰਘ ਜੀ ਨਿਗਰਾਨੀ ਹੇਠ ਇਲਾਕੇ ਦੇ ਸਹਿਤ ਪ੍ਰੇਮੀ ਅਤੇ ਹੋਰ ਪਤਵੰਤੇ ਸੱਜਣ ਸ਼ਾਮਿਲ ਹੋਏ। ਕਾਮਰੇਡ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਸਾਬਕਾ ਵਿਧਾਇਕ ਸਰਜੀਤ ਸਿੰਘ ਧੀਮਾਨ, ਗੁਰਮੀਤ ਸਿੰਘ ਖੇਤਲਾ ਅਤੇ ਨਾਇਬ ਸਿੰਘ ਰਟੋਲਾਂ ਨੇ ਕਿਹਾ ਕਿ ਕਾਮਰੇਡ ਭੀਮ ਸਿੰਘ ਅੱਜ ਤੋਂ ਛੇ ਸਾਲ ਪਹਿਲਾਂ ਸਾਡੇ ਕੋਲੋਂ ਇੱਕ ਸੜਕ ਹਾਦਸੇ ਵਿੱਚ ਵਿਛੜ ਗਏ ਸਨ। ਬੇਸ਼ਕ ਉਹ ਅੱਜ ਸਾਡੇ ਵਿਚਕਾਰ ਨਹੀਂ ਪਰ ਉਨ੍ਹਾਂ ਵੱਲੋਂ ਦਿੱਤੀ ਗਈ ਸੋਚ ਅਤੇ ਸੇਧ ਨੂੰ ਇਲਾਕਾ ਵਾਸੀ ਅੱਗੇ ਲੈ ਕੇ ਚੱਲ ਰਹੇ ਹਨ। ਉਹਨਾਂ ਵੱਲੋਂ ਪਾਏ ਗਏ ਯੋਗਦਾਨ ਦੀ ਚਰਚਾ ਕਰਦੇ ਹੋਏ ਕਿਹਾ ਕਿ ਉਹਨਾਂ ਨੇ ਦਿੜ੍ਹਬਾ ਵਿਖੇ ਇੱਕ ਸ਼ਾਨਦਾਰ ਹਸਪਤਾਲ ਦੀ ਉਸਾਰੀ ਕੀਤੀ ਜੋ ਕਿ ਇਲਾਕੇ ਦਾ ਇੱਕ ਵਧੀਆ ਹਸਪਤਾਲ ਹੈ ਇਸ ਦੇ ਨਾਲ ਹੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਿੜ੍ਹਬਾ ਦੀ ਇਮਾਰਤ ਲਈ 55 ਲੱਖ ਰੁਪਏ ਆਪਣੀ ਸਾਰੀ ਜਾਇਦਾਦ ਵੇਚ ਕੇ ਲਗਾਏ ਗਏ ਜੋ ਕਿ ਇੱਕ ਵੱਡੀ ਮਿਸਾਲ ਹੈ। ਇਸੇ ਕਰਕੇ ਸਰਕਾਰੀ ਸਕੂਲ ਦਾ ਨਾਂ ਕਾਮਰੇਡ ਭੀਮ ਸਿੰਘ ਸਕੂਲ ਆਫ ਐਮੀਨੈਂਸ ਸਰਕਾਰ ਵੱਲੋਂ ਰੱਖਿਆ ਗਿਆ ਹੈ। ਇਸ ਦੇ ਨਾਲ ਹੀ ਜੇਕਰ ਸਹਿਤ ਦੇ ਖੇਤਰ ਵਿੱਚ ਦਿੱਤੇ ਗਏ ਯੋਗਦਾਨ ਦੀ ਗੱਲ ਕਰੀਏ ਤਾਂ ਪਿਛਲੇ 40 ਸਾਲਾਂ ਤੋਂ ਸਾਹਿਤ ਅਤੇ ਸੱਭਿਆਚਾਰ ਮੰਚ ਹੁਣ ਵੀ ਉਹਨਾਂ ਦੀ ਸੋਚ ਨੂੰ ਲੈ ਕੇ ਅੱਗੇ ਚੱਲ ਰਿਹਾ ਹੈ ਜੋ ਕਿ ਇਲਾਕੇ ਅੰਦਰ ਸਾਹਿਤਕ ਸਰਗਰਮੀਆਂ ਜਾਰੀ ਰੱਖਣ ਲਈ ਸਰਗਰਮ ਹੈ। ਦੀ ਸੋਚ ਨੂੰ ਬਚਾ ਕੇ ਰੱਖਣਾ ਹੀ ਸਭ ਤੋਂ ਵੱਡੀ ਉਹਨਾਂ ਨੂੰ ਸ਼ਰਧਾਂਜਲੀ ਹੋਵੇਗੀ। ਇਸ ਮੌਕੇ ਪੈਨਸ਼ਨਰ ਐਸੋਸੀਏਸ਼ਨ ਦਿੜ੍ਹਬਾ ਦੇ ਪ੍ਰਧਾਨ ਦਰਸ਼ਨ ਸਿੰਘ ਰੋਗਲਾ, ਕਸ਼ਮੀਰ ਸਿੰਘ ਰੋੜੇਵਾਲ, ਰਾਜਕੁਮਾਰ ਰਾਮਾ, ਗੁਰਤੇਜ ਸਿੰਘ ਧਾਲੀਵਾਲ, ਕਾਮਰੇਡ ਭੀਮ ਸਿੰਘ ਦੇ ਛੋਟੇ ਭਰਾ ਹਰਕੇਸ਼ ਸਿੰਘ ਧਾਲੀਵਾਲ, ਤਰਸੇਮ ਸਿੰਘ, ਹਰਮੇਸ਼ ਸਿੰਘ ਮੇਸ਼ੀ, ਕਸ਼ਮੀਰ ਸਿੰਘ, ਸਰਬਜੀਤ ਸਿੰਘ ਨਰਾਇਣ, ਡਾਕਟਰ ਐਸ ਕੇ ਗੋਇਲ ਅਤੇ ਜਤਿੰਦਰ ਭਾਰਦਵਾਜ ਨੇ ਵੀ ਕਾਮਰੇਡ ਭੀਮ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ।

# ਐਮ.ਟੀ.ਐਸ. ਸਕੂਲ ਕੌਂਸਲ ਚੋਣਾਂ ਸ.ਫਲਤਾਪੂਰਵਕ ਸੰਪੰਨ




ਬਰਨਾਲਾ, 19 ਅਪ੍ਰੈਲ (ਹਿਮਾਂਸ਼ੂ ਗਰਗ):ਮਦਰ ਟੀਚਰ ਸਕੂਲ ਵਿਖੇ ਬਹੁਤ ਉਡੀਕੀਆਂ ਜਾ ਰਹੀਆਂ ਐਮਟੀਐਸ ਸਕੂਲ ਕੌਂਸਲ ਚੋਣਾਂ ਅੱਜ ਸਫਲਤਾਪੂਰਵਕ ਸੰਪੰਨ ਹੋਈਆਂ। ਲੋਕਤੰਤਰੀ ਭਾਵਨਾ ਪੂਰੇ ਜੋਸ਼ਾਂ ਵਿੱਚ ਸੀ ਕਿਉਂਕਿ 6ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਦੇ ਨਾਲ-ਨਾਲ ਸਟਾਫ਼ ਅਤੇ ਮੈਨੇਜਮੈਂਟ ਮੈਂਬਰਾਂ ਨੇ ਹੈਡ ਬੁਆਏ ਅਤੇ ਹੈਡ ਗਰਲ ਦੇ ਮਨਭਾਉਂਦੇ ਅਹੁਦਿਆਂ ਲਈ ਉਤਸ਼ਾਹ ਨਾਲ ਵੋਟਾਂ ਪਾਈਆਂ। ਚੋਣ ਪ੍ਰਕਿਰਿਆ ਉਤਸ਼ਾਹ, ਜ਼ਿੰਮੇਵਾਰੀ ਅਤੇ ਸਰਗਰਮ ਭਾਗੀਦਾਰੀ ਦੁਆਰਾ ਦਰਸਾਈ ਗਈ ਸੀ, ਜੋ ਵਿਦਿਆਰਥੀਆਂ ਵਿੱਚ ਲੀਡਰਸ਼ਿਪ ਗੁਣਾਂ ਅਤੇ ਨਾਗਰਿਕ ਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਸਕੂਲ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਵੋਟਿੰਗ ਸਮਾਜਿਕ ਵਿਗਿਆਨ ਵਿਭਾਗ ਅਤੇ ਸਕੂਲ ਪ੍ਰਸ਼ਾਸਨ ਦੀ ਨਿਗਰਾਨੀ ਹੇਠ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਕਰਵਾਈ ਗਈ। ਉਮੀਦਵਾਰ ਪ੍ਰਚਾਰ ਕਰ ਰਹੇ ਸਨ, ਆਪਣੇ ਮੈਨੀਫੈਸਟੋ ਪੇਸ਼ ਕਰ ਰਹੇ ਸਨ ਅਤੇ ਵੱਖ-ਵੱਖ ਇੰਟਰਐਕਟਿਵ ਸੈਸ਼ਨਾਂ ਵਿੱਚ ਵੋਟਰਾਂ ਨਾਲ ਜੁੜ ਰਹੇ ਸਨ। ਅੱਜ ਦੀ ਵੋਟਿੰਗ ਸ਼ਾਂਤੀਪੂਰਵਕ ਹੋਈ, ਵੋਟਰਾਂ ਦੀ ਗਿਣਤੀ ਵੱਧ ਸੀ ਅਤੇ ਕੈਂਪਸ ਵਿੱਚ ਜੋਸ਼ੀਲਾ ਮਾਹੌਲ ਸੀ। ਚੋਣਾਂ ਦੇ ਨਤੀਜੇ ਜਲਦੀ ਹੀ ਐਲਾਨੇ ਜਾਣ ਦੀ ਉਮੀਦ ਹੈ ਅਤੇ ਨਵੇਂ ਚੁਣੇ ਗਏ ਵਿਦਿਆਰਥੀ ਆਗੂਆਂ ਨੂੰ ਆਉਣ ਵਾਲੀ ਸਕੂਲ ਅਸੈਂਬਲੀ ਦੌਰਾਨ ਰਸਮੀ ਤੌਰ 'ਤੇ ਸ਼ਾਮਲ ਕੀਤਾ ਜਾਵੇਗਾ। ਮਦਰ ਟੀਚਰ ਸਕੂਲ ਅਜਿਹੀਆਂ ਅਮੀਰ ਪਹਿਲਕਦਮੀਆਂ ਰਾਹੀਂ ਲੀਡਰਸ਼ਿਪ, ਅਨੁਸ਼ਾਸਨ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨਾ ਜਾਰੀ ਰੱਖਦਾ ਹੈ।



# ਪਟਿਆਲਾ-ਆਸ/ਪਾਸ



## ਪਿੰਡ ਨਵੀਂ ਲਲੌਛੀ ਦੀ ਪੰਚਾਇਤ ਨੇ ਫਿਰਨੀ ਬਣਵਾਉਣ ਲਈ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਦਾ ਕੀਤਾ ਧੰਨਵਾਦ

### ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਨੂੰ ਦਿੱਤੀ ਜਾ ਰਹੀ ਤਰਜੀਹ : ਹਰਚੰਦ ਸਿੰਘ ਬਰਸਟ



ਸਮਾਣਾ, 19 ਅਪ੍ਰੈਲ (ਜਵੰਦਾ/ ਅਮਿਤ ਸ਼ਰਮਾ) : ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਦੀ ਅਗਵਾਈ ਵਿੱਚ ਪੰਜਾਬ ਦੀਆਂ ਮੰਡੀਆਂ ਅਤੇ ਪਿੰਡਾਂ ਦੀਆਂ ਲਿੰਕ ਸੜਕਾਂ ਦੇ ਵਿਕਾਸ ਦਾ ਕਾਰਜ ਜੋਰਾਂ ਨਾਲ ਹੋ ਰਿਹਾ ਹੈ। ਇਸ ਲੜੀ ਤਹਿਤ ਸ. ਬਰਸਟ ਵੱਲੋਂ ਪਿੰਡ ਨਵੀਂ ਲਲੌਛੀ ਦੀ ਫਿਰਨੀ ਬਣਵਾਉਣ ਤੇ ਪਿੰਡ ਦੀ ਪੰਚਾਇਤ ਅਤੇ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।ਅੱਜ ਪਟਿਆਲਾ ਸਥਿਤ ਦਫ਼ਤਰ ਵਿਖੇ ਪਿੰਡ ਨਵੀਂ ਲਲੌਛੀ ਦੀ ਪੰਚਾਇਤ ਨੇ ਸ. ਹਰਚੰਦ ਸਿੰਘ ਬਰਸਟ ਨਾਲ ਮੁਲਾਕਾਤ ਕੀਤੀ ਅਤੇ ਪਿੰਡ ਦੇ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ। ਇਸ ਮੌਕੇ ਪਿੰਡ ਨਵੀਂ ਲਲੌਛੀ ਦੇ ਸਰਪੰਚ ਕੁਲਵੀਰ ਸਿੰਘ ਨੇ ਦੱਸਿਆ ਕਿ ਪਿੰਡ ਦੀ ਫਿਰਨੀ ਦੀ ਹਾਲਤ ਕਾਫੀ ਖਸਤਾ ਸੀ, ਜਿਸ ਕਰਕੇ ਪਿੰਡ ਵਾਸੀਆਂ ਨੂੰ ਬਹੁਤ ਸਾਰੀ ਸਮੱਸਿਆਵਾਂ ਪੇਸ਼ ਆਉਂਦੀਆਂ ਸੀ। ਇਸ ਸਮੱਸਿਆ ਦਾ ਸ. ਬਰਸਟ ਵੱਲੋਂ ਹੱਲ ਕਰਵਾ ਦਿੱਤਾ ਗਿਆ ਹੈ, ਜਿਸਦੇ ਲਈ ਸਮੂੰਹ ਪਿੰਡ ਵਾਸੀ ਉਨ੍ਹਾਂ ਦੇ ਬਹੁਤ ਧੰਨਵਾਦੀ ਹਨ। ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਕਿਹਾ ਕਿ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਸ. ਬਰਸਟ ਨੇ ਵਿਸ਼ਵਾਸ ਦਵਾਇਆ ਕਿ ਉਹ ਹਰ ਸਮੇਂ ਉਨ੍ਹਾਂ ਦੇ ਨਾਲ ਖੜੇ ਹਨ ਅਤੇ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ ਅਤੇ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਤੋਂ ਫੰਡ ਵੀ ਉਪਲੱਬਧ ਕਰਵਾਏ ਜਾਣਗੇ। ਇਸਦੇ ਨਾਲ ਹੀ ਸ. ਬਰਸਟ ਨੇ ਗ੍ਰਾਮ ਪੰਚਾਇਤਾਂ ਨੂੰ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਚਲਾਈ ਜਾ ਰਹੀ 'ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਵਿਚ ਯੋਗਦਾਨ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਕੁਲਵੀਰ ਸਿੰਘ ਸਰਪੰਚ ਨਵੀਂ ਲਲੌਛੀ, ਹਰਿੰਦਰ ਸਿੰਘ ਧਬਲਾਨ, ਸ਼ਾਮ ਲਾਲ ਦੱਤ, ਜਸਪਾਲ ਸਿੰਘ ਪੰਚ, ਗੁਰਦਿਆਲ ਸਿੰਘ ਪੰਚ, ਗੁਰਤੇਜ ਸਿੰਘ ਹੈਪੀ ਪੰਚ, ਰਜਿੰਦਰ ਸਿੰਘ, ਪ੍ਰੇਮ ਸਿੰਘ, ਅੰਬਰਪਾਲ, ਗੁਰਮੇਲ ਸਿੰਘ, ਯਸ਼ ਕੌੜਾ ਸਮੇਤ ਹੋਰ ਵੀ ਮੌਜੂਦ ਰਹੇ।

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਸੂਬੇ 'ਚ ਆਈ ਸਿੱਖਿਆ ਕ੍ਰਾਂਤੀ : ਪ੍ਰੋਫੈਸਰ ਜਸਵੰਤ ਸਿੰਘ

### ਹਲਕੇ ਦੇ 103 ਸਰਕਾਰੀ ਸਕੂਲਾਂ ਦੀ ਕਰੀਬ 10 ਕਰੋੜ 44 ਲੱਖ ਦੀ ਲਾਗਤ ਨਾਲ ਨੁਹਾਰ ਬਦਲੀ ਜਾ ਰਹੀ ਹੈ

ਮਲੇਰਕੋਟਲਾ/ਅਮਰਗੜ੍ਹ, 19 ਅਪ੍ਰੈਲ (ਚ.ਨ.ਸ.) : ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਅੱਜ ਹਲਕਾ ਅਮਰਗੜ੍ਹ ਦੇ ਤਿੰਨ ਪਿੰਡਾਂ ਦੇ ਸਕੂਲਾਂ ਸਰਕਾਰੀ ਸਕੂਲਾਂ ਵਿਖੇ ਕਰੀਬ 01 ਕਰੋੜ 30 ਲੱਖ ਰੁਪਏ ਦੀ ਲਾਗਤ ਨਾਲ ਸਕੂਲਾਂ ਦੇ ਕਮਰਿਆਂ ਦੇ ਨਵੀਨੀਕਰਨ, ਖੇਡਾਂ ਦੇ ਮੈਦਾਨ, ਬਾਥਰੂਮ ਅਤੇ ਸਕੂਲਾਂ ਦੀ ਚਾਰ ਦੀਵਾਰੀ ਦੇ ਕੰਮ ਮੁਕੰਮਲ ਕਰਕੇ ਵਿਦਿਆਰਥੀਆਂ ਦੇ ਸਪੁਰਦ ਕੀਤੇ । ਇਸ ਮੌਕੇ ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਵੀ ਮੌਜੂਦ ਸਨ । ਉਨ੍ਹਾਂ ਨੇ ਪਿੰਡ ਭੋਗੀਵਾਲ ਦੇ ਪੀ.ਐਮ.ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੇ ਪ੍ਰਾਇਮਰੀ ਸਕੂਲ, ਪਿੰਡ ਅਕਬਰਪੁਰ ਸਰਕਾਰੀ ਸੀਨੀਅਰ ਸੈਕੰਡਰੀ ਤੇ ਪ੍ਰਾਇਮਰੀ ਸਕੂਲ ਅਤੇ ਪਿੰਡ ਫਲੌਂਡ ਖੁਰਦ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਜਾ ਕੇ ਜਿੱਥੇ ਵਿਦਿਆਰਥੀਆਂ ਦੀ ਹੌਸਲਾ ਅਫਜਾਈ ਕੀਤੀ ਉੱਥੇ ਹੀ



ਵਿਦਿਆਰਥੀਆਂ ਦੇ ਮਾਪਿਆਂ ਨਾਲ ਵੀ ਗੱਲਬਾਤ ਕੀਤੀ। ਵਿਧਾਇਕ ਅਮਰਗੜ੍ਹ ਨੇ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰੀ ਸਕੂਲਾਂ 'ਚ ਬੁਨਿਆਦੀ ਢਾਂਚੇ ਦੀਆਂ ਕਮੀਆਂ ਦੂਰ ਕਰਕੇ, ਅਧਿਆਪਕਾਂ ਦੀਆਂ ਖਾਲੀ ਪਈਆਂ ਅਸਾਮੀਆਂ ਭਰ ਕੇ ਸਿੱਖਿਆ ਦੇ ਖੇਤਰ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ ਜੋ ਕ੍ਰਾਂਤੀ ਲਿਆਂਦੀ ਹੈ ਉਹ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਅਮਰਗੜ੍ਹ ਹਲਕੇ ਦੇ 103 ਪ੍ਰਾਇਮਰੀ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦੀ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਕਰੀਬ 10 ਕਰੋੜ 44 ਲੱਖ ਰੁਪਏ ਦੀ ਲਾਗਤ ਨਾਲ ਨੁਹਾਰ ਬਦਲੀ ਜਾ ਰਹੀ ਹੈ । ਉਨ੍ਹਾਂ ਹੋਰ ਦੱਸਿਆ ਕਿ ਦੇ 58 ਪ੍ਰਾਇਮਰੀ ਸਕੂਲਾਂ ਤੇ 06 ਕਰੋੜ 61 ਲੱਖ ਰੁਪਏ ਅਤੇ 45 ਹਾਈ ਤੇ ਸੀਨੀਅਰ ਸੈਕੰਡਰੀ ਸਕੂਲ ਤੇ 03 ਕਰੋੜ 83 ਲੱਖ ਰੁਪਏ ਖਰਚ ਕੀਤੇ ਜਾ ਰਹੇ ਹਨ ।ਉਨ੍ਹਾਂ ਕਿਹਾ ਕਿ ਸਾਰੇ ਵਿਦਿਆਰਥੀਆਂ ਨੂੰ ਇਸ ਦਾ ਲਾਭ ਮਿਲ ਰਿਹਾ ਹੈ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀਆਂ ਤੇ ਸਕੂਲ ਸਟਾਫ ਨੇ ਗੱਜਣਮਾਜਰਾ ਅਤੇ ਡਿਪਟੀ ਕਮਿਸ਼ਨਰ ਦਾ ਭਰਵਾਂ ਸਵਾਗਤ ਕੀਤਾ । ਇਸ ਮੌਕੇ ਉਨ੍ਹਾਂ ਸਰਕਾਰ ਦੀ ਪੰਜਾਬ ਦੀ ਸਿੱਖਿਆ, ਸਿਹਤ ਤੇ ਨਸ਼ਿਆਂ ਨੂੰ ਜੜ ਤੋਂ ਖਤਮ ਕਰਨ ਪ੍ਰਤੀ ਬਣਾਈਆਂ ਨੀਤੀਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਤੇ ਸਿਹਤ ਸਹੂਲਤਾਵਾਂ ਆਮ ਲੋਕਾਂ ਦੇ ਪੁਹੰਚ ਵਿੱਚ ਲਿਆਉਣ ਦੇ ਸਾਰਥਕ ਉਪਰਾਲੇ ਕਰ ਰਹੀ ਹੈ ਤਾਂ ਜੋ ਸਿੱਖਿਅਤ ਅਤੇ ਸਿਹਤਮੰਦ ਨਸ਼ਾ ਮੁਕਤ ਸਮਾਜ ਦੀ ਸੁਰਚਨਾ ਹੋ ਸਕੇ । ਉਨ੍ਹਾਂ ਕਿਹਾ ਕਿ ਹੁਣ ਆਮ ਲੋਕਾਂ ਦਾ ਰੁਝਾਨ ਨਿੱਜੀ ਸਕੂਲਾਂ ਤੇ ਹਸਪਤਾਲਾਂ ਵੱਲ ਨਾ ਹੋ ਕੇ ਸਰਕਾਰੀ ਸਕੂਲਾਂ ਤੇ ਹਸਪਤਾਲਾਂ ਵੱਲ ਵਧਿਆ ਹੈ। ਉਨ੍ਹਾਂ ਕਿਹਾ ਕਿ ਅਧਿਆਪਕ ਅਤੇ ਵਿਦਿਆਰਥੀ ਨਸ਼ਾ ਮੁਕਤ ਸਮਾਜ ਦੀ ਰਚਨਾ ਵਿੱਚ ਇੱਕ ਜਾਗਰੂਕਤਾ ਅਤੇ ਲੋਕ ਲਹਿਰ ਬਣਾ ਕੇ ਮਹੱਤਵਪੂਰਨ ਭੂਮਿਕਾ ਨਿਭਾਅ ਸਕਦੇ ਹਨ ।ਉਨ੍ਹਾਂ ਅਧਿਆਪਕਾਂ ਅਤੇ ਮਾਪਿਆਂ ਨੂੰ ਆਗਾਹ ਕੀਤਾ ਕਿ ਉਹ ਸਿੱਖਿਆ ਸੰਸਕਾਰ ਦੀ ਲਹਿਰ ਵਿੱਚ ਆਪਣਾ ਯੋਗਦਾਨ ਪਾਉਣ। ਨੌਜਵਾਨਾਂ ਅਤੇ ਆਪਣੇ ਪਰਿਵਾਰਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਆਪਣੀ ਜਿੰਮੇਵਾਰੀ ਨਿਭਾਣ। ਉਨ੍ਹਾਂ ਕਿਹਾ ਕਿ ਇਹ ਸਿੱਖਿਆ ਕ੍ਰਾਂਤੀ ਸਿਰਫ ਢਾਂਚਾਤਮਕ ਵਿਕਾਸ ਨਹੀਂ, ਸਗੋਂ ਸਮਾਜਿਕ ਸੁਧਾਰ ਅਤੇ ਚੇਤਨਾ ਦੀ ਲਹਿਰ ਵੀ ਹੈ, ਜੋ ਪੰਜਾਬ ਦੇ ਭਵਿੱਖ ਨੂੰ ਰੌਸ਼ਨ ਕਰਨ ਦੀ ਪਹਿਲੀ ਕੜੀ ਦਾ ਕੰਮ ਕਰੇਗੀ । ਇਸ ਮੌਕੇ ਸਰਪੰਚ ਹਰਜੀਤ ਸਿੰਘ,ਹਰਕਮਲ ਸਿੰਘ,ਵਰਿੰਦਰ ਸਿੰਘ,ਪੰਚ ਸਰਪ੍ਰੀਤ ਸਿੰਘ,ਹਰਪਾਲ ਸਿੰਘ,ਮਿੰਟੂ ਸਿੰਘ ਸਵਰਨ ਸਿੰਘ,ਡਾ.ਚਰਨਜੀਤ ਸਿੰਘ,ਸਤਨਾਮ ਸਿੰਘ,ਪ੍ਰਿੰਸੀਪਲ ਭੋਗੀਵਾਲ ਨਰੇਸ ਕੁਮਾਰ, ਪ੍ਰਿੰਸੀਪਲ ਪ੍ਰੀਤੀ,ਪ੍ਰਿੰਸੀਪਲ ਕਿਰਨਬਾਲਾ,ਬੀ.ਐਨ.ਓ ਮੁਹੰਮਦ ਇਮਰਾਨ,ਗੁਰਜੰਟ ਸਿੰਘ,ਜਗਦੀਪ ਸਿੰਘ ਤੋਂ ਇਲਾਵਾ ,ਸਹਾਇਕ ਜ਼ਿਲ੍ਹਾ ਸਮਾਰਟ ਸਕੂਲ ਕੋਆਰਡੀਨੇਟਰ ਮੁਹੰਮਦ ਅਸਦ, ਰਾਸਟਰੀ ਐਵਾਰਡੀ ਪ੍ਰੇਮ ਸਿੰਘ ਤੋਂ ਇਲਾਵਾ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਵੀ ਮੌਜੂਦ ਸਨ ।

## ਪਟਿਆਲਾ ਦਿਹਾਤੀ ਪੁਲਿਸ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਨਹੀਂ ਬਖਸ਼ੇਗੀ : ਡੀ.ਐੱਸ.ਪੀ. ਗੁਰਪ੍ਰਤਾਪ ਸਿੰਘ ਢਿੱਲੋਂ



ਪਟਿਆਲਾ, 19 ਅਪ੍ਰੈਲ (ਰੁਪਾਣਾ) : ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਵੱਲੋਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਜਾਗਰੂਕਤਾ ਪ੍ਰੋਗਰਾਮਾਂ ਲਈ ਡੀ ਐੱਸ ਪੀ ਦਿਹਾਤੀ ਗੁਰਪ੍ਰਤਾਪ ਸਿੰਘ ਢਿੱਲੋਂ ਨੂੰ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਲਈ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੂਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਪੁਲਿਸ ਸਾਂਝ ਕਮੇਟੀ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਪੁਲਿਸ ਕਮੇਟੀ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕਿਤਾਬਾਂ ਦਿੱਤੀਆਂ ਗਈਆਂ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਨਰਿੰਦਰ ਸਿੰਘ ਤੱਖਰ ਮੀਤ ਪ੍ਰਧਾਨ ਨਗਰ ਕੌਂਸਲ ਸਨੌਰ, ਗੁਰਪ੍ਰੀਤ ਸਿੰਘ ਸਰਪੰਚ ਲਲੀਨਾ ਵੀ ਹਾਜ਼ਰ ਸਨ। ਇਸ ਮੌਕੇ ਡੀ ਐੱਸ ਪੀ ਦਿਹਾਤੀ ਗੁਰਪ੍ਰਤਾਪ ਸਿੰਘ ਢਿੱਲੋਂ ਨੇ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ, ਡੀ.ਆਈ.ਜੀ. ਮਨਦੀਪ ਸਿੰਘ ਸਿੱਧੂ, ਐਸ ਐਸ ਪੀ ਪਟਿਆਲਾ ਡਾਕਟਰ ਨਾਨਕ ਸਿੰਘ ਵੱਲੋਂ ਸਖ਼ਤ ਹਦਾਇਤਾਂ ਹਨ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਨਾ ਬਖ਼ਸ਼ਿਆ ਜਾਵੇ ਅਤੇ ਉਹਨਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ। ਉਹਨਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹੋ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਅੱਗੇ ਆ ਕੇ ਲੜਾਈ ਲੜਨ ਅਤੇ ਨਸਾ ਤਸਕਰਾਂ ਵਿਰੁੱਧ ਆਵਾਜ਼ ਬੁਲੰਦ ਕਰਨ ਲਈ ਅੱਗੇ ਆਉਣ । ਉਹਨਾਂ ਨਸ਼ਿਆਂ ਵਿਰੁੱਧ ਕੰਮ ਕਰ ਰਹੀਆਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਦੀ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹਨਾਂ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਬਹੁਤ ਹੀ ਪ੍ਰਸੰਸਾਯੋਗ ਉਪਰਾਲਾ ਹੈ ਅਤੇ ਉਹ ਇਹਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਲਈ ਹਰ ਸੰਭਵ ਮਦਦ ਦੇਣ ਲਈ ਤਿਆਰ ਹਨ।

## ਵੱਖ-ਵੱਖ ਸੜਕ ਹਾਦਸਿਆਂ 'ਚ ਇੱਕ ਦੀ ਮੌਤ, ਇੱਕ ਜ਼ਖ਼ਮੀ




ਪਟਿਆਲਾ, 19 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਕੋਲ ਕੰਵਲਜੀਤ ਸਿੰਘ ਪੁੱਤਰ ਲਖਵਿੰਦਰ ਸਿੰਘ ਵਾਸੀ ਬੋਸਰ ਰੋਡ ਸਨੌਰ ਨੇ ਟਰੱਕ ਦੇ ਅਣਪਛਾਤੇ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਨਾਨੇ ਕਰਮ ਸਿੰਘ ਉਮਰ 65 ਸਾਲ ਟਰੈਕਟਰ ਟਰਾਲੀ 'ਤੇ ਸਵਾਰ ਹੋ ਕੇ ਬਾ-ਹੱਦ ਸੁਨਿਆਰਹੇੜੀ ਪਾਸ ਜਾ ਰਿਹਾ ਸੀ, ਜੋ ਅਣਪਛਾਤੇ ਡਰਾਇਵਰ ਨੇ ਆਪਣਾ ਟਰੱਕ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਵਿੱਚ ਮਾਰਿਆ, ਜੋ ਐਕਸੀਡੈਂਟ ਵਿੱਚ ਉਸ ਦੇ ਨਾਨੇ ਦੀ ਮੌਤ ਹੋ ਗਈ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

ਇਸੇ ਤਰ੍ਹਾਂ ਥਾਣਾ ਬਖ਼ਸ਼ੀਵਾਲਾ ਪੁਲਿਸ ਕੋਲ ਅਮਨਦੀਪ ਸਿੰਘ ਪੁੱਤਰ ਚਮਕੌਰ ਸਿੰਘ ਵਾਸੀ ਖੇੜੀ ਗੌੜੀਆ ਨੇ ਮੋਟਰਸਾਈਕਲ ਦੇ ਡਰਾਈਵਰ ਗੁਰਜੀਤ ਸਿੰਘ ਵਾਸੀ ਪਿੰਡ ਮੰਡੋਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਨੂੰ ਪਤਾ ਲੱਗਾ ਕਿ ਉਸਦਾ ਭਰਾ ਕੁਲਵਿੰਦਰ ਸਿੰਘ ਮੋਟਰਸਾਈਕਲ 'ਤੇ ਸਵਾਰ ਹੋ ਕੇ ਸ਼ੁਗਰ ਮਿੱਲ ਧਬਲਾਨ ਕੋਲ ਜਾ ਰਿਹਾ ਸੀ, ਜੋ ਕਥਿਤ ਦੋਸ਼ੀ ਡਰਾਇਵਰ ਨੇ ਆਪਣਾ ਮੋਟਰਸਾਇਕਲ ਤੇਜ਼ ਰਫਤਾਰ ਤੇ ਲਾਪ੍ਰਵਾਹੀ ਨਾਲ ਲਿਆ ਕੇ ਉਸ ਦੇ ਭਰਾ ਵਿੱਚ ਮਾਰਿਆ, ਜੋ ਐਕਸੀਡੈਂਟ ਵਿੱਚ ਉਸ ਦੇ ਭਰਾ ਦੇ ਕਾਫੀ ਸੱਟਾਂ ਲੱਗੀਆਂ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਚੋਰੀ ਕੀਤੇ ਮੋਟਰਸਾਈਕਲਾਂ ਸਮੇਤ ਦੋ ਕਾਬੂ

ਪਟਿਆਲਾ, 19 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀਆਂ ਸਤਨਾਮ ਸਿੰਘ ਪੁੱਤਰ ਜਗਤਾਰ ਸਿੰਘ ਵਾਸੀ ਗਲੀ ਨੰ. 2 ਹੀਰਾ ਬਾਗ ਪਟਿਆਲਾ, ਹਮੀਮ ਖਾਨ ਪੁੱਤਰ ਅਕਬਰ ਖਾਨ ਵਾਸੀ ਪਿੰਡ ਚੌਰਾ ਵਿਰੁੱਧ ਧਾਰਾ 317(2) ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਹੌਲਦਾਰ ਦਰਬਾਜ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਬਾਈਪਾਸ ਚੌਕ ਅਰਬਨ ਅਸਟੇਟ ਪਟਿਆਲਾ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਕਥਿਤ ਦੋਸ਼ੀ ਮੋਟਰਸਾਈਕਲ ਚੋਰੀ ਕਰਨ ਦੇ ਆਦੀ ਹਨ, ਜੋ ਅੱਜ ਵੀ ਚੋਰੀ ਕੀਤੇ ਹੋਏ ਮੋਟਰਸਾਈਕਲਾਂ ਵੇਚਣ ਲਈ ਆ ਰਹੇ ਹਨ, ਜੋ ਦੌਰਾਨੇ ਨਾਕਾਬੰਦੀ ਕਥਿਤ ਦੋਸ਼ੀਆਂ ਨੂੰ ਬਿਨ੍ਹਾ ਨੰਬਰੀ ਮੋਟਰਸਾਈਕਲਾਂ ਸਮੇਤ ਕਾਬੂ ਕੀਤਾ ਗਿਆ। ਪੁਲਿਸ ਨੇ ਧਾਰਾ 317(2) ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਕੇਂਦਰੀ ਵਿਦਿਆਲਿਆ ਵਿਖੇ ਫਾਇਰ ਸੇਫਟੀ, ਫਸਟ ਏਡ ਮੁਕਾਬਲੇ ਕਰਵਾਏ



ਪਟਿਆਲਾ, 19 ਅਪ੍ਰੈਲ (ਚ.ਨ.ਸ.) : ਫਸਟ ਏਡ ਸੇਫਟੀ ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਅਤੇ ਭਾਰਤ ਸਰਕਾਰ ਦੇ ਆਫ਼ਤ ਪ੍ਰਬੰਧਨ ਸਿਵਲ ਡਿਫੈਂਸ ਫਸਟ ਏਡ ਟ੍ਰੇਨਰ ਸ਼੍ਰੀ ਕਾਕਾ ਰਾਮ ਵਰਮਾ ਵੱਲੋਂ ਰਾਸ਼ਟਰੀ ਫਾਇਰ ਸੇਫਟੀ ਜਾਗਰੂਕਤਾ ਸਪਤਾਹ ਰਾਹੀਂ, ਅੱਗਾਂ ਬੁਝਾਉਣ ਅਤੇ ਪ੍ਰਾਪਰਟੀਆਂ ਅਤੇ ਪੀੜਤਾਂ ਨੂੰ ਬਚਾਉਣ ਦੀ ਜਾਣਕਾਰੀ ਘਰ ਘਰ ਪਹੁੰਚਾਉਣ ਲਈ ਜ਼ੰਗੀ ਪੱਧਰ 'ਤੇ ਯਤਨ ਕਰ ਰਹੇ ਹਨ। ਇਹ ਵਿਚਾਰ ਪੀ ਐੱਮ ਸ਼੍ਰੀ ਕੇਂਦਰੀ ਵਿਦਿਆਲਿਆ ਨੰਬਰ-1 ਪਟਿਆਲਾ ਦੇ ਪ੍ਰਿੰਸੀਪਲ ਡਾਕਟਰ ਅਰੁਣ ਕੁਮਾਰ ਨੇ, ਧੰਨਵਾਦ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਨੇ ਦੱਸਿਆ ਕਿ ਇਸ ਮੌਕੇ ਉਨ੍ਹਾਂ ਦੇ ਸਕੂਲ ਵਿਖੇ ਇਹ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਵਿੱਚ ਆਰਮੀ ਸਕੂਲ, ਕੇਂਦਰੀ ਵਿਦਿਆਲਿਆ ਨੰਬਰ 1, 2 ਅਤੇ 3 ਦੀਆਂ ਜੂਨੀਅਰ ਸੀਨੀਅਰ ਅਤੇ ਐਨ ਸੀ ਸੀ ਕੇਡਿਟਸ ਨੇ ਪ੍ਰਦਰਸ਼ਨ ਕੀਤੇ ਕਿ ਅੱਗਾਂ ਕਿਉਂ ਲਗਦੀਆਂ, ਅੱਗਾਂ ਅਤੇ ਅੱਗ ਬੁਝਾਉਣ ਵਾਲੇ ਸਿਲੰਡਰਾਂ ਦੀਆਂ ਕਿਸਮਾਂ, ਬਾਰੇ ਜਾਣਕਾਰੀ ਦਿੱਤੀ। ਅੱਗਾਂ ਗੈਸਾਂ ਬਿਜਲੀ ਸ਼ਾਟ ਸਰਕਟ ਅਤੇ ਧੂੰਏਂ ਕਾਰਨ ਪੀੜਤ ਹੋਏ ਲੋਕਾਂ ਅਤੇ ਪ੍ਰਾਪਰਟੀਆਂ ਨੂੰ ਤਬਾਹੀਆਂ ਤੋਂ ਕਿਵੇਂ ਬਚਾਈਏ। ਇਸ ਮੌਕੇ ਸ੍ਰੀਮਤੀ ਰਾਵਿੰਦਰ ਕੌਰ ਸਿੱਧੂ ਟ੍ਰੇਨਿੰਗ ਕਮਿਸ਼ਨਰ ਭਾਰਤ ਸਕਾਊਟ ਗਾਈਡ, ਪੰਜਾਬ ਪੁਲਿਸ ਆਵਾਜਾਈ ਸਿੱਖਿਆ ਸੈਲ ਦੇ ਏ ਐਸ ਆਈ ਰਾਮ ਸਰਨ ਅਤੇ ਕਾਕਾ ਰਾਮ ਵਰਮਾ ਨੇ ਵਿਸਥਾਰ ਵਿਚ ਜਾਣਕਾਰੀ ਵੀ ਦਿੱਤੀ। ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।

## ਬੇਅਦਬੀ ਦੀ ਘਟਨਾ ਤੋਂ ਦੁਖੀ ਇੱਕ ਹੋਰ ਸਿੰਘ ਚੜ੍ਹਿਆ ਚਾਰ ਸੌ ਫੁੱਟ ਉੱਚੇ ਟਾਵਰ 'ਤੇ

ਸਮਾਣਾ, 19 ਅਪ੍ਰੈਲ (ਸੁਖਜਿੰਦਰ ਸਿੰਘ ਕੁਲਾਰਾਂ) : ਬੀਤੇ ਛੇ ਮਹੀਨੇ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਤੋਂ ਦੁਖੀ ਹੋ ਕੇ ਭਾਰਤੀ ਦੂਰ ਸੰਚਾਰ ਵਿਭਾਗ ਦੇ ਚਾਰ ਸੋ ਫੁੱਟ ਉੱਚੇ ਟਾਵਰ 'ਤੇ ਚੜੇ ਪਿੰਡ ਖੇੜੀ ਨਗਾਈਆਂ ਦੇ ਫੌਜੀ ਗੁਰਜੀਤ ਸਿੰਘ ਖਾਲਸਾ ਦੀ ਹਮਾਇਤ ਚ ਆਉਂਦਿਆਂ ਅੱਜ ਇੱਕ ਹੋਰ ਸਿੰਘ ਭਾਈ ਪ੍ਰਗਟ ਸਿੰਘ (ਨਿਹੰਗ ਸਿੰਘ) ਚਾਰ ਸੋ ਫੁੱਟ



ਉੱਚੇ ਟਾਵਰ 'ਤੇ ਚੜ ਬੈਠਿਆ ਹੈ,ਜਿਸ ਸਬੰਧੀ ਜਾਣਕਾਰੀ ਦਿੰਦਿਆਂ ਭਾਈ ਗੁਰਜੀਤ ਸਿੰਘ ਨੇ ਦੱਸਿਆ ਕਿ ਅੱਜ ਗੜ੍ਹਸ਼ੰਕਰ ਦੇ ਪਿੰਡ ਨੂਰਪੁਰ ਜੱਟਾਂ ਵਿਖੇ ਕਿਸੇ ਵਿਅਕਤੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ ਅੰਗ ਬਲੇਡ ਨਾਲ ਪਾੜ ਦਿੱਤੇ ਗਏ, ਜਿਸ ਸਬੰਧੀ ਪਤਾ ਲੱਗਣ 'ਤੇ ਉਨ੍ਹਾਂ ਨੂੰ ਟਾਵਰ ਤੇ ਚਾਹ ਤੇ ਪਾਣੀ ਆਦਿ ਦੇਣ ਵਾਲਾ ਸਿੰਘ ਪ੍ਰਗਟ ਸਿੰਘ ਉਨ੍ਹਾਂ ਨਾਲ ਟਾਵਰ 'ਤੇ ਮੋਰਚਾ ਲਾ ਕੇ ਬੈਠ ਗਿਆ ਹੈ। ਭਾਈ ਪ੍ਰਗਟ ਸਿੰਘ ਨੇ ਆਖਿਆ ਕਿ ਸਰਕਾਰ ਵੱਲੋਂ ਹਰੇਕ ਭਾਈਚਾਰੇ ਦੇ ਪਵਿੱਤਰ ਗ੍ਰੰਥਾਂ ਦੀ ਹੋ ਰਹੀ ਬੇਅਦਬੀ ਨਾ ਰੁਕਣ ਤੱਕ ਉਹ ਟਾਵਰ 'ਤੇ ਹੀ ਬੈਠਣਗੇ ਤੇ ਖਾਸ ਤੌਰ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸਬੰਧੀ ਸਖਤ ਕਾਨੂੰਨ ਬਣਾਏ ਜਾਣ ਤੱਕ ਉਹ ਡਟੇ ਰਹਿਣਗੇ ਤੇ ਇਸ ਦੌਰਾਨ ਭਾਵੇਂ ਉਨਾਂ ਦੀ ਮੌਤ ਹੋ ਜਾਵੇ ਉਹ ਪਿੱਛੇ ਨਹੀਂ ਹਟਣਗੇ।

## ਪੀ.ਆਰ.ਟੀ.ਸੀ. ਦੇ ਐਮ.ਡੀ. ਨੂੰ ਮਿਲੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਪ੍ਰਤੀਨਿਧ

### ਬਕਾਇਆ ਪੈਨਸ਼ਨ ਪਾਉਣ ਦੀ ਕੀਤੀ ਮੰਗ



ਪਟਿਆਲਾ, 19 ਅਪ੍ਰੈਲ (ਚ.ਨ.ਸ.) : ਮਾਰਚ ਮਹੀਨੇ ਦੀ ਅੱਧੀ ਪੈਨਸ਼ਨ ਪਾਏ ਜਾਣ ਕਾਰਨ ਪੀ ਆਰ ਟੀ ਸੀ ਪੈਨਸ਼ਨਰਾਂ ਦੇ ਰੋਹ ਨੂੰ ਮੁੱਖ ਰਖਦਿਆਂ ਪੀ ਆਰ ਟੀ ਸੀ ਪੈਨਸ਼ਨਰਜ਼ ਐਸੋਸੀਏਸ਼ਨ ਦੀ ਕੇਂਦਰੀ ਬਾਡੀ ਦੇ ਨੁਮਾਇੰਦੇ , ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਦੀ ਅਗਵਾਈ ਵਿਚ ਐਮ.ਡੀ.ਪੀ. ਆਰ ਟੀ ਸੀ ਨੂੰ ਮਿਲੇ ਜਿਸ ਵਿੱਚ ਬਚਨ ਸਿੰਘ ਅਰੋੜਾ ਜਨਰਲ ਸਕੱਤਰ ,ਹਰੀ ਸਿੰਘ ਚਮਕ ਸਕੱਤਰ ਜਨਰਲ ਅਤੇ ਅਮੋਲਕ ਸਿੰਘ ਕੈਸ਼ੀਅਰ ਵੀ ਸ਼ਾਮਲ ਸਨ। ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਨੇ ਪੈਨਸ਼ਨਰਾਂ ਦੀਆਂ ਭਾਵਨਾਵਾਂ ਤੇ ਜ਼ਰੂਰਤਾਂ ਬਿਆਨਦਿਆਂ ਰਹਿੰਦੀ ਅੱਧੀ ਪੈਨਸ਼ਨ ਜਲਦੀ ਪਾਉਣ ਦੀ ਮੰਗ ਕੀਤੀ ਤਾਂ ਐਮ ਡੀ ਪੀ ਆਰ ਟੀ ਸੀ ਨੇ ਭਰੋਸਾ ਦਵਾਇਆ ਕਿ 21 ਅਪ੍ਰੈਲ ਨੂੰ ਰਹਿੰਦੀ ਪੈਨਸ਼ਨ ਹਰ ਹਾਲਤ ਵਿੱਚ ਪੈ ਜਾਵੇਗੀ। ਪੇ ਕਮਿਸ਼ਨ ਦੇ 2016 ਦੇ ਬਕਾਇਆਂ ਬਾਰੇ ਉਨ੍ਹਾਂ ਨੇ ਸਾਹਮਣੇ ਮੇਜ 'ਤੇ ਪਈ ਫਾਈਲ ਦਿਖਾਉਂਦਿਆਂ ਕਿਹਾ ਕਿ ਕੇਸ ਬਿਲਕੁਲ ਤਿਆਰ ਪਿਆ ਹੈ, 23 ਅਪ੍ਰੈਲ ਦੀ ਬੋਰਡ ਦੀ ਮੀਟਿੰਗ ਵਿੱਚ ਸਿਰਫ ਇਸ ਬਾਰੇ ਜਾਣਕਾਰੀ ਹੀ ਦੇਣੀ ਹੈ।ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਤੇ ਸਕੱਤਰ ਜਨਰਲ ਹਰੀ ਸਿੰਘ ਚਮਕ ਨੇ ਸਾਂਝੇ ਬਿਆਨ ਵਿੱਚ ਕਿਹਾ ਹੈ ਕਿ ਇਨ੍ਹਾਂ ਹਾਲਾਤਾਂ ਨੂੰ ਦੇਖ ਕੇ ਤਾਂ ਪੰਜਾਬ ਸਰਕਾਰ ਦੀ ਨੀਅਤ 'ਤੇ ਸ਼ਕ ਹੁੰਦਾ ਹੈ ਕਿ ਉਹ ਇਨ੍ਹਾਂ ਸਰਕਾਰੀ ਅਦਾਰਿਆਂ ਨੂੰ ਜਾਣ ਬੁੱਝ ਕੇ ਬੰਦ ਕਰਨਾ ਚਾਹੁੰਦੀ ਹੈ। ਉਪਰੋਕਤ ਬੁਲਾਰਿਆਂ ਨੇ ਸਰਕਾਰ ਤੇ ਮੈਨੇਜਮੈਂਟ ਦੀ,ਪੈਨਸ਼ਨਰਾਂ ਪ੍ਰਤੀ ਇਸ ਬੇਰੁਖੀ ਨੂੰ ਦੇਖਦਿਆਂ ਜਾਣਕਾਰੀ ਦਿੱਤੀ ਹੈ ਕਿ ਕੇਂਦਰੀ ਬਾਡੀ ਨੇ ਫੈਸਲਾ ਕੀਤਾ ਹੈ ਕਿ ਜੇਕਰ ਅਪਰੈਲ ਮਹੀਨੇ ਦੀ ਪੈਨਸ਼ਨ ਸਮੇਂ ਸਿਰ ਨਾ ਪਈ ਤਾਂ 11 ਮਈ ਨੂੰ ਹੋਣ ਵਾਲੀਆਂ ਡਿਪੂਆਂ ਦੀਆਂ ਮਾਸਿਕ ਮੀਟਿੰਗਾਂ ਰੋਸ ਰੈਲੀਆਂ ਦੇ ਰੂਪ ਵਿੱਚ ਕੀਤੀਆਂ ਜਾਣ।

## ਡੀ.ਏ.ਵੀ. ਸਕੂਲ ਕਕਰਾਲਾ ਵਿਖੇ ਮਹਾਤਮਾ ਹੰਸਰਾਜ ਜੈਯੰਤੀ ਮੌਕੇ ਹਵਨ ਕਰਵਾਇਆ

ਸਮਾਣਾ, 19 ਅਪ੍ਰੈਲ (ਵਿਜੇ ਕੁਮਾਰ) : ਡੀ.ਏ.ਵੀ ਪਬਲਿਕ ਸੀਨੀਅਰ ਸਕੈਂਡਰੀ ਸਕੂਲ, ਕਕਰਾਲਾ ਵਿਖੇ ਮਹਾਤਮਾ ਹੰਸਰਾਜ ਜੀ ਦੀ ਜਯੰਤੀ ਨੂੰ ਧੂਮਧਾਮ ਨਾਲ ਮਨਾਇਆ ਗਿਆ । ਇਹ ਸਮਾਗਮ ਸਕੂਲ ਦੇ ਪ੍ਰਿੰਸੀਪਲ ਵਰੁਣ ਸ਼ਰਮਾ ਦੀ ਅਗਵਾਈ ਹੇਠ ਮਹਾਰਿਸ਼ੀ ਦਯਾਨੰਦ ਹਾਊਸ ਦੇ ਇੰਚਾਰਜ ਸੀਮਾ ਹਾਂਡਾ ਵੱਲੋਂ ਸਕੂਲ ਦੇ ਸਟਾਫ ਅਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਅਯੋਜਿਤ ਕੀਤਾ ਗਿਆ । ਇਸ ਮੌਕੇ ਸਵੇਰੇ ਦੀ ਸਭਾ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਮਹਾਤਮਾ ਹੰਸਰਾਜ ਜੀ ਦੇ ਤਿਆਗ, ਸੇਵਾ ਭਾਵ ਅਤੇ ਉਨ੍ਹਾਂ ਦੇ ਮਹਾਨ ਯੋਗਦਾਨ 'ਤੇ ਆਧਾਰਿਤ ਭਾਵਪੂਰਨ ਭਾਸ਼ਣ ਪੇਸ਼ ਕੀਤੇ ਗਏ । ਵਿਦਿਆਰਥੀਆਂ ਨੇ ਕਵਿਤਾ ਪਾਠ ਰਾਹੀਂ ਵੀ ਉਨ੍ਹਾਂ ਦੇ ਜੀਵਨ ਦੀਆਂ ਮਹੱਤਵਪੂਰਨ ਝਲਕੀਆਂ ਨੂੰ ਸਾਂਝਾ ਕੀਤਾ। ਇਸ ਮੌਕੇ 'ਤੇ ਧਾਰਮਿਕ ਵਾਤਾਵਰਨ ਬਣਾਉਂਦੇਹੋਏ ਵਿਸ਼ੇਸ਼ ਹਵਨ ਦਾ ਆਯੋਜਨ ਅਨੀਲ ਕੁਮਾਰ ਸ਼ਾਸਤਰੀ ਵੱਲੋਂ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਅਧਿਆਪਕਾਂ, ਵਿਦਿਆਰਥੀਆਂ ਅਤੇ ਪ੍ਰਿੰਸੀਪਲ ਨੇ ਆਹੁਤੀਆਂ ਪਾ ਕੇ ਭਾਗ ਲਿਆ । ਸਮਾਰੋਹ ਦੇ ਅੰਤ ਵਿੱਚ ਸਕੂਲ ਮੁਖੀ ਵਰੁਣ ਸ਼ਰਮਾ ਨੇ ਆਪਣੇ ਪ੍ਰੇਰਣਾਦਾਇਕ ਵਿਚਾਰ ਸਾਂਝੇ ਕਰਦੇ ਹੋਏ ਮਹਾਤਮਾ ਹੰਸਰਾਜ ਜੀ ਦੇ ਜੀਵਨ ਦੀਆਂ ਮਹੱਤਵਪੂਰਨ ਸਿੱਖਿਆਵਾਂ ਉੱਤੇ ਰੋਸ਼ਨੀ ਪਾਈ ਅਤੇ ਸਭਨਾਂ ਨੂੰ ਉਨ੍ਹਾਂ ਦੇ ਆਦਰਸ਼ਾਂ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ ।ਉਨ੍ਹਾਂ ਨੇ ਇਸ ਸਮਾਰੋਹ ਨੂੰ ਸਫਲ ਬਣਾਉਣ ਵਾਲੇ ਸਾਰੇ ਅਧਿਆਪਕਾਂ, ਵਿਦਿਆਰਥੀਆਂ ਅਤੇ ਸਟਾਫ ਦਾ ਦਿਲੋਂ ਧੰਨਵਾਦ ਵੀ ਕੀਤਾ ।



## ਡਾ. ਬੀ.ਆਰ. ਅੰਬੇਡਕਰ ਜੈਯੰਤੀ ਮਨਾਈ

### ਡਾ. ਮੱਟੂ ਨੇ ਭਾਈਚਾਰਕ ਏਕਤਾ ਬਣਾਉਣ ਲਈ ਲੋਕਾਂ ਨੂੰ ਚੁਕਵਾਈ ਸਹੁੰ



ਨਾਭਾ, 19 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ) : ਭਾਰਤ ਰਤਨ ਬਾਬਾ ਸਾਹਿਬ ਡਾ. ਬੀ.ਆਰ.ਅੰਬੇਡਕਰ ਦਾ 134ਵਾਂ ਜਨਮ ਦਿਹਾੜਾ ਨਾਭਾ ਦੇ ਪਟਿਆਲਾ ਗੇਟ ਵਿਖੇ ਮਨਾਇਆ ਗਿਆ।ਡਾ. ਬੀ.ਆਰ.ਅੰਬੇਡਕਰ ਕਲੱਬ ਨਾਭਾ ਵੱਲੋਂ ਪਟਿਆਲਾ ਗੇਟ ਬਾਬਾ ਸਾਹਿਬ ਦੀ ਪ੍ਰਤਿਮਾ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਇਸ ਮੌਕੇ ਕਲੱਬ ਵੱਲੋਂ ਲੰਗਰ ਚਲਾਏ ਗਏ। ਕਲੱਬ ਵੱਲੋਂ ਕਰਵਾਏ ਪ੍ਰੋਗਰਾਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਡਾ.ਅੰਬੇਡਕਰ ਕਿਰਤੀ ਮਜ਼ਦੂਰ ਸੰਘ ਪੰਜਾਬ ਦੇ ਪ੍ਰਧਾਨ ਅਤੇ ਇਲਾਕੇ ਦੇ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ ਨੇ ਸ਼ਿਰਕਤ ਕੀਤੀ। ਇਸ ਮੌਕੇ ਆਪਣੇ ਸੰਬੋਧਨ ਵਿੱਚ ਨੌਜਵਾਨ ਆਗੂ ਡਾ. ਜਤਿੰਦਰ ਸਿੰਘ ਮੱਟੂ ਨੇ ਕਿਹਾ ਕਿ ਡਾ. ਬੀ.ਆਰ.ਅੰਬੇਡਕਰ ਨੇ ਆਪਣੀ ਜ਼ਿੰਦਗੀ ਵਿੱਚ ਅੰਤਾਂ ਦੀਆਂ ਦੁੱਖ ਤਕਲੀਫਾਂ ਝੱਲ ਕੇ ਆਰਥਿਕ ਤੰਗੀਆਂ ਨਾਲ ਜੂਝਦੇ ਹੋਏ, ਸਮਾਜਿਕ ਨਾ ਬਰਾਬਰੀ ਦਾ ਸੰਤਾਪ ਝੱਲ ਕੇ ਹਜਾਰਾਂ ਸਾਲਾਂ ਤੋਂ ਸਮਾਜਿਕ ਧਾਰਮਿਕ ਰਾਜਨੀਤਿਕ ਨਾ ਬਰਾਬਰੀ ਦਾ ਸ਼ਿਕਾਰ ਲੋਕਾਂ ਨੂੰ ਹੱਕ ਅਧਿਕਾਰ ਲੈ ਕੇ ਦਿੱਤੇ। ਸਮੇਂ ਦੀਆਂ ਸਰਕਾਰਾਂ ਸਿਰਫ ਵੋਟਾਂ ਹਾਸਿਲ ਕਰਨ ਲਈ ਡਾ. ਅੰਬੇਡਕਰ ਦਾ ਨਾਮ ਵਰਤਦੀਆਂ ਹਨ ਪਰ ਗਰੀਬ ਅਨੁਸੂਚਿਤ ਜਾਤੀ ਲੋਕਾਂ ਦੀ ਗੁਰਬਤ ਦੂਰ ਕਰਨ ਲਈ ਕੋਈ ਠੋਸ ਉਪਰਾਲੇ ਨਹੀਂ ਕਰਦੀਆਂ। ਇਸ ਮੌਕੇ ਡਾ. ਜਤਿੰਦਰ ਸਿੰਘ ਮੱਟੂ ਨੇ ਹਾਜਰ ਲੋਕਾਂ ਨੂੰ ਸਹੁੰ ਚੁਕਾਈ ਕਿ ਉਹ ਭਵਿੱਖ ਵਿੱਚ ਇਕਜੁੱਟ ਹੋਣਗੇ, ਸੰਵਿਧਾਨ ਦੀ ਰਾਖੀ ਕਰਨਗੇ, ਸੰਵਿਧਾਨ ਵਿਰੋਧੀ ਤਾਕਤਾਂ ਖਿਲਾਫ ਲੜਾਈ ਲੜਨਗੇ ਅਤੇ ਆਪਣੇ ਬੱਚਿਆਂ ਨੂੰ ਉੱਚ ਸਿੱਖਿਆ ਵੱਲ ਤੋਰਨਗੇ। ਇਸ ਮੌਕੇ ਕਲੱਬ ਅਹੁਦੇਦਾਰਾਂ ਵਿੱਚ ਰਾਜੇਸ਼ ਹੰਸ, ਗੁਰਸੇਵਕ ਧਾਲੀਵਾਲ, ਰਾਜਿੰਦਰ ਹੰਸ, ਵੇਦ ਪ੍ਰਕਾਸ਼ ਕਾਲੀ, ਸੁਨੀਲ ਕੁਮਾਰ ਸਾਗਵਾਨ, ਆਸ਼ੀਸ਼ ਸਾਗਵਾਨ, ਅਨਿਲ ਸੱਭਰਵਾਲ, ਵਿਜੇ ਸੱਭਰਵਾਲ, ਕਰਨ ਧਾਲੀਵਾਲ, ਹੈਪੀ ਭੱਟੀ, ਅਭਿਸ਼ੇਕ ਹੰਸ, ਕਰਮਚਾਰੀ ਆਗੂ ਦੀਪ ਹੰਸ, ਕੁਲਵੰਤ ਸਿੰਘ ਸਰੋਏ, ਕੁਲਵੰਤ ਸਿੰਘ ਹਿਆਣਾ, ਸਰਵਪ੍ਰੀਤ ਸਿੰਘ ਨਾਭਾ, ਨਿਸ਼ਾਨ ਸਿੰਘ ਛੀਟਾਂਵਾਲਾ ਆਦਿ ਹਾਜ਼ਰ ਸਨ।

## ਨਵ-ਨਿਯੁਕਤ ਐਸ.ਐਚ.ਓ. ਕੋਤਵਾਲੀ ਨਾਭਾ ਪ੍ਰਿੰਸਪ੍ਰੀਤ ਸਿੰਘ ਨੂੰ ਕੀਤਾ ਸਨਮਾਨਿਤ



ਨਾਭਾ, 19 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ) : ਹਰਸ਼ ਬਲੱਡ ਡੋਨਰ ਸੋਸਾਇਟੀ ਦੀ ਟੀਮ ਵੱਲੋਂ ਪ੍ਰਧਾਨ ਭੁਵੇਸ਼ ਬਾਂਸਲ ਭਾਸ਼ੀ ਦੀ ਅਗਵਾਈ ਵਿੱਚ ਨਵ-ਨਿਯੁਕਤ ਐਸ.ਐਚ.ਓ ਕੋਤਵਾਲੀ ਪ੍ਰਿੰਸ ਪ੍ਰੀਤ ਸਿੰਘ ਨੂੰ ਸੋਸਾਇਟੀ ਦੀ ਪ੍ਰਤਿਮਾ ਦੇ ਕੇ ਸਨਮਾਨਿਤ ਕੀਤਾ ਗਿਆ ਉਸ ਮੌਕੇ ਐਸ.ਐਚ.ਓ ਕੋਤਵਾਲੀ ਪ੍ਰਿੰਸ ਨੇ ਕਿਹਾ ਕਿ ਸਮਾਜ ਵਿਰੋਧੀ ਅੰਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਨਾਲ ਹੀ ਉਹਨਾਂ ਨੇ ਸ਼ਰਾਰਤੀ ਅਨਸਰਾਂ ਦੇ ਖਿਲਾਫ ਜਨਤਾ ਤੋਂ ਸਹਿਯੋਗ ਦੀ ਮੰਗ ਕੀਤੀ ਅਤੇ ਵਿਸ਼ਵਾਸ ਦਲਵਾਇਆ ਕਿ ਉਹ ਇਮਾਨਦਾਰੀ ਦੇ ਨਾਲ ਸ਼ਹਿਰ ਨਿਵਾਸੀਆਂ ਦੀ ਸੇਵਾ ਕਰਨਗੇ ਅਤੇ ਨਾਭਾ ਦੀਆਂ ਸਾਰੀਆਂ ਸੰਸਥਾਵਾਂ ਵੀ ਇਸ ਮੁਹਿੰਮ ਵਿੱਚ ਸਾਨੂੰ ਸਹਿਯੋਗ ਦੇਣ ਅਤੇ ਪ੍ਰਧਾਨ ਭਾਸ਼ੀ ਨੇ ਵਿਸ਼ਵਾਸ ਦਿਵਾਉਂਦੇ ਹੋਏ ਕਿਹਾ ਕਿ ਸਾਡੀ ਸੁਸਾਇਟੀ ਹਮੇਸ਼ਾ ਸਮਾਜ ਦੇ ਭਲੇ ਲਈ ਪੰਜਾਬ ਪੁਲਿਸ ਦੇ ਨਾਲ ਹੈ ਸਾਡੀ ਜਿੱਥੇ ਵੀ ਲੋੜ ਹੋਏਗੀ ਅਸੀਂ ਡੱਟ ਕੇ ਖੜਾਂਗੇ। ਅਸੀਂ ਖੂਨ ਦਾਨ ਦੇ ਖੇਤਰ ਵਿੱਚ ਵੀ ਹਮੇਸ਼ਾ ਮੋਹਰੀ ਰਹਿੰਦੇ ਹਾਂ। ਉਸ ਮੌਕੇ ਉਹਨਾਂ ਨਾਲ ਸੈਕਟਰੀ ਅਜੈ ਗਰਗ (ਦਿੱਲੀ ਲੈਬ ਵਾਲੇ),ਸੰਜੀਵ ਗਰਗ, ਕੁਲਦੀਪ ਭਾਟੀਆ, ਸੁਸ਼ੀਲ ਗੋਇਲ ਸ਼ੀਲੂ, ਪੁਨੀਤ ਬਾਂਸਲ, ਅਵਤਾਰ ਸਿੰਘ ਟੋਨੀ, ਵੀਰਪਾਲ ਆਦਿ ਹਾਜ਼ਰ ਸਨ।

## ਕੈਬਨਿਟ ਮੰਤਰੀ ਖੁੱਡੀਆਂ ਨੇ ਸੂਬੇ ਦੇ ਛੇ ਵੈਟਰਨਰੀ ਪੌਲੀਕਲੀਨਿਕਾਂ 'ਚ ਆਈ.ਪੀ.ਡੀ. ਸੇਵਾਵਾਂ ਕੀਤੀਆਂ ਸ਼ੁਰੂ : ਡਾ. ਗੁਰਦਰਸ਼ਨ ਸਿੰਘ

ਪਟਿਆਲਾ, 19 ਅਪ੍ਰੈਲ (ਚ.ਨ.ਸ.) : ਪੰਜਾਬ ਦੇ ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪਾਲਤੂ ਜਾਨਵਰਾਂ ਅਤੇ ਪਸ਼ੂਆਂ ਨੂੰ ਬਿਹਤਰੀਨ ਸਿਹਤ ਸੰਭਾਲ ਸੇਵਾਵਾਂ ਯਕੀਨੀ ਬਣਾਉਣ ਲਈ ਪਟਿਆਲਾ ਦੇ ਵੈਟਰਨਰੀ ਪੌਲੀਕਲੀਨਿਕ 'ਚ ਅਤਿ-ਆਧੁਨਿਕ ਇੰਨਡੋਰ ਪੇਸ਼ੈਂਟ ਵਾਰਡ ਦੀ ਸੌਗਾਤ ਪ੍ਰਦਾਨ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਡਾ. ਗੁਰਦਰਸ਼ਨ ਸਿੰਘ ਨੇ ਦੱਸਿਆ ਕਿ ਹੁਣ ਪੌਲੀਕਲੀਨਿਕ ਵਿਖੇ ਆਪ੍ਰੇਸ਼ਨ ਕਰਵਾਉਣ ਤੋਂ ਬਾਅਦ ਪਸ਼ੂ ਪਾਲਕ ਆਪਣੇ ਪਸ਼ੂ ਨੂੰ ਰਾਤ ਸਮੇਂ ਪੌਲੀਕਲੀਨਿਕ ਵਿਖੇ ਹੀ ਰੱਖ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਕਾਰਜ ਨੂੰ ਮਿਥੇ ਸਮੇਂ ਵਿੱਚ ਪੂਰਾ ਕਰਵਾਉਣ ਲਈ ਪ੍ਰਮੁੱਖ ਸਕੱਤਰ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਪੰਜਾਬ ਰਾਹੁਲ ਭੰਡਾਰੀ, ਵਿਸ਼ੇਸ਼ ਸਕੱਤਰ ਹਰਬੀਰ ਸਿੰਘ ਅਤੇ ਡਾਇਰੈਕਟਰ ਡਾ. ਗੁਰਸ਼ਰਨਜੀਤ ਸਿੰਘ ਬੇਦੀ ਦੀ ਵਿਸ਼ੇਸ਼ ਭੂਮਿਕਾ ਰਹੀ। ਉਹਨਾਂ ਦੱਸਿਆ ਕਿ ਜਲਦੀ ਹੀ ਆਧੁਨਿਕ ਐਕਸ ਰੇ ਮਸ਼ੀਨ ਵੀ ਵੈਟਰਨਰੀ ਪੌਲੀਕਲੀਨਿਕ ਪਟਿਆਲਾ ਵਿਖੇ ਮੁਹੱਈਆ ਕਰਵਾਈ ਜਾ ਰਹੀ ਹੈ। ਵਿਭਾਗ ਵੱਲੋਂ ਹਸਪਤਾਲਾਂ ਨੂੰ ਘੋੜਿਆਂ ਵਾਸਤੇ ਟੈੱਟਨਸ ਤੋਂ ਬਚਾਅ ਲਈ ਟੀਕੇ ਮੁਹੱਈਆ ਕਰਵਾਏ ਗਏ ਹਨ। ਉਹਨਾਂ ਕਿਹਾ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਪਸ਼ੂ ਨੂੰ ਸੱਪ ਦੇ ਕੱਟਣ ਦੇ ਇਲਾਜ ਲਈ ਸਾਰੀਆਂ ਤਹਿਸੀਲਾਂ ਅਤੇ ਪੌਲੀਕਲੀਨਿਕ ਵਿੱਚ ਦਵਾਈ ਮੁਫ਼ਤ ਉਪਲਬਧ ਕਰਵਾਈ ਗਈ ਹੈ। ਗੋਕੇ ਅਤੇ ਮਹਿਰੂਆਂ ਨੂੰ ਮਲ੍ਹੱਪ ਰਹਿਤ ਕਰਨ ਲਈ ਦਵਾਈ ਵੀ ਮੁਫ਼ਤ ਵੰਡੀ ਜਾ ਰਹੀ ਹੈ। ਵਿਭਾਗ ਵੱਲੋਂ ਪਸ਼ੂਆਂ ਨੂੰ ਮੂੰਹ ਖੁਰ ਤੋਂ ਬਚਾਉਣ ਲਈ ਘਰ ਘਰ ਜਾ ਕੇ ਮੁਫ਼ਤ ਟੀਕਾਕਰਨ ਕੀਤਾ ਜਾ ਰਿਹਾ ਹੈ। ਡਾ. ਗੁਰਦਰਸ਼ਨ ਸਿੰਘ ਨੇ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਗਈ ਕਿ ਮੂੰਹ ਖੁਰ ਟੀਕਾਕਰਨ ਦੀ ਮੁਹਿੰਮ ਵਿੱਚ ਸਹਿਯੋਗ ਕਰਨ ਅਤੇ ਇਹ ਯਕੀਨੀ ਬਣਾਉਣ ਕੀ 100 ਫ਼ੀਸਦੀ ਯੋਗ ਪਸ਼ੂਆਂ ਨੂੰ ਟੀਕਾਕਰਨ ਕਰਵਾ ਲਿਆ ਜਾਵੇ। ਇਸ ਮੌਕੇ ਸਹਾਇਕ ਨਿਰਦੇਸ਼ਕ ਡਾ. ਸੋਨਿੰਦਰ ਕੌਰ, ਸੀਨੀਅਰ ਵੈਟਰਨਰੀ ਅਫ਼ਸਰ ਡਾ. ਜਗਵਿੰਦਰ ਕੌਰ , ਵੈਟਰਨਰੀ ਅਫ਼ਸਰ ਡਾ. ਗਗਨਦੀਪ, ਵੈਟਰਨਰੀ ਅਫ਼ਸਰ ਡਾ. ਗੁਰਪ੍ਰੀਤ ਸਿੰਘ, ਡਾ. ਜਤਿੰਦਰ ਸਿੰਘ, ਡਾ. ਹਰਲੀਨ ਕੌਰ, ਗੁਰਮੀਤ ਸਿੰਘ, ਗੁਰਪ੍ਰੀਤ ਸਿੰਘ, ਜਗਮੋਹਨ ਸਿੰਘ, ਵਿਸ਼ਾਲ ਕੁਮਾਰ, ਇੰਦਰਪਾਲ ਸਿੰਘ, ਜਤਿੰਦਰ ਸਿੰਘ, ਸੰਦੀਪ ਕੁਮਾਰ, ਗੁਰਮੁਖ ਸਿੰਘ, ਕੁਲਦੀਪ ਸਿੰਘ, ਵਿੱਕੀ ਹਾਜ਼ਰ ਰਹੇ। ਜ਼ਿਕਰਯੋਗ ਹੈ ਕਿ ਪੰਜਾਬ ਦੇ ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਬੀਤੇ ਦਿਨ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਬਾਦਲ ਵਿਖੇ ਸਰਕਾਰੀ ਵੈਟਰਨਰੀ ਪੌਲੀਕਲੀਨਿਕ ਵਿਖੇ ਅਤਿ-ਆਧੁਨਿਕ ਇਨ-ਪੇਸ਼ੈਂਟ ਡਿਪਾਰਟਮੈਂਟ (ਆਈਪੀਡੀ) ਵਾਰਡ ਦਾ ਉਦਘਾਟਨ ਕਰਨ ਦੇ ਨਾਲ ਹੀ ਸੂਬੇ ਭਰ ਦੇ ਛੇ ਵੈਟਰਨਰੀ ਪੌਲੀਕਲੀਨਿਕਾਂ ਵਿੱਚ ਪਸ਼ੂਆਂ ਲਈ ਇਨ-ਪੇਸ਼ੈਂਟ ਡਿਪਾਰਟਮੈਂਟ (ਆਈਪੀਡੀ) ਸੇਵਾਵਾਂ ਸ਼ੁਰੂ ਕੀਤੀ ਗਈਆਂ ਹਨ।

## ਜਤਿੰਦਰ ਸ਼ਰਮਾ ਰਾਸ਼ਟਰਵਾਦੀ ਬ੍ਰਾਹਮਣ ਸੰਘ ਦੇ ਪੰਜਾਬ ਪ੍ਰਧਾਨ ਨਿਯੁਕਤ



ਪਟਿਆਲਾ, 19 ਅਪ੍ਰੈਲ (ਚ.ਨ.ਸ.) : ਹਰ ਸਮੇਂ ਜਨਤਾ ਦੀ ਸੇਵਾ ਵਿੱਚ ਹਾਜ਼ਰ ਰਹਿਣ ਵਾਲੇ ਹਿਊਮਨ ਸਰਵਿਸ ਸੁਸਾਇਟੀ ਦੇ ਪ੍ਰਧਾਨ ਜਤਿੰਦਰ ਸ਼ਰਮਾ ਨੂੰ ਰਾਸ਼ਟਰਵਾਦੀ ਬ੍ਰਾਹਮਣ ਮਹਾਂ ਸੰਘ ਨੂੰ ਪੰਜਾਬ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਗੱਲਬਾਤ ਦੌਰਾਨ ਪ੍ਰਧਾਨ ਸ਼ਰਮਾ ਨੇ ਕਿਹਾ ਕਿ ਮੈਂ ਹਰ ਵੇਲੇ ਜਨਤਾ ਦੀ ਸੇਵਾ ਵਿੱਚ ਹਾਜ਼ਰ ਰਹਾਂਗਾ। ਸਾਡੀ ਟੀਮ ਸਮਾਜ ਸੇਵਾ ਕਰ ਰਹੀ ਹੈ ਅਤੇ ਕਰਦੀ ਰਹੇਗੀ ਜਿਵੇਂ ਪੌਦੇ ਲਗਾਉਣੇ, ਖੂਨਦਾਨ ਕੈਂਪ, ਮੁਫਤ ਮੈਡੀਕਲ ਕੈਂਪ, ਗਰੀਬ ਪਰਿਵਾਰਾਂ ਨੂੰ ਰਾਸ਼ਨ ਦੇਣਾ, ਲੜਕੀਆਂ ਨੂੰ ਇਨਸਾਫ ਦਿਵਾਉਣਾ, ਵੱਧ ਰਹੇ ਨਸ਼ਿਆਂ ਖਿਲਾਫ ਲੋਕਾਂ ਨੂੰ ਜਾਗਰੂਕ ਕਰਨਾ, ਨਸ਼ਾਂ ਕਰ ਰਹੇ ਲੜਕਿਆਂ ਦਾ ਇਲਾਜ ਕਰਵਾਉਣਾ, ਹਰੇਕ ਧਰਮ ਨਾਲ ਮੋਢੇ ਨਾਲ ਮੋਢਾ ਜੋੜ ਕੇ ਮਦਦ ਕਰਨਾ ਆਦਿ ਕੰਮ ਕਰਦੇ ਰਹਿੰਦੇ ਹਾਂ।

## ਪੁਲਿਸ ਵੱਲੋਂ ਡੇਢ ਕਿੱਲੋ ਭੁੱਕੀ ਬ੍ਰਾਮਦ

ਪਟਿਆਲਾ, 19 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਘਨੌਰ ਪੁਲਿਸ ਨੇ ਕਥਿਤ ਦੋਸ਼ੀ ਕੁਲਵਿੰਦਰ ਸਿੰਘ ਪੁੱਤਰ ਲਾਲ ਚੰਦ ਵਾਸੀ ਕਾਮੀ ਕਲਾਂ ਵਿਰੁੱਧ ਧਾਰਾ 15, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ. ਸਾਹਿਬ ਸਿੰਘ ਸਮੇਤ ਪੁਲਿਸ ਪਾਰਟੀ ਕਾਮੀ ਕਲਾਂ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 1 ਕਿੱਲੋ, 500 ਗ੍ਰਾਮ ਭੁੱਕੀ ਚੂਰਾ ਪੋਸਤ ਬ੍ਰਾਮਦ ਹੋਈ।



## ਪਟਿਆਲਾ-ਆਸ/ਪਾਸ



# ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਨੌਵੇਂ ਪਾਤਸ਼ਾਹ ਦਾ ਪ੍ਰਕਾਸ਼ ਪੁਰਬ ਕਥਾ ਕੀਰਤਨ ਦਰਬਾਰ ਨਾਲ ਸਮਾਪਤ

**☛ਅੰਮ੍ਰਿਤ ਸੰਚਾਰ ਦੌਰਾਨ 32 ਦੇ ਕਰੀਬ ਪ੍ਰਾਣੀਆਂ ਨੇ ਲਈ ਖੰਡੇ ਬਾਟੇ ਦੀ ਦਾਤ**

**☛ਪਦਮਸ਼੍ਰੀ ਡਾ. ਜਗਜੀਤ ਸਿੰਘ ਦਰਦੀ, ਸਾਬਕਾ ਪ੍ਰਧਾਨ ਪ੍ਰੋ. ਬਡੂੰਗਰ ਤੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਤੋਂ ਇਲਾਵਾ ਸ਼ਹਿਰ ਦੀਆਂ ਸਿੱਖ ਸਭਾਵਾਂ ਤੇ ਸੁਸਾਇਟੀਆਂ ਦੇ ਅਹੁਦੇਦਾਰ ਉਚੇਚੇ ਤੌਰ 'ਤੇ ਹੋਏ ਸ਼ਾਮਲ**



ਪਟਿਆਲਾ, 19 ਅਪ੍ਰੈਲ (ਗੁਰਮੁੱਖ ਰੁਪਾਣਾ/ਅਮਰਜੀਤ) : ਸ਼੍ਰੋਮਣੀ ਕਮੇਟੀ ਪ੍ਰਬੰਧ ਅਧੀਨ ਨੌਵੇਂ ਪਾਤਸ਼ਾਹ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਦੇਰ ਰਾਤ ਧਾਰਮਕ ਸਮਾਗਮ ਕਥਾ ਕੀਰਤਨ ਨਾਲ ਸਮਾਪਤ ਹੋਇਆ। ਇਸ ਦੌਰਾਨ ਜਿਥੇ ਗੁਰਦੁਆਰਾ ਸਾਹਿਬ ਵਿਖੇ ਦੀਪਮਾਲਾ ਕੀਤੀ ਗਈ ਸੀ, ਉਥੇ ਹੀ ਸੰਗਤਾਂ ਨੇ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਨਾਲ ਆਤਿਸ਼ਬਾਜ਼ੀ ਕਰਕੇ ਪ੍ਰਕਾਸ਼ ਗੁਰਪੁਰਬ ਧੂਮਧਾਮ ਨਾਲ ਮਨਾਇਆ ਅਤੇ ਗੁਰੂ ਸਾਹਿਬ ਪ੍ਰਤੀ ਆਪਣੀ ਆਸਥਾ ਪ੍ਰਗਟ ਕੀਤੀ। ਗੁਰਦੁਆਰਾ ਸਾਹਿਬ ਵਿਖੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਵੀ ਕਰਾਇਆ ਗਿਆ। ਇਸ ਦੌਰਾਨ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਨ ਵਾਲਿਆਂ ਵਿਚ 32 ਦੇ ਕਰੀਬ ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਕਥਾ ਵਿਚਾਰ ਵਿਚ ਗਿਆਨੀ ਫੂਲਾ ਸਿੰਘ ਨੇ ਜਿੱਥੇ ਸੰਗਤਾਂ ਨੂੰ ਗੁਰੂ ਸਾਹਿਬ ਦੇ ਇਤਿਹਾਸ ਨਾਲ ਜੋੜਿਆ, ਉਥੇ ਹੀ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਹਜ਼ੂਰੀ ਰਾਗੀ ਕੀਰਤਨੀ ਜਥਿਆਂ ਜਿਨ੍ਹਾਂ ਵਿਚ ਭਾਈ ਗੁਰਨਾਮ ਸਿੰਘ, ਭਾਈ ਹਰਜਿੰਦਰ ਸਿੰਘ, ਭਾਈ ਸਤਨਾਮ ਸਿੰਘ ਜੀ ਅੰਗੀਠਾ ਸਾਹਿਬ ਵਾਲਿਆਂ ਤੋਂ ਇਲਾਵਾ ਭਾਈ ਜਸਵਿੰਦਰ ਸਿੰਘ, ਭਾਈ ਬਿਕਰਮਜੀਤ ਸਿੰਘ ਅਤੇ ਭਾਈ ਬਲਬੀਰ ਸਿੰਘ ਚੰਡੀਗੜ੍ਹ ਵਾਲਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ। ਧਾਰਮਿਕ ਸਮਾਗਮ ਤੋਂ ਪਹਿਲਾਂ ਸਵੇਰ ਸਮੇਂ ਗੁਰਦੁਆਰਾ ਸਾਹਿਬ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਦੌਰਾਨ ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ ਪਦਮਸ਼੍ਰੀ ਜਗਜੀਤ ਸਿੰਘ ਦਰਦੀ, ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਤੋਂ ਇਲਾਵਾ ਸ਼ਹਿਰ ਦੀਆਂ ਸਿੱਖ ਸਭਾਵਾਂ ਅਤੇ ਸੁਸਾਇਟੀਆਂ ਦੇ ਅਹੁਦੇਦਾਰ ਉਚੇਚੇ ਤੌਰ 'ਤੇ ਸ਼ਾਮਲ ਸਨ। ਇਸ ਮੌਕੇ ਸ. ਜਗਜੀਤ ਸਿੰਘ ਦਰਦੀ ਅਤੇ ਪ੍ਰੋ. ਬਡੂੰਗਰ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਦੀ ਅਪਾਰ ਕਿਰਪਾ ਸਦਕਾ ਹੀ ਸੰਗਤ ਇਨ੍ਹਾਂ ਦੀਵਾਨਾਂ 'ਚ ਸ਼ਮੂਲੀਅਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਬਾਣੀ ਭਗਤੀ ਅਤੇ ਸ਼ਕਤੀ ਪ੍ਰਦਾਨ ਕਰਦੀ ਹੈ ਅਤੇ ਆਪ ਜੀ ਵੱਲੋਂ ਮਨੁੱਖੀ ਹੱਕਾਂ ਦੀ ਰਾਖੀ ਲਈ ਦਿੱਤੀ ਸ਼ਹਾਦਤ ਨੇ ਅਜਿਹੀ ਜੀਵਨ ਜਾਂਚ ਦਿੱਤੀ ਹੈ, ਜਿਸ ਦੀ ਇਤਿਹਾਸ ਅੰਦਰ ਕਿਤੇ ਵੀ ਅਨੌਖੀ ਮਿਸਾਲ ਨਹੀਂ ਮਿਲਦੀ। ਇਸ ਦੌਰਾਨ ਦੇਰ ਰਾਤ ਤੱਕ ਚੱਲੇ ਦੀਵਾਨਾਂ ਵਿਚ ਉਚੇਚੇ ਤੌਰ 'ਤੇ ਪੁੱਜੇ ਸਿੰਘ ਸਾਹਿਬ ਗਿਆਨੀ ਪਲਵਿੰਦਰ ਸਿੰਘ ਜੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਾਲੇ, ਭਾਈ ਗੁਰਪ੍ਰੀਤ ਸਿੰਘ ਅਤ ਭਾਈ ਹਰਜੋਤ ਸਿੰਘ ਜ਼ਖ਼ਮੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਾਲਿਆਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨਾਲ ਗੁਰਬਾਣੀ ਦੀ ਸਾਂਝ ਪਾਈ। ਇਸ ਦੌਰਾਨ ਗੁਰਦੁਆਰਾ ਪ੍ਰਬੰਧਕ ਐਡੀਸ਼ਨਲ ਮੈਨੇਜਰ ਜਸਵਿੰਦਰ ਸਿੰਘ ਨੇ ਪੁੱਜੀਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਧਾਰਮਕ ਸਮਾਗਮ ਦੀ ਸਫਲਤਾ ਲਈ ਸਹਿਯੋਗ ਕਰਨ ਵਾਲੀਆਂ ਸਿੱਖ ਸਭਾਵਾਂ, ਸੁਸਾਇਟੀਆਂ ਅਤੇ ਧਾਰਮਕ ਜਥੇਬੰਦੀਆਂ ਦੇ ਅਹੁਦੇਦਾਰਾਂ ਨੂੰ ਸਿਰੋਪਾਓ ਅਤੇ ਸਨਮਾਨ ਚਿਨ੍ਹ ਦੇ ਕੇ ਨਿਵਾਜਿਆ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਲਖਵੀਰ ਸਿੰਘ ਲੌਟ, ਮੀਤ ਮੈਨੇਜਰ ਭਾਗ ਸਿੰਘ ਚੌਹਾਨ, ਆਤਮ ਪ੍ਰਕਾਸ਼ ਸਿੰਘ ਬੇਦੀ, ਸ੍ਰੀ ਗੁਰੂ ਤੇਗ ਬਹਾਦਰ ਜਥੇ ਦੇ ਪ੍ਰਧਾਨ ਪ੍ਰੇਮ ਸਿੰਘ, ਭਾਈ ਤਰਲੋਕ ਸਿੰਘ ਤੋਰਾ, ਪ੍ਰਚਾਰਕ ਪਰਵਿੰਦਰ ਸਿੰਘ ਬਰਾੜਾ, ਪ੍ਰਚਾਰਕ ਪਰਵਿੰਦਰ ਸਿੰਘ ਰਿਓਂਦ, ਭਾਈ ਤਰਸਵੀਰ ਸਿੰਘ, ਸਿਮਰਨ ਗਰੇਵਾਲ, ਭਵਨਪੁਨੀਤ ਸਿੰਘ, ਭਾਈ ਸਰਬਜੀਤ ਸਿੰਘ, ਭਾਈ ਹਰਵਿੰਦਰ ਸਿੰਘ ਕਾਹਲਵਾਂ, ਭਾਈ ਮਨਜੀਤ ਸਿੰਘ, ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

## ਗੁਰਦੁਆਰਾ ਗੜ੍ਹੀ ਸਾਹਿਬ ਵਿਖੇ ਗੇਟ ਦੀ ਉਸਾਰੀ ਦਾ ਕੰਮ ਬਾਬਾ ਬਲਬੀਰ ਸਿੰਘ ਨੇ ਸ਼ੁਰੂ ਕਰਵਾਇਆ



ਸਮਾਣਾ, 19 ਅਪ੍ਰੈਲ (ਵਿਜੇ ਕੁਮਾਰ) : ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਨੌਵੀਂ ਪਿੰਡ ਗੜ੍ਹੀ ਸਾਹਿਬ ਵਿਖੇ ਕਾਰ ਸੇਵਾ ਦੇ ਬਾਬਾ ਗੁਰਮੇਲ ਸਿੰਘ ਫੁੱਲ ਅਤੇ ਬਾਬਾ ਬਖਸ਼ੀਸ਼ ਸਿੰਘ ਦੀ ਯਾਦ 'ਚ ਸਰਹੱਦੀ ਇੱਟਾਂ ਨਾਲ ਤਿਆਰ ਹੋਣ ਵਾਲੇ 30 ਫੁੱਟ ਚੌੜੇ ਅਤੇ 30 ਫੁੱਟ ਉਚੇ ਗੇਟ ਦੀ ਉਸਾਰੀ ਦਾ ਕੰਮ ਕਾਰ ਸੇਵਾ ਮੁੱਖੀ ਬਾਬਾ ਬਲਬੀਰ ਸਿੰਘ ਵੱਲੋਂ ਪੰਜਾਬ ਸਰਕਾਰ ਦੀ ਮਨੰਜੂਰੀ ਉਪਰੰਤ ਆਰੰਭ ਕਰਵਾਇਆ ਗਿਆ । ਇਸ ਕਾਰਜ ਦੀ ਸ਼ੁਰੂਆਤ ਤੋਂ ਪਹਿਲਾ ਗੁਰੂ ਘਰ ਦੇ ਹੈਡ ਗ੍ਰੰਥੀ ਨਾਰਾਇਣ ਸਿੰਘ ਅਤੇ ਤਰਲੋਚਨ ਸਿੰਘ ਵੱਲੋਂ ਅਰਦਾਸ ਬੇਨਤੀ ਕਰਨ ਉਪਰੰਤ ਪੰਜ ਸਿੰਘਾਂ ਨੇ ਟੱਕ ਲਗਾ ਕੇ ਕੀਤੀ। ਇਸ ਮੌਕੇ ਬਾਬਾ ਬਲਬੀਰ ਸਿੰਘ ਜੀ ਨੇ ਗੁਰਦੁਆਰਾ ਸਾਹਿਬ ਦੀ ਇਤਿਹਾਸਕ ਮਹਤੱਤਾ ਬਾਰੇ ਦਸੱਦਿਆ ਕਿਹਾ ਕਿ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਦਿੱਲੀ ਜਾਂਦੇ ਸਮੇਂ 40 ਦਿਨ ਇਸ ਅਸਥਾਨ 'ਤੇ ਠਹਿਰੇ ਸਨ, ਜਿਸ ਕਰਕੇ ਉਸ ਦਿਨ ਤੋਂ ਹੀ ਇਸ ਇਤਿਹਾਸਕ ਗੁਰੂ ਘਰ ਵਿਚ ਦੂਰੋ-ਨੇੜਿਓ ਸੰਗਤਾਂ ਨਤਮਸਤਕ ਹੋਣ ਲਈ ਆਉਂਦੀਆਂ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਸੰਗਤਾਂ ਵੱਲੋਂ ਕੀਤੀ ਗਈ ਬੇਨਤੀ ਤੋਂ ਬਾਅਦ ਇਸ ਗੁਰੂ ਘਰ ਨੇੜੇ ਭਾਖੜਾ ਨਹਿਰ 'ਤੇ ਮ੍ਰਿਤਕਾਂ ਦੇ ਫੁੱਲ (ਅਸਥੀਆਂ) ਜਲ ਪ੍ਰਵਾਹ ਕਰਨ ਦਾ ਸਥਾਨ ਵੀ ਬਣਾਇਆ ਗਿਆ ਹੈ।ਇਸ ਮੌਕੇ ਕਥਾ ਵਾਚਕ ਅੰਮ੍ਰਿਤਪਾਲ ਸਿੰਘ, ਪ੍ਰਧਾਨ ਮਨਜੀਤ ਸਿੰਘ, ਗੁਰਿੰਦਰ ਸਿੰਘ, ਰਵੀ ਸਰਪੰਚ, ਹਜੂਰਾ ਸਿੰਘ, ਦਲਜੀਤ ਸਿੰਘ ਬਿੱਲਾ, ਰਾਜਿੰਦਰ ਸਿੰਘ ਨੰਬਰਦਾਰ, ਬਾਬਾ ਜਰਨੈਲ ਸਿੰਘ, ਬਾਬਾ ਬਿਕਰ ਸਿੰਘ, ਨਿਹੰਗ ਬਾਬਾ ਹਰਜਿੰਦਰ ਸਿੰਘ, ਸਵਰਨ ਸਿੰਘ ਵਿਰਕ, ਮੇਜਰ ਸਿੰਘ, ਕੁਲਦੀਪ ਸਿੰਘ, ਲਖਵਿੰਦਰ ਸਿੰਘ, ਰਜਵੰਤ ਸਿੰਘ, ਜਗਜੀਤ ਸਿੰਘ, ਸਤਨਾਮ ਸੰਧੂ ਆਦਿ ਵੀ ਹਾਜ਼ਰ ਸਨ।

## ਵਕੀਲਾਂ ਨੇ ਕੰਮ ਕਾਜ ਰੱਖਿਆ ਬੰਦ

ਪਟਿਆਲਾ, 19 ਅਪ੍ਰੈਲ (ਵਿਨੋਦ ਸ਼ਰਮਾ) : ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਆਦੇਸ਼ 'ਤੇ ਅੱਜ ਸਮੂਹ ਵਕੀਲਾਂ ਨੇ ਅੱਜ ਆਪਣਾ ਕੰਮ ਕਾਜ ਸ਼ਨੀਵਾਰ ਦੀ ਛੁੱਟੀ ਦੀ ਮੰਗ ਨੂੰ ਲੈ ਕੇ ਬੰਦ ਰੱਖਿਆ। ਇਹ ਮੰਗ ਪਿਛਲੇ ਕਈ ਸਾਲਾਂ ਤੋਂ ਪੈਂਡਿੰਗ ਚਲੀ ਆ ਰਹੀ ਹੈ, ਜਿਸ ਕਾਰਨ ਅੱਜ ਫਿਰ ਵਕੀਲਾਂ ਨੇ ਆਪਣਾ ਕੰਮ ਕਾਜ ਬੰਦ ਰੱਖਿਆ।

## ਜ਼ਿਲ੍ਹਾ ਖੁਰਾਕ ਸਪਲਾਈ ਅਫਸਰ ਨੇ ਸਮਾਣਾ ਦੀ ਅਨਾਜ ਮੰਡੀ ਦਾ ਦੌਰਾ ਕਰਕੇ ਖ਼ਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



ਸਮਾਣਾ, 19 ਅਪ੍ਰੈਲ (ਵਿਜੇ ਕੁਮਾਰ) : ਜ਼ਿਲ੍ਹਾ ਖੁਰਾਕ ਸਪਲਾਈ ਅਫਸਰ ਡਾ: ਰੂਪਪ੍ਰੀਤ ਕੌਰ ਨੇ ਸਥਾਨਕ ਅਨਾਜ ਮੰਡੀ ਦਾ ਦੌਰਾ ਕਰਕੇ ਆੜ੍ਹਤੀਆਂ ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਸੁਣਨ ਉਪਰੰਤ ਨਮੀ ਚੈਕ ਕਰਕੇ ਕਣਕ ਦੀ ਬੋਲੀ ਕਰਵਾਈ। ਇਸ ਮੌਕੇ ਉਨ੍ਹਾਂ ਨਾਲ ਬਲਤੇਜ ਸਿੰਘ ਤੇ ਹਰਪ੍ਰੀਤ ਸਿੰਘ ਤੋਂ ਇਲਾਵਾ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਨਰਿੰਦਰ ਗਰਗ ਤੇ ਮੈਂਬਰ ਹਾਜ਼ਰ ਸਨ। ਇਸ ਮੌਕੇ ਡਾ: ਰੂਪਪ੍ਰੀਤ ਕੌਰ ਨੇ ਦੱਸਿਆ ਕਿ ਬੀਤੀ ਕਲ੍ਹ ਪਈ ਬਾਰਸ਼ ਤੇ ਹਨੇਰੀ ਝੱਖੜ ਕਾਰਨ ਹੋਏ ਨੁਕਸਾਨ ਦਾ ਮੰਡੀ ਵਿਚ ਜਾਇਜ਼ਾ ਲੈਣ ਆਏ ਸਨ ਪਰ ਸਭ ਠੀਕ ਪਾਏ ਜਾਣ 'ਤੇ ਉਨ੍ਹਾਂ ਆੜ੍ਹਤੀਆਂ ਨੂੰ ਹਦਾਇਤ ਕੀਤੀ ਕਿ ਉਹ ਬੋਰੀਆਂ ਵਿਚ ਭਰੀ ਕਣਕ ਦੀ ਸਟੈਕਿੰਗ ਕਰਵਾਉਣ ਤੇ ਸਰਕਾਰੀ ਹਦਾਇਤਾਂ ਅਨੁਸਾਰ 12 ਫੀਸਦੀ ਨਮੀ ਵਾਲੀ ਕਣਕ ਦੀ ਖ੍ਰੀਦ ਨੂੰ ਯਕੀਨੀ ਬਣਾਉਣ। ਉਨ੍ਹਾਂ ਇਸ ਸਮੇਂ ਆੜ੍ਹਤੀਆਂ ਵੱਲੋਂ ਕਣਕ ਦੀਆਂ ਭਰੀਆਂ ਬੋਰੀਆਂ ਦਾ ਵਜਨ ਅਤੇ ਨਮੀ ਵੀ ਚੈਕ ਕੀਤੀ। ਇਸ ਮੌਕੇ ਆੜ੍ਹਤੀਆਂ ਵੱਲੋਂ ਮਜ਼ਦੂਰਾਂ ਦੀ ਵਧਾਉਣ ਬਾਰੇ ਵੀ ਆਖਿਆ। ਜਿਸ ਦੇ ਜਵਾਬ ਵਜੋਂ ਡੀ.ਐਫ.ਸੀ. ਪਟਿਆਲਾ ਨੇ ਕਿਹਾ ਕਿ ਇਸ ਸੰਬਧੀ ਉਹ ਲਿਖਤੀ ਪੱਤਰ ਦੇਣ ਤਾਂ ਜੋ ਪੰਜਾਬ ਸਰਕਾਰ ਕੋਲ ਇਹ ਮੁੱਦਾ ਉਠਾਇਆ ਜਾ ਸਕੇ।

## ਵੱਖ-ਵੱਖ ਥਾਵਾਂ ਤੋਂ ਨਸ਼ੀਲੀਆਂ ਗੋਲ਼ੀਆਂ ਬ੍ਰਾਮਦ

ਪਟਿਆਲਾ, 19 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਬਖਸ਼ੀਵਾਲਾ ਪੁਲਿਸ ਨੇ ਕਥਿਤ ਦੋਸ਼ੀਆਂ ਗੁਲਜਾਰ ਸਿੰਘ ਪੁੱਤਰ ਗੁਰਧਿਆਨ ਸਿੰਘ, ਮੱਗਰ ਸਿੰਘ ਪੁੱਤਰ ਜੀਤ ਸਿੰਘ ਵਾਸੀਆਨ ਪਿੰਡ ਚੂਹੜਪੁਰ ਕਲਾਂ ਵਿਰੁੱਧ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ ਸੁੱਖਦੇਵ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਪਿੰਡ ਕਲਿਆਣ ਨਾਭਾ ਰੋਡ ਪਟਿਆਲਾ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਕਥਿਤ ਦੋਸ਼ੀ ਨਸ਼ੀਲੀਆਂ ਗੋਲੀਆਂ ਵੇਚਣ ਲਈ ਲਕਸ਼ਮੀ ਮੈਰਿਜ ਪੈਲਸ ਪਾਸ ਖੜ੍ਹੇ ਗ੍ਰਾਹਕਾਂ ਦੀ ਉਡੀਕ ਕਰ ਰਹੇ ਹਨ, ਜੋ ਕਥਿਤ ਦੋਸ਼ੀਆਂ 'ਤੇ ਰੇਡ ਕਰਕੇ ਗੁਲਜਾਰ ਸਿੰਘ ਪਾਸੋਂ 140 ਨਸ਼ੀਲੀਆਂ ਗੋਲੀਆਂ ਅਤੇ ਮੱਗਰ ਸਿੰਘ ਕੋਲੋਂ 160 ਨਸ਼ੀਲੀਆਂ ਗੋਲੀਆ ਬ੍ਰਾਮਦ ਹੋਈਆਂ। ਇਸੇ ਤਰ੍ਹਾਂ ਥਾਣਾ ਕੋਤਵਾਲੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀਆਂ ਗਗਨਦੀਪ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਮਹਿਮੂਦਪੁਰ ਜੱਟਾ ਬਹਾਦਰਗੜ੍ਹ ਰੋਡ ਪਟਿਆਲਾ, ਜਸਪ੍ਰੀਤ ਕੌਰ ਪੁੱਤਰੀ ਜਗਰੂਪ ਸਿੰਘ ਵਾਸੀ ਅਸਮਾਨਪੁਰ ਨੇੜੇ ਨੈਣਾ ਅਕੋਤ ਦੇਵੀਗੜ੍ਹ ਰੋਡ ਪਟਿਆਲਾ ਵਿਰੁਧੱ ਧਾਰਾ 22, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਐਸ.ਆਈ ਪੂਰਨ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਸ਼ੀਸ਼ ਮਹਿਲ ਕਲੋਨੀ ਪਟਿਆਲਾ ਮੌਜੂਦ ਸੀ, ਜੋ ਦੋਸ਼ੀਆਨ ਦੇ ਮੋਟਰਸਾਇਕਲ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 500 ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ।

## ਗੁਰਦੁਆਰਾ ਸਾਹਿਬ ਸਿੰਘ ਸਭਾ ਵਿਖੇ ਬਹਾਦਰਗੜ੍ਹ ਦੀ ਨਵੀਂ ਚੁਣੀ ਪੰਚਾਇਤ ਦੇ ਮੈਂਬਰ ਹੋਏ ਨਤਮਸਤਕ



ਪਟਿਆਲਾ, 19 ਅਪ੍ਰੈਲ (ਚ.ਨ.ਸ.) : ਬਹਾਦਰਗੜ੍ਹ ਦੀ ਨਵੀਂ ਚੁਣੀ ਸਮੁੱਚੀ ਪੰਚਾਇਤ ਪਿੰਡ ਦੇ ਗੁਰਦੁਆਰਾ ਸਾਹਿਬ ਸਿੰਘ ਸਭਾ ਵਿਖੇ ਨਤਮਸਤਕ ਹੋਈ ਤੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਗੁਰੂ ਘਰ ਦੇ ਗ੍ਰੰਥੀ ਸਿੰਘ ਵੱਲੋਂ ਨਵੀਂ ਚੁਣੀ ਪੰਚਾਇਤ ਅਤੇ ਨਗਰ ਦੀ ਚੜ੍ਹਦੀਕਲਾ ਲਈ ਗੁਰੂ ਸਾਹਿਬ ਅੱਗੇ ਅਰਦਾਸ ਜੋੜਦੀ ਕੀਤੀ ਗਈ। ਇਸ ਮੌਗੇ ਗੁਰਦੁਆਰਾ ਸਾਹਿਬ ਸਿੰਘ ਸਭਾ ਦੀ ਪ੍ਰਬੰਧਕ ਕਮੇਟੀ ਵੱਲੋਂ ਸਰਪੰਚ ਹਰਜਿੰਦਰ ਕੌਰ ਅਤੇ ਉਨ੍ਹਾਂ ਦੇ ਪਤੀ ਮਲਕ ਸਿੰਘ ਤੇ ਉਨ੍ਹਾਂ ਨਾਲ ਪੰਚ ਬਲਬੀਰ ਕੌਰ ਘੁੰਮਣ, ਪੰਚ ਅਕਾਸ਼ ਰਾਣਾ, ਪੰਚ ਕਮਲਜੀਤ ਕੌਰ, ਪੰਚ ਭੁਪਿੰਦਰ ਸਿੰਘ, ਪੰਚ ਸੰਦੀਪ ਸਿੰਘ, ਪੰਚ ਸੁਰਿੰਦਰ ਸਿੰਘ, ਪੰਚ ਸੁਖਵਿੰਦਰ ਕੌਰ, ਪੰਚ ਸੁਰੇਸ਼ ਕੁਮਾਰ ਅਤੇ ਪੰਚ ਸਰਬਜੀਤ ਕੌਰ ਦਾ ਸਿਰੋਪਾਓ ਭੇਟ ਕਰਕੇ ਸਨਮਾਨ ਕੀਤਾ ਗਿਆ। ਪੰਚਾਇਤ ਵੱਲੋਂ ਗੁਰੂ ਘਰ ਦੀ ਨਵੀਂ ਬਣ ਰਹੀ ਇਮਾਰਤ ਲਈ 11,000 ਰੁਪਏ ਦੀ ਰਾਸ਼ੀ ਦਾਨ ਵਜੋਂ ਭੇਟ ਕੀਤੀ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪਰਮਜੀਤ ਸਿੰਘ, ਕੈਸ਼ੀਅਰ ਜਗੀਰ ਸਿੰਘ, ਕੁਲਵੰਤ ਸਿੰਘ, ਹਰਭਜਨ ਸਿੰਘ, ਹਰਚੰਦ ਸਿੰਘ, ਅਵਤਾਰ ਸਿੰਘ, ਅਮਰੀਕ ਸਿੰਘ, ਨਿਰਮਲ ਸਿੰਘ ਸੈਣੀ, ਗੁਰਮੀਤ ਕੌਰ, ਜਸਵੰਤ ਸਿੰਘ, ਵੀਰ ਸਿੰਘ ਅਤੇ ਰਾਮ ਸਿੰਘ ਮੌਜੂਦ ਸਨ।

## ਨਿਯਮਾਂ ਨੂੰ ਛਿੱਕੇ ਟੰਗ ਕੇ ਛੁੱਟੀ ਵਾਲੇ ਦਿਨ ਖੁੱਲ੍ਹਦੀ ਆ ਜਨਰਲ ਓ.ਪੀ.ਡੀ.

### ਜੇਕਰ ਲੋਕ ਸੇਵਾ ਤਾਂ ਫੇਰ ਦੂਜੇ ਡਾਕਟਰਾਂ ਨੂੰ ਰੋਟੇਸ਼ਨ 'ਚ ਕਿਉਂ ਨਹੀਂ ਮਿਲਦਾ ਸਮਾਂ

ਪਟਿਆਲਾ, 19 ਅਪ੍ਰੈਲ (ਰੁਪਾਣਾ) : ਪੰਜਾਬ ਦਾ ਇਕੋ ਇਕ ਸਰਕਾਰੀ ਹਸਪਤਾਲ ਪਟਿਆਲਾ 'ਚ ਹੈ, ਜਿੱਥੇ ਨਿਯਮਾਂ ਨੂੰ ਛਿੱਕੇ ਟੰਗ ਕੇ ਸਰਕਾਰੀ ਛੁੱਟੀ ਵਾਲੇ ਦਿਨ ਵੀ ਜਨਰਲ ਓਪੀਡੀ ਖੋਲੀ ਜਾਂਦੀ ਹੈ। ਇਸ ਮਾਮਲੇ 'ਤੇ ਆਪਣਾ ਨਾਮ ਗੁਪਤ ਰੱਖਦੇ ਹੋਏ ਹਸਪਤਾਲ ਦੇ ਹੀ ਕੁਝ ਮੁਲਾਜ਼ਮਾਂ ਦਾ ਕਹਿਣਾ ਹੈ ਕਿ ਜੇਕਰ ਛੁੱਟੀ ਵਾਲੇ ਦਿਨ ਜਨਰਲ ਓਪੀਡੀ ਖੋਲ ਕੇ ਲੋਕ ਸੇਵਾ ਕੀਤੀ ਜਾ ਰਹੀ ਹੈ ਤਾਂ ਫੇਰ ਹਸਪਤਾਲ ਦੇ ਹੋਰਨਾਂ ਡਾਕਟਰਾਂ ਨੂੰ ਰੋਟੇਸ਼ਨ ਤਹਿਤ ਛੁੱਟੀ ਵਾਲੇ ਦਿਨ ਓਪੀਡੀ 'ਚ ਬੈਠਣ ਦਾ ਸਮਾਂ ਕਿਉਂ ਨਹੀਂ ਮਿਲਦਾ। ਜਾਣਕਾਰੀ ਅਨੁਸਾਰ ਪਟਿਆਲਾ ਦੇ ਟੀ.ਬੀ. ਹਸਪਤਾਲ 'ਚ ਅਕਸਰ ਵੇਖਿਆ ਜਾਂਦਾ ਹੈ ਕੇ ਸਰਕਾਰੀ ਛੁੱਟੀ ਵਾਲੇ ਦਿਨ ਜਨਰਲ ਓਪੀਡੀ ਖੋਲ੍ਹ ਕੇ ਵੱਡੀ ਗਿਣਤੀ 'ਚ ਮਰੀਜ਼ ਵੇਖੇ ਜਾਂਦੇ ਹਨ, ਅਕਸਰ ਹੀ ਇਨ੍ਹਾਂ ਮਰੀਜ਼ਾਂ ਦਾ ਚੈਕਅਪ ਹਸਪਤਾਲ ਦੇ ਮੁਖੀ ਜਾਂ ਉਨ੍ਹਾਂ ਦੇ ਹੀ ਜੂਨੀਅਰ ਵੱਲੋਂ ਕੀਤਾ ਜਾਂਦਾ ਹੈ। ਬੇਸ਼ੱਕ ਇਸ ਪਿੱਛੇ ਤਰਕ ਦਿੱਤਾ ਜਾਂਦਾ ਹੈ ਕੇ ਲੋੜਵੰਦ ਲਈ ਇਹ ਸਭ ਕੀਤਾ ਜਾਂਦਾ ਹੈ ਤਾਂ ਫੇਰ ਐਮਰਜੈਂਸੀ 'ਚ ਕਿਉਂ ਨਹੀਂ ਵੇਖਿਆ ਜਾਂਦਾ ਅਤੇ ਨਾਲ ਹੀ ਹਰ ਛੁੱਟੀ ਵਾਲੇ ਦਿਨ ਇਕੋ ਡਾਕਟਰ ਕਿਉਂ ਬੈਠਦੇ ਹਨ। ਕੁਝ ਸੂਤਰ ਇਹ ਵੀ ਦੱਸਦੇ ਹਨ ਕਿ ਛੁੱਟੀ ਵਾਲੇ ਦਿਨ ਆਏ ਮਰੀਜ਼ਾਂ 'ਚੋ ਅਗਲੀ ਵਾਰ ਕੁਝ ਮਰੀਜ਼ ਘਰ ਵੀ ਚਲੇ ਜਾਂਦੇ ਹਨ। ਇਸ ਕਰਕੇ ਇਹ ਸਭ ਕੁਝ ਇਕੋ ਡਾਕਟਰ ਵੱਲੋਂ ਕੀਤਾ ਜਾ ਰਿਹਾ ਹੈ। ਇਹ ਵੀ ਮੰਗ ਹੈ ਕੇ ਜੇਕਰ ਇਹ ਸੇਵਾ ਹੈ, ਤਾਂ ਪੰਜਾਬ ਦੇ ਸਾਰੇ ਹਸਪਤਾਲਾਂ 'ਚ ਹਰ ਡਾਕਟਰ ਨੂੰ ਇਹ ਸੇਵਾ ਦਾ ਮੌਕਾ ਦੇਣਾ ਚਾਹੀਦਾ ਹੈ ਤਾਂ ਕਿ ਸਿਹਤ ਸੇਵਾਵਾਂ 'ਚ ਸੁਧਾਰ ਹੋ ਸਕੇ।



### *ਜਾਣਕਾਰੀ ਹਾਸਲ ਕਰਾਂਗੇ, ਫਿਲਹਾਲ ਕੁਝ ਨਹੀਂ ਕਹਿਣਾ : ਡੀ.ਆਰ.ਐੱਮ.ਈ.*

ਇਸ ਸਬੰਧੀ ਡੀ.ਆਰ.ਐੱਮ.ਈ. ਡਾ.ਅਵਿਨਾਸ਼ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਇਸ ਸਬੰਧੀ ਅਜੇ ਜਾਣਕਾਰੀ ਹਾਸਿਲ ਕਰਨੀ ਹੈ, ਉਸ ਤੋਂ ਬਾਅਦ ਹੀ ਕੁਝ ਕਿਹਾ ਜਾ ਸਕੇਗਾ, ਜਦਕਿ ਪ੍ਰਿੰਸੀਪਲ ਡਾ ਰਾਜਨ ਸਿੰਗਲਾ ਨੇ ਕਿਹਾ ਕਿ ਬੇਸ਼ੱਕ ਅਜਿਹਾ ਨਿਯਮ ਦੇ ਉਲਟ ਹੈ, ਪਰ ਜੇਕਰ ਕੋਈ ਆਪਣਾ ਸਮਾਂ ਦੇ ਰਿਹਾ ਤਾਂ ਕਿਸੇ ਨੂੰ ਇਤਰਾਜ਼ ਨਹੀਂ ਹੋਣਾ ਚਾਹੀਦਾ, ਪਰ ਫੇਰ ਵੀ ਉਹ ਗੱਲ ਕਰਨਗੇ।

## ਖ਼ਾਲਸਾ ਕਾਲਜ ਦੇ ਕੈਮਿਸਟਰੀ ਵਿਭਾਗ ਵੱਲੋਂ ਐਡਵਾਂਸਡ ਇੰਸਟਰੂਮੈਂਟ ਤਕਨੀਕਾਂ 'ਤੇ ਵਰਕਸ਼ਾਪ



ਪਟਿਆਲਾ, 19 ਅਪ੍ਰੈਲ (ਰੁਪਾਣਾ) : 2 ਖ਼ਾਲਸਾ ਕਾਲਜ ਪਟਿਆਲਾ ਦੇ ਪੀ.ਜੀ. ਕੈਮਿਸਟਰੀ ਵਿਭਾਗ ਵੱਲੋਂ, ਆਈ.ਆਈ.ਸੀ. ਅਤੇ ਆਈ. ਕਿਊ.ਏ. ਸੀ. ਦੇ ਸਹਿਯੋਗ ਨਾਲ, ਅੱਜ ਐਡਵਾਂਸਡ ਕੈਮਿਸਟਰੀ ਇੰਸਟਰੂਮੈਂਟ ਤਕਨੀਕਾਂ 'ਤੇ ਇੱਕ ਰੋਜ਼ਾ ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਵਿੱਚ ਯੂਨੀਵਰਸਿਟੀ ਕਾਲਜ ਮੂਨਕ ਦੇ 35 ਅਤੇ ਖ਼ਾਲਸਾ ਕਾਲਜ ਪਟਿਆਲਾ ਦੇ 25 ਅੰਡਰ-ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਨੇ ਭਾਗ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ, ਖ਼ਾਲਸਾ ਕਾਲਜ ਪਟਿਆਲਾ ਦੇ ਪੀ.ਜੀ. ਕੈਮਿਸਟਰੀ ਵਿਭਾਗ ਦੇ ਮੁਖੀ ਡਾ. ਅੰਜੂ ਖੁੱਲਰ ਨੇ ਸਾਰੇ ਮਹਿਮਾਨਾਂ, ਰਿਸੋਰਸ ਪਰਸਨਾਂ ਅਤੇ ਭਾਗੀਦਾਰਾਂ ਦਾ ਸਵਾਗਤ ਕੀਤਾ। ਉਨ੍ਹਾਂ ਨੇ ਕੈਮਿਸਟਰੀ ਵਿੱਚ ਆਧੁਨਿਕ ਯੰਤਰਾਂ ਦੀ ਮਹੱਤਤਾ ਬਾਰੇ ਚਰਚਾ ਕੀਤੀ। ਵਰਕਸ਼ਾਪ ਦੇ ਕਨਵੀਨਰ ਡਾ. ਰੂਪੀ ਧੀਰ ਨੇ ਰਿਸੋਰਸ ਪਰਸਨਾਂ ਅਤੇ ਵਰਕਸ਼ਾਪ ਦੇ ਥੀਮ ਬਾਰੇ ਜਾਣਕਾਰੀ ਦਿੱਤੀ। ਪਹਿਲਾ ਸੈਸ਼ਨ ਡਾ. ਹਿਨਾ, ਸਹਾਇਕ ਪ੍ਰੋਫ਼ੈਸਰ, ਕੈਮਿਸਟਰੀ ਵਿਭਾਗ ਦੁਆਰਾ ਲਿਆ ਗਿਆ। ਇਸ ਤੋਂ ਬਾਅਦ, ਡਾ. ਰੂਪੀ ਧੀਰ, ਸਹਾਇਕ ਪ੍ਰੋਫ਼ੈਸਰ, ਕੈਮਿਸਟਰੀ ਵਿਭਾਗ ਨੇ ਯੂਵੀ-ਵਿਜ਼ ਸਪੈਕਟਰੋਫੋਟੋਮੀਟਰ ਦੀ ਕਾਰਜਪ੍ਰਣਾਲੀ ਦਾ ਪ੍ਰਦਰਸ਼ਨ ਕੀਤਾ। ਆਖਰੀ ਸੈਸ਼ਨ ਵਿੱਚ, ਡਾ. ਰਤਨਪਾਲ ਸਿੰਘ ਰੰਧਾਵਾ, ਸਹਾਇਕ ਪ੍ਰੋਫ਼ੈਸਰ, ਕੈਮਿਸਟਰੀ ਵਿਭਾਗ ਨੇ ਐਫਟੀਆਈਆਰ, ਪ੍ਰੋਬ ਸੋਨੀਕੇਸ਼ਨ, ਘੁਲਣਸ਼ੀਲਤਾ ਦਰ ਕੰਟਰੋਲ ਉਪਕਰਣ ਪੀਐਚ ਅਤੇ ਕੰਡਕਟੀਵਿਟੀ ਮੀਟਰ ਸਮੇਤ ਵੱਖ-ਵੱਖ ਤਕਨੀਕਾਂ 'ਤੇ ਹੈਂਡ-ਆਨ ਸਿਖਲਾਈ ਦਾ ਪ੍ਰਦਰਸ਼ਨ ਕੀਤਾ ਅਤੇ ਕੈਮਿਸਟਰੀ ਦੇ ਵੱਖ-ਵੱਖ ਖੇਤਰਾਂ ਵਿੱਚ ਉਨ੍ਹਾਂ ਦੀਆਂ ਐਪਲੀਕੇਸ਼ਨਾਂ ਬਾਰੇ ਦੱਸਿਆ। ਕਾਲਜ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਕੈਮਿਸਟਰੀ ਵਿਭਾਗ ਨੂੰ ਅਜਿਹੀ ਸਫ਼ਲ ਅਤੇ ਜਾਣਕਾਰੀ ਭਰਪੂਰ ਵਰਕਸ਼ਾਪ ਆਯੋਜਿਤ ਕਰਨ ਲਈ ਵਧਾਈ ਦਿੱਤੀ। ਸੈਸ਼ਨ ਦੇ ਅੰਤ ਵਿੱਚ, ਡਾ. ਮੋਨਿਕਾ ਨੇ ਰਿਸੋਰਸ ਪਰਸਨਾਂ ਅਤੇ ਭਾਗੀਦਾਰਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ।

## ਹਨ੍ਹੇਰੀ-ਝੱਖੜ ਨਾਲ ਸ਼ੈਲਰ ਦੇ ਸ਼ੈਡ ਦੀਆਂ ਉਡੀਆਂ ਚਾਦਰਾਂ, ਲੱਖਾਂ ਦਾ ਨੁਕਸਾਨ

ਸਮਾਣਾ, 19 ਅਪ੍ਰੈਲ (ਵਿਜੇ ਕੁਮਾਰ) : ਸ਼ੁੱਕਰਵਾਰ ਦੀ ਰਾਤ ਨੂੰ ਚੱਲੇ ਹਨੇਰੀ-ਝੱਖੜ ਨਾਲ ਅਨੇਕਾਂ ਬਿਜਲੀ ਦੇ ਖੰਭਿਆਂ ਦੇ ਡਿੱਗਣ ਨਾਲ ਜਿਥੇ ਇਲਾਕੇ ਦੀ ਬਿਜਲੀ ਸਪਲਈ ਠੱਪ ਹੋ ਗਈ, ਉਥੇ ਫੈਕਟਰੀਆਂ, ਸੈਲਰਾਂ ਅਤੇ ਹੋਰ ਇਮਾਰਤਾਂ ਦੇ ਨੁਕਸਾਨ ਹੋਣ ਦੇ ਸਮਾਚਾਰ ਸਾਹਮਣੇ ਆਏ ਹਨ। ਇਸੇ ਦੋਰਾਨ ਸਹਿਜਪੁਰਾ ਰੋਡ ਤੇ ਸਥਿਤ ਜੀ.ਐਮ. ਰਾਈਸ ਮਿੱਲ ਦੇ ਸੈਡ ਦੀਆਂ ਚਾਦਰਾਂ ਉਡ ਜਾਣ ਨਾਲ ਭਾਰੀ ਨੁਕਸਾਨ ਹੋਣ ਦਾ ਵੀ ਸਮਾਚਾਰ ਹੈ। ਰਾਈਸ ਮਿੱਲ ਦੇ ਮਾਲਕ ਰੁਲਦੂ ਰਾਮ, ਸੁਨੀਲ ਕੁਮਾਰ ਨੇ ਦੱਸਿਆ ਕਿ 18 ਅਪ੍ਰੈਲ ਨੂੰ ਸ਼ਾਮ ਸਮੇਂ ਅਚਾਨਕ ਹਨੇਰੀ-ਝੱਖੜ ਨਾਲ ਉਨ੍ਹਾਂ ਦੇ ਸੈਲਰ ਦੇ ਸੈਡ ਦੀਆਂ ਚਾਦਰਾਂ ਉਡ ਗਈਆਂ। ਉਨ੍ਹਾਂ ਕਿਹਾ ਕਿ ਇਸ ਦੌਰਾਨ ਕਿਸੇ ਵੀ ਜਾਨੀ ਨੁਕਸਾਨ ਤੋਂ ਬਚਾਅ ਰਿਹਾ ਹੈ। ਸੈਡ ਦੀਆਂ ਚਾਦਰਾਂ ਦੇ ਉਡ ਜਾਣ ਅਤੇ ਹੋਰ ਨੁਕਸਾਨ ਦਾ ਅੰਦਾਜਾ ਉਨ੍ਹਾਂ ਦੋ ਲੱਖ ਰੁਪਏ ਦੇ ਕਰੀਬ ਦੱਸਦਿਆਂ ਸਰਕਾਰ ਤੋਂ ਹੋਏ ਨੁਕਸਾਨ ਦੇ ਮੁਆਵਜੇ ਦੀ ਮੰਗ ਕੀਤੀ ਹੈ।

## .ਗ਼ਜ਼ਲ ਸੰਗ੍ਰਹਿ 'ਵਾਟ ਹਯਾਤੀ ਦੀ' 'ਤੇ ਸਮੀਖਿਆ ਗੋਸ਼ਟੀ ਕਰਵਾਈ



ਪਟਿਆਲਾ, 19 ਅਪ੍ਰੈਲ (ਚ.ਨ.ਸ.) : ਪੰਜਾਬੀ ਦੇ ਸਮਰੱਥ ਕਲਮਕਾਰ ਤੇ ਸ਼ਾਇਰ ਤ੍ਰਿਲੋਕ ਸਿੰਘ ਢਿੱਲੋਂ ਦੇ ਨਵ-ਪ੍ਰਕਾਸ਼ਿਤ ਗ਼ਜ਼ਲ ਸੰਗ੍ਰਹਿ 'ਵਾਟ ਹਯਾਤੀ ਦੀ' ਬਾਰੇ, ਅਦਾਰਾ ਸਾਹਿਤਿਕ ਸੰਵਾਦ ਵੱਲੋਂ ਪੰਜਾਬੀ ਯੂਨੀਵਰਸਿਟੀ ਰੀਜਨਲ ਸੈਂਟਰ, ਬਠਿੰਡਾ ਦੇ ਸਹਿਯੋਗ ਨਾਲ ਸਮੀਖਿਆ ਗੋਸ਼ਟੀ ਕਰਵਾਈ ਗਈ। ਡਾ. ਬਲਵਿੰਦਰ ਕੌਰ ਬਰਾੜ, ਡੀਨ ਭਾਸ਼ਾਵਾਂ, ਡਾ. ਨਵਨੀਤ ਕੌਰ, ਮੁਖੀ, ਰੀਜਨਲ ਸੈਂਟਰ, ਡਾ. ਰਵਿੰਦਰ ਸਿੰਘ ਸੰਧੂ, ਜਸਪਾਲ ਮਨਖੇੜਾ, ਮੀਤ ਪ੍ਰਧਾਨ, ਸਾਹਿਤ ਅਕਾਡਮੀ ਲੁਧਿਆਣਾ, ਆਤਮਾ ਰਾਮ ਰੰਜਨ 'ਤੇ ਅਧਾਰਤ ਪ੍ਰਧਾਨਗੀ ਮੰਡਲ ਅਧੀਨ, ਰੀਜਨਲ ਸੈਂਟਰ ਦੇ ਪੋਸਟ ਗ੍ਰੈਜੂਏਟ ਵਿਭਾਗ ਦੇ ਟੀਚਿੰਗ ਸਟਾਫ਼ ਅਤੇ ਵਿਦਿਆਰਥੀਆਂ ਨਾਲ ਖਚਾਖਚ ਭਰੇ ਹਾਲ ਨੇ ਮਾਹੌਲ ਬਹੁਤ ਖ਼ੁਸ਼ਗਵਾਰ ਬਣਾ ਦਿੱਤਾ। ਰੀਜਨਲ ਸੈਂਟਰ ਦੀ ਵਿਭਾਗੀ ਧੁਨੀ ਦੀ ਰਸਮ ਸੰਪੰਨ ਕਰਨ ਉਪਰੰਤ, ਅਰੰਭ ਵਿਚ ਸਮਾਗਮ ਦੇ ਮੇਜ਼ਬਾਨ ਡਾ. ਨਵਦੀਪ ਕੌਰ ਨੇ ਆਏ ਵਿਦਵਾਨਾਂ, ਟੀਚਿੰਗ ਸਟਾਫ਼ ਅਤੇ ਵਿਦਿਆਰਥੀ ਗਣ ਨੂੰ ਜੀ ਆਇਆਂ ਆਖਿਆ। ਉੱਘੇ ਉਸਤਾਦ ਸ਼ਾਇਰ ਕੁਲਦੀਪ ਸਿੰਘ ਬੰਗੀ ਨੇ ਮੰਚ ਸੰਭਾਲਦਿਆਂ, ਵਿਚਾਰ ਅਧੀਨ ਪੁਸਤਕ ਵਾਟ ਹਯਾਤੀ ਬਾਰੇ ਪਹਿਲਾਂ ਪਰਚਾ ਪੜ੍ਹਣ ਲਈ ਪਟਿਆਲਾ ਤੋਂ ਆਏ ਕਲਮਕਾਰ, ਸ਼ਾਇਰ ਅੰਮ੍ਰਿਤਪਾਲ ਸਿੰਘ ਸ਼ੈਦਾ ਨੂੰ ਸੱਦਾ ਦਿੱਤਾ। ਪਰਚਾ ਪੜ੍ਹਣ ਸਮੇਂ ਪੁਸਤਕ ਦੇ ਵਿਸ਼ਾ ਵਸਤੂ, ਵਿਚਾਰਧਾਰਾ, ਸ਼ੈਲੀ ਅਤੇ ਗ਼ਜ਼ਲ ਦੀ ਤਕਨੀਕ ਬਾਰੇ ਨਿਵੇਕਲੀ ਸ਼ੈਲੀ ਅਧੀਨ ਕੀਤੇ ਵਿਸ਼ਲੇਸ਼ਣ ਰਾਹੀਂ ਵਿਦਵਾਨ ਸਰੋਤਿਆਂ ਨੂੰ ਕਾਇਲ ਕਰਨ ਵਿਚ ਸਫਲਤਾ ਹਾਸਿਲ ਕੀਤੀ। ਪ੍ਰਬੁੱਧ ਵਿਦਵਾਨ ਤੇਜਿੰਦਰ ਸਿੰਘ ਚੰਡਿਹੋਕ ਨੇ ਵੀ ਪੁਸਤਕ ਸਬੰਧੀ ਆਪਣਾ ਪੇਪਰ ਹਾਜ਼ਰੀਨ ਨਾਲ ਸਾਂਝਾ ਕੀਤਾ। ਪੁਸਤਕ ਸਬੰਧੀ ਪੜ੍ਹੇ ਗਏ ਦੋ ਪੇਪਰਾਂ ਬਾਰੇ ਅਤੇ ਪੁਸਤਕ ਬਾਰੇ ਡਾ. ਬਲਵਿੰਦਰ ਕੌਰ ਬਰਾੜ, ਡਾ ਰਵਿੰਦਰ ਸਿੰਘ ਸੰਧੂ, ਜਸਪਾਲ ਮਨਖੇੜਾ ਨੇ ਭਾਵਪੂਰਤ ਟਿੱਪਣੀਆਂ ਸਾਂਝੀਆਂ ਕੀਤੀਆਂ। ਪੁਸਤਕ ਸਬੰਧੀ ਸਮੁੱਚੀ ਨਿਰਖ ਪਰਖ ਉਪਰੰਤ ਸਮਾਗਮ ਦੇ ਨਾਇਕ ਤ੍ਰਿਲੋਕ ਸਿੰਘ ਢਿੱਲੋਂ ਨੇ ਆਪਣੇ ਜੀਵਨ, ਲਿਖਣ ਕਲਾ ਅਤੇ ਸੈਮੀਨਾਰ ਸਬੰਧੀ ਧੰਨਵਾਦ ਕਰਨ ਦੇ ਨਾਲ ਹੀ ਆਪਣੀਆਂ ਰਚਨਾਵਾਂ ਸਾਂਝੀਆਂ ਕੀਤੀਆਂ।

## ਪੰਜਾਬ ਬੈਂਕ ਇੰਪਲਾਈਜ਼ ਫੈਡ. ਨੇ ਖ਼ੂਨਦਾਨ ਕੈਂਪ ਲਗਾਇਆ



ਪਟਿਆਲਾ, 19 ਅਪ੍ਰੈਲ (ਚ.ਨ.ਸ.) :ਏ.ਆਈ.ਬੀ.ਈ.ਏ. ਦੇ ਸੱਦੇ 'ਤੇ ਪੰਜਾਬ ਬੈਂਕ ਇੰਪਲਾਈਜ਼ ਫੈਡਰੇਸ਼ਨ ਪਟਿਆਲਾ ਨੇ ਅੱਜ ਪਟਿਆਲਾ ਦੇ ਪ੍ਰਭਾਤ ਪਰਵਾਨਾ ਮੈਮੋਰੀਅਲ ਟਰੇਡ ਯੂਨੀਅਨ ਸੈਂਟਰ ਵਿਖੇ ਇੱਕ ਖੂਨਦਾਨ ਕੈਂਪ ਦਾ ਆਯੋਜਨ ਕੀਤਾ। ਇਸ ਕੈਂਪ ਦਾ ਉਦਘਾਟਨ ਕਾਮਰੇਡ ਐਸ.ਕੇ. ਗੌਤਮ ਪ੍ਰਧਾਨ ਪੰਜਾਬ ਬੈਂਕ ਇੰਪਲਾਈਜ਼ ਫੈਡਰੇਸ਼ਨ ਨੇ ਕੀਤਾ। ਸ੍ਰੀ ਪ੍ਰਵੀਨ ਚੰਦਰ ਮਹੇਸ਼ ਪ੍ਰਸਾਦ, ਏਜੀਐਮ, ਐਸਬੀਆਈ ਅਤੇ ਸ੍ਰੀ ਉੱਗਰ ਨਾਰਾਇਣ ਮਿਸ਼ਰਾ, ਏਜੀਐਮ, ਐਸਬੀਆਈ ਇਸ ਮੌਕੇ ਸਨਮਾਨਿਤ ਮਹਿਮਾਨ ਸਨ। ਵਲੰਟੀਅਰਾਂ ਨੂੰ ਸੰਬੋਧਨ ਕਰਦਿਆਂ, ਕਾਮਰੇਡ ਐਸ.ਕੇ. ਗੌਤਮ ਨੇ ਪਟਿਆਲਾ ਯੂਨਿਟ ਦੀ ਖੂਨਦਾਨ ਕੈਂਪ ਲਈ ਵੱਡੀ ਗਿਣਤੀ ਵਿੱਚ ਵਲੰਟੀਅਰਾਂ ਨੂੰ ਇਕੱਠਾ ਕਰਨ ਦੀਆਂ ਸ਼ਾਨਦਾਰ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਯੂਨਿਟ ਦੀ ਸੰਗਠਨਾਤਮਕ ਸਮਰੱਥਾ ਅਤੇ ਸਮਰਪਣ ਨੂੰ ਉਜਾਗਰ ਕੀਤਾ, ਜਿਸ ਨਾਲ ਬੈਂਕ ਕਰਮਚਾਰੀਆਂ ਦੀ ਵੱਡੀ ਗਿਣਤੀ ਨੇ ਖੂਨਦਾਨ ਕੀਤਾ। ਇਸ ਸਮੂਹਿਕ ਸ਼ਮੂਲੀਅਤ ਨੇ ਫੈਡਰੇਸ਼ਨ ਦੁਆਰਾ ਉਤਸ਼ਾਹਿਤ ਸਾਂਝ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਰੇਖਾਂਕਿਤ ਕੀਤਾ। ਕਾਮਰੇਡ ਗੌਤਮ ਨੇ ਏ.ਆਈ.ਬੀ.ਈ.ਏ. ਦੀ ਸਮਾਜਿਕ ਮੁੱਦਿਆਂ ਪ੍ਰਤੀ ਅਟੱਲ ਵਚਨਬੱਧਤਾ 'ਤੇ ਜ਼ੋਰ ਦਿੱਤਾ, ਇਹ ਨੋਟ ਕਰਦਿਆਂ ਕਿ ਖੂਨਦਾਨ ਕੈਂਪ ਵਰਗੀਆਂ ਪਹਿਲਕਦਮੀਆਂ ਸੰਗਠਨ ਦੇ ਵਿਸ਼ਾਲ ਮਿਸ਼ਨ ਦਾ ਪ੍ਰਮਾਣ ਹਨ, ਜੋ ਮਜ਼ਦੂਰ ਅਧਿਕਾਰਾਂ ਅਤੇ ਬੈਂਕਿੰਗ ਸੁਧਾਰਾਂ ਤੋਂ ਇਲਾਵਾ ਹਨ। ਕਾਮਰੇਡ ਯਦਵਿੰਦਰ ਗੁਪਤਾ, ਸਕੱਤਰ, ਪੰਜਾਬ ਬੈਂਕ ਇੰਪਲਾਈਜ਼ ਫੈਡਰੇਸ਼ਨ (ਪਟਿਆਲਾ ਯੂਨਿਟ), ਨੇ ਖੂਨਦਾਨ ਕੈਂਪ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਵਾਲੇ ਸਾਰੇ ਵਲੰਟੀਅਰਾਂ ਪ੍ਰਤੀ ਦਿਲੋਂ ਧੰਨਵਾਦ ਪ੍ਰਗਟ ਕੀਤਾ। ਇਹ ਸਮਾਗਮ ਪਟਿਆਲਾ ਯੂਨਿਟ ਨੇ ਆਲ ਇੰਡੀਆ ਬੈਂਕ ਇੰਪਲਾਈਜ਼ ਐਸੋਸੀਏਸ਼ਨ (ਏਆਈਬੀਈਏ) ਦੀ 80ਵੀਂ ਸਥਾਪਨਾ ਦਿਵਸ ਦੀ ਇਤਿਹਾਸਕ ਮੌਕੇ 'ਤੇ ਸੱਦ 'ਤੇ ਆਯੋਜਿਤ ਕੀਤਾ ਸੀ, ਜੋ ਐਸੋਸੀਏਸ਼ਨ ਦੇ ਬੈਂਕਿੰਗ ਸੈਕਟਰ ਅਤੇ ਸਮਾਜ ਵਿੱਚ ਅੱਠ ਦਹਾਕਿਆਂ ਦੇ ਯੋਗਦਾਨ ਦਾ ਜਸ਼ਨ ਮਨਾਉਂਦਾ ਹੈ। ਕਾਮਰੇਡ ਗੁਪਤਾ ਨੇ ਰਜਿੰਦਰਾ ਹਸਪਤਾਲ, ਪਟਿਆਲਾ ਦੀ ਟੀਮ ਨੂੰ ਖੂਨ ਦੀਆਂ ਇਕਾਈਆਂ ਨੂੰ ਸੁਰੱਖਿਅਤ ਢੰਗ ਨਾਲ ਇਕੱਠਾ ਕਰਨ ਅਤੇ ਪ੍ਰਬੰਧਨ ਕਰਨ ਲਈ ਉਨ੍ਹਾਂ ਦੀਆਂ ਪੇਸ਼ੇਵਰ ਅਤੇ ਸਾਵਧਾਨੀਪੂਰਵਕ ਕੋਸ਼ਿਸ਼ਾਂ ਲਈ ਵਿਸ਼ੇਸ਼ ਧੰਨਵਾਦ ਦਿੱਤਾ। ਇਸ ਮੌਕੇ ਕਾਮਰੇਡ ਤਰੁਣ ਕੌੜਾ, ਸੰਗਠਨ ਸਕੱਤਰ, ਪੀਬੀਈਐਫ, ਕਾਮਰੇਡ ਐਸ.ਐਸ. ਗਿੱਲ, ਡੀਜੀਐਸ, ਐਸ.ਬੀ.ਆਈ.ਯੂ., ਕਾਮਰੇਡ ਨਿਤਿਨ ਜੈਨ, ਸੰਗਠਨ ਸਕੱਤਰ, ਪੀ. ਐਂਡ.ਐਸ.ਬੀ.ਐਸ.ਓ., ਕਾਮਰੇਡ ਦੇਵ ਰਾਜ, ਉਪ ਪ੍ਰਧਾਨ, ਪੀ.ਐਨ.ਬੀ.ਈ.ਯੂ., ਕਾਮਰੇਡ ਦਿਵਿਆ ਪਾਲ, ਏ.ਜੀ.ਐਸ., ਕਾਮਰੇਡ ਮੋਹਨ ਲਾਲ, ਏ.ਜੀ.ਐਸ., ਕਾਮਰੇਡ ਕੰਵਲ ਜੀਤ ਸਿੰਘ, ਸੰਗਠਨ ਸਕੱਤਰ, ਕਾਮਰੇਡ ਯਸ਼ ਅਨੂ ਸ਼ਰਮਾ, ਸੰਗਠਨ ਸਕੱਤਰ, ਕਾਮਰੇਡ ਗਰੈਫਿਕ ਸ਼ਰਮਾ, ਸੰਗਠਨ ਸਕੱਤਰ, ਐਸਬੀਆਈਯੂ, ਕਾਮਰੇਡ ਹਰਮਨ ਪੁਰੀ, ਏਆਈਬੀਓਏ, ਵੀ ਮੌਜੂਦ ਸਨ।

## ਘੇਰ ਕੇ ਕੀਤੀ ਕੁੱਟਮਾਰ, ਮਾਮਲਾ ਦਰਜ

ਪਟਿਆਲਾ, 19 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਸਿਵਲ ਲਾਇਨ ਪਟਿਆਲਾ ਪੁਲਿਸ ਕੋਲ ਸੁਨੀਲ ਗੁਪਤਾ ਪੁੱਤਰ ਕਮਲ ਕਿਸ਼ੋਰ ਗੁਪਤਾ ਵਾਸੀ ਕੋਹਿਨੂਰ ਇਨਕਲੇਵ ਪਟਿਆਲਾ ਨੇ ਕਥਿਤ ਦੋਸ਼ੀਆਂ ਪ੍ਰਭਜੋਤ ਸਿੰਘ ਅਤੇ ਉਸਦੇ ਅਣਪਛਾਤੇ ਸਾਥੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਸੂਰੀਆ ਕੰਪਲੈਕਸ ਪਟਿਆਲਾ ਦੇ ਬਾਹਰ ਆਪਣੀ ਕਾਰ ਬੈਕ ਕਰ ਰਿਹਾ ਸੀ ਤਾ ਅਚਾਨਕ ਉਸ ਦੀ ਕਾਰ ਇੱਕ ਕਾਰ ਨਾਲ ਜਾ ਟਕਰਾਈ ਅਤੇ ਕਾਰ ਵਿੱਚੋਂ ਕਥਿਤ ਦੋਸ਼ੀ ਬਾਹਰ ਆਏ ਅਤੇ ਉਸ ਦੀ ਘੇਰ ਕੇ ਕੁੱਟਮਾਰ ਕੀਤੀ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਧਾਰਾ 115(2), 126(2), 191(2),351(2) ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## 'ਨਟਾਸ' ਵੱਲੋਂ 'ਯੁੱਧ ਨਸ਼ਿਆ ਵਿਰੁੱਧ' ਨਾਟਕ ਮੇਲਾ ਭਲਕੇ

ਪਟਿਆਲਾ, 19 ਅਪ੍ਰੈਲ (ਚ.ਨ.ਸ.) : ਨੈਸ਼ਨਲ ਥੀਏਟਰ ਆਰਟਸ ਸੋਸਾਇਟੀ (ਨਟਾਸ ) ਦਮਪਤੀ ਪਦਮਸ਼੍ਰੀ ਪ੍ਰਾਣ ਸੱਭਰਵਾਲ - ਸੁਨੀਤਾ ਸੱਭਰਵਾਲ ਵੱਲੋਂ ਸਰਕਾਰੀ ਹਾਈ ਸਕੂਲ ਗਾਂਧੀ ਨਗਰ ਵਿਖੇ ਆਪਣਾ 'ਯੁੱਧ ਨਸ਼ਿਆ ਵਿਰੁੱਧ' ਜਾਗਰੂਕਤਾ ਨਾਟਕ ਮੇਲਾ ਡੀ.ਸੀ. ਪਟਿਆਲਾ ਡਾ: ਪ੍ਰੀਤੀ ਯਾਦਵ ਆਈ.ਏ.ਐਸ. ਦੀ ਪ੍ਰੇਰਣਾ ਸਦਕਾ ਅਤੇ ਸਕੂਲ ਪ੍ਰਿੰਸੀਪਲ ਮੈਡਮ ਨੀਲਮ ਦੇ ਸਹਿਯੋਗ ਨਾਲ ਸੋਮਵਾਰ 21 ਅਪ੍ਰੈਲ 2025 ਨੂੰ ਦੁਪਹਿਰ 12 ਵਜੇ ਅਯੋਜਿਤ ਕੀਤਾ ਜਾ ਰਿਹਾ ਹੈ। ਪੰਜਾਬ ਦੀਆਂ ਪ੍ਰਸਿੱਧ ਸਮਾਜਿਕ ਸ਼ਖਸੀਅਤਾਂ ਸ਼੍ਰੀ ਅਕਸ਼ੈ ਗੋਪਾਲ ਨਵਯੁੱਗ ਐਮ.ਡੀ. ਹੋਟਲ ਫਲਾਈ ਓਵਰ ਕਲਾਸਿਕ, ਸ਼੍ਰੀ ਬੋਬੀ ਸਚਦੇਵਾ ਐਮ.ਡੀ. ਮੋਬਾਇਲ ਵਰਲਡ, ਡਾ: ਵਿਸ਼ਾਲ ਗੌੜ ਸ਼ਾਹੀ ਦਵਾਖਾਨਾ ਅਤੇ ਨਟਾਸ ਪ੍ਰਧਾਨ ਸ੍ਰ: ਗੁਰਬਚਨ ਸਿੰਘ ਕੱਕੜ, ਡਾਇਰੈਕਟਰ ਸ਼੍ਰੀ ਪ੍ਰਾਣ ਸੱਭਰਵਾਲ ਸਮਾਗਮ ਦਾ ਉਦਘਾਟਨ ਕਰਨਗੇ।

ਨਾਨਕ ਨਾਮ ਚੜ੍ਹਦੀਕਲਾ, ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

ਸਪਤਾਹਿਕ ਮੈਗਜ਼ੀਨ

ਐਤਵਾਰ, 20 ਅਪ੍ਰੈਲ, 2025
Sunday, 20 April, 2025





## ਕੈਨੇਡਾ ਦੀ ਖ਼ੁਸ਼ਹਾਲੀ 'ਤੇ ਟਿਕੀ ਪਰਵਾਸੀਆਂ ਦੀ ਹੋਂਦ

ਪ੍ਰਿੰਸੀਪਲ ਵਿਜੈ ਕੁਮਾਰ

ਉਂਜ ਤਾਂ ਅਜੋਕੇ ਸਮੇਂ 'ਚ ਲਗਭਗ ਸਾਰੇ ਪੱਛਮੀ ਦੇਸ਼ ਬੇਰੁਜ਼ਗਾਰੀ, ਆਰਥਿਕ ਮੰਦਹਾਲੀ, ਅਤਿਵਾਦ ਤੇ ਹੋਰ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਨਾਲ ਜੂਝ ਰਹੇ ਹਨ, ਪਰ ਉਨ੍ਹਾਂ ਸਾਰੇ ਦੇਸ਼ਾਂ 'ਚੋਂ ਕੈਨੇਡਾ ਸਭ ਤੋਂ ਵੱਧ ਆਰਥਿਕ ਮੰਦਹਾਲੀ, ਬੇਰੁਜ਼ਗਾਰੀ ਤੇ ਹੋਰ ਕਈ ਸਮੱਸਿਆਵਾਂ ਦੇ ਦੌਰ ਵਿੱਚੋਂ ਲੰਘ ਰਿਹਾ ਹੈ।

ਕੈਨੇਡਾ ਦੇ ਇਸ ਮਾੜੇ ਸਮੇਂ ਦਾ ਅਮਰੀਕਾ ਦੇ ਮੌਜੂਦਾ ਰਾਸ਼ਟਰਪਤੀ ਡੋਨਲਡ ਟਰੰਪ ਨੇ ਲਾਭ ਉਠਾਉਂਦੇ ਹੋਏ ਕੈਨੇਡਾ ਨੂੰ 51ਵਾਂ ਰਾਜ ਬਣਾ ਕੇ ਇਸ ਨੂੰ ਆਪਣੇ ਦੇਸ਼ 'ਚ ਮਿਲਾਉਣ ਦਾ ਪ੍ਰਸਤਾਵ ਵੀ ਪੇਸ਼ ਕਰ ਦਿੱਤਾ ਹੈ ਕਿਉਂਕਿ ਉਸ ਨੂੰ ਕੈਨੇਡਾ ਦੇ ਕੁਦਰਤੀ ਸੋਮਿਆਂ ਦਾ ਸਰਮਾਇਆ ਨਜ਼ਰ ਆ ਰਿਹਾ ਹੈ ਜੋ ਉਸ ਦੇ ਦੇਸ਼ ਦੀ ਆਰਥਿਕਤਾ ਨੂੰ ਹੋਰ ਮਜ਼ਬੂਤ ਕਰਨ ਲਈ ਲਾਹੇਵੰਦ ਹੋ ਸਕਦੇ ਹਨ। ਉਹ ਕੈਨੇਡਾ ਨੂੰ ਆਰਥਿਕ ਤੌਰ 'ਤੇ ਹੋਰ ਕਮਜ਼ੋਰ ਕਰਨ ਲਈ ਕੈਨੇਡਾ ਤੋਂ ਅਮਰੀਕਾ 'ਚ ਆਉਣ ਵਾਲੀਆਂ ਚੀਜ਼ਾਂ ਉਤੇ ਹੋਰ ਟੈਰਿਫ (ਟੈਕਸ) ਵਧਾ ਰਿਹਾ ਹੈ। ਕੈਨੇਡਾ ਤੋਂ ਅਮਰੀਕਾ ਵਿੱਚ ਆਉਣ ਵਾਲੀਆਂ ਚੀਜ਼ਾਂ ਉੱਤੇ ਟਰੰਪ ਦਾ ਟੈਰਿਫ ਵਧਾਉਣ ਦਾ ਮਕਸਦ ਇਹ ਹੈ ਕਿ ਅਮਰੀਕਾ ਦੇ ਲੋਕ ਕੈਨੇਡਾ ਤੋਂ ਆਉਣ ਵਾਲੀਆਂ ਮਹਿੰਗੀਆਂ ਚੀਜ਼ਾਂ ਖ਼ਰੀਦਣੀਆਂ ਬੰਦ ਕਰ ਦੇਣਗੇ ਤੇ ਅਮਰੀਕਾ ਦੀਆਂ ਬਣੀਆਂ ਚੀਜ਼ਾਂ ਖ਼ਰੀਦਣਗੇ। ਇਸ ਨਾਲ ਕੈਨੇਡਾ ਦੇ ਕਾਰਖਾਨਿਆਂ ਉੱਤੇ ਮਾੜਾ ਪ੍ਰਭਾਵ ਪਏਗਾ ਤੇ ਕੈਨੇਡਾ ਹੋਰ ਬੇਰੁਜ਼ਗਾਰੀ ਅਤੇ ਆਰਥਿਕ ਮੰਦਹਾਲੀ ਵੱਲ ਵਧੇਗਾ। ਕੈਨੇਡਾ ਦੀ ਸਰਕਾਰ ਨੂੰ ਇਹ ਗੱਲ ਸਮਝ ਲੈਣੀ ਚਾਹੀਦੀ ਹੈ ਕਿ ਅਮਰੀਕਾ ਦੀ ਕੈਨੇਡਾ ਪ੍ਰਤੀ ਇਹ ਨੀਤੀ ਕੇਵਲ ਬਿਆਨਬਾਜ਼ੀ ਤੱਕ ਮਹਿਦੂਦ ਨਹੀਂ ਸਗੋਂ ਇਸ ਨੂੰ ਅਮਲੀ ਜਾਮਾ ਪਹਿਨਾਉਣ ਦੀਆਂ ਤਿਆਰੀਆਂ ਹੋ ਰਹੀਆਂ ਹਨ। ਜੇਕਰ ਕੈਨੇਡਾ ਦੇ ਪਰਵਾਸੀਆਂ ਅਤੇ ਇਸ ਦੇਸ਼ ਦੀਆਂ ਸਰਕਾਰਾਂ ਨੇ ਆਪਣੇ ਆਪ ਨੂੰ ਨਾ ਸੁਧਾਰਿਆ ਤਾਂ ਇਸ ਮੁਲਕ ਦੇ ਪਰਵਾਸੀਆਂ ਤੇ ਇਸ ਮੁਲਕ ਲਈ ਆਉਣ ਵਾਲਾ ਸਮਾਂ ਬਹੁਤ ਮਾੜਾ ਹੋਵੇਗਾ।

ਸਭ ਤੋਂ ਪਹਿਲਾਂ ਕੈਨੇਡਾ ਵਿੱਚ ਵਸਦੇ 162 ਦੇਸ਼ਾਂ ਦੇ 5 ਕਰੋੜ ਪਰਵਾਸੀਆਂ ਦੀ ਹੀ ਗੱਲ ਕਰ ਲੈਂਦੇ ਹਾਂ। ਕੈਨੇਡਾ ਦੀਆਂ ਮੌਜੂਦਾ ਸਮੱਸਿਆਵਾਂ ਟਰੰਪ ਨੂੰ ਮੰਦਾ ਚੰਗਾ ਬੋਲ ਕੇ ਹੱਲ ਨਹੀਂ ਹੋਣਗੀਆਂ ਸਗੋਂ ਇਸ ਮੁਲਕ ਨੂੰ ਇਨ੍ਹਾਂ ਸਮੱਸਿਆਵਾਂ ਤੋਂ ਨਿਜਾਤ ਦਿਵਾਉਣ ਲਈ ਪਰਵਾਸੀਆਂ ਨੂੰ ਆਪਣੇ ਸੱਚੇ ਦਿਲੋਂ ਯਤਨ ਕਰਨੇ ਹੋਣਗੇ। ਜੇਕਰ ਕੈਨੇਡਾ ਦੇ ਪਰਵਾਸੀ ਕਾਰੋਬਾਰੀ, ਕਾਰਖਾਨੇਦਾਰ, ਜ਼ਿਮੀਂਦਾਰ, ਦੁਕਾਨਦਾਰ, ਮੁਲਾਜ਼ਮ, ਸਰਮਾਏਦਾਰ, ਪ੍ਰਾਪਰਟੀ ਦਾ ਕੰਮ ਕਰਨ ਵਾਲੇ ਅਤੇ ਹੋਰ ਅਮੀਰ ਲੋਕ ਇਹ ਸੋਚਦੇ ਹਨ ਕਿ ਇਸ ਮਾੜੇ ਸਮੇਂ ਦਾ ਅਸਰ ਕੇਵਲ ਇਸ ਮੁਲਕ ਵਿੱਚ ਆ ਚੁੱਕੇ ਅਤੇ ਆਉਣ ਵਾਲੇ ਨੌਜਵਾਨ ਮੁੰਡੇ-ਕੁੜੀਆਂ ਤੇ ਮੱਧ ਵਰਗੀ ਲੋਕਾਂ ਉੱਤੇ ਹੀ ਪਵੇਗਾ ਤਾਂ ਉਹ ਵੱਡੇ ਮੁਗਾਲਤੇ ਵਿੱਚ ਹਨ। ਜੇਕਰ ਨਵੇਂ ਨੌਜਵਾਨ ਮੁੰਡੇ-ਕੁੜੀਆਂ ਇਸ ਮੁਲਕ ਵਿੱਚ ਨਹੀਂ ਆਉਣਗੇ, ਇਸ ਮੁਲਕ 'ਚ ਆ ਚੁੱਕੇ ਮੁੰਡੇ-ਕੁੜੀਆਂ ਅਤੇ ਲੋਕਾਂ ਨੂੰ ਰੁਜ਼ਗਾਰ ਨਹੀਂ ਮਿਲੇਗਾ ਅਤੇ ਮੱਧ ਵਰਗੀ ਲੋਕਾਂ ਦੇ ਹਿੱਤ ਸੁਰੱਖਿਅਤ ਨਹੀਂ ਹੋਣਗੇ ਤਾਂ ਉਨ੍ਹਾਂ ਦਾ ਭਵਿੱਖ ਵੀ ਖ਼ਤਰੇ 'ਚ ਹੋਵੇਗਾ। ਉਨ੍ਹਾਂ ਦਾ ਸਾਮਾਨ ਕੌਣ ਖ਼ਰੀਦੇਗਾ? ਨਵੇਂ ਘਰ ਕਿਵੇਂ ਬਣਨਗੇ? ਕਾਰਖਾਨੇ ਕਿਵੇਂ ਚੱਲਣਗੇ? ਕੈਨੇਡਾ ਦੇ ਇਸ ਮਾੜੇ ਸਮੇਂ 'ਚ ਇਨ੍ਹਾਂ ਕਾਰਖਾਨੇਦਾਰਾਂ, ਸਰਮਾਏਦਾਰਾਂ, ਪ੍ਰਾਪਰਟੀ ਡੀਲਰਾਂ, ਜ਼ਿਮੀਂਦਾਰਾਂ, ਕਾਰੋਬਾਰੀਆਂ, ਦੁਕਾਨਦਾਰਾਂ, ਮੁਲਾਜ਼ਮਾਂ ਅਤੇ ਹੋਰ ਕੰਮ ਕਰਨ ਵਾਲੇ ਲੋਕਾਂ ਨੂੰ ਚਾਹੀਦਾ ਹੈ ਕਿ ਉਹ ਕੈਨੇਡਾ ਨੂੰ ਇਨ੍ਹਾਂ ਸਮੱਸਿਆਵਾਂ ਤੋਂ ਬਾਹਰ ਕੱਢਣ ਲਈ ਆਪਣੀ ਬਣਦੀ ਭੂਮਿਕਾ ਨਿਭਾਉਣ। ਕੈਨੇਡਾ ਨੂੰ ਆਰਥਿਕ ਮੰਦਹਾਲੀ ਵਿੱਚੋਂ ਕੱਢਣ ਲਈ ਸਰਕਾਰ ਨੂੰ ਇਮਾਨਦਾਰੀ ਨਾਲ ਟੈਕਸਾਂ ਦੀ ਅਦਾਇਗੀ ਕਰਨ। ਕਾਰਖਾਨੇਦਾਰ, ਕਾਰੋਬਾਰੀ, ਜ਼ਿਮੀਂਦਾਰ ਅਤੇ ਹੋਰ ਸਰਮਾਏਦਾਰ ਸਰਕਾਰ ਦੇ ਸਹਿਯੋਗ ਨਾਲ ਇਸ ਮੁਲਕ ਦੀਆਂ ਬਣੀਆਂ ਚੀਜ਼ਾਂ ਨੂੰ ਵੇਚਣ ਲਈ ਅਮਰੀਕਾ ਤੋਂ ਬਿਨਾਂ ਹੋਰ ਮੁਲਕਾਂ ਨਾਲ ਵਪਾਰਕ ਸਬੰਧ ਬਣਾਉਣ ਤਾਂ ਕਿ ਅਮਰੀਕਾ ਉੱਤੇ ਕੈਨੇਡਾ ਦੀ ਨਿਰਭਰਤਾ ਘਟੇ। ਕੋਈ ਵੀ ਅਜਿਹਾ ਬੇਈਮਾਨੀ ਵਾਲਾ ਕੰਮ ਨਾ ਕਰਨ ਜਿਸ ਨਾਲ ਕੈਨੇਡਾ ਦੀ ਆਰਥਿਕਤਾ ਨੂੰ ਨੁਕਸਾਨ ਪਹੁੰਚੇ। ਨੌਜਵਾਨ ਮੁੰਡੇ-ਕੁੜੀਆਂ ਅਤੇ ਹੋਰ ਲੋਕਾਂ ਤੋਂ ਕੰਮ ਕਰਵਾਉਣ ਬਦਲੇ ਉਨ੍ਹਾਂ ਨੂੰ ਬਣਦੀ ਤਨਖਾਹ ਦੇਣ ਅਤੇ ਉਨ੍ਹਾਂ ਨਾਲ ਕੋਈ ਵੀ ਅਨਿਆਂ ਨਾ ਕਰਨ ਤਾਂ ਕਿ ਉਹ ਖ਼ੁਸ਼ਹਾਲ ਜ਼ਿੰਦਗੀ ਗੁਜ਼ਾਰਨ ਯੋਗ ਹੋ ਸਕਣ। ਉਹ ਕੈਨੇਡਾ ਨੂੰ ਆਰਥਿਕ ਮੰਦਹਾਲੀ 'ਚੋਂ ਬਾਹਰ ਕੱਢਣ ਲਈ ਦੇਸ਼ ਦੀਆਂ ਆਰਥਿਕ ਅਤੇ ਆਯਾਤ ਤੇ ਨਿਰਯਾਤ ਨੀਤੀਆਂ 'ਚ ਸੁਧਾਰ ਲਿਆਉਣ ਲਈ ਸਰਕਾਰ ਉੱਤੇ ਦਬਾਅ ਬਣਾਉਣ। ਕੈਨੇਡਾ ਵਿੱਚ ਦੂਜੇ ਦੇਸ਼ਾਂ ਤੋਂ ਆ ਕੇ ਵਸੇ ਪਰਵਾਸੀ ਨੌਜਵਾਨ ਮੁੰਡੇ-ਕੁੜੀਆਂ ਅਤੇ ਹੋਰ ਲੋਕਾਂ ਨੂੰ ਆਪਣੀਆਂ ਆਦਤਾਂ ਬਦਲਣੀਆਂ ਪੈਣਗੀਆਂ। ਉਨ੍ਹਾਂ ਨੂੰ ਆਪਣੇ ਦੇਸ਼ਾਂ ਵਾਲੀਆਂ ਬੇਈਮਾਨੀਆਂ, ਹੇਰਾਫੇਰੀਆਂ, ਲੁੱਟਾ ਖੋਹਾਂ, ਚੋਰੀਆਂ, ਡਾਕਿਆਂ, ਮਾਰ-ਮਰਾਈ, ਟੈਕਸ ਚੋਰੀ, ਜੇਬਾਂ ਕੱਟਣ, ਮਕਾਨ ਮਾਲਕਾਂ ਨਾਲ ਝਗੜੇ ਪੈਦਾ ਕਰਨ, ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ, ਗੰਦਗੀ ਪਾਉਣ, ਕਾਨੂੰਨ ਵਿਵਸਥਾ ਨੂੰ ਤੋੜਨ, ਗ਼ਲਤ ਢੰਗਾਂ ਨਾਲ ਇਸ ਮੁਲਕ ਵਿੱਚ ਆਉਣ, ਨਸ਼ੇ ਕਰਨ ਅਤੇ ਨਸ਼ਿਆਂ ਦੀ ਸਮਗਲਿੰਗ ਕਰਨ, ਸ਼ਰਾਰਤੀ ਲੋਕਾਂ ਦੀਆਂ ਚਾਲਾਂ ਵਿੱਚ ਆ ਕੇ ਮੁਲਕ ਦੇ ਹਾਲਾਤ ਨੂੰ ਖ਼ਰਾਬ ਕਰਨ ਤੇ ਧਰਮਾਂ ਦੇ ਨਾਂ ਉੱਤੇ ਮਾਹੌਲ ਨੂੰ ਖ਼ਰਾਬ ਕਰਨ ਦੀਆਂ ਮਾੜੀਆਂ ਆਦਤਾਂ ਨੂੰ ਛੱਡ ਕੇ ਸਰਕਾਰ ਦਾ ਸਹਿਯੋਗ ਕਰਨ। ਉਨ੍ਹਾਂ ਨੂੰ ਸਰਕਾਰ ਪ੍ਰਤੀ ਵਿਸ਼ਵਾਸ ਪੈਦਾ ਕਰਕੇ ਦੇਸ਼ ਦੇ ਵਿਕਾਸ ਵਿੱਚ ਸਹਿਯੋਗ ਦੇਣਾ ਹੋਵੇਗਾ ਤਾਂ ਕਿ ਇਹ ਮੁਲਕ ਇਨ੍ਹਾਂ ਸਮੱਸਿਆਵਾਂ ਤੋਂ ਬਾਹਰ ਨਿਕਲ ਸਕੇ।

ਕੈਨੇਡਾ ਨੂੰ ਇਸ ਹਾਲ ਤੱਕ ਪਹੁੰਚਾਉਣ ਲਈ ਇਸ ਮੁਲਕ ਦੀਆਂ ਸਰਕਾਰਾਂ ਵੀ ਘੱਟ ਜ਼ਿੰਮੇਵਾਰ ਨਹੀਂ ਹਨ। ਇਸ ਮੁਲਕ ਦੀਆਂ ਸਰਕਾਰਾਂ ਵੱਲੋਂ ਆਪਣਾ ਸਿਆਸੀ ਲਾਹਾ ਲੈਣ ਲਈ ਪਰਵਾਸੀਆਂ ਨੂੰ ਜ਼ਰੂਰਤ ਤੋਂ ਜ਼ਿਆਦਾ ਸਹੂਲਤਾਂ ਦੇਣਾ, ਆਪਣੀ ਕੁਰਸੀ ਕਾਇਮ ਰੱਖਣ ਲਈ ਦੂਜੇ ਦੇਸ਼ਾਂ ਤੋਂ ਜਾਇਜ਼ ਅਤੇ ਨਾਜਾਇਜ਼ ਢੰਗਾਂ ਨਾਲ ਲੋੜ ਤੋਂ ਵੱਧ ਲੋਕਾਂ ਨੂੰ ਬੁਲਾ ਲਿਆ। ਪਰ ਉਨ੍ਹਾਂ ਲਈ ਲੋੜੀਂਦੇ ਰੁਜ਼ਗਾਰ ਦੇ ਮੌਕੇ ਪੈਦਾ ਨਾ ਕਰ ਸਕਣਾ, ਕਾਨੂੰਨ ਦੀ ਵਿਗੜੀ ਵਿਵਸਥਾ ਵੱਲ ਧਿਆਨ ਨਾ ਦੇਣਾ, ਦੂਜੇ ਦੇਸ਼ਾਂ ਨੂੰ ਸਹਾਇਤਾ ਦੇਣ ਦੀ ਆੜ ਵਿੱਚ ਦੇਸ਼ ਦਾ ਸਰਮਾਇਆ ਖਾਣਾ, ਲੋਕਾਂ ਨੂੰ ਸੁਰੱਖਿਆ ਪ੍ਰਦਾਨ ਨਾ ਕਰ ਸਕਣਾ, ਵਿਦੇਸ਼ ਨੀਤੀਆਂ 'ਚ ਖਾਮੀਆਂ ਹੋਣਾ, ਕਾਨੂੰਨਾਂ ਦਾ ਕਮਜ਼ੋਰ ਹੋਣਾ, ਆਯਾਤ ਅਤੇ ਨਿਰਯਾਤ ਨੀਤੀਆਂ ਦਾ ਠੀਕ ਨਾ ਹੋਣਾ, ਦੇਸ਼ ਹਿੱਤਾਂ ਨਾਲੋਂ ਆਪਣੇ ਹਿੱਤਾਂ ਦਾ ਜ਼ਿਆਦਾ ਫ਼ਿਕਰ ਹੋਣਾ, ਦੋਸ਼ਪੂਰਨ ਸਿਹਤ ਤੇ ਸਿੱਖਿਆ ਵਿਵਸਥਾ, ਪੁਲੀਸ ਨੂੰ ਘੱਟ ਅਧਿਕਾਰ ਹੋਣਾ, ਕਾਰਖਾਨੇਦਾਰਾਂ ਅਤੇ ਕਾਰੋਬਾਰੀਆਂ ਦੇ ਹਿੱਤਾਂ ਵੱਲ ਧਿਆਨ ਨਾ ਦੇਣਾ, ਕੁਦਰਤੀ ਸੋਮਿਆਂ ਦੇ ਵਪਾਰ ਵਿੱਚ ਖਾਮੀਆਂ, ਨਸ਼ਿਆਂ ਦੀ ਵਰਤੋਂ ਅਤੇ ਸਮਗਲਿੰਗ ਵੱਲ ਧਿਆਨ ਨਾ ਦੇਣਾ ਅਤੇ ਨੌਜਵਾਨ ਮੁੰਡੇ-ਕੁੜੀਆਂ ਦਾ ਬੇਰੁਜ਼ਗਾਰ ਹੋਣਾ, ਪਰ ਵਿਜ਼ਿਟਰ ਵੀਜ਼ੇ ਉੱਤੇ ਆਏ ਲੋਕਾਂ ਦਾ ਘੱਟ ਮਜ਼ਦੂਰੀ 'ਤੇ ਕੰਮ ਕਰਨਾ ਇਸ ਮੁਲਕ ਦੀਆਂ ਤਮਾਮ ਸਮੱਸਿਆਵਾਂ ਲਈ ਜ਼ਿੰਮੇਵਾਰ ਕਾਰਨ ਹਨ।

ਇਸ ਮੁਲਕ ਦੀਆਂ ਸਰਕਾਰਾਂ ਵਿੱਚ ਭਾਗੀਦਾਰ ਪਰਵਾਸੀਆਂ ਦੇ ਨੁਮਾਇੰਦੇ ਵੀ ਆਪਣੇ ਸਿਆਸੀ ਹਿੱਤਾਂ ਕਾਰਨ ਇਨ੍ਹਾਂ ਸਮੱਸਿਆਵਾਂ ਵੱਲ ਪਿੱਠ ਕਰੀ ਬੈਠੇ ਹਨ। ਉਹ ਨਾ ਤਾਂ ਪਰਵਾਸੀਆਂ ਨਾਲ ਵਿਗਾੜਨਾ ਚਾਹੁੰਦੇ ਹਨ ਤੇ ਨਾ ਹੀ ਇੱਥੋਂ ਦੀਆਂ ਸਰਕਾਰਾਂ ਨਾਲ। ਹੁਣ ਮੁੱਕਦੀ ਗੱਲ ਇਹ ਹੈ ਕਿ ਜੇਕਰ ਕੈਨੇਡਾ ਦੀਆਂ ਸਰਕਾਰਾਂ ਨੇ ਆਪਣੇ ਮੁਲਕ ਨੂੰ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਦੀਆਂ ਨੀਤੀਆਂ ਦੇ ਸ਼ਿਕਾਰ ਹੋਣ ਤੋਂ ਬਚਾਉਣਾ ਹੈ, ਕੈਨੇਡਾ ਵਿੱਚ ਵਸਦੇ 162 ਮੁਲਕਾਂ ਦੇ ਪਰਵਾਸੀਆਂ ਨੇ ਆਪਣੇ ਆਪ ਨੂੰ ਖ਼ੁਸ਼ਹਾਲ ਜ਼ਿੰਦਗੀ ਜਿਉਣ ਦੇ ਯੋਗ ਬਣਾਉਣਾ ਹੈ ਤਾਂ ਉਨ੍ਹਾਂ ਨੂੰ ਆਪਣੀਆਂ ਬਣਦੀਆਂ ਜ਼ਿੰਮੇਵਾਰੀਆਂ ਇਮਾਨਦਾਰੀ ਨਾਲ ਨਿਭਾਉਣੀਆਂ ਹੋਣਗੀਆਂ।

ਸੰਪਰਕ: 99726-27136

> ਕੈਨੇਡਾ ਨੂੰ ਇਸ ਹਾਲ ਤੱਕ ਪਹੁੰਚਾਉਣ ਲਈ ਇਸ ਮੁਲਕ ਦੀਆਂ ਸਰਕਾਰਾਂ ਵੀ ਘੱਟ ਜ਼ਿੰਮੇਵਾਰ ਨਹੀਂ ਹਨ। ਇਸ ਮੁਲਕ ਦੀਆਂ ਸਰਕਾਰਾਂ ਵੱਲੋਂ ਆਪਣਾ ਸਿਆਸੀ ਲਾਹਾ ਲੈਣ ਲਈ ਪਰਵਾਸੀਆਂ ਨੂੰ ਜ਼ਰੂਰਤ ਤੋਂ ਜ਼ਿਆਦਾ ਸਹੂਲਤਾਂ ਦੇਣਾ, ਆਪਣੀ ਕੁਰਸੀ ਕਾਇਮ ਰੱਖਣ ਲਈ ਦੂਜੇ ਦੇਸ਼ਾਂ ਤੋਂ ਜਾਇਜ਼ ਅਤੇ ਨਾਜਾਇਜ਼ ਢੰਗਾਂ ਨਾਲ ਲੋੜ ਤੋਂ ਵੱਧ ਲੋਕਾਂ ਨੂੰ ਬੁਲਾ ਲਿਆ।

## ਕੁਲਫੀਆਂ ਤੋਂ ਕੋਠੀਆਂ ਤੱਕ



ਸੁਰਿੰਦਰ ਸਿੰਘ ਨੇਕੀ

ਸਿਆਣੇ ਆਖਦੇ ਨੇ: ਉੱਦਮ ਅੱਗੇ ਲੱਛਮੀ ਜਿਵੇਂ ਪੱਖੇ ਅੱਗੇ ਪੌਣ... ਹਿੰਮਤੀ ਤੇ ਮਿਹਨਤੀ ਬੰਦੇ ਨੂੰ ਸੌ ਹਮਾਇਤਾਂ ਮਿਲ ਜਾਂਦੀਆਂ। ਵੀਹ ਕੁ ਸਾਲ ਪਹਿਲਾਂ ਘਰ ਬਣਾਇਆ। ਨਵੇਂ ਘਰ ਦਾ ਕੰਮ ਤਕਰੀਬਨ ਨਿਬੜ ਹੀ ਗਿਆ ਸੀ, ਕਮਰਿਆਂ ਦੇ ਫਰਸ਼ ਹੀ ਪਾਉਣ ਨੂੰ ਰਹਿੰਦੇ ਸਨ। ਆਪਣੇ ਇੱਕ ਜਾਣਕਾਰ ਸੱਜਣ ਨਾਲ ਗੱਲ ਕੀਤੀ।

ਦੂਜੇ ਦਿਨ ਸਵੇਰੇ 20 ਕੁ ਸਾਲ ਦਾ ਚੁਸਤ ਲੜਕਾ ਸਾਈਕਲ 'ਤੇ ਘਰ ਆ ਗਿਆ। ਜਾਣਕਾਰ ਮੁਤਾਬਿਕ, ਇਹ ਮੁੰਡਾ ਬਹੁਤ ਮਿਹਨਤੀ ਤੇ ਵਧੀਆ ਫਰਸ਼ ਪਾਉਣ ਵਾਲਾ ਸੀ। ਮੁੰਡੇ ਨੇ ਆਪਣਾ ਨਾਂ ਰਮੇਸ਼ ਦੱਸਿਆ। ਕਾਰੀਗਰ ਮੁੰਡੇ ਨੇ ਸੱਚਮੁੱਚ ਥੋੜ੍ਹੇ ਹੀ ਦਿਨਾਂ ਵਿੱਚ ਸਾਰੇ ਕਮਰਿਆਂ ਵਿੱਚ ਵਧੀਆ ਫਰਸ਼ ਪਾ ਦਿੱਤੇ। ਡਰਾਇੰਗ ਰੂਮ ਦਾ ਫਰਸ਼ ਹੋਰ ਵੀ ਵਧੀਆ ਢੰਗ ਨਾਲ ਪਾਇਆ। ਇਸ ਫਰਸ਼ ਵਿੱਚ ਅਜਿਹੇ ਰੰਗ ਭਰੇ, ਪਈ ਕਮਾਲ ਹੀ ਕਰ ਦਿੱਤੀ। ਇਸ ਫਰਸ਼ ਨੂੰ ਉਹਨੇ ਗਲੀਚੇ ਦਾ ਨਾਮ ਦਿੱਤਾ। ਫਰਸ਼ ਦੇਖ ਕੇ ਇਉਂ ਲੱਗਦਾ ਸੀ ਜਿਵੇਂ ਕਸ਼ਮੀਰੀ ਗਲੀਚਾ ਵਿਛਿਆ ਹੋਵੇ। ਅੱਜ ਵੀ ਘਰ ਦੇ ਡਰਾਇੰਗ ਰੂਮ ਦਾ ਉਹ ਫਰਸ਼ ਉਸੇ ਤਰ੍ਹਾਂ ਚਮਕਦਾ ਏ ਜਿਵੇਂ ਅੱਜ ਹੀ ਬਣਾਇਆ ਹੋਵੇ।

ਖ਼ੈਰ! ਰਮੇਸ਼ ਦੀ ਮਿਹਨਤ ਤੇ ਲਗਨ ਰੰਗ ਲਿਆਈ, ਉਹਦਾ ਕੰਮ ਹੋਰ ਵਧ ਗਿਆ। ਹੁਣ ਉਹ ਠੇਕੇਦਾਰ ਬਣ ਗਿਆ ਸੀ। ਉਸ ਕੋਲ ਦੋ ਤਿੰਨ ਜਣੇ ਹੋਰ ਕੰਮ ਕਰਨ ਵਾਲੇ ਆ ਗਏ ਸਨ। ਸ਼ਹਿਰ ਵਿੱਚ ਜਿਹੜਾ ਵੀ ਨਵਾਂ ਘਰ ਬਣਦਾ, ਉਸ ਦੇ ਫਰਸ਼ ਪਾਉਣ ਦਾ ਕੰਮ ਰਮੇਸ਼ ਨੂੰ ਹੀ ਮਿਲਦਾ। ਛੇਤੀ ਹੀ ਉਹਨੇ ਨਵਾਂ ਮੋਟਰਸਾਈਕਲ ਖਰੀਦ ਲਿਆ।

ਇਸੇ ਤਰ੍ਹਾਂ ਕੁਝ ਸਾਲ ਪਹਿਲਾਂ ਬਿਹਾਰ ਤੋਂ ਇੱਕ ਨੌਜਵਾਨ ਪੰਜਾਬ ਆਇਆ ਸੀ। ਪਹਿਲਾਂ ਉਹ ਕੁਲਫ਼ੀਆਂ ਵੇਚਦਾ ਰਿਹਾ, ਬੱਚਿਆਂ ਵਾਸਤੇ ਗੁਬਾਰੇ ਵੀ ਵੇਚਦਾ ਰਿਹਾ, ਫਿਰ ਉਹ ਕਿਸੇ ਮਿਸਤਰੀ ਕੋਲ ਮਜ਼ਦੂਰੀ ਕਰਨ ਲੱਗਾ। ਮਿਹਨਤ ਦੇ ਨਾਲ-ਨਾਲ ਉਹਨੂੰ ਨਵਾਂ ਕੰਮ ਸਿੱਖਣ ਦੀ ਲਗਨ ਵੀ ਸੀ। ਉਹਨੇ ਉਸੇ ਮਿਸਤਰੀ ਕੋਲ ਮਜ਼ਦੂਰ ਦਾ ਕੰਮ ਕਰਦਿਆਂ ਹੀ ਰਾਜਗਿਰੀ ਦਾ ਕੰਮ ਸਿੱਖ ਲਿਆ। ਅੱਜ ਹੋਰ, ਕੱਲ੍ਹ ਹੋਰ... ਰਾਜੂ ਵਧੀਆ ਮਿਸਤਰੀ ਬਣ ਗਿਆ। ਉਹਨੇ ਅੱਗੇ ਹੋਰ ਮਿਸਤਰੀ ਕੰਮ 'ਤੇ ਰੱਖ ਲਏ ਤੇ ਆਪ ਠੇਕੇਦਾਰ ਬਣ ਗਿਆ। ਫਿਰ ਉਹ ਕੋਠੀਆਂ ਬਣਾਉਣ ਦੇ ਠੇਕੇ ਲੈਣ ਲੱਗ ਪਿਆ, ਮੋਟੀ ਕਮਾਈ ਹੋਣ ਲੱਗੀ। ਹੌਲੀ-ਹੌਲੀ ਉਹਨੇ ਆਪਣੇ ਰਹਿਣ ਵਾਸਤੇ ਵੀ ਕੋਠੀ ਬਣਾ ਲਈ। ਸ਼ਾਦੀ ਵੀ ਹੋ ਗਈ। ਰਾਮੂ ਤੋਂ ਉਹ ਰਾਮ ਚੰਦ ਠੇਕੇਦਾਰ ਬਣ ਗਿਆ।

ਇਸੇ ਤਰ੍ਹਾਂ ਮੇਰੇ ਛੋਟੇ ਜਿਹੇ ਸ਼ਹਿਰ ਵਿੱਚ ਯੂਪੀ ਤੋਂ ਪਤੀ-ਪਤਨੀ ਆ ਕੇ ਰਹਿਣ ਲੱਗੇ। ਉਸ ਬੰਦੇ ਦਾ ਨਾਂ ਕਿਸ਼ੋਰੀ ਲਾਲ ਸੀ। ਦੋਵੇਂ ਬਹੁਤ ਮਿਹਨਤੀ ਤੇ ਸਿਆਣੇ ਸਨ। ਉਨ੍ਹਾਂ ਨੂੰ ਮਿਹਨਤ ਅਤੇ ਕਿਰਤ ਦੀ ਕੀਮਤ ਦਾ ਪਤਾ ਸੀ। ਉਨ੍ਹਾਂ ਸ਼ਹਿਰ ਦੇ ਬਾਜ਼ਾਰ ਵਿੱਚ ਛੋਟੀ ਜਿਹੀ ਦੁਕਾਨ ਕਿਰਾਏ 'ਤੇ ਲੈ ਲਈ ਅਤੇ ਬੱਚਿਆਂ ਦੇ ਖਿਡਾਉਣੇ ਵੇਚਣ ਲੱਗੇ। ਪਹਿਲਾਂ ਤੇ ਥੋੜ੍ਹਾ ਸਮਾਂ ਉਨ੍ਹਾਂ ਦਾ ਕੰਮ ਥੋੜ੍ਹਾ ਮੱਧਮ ਰਿਹਾ ਪਰ ਹੌਲੀ-ਹੌਲੀ ਕੰਮ ਚੱਲ ਪਿਆ।

ਚੰਗੀ ਕਮਾਈ ਹੋਣ ਕਰ ਕੇ ਉਨ੍ਹਾਂ ਬਾਜ਼ਾਰ ਵਾਲੀ ਦੁਕਾਨ ਮੁੱਲ ਖਰੀਦ ਲਈ ਅਤੇ ਆਪਣਾ ਕਾਰੋਬਾਰ ਹੋਰ ਵਧਾ ਲਿਆ। ਕਿਸ਼ੋਰੀ ਲਾਲ ਦੇ ਦੋਵੇਂ ਮੁੰਡੇ ਵੀ ਵੱਡੇ ਹੋ ਗਏ ਸਨ। ਉਹ ਵੀ ਆਪਣੇ ਮਾਤਾ-ਪਿਤਾ ਨਾਲ ਕਾਰੋਬਾਰ ਵਿੱਚ ਸਹਾਇਤਾ ਕਰਾਉਣ ਲੱਗੇ। ਹੁਣ ਉਨ੍ਹਾਂ ਬਾਜ਼ਾਰ ਵਾਲੀ ਦੁਕਾਨ ਵੇਚ ਕੇ ਬੱਸ ਅੱਡੇ ਨੇੜੇ ਵੱਡੀ ਦੁਕਾਨ ਖਰੀਦ ਲਈ। ਉਨ੍ਹਾਂ ਆਪਣਾ ਕਾਰੋਬਾਰ ਵਧਾਉਣ ਵਾਸਤੇ ਫੋਰ ਵ੍ਹੀਲਰ ਵੀ ਖਰੀਦ ਲਿਆ। ਉਹ ਆਪਣਾ ਫੋਰ ਵ੍ਹੀਲਰ ਖਿਡੌਣਿਆਂ ਨਾਲ ਭਰ ਕੇ ਨੇੜਲੇ ਧਾਰਮਿਕ ਸਥਾਨਾਂ 'ਤੇ ਜਾਂਦੇ। ਉੱਥੇ ਸੜਕ ਕਿਨਾਰੇ ਆਪਣੀ ਦੁਕਾਨ ਸਜਾ ਕੇ ਖਿਡੌਣੇ ਵੇਚਦੇ ਅਤੇ ਮੋਟੀ ਕਮਾਈ ਕਰਦੇ। ਕੁਝ ਸਾਲਾਂ ਦੇ ਅੰਦਰ ਹੀ ਉਨ੍ਹਾਂ ਸ਼ਹਿਰ ਦੇ ਬਾਹਰ ਬਣੀ ਨਵੀਂ ਕਲੋਨੀ ਵਿੱਚ ਪਲਾਟ ਖਰੀਦ ਲਿਆ। ਕੁਝ ਸਮੇਂ ਬਾਅਦ ਉੱਥੇ ਘਰ ਵੀ ਬਣਾ ਲਿਆ। ਦੋਵੇਂ ਪੁੱਤਰਾਂ ਦੀ ਸ਼ਾਦੀ ਵੀ ਹੋ ਗਈ। ਉਨ੍ਹਾਂ ਦੀ ਸੱਚੀ ਕਿਰਤ ਅਤੇ ਮਿਹਨਤ ਨੇ ਪਰਿਵਾਰ ਦੀ ਕਾਇਆ ਕਲਪ ਕਰ ਦਿੱਤੀ ਸੀ।ਬਾਹਰਲੇ ਰਾਜਾਂ ਤੋਂ ਪੰਜਾਬ ਵਿੱਚ ਆਏ ਇਨ੍ਹਾਂ ਕਿਰਤੀਆਂ ਬਾਰੇ ਜਾਣ ਕੇ ਜਦੋਂ ਅਸੀਂ ਆਪਣੇ ਪੰਜਾਬੀਆਂ ਬਾਰੇ ਸੋਚਦੇ ਆਂ ਤਾਂ ਪ੍ਰੇਸ਼ਾਨੀ ਹੀ ਹੁੰਦੀ ਹੈ। ਲੱਖਾਂ ਰੁਪਏ ਲਾ ਕੇ ਬਾਹਰ ਜਾਣ ਵਾਲੇ ਮੁੰਡੇ ਜੇ ਉਸ ਪੈਸੇ ਨਾਲ ਪੰਜਾਬ ਵਿੱਚ ਹੀ ਕੋਈ ਕੰਮ ਕਰ ਲੈਣ ਤਾਂ ਕਿੰਨੀ ਚੰਗੀ ਗੱਲ ਹੋਵੇ... ਪਰ ਸਾਡੇ ਨੌਜਵਾਨ ਇਹ ਗੱਲ ਸੁਣਨ ਲਈ ਵੀ ਤਿਆਰ ਨਹੀਂ, ਪਈ ਪੰਜਾਬ ਵਿੱਚ ਵੀ ਕੰਮ ਹੈ...! ਰੁਜ਼ਗਾਰ ਹੈ!!

ਸਿਆਣੇ ਕਹਿੰਦੇ- ਮੱਛੀ ਪੱਥਰ ਚੱਟ ਕੇ ਹੀ ਵਾਪਸ ਮੁੜਦੀ ਏ... ਬਿਲਕੁੱਲ ਅਜਿਹਾ ਵਰਤਾਰਾ ਥੋੜ੍ਹੇ ਦਿਨ ਪਹਿਲਾਂ ਵਾਪਰਿਆ। ਅਮਰੀਕਾ ਨੇ ਸਾਡੇ ਸੈਂਕੜੇ ਨੌਜਵਾਨਾਂ ਨੂੰ ਡਿਪੋਰਟ ਕਰ ਕੇ ਝਟਕਾ ਦਿੱਤਾ ਹੈ। ਅਮਰੀਕਾ ਦੇ ਰਾਸ਼ਟਰਪਤੀ ਨੇ ਸ਼ਾਇਦ ਸਪੱਸ਼ਟ ਆਖ ਦਿੱਤਾ ਕਿ ਸਮਝ ਜਾਓ... ਨਹੀਂ ਤਾਂ ਤੁਹਾਡਾ ਹਾਲ ਹੋਰ ਬੁਰਾ ਹੋਵੇਗਾ...।

... ਅਜੇ ਵੀ ਡੁੱਲ੍ਹੇ ਬੇਰਾਂ ਦਾ ਕੁਝ ਨਹੀਂ ਵਿਗੜਿਆ। ਜੇ ਪੰਜਾਬ ਤੋਂ ਬਾਹਰੋਂ ਆ ਕੇ ਬੰਦੇ ਕੋਠੀਆਂ ਬਣਾ ਸਕਦੇ, ਤਾਂ ਤੁਸੀਂ ਕਿਉਂ ਨਹੀਂ ਬਣਾ ਸਕਦੇ? ਹੁਣ ਸੋਚਣ ਦਾ ਵੇਲਾ ਨਹੀਂ... ਪਹਿਲਾਂ ਹੀ ਕਾਫ਼ੀ ਦੇਰ ਹੋ ਚੁੱਕੀ ਏ... ਹੁਣ ਉੱਠਣ ਤੇ ਕੰਮ ਕਰਨ ਦਾ ਵੇਲਾ ਏ... ਉੱਠੋ... ਕਮਰ ਕੱਸੋ ਤੇ ਅੱਜ ਹੀ ਮਿਹਨਤ ਤੇ ਕਿਰਤ ਦੇ ਲੜ ਲੱਗ ਜਾਓ... ਸਫਲਤਾ ਤੁਹਾਡੇ ਪੈਰ ਚੁੰਮੇਗੀ...।

ਸੰਪਰਕ: 98552-35424



## ਕੀ ਦੁਨੀਆ ਬੁੱਢੀ ਹੁੰਦੀ ਜਾ ਰਹੀ ਹੈ ?



ਜੀ. ਐੱਸ. ਗੁਰਦਿੱਤ
94171-93193

ਅੱਜ ਦੁਨੀਆ ਦੀ ਕੁੱਲ ਆਬਾਦੀ 8 ਅਰਬ (8 ਬਿਲੀਅਨ) ਹੋ ਚੁੱਕੀ ਹੈ ਅਤੇ ਅਨੁਮਾਨ ਹੈ ਕਿ 2060 ਤੱਕ ਇਹ 10 ਅਰਬ ਹੋ ਜਾਏਗੀ। ਪ੍ਰੰਤੂ ਇਸਦੇ ਨਾਲ ਹੀ ਇਹ ਵੀ ਵੇਖਣ ਦੀ ਲੋੜ ਹੈ ਕਿ ਕਿਹੜੇ ਮੁਲਕ ਵਿੱਚ ਕਿੰਨੇ ਫ਼ੀਸਦੀ ਬੱਚੇ, ਕਿੰਨੇ ਨੌਜਵਾਨ ਅਤੇ ਕਿੰਨੇ ਬਜ਼ੁਰਗ ਹਨ। 15 ਸਾਲ ਤੋਂ ਘੱਟ ਉਮਰ ਦੇ ਬੱਚੇ ਅਤੇ 64 ਸਾਲ ਤੋਂ ਉੱਪਰ ਦੇ ਬਜ਼ੁਰਗ ਆਸ਼ਰਿਤ ਨਾਗਰਿਕ ਮੰਨੇ ਜਾਂਦੇ ਹਨ ਜੋ ਕਿ ਆਮ ਕਰਕੇ 15 ਸਾਲ ਤੋਂ 64 ਸਾਲ ਤੱਕ ਦੇ ਕੰਮ ਕਰਨ ਵਾਲੇ ਨਾਗਰਿਕਾਂ ਉੱਤੇ ਹੀ ਨਿਰਭਰ ਹੁੰਦੇ ਹਨ। ਇਸ ਹਿਸਾਬ ਨਾਲ ਜਿਹੜੇ ਮੁਲਕਾਂ ਵਿੱਚ 15 ਸਾਲ ਤੋਂ 64 ਸਾਲ ਵਾਲੇ ਨਾਗਰਿਕਾਂ ਦੀ ਗਿਣਤੀ ਵੱਧ ਹੋਏਗੀ ਉਹਨਾਂ ਵਿੱਚ ਤਰੱਕੀ ਦੀ ਰਫ਼ਤਾਰ ਵੱਧ ਹੋਏਗੀ ਪਰ ਸ਼ਰਤ ਇਹ ਹੈ ਕਿ ਮੁਲਕ ਵਿੱਚ ਬੇਰੁਜ਼ਗਾਰੀ ਘੱਟ ਤੋਂ ਘੱਟ ਹੋਵੇ। ਉਦਾਹਰਨ ਵਜੋਂ ਭਾਰਤ ਵਿੱਚ ਅੱਜ ਦੇ ਸਮੇਂ ਅਨੁਮਾਨਤ 26 ਫ਼ੀਸਦੀ ਬੱਚੇ, 7 ਫ਼ੀਸਦੀ ਬਜ਼ੁਰਗ ਅਤੇ 67 ਫ਼ੀਸਦੀ ਕੰਮ ਕਰਨ ਵਾਲੀ ਆਬਾਦੀ ਹੈ। ਪਰ ਜਾਪਾਨ ਵਿੱਚ ਅੱਜ ਦੇ ਸਮੇਂ ਅਨੁਮਾਨਤ 12 ਫ਼ੀਸਦੀ ਬੱਚੇ, 29 ਫ਼ੀਸਦੀ ਬਜ਼ੁਰਗ ਅਤੇ 58 ਫ਼ੀਸਦੀ ਕੰਮ ਕਰਨ ਵਾਲੀ ਆਬਾਦੀ ਹੈ। ਇਸੇ ਤਰ੍ਹਾਂ ਇਟਲੀ, ਜਰਮਨੀ, ਯੂਨਾਨ, ਲਾਤਵੀਆ, ਲਿਥੂਆਨੀਆ ਅਤੇ ਪੋਲੈਂਡ ਵਰਗੇ ਮੁਲਕਾਂ ਵਿੱਚ ਵੀ ਬਜ਼ੁਰਗਾਂ ਦੀ ਪ੍ਰਤੀਸ਼ਤ ਆਬਾਦੀ ਵਧਦੀ ਜਾ ਰਹੀ ਹੈ ਅਤੇ ਨੌਜਵਾਨ ਘਟਦੇ ਜਾ ਰਹੇ ਹਨ।

ਜਾਪਾਨ, ਇਟਲੀ ਅਤੇ ਜਰਮਨੀ ਵਰਗੇ ਮੁਲਕਾਂ ਵਿੱਚ ਤਾਂ ਅੱਜ ਹੀ ਬਜ਼ੁਰਗਾਂ ਨੂੰ ਸੰਭਾਲਣ ਵਾਲੇ ਲੋਕਾਂ ਦੀ ਬਹੁਤ ਹੀ ਘਾਟ ਹੈ। ਇਸਦੇ ਲਈ ਉਹਨਾਂ ਨੂੰ ਏਸ਼ੀਆ, ਅਫਰੀਕਾ ਅਤੇ ਦੱਖਣੀ ਅਮਰੀਕਾ ਦੇ ਇਲਾਕਿਆਂ ਤੋਂ ਨੈਨੀ ਦੇ ਰੂਪ ਵਿੱਚ ਕੰਮ ਕਰਨ ਵਾਲੇ ਲੋਕਾਂ ਦੀ ਜ਼ਰੂਰਤ ਪੈ ਰਹੀ ਹੈ। ਉਹਨਾਂ ਦੀਆਂ ਫੈਕਟਰੀਆਂ ਅਤੇ ਹੋਰ ਜਨਤਕ ਸੇਵਾਵਾਂ ਵਿੱਚ ਕੰਮ ਕਰਨ ਲਈ ਘੱਟ ਵਿਕਸਿਤ ਮੁਲਕਾਂ ਤੋਂ ਕਿੰਨੇ ਹੀ ਲੋਕ ਵੀਜ਼ਾ ਲਗਵਾਉਣ ਲਈ ਕਤਾਰਾਂ ਵਿੱਚ ਖੜ੍ਹੇ ਰਹਿੰਦੇ ਹਨ। ਉਦਾਹਰਨ ਦੇ ਤੌਰ 'ਤੇ ਪੰਜਾਬ ਤੋਂ ਕੈਨੇਡਾ, ਅਮਰੀਕਾ, ਆਸਟ੍ਰੇਲੀਆ ਅਤੇ ਯੂਰਪ ਨੂੰ ਨੌਜਵਾਨਾਂ ਦੀਆਂ ਵਹੀਰਾਂ ਦੀਆਂ ਵਹੀਰਾਂ ਤੁਰੀਆਂ ਜਾ ਰਹੀਆਂ ਹਨ। ਇਸ ਦਾ ਵੱਡਾ ਕਾਰਨ ਇਹੀ ਹੈ ਕਿ ਉਹ ਮੁਲਕ ਬੁੱਢੇ ਹੁੰਦੇ ਜਾ ਰਹੇ ਹਨ ਅਤੇ ਅਸੀਂ ਉਹਨਾਂ ਨੂੰ ਜਵਾਨ ਕਰਨ ਲਈ ਜਾ ਰਹੇ ਹਾਂ। ਅਰਥਾਤ ਉੱਥੇ ਬਜ਼ੁਰਗਾਂ ਦੀ ਆਬਾਦੀ ਵਧ ਰਹੀ ਹੈ ਅਤੇ ਸਾਡੇ ਨੌਜਵਾਨ ਉੱਥੇ ਜਾ ਕੇ ਨੌਜਵਾਨਾਂ ਦੀ ਕਮੀ ਪੂਰੀ ਕਰ ਰਹੇ ਹਨ। ਪ੍ਰੰਤੂ ਕੀ ਇਸ ਨਾਲ ਸਾਡੇ ਮੁਲਕ ਨੂੰ ਨੌਜਵਾਨਾਂ ਦਾ ਘਾਟਾ ਨਹੀਂ ਸਹਿਣਾ ਪਏਗਾ ? ਅੱਜ ਤਾਂ ਹੋ ਸਕਦਾ ਹੈ ਕਿ ਅਸੀਂ ਉਸ ਘਾਟੇ ਨੂੰ ਮਹਿਸੂਸ ਨਾ ਕਰੀਏ ਪ੍ਰੰਤੂ ਅਗਲੇ 20-30 ਸਾਲਾਂ ਵਿੱਚ ਸਾਨੂੰ ਪੰਜਾਬ ਵਾਲਿਆਂ ਨੂੰ ਤਾਂ ਇਹ ਘਾਟਾ ਸਾਫ਼ ਨਜ਼ਰ ਆਉਣ ਲੱਗ ਪਏਗਾ।

ਅੱਜ ਦੁਨੀਆ ਦੀ ਕੁੱਲ ਆਬਾਦੀ ਵਿੱਚ 64 ਸਾਲ ਤੋਂ ਉੱਪਰ ਵਾਲੇ ਬਜ਼ੁਰਗਾਂ ਦੀ ਆਬਾਦੀ 15 ਫ਼ੀਸਦੀ ਦੇ ਨੇੜੇ-ਤੇੜੇ ਹੈ ਜਿਹੜੀ ਕਿ 1950 ਵਿੱਚ ਕੇਵਲ 5 ਫ਼ੀਸਦੀ ਹੀ ਸੀ। 2020 ਵਿੱਚ ਦੁਨੀਆ ਵਿੱਚ 64 ਸਾਲ ਤੋਂ ਉੱਪਰ ਵਾਲੀ ਕੁੱਲ ਬਜ਼ੁਰਗ ਆਬਾਦੀ 73 ਕਰੋੜ ਸੀ ਜੋ ਕਿ 2050 ਵਿੱਚ ਦੁੱਗਣੀ ਹੋ ਕੇ 150 ਕਰੋੜ ਦੇ ਨੇੜੇ ਪੁੱਜ ਜਾਏਗੀ। ਇਸ ਵਿੱਚ ਵੀ ਵੱਧ ਗਿਣਤੀ ਔਰਤਾਂ ਦੀ ਹੀ ਹੋਏਗੀ ਕਿਉਂਕਿ ਔਰਤਾਂ ਮਰਦਾਂ ਨਾਲੋਂ ਵੱਧ ਉਮਰ ਭੋਗਦੀਆਂ ਹਨ। ਇਸ ਦੇ ਮੁੱਖ ਕਾਰਨ ਇਹੀ ਹਨ ਕਿ ਦੁਨੀਆ ਵਿੱਚ ਡਾਕਟਰੀ ਸਹੂਲਤਾਂ ਵਧਣ ਕਰਕੇ ਉਮਰਾਂ ਲੰਬੀਆਂ ਹੁੰਦੀਆਂ ਜਾ ਰਹੀਆਂ ਹਨ। ਮੌਤ ਦਰ ਦਿਨੋ-ਦਿਨ ਘਟ ਰਹੀ ਹੈ ਕਿਉਂਕਿ ਬਹੁਤ ਸਾਰੇ ਅਸਾਧ ਰੋਗਾਂ ਦਾ ਇਲਾਜ ਵੀ ਸੰਭਵ ਹੋ ਗਿਆ ਹੈ। ਪਰ ਸਮੱਸਿਆ ਇਹ ਹੈ ਕਿ ਉਮਰਾਂ ਭਾਵੇਂ ਵਧ ਰਹੀਆਂ ਹਨ ਪਰ ਤੰਦਰੁਸਤੀ ਵਧ ਨਹੀਂ ਰਹੀ ? ਬਹੁਤ ਸਾਰੇ ਬਜ਼ੁਰਗ ਬਿਸਤਰੇ ਉੱਪਰ ਜ਼ਿੰਦਗੀ ਕੱਟ ਤਾਂ ਜ਼ਰੂਰ ਰਹੇ ਹਨ ਪ੍ਰੰਤੂ ਜ਼ਿੰਦਗੀ ਮਾਣ ਨਹੀਂ ਰਹੇ। ਕਿਉਂਕਿ 64 ਸਾਲ ਤੋਂ ਵੱਧ ਉਮਰ ਵਾਲੇ ਤਕਰੀਬਨ ਬਹੁਤੇ ਬਜ਼ੁਰਗ, ਆਮ ਹੀ ਕਿਸੇ ਨਾ ਕਿਸੇ ਲਾਇਲਾਜ ਬਿਮਾਰੀ ਨਾਲ ਜੂਝ ਰਹੇ ਹੁੰਦੇ ਹਨ। ਇਹ ਵੀ ਚਿੰਤਾ ਦਾ ਵਿਸ਼ਾ ਹੈ ਕਿ 2050 ਵਿੱਚ ਦੁਨੀਆ ਦ ੀ

ਕੁੱਲ ਬਜ਼ੁਰਗ ਆਬਾਦੀ ਦਾ 80 ਫ਼ੀਸਦੀ ਹਿੱਸਾ ਗ਼ਰੀਬ ਅਤੇ ਮੱਧਵਰਗੀ ਆਮਦਨ ਵਾਲੇ ਮੁਲਕਾਂ ਵਿੱਚ ਰਹਿ ਰਿਹਾ ਹੋਵੇਗਾ। ਇਹ ਵੀ ਇੱਕ ਸਮੱਸਿਆ ਹੋਏਗੀ ਕਿ ਉਦੋਂ ਤੱਕ ਸਾਂਝੇ ਪਰਿਵਾਰਾਂ ਦੀ ਗਿਣਤੀ ਤਕਰੀਬਨ ਨਾਂਹ ਦੇ ਬਰਾਬਰ ਹੀ ਰਹਿ ਸਕਦੀ ਹੈ। ਇਸਦਾ ਮਤਲਬ ਹੈ ਕਿ ਬਜ਼ੁਰਗ ਜਾਂ ਤਾਂ ਇਕੱਲੇ ਹੋਣਗੇ ਅਤੇ ਜਾਂ ਫਿਰ ਆਪਣੀ ਕੁਆਰੀ ਔਲਾਦ ਨਾਲ ਹੀ ਰਹਿ ਰਹੇ ਹੋਣਗੇ। ਬਹੁਤੇ ਪੱਛਮੀ ਮੁਲਕਾਂ ਵਿੱਚ ਤਾਂ ਅੱਜ ਵੀ ਇਹੀ ਹਾਲਾਤ ਹਨ।

ਭਾਰਤ ਅਤੇ ਇਜ਼ਰਾਈਲ ਵਰਗੇ ਮੁਲਕਾਂ ਵਿੱਚ ਅੱਜ ਲਗਭਗ 65-70 ਫ਼ੀਸਦੀ ਆਬਾਦੀ ਨੌਜਵਾਨਾਂ ਦੀ ਹੈ। ਇੱਥੋਂ ਅਸੀਂ ਇਹ ਅੰਦਾਜ਼ਾ ਸਹਿਜੇ ਹੀ ਲਗਾ ਸਕਦੇ ਹਾਂ ਕਿ ਇਹਨਾਂ ਮੁਲਕਾਂ ਵਿੱਚ ਅੱਜ ਤੋਂ 30-40 ਸਾਲ ਬਾਅਦ ਕੀ ਹਾਲਾਤ ਹੋਣਗੇ। ਕਿਉਂਕਿ ਅੱਜ ਜਿੰਨੇ ਵੱਧ ਨੌਜਵਾਨ ਹਨ ਉੱਨੇ ਹੀ ਵੱਧ ਕੱਲ੍ਹ ਨੂੰ ਬਜ਼ੁਰਗ ਹੋਣਗੇ ਅਤੇ ਨੌਜਵਾਨ ਘਟਦੇ ਜਾਣਗੇ ਕਿਉਂਕਿ ਹੁਣ ਸਾਡੀ ਜਨਮ ਦਰ ਪਹਿਲਾਂ ਨਾਲੋਂ ਘਟਦੀ ਜਾ ਰਹੀ ਹੈ। ਭਾਵੇਂ ਕਿ ਭਾਰਤ ਵਿੱਚ ਅੱਜ 26 ਫ਼ੀਸਦੀ ਬੱਚੇ ਹਨ ਜੋ ਕਿ ਅਗਲੇ ਸਾਲਾਂ ਵਿੱਚ ਨੌਜਵਾਨ ਆਬਾਦੀ ਬਣਕੇ ਦੇਸ਼ ਨੂੰ ਜਵਾਨ ਬਣਾਈ ਰੱਖਣਗੇ ਪ੍ਰੰਤੂ ਫਿਰ ਵੀ ਇਹ ਦੌਰ ਕਿੰਨਾ ਕੁ ਲੰਬਾ ਚੱਲੇਗਾ ? ਜਲਦੀ ਹੀ ਉਹ ਸਮਾਂ ਆ ਜਾਏਗਾ ਜਦੋਂ ਬਜ਼ੁਰਗ ਆਬਾਦੀ ਇੱਕਦਮ ਵਧਣੀ ਸ਼ੁਰੂ ਹੋ ਜਾਏਗੀ। ਜਾਪਾਨ ਅਤੇ ਇਟਲੀ ਵਰਗੇ ਮੁਲਕਾਂ ਵਿੱਚ ਤਾਂ ਅੱਜ ਹੀ ਬੱਚਿਆਂ ਦੀ ਆਬਾਦੀ 13 ਫ਼ੀਸਦੀ ਤੋਂ ਵੀ ਘੱਟ ਹੈ। ਅਰਥਾਤ ਉਸੇ ਹਿਸਾਬ ਨਾਲ ਉੱਥੇ ਅਗਲੇ ਸਾਲਾਂ ਵਿੱਚ ਨੌਜਵਾਨ ਆਬਾਦੀ ਦੀ ਕਮੀ ਰਹੇਗੀ ਅਤੇ ਬਜ਼ੁਰਗ ਆਬਾਦੀ ਵਿੱਚ ਵਾਧਾ ਹੋਰ ਵੱਧ ਨਜ਼ਰ ਆਏਗਾ। ਮੰਨਿਆ ਜਾ ਰਿਹਾ ਹੈ ਕਿ 2030 ਤੱਕ ਜਾਪਾਨ ਵਿੱਚ ਕਾਮਿਆਂ ਦੀ ਗਿਣਤੀ ਅੱਜ ਨਾਲੋਂ 80 ਲੱਖ ਘਟ ਜਾਏਗੀ। ਚੀਨ ਵਰਗਾ ਮੁਲਕ ਜਿਸਨੇ ਹੁਣ ਤੱਕ ਕੇਵਲ ਇੱਕ ਹੀ ਬੱਚਾ ਪੈਦਾ ਕਰਨ ਦੀ ਨੀਤੀ ਜਾਰੀ ਰੱਖੀ ਹੋਈ ਸੀ, ਹੁਣ ਇਸ ਗੱਲੋਂ ਫ਼ਿਕਰਮੰਦ ਹੈ ਕਿ ਅਗਲੇ ਸਾਲਾਂ ਵਿੱਚ ਉੱਥੇ ਬਜ਼ੁਰਗ ਆਬਾਦੀ ਵਧਦੀ ਜਾਏਗੀ ਅਤੇ ਨੌਜਵਾਨ ਘਟਦੇ ਜਾਣਗੇ ਕਿਉਂਕਿ ਪਿਛਲੇ ਲੰਬੇ ਸਮੇਂ ਤੋਂ ਉੱਥੇ ਬੱਚੇ ਘੱਟ ਪੈਦਾ ਹੋਏ ਹਨ। ਇਹੀ ਹਾਲਤ ਆਉਣ ਵਾਲੇ 30-40 ਸਾਲਾਂ ਤੱਕ ਭਾਰਤ ਦੀ ਵੀ ਹੋਣ ਵਾਲੀ ਹੈ ਕਿਉਂਕਿ ਚੀਨ ਤੋਂ ਬਾਅਦ ਸਭ ਤੋਂ ਵੱਧ ਆਬਾਦੀ ਵਾਲਾ ਮੁਲਕ ਭਾਰਤ ਹੀ ਹੈ।

ਸਾਡੀ ਦੁਨੀਆ ਦਿਨੋ-ਦਿਨ ਬੁੱਢੀ ਹੁੰਦੀ ਜਾ ਰਹੀ ਹੈ ਅਤੇ ਇਸ ਨਾਲ ਕਈ ਮੁਲਕਾਂ ਵਿੱਚ ਬਜ਼ੁਰਗਾਂ ਵਾਸਤੇ ਚਲਾਈਆਂ ਜਾ ਰਹੀਆਂ ਕਲਿਆਣਕਾਰੀ ਯੋਜਨਾਵਾਂ ਨੂੰ ਫੰਡਾਂ ਦੀ ਘਾਟ ਹੋ ਰਹੀ ਹੈ। ਇਸ ਲਈ ਜਿਹੜੇ ਮੁਲਕਾਂ ਦੀਆਂ ਸਰਕਾਰਾਂ, ਜਨਤਕ ਸਿਹਤ ਲਈ ਘੱਟ ਬਜਟ ਰੱਖਦੀਆਂ ਹਨ, ਆਉਣ ਵਾਲੇ ਸਮੇਂ ਵਿੱਚ, ਉਹਨਾਂ ਮੁਲਕਾਂ ਦੇ ਪਰਿਵਾਰਾਂ ਨੂੰ ਵੱਧ ਬੋਝ ਉਠਾਉਣਾ ਪੈ ਸਕਦਾ ਹੈ। ਉਦਾਹਰਨ ਵਜੋਂ, ਭਾਰਤ ਵਰਗੇ ਮੁਲਕ ਨੇ 2004 ਵਿੱਚ ਹੀ ਪੁਰਾਣੀ ਪੈਨਸ਼ਨ ਸਕੀਮ ਬੰਦ ਕਰ ਦਿੱਤੀ ਸੀ ਅਤੇ ਉਸਦੀ ਥਾਂ ਉੱਤੇ ਨਵੀਂ ਪੈਨਸ਼ਨ ਸਕੀਮ ਲਾਗੂ ਕਰ ਦਿੱਤੀ ਸੀ। ਇਸਦਾ ਨੁਕਸਾਨ ਆਉਣ ਵਾਲੇ ਸਮੇਂ ਵਿੱਚ ਕੇਵਲ ਬਜ਼ੁਰਗਾਂ ਨੂੰ ਹੀ ਨਹੀਂ ਬਲਕਿ ਉਹਨਾਂ ਨੂੰ ਸੰਭਾਲਣ ਵਾਲੇ ਪਰਿਵਾਰਾਂ ਨੂੰ ਹੋਰ ਵੀ ਵੱਧ ਉਠਾਉਣਾ ਪਏਗਾ ਕਿਉਂਕਿ ਨਵੀਂ ਪੈਨਸ਼ਨ ਨੀਤੀ ਅਧੀਨ ਸੇਵਾ ਮੁਕਤ ਹੋਣ ਤੋਂ ਬਾਅਦ ਕਿਸੇ ਮੁਲਾਜ਼ਮ ਨੂੰ ਬਹੁਤ ਹੀ ਨਿਗੂਣੀ ਜਿਹੀ ਪੈਨਸ਼ਨ ਹੀ ਮਿਲੇਗੀ। ਪ੍ਰੰਤੂ ਸਵਾਲ ਇਹ ਵੀ ਹੈ ਕਿ ਉਹਨਾਂ ਬਜ਼ੁਰਗਾਂ ਦਾ ਕੀ ਬਣੇਗਾ ਜੋ ਆਮ ਗਰੀਬ ਕਿਸਾਨ ਜਾਂ ਮਜ਼ਦੂਰ ਪਰਿਵਾਰਾਂ ਵਿੱਚ ਹੋਣਗੇ ? ਕੀ ਉਹਨਾਂ ਦੇ ਪਰਿਵਾਰ ਉਹਨਾਂ ਦੀ ਸਿਹਤ ਦਾ ਧਿਆਨ ਰੱਖਣ ਦੇ ਕਾਬਲ ਰਹਿ ਜਾਣਗੇ ? ਜਦੋਂ ਦੁਨੀਆ ਵਿੱਚ ਕਮਾਉਣ ਵਾਲੇ ਹੱਥ ਘਟਦੇ ਜਾਣਗੇ ਅਤੇ ਆਸ਼ਰਿਤ ਨਾਗਰਿਕ ਵਧਦੇ ਜਾਣਗੇ ਤਾਂ ਕੀ ਸਰਕਾਰਾਂ ਉਸ ਸਮਾਜਿਕ ਅਤੇ ਆਰਥਿਕ ਸੰਕਟ ਨਾਲ ਨਿਪਟ ਸਕਣਗੀਆਂ ? ਕੀ ਦੁਨੀਆ ਭਰ ਦੀਆਂ ਸਰਕਾਰਾਂ ਇਸ ਬੁੱਢੀ ਹੁੰਦੀ ਜਾ ਰਹੀ ਦੁਨੀਆ ਨੂੰ ਜਵਾਨ ਬਣਾਈ ਰੱਖਣ ਦਾ ਕੋਈ ਹੀਲਾ ਕਰ ਰਹੀਆਂ ਹਨ ? ਕੀ ਇਹ ਮੁੱਦਾ ਉਹਨਾਂ ਦੇ ਏਜੰਡੇ ਉੱਤੇ ਹੈ ਵੀ ਜਾਂ ਨਹੀਂ ?

> ਅੱਜ ਦੁਨੀਆ ਦੀ ਕੁੱਲ ਆਬਾਦੀ ਵਿੱਚ 64 ਸਾਲ ਤੋਂ ਉੱਪਰ ਵਾਲੇ ਬਜ਼ੁਰਗਾਂ ਦੀ ਆਬਾਦੀ 15 ਫ਼ੀਸਦੀ ਦੇ ਨੇੜੇ-ਤੇੜੇ ਹੈ ਜਿਹੜੀ ਕਿ 1950 ਵਿੱਚ ਕੇਵਲ 5 ਫ਼ੀਸਦੀ ਹੀ ਸੀ। 2020 ਵਿੱਚ ਦੁਨੀਆ ਵਿੱਚ 64 ਸਾਲ ਤੋਂ ਉੱਪਰ ਵਾਲੀ ਕੁੱਲ ਬਜ਼ੁਰਗ ਆਬਾਦੀ 73 ਕਰੋੜ ਸੀ ਜੋ ਕਿ 2050 ਵਿੱਚ ਦੁੱਗਣੀ ਹੋ ਕੇ 150 ਕਰੋੜ ਦੇ ਨੇੜੇ ਪੁੱਜ ਜਾਏਗੀ। ਇਸ ਵਿੱਚ ਵੀ ਵੱਧ ਗਿਣਤੀ ਔਰਤਾਂ ਦੀ ਹੀ ਹੋਏਗੀ ਕਿਉਂਕਿ ਔਰਤਾਂ ਮਰਦਾਂ ਨਾਲੋਂ ਵੱਧ ਉਮਰ ਭੋਗਦੀਆਂ ਹਨ। ਇਸ ਦੇ ਮੁੱਖ ਕਾਰਨ ਇਹੀ ਹਨ ਕਿ ਦੁਨੀਆ ਵਿੱਚ ਡਾਕਟਰੀ ਸਹੂਲਤਾਂ ਵਧਣ ਕਰਕੇ ਉਮਰਾਂ ਲੰਬੀਆਂ ਹੁੰਦੀਆਂ ਜਾ ਰਹੀਆਂ ਹਨ। ਮੌਤ ਦਰ ਦਿਨੋ-ਦਿਨ ਘਟ ਰਹੀ ਹੈ ਕਿਉਂਕਿ ਬਹੁਤ ਸਾਰੇ ਅਸਾਧ ਰੋਗਾਂ ਦਾ ਇਲਾਜ ਵੀ ਸੰਭਵ ਹੋ ਗਿਆ ਹੈ।



